ਸੋਮਵਾਰ, 27 ਜੁਲਾਈ, 2026
12 ਸਾਉਣ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 56

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 27 JULY, 2026
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ   Regd. No : L-4/Pb-JL-0023/2024-26, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 12

## ਪੰਜਾਬ 'ਚ ਸਾਢੇ 4 ਸਾਲਾਂ ਦੌਰਾਨ ਇੱਕ ਵੀ ਪੇਪਰ ਲੀਕ ਨਹੀਂ ਹੋਇਆ : ਭਗਵੰਤ ਮਾਨ

### ਨੀਟ ਪਾਸ ਕਰਨ ਵਾਲਿਆਂ ਦਾ ਸਨਮਾਨ




ਮੁਹਾਲੀ (ਗੁਰਜੀਤ ਬਿੱਲਾ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦਾਅਵਾ ਕੀਤਾ ਹੈ ਕਿ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਪੰਜਾਬ ਵਿੱਚ ਇੱਕ ਵੀ ਪ੍ਰੀਖਿਆ ਦਾ ਪੇਪਰ ਲੀਕ ਨਹੀਂ ਹੋਇਆ। ਉਨ੍ਹਾ ਕਿਹਾ ਕਿ ਕੁਝ ਦਿਨ ਪਹਿਲਾਂ ਫਾਰਮੇਸੀ ਦੇ ਇੱਕ ਪੇਪਰ ਵਿੱਚ ਨਕਲ ਦੀ ਘਟਨਾ ਸਾਹਮਣੇ ਆਈ ਸੀ, ਪਰ ਪੇਪਰ ਆਰੰਭ ਹੋਣ ਤੋਂ ਸਿਰਫ਼ 10 ਮਿੰਟ ਬਾਅਦ ਨਕਲ ਕਰਨ ਵਾਲੇ ਅਤੇ ਨਕਲ ਕਰਵਾਉਣ ਵਾਲੇ ਸਾਰੇ ਫੜੇ ਗਏ ਅਤੇ ਜੇਲ੍ਹਾਂ ਵਿੱਚ ਬੰਦ ਹਨ। ਮੁੱਖ ਮੰਤਰੀ ਸਰਕਾਰੀ ਸਕੂਲਾਂ ਦੇ ਨੀਟ-ਯੂ ਜੀ ਦੀ ਪ੍ਰੀਖਿਆ ਪਾਸ ਕਰਨ ਵਾਲੇ 882 ਵਿਦਿਆਰਥੀਆਂ ਦੇ ਸਨਮਾਨ ਵਿੱਚ ਰੱਖੇ ਗਏ ਸੂਬਾ ਪੱਧਰੀ ਸਮਾਰੋਹ ਨੂੰ ਸੰਬੋਧਨ ਕਰ ਰਹੇ ਸਨ। ਇਨ੍ਹਾਂ ਵਿਦਿਆਰਥੀਆਂ ਵਿੱਚ 660 ਲੜਕੀਆਂ ਅਤੇ 222 ਲੜਕੇ ਸ਼ਾਮਲ ਹਨ। ਭਗਵੰਤ ਮਾਨ ਨੇ ਸਾਰੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਮਿਹਨਤ, ਲਗਨ ਅਤੇ ਪ੍ਰਾਪਤੀ ਲਈ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਜੇਕਰ ਨੀਟ-ਯੂ ਜੀ ਦਾ ਪੇਪਰ ਲੀਕ ਨਾ ਹੁੰਦਾ ਤਾਂ ਪੰਜਾਬ ਦੇ ਵਿਦਿਆਰਥੀਆਂ ਦਾ ਇਹ ਅੰਕੜਾ 1000 ਤੋਂ ਪਾਰ ਹੋਣਾ ਸੀ। ਉਨ੍ਹਾ ਕਿਹਾ ਕਿ ਬਹੁਤ ਸਾਰੇ ਵਿਦਿਆਰਥੀ ਦੁਬਾਰਾ ਹੋਣ ਵਾਲੀ ਨੀਟ ਦੀ ਪ੍ਰੀਖਿਆ ਵਿੱਚ ਬੈਠ ਨਹੀਂ ਸਕੇ। ਉਨ੍ਹਾ ਕਿਹਾ ਕਿ ਬਹੁਤ ਮੰਦਭਾਗੀ

• ਬਾਕੀ ਸਫਾ 2 'ਤੇ

## ਸ਼ਹੀਦਾਂ ਨੂੰ ਸ਼ਰਧਾਂਜਲੀ

ਚੰਡੀਗੜ੍ਹ (ਸੁਰਜੀਤ ਸੁਮਨ)-ਮੁੱਖ ਮੰਤਰੀ ਭਗਵੰਤ ਮਾਨ ਨੇ ਐਤਵਾਰ ਨੂੰ ਕਾਰਗਿਲ ਵਿਜੇ ਦਿਵਸ ਦੀ 27ਵੀਂ ਵਰ੍ਹੇਗੰਢ 'ਤੇ ਦੇਸ਼ ਲਈ ਜਾਨਾਂ ਕੁਰਬਾਨ ਕਰਨ ਵਾਲੇ ਸੂਰਬੀਰ ਸੈਨਿਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਮੁੱਖ ਮੰਤਰੀ ਨੇ ਚੰਡੀਗੜ੍ਹ ਵਿਖੇ ਸਥਿਤ ਬੋਗਨਵਿਲੀਆ ਗਾਰਡਨ ਦੀ ਜੰਗੀ ਯਾਦਗਾਰ 'ਤੇ ਫੁੱਲਮਾਲਾ ਅਰਪਿਤ ਕੀਤੀ ਅਤੇ ਕਾਰਗਿਲ ਯੁੱਧ ਦੌਰਾਨ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਬਹਾਦਰ ਸੈਨਿਕਾਂ ਨੂੰ ਨਮਨ ਕੀਤਾ। ਮੁੱਖ ਮੰਤਰੀ ਨੇ ਕਿਹਾ ਕਿ ਉਹ 1999 ਦੇ ਕਾਰਗਿਲ ਯੁੱਧ ਵਿੱਚ ਬਹਾਦਰੀ ਦਾ ਇੱਕ ਬੇਮਿਸਾਲ ਅਧਿਆਇ ਲਿਖਣ ਵਾਲੇ ਸਾਰੇ ਬਹਾਦਰ ਸੈਨਿਕਾਂ ਦੀ ਸੂਰਬੀਰਤਾ ਅਤੇ ਅਜ਼ੀਮ ਕੁਰਬਾਨੀ ਨੂੰ ਸਲਾਮ ਕਰਦੇ ਹਨ। ਉਨ੍ਹਾਂ ਨੇ ਜ਼ੋਰ ਦਿੰਦਿਆਂ ਕਿਹਾ ਕਿ ਸਾਡੇ ਸ਼ਹੀਦਾਂ ਦੇ ਜਜ਼ਬੇ ਅਤੇ ਹਿੰਮਤ ਨੂੰ ਦੇਸ਼ ਵਾਸੀ ਹਮੇਸ਼ਾ ਯਾਦ ਰੱਖਣਗੇ।

## ਨੀਮ ਕਾ ਪੱਤਾ ਕੜਵਾ ਹੈ, ਮੋਦੀ...



ਗੁਹਾਟੀ (ਨ ਜ਼ ਸ)-ਅਸਾਮ ਦੇ ਸੀਨੀਅਰ ਮੰਤਰੀ ਕੇਸ਼ਵ ਮਹੰਤਾ ਦੀ ਧੀ ਦੇ ਨੀਟ ਪ੍ਰੀਖਿਆ ਵਿੱਚ ਬੇਨੇਮੀਆਂ ਵਿਰੁੱਧ ਪ੍ਰੋਟੈਸਟ ਵਿੱਚ ਸ਼ਾਮਲ ਹੋਣ ਦੇ ਵੀਡੀਓਜ਼ ਨੇ ਮੁੱਖ ਮੰਤਰੀ ਹਿਮੰਤ ਬਿਸਵਾ ਸਰਮਾ ਨੂੰ ਇਹ ਕਹਿਣ ਲਈ ਮਜਬੂਰ ਕਰ ਦਿੱਤਾ ਹੈ ਕਿ ਉਨ੍ਹਾ ਦੇ ਕੈਬਨਿਟ ਸਹਿਯੋਗੀ ਨੂੰ ਇਸ ਲਈ ਟਰੋਲ ਨਹੀਂ ਕੀਤਾ ਜਾਣਾ ਚਾਹੀਦਾ ਕਿ ਬੇਟੀ ਆਪਣੇ ਪਿਤਾ ਦੀ ਸਿਆਸੀ ਵਿਚਾਰਧਾਰਾ ਮੁਤਾਬਕ ਨਹੀਂ ਚੱਲੀ। 2006 ਤੋਂ ਲਗਾਤਾਰ ਪੰਜਵੀਂ ਵਾਰ ਵਿਧਾਇਕ ਚੱਲੇ ਆ ਰਹੇ ਅਸਾਮ ਗਣ ਪ੍ਰੀਸ਼ਦ ਦੇ ਨੇਤਾ ਕੇਸ਼ਵ ਮਹੰਤਾ ਦੀ ਧੀ ਡਿਬੀਸਾ ਨੇ ਵੀਰਵਾਰ ਪ੍ਰਦਰਸ਼ਨ ਵਿੱਚ ਸ਼ਾਮਲ ਹੋ ਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਿਰੁੱਧ ਤਿੱਖੀ ਨਾਅਰੇਬਾਜ਼ੀ ਕਰਦਿਆਂ ਕਿਹਾ ਸੀ : ਨੀਮ ਕਾ ਪੱਤਾ ਕੜਵਾ ਹੈ, ਮੋਦੀ... ਹੈ। ਮੁੱਖ ਮੰਤਰੀ ਨੇ ਕਿਹਾ ਕਿ ਇੱਕ ਵਾਰ ਜਦੋਂ ਬੱਚੇ ਬਾਲਗ ਹੋ ਜਾਂਦੇ ਹਨ, ਤਾਂ ਉਨ੍ਹਾਂ ਦੇ ਕੰਮਾਂ ਨੂੰ ਉਨ੍ਹਾਂ ਦੇ ਮਾਪਿਆਂ ਨਾਲ ਨਹੀਂ ਜੋੜਿਆ ਜਾਣਾ ਚਾਹੀਦਾ। ਉਨ੍ਹਾ ਕਿਹਾ, 'ਭਲਕ ਨੂੰ ਜਦੋਂ ਮੇਰਾ ਪੁੱਤਰ ਕਾਨੂੰਨ ਦੀ ਪ੍ਰੈਕਟਿਸ ਕਰੇਗਾ, ਤਾਂ ਉਹ ਕਿਸੇ ਅਜਿਹੇ ਵਿਅਕਤੀ ਦਾ ਬਚਾਅ ਕਰ ਸਕਦਾ ਹੈ, ਜਿਸ ਨੂੰ ਮੈਂ ਪਸੰਦ ਨਹੀਂ ਕਰਦਾ। ਮੈਂ ਡਿਬੀਸਾ ਵੱਲੋਂ ਲਗਾਏ ਗਏ ਨਾਅਰਿਆਂ ਨਾਲ ਸਹਿਮਤ ਨਹੀਂ ਹਾਂ। ਜਦੋਂ ਮੈਂ ਅਗਲੀ ਵਾਰ ਉਸ ਨੂੰ ਮਿਲਾਂਗਾ, ਤਾਂ ਸਮਝਾਉਣ ਦੀ ਕੋਸ਼ਿਸ਼ ਕਰਾਂਗਾ ਕਿ ਉਸ ਨੇ ਜੋ ਕਿਹਾ, ਉਹ ਸਹੀ ਨਹੀਂ ਸੀ।'

## ਕੇਂਦਰੀ 'ਵਰਸਿਟੀ ਦੀ ਵਿਦਿਆਰਥਣ ਦੇ ਦੋਸ਼ਾਂ ਨਾਲ ਸਨਸਨੀ

ਬਠਿੰਡਾ (ਬਖਤੌਰ ਢਿੱਲੋਂ/ਪਰਵਿੰਦਰਜੀਤ ਸਿੰਘ)

ਭਾਰਤ ਦੇ ਸਿੱਖਿਆ ਮੰਤਰੀ ਦੀ ਕੁਰਸੀ ਦੇ ਖੁਸਣ ਦੀਆਂ ਖਬਰਾਂ ਦੀ ਸਿਆਹੀ ਵੀ ਨਹੀਂ ਸੁੱਕੀ ਕਿ ਕੇਂਦਰੀ ਯੂਨੀਵਰਸਿਟੀ ਪੰਜਾਬ ਦੀ ਇੱਕ ਵਿਦਿਆਰਥਣ ਵੱਲੋਂ ਲਾਏ ਦੋਸ਼ਾਂ ਨੇ ਇਸ ਖਿੱਤੇ ਵਿੱਚ ਸਨਸਨੀ ਫੈਲਾ ਕੇ ਰੱਖ ਦਿੱਤੀ ਹੈ।

ਇੱਥੇ ਕੇਂਦਰੀ ਯੂਨੀਵਰਸਿਟੀ ਵਿਖੇ ਪੀ ਐੱਚ ਡੀ ਕਰ ਰਹੀ ਹਰਿਆਣਾ ਦੀ ਕੁੜੀ ਨੇ ਪ੍ਰੈੱਸ ਕਲੱਬ ਵਿਖੇ ਮੀਡੀਆ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਪਿਛਲੇ ਲੰਮੇ ਸਮੇਂ ਤੋਂ ਉਸ ਦਾ ਗਾਈਡ, ਜੋ ਬੌਟਨੀ ਵਿਭਾਗ ਦਾ ਮੁਖੀ ਵੀ ਹੈ, ਉਸ ਨੂੰ ਮੰਦ ਭਾਵਨਾ ਨਾਲ ਤੰਗ-ਪਰੇਸ਼ਾਨ ਕਰਦਾ ਆ ਰਿਹਾ ਹੈ। ਇਸ ਸੰਬੰਧੀ ਉਸ ਨੇ ਯੂਨੀਵਰਸਿਟੀ ਅਧਿਕਾਰੀਆਂ ਤੋਂ ਲੈ ਕੇ ਪੰਜਾਬ ਤੇ ਕੇਂਦਰ ਸਰਕਾਰ ਦੇ ਮੰਤਰੀਆਂ ਤੱਕ ਨੂੰ ਪੱਤਰ ਲਿਖੇ ਹਨ, ਪਰ ਅੱਜ ਤੱਕ ਉਸ ਨੂੰ ਕਿਤਿਓਂ ਵੀ ਇਨਸਾਫ ਨਹੀਂ ਮਿਲਿਆ। ਇਹ ਪੁੱਛਣ 'ਤੇ ਕਿ ਉਹ ਉਸ ਨੂੰ ਕਿਉਂ ਤੰਗ-ਪਰੇਸ਼ਾਨ ਕਰ ਰਿਹਾ ਤਾਂ ਕੁੜੀ ਨੇ ਆਪਣੇ ਫੋਨ 'ਚ ਰਿਕਾਰਡ ਕੀਤੀਆਂ ਹੋਈਆਂ ਕੁਝ ਅਜਿਹੀਆਂ ਗੱਲਾਂ ਮੀਡੀਆ ਨੂੰ ਸੁਣਾਈਆਂ, ਜਿਨ੍ਹਾਂ ਤੋਂ ਉਸ ਦੇ ਗਾਈਡ ਦੀਆਂ ਲਲਚਾਈਆਂ ਹੋਈਆਂ ਲਾਲਸਾਵਾਂ ਦੀ ਮੁਕੰਮਲ ਤੌਰ 'ਤੇ ਪੁਸ਼ਟੀ ਹੁੰਦੀ ਹੈ। ਜ਼ਿਕਰਯੋਗ ਹੈ ਕਿ ਇਸ ਕੇਂਦਰੀ ਯੂਨੀਵਰਸਿਟੀ ਦੀ ਬੁਨਿਆਦ ਮਰਹੂਮ ਸਾਬਕਾ ਪ੍ਰਧਾਨ ਮੰਤਰੀ ਡਾਕਟਰ ਮਨਮੋਹਨ ਸਿੰਘ ਦੇ ਸਮੇਂ ਵਿੱਚ ਰੱਖੀ ਗਈ ਸੀ ਅਤੇ ਇਸ ਦੇ ਪਹਿਲੇ ਵਾਈਸ ਚਾਂਸ ਡਾਕਟਰ ਜੈ ਰੂਪ ਸਿੰਘ ਸਨ, ਜਿਨ੍ਹਾ ਦਾ ਵਿਦਿਅਕ ਖੇਤਰ ਵਿੱਚ ਬਹੁਤ ਵੱਡਾ ਨਾਂਅ ਹੈ।

ਕੁੜੀ ਅਨੁਸਾਰ ਉਸ ਦਾ ਗਾਈਡ ਸਿਰਫ ਉਸ ਨੂੰ ਤੰਗ-ਪਰੇਸ਼ਾਨ ਕਰਨ ਤੱਕ ਹੀ ਸੀਮਤ ਨਹੀਂ ਰਿਹਾ, ਬਲਕਿ ਉਸ ਨੇ ਹਰਿਆਣਾ ਵਿੱਚ ਸਥਿਤ ਉਸ ਕਾਲਜ, ਜਿਸ ਵਿੱਚ ਕਦੇ ਉਹ ਪੜ੍ਹਦੀ ਰਹੀ ਸੀ, ਦੀ ਪ੍ਰਿੰਸੀਪਲ ਜ਼ਰੀਏ ਉਸ ਦੇ ਪਿੰਡ ਵਿੱਚ ਵੀ ਉਸ ਬਾਰੇ ਗਲਤ ਪ੍ਰਚਾਰ ਕਰਵਾਇਆ, ਇੱਥੋਂ ਤੱਕ ਕਿ ਉਸ ਦੇ ਭਰਾ ਨਾਲ ਸੰਪਰਕ ਕਰਕੇ ਗਾਈਡ ਨੇ ਇਹ ਝੂਠੇ ਦੋਸ਼ ਵੀ ਮੜ੍ਹ ਦਿੱਤੇ ਕਿ ਉਸ ਦੀ ਭੈਣ ਇੱਕ ਸੈਕਸ ਸਿੰਡੀਕੇਟ ਨਾਲ ਜੁੜੀ ਹੋਈ ਹੈ। ਕੁੜੀ ਵੱਲੋਂ ਦਿਖਾਏ ਪੱਤਰਾਂ 'ਚ ਪੰਜਾਬ ਦੇ ਸਿੱਖਿਆ ਵਿਭਾਗ ਵੱਲੋਂ ਭੇਜੇ ਇੱਕ ਪੱਤਰ ਰਾਹੀਂ ਕਿਸੇ ਕਿਸਮ ਦੀ ਕਾਰਵਾਈ ਕਰਨ ਤੋਂ ਅਸਮਰਥਤਾ ਜ਼ਾਹਰ ਕੀਤੀ ਗਈ ਕਿ ਮਾਮਲਾ ਕੇਂਦਰ ਨਾਲ ਸੰਬੰਧਤ ਹੋਣ ਕਰਕੇ ਉਹਨਾਂ ਦੇ ਅਧਿਕਾਰ ਖੇਤਰ ਤੋਂ ਬਾਹਰ ਹੈ। ਪੱਖ ਜਾਨਣ ਲਈ ਜਦ ਵਿਭਾਗ ਮੁਖੀ ਬਿਨੇ ਕੁਮਾਰ ਨਾਲ ਸੰਪਰਕ ਕਰਨ ਦਾ ਯਤਨ ਕੀਤਾ ਤਾਂ ਲੰਮਾ ਸਮਾਂ ਤਾਂ ਉਸ ਨੇ ਫੋਨ ਹੀ ਅਟੈਂਡ ਨਹੀਂ ਕੀਤਾ, ਪਰ ਬਾਅਦ ਵਿੱਚ ਇੱਕ ਲਿਖਤੀ ਜਵਾਬ ਰਾਹੀਂ ਉਸ ਨੇ ਦਾਅਵਾ ਕੀਤਾ ਕਿ ਯੂਨੀਵਰਸਿਟੀ ਦੀ ਵਿਭਾਗੀ ਕਮੇਟੀ ਵੱਲੋਂ ਉਸ ਨੂੰ ਬੇਗੁਨਾਹ ਕਰਾਰ ਦਿੱਤਾ ਜਾ ਚੁੱਕਾ ਹੈ, ਜਦ ਕਿ ਬਠਿੰਡਾ ਪੁਲਸ ਇਸ ਮਾਮਲੇ ਦੀ ਫਿਲਹਾਲ ਪੜਤਾਲ ਕਰ ਰਹੀ ਹੈ। ਕੁੜੀ ਨੇ ਦੱਸਿਆ ਕਿ ਬਠਿੰਡਾ ਪੁਲਸ ਦੀ ਕਪਤਾਨ ਹਿਨਾ ਗੁਪਤਾ ਕੋਲ ਉਹ ਆਪਣਾ ਬਿਆਨ ਦਰਜ ਕਰਵਾ ਚੁੱਕੀ ਹੈ, ਪਰ ਅਜੇ ਤੱਕ ਉਸ ਨੂੰ ਕੋਈ ਇਨਸਾਫ ਨਹੀਂ ਮਿਲਿਆ।

## ਜਨਤਾ ਦੇ ਵਿਸ਼ਵਾਸ ਦੀ ਬਦੌਲਤ ਵੱਡੀ ਜਿੱਤ ਹੋਈ : ਦੀਪਕੇ

**ਨਵੀਂ ਦਿੱਲੀ** : ਕਾਕਰੋਚ ਜਨਤਾ ਪਾਰਟੀ ਦੇ ਸੰਸਥਾਪਕ ਅਭਿਜੀਤ ਦੀਪਕੇ ਨੇ ਐਤਵਾਰ ਨੂੰ 37 ਦਿਨਾਂ ਤੱਕ ਚੱਲੇ ਅੰਦੋਲਨ ਨੂੰ ਮਿਲੇ ਭਰਵੇਂ ਸਮਰਥਨ ਲਈ ਦੇਸ਼ ਭਰ ਦੇ ਲੋਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਨਤਾ ਦੇ ਵਿਸ਼ਵਾਸ ਦੀ ਬਦੌਲਤ ਹੀ 'ਨੌਜਵਾਨਾਂ ਦੀ ਇਹ ਵੱਡੀ ਜਿੱਤ' ਸੰਭਵ ਹੋ ਸਕੀ ਹੈ। ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਇੱਕ ਵੀਡੀਓ ਸੰਦੇਸ਼ ਸਾਂਝਾ ਕਰਦਿਆਂ ਦੀਪਕੇ ਨੇ ਮੰਨਿਆ ਕਿ ਇਹ ਲੰਬਾ ਸੰਘਰਸ਼ ਪੂਰੀ ਟੀਮ ਲਈ ਬਹੁਤ ਮੁਸ਼ਕਲ ਸੀ, ਪਰ ਮੁਹਿੰਮ ਨਾਲ ਡਟੇ ਰਹਿਣ ਵਾਲੇ ਸਾਰੇ ਲੋਕਾਂ ਦਾ ਉਹ ਤਹਿ ਦਿਲੋਂ ਧੰਨਵਾਦ ਕਰਦੇ ਹਨ। ਦੀਪਕੇ ਨੇ ਕਿਹਾ, "ਬਹੁਤ ਵਧੀਆ ਮਹਿਸੂਸ ਹੋ ਰਿਹਾ ਹੈ... ਆਖ਼ਰਕਾਰ, ਮੈਂ ਬਿਨਾਂ ਕਿਸੇ ਘਬਰਾਹਟ ਅਤੇ ਚਿੰਤਾ ਦੇ ਸੁਖਾਲੀ ਨੀਂਦ ਲੈ ਸਕਿਆ ਹਾਂ। ਪਿਛਲੇ 37 ਦਿਨਾਂ 'ਚ ਜੋ ਅਸੀਂ ਹੰਢਾਇਆ, ਉਹ ਬਹੁਤ ਔਖਾ ਸੀ।" ਉਨ੍ਹਾਂ ਧਰਨਾ ਖ਼ਤਮ ਹੋਣ ਤੋਂ ਬਾਅਦ ਜੰਤਰ-ਮੰਤਰ 'ਚ ਮੌਜੂਦ ਲੋਕਾਂ ਨੂੰ ਨਾ ਮਿਲ ਸਕਣ ਲਈ ਮੁਆਫ਼ੀ ਮੰਗਦਿਆਂ ਦੱਸਿਆ ਕਿ ਉਨ੍ਹਾਂ ਨੂੰ ਟਾਈਫਾਈਡ ਹੋ ਗਿਆ ਸੀ ਅਤੇ ਬੁਖ਼ਾਰ 101 ਡਿਗਰੀ ਤੱਕ ਪਹੁੰਚਣ ਕਾਰਨ ਉਨ੍ਹਾਂ ਨੂੰ ਘਰ ਪਰਤਣਾ ਪਿਆ। ਉਨ੍ਹਾ ਕਿਹਾ ਕਿ ਜਿਨ੍ਹਾਂ ਲੋਕਾਂ ਨੇ 37 ਦਿਨਾਂ ਤੱਕ ਜੰਤਰ-ਮੰਤਰ 'ਤੇ ਡੇਰੇ ਲਾਏ, ਉਨ੍ਹਾਂ ਦਾ ਦੇਸ਼ ਲਈ ਯੋਗਦਾਨ ਬਹੁਤ ਵੱਡਾ ਹੈ। ਇਸ ਦੇ ਨਾਲ ਹੀ ਉਨ੍ਹਾਂ ਆਲੋਚਕਾਂ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਦੇ ਸਵਾਲਾਂ ਨੇ ਅੰਦੋਲਨ ਨੂੰ ਹੋਰ ਬਿਹਤਰ ਬਣਾਉਣ 'ਚ ਮਦਦ ਕੀਤੀ। ਉਨ੍ਹਾ ਕਿਹਾ ਕਿ ਸੀ ਜੇ ਪੀ ਦੀ ਇਹ ਲੜਾਈ ਇੱਥੇ ਖ਼ਤਮ ਨਹੀਂ ਹੋਈ, ਸਗੋਂ ਇਹ ਇੱਕ ਲੰਬੇ ਸਫ਼ਰ ਦੀ ਸ਼ੁਰੂਆਤ ਹੈ। ਇਹ ਅੰਦੋਲਨ ਉਸ ਵੇਲੇ ਹੋਰ ਮਜ਼ਬੂਤ ਹੋ ਗਿਆ ਸੀ ਜਦੋਂ ਸੋਨਮ ਵਾਂਗਚੁਕ ਇਸ 'ਚ ਸ਼ਾਮਲ ਹੋਏ ਅਤੇ 26 ਦਿਨਾਂ ਦੀ ਭੁੱਖ ਹੜਤਾਲ ਕੀਤੀ। ਮੰਗਾਂ ਮੰਨੇ ਜਾਣ ਤੋਂ ਬਾਅਦ ਵਾਂਗਚੁਕ ਨੇ ਇਸ ਨੂੰ 'ਲੋਕਤੰਤਰ ਦੀ ਜਿੱਤ' ਕਰਾਰ ਦਿੱਤਾ। ਸੀ ਜੇ ਪੀ ਦੇ ਬੁਲਾਰੇ ਸੌਰਵ ਦਾਸ ਨੇ ਕਿਹਾ ਹੈ ਕਿ "ਇਹ ਤਾਂ ਸਿਰਫ਼ ਇੱਕ ਟਰੇਲਰ ਹੈ, ਫ਼ਿਲਮ ਅਜੇ ਬਾਕੀ ਹੈ। ਦੇਸ਼ ਦਾ ਨੌਜਵਾਨ ਜਾਗ ਚੁੱਕਾ ਹੈ ਅਤੇ ਉਹ ਸਾਰੀਆਂ ਸਮੱਸਿਆਵਾਂ ਦਾ ਹੱਲ ਕੱਢ ਕੇ ਰਹੇਗਾ।"

## ਪ੍ਰਧਾਨ ਦੇ ਅਸਤੀਫੇ ਦਾ ਪੰਜਾਬ ਦੇ ਕਿਸਾਨ ਅੱਜ ਜਸ਼ਨ ਮਨਾਉਣਗੇ

**ਬਠਿੰਡਾ** : ਦਿੱਲੀ ਦੇ ਜੰਤਰ-ਮੰਤਰ 'ਚ ਚੱਲ ਰਿਹਾ ਧਰਨਾ ਸ਼ਨੀਵਾਰ ਨੂੰ ਸਮਾਪਤ ਹੋਣ ਤੋਂ ਬਾਅਦ ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਦੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਨੇ ਐਤਵਾਰ ਨੂੰ ਵੱਡਾ ਦਾਅਵਾ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦਾ ਅਸਤੀਫ਼ਾ ਲਿਆ ਜਾਣਾ ਕਿਸਾਨਾਂ ਦੇ ਉਸ ਦਬਾਅ ਦਾ ਨਤੀਜਾ ਹੈ, ਜਿਸ ਤਹਿਤ ਕਿਸਾਨਾਂ ਨੇ 27 ਜੁਲਾਈ ਨੂੰ ਦਿੱਲੀ ਦੇ ਜੰਤਰ-ਮੰਤਰ ਪਹੁੰਚ ਕੇ ਅੰਦੋਲਨ 'ਚ ਸ਼ਾਮਲ ਹੋਣ ਦਾ ਐਲਾਨ ਕੀਤਾ ਸੀ।

ਉਗਰਾਹਾਂ ਨੇ ਇਸ ਸਫ਼ਲਤਾ ਦਾ ਸਿਹਰਾ ਪ੍ਰਦਰਸ਼ਨਕਾਰੀਆਂ ਦੇ ਸਿਰ ਬੰਨ੍ਹਦਿਆਂ ਇੱਕ ਵੀਡੀਓ ਰਾਹੀਂ ਸੂਬੇ ਦੇ ਕਿਸਾਨਾਂ ਨੂੰ ਖ਼ਾਸ ਅਪੀਲ ਕੀਤੀ ਹੈ। ਉਨ੍ਹਾਂ ਸੰਯੁਕਤ ਕਿਸਾਨ ਮੋਰਚਾ ਦੇ ਉਲੀਕੇ ਪ੍ਰੋਗਰਾਮ ਅਨੁਸਾਰ 27 ਜੁਲਾਈ ਨੂੰ ਪੰਜਾਬ ਦੇ ਸਮੁੱਚੇ ਜ਼ਿਲ੍ਹਾ ਹੈੱਡਕੁਆਰਟਰਾਂ 'ਚ ਜਿੱਤ ਦੇ ਜਸ਼ਨ ਮਨਾਉਣ ਦੀ ਤਿਆਰੀ ਕਰਨ ਲਈ ਕਿਹਾ ਹੈ। ਉਨ੍ਹਾ ਦੱਸਿਆ ਕਿ ਉਨ੍ਹਾਂ ਦੀ ਜਥੇਬੰਦੀ ਨੇ 27 ਜੁਲਾਈ ਦੇ ਪ੍ਰਸਤਾਵਿਤ ਦਿੱਲੀ ਮਾਰਚ ਲਈ ਪੂਰੀ ਤਿਆਰੀ ਕਰ ਲਈ ਸੀ, ਜਿਸ ਦੇ ਤਹਿਤ ਰਾਸ਼ਨ ਦਾ ਸਾਮਾਨ ਇਕੱਠਾ ਕੀਤਾ ਜਾ ਰਿਹਾ ਸੀ ਅਤੇ ਵਾਹਨਾਂ ਦਾ ਪ੍ਰਬੰਧ ਵੀ ਕਰ ਲਿਆ ਗਿਆ ਸੀ।

## ਜੱਜਾਂ ਦੀ ਘਾਟ ਕਾਰਨ ਹਜ਼ਾਰਾਂ ਮਾਮਲੇ ਲਟਕੇ

**ਚੰਡੀਗੜ੍ਹ** : ਆਰਮਡ ਫੋਰਸਿਜ਼ ਟ੍ਰਿਬਿਊਨਲ 'ਚ ਜੱਜਾਂ ਅਤੇ ਦਫ਼ਤਰੀ ਅਮਲੇ ਦੀਆਂ ਮਨਜ਼ੂਰਸ਼ੁਦਾ ਅਸਾਮੀਆਂ ਵਿੱਚੋਂ 35 ਫ਼ੀਸਦੀ ਤੋਂ ਵੱਧ ਖ਼ਾਲੀ ਪਈਆਂ ਹਨ, ਜਦ ਕਿ ਇਸ ਵਿੱਚ 11,000 ਮਾਮਲੇ ਲਟਕ ਰਹੇ ਹਨ। ਰੱਖਿਆ ਮੰਤਰਾਲੇ ਵੱਲੋਂ ਸੰਸਦ 'ਚ ਸਾਂਝੀ ਕੀਤੀ ਗਈ ਜਾਣਕਾਰੀ ਅਨੁਸਾਰ ਟ੍ਰਿਬਿਊਨਲ ਦੇ ਸਾਰੇ 11 ਬੈਂਚਾਂ 'ਚ ਜੁਡੀਸ਼ੀਅਲ ਅਤੇ ਐਡਮਨਿਸਟਰੇਟਿਵ ਮੈਂਬਰਾਂ ਦੀਆਂ ਕੁੱਲ 34 ਅਸਾਮੀਆਂ ਵਿੱਚੋਂ 12 ਖ਼ਾਲੀ ਹਨ, ਜੋ ਕਿ 35 ਫ਼ੀਸਦੀ ਤੋਂ ਵੱਧ ਦੀ ਘਾਟ ਨੂੰ ਦਰਸਾਉਂਦੀਆਂ ਹਨ। ਮੰਤਰਾਲੇ ਦੇ ਅੰਕੜਿਆਂ ਅਨੁਸਾਰ ਸ੍ਰੀਨਗਰ, ਜਬਲਪੁਰ ਅਤੇ ਗੁਹਾਟੀ ਸਥਿਤ ਤਿੰਨ ਏ.ਐੱਫ.ਟੀ. ਬੈਂਚਾਂ 'ਚ ਇੱਕ-ਇੱਕ ਜੁਡੀਸ਼ੀਅਲ ਅਤੇ ਐਡਮਨਿਸਟਰੇਟਿਵ ਮੈਂਬਰ ਤਾਇਨਾਤ ਹੋਣਾ ਚਾਹੀਦਾ ਹੈ, ਪਰ ਇਹ ਬੈਂਚ ਪੂਰੀ ਤਰ੍ਹਾਂ ਖ਼ਾਲੀ ਪਏ ਹਨ। ਕੇਵਲ ਨਵੀਂ ਦਿੱਲੀ ਸਥਿਤ ਪ੍ਰਿੰਸੀਪਲ ਬੈਂਚ, ਮੁੰਬਈ ਅਤੇ ਜੈਪੁਰ ਬੈਂਚ ਹੀ ਇਸ ਵੇਲੇ ਪੂਰੀ ਸਮਰੱਥਾ ਨਾਲ ਕੰਮ ਕਰ ਰਹੇ ਹਨ। ਦਫ਼ਤਰੀ ਸਟਾਫ਼ ਦੀ ਗੱਲ ਕਰੀਏ ਤਾਂ ਮਨਜ਼ੂਰਸ਼ੁਦਾ 564 ਅਸਾਮੀਆਂ ਵਿੱਚੋਂ 205 (ਲੱਗਭੱਗ 36 ਫ਼ੀਸਦੀ) ਖ਼ਾਲੀ ਹਨ।

ਤਿੰਨ ਸਭ ਤੋਂ ਵੱਡੇ ਬੈਂਚਾਂ ਵਿੱਚੋਂ ਪ੍ਰਿੰਸੀਪਲ ਬੈਂਚ 'ਚ 37 ਫ਼ੀਸਦੀ, ਚੰਡੀਗੜ੍ਹ 'ਚ 29 ਫ਼ੀਸਦੀ ਅਤੇ ਲਖਨਊ 'ਚ 35 ਫ਼ੀਸਦੀ ਸਟਾਫ਼ ਦੀ ਘਾਟ ਹੈ, ਜਦੋਂ ਕਿ ਗੁਹਾਟੀ ਤੇ ਕੋਲਕਾਤਾ 'ਚ ਖ਼ਾਲੀ ਅਸਾਮੀਆਂ ਦੀ ਗਿਣਤੀ ਮੌਜੂਦਾ ਤਾਇਨਾਤ ਸਟਾਫ਼ ਨਾਲੋਂ ਵੀ ਵੱਧ ਹੈ। ਰੱਖਿਆ ਮੰਤਰਾਲੇ ਦੇ ਅਧਿਕਾਰਤ ਅੰਕੜਿਆਂ ਤੋਂ ਪਤਾ ਲੱਗਾ ਹੈ ਕਿ ਮਾਰਚ 2026 ਤੱਕ ਏ.ਐੱਫ.ਟੀ. ਕੋਲ ਕਰੀਬ 11,000 ਮਾਮਲੇ ਸੁਣਵਾਈ ਲਈ ਪੈਂਡਿੰਗ ਹਨ। ਸਾਲ 2021 ਤੋਂ ਜਨਵਰੀ 2026 ਤੱਕ ਟ੍ਰਿਬਿਊਨਲ 'ਚ ਕੁੱਲ 44,622 ਮਾਮਲੇ ਦਰਜ ਕੀਤੇ ਗਏ ਸਨ।

## ਪਾਣੀ ਨਾਲ ਭਰੇ ਖੱਡੇ 'ਚ ਡਿੱਗਣ ਕਾਰਨ 6 ਸਾਲਾ ਬੱਚੇ ਦੀ ਮੌਤ

**ਨਵੀਂ ਦਿੱਲੀ** : ਗ੍ਰੇਟਰ ਨੋਇਡਾ ਦੀ ਇੱਕ ਰਿਹਾਇਸ਼ੀ ਕਾਲੋਨੀ ਵਿੱਚ ਬੋਰਿੰਗ ਦੇ ਕੰਮ ਲਈ ਪੁੱਟੇ ਗਏ ਪਾਣੀ ਨਾਲ ਭਰੇ ਖੱਡੇ ਵਿੱਚ ਅਚਾਨਕ ਡਿੱਗਣ ਕਾਰਨ ਇੱਕ 6 ਸਾਲਾ ਮਾਸੂਮ ਬੱਚੇ ਦੀ ਡੁੱਬਣ ਨਾਲ ਦਰਦਨਾਕ ਮੌਤ ਹੋ ਗਈ। ਪੁਲਸ ਨੇ ਐਤਵਾਰ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਹਾਦਸਾ ਸ਼ਨੀਵਾਰ ਸ਼ਾਮ ਕਰੀਬ 7 ਵਜੇ ਕਾਲਾਧਾਮ ਕਾਲੋਨੀ 'ਚ ਉਸ ਸਮੇਂ ਵਾਪਰਿਆ, ਜਦੋਂ ਬੱਚਾ ਹੋਰ ਬੱਚਿਆਂ ਨਾਲ ਖੱਡੇ ਦੇ ਨੇੜੇ ਖੇਡ ਰਿਹਾ ਸੀ। ਖੇਡਦੇ ਸਮੇਂ ਬੱਚਾ ਅਚਾਨਕ ਖੱਡੇ 'ਚ ਜਾ ਡਿੱਗਿਆ। ਪਰਵਾਰਕ ਮੈਂਬਰਾਂ ਨੇ ਤੁਰੰਤ ਉਸ ਨੂੰ ਬਾਹਰ ਕੱਢਿਆ ਅਤੇ ਹਸਪਤਾਲ ਪਹੁੰਚਾਇਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਬੋਰਿੰਗ ਦੇ ਕੰਮ 'ਚ ਅਣਗਹਿਲੀ ਵਰਤਣ ਵਾਲੇ ਜ਼ਿੰਮੇਵਾਰ ਠੇਕੇਦਾਰ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ।

## ਕੈਨੇਡਾ 'ਚ ਪੰਜਾਬੀ ਮੁਟਿਆਰ ਦੀ ਹੱਤਿਆ



**ਟੋਰਾਂਟੋ** : ਕੈਨੇਡਾ ਦੇ ਟੋਰਾਂਟੋ 'ਚ ਰਹਿੰਦੀ ਪੰਜਾਬ ਦੀ ਇੱਕ 26 ਸਾਲਾ ਮੁਟਿਆਰ ਦਾ ਪੰਜਾਬੀ ਮੂਲ ਦੇ ਹੀ 37 ਸਾਲਾ ਵਿਅਕਤੀ ਵੱਲੋਂ ਸ਼ਰੇਆਮ ਗੋਲੀ ਮਾਰ ਕੇ ਕਤਲ ਕਰਨ ਦਾ ਦੁਖਦਾਈ ਮਾਮਲਾ ਸਾਹਮਣੇ ਆਇਆ ਹੈ। ਟੋਰਾਂਟੋ ਪੁਲਸ ਨੇ ਮ੍ਰਿਤਕਾ ਦੀ ਪਛਾਣ ਨਵਨੀਤ ਕੌਰ (26) ਵਜੋਂ ਕੀਤੀ ਹੈ। ਪੁਲਸ ਅਨੁਸਾਰ ਸ਼ੁੱਕਰਵਾਰ ਸਵੇਰੇ ਇਟੋਬੀਕੋਕ ਇਲਾਕੇ 'ਚ ਹੋਏ ਇਸ ਗਿਣਮਿੱਥ ਕੇ ਹਮਲੇ ਤੋਂ ਬਾਅਦ ਮੁਲਜ਼ਮ ਬ੍ਰੈਂਪਟਨ ਵਾਸੀ ਸ਼ਰਨਜੀਤ ਸਿੰਘ (37) ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ, ਜਿਸ 'ਤੇ ਪਹਿਲੇ ਦਰਜੇ ਦੇ ਕਤਲ ਦਾ ਦੋਸ਼ ਲਗਾਇਆ ਗਿਆ ਹੈ। ਪੁਲਸ ਵੱਲੋਂ ਜਾਰੀ ਬਿਆਨ ਮੁਤਾਬਕ, ਘਟਨਾ ਦੇ ਸਮੇਂ ਪੀੜਤ ਮੁਟਿਆਰ ਅਤੇ ਮੁਲਜ਼ਮ ਵਿਚਕਾਰ ਕੁਝ ਸਮਾਂ ਗੱਲਬਾਤ ਹੋਈ, ਜਿਸ ਤੋਂ ਤੁਰੰਤ ਬਾਅਦ ਮੁਲਜ਼ਮ ਨੇ ਔਰਤ 'ਤੇ ਗੋਲੀ ਚਲਾ ਦਿੱਤੀ। ਸੂਚਨਾ ਮਿਲਦੇ ਹੀ ਪੁਲਸ ਮੌਕੇ 'ਤੇ ਪਹੁੰਚੀ ਅਤੇ ਪੀੜਤ ਨੂੰ ਬਚਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਗਈਆਂ, ਪਰ ਡਾਕਟਰਾਂ ਨੇ ਉਸ ਨੂੰ ਮੌਕੇ 'ਤੇ ਹੀ ਮ੍ਰਿਤਕ ਐਲਾਨ ਦਿੱਤਾ।

## ਗੰਗਾ ਕੰਢੇ ਚਿਕਨ ਬਰਿਆਨੀ ਖਾਣਾ ਅਪਰਾਧ ਨਹੀਂ : ਜਸਟਿਸ ਭੂਈਆਂ

**ਭੋਪਾਲ** : ਸੁਪਰੀਮ ਕੋਰਟ ਦੇ ਜਸਟਿਸ ਉੱਜਲ ਭੂਈਆਂ ਨੇ ਕੁਝ ਮਹੀਨੇ ਪਹਿਲਾਂ ਯੂ ਪੀ ਵਿੱਚ ਇਫਤਾਰ ਦੌਰਾਨ ਕਿਸ਼ਤੀ 'ਚ ਚਿਕਨ ਬਰਿਆਨੀ ਖਾਣ 'ਤੇ ਮੁਸਲਮ ਵਿਦਿਆਰਥੀਆਂ ਦੀ ਗ੍ਰਿਫਤਾਰੀ ਦੀ ਆਲੋਚਨਾ ਕਰਦੇ ਹੋਏ ਕਿਹਾ ਹੈ ਕਿ ਗੰਗਾ ਦੇ ਕੰਢੇ ਕਿਸੇ ਨੂੰ ਵੀ ਚਿਕਨ ਖਾਣ ਤੋਂ ਰੋਕਣ ਵਾਲਾ ਕੋਈ ਕਾਨੂੰਨ ਨਹੀਂ ਹੈ। ਇੱਥੇ ਨੈਸ਼ਨਲ ਲਾਅ ਇੰਸਟੀਚਿਊਟ ਯੂਨੀਵਰਸਿਟੀ ਵਿਖੇ ਜਸਟਿਸ ਜੀ ਪੀ ਸਿੰਘ ਦੇ ਚੌਥੇ ਮੈਮੋਰੀਅਲ ਲੈਕਚਰ ਵਿੱਚ ਬੋਲਦਿਆਂ ਜਸਟਿਸ ਭੂਈਆਂ ਨੇ ਦੱਸਿਆ ਕਿ ਨੌਜਵਾਨਾਂ ਨੂੰ ਉਸ ਚੀਜ਼ ਲਈ ਤਿੰਨ ਮਹੀਨੇ ਜੇਲ੍ਹ ਵਿੱਚ ਬਿਤਾਉਣੇ ਪਏ, ਜੋ ਅਪਰਾਧ ਨਹੀਂ ਹੈ। ਵਾਰਾਨਸੀ ਪੁਲਸ ਨੇ ਮਾਰਚ ਵਿੱਚ 14 ਮੁਸਲਮ ਨੌਜਵਾਨਾਂ ਨੂੰ ਧਾਰਮਕ ਭਾਵਨਾਵਾਂ ਭੜਕਾਉਣ ਅਤੇ ਜਲ ਪ੍ਰਦੂਸ਼ਣ ਕੰਟਰੋਲ ਐਕਟ ਦੀ ਉਲੰਘਣਾ ਕਰਨ ਦੇ ਦੋਸ਼ ਵਿੱਚ ਗ੍ਰਿਫਤਾਰ ਕੀਤਾ ਸੀ। ਦੋਸ਼ ਲਗਾਇਆ ਸੀ ਕਿ ਨੌਜਵਾਨ ਚਿਕਨ ਬਰਿਆਨੀ ਖਾ ਰਹੇ ਸਨ ਅਤੇ ਹੱਡੀਆਂ ਤੇ ਬਚੇ ਹੋਏ ਪਦਾਰਥਾਂ ਨੂੰ ਸਿੱਧੇ ਪਵਿੱਤਰ ਨਦੀ ਵਿੱਚ ਸੁੱਟ ਰਹੇ ਸਨ, ਜਿਸ ਦਾ ਸਨਾਤਨ ਧਰਮ ਵਿੱਚ ਡੂੰਘਾ ਅਧਿਆਤਮਕ ਮਹੱਤਵ ਹੈ।

## ਬਿਜਲੀ ਮੁਲਾਜ਼ਮ ਹੜਤਾਲ ਖਤਮ ਕਰਨ : ਅਮਨ ਅਰੋੜਾ



ਸੁਨਾਮ (ਨਵਾਂ ਜ਼ਮਾਨਾ ਸਰਵਿਸ)

ਪੰਜਾਬ ਆਮ ਆਦਮੀ ਪਾਰਟੀ ਦੇ ਪ੍ਰਧਾਨ ਤੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਐਤਵਾਰ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ ਐੱਸ ਪੀ ਸੀ ਐੱਲ ) ਦੇ ਕਰਮਚਾਰੀਆਂ ਨੂੰ ਤੁਰੰਤ ਹੜਤਾਲ ਵਾਪਸ ਲੈਣ ਦੀ ਅਪੀਲ ਕੀਤੀ ਹੈ। ਉਨ੍ਹਾ ਕਿਹਾ ਕਿ ਭਗਵੰਤ ਮਾਨ ਸਰਕਾਰ ਗੱਲਬਾਤ ਲਈ ਹਮੇਸ਼ਾ ਤਿਆਰ ਹੈ ਅਤੇ ਕਰਮਚਾਰੀ ਯੂਨੀਅਨਾਂ ਦੀ ਮੰਗ 'ਤੇ 25 ਦਿਨ ਪਹਿਲਾਂ ਗਠਿਤ ਕੀਤੀ ਗਈ ਇੱਕ ਉੱਚ ਪੱਧਰੀ ਕਮੇਟੀ ਪਹਿਲਾਂ ਹੀ ਉਨ੍ਹਾਂ ਦੀਆਂ ਲੰਬਿਤ ਮੰਗਾਂ 'ਤੇ ਵਿਚਾਰ ਕਰ ਰਹੀ ਹੈ।

ਉਨ੍ਹਾ ਭਰੋਸਾ ਦਿਵਾਇਆ ਕਿ ਕਮੇਟੀ ਦੀ ਹਰ ਜਾਇਜ਼ ਸਿਫਾਰਸ਼ ਨੂੰ ਸਰਕਾਰ ਵੱਲੋਂ ਪ੍ਰਵਾਨ ਕੀਤਾ ਜਾਵੇਗਾ। ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਅਰੋੜਾ ਨੇ ਕਿਹਾ, 'ਪਾਵਰ ਕਾਰਪੋਰੇਸ਼ਨ ਦੇ ਕਰਮਚਾਰੀ 21 ਜੁਲਾਈ ਤੋਂ ਹੜਤਾਲ 'ਤੇ ਹਨ, ਜਿਸ ਕਾਰਨ ਪੰਜਾਬ ਦੇ ਲੋਕਾਂ, ਖਾਸ ਕਰਕੇ ਸਾਡੇ ਕਿਸਾਨਾਂ ਨੂੰ ਕਾਫੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਝੋਨੇ ਦੀ ਲਵਾਈ ਦਾ ਸੀਜ਼ਨ ਇਸ ਸਮੇਂ ਅਹਿਮ ਮੋੜ 'ਤੇ ਹੈ ਅਤੇ ਬਿਜਲੀ ਸੇਵਾਵਾਂ ਠੱਪ ਹੋਣ ਨਾਲ ਕਿਸਾਨਾਂ ਦੀਆਂ ਮੁਸ਼ਕਲਾਂ ਵਧ ਗਈਆਂ ਹਨ। ਕਿਸਾਨਾਂ ਤੋਂ ਇਲਾਵਾ ਘਰੇਲੂ ਖਪਤਕਾਰ, ਵਪਾਰੀ, ਸਾਡੀਆਂ ਮਾਵਾਂ-ਭੈਣਾਂ ਅਤੇ ਆਮ ਨਾਗਰਿਕ ਵੀ ਬਿਜਲੀ ਸੇਵਾਵਾਂ ਵਿੱਚ ਵਿਘਨ ਪੈਣ ਕਾਰਨ ਗੰਭੀਰ ਪਰੇਸ਼ਾਨੀ ਦਾ ਸਾਹਮਣਾ ਕਰ ਰਹੇ ਹਨ।'

## 5 ਦੀ ਸੂਬਾ ਪੱਧਰੀ ਰੈਲੀ 'ਚ ਉਤਸ਼ਾਹ ਨਾਲ ਸ਼ਾਮਲ ਹੋਣ ਦਾ ਫ਼ੈਸਲਾ




ਜਲੰਧਰ (ਗਿਆਨ ਸੈਦਪੁਰੀ)

ਮਾਮਲਾ ਭਾਵੇਂ ਮਨੀਪੁਰ ਵਿੱਚ ਭੜਕਦੀ ਰਹੀ ਅੱਗ ਦਾ ਹੋਵੇ, ਭਾਵੇਂ ਔਰਤਾਂ ਦੇ ਘੋਰ ਅਪਮਾਨ ਦਾ। ਕਿਸਾਨੀ ਨੂੰ ਘਾਟੇ ਵਿੱਚ ਲੈ ਜਾਣ ਵਾਲਾ ਮੁਕਤ ਵਪਾਰ ਹੋਵੇ ਜਾਂ ਨੀਟ ਵਰਗਾ ਮਹਾਂ ਘੁਟਾਲਾ ਹੋਵੇ, ਹਰ ਮਾਮਲੇ ਵਿੱਚ ਕੇਂਦਰ ਸਰਕਾਰ ਦੀ ਸਾਜ਼ਿਸ਼ੀ ਚੁੱਪ ਅਤੇ ਲੋਕਾਂ ਦੇ ਦਰਦ ਨੂੰ ਸਮਝ ਸਕਣ ਦੀ ਕੋਸ਼ਿਸ਼ ਨਾ ਕਰਨਾ ਆਮ ਵਰਤਾਰਾ ਬਣਾ ਚੁੱਕਾ ਹੈ। ਮਨਰੇਗਾ ਰਾਹੀਂ ਮਜ਼ਦੂਰਾਂ ਨੂੰ ਕੁਝ ਕੁ ਮਿਲਦੀ ਆਰਥਿਕ ਰਾਹਤ ਨੂੰ ਵੀ ਬੰਦ ਕਰ ਦੇਣਾ ਅਤੇ ਕਿਰਤ ਕਾਨੂੰਨਾਂ ਦੀ ਬਲੀ ਦੇ ਕੇ ਲੇਬਰ ਕੋਡਾਂ ਰਾਹੀਂ ਕਿਰਤ ਦਾ ਅਪਮਾਨ ਸਭ ਦੇ ਸਾਹਮਣੇ ਹੈ। ਇਸੇ ਤਰ੍ਹਾਂ ਪੰਜਾਬ ਸਰਕਾਰ ਉਸੇ ਰਸਤੇ 'ਤੇ ਚੱਲ ਕੇ ਮਜ਼ਦੂਰ ਵਰਗ ਨੂੰ ਪੂਰੀ ਤਰ੍ਹਾਂ ਅਣਗੌਲਿਆਂ ਕਰ ਰਹੀ ਹੈ। ਪੰਜਾਬ ਦੇ ਮੁੱਖ ਮੰਤਰੀ ਵੱਲੋਂ ਮਜ਼ਦੂਰ ਜਥੇਬੰਦੀਆਂ ਨੂੰ ਕੋਈ ਮਹੱਤਵ ਨਾ ਦੇਣਾ ਆਪਣੇ-ਆਪ ਵਿੱਚ ਕਿਰਤੀ ਲੋਕਾਂ ਦਾ ਨਿਰਾਦਰ ਹੈ। ਇਸ ਵਰਤਾਰੇ ਤੋਂ ਅੱਕੇ ਹੋਏ ਮਜ਼ਦੂਰਾਂ ਵੱਲੋਂ ਸਰਕਾਰ ਦੀ ਨੀਂਦ ਖੋਹਲਣ ਲਈ 5 ਅਗਸਤ ਨੂੰ ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਵੱਲੋਂ ਸੂਬਾ ਪੱਧਰੀ ਰੈਲੀ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿੱਚ ਕੀਤੀ ਜਾਵੇਗੀ।

• ਬਾਕੀ ਸਫਾ 2 'ਤੇ

## ਅੱਜ-ਨਾਮਾ

ਆਉਂਦਾ ਚੋਣਾਂ ਦਾ ਜਦੋਂ ਕੁਝ ਸਮਾਂ ਲਾਗੇ,
ਲੱਗਦੀ ਘਪਲਿਆਂ ਦੀ ਦਿੱਸੇ ਲੜੀ ਮੀਆਂ।
ਇੱਕ ਦੀ ਕੀਤੀ ਨਾ ਹਾਲੇ ਪੜਤਾਲ ਜਾਂਦੀ,
ਦੂਸਰੀ ਆਣ ਹੁੰਦੀ ਸਾਹਮਣੇ ਖੜੀ ਬੇਲੀ।
ਜਾਂਦੀ ਤਾਂ ਤੀਸਰੀ ਹਾਲੇ ਨਹੀਂ ਪੜ੍ਹੀ ਬੇਲੀ,
ਆਉਂਦੀ ਚੌਥੀ ਹੈ ਉਹਦੇ ਤੋਂ ਚੜ੍ਹੀ ਬੇਲੀ।
ਨਿਕਲਦੇ ਦੋਸ਼ ਫਿਰ ਇੱਕ ਦੂੰ ਇੱਕ ਭਾਰੇ,
ਸਰਕਾਰ ਕਹੇਗੀ ਸਾਜ਼ਿਸ਼ ਹੈ ਘੜੀ ਬੇਲੀ।
ਸਰਕਾਰ ਕੇਂਦਰ ਦੀ ਕਹੋ ਜਾਂ ਰਾਜ ਵਾਲੀ,
ਲੱਗਦੇ ਦੋਸ਼ ਤਾਂ ਇੱਕੋ ਜਿਹਾ ਸਾਰ ਬੇਲੀ।
ਕੱਢਦਾ ਜੇਬਾਂ ਤੋਂ ਪੈੱਨ ਨਾ ਕੋਈ ਅਫਸਰ,
ਆਦਮੀ ਆਮ ਪਿਆ ਹੋਏ ਖੁਆਰ ਬੇਲੀ।

-ਤੀਸ ਮਾਰ ਖਾਂ

## ਧਰਮ ਨੂੰ ਅਧਿਆਤਮਿਕਤਾ ਨਾਲ ਉਲਝਾਉਣ ਦੀ ਕੋਸ਼ਿਸ਼ ਬੰਦ ਹੋਵੇ : ਅੰਗਮੋ

ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)

ਸਨਾਤਨ ਧਰਮ ਦੀਆਂ ਕਦਰਾਂ-ਕੀਮਤਾਂ ਨੂੰ ਅਪਣਾਉਣ ਅਤੇ ਇਹ ਕਹਿਣ ਕਿ ਨੌਜਵਾਨਾਂ ਨੇ ਦੇਸ਼ ਨੂੰ ਦਿਖਾਇਆ ਹੈ ਕਿ ਵਿਸ਼ਵਗੁਰੂ ਹੋਣ ਦਾ ਅਸਲ ਅਰਥ ਕੀ ਹੈ, ਤੋਂ ਇਕ ਦਿਨ ਬਾਅਦ ਕਾਰਕੁਨ ਸੋਨਮ ਵਾਂਗਚੁਕ ਦੀ ਪਤਨੀ, ਗੀਤਾਂਜਲੀ ਅੰਗਮੋ ਨੇ ਐਤਵਾਰ ਨੂੰ ਆਲੋਚਕਾਂ 'ਤੇ ਜਵਾਬੀ ਹਮਲਾ ਕੀਤਾ ਤੇ ਉਨ੍ਹਾਂ ਨੂੰ "ਧਰਮ ਨੂੰ ਅਧਿਆਤਮਿਕਤਾ ਨਾਲ ਉਲਝਾਉਣਾ ਬੰਦ ਕਰਨ" ਦੀ ਅਪੀਲ ਕੀਤੀ ਅਤੇ ਜ਼ੋਰ ਦੇ ਕੇ ਕਿਹਾ ਕਿ ਕੋਈ ਵੀ ਰਾਜਨੀਤਿਕ ਪਾਰਟੀ ਸਨਾਤਨ ਧਰਮ ਨੂੰ ਏਕਾਧਿਕਾਰ ਨਹੀਂ ਬਣਾ ਸਕਦੀ।

ਐਕਸ 'ਤੇ ਇੱਕ ਪੋਸਟ ਵਿੱਚ ਅੰਗਮੋ ਨੇ ਧਰਮ ਅਤੇ ਅਧਿਆਤਮਿਕਤਾ ਵਿੱਚ ਅੰਤਰ ਦੱਸਦੇ ਹੋਏ ਕਿਹਾ, "ਧਰਮ ਅਨੁਯਾਈਆਂ ਦੀ ਭਾਲ ਕਰਦਾ ਹੈ, ਅਧਿਆਤਮਿਕਤਾ ਪਰਿਵਰਤਨ ਦੀ ਮੰਗ ਕਰਦੀ ਹੈ। ਧਰਮ ਇੱਕ ਸੰਸਥਾ ਹੈ ਜੋ ਪਛਾਣ, ਅਧਿਕਾਰ ਅਤੇ ਨਿਯੰਤਰਣ ਨੂੰ ਪਰਿਭਾਸ਼ਿਤ ਕਰਦੀ ਹੈ। ਅਧਿਆਤਮਿਕਤਾ ਇੱਕ ਡੂੰਘੀ ਨਿੱਜੀ ਜਾਗ੍ਰਿਤੀ ਹੈ, ਜੋ ਹਰ ਵਿਚਾਰ, ਸ਼ਬਦ ਅਤੇ ਕਿਰਿਆ ਰਾਹੀਂ ਆਪਣੇ ਆਪ ਨੂੰ ਪ੍ਰਗਟ ਕਰਦੀ ਹੈ।"

ਅੰਗਮੋ ਨੇ ਇਸ ਵਿਚਾਰ ਨੂੰ ਸ਼ਾਸਨ ਨਾਲ ਵੀ ਜੋੜਿਆ, ਇਹ ਕਹਿੰਦੇ ਹੋਏ, "ਧਰਮ ਨਾਲ ਭਰੀ ਰਾਜਨੀਤੀ ਵੰਡਦੀ ਹੈ। ਅਧਿਆਤਮਿਕਤਾ ਦੁਆਰਾ ਸੇਧਿਤ ਰਾਜਨੀਤੀ ਦਾਰਸ਼ਨਿਕ-ਰਾਜੇ ਦੇ ਆਦਰਸ਼ ਨੂੰ ਜੋੜਦੀ ਹੈ ਅਤੇ ਇੱਛਾ ਰੱਖਦੀ ਹੈ।" ਉਸ ਨੇ ਅੱਗੇ ਕਿਹਾ ਕਿ ਸਨਾਤਨ ਧਰਮ 'ਭਾਰਤੀ ਸਭਿਅਤਾ ਦਾ ਅਧਾਰ ਹੈ ਅਤੇ ਕਦੇ ਵੀ ਤੰਗ, ਸੰਸਥਾਗਤ ਅਰਥਾਂ ਵਿੱਚ ਇੱਕ ਧਰਮ ਨਹੀਂ ਸੀ ਅਤੇ ਨਾ ਹੀ ਕੋਈ ਰਾਜਨੀਤਿਕ ਪਾਰਟੀ ਇਸ 'ਤੇ ਏਕਾਧਿਕਾਰ ਕਰ ਸਕਦੀ ਹੈ।"



## ਰੂਪ ਵਾਟਿਕਾ ਸਕੂਲ 'ਚ ਮੈਥ ਤੇ ਸਾਇੰਸ ਫੈਸਟ ਦਾ ਸਫ਼ਲ ਆਯੋਜਨ



**ਜਗਰਾਉਂ (ਅਮਿਤ ਖੰਨਾ)**-ਰੂਪ ਵਾਟਿਕਾ ਸਕੂਲ ਵਿੱਚ ਐੱਸ.ਐੱਸ.ਐੱਸ.ਸੀ. (ਨਾਰਬ) ਵੱਲੋਂ ਮੈਥਸ ਤੇ ਸਾਇੰਸ ਫੈਸਟ ਦਾ ਸਫ਼ਲ ਆਯੋਜਨ ਕੀਤਾ ਗਿਆ।ਇਸ ਫੈਸਟ ਵਿੱਚ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲੈਂਦੇ ਹੋਏ ਆਪਣੀ ਵਿਗਿਆਨਕ ਸੋਚ, ਰਚਨਾਤਮਕਤਾ, ਨਵੀਨਤਾ ਤੇ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਐੱਸ ਟੀ ਈ ਐੱਮ ਇਨੋਵੇਸ਼ਨ ਚੈਲੇਂਜ ਐਂਡ ਐਗਜ਼ੀਬਿਸ਼ਨ ਮੁਕਾਬਲੇ ਵਿੱਚ ਸੱਤਿਆ ਭਾਰਤੀ ਸਕੂਲ ਨੇ ਪਹਿਲਾ ਸਥਾਨ ਹਾਸਲ ਕੀਤਾ।ਸੈਕ੍ਰੇਡ ਹਾਰਟ ਕਾਨਵੈਂਟ ਸਕੂਲ ਨੇ ਦੂਜਾ ਤੇ ਬਰਿੰਗ ਬ੍ਰਿਜ਼ ਇੰਟਰਨੈਸ਼ਨਲ ਸਕੂਲ ਨੇ ਤੀਜਾ ਸਥਾਨ ਪ੍ਰਾਪਤ ਕੀਤਾ।'ਬ੍ਰਿਜ ਬਿਲਡਿੰਗ' ਮੁਕਾਬਲੇ ਵਿੱਚ ਜੀ.ਐੱਚ.ਜੀ. (ਸਿੱਧਵਾਂ ਖੁਰਦ) ਨੇ ਪਹਿਲਾ, ਸੇਂਟ ਜ਼ੇਵੀਅਰ ਕਾਨਵੈਂਟ ਸਕੂਲ ਨੇ ਦੂਜਾ ਅਤੇ ਸੈਕ੍ਰੇਡ ਹਾਰਟ ਕਾਨਵੈਂਟ ਸਕੂਲ ਨੇ ਤੀਜਾ ਸਥਾਨ ਹਾਸਲ ਕੀਤਾ।ਤੇਜਸ ਪਬਲਿਕ ਸਕੂਲ ਨੂੰ ਹੌਸਲਾ ਅਫ਼ਜ਼ਾਈ ਇਨਾਮ ਨਾਲ ਸਨਮਾਨਤ ਕੀਤਾ ਗਿਆ।'ਪ੍ਰੈਜ਼ੈਂਟੇਸ਼ਨ ਆਫ਼ ਐਕਸੀਲੈਂਸ' ਮੁਕਾਬਲੇ ਵਿੱਚ ਸੈਕ੍ਰੇਡ ਹਾਰਟ ਕਾਨਵੈਂਟ ਸਕੂਲ ਦੇ ਦਿਲਸ਼ਾਨ ਸਿੰਘ ਨੇ ਪਹਿਲਾ, ਸੇਂਟ ਜ਼ੇਵੀਅਰ ਕਾਨਵੈਂਟ ਸਕੂਲ ਦੇ ਸਨਪ੍ਰੀਤ ਸਿੰਘ ਨੇ ਦੂਜਾ ਤੇ ਸੱਤਿਆ ਭਾਰਤੀ ਆਦਰਸ਼ ਸਕੂਲ ਦੇ ਅਮਨਪ੍ਰੀਤ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ ਸਕੂਲ ਦੀ ਮੁੱਖ ਅਧਿਆਪਕਾ ਸ੍ਰੀਮਤੀ ਵਿੰਮੀ ਠਾਕੁਰ ਵੱਲੋਂ ਸਾਰੇ ਜੇਤੂ ਵਿਦਿਆਰਥੀਆਂ ਨੂੰ ਦਿਲੋਂ ਵਧਾਈ ਦਿੰਦੇ ਹੋਏ ਸਨਮਾਨਤ ਕੀਤਾ ਗਿਆ।

## ਗਿੱਦੜਬਾਹਾ ਹਲਕੇ 'ਚ 3 ਆਮ ਆਦਮੀ ਕਲੀਨਿਕਾਂ ਦਾ ਉਦਘਾਟਨ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਲੋਕਾਂ ਨੂੰ ਘਰ ਦੇ ਨੇੜੇ ਹੀ ਮੁਫ਼ਤ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਦਾ ਵਾਅਦੇ ਤਹਿਤ ਹਲਕਾ ਗਿੱਦੜਬਾਹਾ ਗਿੱਦੜਬਾਹਾ ਵਿੱਚ ਤਿੰਨ ਨਵੇਂ ਆਮ ਆਦਮੀ ਕਲੀਨਿਕ ਖੋਲ੍ਹੇ ਗਏ।ਇਹ ਜਾਣਕਾਰੀ ਐੱਮ.ਐੱਲ.ਏ. ਸ. ਹਰਦੀਪ ਸਿੰਘ ਡਿੰਪੀ ਢਿੱਲੋਂ ਦੇ ਛੋਟੇ ਭਰਾ ਸ੍ਰੀ ਸੰਦੀਪ ਸਿੰਘ ਸੰਨੀ ਢਿੱਲੋਂ ਸੀਨੀਅਰ ਆਮ ਆਦਮੀ ਪਾਰਟੀ ਦੇ ਆਗੂ ਨੇ ਪਿੰਡ ਕਰਾਈਵਾਲਾ, ਪਿਉਰੀ ਤੇ ਗਿੱਦੜਬਾਹਾ ਵਿਖੇ ਆਮ ਆਦਮੀ ਕਲੀਨਿਕਾਂ ਦਾ ਉਦਘਾਟਨ ਕਰਦਿਆਂ ਦਿੱਤੀ।ਉਨ੍ਹਾਂ ਦੱਸਿਆ ਕਿ ਗਿੱਦੜਬਾਹਾ ਨਗਰ ਕੌਂਸਲ ਵਿਖੇ ਲਗਭਗ 40 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਏ ਨਵੇਂ ਆਮ ਆਦਮੀ ਕਲੀਨਿਕ ਤਿਆਰ ਹੋਇਆ ਹੈ।ਇਹ ਨਵਾਂ ਕਲੀਨਿਕ ਗਿੱਦੜਬਾਹਾ ਤੇ ਆਸ-ਪਾਸ ਦੇ ਇਲਾਕੇ ਦੇ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗਾ।ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਲੋਕਾਂ ਨੂੰ ਘਰ ਦੇ ਨੇੜੇ ਹੀ ਮੁਫ਼ਤ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਦਾ ਵਾਅਦਾ ਲਗਾਤਾਰ ਪੂਰਾ ਕੀਤਾ ਜਾ ਰਿਹਾ ਹੈ।ਇਸ ਮੌਕੇ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਡਾਇਰੈਕਟਰ ਡਾਕਟਰ ਸੁਨੀਲ ਬਾਂਸਲ ਤੇ ਕਾਰਜਕਾਰੀ ਸਿਵਲ ਸਰਜਨ ਡਾਕਟਰ ਲਖਬੀਰ ਕੌਰ ਸਿੱਧੂ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਇਨ੍ਹਾਂ ਕਲੀਨਿਕਾਂ ਵਿੱਚ ਲੋਕਾਂ ਨੂੰ ਮੁਫ਼ਤ ਡਾਕਟਰੀ ਸਲਾਹ, ਲਗਭਗ ਸਾਰੇ ਜ਼ਰੂਰੀ 46 ਤਰ੍ਹਾਂ ਦੇ ਕਲੀਨਿਕਲ ਟੈਸਟ ਤੇ 107 ਤਰ੍ਹਾਂ ਦੀਆਂ ਉੱਚ ਮਿਆਰ ਦੀਆਂ ਦਵਾਈਆਂ ਬਿਲਕੁਲ ਮੁਫ਼ਤ ਦਿੱਤੀਆਂ ਜਾਣਗੀਆਂ। ਇਸ ਮੌਕੇ ਡਾ. ਸੁਨੀਲ ਕੁਮਾਰ ਬਾਂਸਲ, ਐੱਸ ਐੱਮ ਓ ਗਿੱਦੜਬਾਹਾ ਡਾ. ਰਸ਼ਮੀ ਚਾਵਲਾ ਤੋਂ ਇਲਾਵਾ ਪਤਵੰਤੇ ਵਿਅਕਤੀ ਮੌਜੂਦ ਸਨ।

## ਗਾਰਡਨ ਵੈਲੀ ਸਕੂਲ 'ਚ 'ਮਿਸ਼ਨ ਹਰਿਆਲੀ' ਤਹਿਤ ਪੌਦੇ ਲਗਾਏ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਗਾਰਡਨ ਵੈਲੀ ਇੰਟਰਨੈਸ਼ਨਲ ਸਕੂਲ ਮਾਛੀਵਾੜਾ ਸਾਹਿਬ ਵੱਲੋਂ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨਜ਼ ਆਫ ਪੰਜਾਬ (ਐੱਫ.ਏ.ਪੀ.) ਵੱਲੋਂ ਚਲਾਈ ਜਾ ਰਹੀ 'ਮਿਸ਼ਨ ਹਰਿਆਲੀ-2026' ਮੁਹਿੰਮ ਤਹਿਤ ਸਕੂਲ ਕੈਂਪਸ ਦੇ ਨਾਲ-ਨਾਲ ਆਲੇ-ਦੁਆਲੇ ਪਿੰਡਾਂ 'ਚ ਵੀ ਵੱਡੇ ਪੱਧਰ 'ਤੇ ਪੌਦੇ ਲਗਾਏ ਗਏ। ਇਸ ਮੁਹਿੰਮ 'ਚ ਵਿਦਿਆਰਥੀਆਂ, ਅਧਿਆਪਕਾਂ, ਸਕੂਲ ਸਟਾਫ਼ ਤੇ ਸਥਾਨਕ ਲੋਕਾਂ ਨੇ ਉਤਸ਼ਾਹ ਨਾਲ ਭਾਗ ਲਿਆ ਤੇ ਵਾਤਾਵਰਣ ਸੰਭਾਲ ਦਾ ਸੰਦੇਸ਼ ਦਿੱਤਾ। ਸਕੂਲ ਦੀ ਪ੍ਰਿੰਸੀਪਲ ਡਾ. ਹਰਪ੍ਰੀਤ ਕੌਰ ਨੇ ਕਿਹਾ ਕਿ ਰੁੱਖ ਸਾਡੇ ਜੀਵਨ ਦਾ ਆਧਾਰ ਹਨ ਅਤੇ ਸਾਫ਼-ਸੁਥਰਾ ਵਾਤਾਵਰਣ ਬਣਾਈ ਰੱਖਣ ਲਈ ਹਰ ਵਿਅਕਤੀ ਨੂੰ ਰੁੱਖ ਲਗਾਉਣ ਦੇ ਨਾਲ-ਨਾਲ ਉਨ੍ਹਾਂ ਦੀ ਸੰਭਾਲ ਵੀ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਕੁਦਰਤ ਨਾਲ ਜੋੜਨਾ ਤੇ ਵਾਤਾਵਰਣ ਪ੍ਰਤੀ ਜ਼ਿੰਮੇਵਾਰੀ ਦਾ ਅਹਿਸਾਸ ਕਰਵਾਉਣਾ ਇਸ ਮੁਹਿੰਮ ਦਾ ਮੁੱਖ ਉਦੇਸ਼ ਹੈ। ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਨੇ ਵੀ ਵਾਤਾਵਰਣ ਸੰਭਾਲ ਲਈ ਹਰ ਸੰਭਵ ਯੋਗਦਾਨ ਪਾਉਣ ਦਾ ਸੰਕਲਪ ਕੀਤਾ। ਇਸ ਮੌਕੇ ਸਕੂਲ ਦਾ ਸਮੂਹ ਸਟਾਫ਼, ਵਿਦਿਆਰਥੀ ਤੇ ਪਿੰਡਾਂ ਦੇ ਪਤਵੰਤੇ ਸੱਜਣ ਹਾਜ਼ਰ ਸਨ।

## ਬਾਜ਼ੀਗਰ ਭਵਨ ਨਿਰਮਾਣ ਲਈ ਵਫ਼ਦ ਮਿਲਿਆ ਮੰਤਰੀ ਨੂੰ



**ਸਮਰਾਲਾ (ਸੁਰਜੀਤ ਸਿੰਘ)**-ਬਾਜ਼ੀਗਰ ਭਵਨ ਨਿਰਮਾਣ ਲਈ ਜ਼ਮੀਨ ਟਰੱਸਟ ਦੇ ਨਾਂਅ ਅਲਾਟ ਕਾਰਨ ਲਈ ਪੰਜਾਬ ਬਾਜੀਗਰ ਸਮਾਜ ਦਾ ਇੱਕ ਵਫਦ ਟਰੱਸਟ ਦੇ ਪ੍ਰਧਾਨ ਸੁੱਚਾ ਸਿੰਘ ਧਰਮਸੋਤ ਦੀ ਅਗਵਾਈ ਵਿੱਚ ਹਲਕਾ ਪਾਇਲ ਦੇ ਵਿਧਾਇਕ ਇੰਜੀ: ਮਨਵਿੰਦਰ ਸਿੰਘ ਗਿਆਸਪੁਰਾ ਨੂੰ ਮਿਲਿਆ।ਮੀਟਿੰਗ ਦੌਰਾਨ ਬਾਜ਼ੀਗਰ ਭਵਨ ਦੇ ਨਿਰਮਾਣ ਲਈ ਮੁਹਾਲੀ ਵਿੱਚ ਜ਼ਮੀਨ ਟਰੱਸਟ ਦੇ ਨਾਂਅ ਅਲਾਟ ਕਰਨ ਲਈ ਮੁੱਖ ਮੰਤਰੀ ਪੰਜਾਬ ਨਾਲ ਗੱਲਬਾਤ ਕਰਕੇ ਵਿਸਥਾਰਪੂਰਵਕ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਤੋਂ ਇਲਾਵਾ ਪੁੱਡਾ ਨਾਲ ਸੰਬੰਧਤ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੂੰ ਦੇਣ ਵਾਲੇ ਮੰਗ ਪੱਤਰ ਤੇ ਸਿਫ਼ਾਰਸ਼ ਵੀ ਕਰਾਈ ਗਈ।ਵਿਧਾਇਕ ਨੇ ਵਫ਼ਦ ਨੂੰ ਭਰੋਸਾ ਦਿਵਾਇਆ ਕਿ ਮੁੱਖ ਮੰਤਰੀ ਨਾਲ ਮਿਲ ਕੇ ਬਾਜ਼ੀਗਰ ਸਮਾਜ ਭਵਨ ਨਿਰਮਾਣ ਲਈ ਜ਼ਮੀਨ ਅਲਾਟ ਕਰਾਉਣ ਦੇ ਪੂਰੇ ਯਤਨ ਕੀਤੇ ਜਾਣਗੇ।ਵਫ਼ਦ ਵਿੱਚ ਪ੍ਰਧਾਨ ਤੋਂ ਇਲਾਵਾ ਹਰਬੰਸ ਲਾਲ ਮਾਨ ਮੁਛਾਲ ਰਾਏਕੋਟ ਜਨਰਲ ਸਕੱਤਰ, ਚਰਨਾ ਰਾਮ ਲਾਲਕਾ ਖਜ਼ਾਨਚੀ, ਅਮਰਜੀਤ ਮਾਨ ਮੁਛਾਲ ਰਾਏਕੋਟ ਟ੍ਰਸਟੀ, ਸੁਰਜੀਤ ਸਿੰਘ ਖੀਵਾ ਬਲਦੇਵ ਨਗਰ ਮੋਰਿੰਡਾ ਟ੍ਰਸਟੀ, ਦੀਵਾਨ ਚੰਦ ਮਾਨ ਮੁਛਾਲ ਰਾਏਕੋਟ ਟ੍ਰਸਟੀ, ਸੁਖਵਿੰਦਰ ਰਾਮ ਸਮਰਾਲਾ ਟ੍ਰਸਟੀ, ਰਾਜ ਕੁਮਾਰ ਰਾਜੂ ਪਾਇਲ ਟ੍ਰਸਟੀ ਤੇ ਅਕਾਸ਼ਦੀਪ ਮਾਨ ਮੁਛਾਲ ਰਾਏਕੋਟ ਹਾਜ਼ਰ ਸਨ।

## ਚੇਅਰਮੈਨ ਬਣਨ ਪਿੱਛੋਂ ਬਿੱਲਾ ਨੇ ਕੀਤਾ ਧੰਨਵਾਦ



**ਕੋਟਕਪੂਰਾ (ਰਛਪਾਲ ਭੁੱਲਰ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ੍ਰੀ ਰਜਿੰਦਰ ਕੁਮਾਰ ਬਿੱਲਾ ਨੂੰ ਪਰਜਾਪਤ ਵੈਲਫੇਅਰ ਬੋਰਡ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ।ਇਸ ਨਿਯੁਕਤੀ ਦੀ ਖ਼ੁਸ਼ੀ ਸਾਂਝੀ ਕਰਦਿਆਂ ਸ੍ਰੀ ਰਜਿੰਦਰ ਕੁਮਾਰ ਬਿੱਲਾ ਆਪਣੇ ਵੱਡੀ ਗਿਣਤੀ ਵਿੱਚ ਸਾਥੀਆਂ ਸਮੇਤ ਜਲਾਲਾਬਾਦ ਹਲਕੇ ਦੇ ਵਿਧਾਇਕ ਸ੍ਰੀ ਗੋਲਡੀ ਕੰਬੋਜ ਦੇ ਗ੍ਰਹਿ ਵਿਖੇ ਪਹੁੰਚੇ।ਰਜਿੰਦਰ ਬਿੱਲਾ ਅਤੇ ਉਨ੍ਹਾਂ ਦੇ ਸਾਥੀਆਂ ਨੇ ਪੰਜਾਬ ਸਰਕਾਰ ਤੇ ਵਿਧਾਇਕ ਗੋਲਡੀ ਕੰਬੋਜ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਵਿਧਾਇਕ ਗੋਲਡੀ ਕੰਬੋਜ ਨੇ ਵੀ ਰਜਿੰਦਰ ਬਿੱਲਾ ਤੇ ਉਨ੍ਹਾਂ ਨਾਲ ਆਏ ਸਾਥੀਆਂ ਦਾ ਨਿੱਘਾ ਸਵਾਗਤ ਕੀਤਾ। ਸਮਾਗਮ ਦੌਰਾਨ ਇੱਕ-ਦੂਜੇ ਨੂੰ ਫੁੱਲਾਂ ਦੇ ਹਾਰ ਪਾ ਕੇ ਸਨਮਾਨਤ ਕੀਤਾ ਗਿਆ ਅਤੇ ਮੂੰਹ ਮਿੱਠਾ ਕਰਾ ਕੇ ਖੁਸ਼ੀ ਦਾ ਇਜ਼ਹਾਰ ਕੀਤਾ ਗਿਆ।ਚੇਅਰਮੈਨ ਸ੍ਰੀ ਰਜਿੰਦਰ ਕੁਮਾਰ ਬਿੱਲਾ ਨੇ ਪਰਜਾਪਤ ਸਮਾਜ ਨੂੰ ਦਰਪੇਸ਼ ਵੱਖ-ਵੱਖ ਸਮੱਸਿਆਵਾਂ ਸਬੰਧੀ ਵਿਧਾਇਕ ਗੋਲਡੀ ਕੰਬੋਜ ਨਾਲ ਵਿਸਥਾਰਪੂਰਵਕ ਚਰਚਾ ਕੀਤੀ।ਵਿਧਾਇਕ ਗੋਲਡੀ ਕੰਬੋਜ ਨੇ ਸਮਾਜ ਦੇ ਭਲੇ ਲਈ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

## ਜ਼ਖਮੀ ਸਫ਼ਾਈ ਸੇਵਕਾਂ ਦਾ ਹਾਲ-ਚਾਲ ਜਾਣਿਆ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਨਗਰ ਨਿਗਮ ਅਧਿਕਾਰੀਆਂ ਵੱਲੋਂ ਪੁਲਸ ਦੀ ਨਿਗਰਾਨੀ 'ਚ ਕੂੜੇ ਦੇ ਢੇਰ ਚੁਕਵਾਏ ਜਾਣ ਦੌਰਾਨ ਹੜਤਾਲ 'ਤੇ ਬੈਠੇ ਸਫਾਈ ਮੁਲਾਜ਼ਮਾਂ 'ਤੇ ਕੀਤੇ ਗਏ ਲਾਠੀਚਾਰਜ ਤੋਂ ਬਾਅਦ ਇਹ ਮਾਮਲਾ ਪੰਜਾਬ ਹੀ ਨਹੀਂ, ਸਗੋਂ ਦੇਸ਼-ਵਿਦੇਸ਼ ਤੱਕ ਚਰਚਾ ਦਾ ਵਿਸ਼ਾ ਬਣ ਗਿਆ ਹੈ।ਇਸੇ ਕੜੀ 'ਚ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਸੀਨੀਅਰ ਆਗੂ ਤੇ ਸਾਬਕਾ ਵਿਧਾਇਕ ਰਾਜਿੰਦਰ ਸਿੰਘ ਤੇ ਹਰਦਿਆਲ ਕੰਬੋਜ ਨੇ ਬਰਨਾਲਾ ਅਤੇ ਸੁਨਾਮ ਵਿਖੇ ਧਰਨੇ 'ਤੇ ਬੈਠੇ ਸਫਾਈ ਮੁਲਾਜ਼ਮਾਂ ਦੇ ਧਰਨੇ ਨੂੰ ਸਮਰਥਨ ਦਿੱਤਾ ਅਤੇ ਲਾਠੀਚਾਰਜ 'ਚ ਜ਼ਖਮੀ ਮੁਲਾਜ਼ਮਾਂ ਦਾ ਹਾਲ-ਚਾਲ ਵੀ ਜਾਣਿਆ! ਸੂਬਾ ਪ੍ਰਧਾਨ ਰਾਜਾ ਵੜਿੰਗ, ਸਾਬਕਾ ਵਿਧਾਇਕ ਰਾਜਿੰਦਰ ਸਿੰਘ ਅਤੇ ਹਰਦਿਆਲ ਕੰਬੋਜ ਨੇ ਪੁਲਸ ਕਾਰਵਾਈ ਦੀ ਨਿੰਦਾ ਕਰਦੇ ਹੋ ਕਿਹਾ ਕਿ ਪੰਜਾਬ ਕਾਂਗਰਸ ਸਫ਼ਾਈ ਮੁਲਾਜ਼ਮਾਂ ਦੇ ਸੰਘਰਸ਼ ਚ ਉਹਨਾਂ ਦਾ ਸਾਥ ਦਏਗੀ। ਇਨ੍ਹਾਂ ਆਗੂਆਂ ਨੇ ਮੰਗ ਕੀਤੀ ਕਿ ਮੁੱਖ ਮੰਤਰੀ ਭਗਵੰਤ ਮਾਨ ਖੁਦ ਬਰਨਾਲਾ ਆ ਕੇ ਸਫ਼ਾਈ ਮੁਲਾਜ਼ਮਾਂ ਤੋਂ ਮੁਆਫ਼ੀ ਮੰਗਣ।

# ਵਿਧਾਇਕ ਨਰਿੰਦਰ ਕੌਰ ਨੇ ਪਿੰਡਾਂ ਦੇ ਵਿਕਾਸ ਲਈ 1.14 ਕਰੋੜ ਦੇ ਚੈੱਕ ਵੰਡੇ



**ਸੰਗਰੂਰ/ਭਵਾਨੀਗੜ੍ਹ (ਪ੍ਰਵੀਨ ਸਿੰਘ/ਰਾਜ ਖੁਰਮੀ)**

ਹਲਕਾ ਸੰਗਰੂਰ ਦੀ ਵਿਧਾਇਕ ਸ੍ਰੀਮਤੀ ਨਰਿੰਦਰ ਕੌਰ ਭਰਾਜ ਨੇ ਪਿੰਡ ਮੰਗਵਾਲ, ਸਾਰੋਂ, ਫੱਗੂਵਾਲਾ, ਨਦਾਮਪੁਰ ਤੇ ਚੰਨੋ ਵਿਖੇ ਲੋਕ ਮਿਲਣੀਆਂ ਕਰ ਕੇ ਪਿੰਡ ਵਾਸੀਆਂ ਨਾਲ ਵਿਚਾਰ ਵਟਾਂਦਰਾ ਕੀਤਾ।ਇਸ ਦੌਰਾਨ ਉਨ੍ਹਾਂ ਨੇ ਲੋਕਾਂ ਦੀਆਂ ਸਮੱਸਿਆਵਾਂ ਤੇ ਸੁਝਾਅ ਧਿਆਨ ਨਾਲ ਸੁਣੇ ਅਤੇ ਸਬੰਧਤ ਅਧਿਕਾਰੀਆਂ ਨੂੰ ਲੋਕਾਂ ਦੇ ਮਸਲਿਆਂ ਦਾ ਸਮੇਂ ਸਿਰ ਤੇ ਤਰਜੀਹ ਦੇ ਆਧਾਰ 'ਤੇ ਨਿਪਟਾਰਾ ਕਰਨ ਲਈ ਹਦਾਇਤਾਂ ਦਿੱਤੀਆਂ।ਇਸ ਮੌਕੇ ਵਿਧਾਇਕ ਨੇ 'ਰੰਗਲਾ ਪੰਜਾਬ ਸਕੀਮ' ਤਹਿਤ ਪਿੰਡਾਂ ਦੇ ਵਿਕਾਸ ਕਾਰਜਾਂ ਲਈ ਗ੍ਰਾਂਟਾਂ ਦੇ ਚੈੱਕ ਵੀ ਭੇਟ ਕੀਤੇ।ਉਨ੍ਹਾਂ ਪਿੰਡ ਮੰਗਵਾਲ ਨੂੰ 28 ਲੱਖ ਰੁਪਏ, ਸਾਰੋਂ ਨੂੰ 31 ਲੱਖ ਰੁਪਏ, ਨਦਾਮਪੁਰ ਨੂੰ 20 ਲੱਖ ਰੁਪਏ, ਚੰਨੋ ਨੂੰ 18 ਲੱਖ ਰੁਪਏ ਤੇ ਫੱਗੂਵਾਲਾ ਨੂੰ 17 ਲੱਖ ਰੁਪਏ ਦੇ ਚੈੱਕ ਸੌਂਪੇ।ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਨੂੰ ਘਰ-ਘਰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਤੇ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸਿੱਖਿਆ, ਸਿਹਤ, ਬੁਨਿਆਦੀ ਢਾਂਚੇ, ਪੀਣ ਵਾਲੇ ਪਾਣੀ, ਸੀਵਰੇਜ, ਸੜਕਾਂ ਤੇ ਹੋਰ ਵਿਕਾਸ ਕਾਰਜਾਂ ਲਈ ਵੱਡੇ ਪੱਧਰ 'ਤੇ ਫੰਡ ਜਾਰੀ ਕੀਤੇ ਜਾ ਰਹੇ ਹਨ, ਤਾਂ ਜੋ ਹਰ ਪਿੰਡ ਨੂੰ ਵਿਕਾਸ ਪੱਖੋਂ ਮਜ਼ਬੂਤ ਬਣਾਇਆ ਜਾ ਸਕੇ।ਉਨ੍ਹਾਂ ਨੇ ਲੋਕਾਂ ਨੂੰ ਪੰਜਾਬ ਸਰਕਾਰ ਦੀਆਂ ਵੱਖ-ਵੱਖ ਲੋਕ ਭਲਾਈ ਸਕੀਮਾਂ ਬਾਰੇ ਵੀ ਜਾਣੂ ਕਰਵਾਇਆ ਤੇ ਅਪੀਲ ਕੀਤੀ ਕਿ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈਣ। ਇਸ ਮੌਕੇ ਅਵਤਾਰ ਤਾਰੀ, ਲਖਵਿੰਦਰ ਸਿੰਘ ਫੱਗੂਵਾਲਾ, ਗੁਰਪ੍ਰੀਤ ਸਿੰਘ ਫੱਗੂਵਾਲਾ, ਲੱਕੀ ਸ਼ਰਮਾ, ਗੁਰਪ੍ਰੀਤ ਸਿੰਘ ਸਰਪੰਚ ਚੰਨੋ, ਕਰਮਜੀਤ ਕੌਰ ਸੰਮਤੀ ਮੈਂਬਰ, ਜਗਸੀਰ ਸਿੰਘ ਜੱਗੂ, ਹਰਿੰਦਰ ਸਿੰਘ ਸਾਰੋਂ, ਗੁਰਪ੍ਰੀਤ ਸਿੰਘ ਨਦਾਮਪੁਰ, ਰਣਵੀਰ ਸਿੰਘ ਨਦਾਮਪੁਰ, ਵਿਕਰਮ ਸਿੰਘ ਨਕਟੇ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਸੜਕ ਹਾਦਸੇ 'ਚ ਜ਼ਖਮੀ ਵਿਅਕਤੀ ਦੀ ਇਲਾਜ ਦੌਰਾਨ ਮੌਤ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਰਹਿੰਦ-ਲਾਂਡਰਾਂ ਰੋਡ 'ਤੇ ਸਥਿਤ ਚੁੰਨੀ ਕਲਾਂ ਦੇ ਮੇਨ ਬਾਜ਼ਾਰ ਨੇੜੇ ਵਾਪਰੇ ਸੜਕ ਹਾਦਸੇ ਵਿੱਚ ਗੰਭੀਰ ਜ਼ਖ਼ਮੀ ਹੋਏ 65 ਸਾਲਾ ਬਜ਼ੁਰਗ ਦੀ ਇਲਾਜ ਦੌਰਾਨ ਮੌਤ ਹੋ ਜਾਣ ਦਾ ਸਮਾਚਾਰ ਹੈ।ਮ੍ਰਿਤਕ ਦੀ ਪਛਾਣ ਕੁਲਬੀਰ ਸਿੰਘ (65) ਵਾਸੀ ਪਿੰਡ ਚੁੰਨੀ ਕਲਾਂ ਵਜੋਂ ਹੋਈ ਹੈ।ਮ੍ਰਿਤਕ ਦੇ ਪੁੱਤਰ ਅਨਮੋਲਜੀਤ ਸਿੰਘ ਨੇ ਪੁਲਿਸ ਨੂੰ ਦਿੱਤੇ ਬਿਆਨਾਂ ਵਿੱਚ ਦੱਸਿਆ ਸੀ ਕਿ ਉਸਦੇ ਪਿਤਾ ਕੁਲਬੀਰ ਸਿੰਘ ਦੁਪਹਿਰ ਸਮੇਂ ਮੋਟਰਸਾਈਕਲ ਤੇ ਸਵਾਰ ਹੋ ਕੇ ਕੋਈ ਘਰੇਲੂ ਸਮਾਨ ਖਰੀਦਣ ਲਈ ਚੁੰਨੀ ਮੇਨ ਰੋਡ 'ਤੇ ਆਏ ਸਨ।ਹੰਗਰੀ ਪੁਆਇੰਟ ਤੋਂ ਥੋੜ੍ਹਾ ਪਿੱਛੇ ਪਹੁੰਚਣ ਤੇ ਬਡਾਲੀ ਵੱਲੋਂ ਤੇਜ਼ ਰਫ਼ਤਾਰ ਨਾਲ ਆ ਰਹੇ ਮੋਟਰਸਾਈਕਲ ਦੇ ਚਾਲਕ ਨੇ ਉਨ੍ਹਾਂ ਨੂੰ ਸਾਈਡ ਮਾਰ ਦਿੱਤੀ, ਜਿਸ ਕਾਰਨ ਮੋਟਰਸਾਈਕਲ ਸਮੇਤ ਸੜਕ 'ਤੇ ਡਿੱਗ ਕੇ ਉਸਦੇ ਪਿਤਾ ਕੁਲਬੀਰ ਸਿੰਘ ਗੰਭੀਰ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਇਲਾਜ ਲਈ ਪਹਿਲਾਂ ਸੈਕਟਰ 32 ਹਸਪਤਾਲ ਚੰਡੀਗੜ੍ਹ, ਫਿਰ ਪੀ.ਜੀ.ਆਈ. ਚੰਡੀਗੜ੍ਹ ਤੇ ਫਿਰ ਮੈਕਸ ਹਸਪਤਾਲ ਮੋਹਾਲੀ ਦਾਖ਼ਲ ਕਰਾਇਆ ਗਿਆ, ਜਿੱਥੇ ਦੌਰਾਨੇ ਇਲਾਜ ਉਨ੍ਹਾਂ ਦੀ ਮੌਤ ਹੋ ਗਈ।ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਮੋਟਰਸਾਈਕਲ ਦੇ ਕਥਿਤ ਡਰਾਈਵਰ ਉਪਿੰਦਰ ਸਿੰਘ ਵਾਸੀ ਪਟਿਆਲਾ ਵਿਰੁੱਧ ਥਾਣਾ ਬਡਾਲੀ ਆਲਾ ਸਿੰਘ ਵਿਖੇ ਕੇਸ ਦਰਜ ਕਰਵਾ ਕੇ ਚੁੰਨੀ ਕਲਾਂ ਚੌਕੀ ਦੇ ਸਹਾਇਕ ਥਾਣੇਦਾਰ ਬਿਕਰਮਜੀਤ ਸਿੰਘ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

## ਚੌਥਾ ਦਰਜਾ ਮੁਲਾਜ਼ਮ ਭਲਕੇ ਦੇਣਗੇ ਧਰਨਾ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਜ਼ਿਲ੍ਹੇ ਵਿਚਲੀਆਂ ਸਿਹਤ ਸੰਸਥਾਵਾਂ, ਜਿਸ ਵਿੱਚ ਸਰਕਾਰੀ ਸਿਵਲ ਹਸਪਤਾਲ, ਡਿਸਪੈਂਸਰੀਆਂ ਤੇ ਆਮ ਆਦਮੀ ਸਿਹਤ ਕੇਂਦਰਾਂ ਵਿਚਲੇ ਕੰਟਰੈਕਟ, ਆਊਟਸੋਰਸ ਕਰਮੀਆਂ ਦੀ ਇਕੱਤਰਤਾ ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ ਯੂਨੀਅਨ ਪੰਜਾਬ (1680) ਦੇ ਜ਼ਿਲ੍ਹਾ ਦਫ਼ਤਰ ਰਾਜਪੁਰਾ ਕਾਲੋਨੀ ਵਿਖੇ ਹੋਈ।ਇਸ ਇਕੱਤਰਤਾ ਦੀ ਪ੍ਰਧਾਨਗੀ ਸ੍ਰੀ ਰਾਜੇਸ਼ ਕੁਮਾਰ ਨੇ ਕੀਤੀ।

ਸੂਬਾ ਪ੍ਰਧਾਨ ਸਾਥੀ ਦਰਸ਼ਨ ਸਿੰਘ ਲੁਬਾਣਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਸਿਹਤ ਸੰਸਥਾਵਾਂ ਵਿੱਚ ਲੰਮੇ ਸਮੇਂ ਤੋਂ ਕੰਮ ਕਰ ਰਹੇ ਅਮਲਾ ਦਰਜਾ ਚਾਰ ਕਰਮੀਆਂ ਤੇ ਘੱਟੋ-ਘੱਟ ਉਜਰਤਾਂ ਲਾਗੂ ਕਰਨ ਤੇ ਵਰਦੀਆਂ ਦੇਣ, ਪਛਾਣ ਕਾਰਡ ਬਣਾਉਣ, ਈ.ਐਸ.ਆਈ ਕਾਰਡ ਬਣਾਉਣ ਕੰਮ ਦਾ ਸਮਾਂ ਨਿਸਚਿਤ ਕਰਨ ਅਤੇ ਭਾਰਤ ਦੇ ਹੈਲਥ ਮਿਸ਼ਨ ਦੀ ਹਦਾਇਤਾ ਅਨੁਸਾਰ 10 ਛੁੱਟੀਆਂ ਅਚਨਚੇਤ, 12 ਛੁੱਟੀਆਂ ਮੈਡੀਕਲ ਸਮੇਤ ਤਨਖਾਹ ਛੁੱਟੀਆਂ ਦੇਣ ਤੇ ਹਫ਼ਤਾਵਾਰੀ ਰੈਸਟ ਦੇਣ ਤੇ ਵਿਸ਼ੇਸ਼ ਤੌਰ ਤੇ ਪੰਜਾਬ ਵਿਚਲਿਆ ਸਿਹਤ ਸੰਸਥਾਵਾਂ ਖੋਜ ਮੈਡੀਕਲ ਤੇ ਸਿੱਖਿਆ ਅਧਿਨ ਕਾਲਜਾਂ ਹਸਪਤਾਲਾਂ ਵਿੱਚ ਲੰਮੇ ਸਮੇਂ ਤੋਂ ਕੰਮ ਕਰਦੇ ਸਮੁੱਚੇ ਕਰਮੀਆਂ ਨੂੰ ਵਿਭਾਗ ਵਿੱਚ ਖਪਾਉਣ ਲਈ ਤੇ ਠੇਕੇਦਾਰੀ ਪ੍ਰਥਾ ਦੀ ਲੁੱਟ ਖਸੁੱਟ ਬੰਦ ਕਰਾਉਣ ਲਈ ਇਨ੍ਹਾਂ ਸਾਰੇ ਵੱਖ-ਵੱਖ ਵਰਗਾਂ ਦਾ ਡਾਟਾ ਐਚ.ਆਰ.ਐਮ.ਐਸ. ਤੇ ਅਪਲੋਡ ਕਰਨ ਲਈ ਇਸ ਮੰਤਵ ਲਈ ਵਿਭਾਗ ਵੱਲੋਂ ਨੋਡਲ ਅਫਸਰ ਤੈਨਾਤ ਕਰਨ ਲਈ ਪੜਾਅਵਾਰ ਸੰਘਰਸ਼ ਕਰਨ ਦੇ ਫੈਸਲੇ ਲਈ ਗਏ।ਯੂਨੀਅਨ ਦੇ ਸੂਬਾ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ ਨੇ ਦੱਸਿਆ ਕਿ ਸਿਹਤ ਮੰਤਰੀ ਸਮੇਤ ਸਿਹਤ ਵਿਭਾਗ ਦੇ ਅਧਿਕਾਰੀਆਂ ਦਾ ਧਿਆਨ ਦਿਵਾਉਣ ਲਈ ਜਿਸ ਵਿੱਚ ਐਂਟੀਲਾਰਵਾ ਬਰਿਡਿੰਗ ਵਰਕਰਾਂ ਦਾ ਮੁੱਦਾ ਵੀ ਸ਼ਾਮਲ ਹੈ, 28 ਜੁਲਾਈ ਨੂੰ ਸਰਕਾਰੀ ਮਾਤਾ ਕੁਸ਼ਲਿਆ ਹਸਪਤਾਲ ਪਟਿਆਲਾ ਵਿਖੇ ਸਿਵਲ ਸਰਜਨ ਦਫ਼ਤਰ ਵਿਖੇ ਧਰਨਾ ਦੇ ਕੇ ਰੈਲੀ ਕੀਤੀ ਜਾਵੇਗੀ ਤੇ ਸਿਹਤ ਮੰਤਰੀ ਦਾ ਧਿਆਨ ਇਸ ਪਾਸੇ ਵੱਲ ਦਿਵਾਉਣ ਲਈ ਅਗਸਤ ਵਿੱਚ ਅਗਲੇ ਐਕਸ਼ਨ ਦਾ ਐਲਾਨ ਕੀਤਾ ਜਾਵੇਗਾ ਤਾਂ ਜੁ ਸਿਹਤ ਵਿਭਾਗ ਵੱਲੋਂ ਕੱਚੇ ਮੁਲਾਜਮਾਂ ਦੀ ਅਣਦੇਖੀ ਕਰਨ, ਘੱਟੋ-ਘੱਟ ਉਜਰਤਾ ਜਿਸ ਵਿੱਚ 15 ਫੀਸਦੀ ਵਾਧਾ ਵੀ ਸ਼ਾਮਲ ਹੈ ਲਾਗੂ ਕਰਨ ਤੇ ਐਂਟੀ ਲਾਰਵਾ ਦੇ ਕਾਮਿਆਂ ਤੇ ਵੀ ਘੱਟੋ-ਘੱਟ ਉਜਰਤਾ ਲਾਗੂ ਕਰਾਉਣ ਵਾਲੇ ਮਾਮਲੇ ਉਠਾਏ ਜਾਣਗੇ ਅਤੇ ਮੁਲਾਜ਼ਮਾਂ ਤੇ ਪੈਨਸ਼ਨਰ ਦੇ ਸਾਂਝੇ ਸੰਘਰਸ਼ ਵਿੱਚ 7 ਅਗਸਤ ਵਿੱਚ ਸ਼ਾਮਲ ਹੋਇਆ ਜਾਵੇਗਾ।

## ਸਫਾਈ ਸੇਵਕਾਂ 'ਤੇ ਲਾਠੀਚਾਰਜ ਲੋਕਤੰਤਰ ਦਾ ਘਾਣ : ਪ੍ਰਧਾਨ ਪੰਮਾ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਭਾਰਤੀ ਕਿਸਾਨ ਯੂਨੀਅਨ ਕਾਦੀਆਂ ਬਲਾਕ ਮਹਿਲ ਕਲਾਂ ਦੇ ਪ੍ਰਧਾਨ ਪਰਮਜੀਤ ਸਿੰਘ ਪੰਮਾ ਢੀਂਡਸਾ ਨੇ ਹੱਕੀ ਜਾਇਜ਼ ਮੰਗਾਂ ਲਈ ਰੋਸ ਪ੍ਰਦਰਸ਼ਨ ਕਰ ਰਹੇ ਸਫਾਈ ਸੇਵਕਾਂ, ਖ਼ਾਸ ਕਰਕੇ ਔਰਤ ਮਜ਼ਦੂਰਾਂ ਉਪਰ ਕੀਤੇ ਅੰਨ੍ਹੇਵਾਹ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਉਨ੍ਹਾਂ ਕਿਹਾ ਕਿ ਲੋਕਤੰਤਰ 'ਚ ਆਪਣੀਆਂ ਮੰਗਾਂ ਲਈ ਸ਼ਾਂਤਮਈ ਢੰਗ ਨਾਲ ਆਵਾਜ਼ ਉਠਾਉਣਾ ਹਰ ਨਾਗਰਿਕ ਦਾ ਸੰਵਿਧਾਨਕ ਹੱਕ ਹੈ, ਜਿਸ ਨੂੰ ਪੁਲਸ ਦੇ ਡੰਡੇ ਦੇ ਜ਼ੋਰ ਨਾਲ ਨਹੀਂ ਦਬਾਇਆ ਜਾ ਸਕਦਾ।ਉਨ੍ਹਾਂ ਕਿਹਾ ਕਿ ਇੱਕ ਪਾਸੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦਿੱਲੀ 'ਚ ਵਿਦਿਆਰਥੀਆਂ 'ਤੇ ਹੋਏ ਲਾਠੀਚਾਰਜ ਨੂੰ ਲੈ ਕੇ ਕੇਂਦਰ ਦੀ ਭਾਜਪਾ ਸਰਕਾਰ ਦੀ ਆਲੋਚਨਾ ਕਰ ਰਹੇ ਹਨ, ਜਦਕਿ ਦੂਜੇ ਪਾਸੇ ਪੰਜਾਬ ਵਿੱਚ ਬਰਨਾਲਾ ਵਿਖੇ ਆਪਣੀਆਂ ਹੱਕੀ ਮੰਗਾਂ ਲਈ ਧਰਨਾ ਦੇ ਰਹੇ ਸਫਾਈ ਸੇਵਕਾਂ, ਖ਼ਾਸ ਕਰਕੇ ਔਰਤਾਂ 'ਤੇ ਪੁਲਿਸ ਵੱਲੋਂ ਕੀਤੀ ਧੱਕੇਸ਼ਾਹੀ ਵੀ ਉਹਨੀ ਹੀ ਨਿੰਦਣਯੋਗ ਹੈ।ਉਨ੍ਹਾਂ ਮੰਗ ਕੀਤੀ ਕਿ ਬਰਨਾਲਾ 'ਚ ਪੁਲਸ ਕਾਰਵਾਈ ਦੌਰਾਨ ਜ਼ਖ਼ਮੀ ਹੋਈਆਂ ਸਫਾਈ ਸੇਵਕ ਮਹਿਲਾਵਾਂ ਤੇ ਹੋਰ ਮੁਲਾਜ਼ਮਾਂ ਨੂੰ ਬਣਦਾ ਮੁਆਵਜ਼ਾ ਦਿੱਤਾ ਜਾਵੇ, ਘਟਨਾ ਦੀ ਨਿਰਪੱਖ ਜਾਂਚ ਕਰਾਈ ਜਾਵੇ ਅਤੇ ਜ਼ਿੰਮੇਵਾਰ ਅਧਿਕਾਰੀਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾਵੇ।

## ਗਾਲੀ-ਗਲੋਚ ਤੇ ਫਾਇਰ ਕਰਨ ਦੇ ਦੋਸ਼ 'ਚ 13 ਲੋਕ ਨਾਮਜ਼ਦ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਨੇ ਪਿੰਡ ਲਮੋਚੜ ਖੁਰਦ ਵਿਖੇ ਹੋਈ ਝਗੜੇ ਦੇ ਸਬੰਧ ਵਿੱਚ 13 ਲੋਕਾਂ ਵਿਰੁੱਧ ਮੁਕੱਦਮਾ ਦਰਜ ਕੀਤਾ ਹੈ। ਜਾਂਚ ਅਧਿਕਾਰੀ ਏ.ਐੱਸ.ਆਈ. ਜਗਜੀਤ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਗਗਨਦੀਪ ਸਿੰਘ ਉਰਫ ਟਰਿਆ ਵੱਲੋਂ ਪੁਲਸ ਕੋਲ ਬਿਆਨ ਦਰਜ ਕਰਵਾਏ ਗਏ ਹਨ ਕਿ 9 ਜੁਲਾਈ 2026 ਨੂੰ ਦੁਪਹਿਰ 11 ਤੋਂ 12 ਵਜੇ ਰਾਤ ਨੂੰ ਉਹ ਰੋਟੀ ਪਾਣੀ ਖਾ ਕੇ ਘਰ ਦੀ ਛੱਤ 'ਤੇ ਸੌਂ ਰਹੇ ਸੀ ਤਾਂ ਗਗਨਦੀਪ ਸਿੰਘ ਵਗੈਰਾ ਵੱਲੋਂ ਉਸ ਦੇ ਘਰ ਦੇ ਗੇਟ ਕੋਲ ਆ ਕੇ ਗਾਲੀ-ਗਲੋਚ ਕੀਤਾ ਤੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ ਗਈਆਂ। ਜਾਨੋਂ ਮਾਰਨ ਦੀ ਨੀਅਤ ਨਾਲ ਫਾਇਰ ਵੀ ਕੀਤੇ ਗਏ ਹਨ, ਜਿਸ 'ਤੇ ਪੁਲਸ ਨੇ ਮੁਦੱਈ ਗਗਨਦੀਪ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਗਗਨਦੀਪ ਸਿੰਘ, ਪ੍ਰਿੰਸ ਸਿੰਘ, ਕਾਲੀ, ਅਕਾਸ਼ਦੀਪ ਸਿੰਘ ਵਾਸੀਆਨ ਫੱਤੂਵਾਲਾ, ਜਸਪਾਲ ਸਿੰਘ ਵਾਸੀ ਢਾਣੀ ਮਾਂਘ ਸਿੰਘ, ਕ੍ਰਾਂਤੀ ਵਾਸੀ ਚੱਕ ਟਾਹਲੀਵਾਲਾ ਤੇ 6-7 ਅਣਪਛਾਤੇ ਵਿਅਕਤੀਆਂ ਵਿਰੁੱਧ ਮੁਕੱਦਮਾ ਥਾਣਾ ਸਦਰ ਜਲਾਲਾਬਾਦ ਵਿਖੇ ਦਰਜ ਕੀਤਾ ਗਿਆ ਹੈ।

## ਦੇਸ਼ ਦੀ ਨੌਜਵਾਨ ਸ਼ਕਤੀ ਨੇ ਮੋਦੀ ਸਰਕਾਰ ਨੂੰ ਝੁਕਣ ਲਈ ਮਜਬੂਰ ਕੀਤਾ : ਗੌਰਵ ਸੰਧੂ



**ਪਟਿਆਲਾ/ਸਨੌਰ (ਰਾਜਿੰਦਰ ਸਿੰਘ ਥਿੰਦ)**-ਕਾਂਗਰਸ ਦੇ ਰਾਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ ਦੇ ਸੂਬਾ ਉਪ ਪ੍ਰਧਾਨ ਅਤੇ ਸਨੌਰ ਵਿਧਾਨ ਸਭਾ ਹਲਕੇ ਦੇ ਸੀਨੀਅਰ ਆਗੂ ਗੌਰਵ ਸੰਧੂ ਪਿਛਲੇ ਕਈ ਦਿਨਾਂ ਤੋਂ ਦਿੱਲੀ ਵਿਖੇ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ ਦੇ ਹੱਕ 'ਚ ਮਜ਼ਬੂਤੀ ਨਾਲ ਡਟੇ ਹੋਏ ਸਨ।ਇਸ ਸੰਘਰਸ਼ ਦੌਰਾਨ ਉਨ੍ਹਾਂ ਨੂੰ ਕਈ ਵਾਰ ਪੁਲਸ ਤਸ਼ੱਦਦ ਦਾ ਸਾਹਮਣਾ ਵੀ ਕਰਨਾ ਪਿਆ, ਪਰ ਉਹ ਲਗਾਤਾਰ ਵਿਦਿਆਰਥੀਆਂ ਦੀ ਹਮਾਇਤ ਕਰਦੇ ਰਹੇ।ਉਹ ਰਾਹੁਲ ਗਾਂਧੀ ਦੀ ਅਗਵਾਈ ਹੇਠ ਸੰਸਦ ਤੱਕ ਕੀਤੇ ਗਏ ਮਾਰਚ ਵਿਚ ਵੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਨੌਜਵਾਨ ਆਗੂ ਨੇ ਸੰਘਰਸ਼ਸ਼ੀਲ ਨੌਜਵਾਨਾਂ ਦੇ ਮੋਢੇ ਨਾਲ ਮੋਢਾ ਲਾ ਕੇ ਉਨ੍ਹਾਂ ਨਾਲ ਲੜਾਈ ਲੜੀ ਹੈ। ਕੇਂਦਰੀ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫ਼ੇ ਤੋਂ ਬਾਅਦ ਗੌਰਵ ਸੰਧੂ ਨੇ ਇਸ ਦੇਸ਼ ਦੇ ਮਾੜੇ ਸਿਸਟਮ ਦੇ ਵਿਰੋਧ ਵਿੱਚ ਚੁੱਕੀ ਆਵਾਜ਼ ਕਾਰਨ ਨੌਜਵਾਨਾਂ ਤੇ ਲੋਕਤੰਤਰ ਦਿੰਦਿਆਂ ਗੌਰਵ ਸੰਧੂ ਨੇ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਰਾਹੁਲ ਗਾਂਧੀ ਗਾਂਧੀ ਨੂੰ ਦੇਸ਼ ਦੀ ਸੰਸਦ ਤੋਂ ਲੈ ਕੇ ਸੜਕਾਂ ਤੱਕ ਵਿਦਿਆਰਥੀਆਂ ਦੇ ਹੱਕ ਵਿਚ ਨਿੱਤਰਨ ਕਾਰਨ ਘੇਰ ਕੇ ਰੱਖਿਆ ਉਹ ਰਾਹੁਲ ਗਾਂਧੀ ਦੀ ਵਿਦਿਆਰਥੀਆਂ ਤੇ ਲੋਕਤੰਤਰ ਪ੍ਰਤੀ ਨਿਸ਼ਟਾ ਦਿਖਾਉਂਦੀ ਹੈ।

## ਡਾ. ਓਬਰਾਏ ਨੇ ਰੁਜ਼ਗਾਰ ਸ਼ੁਰੂ ਕਰਨ ਲਈ ਦਿੱਤੀਆਂ ਸਿਲਾਈ ਮਸ਼ੀਨਾਂ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ ਪ੍ਰਜਾ)**-ਡਾਕਟਰ ਐਸ ਪੀ ਸਿੰਘ ਓਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਲੜੀ ਤਹਿਤ ਪਿੰਡਾਂ ਤੇ ਸ਼ਹਿਰਾਂ ਵਿੱਚ ਨੌਜਵਾਨ ਲੜਕੇ-ਲੜਕੀਆਂ ਨੂੰ ਆਤਮ ਨਿਰਭਰ ਬਣਾਉਣ ਲਈ ਮੁਫ਼ਤ ਸਿਖਲਾਈ ਸੈਂਟਰ (ਸਿਲਾਈ, ਬਿਊਟੀ ਪਾਰਲਰ, ਕੰਪਿਊਟਰ) ਖੋਲ੍ਹ ਕੇ ਮੁਫ਼ਤ ਸਿਖਲਾਈ ਦਿੱਤੀ ਜਾ ਰਹੀ ਹੈ ਤਾਂ ਜੁ ਇਹ ਬੇਰੁਜ਼ਗਾਰ ਤਕਨੀਕੀ ਸਿੱਖਿਆ ਲੈ ਕੇ ਆਪਣੇ ਪੈਰਾਂ 'ਤੇ ਖੜੇ ਹੋ ਸਕਣ। ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮੈਡਮ ਇੰਦਰਜੀਤ ਕੌਰ ਡਾਇਰੈਕਟਰ ਐਜੂਕੇਸ਼ਨ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿਖੇ ਵੀ 8 ਮੁਫ਼ਤ ਸਿਖਲਾਈ ਸੈਂਟਰ ਚੱਲ ਰਹੇ ਹਨ ਤੇ ਇਸ ਤੋਂ ਪਹਿਲਾਂ ਹਜ਼ਾਰਾਂ ਦੀ ਗਿਣਤੀ ਵਿਚ ਨੌਜਵਾਨ ਤਕਨੀਕੀ ਸਿੱਖਿਆ ਲੈ ਕੇ ਆਪਣੇ ਪਰਵਾਰਾਂ ਦਾ ਵਧੀਆ ਪਾਲਣ-ਪੋਸ਼ਣ ਕਰ ਰਹੇ ਹਨ।ਦੱਸਿਆ ਜਾਂਦਾ ਹੈ ਕਿ ਤਕਨੀਕੀ ਸਿੱਖਿਆ ਲੈ ਕੇ ਕਈ ਬੇਰੁਜ਼ਗਾਰ ਆਪਣਾ ਕੰਮ ਸ਼ੁਰੂ ਕਰਨਾ ਚਾਹੁੰਦੇ ਹਨ ਪਰ ਘਰੇਲੂ ਹਾਲਾਤ ਦੇਖਦੇ ਹੋਏ ਉਹ ਕੰਮ ਸ਼ੁਰੂ ਨਹੀਂ ਕਰ ਸਕਦੇ।ਇਨ੍ਹਾਂ ਹਾਲਤਾਂ ਵਿੱਚ ਉਨ੍ਹਾਂ ਵੱਲੋਂ ਡਾ ਐਸ ਪੀ ਸਿੰਘ ਓਬਰਾਏ ਨੂੰ ਮਸ਼ੀਨਾਂ ਦੇਣ ਲਈ ਬੇਨਤੀ ਕੀਤੀ ਜਾਂਦੀ ਹੈ ਤਾਂ ਮੈਡਮ ਇੰਦਰਜੀਤ ਕੌਰ ਡਾਇਰੈਕਟਰ ਐਜੂਕੇਸ਼ਨ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਪੜਤਾਲ ਕਰਨ ਉਪਰੰਤ ਮਸ਼ੀਨਾਂ ਦੇਣ ਦੀ ਸਿਫਾਰਸ਼ ਕੀਤੀ ਜਾਂਦੀ ਹੈ।ਇਸ ਲੜੀ ਤਹਿਤ ਸ੍ਰੀ ਮੁਕਤਸਰ ਸਾਹਿਬ ਵਿਖੇ 4 ਲੋੜਵੰਦ ਔਰਤਾਂ ਨੂੰ ਆਪਣਾ ਕੰਮ ਸ਼ੁਰੂ ਕਰਨ ਲਈ ਸਿਲਾਈ ਮਸ਼ੀਨਾਂ ਡਾ ਓਬਰਾਏ ਵੱਲੋਂ ਮੁਫ਼ਤ ਦਿੱਤੀਆਂ ਗਈਆਂ ਹਨ।

## ਅਰੋੜਵੰਸ਼ ਸਭਾ ਵੱਲੋਂ ਥਾਣੇਦਾਰ ਦਾ ਸਨਮਾਨ



**ਬੁਢਲਾਡਾ (ਅਸ਼ੋਕ ਲਾਕੜਾ)**-ਅਰੋੜਵੰਸ਼ ਮਹਾਂ ਸਭਾ ਜ਼ਿਲ੍ਹਾ ਮਾਨਸਾ ਵੱਲੋਂ ਮਾਨਸਾ ਦੇ ਨੌਜਵਾਨ, ਇਮਾਨਦਾਰ ਤੇ ਸੂਝਵਾਨ ਥਾਣਾ ਸਦਰ ਬੁਡਲਾਡਾ ਦੇ ਮੁਖੀ ਯਾਦਵਿੰਦਰ ਸਿੰਘ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਮਹਾਂ ਸਭਾ ਦੇ ਅਹੁਦੇਦਾਰਾਂ ਨੇ ਉਨ੍ਹਾਂ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ, ਇਮਾਨਦਾਰੀ ਤੇ ਲੋਕ-ਹਿੱਤ ਵਿੱਚ ਕੀਤੇ ਜਾ ਰਹੇ ਕੰਮਾਂ ਦੀ ਭਰਪੂਰ ਸ਼ਲਾਘਾ ਕੀਤੀ।ਮਹਾਂ ਸਭਾ ਨੇ ਕਿਹਾ ਕਿ ਅਜਿਹੇ ਕਰਤੱਬਨਿਸ਼ਠ ਤੇ ਜ਼ਿੰਮੇਵਾਰ ਪੁਲਸ ਅਧਿਕਾਰੀ ਸਮਾਜ ਲਈ ਪ੍ਰੇਰਣਾ ਸਰੋਤ ਹਨ।ਉਨ੍ਹਾਂ ਦੇ ਉੱਜਵਲ ਭਵਿੱਖ ਤੇ ਹੋਰ ਬਿਹਤਰ ਸੇਵਾਵਾਂ ਲਈ ਸ਼ੁਭਕਾਮਨਾਵਾਂ ਵੀ ਦਿੱਤੀਆਂ ਗਈਆਂ।

## ਸਰਕਾਰ ਤੇ ਬਿਜਲੀ ਬੋਰਡ ਖ਼ਿਲਾਫ਼ ਕਰਮਚਾਰੀਆਂ ਨੇ ਕੱਢੀ ਭੜਾਸ



**ਮਾਨਸਾ (ਆਤਮਾ ਸਿੰਘ ਪਮਾਰ)**-ਵੰਡ ਉਪ ਮੰਡਲ ਸਬ ਡਵੀਜ਼ਨ ਪੀ.ਐਸ.ਪੀ.ਸੀ.ਐਲ. ਜੋਗਾ ਵਿਖੇ ਬਿਜਲੀ ਬੋਰਡ ਹੁਣ ਪਾਵਰਕਾਮ ਦੀਆਂ ਸਮੂਹ ਜਥੇਬੰਦੀਆ ਵੱਲੋਂ ਆਪਣੀਆਂ ਹੱਕੀ ਮੰਗਾਂ ਦੀ ਪੂਰਤੀ ਲਈ ਸਮੂਹਿਕ ਛੁੱਟੀ ਲੈਣ ਕੇ ਲਗਾਤਾਰ ਛੇਵੇਂ ਦਿਨ ਵੀ ਪੰਜਾਬ ਸਰਕਾਰ ਅਤੇ ਬਿਜਲੀ ਬੋਰਡ ਹੁਣ ਪੀ.ਐਸ.ਪੀ.ਸੀ.ਐਲ. ਮੈਨੇਜਮੈਂਟ ਖ਼ਿਲਾਫ਼ ਰੱਜ ਕੇ ਭੜਾਸ ਕੱਢੀ।ਉਨ੍ਹਾਂ ਰੋਸ ਪ੍ਰਦਰਸ਼ਨ ਤੇ ਨਾਅਰੇਬਾਜ਼ੀ ਕਰਦਿਆਂ ਸਰਕਾਰ ਦੇ ਅੜੀਅਲ ਵਤੀਰੇ ਦੀ ਸਖ਼ਤ ਸ਼ਬਦਾਂ 'ਚ ਨਿੰਦਾ ਕੀਤੀ। ਧਰਨੇ ਨੂੰ ਸੰਬੋਧਨ ਕਰਦਿਆਂ ਮੁੱਖ ਬੁਲਾਰੇ ਜਗਦੇਵ ਸਿੰਘ ਜੋਗਾ ਪੈਨਸ਼ਨਰ ਯੂਨੀਅਨ, ਨਾਹਰ ਸਿੰਘ ਸਰਕਲ ਆਗੂ ਏਟਕ, ਸਰਕਲ ਆਗੂ ਅੰਗਰੇਜ ਸਿੰਘ ਮੌਜੋ, ਅਮਰੀਕ ਸਿੰਘ ਧੂਰਕੋਟ ਸ/ਡ ਪ੍ਰਧਾਨ ਐਮ ਯੂ ਓ, ਬਲਵੀਰ ਸਿੰਘ ਜੋਗਾ, ਸਰਕਲ ਆਗੂ ਕ੍ਰਿਸ਼ਨ ਮਾਨਬੀਬੜੀਆਂ, ਕੌਰ ਸਿੰਘ ਨੰਗਲ ਤੇ ਜਸਵੀਰ ਸਿੰਘ ਸ਼ਗਨੀ ਆਗੂ ਸੀ.ਐਚ. ਕਾਮਾ ਨੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਅਤੇ ਬਿਜਲੀ ਬੋਰਡ ਮੈਨੇਜਮੈਂਟ ਬੜੀ ਬੇਸ਼ਰਮੀ ਨਾਲ ਵਾਰ ਵਾਰ ਮੀਟਿੰਗਾਂ ਦੇ ਕੇ ਸਿਰਫ ਭਰੋਸਾ ਦੇ ਰਹੀ, ਪ੍ਰੰਤੂ ਅਮਲ ਵਿੱਚ ਕੁੱਝ ਵੀ ਦਿਖਾਈ ਨਹੀਂ ਦੇ ਰਿਹਾ। ਜੇਕਰ ਇਹੀ ਰਵੱਈਆ ਰਿਹਾ ਤੇ ਸਾਡੀਆਂ ਹੱਕੀ ਮੰਗਾਂ ਪੂਰੀਆਂ ਨਾ ਹੋਈਆਂ ਤਾਂ ਜਥੇਬੰਦੀਆਂ ਦੇ ਫੈਸਲੇ ਅਨੁਸਾਰ ਭਰਾਤਰੀ ਜਥੇਬੰਦੀਆਂ ਨੂੰ ਨਾਲ ਤਾਲਮੇਲ ਕੀਤਾ ਜਾ ਰਿਹਾ ਹੈ, ਜਿਨ੍ਹਾਂ ਨੂੰ ਨਾਲ ਲੈ ਕਿ ਸੰਘਰਸ਼ ਹੋਰ ਵੱਡਾ ਕੀਤਾ ਜਾਵੇਗਾ।ਸਟੇਜ ਸਕੱਤਰ ਦੀ ਭੂਮਿਕਾ ਸੁਖਪਾਲ ਸਿੰਘ ਖੀਵਾ ਵੱਲੋਂ ਬਾਖੂਬੀ ਗਈ।

## ਐੱਸ ਪੀ ਐੱਸ ਹਸਪਤਾਲ ਵੱਲੋਂ ਸਰਪੰਚਾਂ ਲਈ ਵੈੱਲਨੈੱਸ ਕਾਰਡ ਜਾਰੀ



**ਸਮਰਾਲਾ (ਸੁਰਜੀਤ ਸਿੰਘ)**-ਸਿਹਤ ਸੇਵਾਵਾਂ ਵਿੱਚ ਵੱਡਾ ਯੋਗਦਾਨ ਪਾਉਣ ਵਾਲੀ ਇਲਾਕੇ ਦੀ ਨਾਮਵਰ ਸਿਹਤ ਸੰਸਥਾ ਐੱਸ ਪੀ ਐੱਸ ਹਸਪਤਾਲ ਵੱਲੋਂ ਨਾਮਧਾਰੀ ਸੰਪਰਦਾਏ ਦੇ ਸਤਿਗੁਰੂ ਉਦੈ ਸਿੰਘ ਜੀ ਦੀ ਪ੍ਰੇਰਨਾ ਸਦਕਾ ਲੋਕ ਭਲਾਈ ਦੀ ਦਿਸ਼ਾ ਵੱਲ ਇੱਕ ਹੋਰ ਵੱਡਾ ਕਦਮ ਚੁੱਕਦਿਆਂ ਅੱਜ ਪਿੰਡਾਂ ਦੇ ਸਰਪੰਚਾਂ ਲਈ ਵੈੱਲਨੈੱਸ ਕਾਰਡ ਸਕੀਮ ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਦਾ ਉਦਘਾਟਨ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਤੇ ਚੇਅਰਮੈਨ ਗੁਰਪ੍ਰੀਤ ਸਿੰਘ ਵੱਲੋਂ ਸਾਂਝੇ ਤੌਰ 'ਤੇ ਸ਼ਮ੍ਹਾਂ ਰੌਸ਼ਨ ਕਰਕੇ ਕੀਤਾ ਗਿਆ।ਹਸਪਤਾਲ ਦੇ ਸੀ ਈ ਓ ਯੋਗਿੰਦਰ ਨਾਥ ਅਵਧਿਆ ਨੇ ਦੱਸਿਆ ਕਿ ਇਸ ਕਾਰਡ ਰਾਹੀਂ ਮਰੀਜ਼ ਈ ਸੀ ਜੀ, ਇਕੋ ਸਮੇਤ ਖੂਨ ਦੇ ਕਾਫੀ ਟੈਸਟ ਮੁਫ਼ਤ ਕਰਵਾ ਸਕਣਗੇ।ਉਨ੍ਹਾਂ ਕਿਹਾ ਕਿ ਇਸ ਕਾਰਡ ਨਾਲ ਓ ਪੀ ਡੀ ਤੇ ਆਈ ਪੀ ਡੀ ਵਿੱਚ ਇਲਾਜ ਲਈ ਮਰੀਜ਼ ਨੂੰ ਕਾਫੀ ਡਿਸਕਾਊਂਟ ਮਿਲ ਜਾਵੇਗਾ।ਇਸ ਮੌਕੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਸਤਿਗੁਰੂ ਉਦੇ ਸਿੰਘ ਤੇ ਹਸਪਤਾਲ ਦੇ ਐੱਮ ਡੀ ਜੈ ਸਿੰਘ ਸੰਧੂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੀ ਲੋਕ ਹਿਤੈਸ਼ੀ ਸਕੀਮ ਇਲਾਕੇ ਦੇ ਲੋਕਾਂ ਲਈ ਇੱਕ ਵਰਦਾਨ ਸਾਬਿਤ ਹੋਵੇਗੀ, ਜਿਸ ਨਾਲ ਲੋਕ ਇਸ ਸੰਸਾਰ ਪ੍ਰਸਿੱਧ ਸਿਹਤ ਸੰਸਥਾ ਵਿੱਚ ਅਸਾਨੀ ਨਾਲ ਤੇ ਕਿਫ਼ਾਇਤੀ ਰੇਟਾਂ 'ਤੇ ਅਪਣਾ ਇਲਾਜ ਕਰਵਾ ਸਕਣਗੇ।ਚੇਅਰਮੈਨ ਗੁਰਪ੍ਰੀਤ ਸਿੰਘ ਨੇ ਭਾਰੀ ਗਿਣਤੀ ਵਿੱਚ ਪਹੁੰਚੇ ਪਿੰਡਾਂ ਦੇ ਸਰਪੰਚਾਂ ਦਾ ਧੰਨਵਾਦ ਕੀਤਾ।ਇਸ ਮੌਕੇ ਹਸਪਤਾਲ ਦੇ ਐੱਮ ਡੀ ਜੈ ਸਿੰਘ ਸੰਧੂ ਨੇ ਆਏ ਮਹਿਮਾਨਾਂ ਨੂੰ ਸਨਮਾਨਤ ਕੀਤਾ।ਇਸ ਦੌਰਾਨ ਹਸਪਤਾਲ ਦੇ ਦਿਲ ਦੇ ਰੋਗਾਂ ਦੇ ਮਾਹਰ ਡਾਕਟਰ ਰਵਿਨਿੰਦਰ ਕੂਕਾ ਨੇ ਵੀ ਸੰਬੋਧਨ ਕੀਤਾ।ਇਸ ਮੌਕੇ ਹਸਪਤਾਲ ਦੇ ਮੈਡੀਕਲ ਸੁਪਰਡੈਂਟ ਡਾ. ਮਨਦੀਪ ਕੌਰ, ਡਾ. ਆਰ ਐੱਸ ਭਾਟੀਆ, ਡਾ. ਸਿਧਾਰਥ ਗਰਗ, ਡਾ. ਵਰਿੰਦਰ ਸਿੰਘ, ਅਮਿਤ ਅਰੋੜਾ, ਸੁਧੀਰ ਠਾਕੁਰ ਤੇ ਲਖਵੀਰ ਸਿੰਘ ਬੱਦੋਵਾਲ ਮੌਜੂਦ ਸਨ।

## ਡੀ ਏ ਵੀ ਪਬਲਿਕ ਸਕੂਲ ਵਿਖੇ ਕਾਰਗਿਲ ਵਿਜੇ ਦਿਵਸ ਮਨਾਇਆ



**ਰਾਜਪੁਰਾ (ਰਮੇਸ਼ ਕਟਾਰੀਆ)**-ਡੀ ਏ ਵੀ ਪਬਲਿਕ ਸਕੂਲ ਰਾਜਪੁਰਾ ਨੇ ਕਾਰਗਿਲ ਵਿਜੇ ਦਿਵਸ ਬਹੁਤ ਹੀ ਸਤਿਕਾਰ ਤੇ ਦੇਸ਼ ਭਗਤੀ ਨਾਲ ਮਨਾਇਆ।ਇਸ ਮੌਕੇ ਸਕੂਲ ਵਿੱਚ ਇੱਕ ਵਿਸ਼ੇਸ਼ ਸਭਾ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਕਾਰਗਿਲ ਯੁੱਧ ਦੇ ਬਹਾਦਰ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ।ਵਿਦਿਆਰਥੀਆਂ ਨੇ ਪ੍ਰੇਰਨਾਦਾਇਕ ਭਾਸ਼ਣ ਦਿੱਤੇ ਤੇ ਰਾਸ਼ਟਰ ਦੀ ਏਕਤਾ, ਅਖੰਡਤਾ ਤੇ ਸੁਰੱਖਿਆ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਦਾ ਸੰਕਲਪ ਲੈਂਦੇ ਹੋਏ ਇੱਕ ਪ੍ਰਣ ਲਿਆ। ਪ੍ਰੋਗਰਾਮ ਦੌਰਾਨ, ਵਿਦਿਆਰਥੀਆਂ ਨੇ ਇੱਕ ਦੇਸ਼ ਭਗਤੀ ਸੰਗੀਤਕ ਨਾਟਕ ਪੇਸ਼ ਕੀਤਾ, ਜਿਸ ਨੇ ਸਾਰਿਆਂ ਨੂੰ ਪ੍ਰਭਾਵਿਤ ਕੀਤਾ।ਅੰਤ ਵਿੱਚ, ਪ੍ਰਿੰਸੀਪਲ ਅਲਪਨਾ ਪਾਠਕ ਨੇ ਵਿਦਿਆਰਥੀਆਂ ਨੂੰ ਦੇਸ਼ ਭਗਤੀ, ਹਿੰਮਤ ਤੇ ਦੇਸ਼ ਦੀ ਸੇਵਾ ਦਾ ਸੰਦੇਸ਼ ਦਿੱਤਾ।

## ਝਾੜ ਸਾਹਿਬ ਕਾਲਜ ਦੀ ਰਾਜਦੀਪ ਬਣੀ ਯੂਨੀਵਰਸਿਟੀ ਟਾਪਰ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ ਝਾੜ ਸਾਹਿਬ ਦਾ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐਲਾਨਿਆ ਬੀ.ਐੱਸ.ਸੀ. ਫੈਸ਼ਨ ਡਿਜ਼ਾਈਨਿੰਗ ਸਮੈਸਟਰ ਛੇਵਾਂ ਦਾ ਨਤੀਜਾ ਸ਼ਾਨਦਾਰ ਰਿਹਾ। ਬੀ ਐੱਸ ਸੀ ਫੈਸ਼ਨ ਡਿਜ਼ਾਈਨਿੰਗ ਸਮੈਸਟਰ ਛੇਵਾਂ ਦੀ ਵਿਦਿਆਰਥਣ ਰਾਜਦੀਪ ਕੌਰ ਨੇ 95.17 ਪ੍ਰਤੀਸ਼ਤ ਅੰਕ ਹਾਸਲ ਕਰਕੇ ਯੂਨੀਵਰਸਿਟੀ ਤੇ ਕਾਲਜ ਪੱਧਰ 'ਤੇ ਪਹਿਲਾ ਸਥਾਨ, ਗੁਰਲੀਨ ਕੌਰ ਨੇ 91.86 ਪ੍ਰਤੀਸ਼ਤ ਅੰਕ ਹਾਸਲ ਕਰਕੇ ਕਲਾਜ 'ਚੋਂ ਦੂਜਾ ਤੇ ਪਰਨੀਤ ਕੌਰ ਨੇ 88.52 ਪ੍ਰਤੀਸ਼ਤ ਅੰਕ ਹਾਸਲ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਵਿਦਿਆਰਥਣਾਂ ਤੇ ਬੀ.ਐੱਸ.ਸੀ. ਫੈਸ਼ਨ ਡਿਜ਼ਾਈਨਿੰਗ ਵਿਭਾਗ ਦੇ ਮੁਖੀ ਅਸਿ. ਪ੍ਰੋ. ਹਰਪ੍ਰੀਤ ਕੌਰ ਤੇ ਅਸਿ. ਪ੍ਰੋ. ਸੁਖਪ੍ਰੀਤ ਕੌਰ ਨੂੰ ਵਧਾਈ ਦਿੱਤੀ ਅਤੇ ਸ਼ੁੱਭ-ਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਸੰਸਥਾ ਵਿਦਿਆਰਥਣਾਂ ਦੇ ਸਰਵਪੱਖੀ ਵਿਕਾਸ ਦੀ ਪੂਰਤੀ ਲਈ ਸਦਾ ਯਤਨਸ਼ੀਲ ਰਹਿੰਦੀ ਹੈ।

## ਸਫਾ 1 ਦੇ ਬਾਕੀ...

### ਪੰਜਾਬ 'ਚ ਸਾਢੇ 4 ਸਾਲਾਂ...

ਗੱਲ ਹੈ ਕਿ ਸਾਡੇ ਦੇਸ਼ ਵਿੱਚ 2017, 2019, 2022, 2024 ਅਤੇ 2026 ਵਿੱਚ ਇਹ ਮਹੱਤਵਪੂਰਨ ਪ੍ਰੀਖਿਆ ਦੇ ਪੇਪਰ ਲੀਕ ਹੋਏ ਹਨ। ਉਨ੍ਹਾ ਕਿਹਾ ਕਿ ਇਸ ਨਾਲ ਵਿਦਿਆਰਥੀਆਂ ਦੇ ਦਿਲ ਟੁੱਟਦੇ ਹਨ। ਉਨ੍ਹਾ ਕਿਹਾ ਕਿ ਆਤਮ-ਹੱਤਿਆ ਕਰਨ ਵਾਲੇ ਦੇਸ਼ ਦੇ 22 ਬੱਚੇ ਕਦੇ ਵਾਪਸ ਨਹੀਂ ਆਉਣਗੇ ਅਤੇ ਮੁਆਵਜ਼ੇ ਨਾਲ ਉਨ੍ਹਾਂ ਦਾ ਮੁੱਲ ਨਹੀਂ ਪਾਇਆ ਜਾ ਸਕਦਾ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਵਿੱਚ ਸਿੱਖਿਆ ਦਾ ਪੱਧਰ ਬਹੁਤ ਉੱਚਾ ਹੋਇਆ ਹੈ। ਜਿਹੜੀ ਸਿੱਖਿਆ ਦਾ ਪੱਧਰ 2021 ਵਿੱਚ ਦੇਸ਼ ਵਿੱਚੋਂ 27ਵੇਂ ਸਥਾਨ 'ਤੇ ਸੀ, ਉਹ ਹੁਣ ਕੇਰਲਾ ਨੂੰ ਪਛਾੜ ਕੇ ਪਹਿਲੇ ਸਥਾਨ 'ਤੇ ਆ ਗਿਆ ਹੈ। ਉਨ੍ਹਾ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਨਵੀਆਂ ਉਸਾਰੀਆਂ ਹੋ ਰਹੀਆਂ ਹਨ, ਨਵੇਂ ਸਮਾਰਟ ਰੂਮ ਬਣਾਏ ਜਾ ਰਹੇ ਹਨ, ਸਕੂਲਾਂ ਨੂੰ ਵਾਈ-ਫਾਈ ਕੀਤਾ ਗਿਆ ਹੈ ਅਤੇ ਕੋਚਿੰਗ ਦਾ ਪ੍ਰਬੰਧ ਵੀ ਕੀਤਾ ਗਿਆ ਹੈ। ਸਕੂਲਾਂ ਦੇ ਅਧਿਆਪਕਾਂ ਅਤੇ ਮੁਖੀਆਂ ਨੂੰ ਵਿਦੇਸ਼ਾਂ ਵਿੱਚ ਸਿਖਲਾਈ ਲਈ ਭੇਜਿਆ ਜਾਂਦਾ ਹੈ, ਜੋ ਕਿ ਪਹਿਲਾਂ ਕਦੇ ਨਹੀਂ ਹੁੰਦਾ ਸੀ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਵਿੱਚ 68,585 ਬੇਰੁਜ਼ਗਾਰਾਂ ਨੂੰ ਨੌਕਰੀਆਂ ਦਿੱਤੀਆਂ ਗਈਆਂ ਹਨ, ਪਰ ਉਨ੍ਹਾਂ ਲਈ ਨਾ ਕਿਸੇ ਨੂੰ ਕੋਈ ਰਿਸ਼ਵਤ ਦੇਣੀ ਪਈ ਹੈ ਅਤੇ ਨਾ ਕਿਸੇ ਦੀ ਸਿਫਾਰਸ਼ ਚੱਲੀ ਹੈ; ਸਿਰਫ਼ ਅਤੇ ਸਿਰਫ਼ ਮੈਰਿਟ ਦੇ ਆਧਾਰ ਉੱਤੇ ਸਾਰੀਆਂ ਨੌਕਰੀਆਂ ਦਿੱਤੀਆਂ ਗਈਆਂ ਹਨ। ਉਨ੍ਹਾ ਵਿਦਿਆਰਥੀਆਂ ਨੂੰ ਆਤਮ-ਵਿਸ਼ਵਾਸ ਰੱਖਣ, ਆਪਣੇ 'ਤੇ ਭਰੋਸਾ ਕਰਨ ਅਤੇ ਕਦੇ ਵੀ ਹੰਕਾਰ ਨਾ ਕਰਨ ਦੀ ਸਲਾਹ ਦਿੱਤੀ। ਉਨ੍ਹਾ ਕਿਹਾ ਕਿ ਤੁਸੀਂ ਰੰਗਲੇ ਪੰਜਾਬ ਦਾ ਭਵਿੱਖ ਹੋ ਅਤੇ ਆਪਾਂ ਸਾਰਿਆਂ ਨੇ ਰਲ ਕੇ ਪੰਜਾਬ ਨੂੰ ਰੰਗਲਾ ਬਣਾਉਣਾ ਹੈ। ਉਨ੍ਹਾ ਕਿਹਾ ਕਿ ਨੌਜਵਾਨਾਂ ਵਿੱਚ ਬਹੁਤ ਤਾਕਤ ਹੁੰਦੀ ਹੈ, ਸਿਰਫ਼ ਉਨ੍ਹਾਂ ਨੂੰ ਰਾਹ ਵਿਖਾਉਣ ਦੀ ਲੋੜ ਹੁੰਦੀ ਹੈ। ਉਨ੍ਹਾ ਕਿਹਾ ਕਿ ਜ਼ੈੱਨ-ਜੀ ਦੀ ਤਾਕਤ ਸਾਰੀ ਦੁਨੀਆ ਦੇਖ ਚੁੱਕੀ ਹੈ, ਜਿਸ ਨੇ ਕੇਂਦਰ ਸਰਕਾਰ ਨੂੰ ਝੁਕਾ ਕੇ ਆਪਣੀਆਂ ਮੰਗਾਂ ਮੰਨਣ ਲਈ ਮਜਬੂਰ ਕੀਤਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬੀਆਂ ਤੋਂ ਬਿਨਾਂ ਦੇਸ਼ ਕਦੇ ਵੀ ਨੰਬਰ ਵਨ ਨਹੀਂ ਬਣ ਸਕਦਾ। ਪੰਜਾਬ ਹਰ ਖੇਤਰ ਵਿੱਚ ਮੋਹਰੀ ਰਿਹਾ ਹੈ, ਭਾਵੇਂ ਉਹ ਕਾਰਗਿਲ ਦੀ ਜੰਗ ਹੋਵੇ, ਭਾਵੇਂ ਦੇਸ਼ ਨੂੰ ਆਜ਼ਾਦ ਕਰਵਾਉਣ ਲਈ ਕੁਰਬਾਨੀਆਂ ਹੋਣ, ਭਾਵੇਂ ਖੇਤੀਬਾੜੀ ਹੋਵੇ ਜਾਂ ਸਿੱਖਿਆ। ਉਨ੍ਹਾ ਕਿਹਾ ਕਿ ਤਿੰਨ ਮੁੱਖ ਖੇਡਾਂ, ਜਿਨ੍ਹਾਂ ਵਿੱਚ ਹਾਕੀ ਅਤੇ ਲੜਕਿਆਂ ਤੇ ਲੜਕੀਆਂ ਦੀ ਕ੍ਰਿਕਟ ਸ਼ਾਮਲ ਹੈ, ਦੇ ਤਿੰਨੋਂ ਕਪਤਾਨ ਪੰਜਾਬ ਨਾਲ ਹੀ ਸੰਬੰਧਤ ਹਨ। ਮੁੱਖ ਮੰਤਰੀ ਨੇ ਵਿਦਿਆਰਥੀਆਂ ਨੂੰ ਹਮੇਸ਼ਾ ਆਪਣੀ ਅੰਤਰ-ਆਤਮਾ ਦੀ ਗੱਲ ਸੁਣਨ ਅਤੇ ਆਪਣੇ 'ਤੇ ਭਰੋਸਾ ਰੱਖਣ ਲਈ ਪ੍ਰੇਰਦਿਆਂ ਕਿਹਾ ਕਿ ਉਹ ਵੀ ਜਦੋਂ ਰਾਜਨੀਤੀ ਵਿੱਚ ਆਏ ਸਨ ਤਾਂ ਉਨ੍ਹਾਂ ਨੂੰ ਵੀ ਰਵਾਇਤੀ ਧਿਰਾਂ ਮਖੌਲ ਕਰਦੀਆਂ ਸਨ, ਪਰ ਅੱਜ ਉਹ ਸਾਰੇ ਉਨ੍ਹਾਂ ਤੋਂ ਘਬਰਾਉਂਦੇ ਹਨ, ਕਿਉਂਕਿ ਪੰਜਾਬ ਦੇ ਲੋਕ ਭਗਵੰਤ ਮਾਨ ਦੇ ਨਾਲ ਹਨ ਅਤੇ ਪੁਰਾਣਿਆਂ ਦੀਆਂ ਕੁਰਸੀਆਂ ਖੁੱਸ ਗਈਆਂ ਹਨ। ਇਸ ਮੌਕੇ ਉਨ੍ਹਾਂ ਸਾਰੇ ਵਿਦਿਆਰਥੀਆਂ ਨੂੰ ਸਨਮਾਨਿਤ ਕਰਨ ਦੀ ਰਸਮ ਨਿਭਾਈ। ਸਮਾਗਮ ਨੂੰ ਆਮ ਆਦਮੀ ਪਾਰਟੀ ਦੇ ਪੰਜਾਬ ਮਾਮਲਿਆਂ ਦੇ ਇੰਚਾਰਜ ਮਨੀਸ਼ ਸਿਸੋਦੀਆ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਮੁਹਾਲੀ ਦੇ ਵਿਧਾਇਕ ਕੁਲਵੰਤ ਸਿੰਘ ਅਤੇ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਤੋਂ ਇਲਾਵਾ ਸਿੱਖਿਆ ਵਿਭਾਗ ਦੇ ਉੱਚ ਅਧਿਕਾਰੀ ਅਤੇ ਵੱਡੀ ਗਿਣਤੀ ਵਿੱਚ ਸਨਮਾਨਿਤ ਹੋਣ ਲਈ ਆਏ ਬੱਚਿਆਂ ਦੇ ਮਾਪੇ ਵੀ ਮੌਜੂਦ ਸਨ।

### 5 ਦੀ ਸੂਬਾ ਪੱਧਰੀ ਰੈਲੀ...

ਉਪਰੰਤ ਮੁੱਖ ਮੰਤਰੀ ਦੀ ਰਿਹਾਇਸ਼ ਵੱਲ ਮਾਰਚ ਕੀਤਾ ਜਾਵੇਗਾ। ਇਸ ਐਕਸ਼ਨ ਵਿੱਚ ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਜਲੰਧਰ ਵੱਲੋਂ ਪੂਰਾ ਸਮਰਥਨ ਤੇ ਸਾਥ ਦਿੱਤਾ ਜਾਵੇਗਾ। ਉਕਤ ਸਾਰ ਤੱਤ ਹੈ ਉਸ ਵਿਸ਼ੇਸ਼ ਮੀਟਿੰਗ ਦਾ, ਜੋ ਸੀ ਪੀ ਆਈ ਦੀ ਜਲੰਧਰ ਕਾਰਜਕਾਰਨੀ ਵੱਲੋਂ ਪਾਰਟੀ ਦਫ਼ਤਰ ਵਿੱਚ ਕੀਤੀ ਗਈ। ਮੀਟਿੰਗ ਵਿੱਚ ਕੀਤੇ ਫੈਸਲੇ ਮੁਤਾਬਕ ਜ਼ਿਲ੍ਹਾ ਜਲੰਧਰ ਦੀਆਂ ਸਾਰੀਆਂ ਤਹਿਸੀਲਾਂ ਵਿੱਚੋਂ ਕਮਿਊਨਿਸਟ ਕਾਰਕੁਨ 5 ਅਗਸਤ ਨੂੰ ਜਲੰਧਰ ਰੈਲੀ ਵਿੱਚ ਉਤਸ਼ਾਹ ਨਾਲ ਸ਼ਾਮਲ ਹੋਣਗੇ। ਇਸ ਤੋਂ ਇਲਾਵਾ ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਇੱਕ ਸਤੰਬਰ ਨੂੰ ਦਿੱਲੀ ਦੀ ਰਾਮ ਲੀਲ੍ਹਾ ਗਰਾਊਂਡ ਵਿੱਚ ਕੀਤੀ ਜਾ ਰਹੀ ਰੈਲੀ ਵਿੱਚ ਹੁੰਮ-ਹੁਮਾ ਕੇ ਪਹੁੰਚਿਆ ਜਾਵੇਗਾ। ਇਸ ਦੀ ਤਿਆਰੀ ਵਜੋਂ ਜਲੰਧਰ ਜ਼ਿਲ੍ਹੇ ਵਿੱਚ 10 ਅਗਸਤ ਤੋਂ 15 ਅਗਸਤ ਤੱਕ ਜਥਾ ਮਾਰਚ ਕੀਤੇ ਜਾਣਗੇ। ਦੋਹਾਂ ਐਕਸ਼ਨਾਂ ਲਈ ਅੱਜ ਤੋਂ ਹੀ ਪੂਰੀ ਤਰ੍ਹਾਂ ਤਿਆਰੀਆਂ ਵਿੱਚ ਰੁੱਝ ਜਾਣ ਦਾ ਅਹਿਦ ਕੀਤਾ ਗਿਆ। ਮੀਟਿੰਗ ਵਿੱਚ ਕੁਝ ਜਥੇਬੰਦਕ ਮਸਲੇ ਵੀ ਵਿਚਾਰੇ ਗਏ। ਕਾਰਜਕਾਰਨੀ ਦੀ ਮੀਟਿੰਗ ਵਿੱਚ ਸੀ ਪੀ ਆਈ ਜ਼ਿਲ੍ਹਾ ਜਲੰਧਰ ਦੇ ਸਕੱਤਰ ਕਾਮਰੇਡ ਰਸ਼ਪਾਲ ਕੈਲੇ, ਸਹਾਇਕ ਸਕੱਤਰ ਹਰਜਿੰਦਰ ਸਿੰਘ ਮੌਜੀ, ਸੰਤੋਸ਼ ਬਰਾੜ, ਪਰਮਜੀਤ ਸਿੰਘ ਸਮਰਾਏ, ਵੀਰ ਸਿੰਘ, ਸਿਕੰਦਰ ਸੰਧੂ, ਸੁਨੀਲ ਕੁਮਾਰ ਅਤੇ ਸਾਥੀ ਕੁਲਦੀਪ ਸ਼ਾਮਲ ਹੋਏ।

## ਧਰਮਿੰਦਰ ਦਾ ਅਸਤੀਫ਼ਾ ਲੋਕਤੰਤਰ ਦੀ ਵੱਡੀ ਜਿੱਤ : ਬਲਵੀਰ ਲਹਿਰਾ



**ਮੱਖੂ (ਰਛਪਾਲ ਸਿੰਘ ਸੰਧੂ)**-ਫੂਡ ਗਰੇਨ ਐਂਡ ਅਲਾਇਡ ਵਰਕ ਯੂਨੀਅਨ ਦੇ ਸੂਬਾਈ ਆਗੂ ਬਲਵੀਰ ਲਹਿਰਾ ਨੇ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਨੂੰ ਲੋਕਤੰਤਰ ਅਤੇ ਯੂਥ ਦੀ ਵੱਡੀ ਜਿੱਤ ਦਿੱਤਾ ਹੈ।ਬਲਵੀਰ ਲਹਿਰਾ ਨੇ ਕਿਹਾ ਕਿ ਨੀਟ, ਨੈਟ ਤੇ ਹੋਰ ਕੇਂਦਰੀ ਪ੍ਰੀਖਿਆਵਾਂ 'ਚ ਲਗਾਤਾਰ ਹੋ ਰਹੇ ਪੇਪਰ ਲੀਕ ਤੇ ਘੁਟਾਲਿਆਂ ਨੇ ਲੱਖਾਂ ਵਿਦਿਆਰਥੀਆਂ ਦੇ ਭਵਿੱਖ ਨਾਲ ਖਿਲਵਾੜ ਕੀਤਾ ਹੈ।ਇਸਦੇ ਖਿਲਾਫ ਦੇਸ਼ ਭਰ ਦੇ ਨੌਜਵਾਨਾਂ ਤੇ ਵਿਦਿਆਰਥੀ ਜਥੇਬੰਦੀਆਂ ਵੱਲੋਂ ਜੋ ਸੰਘਰਸ਼ ਕੀਤਾ ਗਿਆ, ਉਸਦੇ ਸਦਕਾ ਮੰਤਰੀ ਨੂੰ ਅਸਤੀਫਾ ਦੇਣਾ ਪਿਆ।ਉਨ੍ਹਾਂ ਕਿਹਾ ਕਿ ਇਹ ਅਸਤੀਫ਼ਾ ਸਿਰਫ਼ ਇੱਕ ਸ਼ੁਰੂਆਤ ਹੈ।ਸਰਕਾਰ ਨੂੰ ਹੁਣ ਤੁਰੰਤ ਪਾਰਦਰਸ਼ੀ ਤੇ ਧੋਖਾ ਮੁਕਤ ਪ੍ਰੀਖਿਆ ਪ੍ਰਣਾਲੀ ਲਾਗੂ ਕਰਨੀ ਚਾਹੀਦੀ ਹੈ।

ਨੀਟ ਤੇ ਨੈਟ ਦੇ ਪੇਪਰ ਲੀਕ ਮਾਮਲਿਆਂ ਦੀ ਸੁਪਰੀਮ ਕੋਰਟ ਦੀ ਨਿਗਰਾਨੀ ਹੇਠ ਜਾਂਚ ਕਰਾਈ ਜਾਵੇ ਅਤੇ ਦੋਸ਼ੀ ਅਧਿਕਾਰੀਆਂ ਨੂੰ ਸਖਤ ਸਜ਼ਾ ਦਿੱਤੀ ਜਾਵੇ।ਬਲਵੀਰ ਲਹਿਰਾ ਨੇ ਕਿਹਾ ਸਾਰਾ ਦੇਸ਼ ਨੌਜਵਾਨਾਂ ਦੇ ਇਸ ਸੰਘਰਸ਼ ਦੇ ਨਾਲ ਖੜਾ ਹੈ ਤੇ ਮੰਗ ਕਰਦਾ ਹੈ ਕਿ ਸਿੱਖਿਆ ਨੂੰ ਮੁਨਾਫ਼ੇ ਦਾ ਧੰਦਾ ਬਣਾਉਣ ਦੀ ਬਜਾਏ ਹਰੇਕ ਨੂੰ ਮੁਫਤ ਅਤੇ ਗੁਣਵੱਤਾ ਵਾਲੀ ਸਿੱਖਿਆ ਮੁਹੱਈਆ ਕਰਾਈ ਜਾਵੇ।

## 10 ਲੱਖ ਨਵੇਂ ਰਾਸ਼ਨ ਕਾਰਡ ਬਣਾਉਣ ਦੀ ਸ਼ੁਰੂਆਤ ਨਾਲ ਆਮ ਵਰਗ 'ਚ ਖੁਸ਼ੀ ਦੀ ਲਹਿਰ : ਟੀਨੂੰ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਪੰਜਾਬ ਸਰਕਾਰ ਵੱਲੋਂ 10 ਲੱਖ ਨਵੇਂ ਰਾਸ਼ਨ ਕਾਰਡ ਬਣਾਉਣ ਦੀ ਸ਼ੁਰੂਆਤ ਕਰਨ ਦੇ ਫ਼ੈਸਲੇ ਦਾ ਆਮ ਵਰਗ ਦੇ ਲੋਕਾਂ ਨੇ ਸਵਾਗਤ ਕੀਤਾ ਹੈ।ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਜਸਵਿੰਦਰ ਕੁਮਾਰ ਟੀਨੂੰ ਤੇ ਪਿੰਡ ਮਾਛੀਕੇ ਦੇ ਸਰਪੰਚ ਜਗਮੋਹਨ ਨੇ ਕਿਹਾ ਕਿ ਇਸ ਫ਼ੈਸਲੇ ਨਾਲ ਗਰੀਬ ਤੇ ਲੋੜਵੰਦ ਪਰਵਾਰਾਂ ਨੂੰ ਵੱਡੀ ਰਾਹਤ ਮਿਲੇਗੀ।ਉਨ੍ਹਾਂ ਕਿਹਾ ਕਿ ਕਈ ਅਜਿਹੇ ਪਰਵਾਰ ਸਨ, ਜੋ ਕਿਸੇ ਕਾਰਨ ਕਰਕੇ ਰਾਸ਼ਨ ਕਾਰਡ ਤੋਂ ਵਾਂਝੇ ਰਹਿ ਗਏ ਸਨ।ਹੁਣ ਨਵੇਂ ਰਾਸ਼ਨ ਕਾਰਡ ਬਣਨ ਨਾਲ ਉਹ ਵੀ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਤੇ ਸਸਤੇ ਰਾਸ਼ਨ ਦਾ ਲਾਭ ਲੈ ਸਕਣਗੇ।ਜਸਵਿੰਦਰ ਕੁਮਾਰ ਟੀਨੂੰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਆਮ ਲੋਕਾਂ ਦੀ ਭਲਾਈ ਲਈ ਲਗਾਤਾਰ ਫ਼ੈਸਲੇ ਲੈ ਰਹੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦਾ ਇਹ ਕਦਮ ਸਮਾਜ ਦੇ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਲਈ ਬਹੁਤ ਲਾਭਦਾਇਕ ਸਾਬਤ ਹੋਵੇਗਾ।ਸਰਪੰਚ ਜਗਮੋਹਨ ਮਾਛੀਕੇ ਨੇ ਕਿਹਾ ਕਿ ਇਸ ਯੋਜਨਾ ਨਾਲ ਹਜ਼ਾਰਾਂ ਯੋਗ ਪਰਿਵਾਰਾਂ ਨੂੰ ਸਰਕਾਰੀ ਸਹੂਲਤਾਂ ਦਾ ਲਾਭ ਮਿਲੇਗਾ ਤੇ ਲੋਕਾਂ ਵਿੱਚ ਇਸ ਫ਼ੈਸਲੇ ਨੂੰ ਲੈ ਕੇ ਖੁਸ਼ੀ ਦੀ ਲਹਿਰ ਹੈ। ਉਨ੍ਹਾਂ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਲੋਕ-ਹਿਤੈਸ਼ੀ ਫ਼ੈਸਲੇ ਸਮਾਜ ਦੇ ਹਰ ਵਰਗ ਨੂੰ ਮਜ਼ਬੂਤ ਬਣਾਉਣ 'ਚ ਸਹਾਈ ਸਾਬਤ ਹੋਣਗੇ।

## ਗਾਮੀਵਾਲ ਦੀ ਪੂਰੀ ਪੰਚਾਇਤ 'ਆਪ' 'ਚ ਸ਼ਾਮਲ



**ਬੋਹਾ (ਨਿਰੰਜਣ ਬੋਹਾ)**-ਪੰਜਾਬ ਸਰਕਾਰ ਤੇ ਹਲਕਾ ਵਿਧਾਇਕ ਬੁੱਧ ਰਾਮ ਵੱਲੋਂ ਹਲਕੇ ਦੇ ਵਿਕਾਸ ਲਈ ਕੀਤੇ ਯਤਨਾਂ ਸਦਕਾ ਪਿੰਡ ਗਾਮੀਵਾਲਾ ਦੀ ਪੂਰੀ ਪੰਚਾਇਤ ਆਮ ਆਦਮੀ ਵਿੱਚ ਸ਼ਾਮਲ ਹੋ ਗਈ।ਨਵਜੋਤ ਸਿੰਘ ਦੇ ਘਰ ਹੋਈ ਮੀਟਿੰਗ ਵਿੱਚ ਵਿਧਾਇਕ ਬੁੱਧ ਰਾਮ ਨੇ ਪਿੰਡ ਦੀ ਪੂਰੀ ਪੰਚਾਇਤ ਨੂੰ ਪਾਰਟੀ ਦਾ ਚਿੰਨ੍ਹ ਪਾ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਕੀਤਾ।ਇਸ ਵਿੱਚ ਨਵਜੋਤ ਸਿੰਘ ਪੁੱਤਰ ਸਰਪੰਚ ਸਰਬਜੀਤ ਕੌਰ ਤੇ ਪੂਰੀ ਪੰਚਾਇਤ ਮੱਖਣ ਸਿੰਘ, ਗੁਰਮੀਤ ਸਿੰਘ, ਦਰਸ਼ਨ ਸਿੰਘ, ਗੁਰਲਾਲ ਸਿੰਘ, ਹਰਪ੍ਰੀਤ ਸਿੰਘ, ਨੀਤੂ ਰਾਣੀ, ਮੱਖਣਜੀਤ ਸ਼ਰਮਾ, ਸੁਰਜਨ ਸਿੰਘ, ਹਰਮੰਦਿਰ ਸਿੰਘ, ਸੰਦੀਪ ਸਿੰਘ, ਹਰਪਾਲ ਸਿੰਘ, ਗੁਰਨਾਮ ਸਿੰਘ, ਤਰਸੇਮ ਸਿੰਘ, ਹਰਬੰਸ ਸਿੰਘ, ਬਲਦੇਵ ਸਿੰਘ, ਸੁਖਵਿੰਦਰ ਸਿੰਘ, ਕੇਵਲ ਸਿੰਘ, ਕੁਲਵਿੰਦਰ ਸਿੰਘ ਤੇ ਗੋਰਖਾ ਟੋਲਰ ਸ਼ਾਮਲ ਹੋਏ ਸਨ।ਹਲਕਾ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਨੇ ਕਿਹਾ ਕਿ ਪਿੰਡ ਦੇ ਵਿਕਾਸ ਲਈ ਫੰਡਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ।ਪਿੰਡ ਇਕਾਈ ਦੇ ਪ੍ਰਧਾਨ ਜੱਗਾ ਰਾਮ ਪੰਡਿਤ, ਬਾਬਾ ਹਰਦੇਵ ਸਿੰਘ, ਜਸਪ੍ਰੀਤ ਸਿੰਘ, ਅਸ਼ੋਕ ਕੁਮਾਰ ਨੇ ਸਰਪੰਚ ਦਾ ਤੇ ਪੰਚਾਂ ਦਾ ਪਾਰਟੀ 'ਚ ਸਵਾਗਤ ਕੀਤਾ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

CMYK

# ਬਿਜਲੀ ਮੁਲਾਜ਼ਮਾਂ ਦੇ ਸੰਘਰਸ਼ ਨੂੰ ਵੱਖ-ਵੱਖ ਜਥੇਬੰਦੀਆਂ ਦੀ ਹਮਾਇਤ

**ਧਾਰੀਵਾਲ/ਹਰਚੋਵਾਲ, (ਮਨਦੀਪ ਵਿੱਕੀ)**- ਪੰਜਾਬ ਭਰ ਵਿੱਚ ਬਿਜਲੀ ਮੁਲਾਜ਼ਮਾਂ ਵੱਲੋਂ ਆਪਣੀਆਂ ਹੱਕੀ ਅਤੇ ਜਾਇਜ਼ ਮੰਗਾਂ ਦੀ ਪ੍ਰਾਪਤੀ ਲਈ ਚਲਾਏ ਜਾ ਰਹੇ ਸੰਘਰਸ਼ ਦੀ ਹਮਾਇਤ ਵਿੱਚ ਸਬ ਡਵੀਜ਼ਨ ਹਰਚੋਵਾਲ ਵਿਖੇ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਅਤੇ



ਮੁਲਾਜ਼ਮਾਂ ਦੀ ਸਾਂਝੀ ਮੀਟਿੰਗ ਹੋਈ।ਮੀਟਿੰਗ ਦੌਰਾਨ ਸੰਘਰਸ਼ ਨੂੰ ਹੋਰ ਮਜ਼ਬੂਤ ਕਰਨ ਅਤੇ ਮੁਲਾਜ਼ਮ ਏਕਤਾ ਨੂੰ ਕਾਇਮ ਰੱਖਣ ਦਾ ਸੰਕਲਪ ਲਿਆ ਗਿਆ।ਸਮੂਹ ਮੁਲਾਜ਼ਮਾਂ ਨੇ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਅਤੇ ਸਮੂਹ ਜਥੇਬੰਦੀਆਂ ਦੇ ਆਗੂਆਂ ਨੂੰ ਨਿਮਰ ਅਪੀਲ ਕੀਤੀ ਕਿ ਉਹ ਆਪਸੀ ਮਤਭੇਦਾਂ ਨੂੰ ਭੁਲਾ ਕੇ ਇੱਕ ਮੰਚ 'ਤੇ ਇਕੱਠੇ ਹੋਣ ਅਤੇ ਸਮੂਹ ਬਿਜਲੀ ਮੁਲਾਜ਼ਮਾਂ ਦੀ ਲੜਾਈ ਨੂੰ ਹੋਰ ਮਜ਼ਬੂਤ ਕਰਨ।ਉਨ੍ਹਾਂ ਕਿਹਾ ਕਿ ਇਹ ਕਿਸੇ ਇੱਕ ਜਥੇਬੰਦੀ ਦੀ ਨਹੀਂ, ਸਗੋਂ ਸਮੂਹ ਮੁਲਾਜ਼ਮ ਵਰਗ ਦੇ ਹੱਕਾਂ ਦੀ ਲੜਾਈ ਹੈ ਅਤੇ ਇਸ ਦੀ ਕਾਮਯਾਬੀ ਲਈ ਏਕਤਾ ਸਭ ਤੋਂ ਵੱਡੀ ਤਾਕਤ ਹੈ।ਇਸ ਮੌਕੇ ਆਗੂਆਂ ਨੇ ਵੀ ਮੁਲਾਜ਼ਮਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ ਪੂਰੀ ਦ੍ਰਿੜਤਾ ਨਾਲ ਜਾਰੀ ਰੱਖਿਆ ਜਾਵੇਗਾ ਅਤੇ ਕਿਸੇ ਵੀ ਤਰ੍ਹਾਂ ਦੀ ਵੰਡ ਨੂੰ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ।ਮੀਟਿੰਗ ਵਿੱਚ ਸਰਕਲ ਪ੍ਰਧਾਨ ਜਗਤਾਰ ਸਿੰਘ ਖੁੰਡਾ (ਟੀਐੱਸਯੂ ਭੰਗਲ ਗਰੁੱਪ), ਰਣਜੀਤ ਸਿੰਘ ਬੁੱਟਰ (ਮੰਡਲ ਪ੍ਰਧਾਨ ਖੰਨਾ ਗਰੁੱਪ), ਸਬ ਡਵੀਜ਼ਨ ਪ੍ਰਧਾਨ ਸੁਰਿੰਦਰ ਸਿੰਘ ਸ਼ਿੰਦਾ (ਕਰਮਚਾਰੀ ਦਲ), ਸਬ ਡਵੀਜ਼ਨ ਹਰਚੋਵਾਲ ਪ੍ਰਧਾਨ ਲਵਪ੍ਰੀਤ ਸਿੰਘ ਮੂੜ (ਇੰਪਲਾਈਜ਼ ਫੈਡਰੇਸ਼ਨ), ਰਮਨਜੀਤ ਸਿੰਘ (ਸਬ ਡਵੀਜ਼ਨ ਪ੍ਰਧਾਨ ਖੰਨਾ ਗਰੁੱਪ), ਸਰਬਜੀਤ ਸਿੰਘ ਜੇਈ, ਸੰਦੀਪ ਸਿੰਘ ਬਾਜਵਾ ਸਮੇਤ ਹੋਰ ਵੱਡੀ ਗਿਣਤੀ ਵਿੱਚ ਮੁਲਾਜ਼ਮ ਹਾਜ਼ਰ ਸਨ।ਅੰਤ ਵਿੱਚ ਸਮੂਹ ਮੁਲਾਜ਼ਮਾਂ ਨੇ ਐਲਾਨ ਕੀਤਾ ਕਿ ਜਦੋਂ ਤੱਕ ਪੰਜਾਬ ਸਰਕਾਰ ਅਤੇ ਪਾਵਰਕਾਮ ਮੈਨੇਜਮੈਂਟ ਵੱਲੋਂ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦਾ ਠੋਸ ਹੱਲ ਨਹੀਂ ਕੀਤਾ ਜਾਂਦਾ, ਉਦੋਂ ਤੱਕ ਸੰਘਰਸ਼ ਪੂਰੀ ਏਕਤਾ ਅਤੇ ਦ੍ਰਿੜ ਇਰਾਦੇ ਨਾਲ ਜਾਰੀ ਰਹੇਗਾ।

# 225 ਗ੍ਰਾਮ ਅਫੀਮ ਤੇ ਗੱਡੀ ਸਣੇ ਦੋ ਕਾਬੂ

**ਢਿੱਲਵਾਂ (ਪਲਵਿੰਦਰ ਸਿੰਘ ਜੈ ਰਾਮਪੁਰ)**- ਢਿੱਲਵਾਂ ਪੁਲਸ ਨੇ 225 ਗ੍ਰਾਮ ਅਫੀਮ ਅਤੇ ਗੱਡੀ ਸਮੇਤ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ।ਥਾਣਾ ਮੁਖੀ ਢਿੱਲਵਾਂ ਹਰਜਿੰਦਰ ਸਿੰਘ ਨੇ ਦੱਸਿਆ ਕਿ ਐੱਸ ਆਈ ਕੁਲਦੀਪ ਸਿੰਘ



ਆਪਣੇ ਸਾਥੀਆਂ ਨਾਲ ਗਸ਼ਤ ਦੌਰਾਨ ਹਾਈ-ਟੈਕ ਨਾਕਾ ਢਿੱਲਵਾਂ ਵਿਖੇ ਅੰਮ੍ਰਿਤਸਰ ਵਾਲੇ ਪਾਸੇ ਤੋਂ ਆ ਰਹੀਆਂ ਗੱਡੀਆਂ ਦੀ ਜਾਂਚ ਕਰ ਰਹੇ ਸਨ।ਇਸ ਦੌਰਾਨ ਅੰਮ੍ਰਿਤਸਰ ਵਾਲੇ ਪਾਸੇ ਤੋਂ ਇੱਕ ਗੱਡੀ ਆਈ ਅਤੇ ਜਦੋਂ ਇਸ ਨੂੰ ਰੁਕਣ ਦਾ ਇਸ਼ਾਰਾ ਕੀਤਾ ਗਿਆ ਤਾਂ ਡਰਾਈਵਰ ਨੇ ਭੱਜਣ ਦੀ ਕੋਸ਼ਿਸ਼ ਕੀਤੀ।ਸ਼ੱਕ ਪੈਣ 'ਤੇ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਕਾਰ ਨੂੰ ਰੋਕਿਆ ਗਿਆ ਅਤੇ ਸਵਾਰਾਂ ਤੋਂ ਪੁੱਛਗਿੱਛ ਕੀਤੀ। ਉਨ੍ਹਾਂ ਨੇ ਆਪਣੀ ਪਛਾਣ ਗੁਰਮੁਖ ਸਿੰਘ ਵਾਸੀ ਪਿੰਡ ਮੁੰਡੀ ਕਾਲੂ, ਥਾਣਾ ਲੋਹੀਆਂ, ਜਲੰਧਰ ਅਤੇ ਰੇਸ਼ਮ ਸਿੰਘ ਵਾਸੀ ਪਿੰਡ ਖੁਆਸਪੁਰ ਥਾਣਾ ਗੋਇੰਦਵਾਲ ਸਾਹਿਬ ਤਰਨਤਾਰਨ ਵਜੋਂ ਦੱਸੀ।ਤਲਾਸ਼ੀ ਦੌਰਾਨ ਉਸ ਕੋਲੋਂ 225 ਗ੍ਰਾਮ ਵਜ਼ਨ ਦੀ ਅਫੀਮ ਬਰਾਮਦ ਹੋਈ।ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਅਤੇ ਉਸ ਵਿਰੁੱਧ ਢਿੱਲਵਾਂ ਪੁਲਸ ਸਟੇਸ਼ਨ ਵਿਖੇ ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਅਗਲੇਰੀ ਕਾਰਵਾਈ ਜਾਰੀ ਹੈ।

# ਸੇਂਟ ਸੋਵਰੇਨ ਕਾਨਵੈਂਟ ਸਕੂਲ 'ਚ ਸੱਤ ਰੋਜ਼ਾ ਸਮਰ ਕੈਂਪ ਦਾ ਆਗਾਜ਼

**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**- ਸੇਂਟ ਸੋਵਰੇਨ ਕਾਨਵੈਂਟ ਸਕੂਲ ਚਵਿੰਡਾ ਦੇਵੀ 'ਚ ਵਿਦਿਆਰਥੀਆਂ ਦੀਆਂ ਗਰਮੀਆਂ ਦੀਆਂ ਛੁੱਟੀਆਂ ਨੂੰ ਰਚਨਾਤਮਕ ਬਣਾਉਣ ਲਈ ਇੱਕ ਹਫ਼ਤੇ ਦਾ ਸਮਰ ਕੈਂਪ ਸ਼ੁਰੂ ਕੀਤਾ



ਗਿਆ।ਕੈਂਪ ਦਾ ਉਦਘਾਟਨ ਸਕੂਲ ਦੇ ਚੇਅਰਮੈਨ ਅਸ਼ਵਨੀ ਕਪੂਰ ਅਤੇ ਐੱਮ. ਡੀ. ਕੋਮਲ ਕਪੂਰ ਦੁਆਰਾ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਸਮਰ ਕੈਂਪ ਦਾ ਉਦੇਸ਼ ਬੱਚਿਆਂ ਦੀ ਲੁਕਵੀਂ ਪ੍ਰਤਿਭਾ ਨੂੰ ਨਿਖਾਰਨਾ ਅਤੇ ਉਨ੍ਹਾਂ ਦੇ ਸਰਬਪੱਖੀ ਵਿਕਾਸ ਨੂੰ ਉਤਸ਼ਾਹਿਤ ਕਰਨਾ ਹੈ। ਇਹ ਗਤੀਵਿਧੀਆਂ ਬੱਚਿਆਂ ਦੇ ਸਰੀਰਕ, ਮਾਨਸਿਕ, ਸਮਾਜਿਕ ਅਤੇ ਰਚਨਾਤਮਕ ਵਿਕਾਸ ਵਿੱਚ ਮਦਦ ਕਰਦੀਆਂ ਹਨ ਅਤੇ ਸਮਰ ਕੈਂਪ ਨੂੰ ਹੋਰ ਦਿਲਚਸਪ ਬਣਾਉਂਦੀਆਂ ਹਨ।ਕੈਂਪ ਦੌਰਾਨ ਵਿਦਿਆਰਥੀਆਂ ਨੂੰ ਪੇਂਟਿੰਗ, ਡਾਂਸ, ਸੰਗੀਤ, ਯੋਗਾ, ਕਬੱਡੀ, ਫੁੱਟਬਾਲ ਖੇਡਾਂ, ਕੰਪਿਊਟਰ ਅਤੇ ਵਿਗਿਆਨ ਨਾਲ ਸਬੰਧਿਤ ਗਤੀਵਿਧੀਆਂ ਵਿੱਚ ਹਿੱਸਾ ਲੈਣ ਦਾ ਮੌਕਾ ਦਿੱਤਾ ਜਾ ਰਿਹਾ ਹੈ।ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਨਵੀਆਂ ਗੱਲਾਂ ਸਿੱਖਣ ਲਈ ਪ੍ਰੇਰਿਤ ਕੀਤਾ।ਵਿਦਿਆਰਥੀਆਂ ਨੇ ਵੀ ਕੈਂਪ ਪ੍ਰਤੀ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਇਸ ਰਾਹੀਂ ਉਨ੍ਹਾਂ ਨੂੰ ਨਵਾਂ ਸਿੱਖਣ ਅਤੇ ਆਪਣੀ ਕਲਾ ਦਾ ਪ੍ਰਦਰਸ਼ਨ ਕਰਨ ਦਾ ਮੌਕਾ ਮਿਲ ਰਿਹਾ ਹੈ।ਸਮਾਪਤੀ ਸਮਾਰੋਹ ਮੌਕੇ ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ।ਇਹ ਸਮਰ ਕੈਂਪ ਕੋਚ ਅੰਗਰੇਜ਼ ਸਿੰਘ, ਕੋਚ ਗੁਰਪ੍ਰੀਤ ਸਿੰਘ, ਕੋਚ ਸੁਖਚੈਨ ਸਿੰਘ, ਕੋਚ ਸੁਖਦੇਵ ਸਿੰਘ, ਕੋਚ ਜੈਪਾਲ, ਕੋਚ ਮਨਜਿੰਦਰ ਸਿੰਘ, ਕੋਚ ਹਰਪ੍ਰੀਤ ਸਿੰਘ ਅਤੇ ਕੋਚ ਸੋਨੀਆ ਦੀ ਅਗਵਾਈ ਹੇਠ ਹੋਇਆ।

# ਬੱਸ ਉਡੀਕਦੀਆਂ ਸਵਾਰੀਆਂ 'ਤੇ ਚੜ੍ਹਿਆ ਟਰਾਲਾ; ਔਰਤ ਤੇ ਬੱਚੀ ਜ਼ਖ਼ਮੀ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਅੰਮ੍ਰਿਤਸਰ ਮਹਿਤਾ ਰੋਡ ਦੇ ਅੱਡਾ ਖੁਜਾਲਾ ਪੁਲਸ ਥਾਣਾ ਤਰਸਿੱਕਾ ਵਿੱਚ ਇੱਕ ਟਰਾਲੇ ਵੱਲੋਂ ਬੱਸ ਦੀ ਉਡੀਕ ਕਰ ਰਹੀਆਂ ਔਰਤਾਂ ਅਤੇ ਬੱਚਿਆਂ ਉਪਰ ਚੜ੍ਹ ਜਾਣ ਕਾਰਣ ਇੱਕ ਔਰਤ ਦੀ ਲੱਤ ਬੁਰੀ ਤਰ੍ਹਾਂ ਟੁੱਟ ਜਾਣ ਦੀ ਖ਼ਬਰ ਹੈ। ਖੁਸ਼ਕਿਸਮਤੀ ਇਹ ਰਹੀ ਕਿ



ਟਰਾਲੇ ਦੇ ਉਪਰ ਦੀ ਲੰਘ ਜਾਣ ਦੇ ਬਾਵਜੂਦ ਛੋਟੇ-ਛੋਟੇ ਬੱਚੇ ਬਚ ਗਏ। ਜਾਣਕਾਰੀ ਅਨੁਸਾਰ ਅੱਡਾ ਖਜਾਲਾ ਵਿੱਚ ਕੁਝ ਸਵਾਰੀਆਂ ਜਿਨ੍ਹਾਂ ਨੇ ਅੰਮ੍ਰਿਤਸਰ ਵੱਲ ਨੂੰ ਜਾਣਾ ਸੀ, ਬੱਸ ਦੀ ਉਡੀਕ ਕਰ ਰਹੀਆਂ ਸਨ ਜਿਨਾਂ ਵਿੱਚ ਔਰਤਾਂ ਅਤੇ ਕੁੜੀਆਂ ਅਤੇ ਛੋਟੇ ਬੱਚੇ ਵੀ ਸ਼ਾਮਿਲ ਸਨ। ਇੰਨੇ ਚਿਰ ਨੂੰ ਮਹਿਤਾ ਵਾਲੀ ਸਾਈਡ ਤੋਂ ਇੱਕ ਟਰਾਲਾ ਨੰਬਰ ਆਰ ਜੇ 09 ਜੀ ਏ 6390 ਜੋ ਨੈਸ਼ਨਲ ਹਾਈਵੇ ਵਾਲਿਆਂ ਦਾ ਦੱਸਿਆ ਜਾ ਰਿਹਾ ਹੈ ਜਿਸ ਨੂੰ ਇੱਕ ਪ੍ਰਵਾਸੀ ਚਲਾ ਰਿਹਾ ਸੀ, ਅਚਾਨਕ ਹੀ ਸੜਕ ਦੇ ਕਿਨਾਰੇ ਖੜ੍ਹੀਆਂ ਸਵਾਰੀਆਂ ਉਪਰ ਚੜ੍ਹ ਗਿਆ। ਕਈ ਛੋਟੇ ਬੱਚੇ ਟਰਾਲੇ ਦੀ ਪਿਛਲੀ ਸਾਈਡ ਦੇ ਥੱਲੇ ਆ ਗਏ ਪਰ ਫਿਰ ਵੀ ਉਹ ਬਚ ਗਏ। ਇੱਕ ਔਰਤ ਜੋ ਪਿੰਡ ਸੈਦੋਲੇਹਲ ਦੀ ਦੱਸੀ ਜਾ ਰਹੀ ਹੈ, ਦੀ ਲੱਤ ਟੁੱਟ ਗਈ ਅਤੇ ਇੱਕ ਬੱਚੀ ਦਾ ਪੈਰ ਟੁੱਟ ਗਿਆ। ਮੌਕੇ 'ਤੇ ਕੁਝ ਲੋਕਾਂ ਵੱਲੋਂ 108 'ਤੇ ਕਾਲ ਕੀਤੀ ਗਈ ਅਤੇ 112 ਨੰਬਰ 'ਤੇ ਪੁਲਸ ਨੂੰ ਵੀ ਸੂਚਿਤ ਕੀਤਾ ਗਿਆ। ਮੌਕੇ 'ਤੇ ਥਾਣਾ ਤ੍ਰਸਿੱਕਾ ਦੀ ਪੁਲਸ ਨੇ ਪਹੁੰਚ ਕੇ ਟਰਾਲੇ ਨੂੰ ਕਾਬੂ ਵਿੱਚ ਲੈ ਕੇ ਕਾਰਵਾਈ ਸ਼ੁਰੂ ਕਰ ਦਿੱਤੀ। ਟਰੱਕ ਦੇ ਡਰਾਈਵਰ ਨੂੰ ਮੌਕੇ 'ਤੇ ਕਾਬੂ ਕਰ ਲਿਆ ਸੀ ਪਰ ਭੀੜ ਦਾ ਫਾਇਦਾ ਉਠਾ ਕੇ ਉਹ ਮੌਕੇ ਤੋਂ ਭੱਜਣ ਵਿੱਚ ਕਾਮਯਾਬ ਹੋ ਗਿਆ ।

# ਆਈਡੀਐੱਫਸੀ ਫਰਸਟ ਬੈਂਕ ਦਾ ਪਹਿਲੀ ਤਿਮਾਹੀ ਦਾ ਮੁਨਾਫ਼ਾ 1,075 ਕਰੋੜ ਤੱਕ ਪਹੁੰਚਿਆ

**ਅੰਮ੍ਰਿਤਸਰ** : ਆਈਡੀਐੱਫਸੀ ਫਰਸਟ ਬੈਂਕ ਨੇ ਵਿੱਤੀ ਸਾਲ 2026-27 ਦੀ ਪਹਿਲੀ ਤਿਮਾਹੀ (ਅਪ੍ਰੈਲ-ਜੂਨ) ਦੇ ਨਤੀਜੇ ਜਾਰੀ ਕਰਦਿਆਂ 1,075 ਕਰੋੜ ਦਾ ਟੈਕਸ ਤੋਂ ਬਾਅਦ ਮੁਨਾਫ਼ਾ ਦਰਜ ਕੀਤਾ ਹੈ।ਇਹ ਪਿਛਲੇ ਵਿੱਤੀ ਸਾਲ ਦੀ ਇਸੇ ਤਿਮਾਹੀ ਦੇ 463 ਕਰੋੜ ਦੇ ਮੁਕਾਬਲੇ 132.4 ਫੀਸਦੀ ਵੱਧ ਹੈ।30 ਜੂਨ 2026 ਤੱਕ ਬੈਂਕ ਦਾ ਕੁੱਲ ਗਾਹਕ ਕਾਰੋਬਾਰ (ਕਰਜ਼ੇ ਅਤੇ ਜਮ੍ਹਾ ਰਕਮ) ਵੱਧ ਕੇ 6,04,776 ਕਰੋੜ ਹੋ ਗਿਆ, ਜੋ ਇੱਕ ਸਾਲ ਪਹਿਲਾਂ 5,10,031 ਕਰੋੜ ਸੀ। ਇਸ ਵਿੱਚ ਸਾਲਾਨਾ ਆਧਾਰ ਤੇ 18.6 ਫੀਸਦੀ ਅਤੇ ਤਿਮਾਹੀ ਆਧਾਰ 'ਤੇ 5.2 ਫੀਸਦੀ ਦਾ ਵਾਧਾ ਦਰਜ ਕੀਤਾ ਗਿਆ।ਬੈਂਕ ਦੇ ਕਰਜ਼ੇ ਅਤੇ ਅਡਵਾਂਸ 20.6 ਫੀਸਦੀ ਵਧ ਕੇ 3,05,370 ਕਰੋੜ ਹੋ ਗਏ।ਰਿਟੇਲ, ਖੇਤੀਬਾੜੀ ਅਤੇ ਐੱਮਐੱਸਐੱਮਈ ਪੋਰਟਫੋਲੀਓ 18.2 ਫੀਸਦੀ ਵਧ ਕੇ 2,41,118 ਕਰੋੜ ਹੋ ਗਿਆ, ਜਦਕਿ ਹੋਲਸੇਲ ਪੋਰਟਫੋਲੀਓ 30.4 ਫੀਸਦੀ ਦੇ ਵਾਧੇ ਨਾਲ 64,252 ਕਰੋੜ ਤੱਕ ਪਹੁੰਚ ਗਿਆ।ਬੈਂਕ ਦੀ ਜਮ੍ਹਾ ਰਕਮ ਵਿੱਚ ਵੀ ਵਾਧਾ ਦਰਜ ਕੀਤਾ ਗਿਆ ਅਤੇ ਅਨੁਪਾਤ 50.8 ਫੀਸਦੀ ਰਿਹਾ, ਜੋ ਮਜ਼ਬੂਤ ਘੱਟ-ਲਾਗਤ ਜਮ੍ਹਾ ਦੇ ਆਧਾਰ ਨੂੰ ਦਰਸਾਉਂਦਾ ਹੈ।ਤਿਮਾਹੀ ਦੌਰਾਨ ਅੈਸੇਟ ਕੁਆਲਿਟੀ ਵਿੱਚ ਵੀ ਸੁਧਾਰ ਆਇਆ।ਗ੍ਰੋਸ ਐੱਨਪੀਏ ਘਟ ਕੇ 1.51 ਫੀਸਦੀ ਅਤੇ ਨੈੱਟ ਐੱਨਪੀਏ 0.44 ਫੀਸਦੀ ਰਹਿ ਗਿਆ।ਪੋਰਟਫੋਲੀਓ ਦਾ ਗ੍ਰੋਸ ਐੱਨਪੀਏ 1.40 ਫੀਸਦੀ ਅਤੇ ਨੈੱਟ ਐੱਨਪੀਏ 0.52 ਫੀਸਦੀ ਦਰਜ ਕੀਤਾ ਗਿਆ। ਬੈਂਕ ਨੇ ਇਸ ਵਧੀਆ ਕਾਰਗੁਜ਼ਾਰੀ ਦਾ ਸਿਹਰਾ ਮੁੱਖ ਕਰਜ਼ਾ ਖੰਡਾਂ ਵਿੱਚ ਵਾਧੇ ਅਤੇ ਐਸੇਟ ਕੁਆਲਿਟੀ ਵਿੱਚ ਸੁਧਾਰ ਨੂੰ ਦਿੱਤਾ।

# ਕਿਰਤੀ ਕਿਸਾਨ ਯੂਨੀਅਨ ਬਲਾਕ ਤਰਨਤਾਰਨ ਦਾ ਅਜਲਾਸ ਤੇ ਨਵੀਂ ਕਮੇਟੀ ਦੀ ਚੋਣ



**ਵਲਟੋਹਾ (ਰਣਜੀਤ ਸਿੰਘ ਵਲਟੋਹਾ)**- ਕਿਰਤੀ ਕਿਸਾਨ ਯੂਨੀਅਨ ਬਲਾਕ ਤਰਨ ਤਾਰਨ ਦਾ ਚੋਣ ਅਜਲਾਸ ਤਰਨ ਤਾਰਨ ਵਿਖੇ ਜ਼ਿਲ੍ਹਾ ਪ੍ਰਧਾਨ ਨਛੱਤਰ ਸਿੰਘ ਦੀ ਅਗਵਾਈ ਹੇਠ ਸਫਲਤਾਪੂਰਵਕ ਨੇਪਰੇ ਚੜ੍ਹਿਆ।ਅਜਲਾਸ ਦੇ ਸ਼ੁਰੂ ਵਿੱਚ ਦਿੱਲੀ ਦੇ ਸ਼ਹੀਦ ਕਿਸਾਨਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਨਛੱਤਰ ਸਿੰਘ ਵੱਲੋਂ ਪੇਸ਼ ਕੀਤੀ ਰਿਪੋਰਟ 'ਤੇ ਚਰਚਾ ਉਪਰੰਤ ਸਰਬਸੰਮਤੀ ਨਾਲ 7 ਮੈਂਬਰੀ ਬਲਾਕ ਕਮੇਟੀ ਦੀ ਚੋਣ ਕੀਤੀ ਗਈ ਜਿਸ ਵਿੱਚ ਅਰਮਾਨਪ੍ਰੀਤ ਸਿੰਘ ਗੋਰਖਾ ਪ੍ਰਧਾਨ, ਨਿਰਮਲ ਸਿੰਘ ਚੁਤਾਲਾ ਨੂੰ ਮੀਤ ਪ੍ਰਧਾਨ, ਅੰਗਰੇਜ਼ ਸਿੰਘ ਵਲੀਪੁਰ ਸਕੱਤਰ, ਨਮਨ ਸ਼ਰਮਾ ਖਜਾਨਚੀ ਅਤੇ ਬਲਜਿੰਦਰ ਸਿੰਘ ਨੌਨੇ ਪ੍ਰੈੱਸ ਸਕੱਤਰ ਚੁਣੇ ਗਏ।ਇਸ ਤੋਂ ਇਲਾਵਾ ਬਲਵੰਤ ਸਿੰਘ ਖਹਿਰਾ, ਹਰਵਿੰਦਰ ਸਿੰਘ ਵਲੀਪੁਰ, ਪਲਵਿੰਦਰ ਸਿੰਘ ਜੋਧਪੁਰ, ਕੰਵਲਦੀਪ ਸਿੰਘ ਤਰਨਤਾਰਨ, ਪੰਜਾਬ ਸਿੰਘ, ਕੁਲਦੀਪ ਸਿੰਘ ਮੰਤਰੀ ਗੋਰਖਾ ਬਲਾਕ ਕਮੇਟੀ ਮੈਂਬਰ ਚੁਣੇ ਗਏ।ਇਸ ਮੌਕੇ ਸੰਬੋਧਨ ਕਰਦਿਆਂ ਨਛੱਤਰ ਸਿੰਘ ਪੰਨੂ ਨੇ ਕਿਹਾ ਕਿ ਦੇਸ਼ ਦੀ ਕਿਸਾਨੀ ਗੰਭੀਰ ਸੰਕਟ ਦਾ ਸ਼ਿਕਾਰ ਹੈ, ਫਸਲਾਂ ਦੇ ਭਾਅ ਘੱਟ ਮਿਲਣ ਕਰਕੇ ਕਿਸਾਨੀ ਸਿਰ ਕਰਜ਼ਾ ਲਗਾਤਾਰ ਵੱਧ ਰਿਹਾ ਹੈ।ਆਉਣ ਵਾਲੇ ਦਿਨਾਂ 'ਚ ਜੇਕਰ ਭਾਰਤ ਅਮਰੀਕਾ ਮੁਕਤ ਵਪਾਰ ਸਮਝੌਤਾ ਹੋ ਜਾਂਦਾ ਤਾਂ ਇਹ ਕਿਸਾਨਾਂ ਦੀ ਮੌਤ ਦੇ ਵਾਰੰਟ ਜਾਰੀ ਕਰਨਾ ਹੋਵੇਗਾ।ਇਸ ਦੀ ਪੁਖਤਾ ਉਦਾਹਰਣ ਪਿਛਲੇ ਸਾਲ ਭਾਰਤ ਸਰਕਾਰ ਨੇ ਅਮਰੀਕਾ ਤੋਂ ਦਰਾਮਦ ਕੀਤੀ ਕਪਾਹ 'ਤੇ 11 ਪ੍ਰਤੀਸ਼ਤ ਡਿਊਟੀ ਘੱਟ ਕਰਕੇ 0 ਪ੍ਰਤੀਸ਼ਤ ਕਰ ਦਿੱਤੀ, ਜਿਸ ਕਾਰਨ ਕਪਾਹ ਦਾ ਰੇਟ ਪ੍ਰਤੀ ਕਵਿੰਟਲ 1500 ਤੋਂ 2000 ਤੱਕ ਘਟ ਗਿਆ।ਸਿੱਟੇ ਵਜੋਂ ਗੁਜਰਾਤ ਤੇ ਮਹਾਂਰਾਸ਼ਟਰ ਦਾ ਕਪਾਹ ਪੈਦਾ ਕਰਨ ਵਾਲਾ ਕਿਸਾਨ ਆਰਥਿਕ ਤੌਰ 'ਤੇ ਉੱਜੜ ਗਿਆ ਹੈ।

# ਅਸ਼ੀਰਵਾਦ ਸਕੀਮ ਤਹਿਤ 28.01 ਕਰੋੜ ਦੀ ਰਾਸ਼ੀ ਜਾਰੀ : ਡਾ. ਬਲਜੀਤ ਕੌਰ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਲੋੜਵੰਦ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਦੇ ਸਤਿਕਾਰ ਅਤੇ ਧੀਆਂ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਵਿੱਤੀ ਸਾਲ 2026-27 ਦੌਰਾਨ ਅਸ਼ੀਰਵਾਦ ਸਕੀਮ ਅਧੀਨ ਅਨੁਸੂਚਿਤ ਜਾਤੀਆਂ ਦੇ 5,492 ਲਾਭਪਾਤਰੀਆਂ ਲਈ 28.01 ਕਰੋੜ ਦੀ ਰਾਸ਼ੀ ਜਾਰੀ ਕੀਤੀ ਗਈ ਹੈ।ਇਸ ਸੰਬੰਧੀ ਹੋਰ ਜਾਣਕਾਰੀ ਦਿੰਦਿਆਂ ਪੰਜਾਬ ਦੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਸੂਬੇ ਦੇ 19 ਜ਼ਿਲ੍ਹਿਆਂ ਦੇ ਯੋਗ ਲਾਭਪਾਤਰੀਆਂ ਲਈ ਇਹ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਗਈ ਹੈ, ਤਾਂ ਜੋ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰ ਆਪਣੀਆਂ ਧੀਆਂ ਦੇ ਵਿਆਹ ਦੇ ਖਰਚੇ ਪੂਰੇ ਸਤਿਕਾਰ ਅਤੇ ਆਤਮ-ਵਿਸ਼ਵਾਸ ਨਾਲ ਕਰ ਸਕਣ।ਕੈਬਨਿਟ ਮੰਤਰੀ ਨੇ ਦੱਸਿਆ ਕਿ ਅਸ਼ੀਰਵਾਦ ਪੋਰਟਲ 'ਤੇ ਪ੍ਰਾਪਤ ਹੋਈਆਂ ਦਰਖਾਸਤਾਂ ਦੇ ਆਧਾਰ 'ਤੇ ਬਰਨਾਲਾ, ਬਠਿੰਡਾ, ਫਰੀਦਕੋਟ, ਫਿਰੋਜ਼ਪੁਰ, ਫਤਹਿਗੜ੍ਹ ਸਾਹਿਬ, ਫਾਜ਼ਿਲਕਾ, ਗੁਰਦਾਸਪੁਰ, ਹੁਸ਼ਿਆਰਪੁਰ, ਜਲੰਧਰ, ਲੁਧਿਆਣਾ, ਮੋਗਾ, ਸ੍ਰੀ ਮੁਕਤਸਰ ਸਾਹਿਬ, ਪਟਿਆਲਾ, ਪਠਾਨਕੋਟ, ਰੂਪਨਗਰ, ਐਸ.ਏ.ਐਸ. ਨਗਰ, ਐਸ.ਬੀ.ਐਸ. ਨਗਰ, ਸੰਗਰੂਰ ਅਤੇ ਮਾਲੇਰਕੋਟਲਾ ਦੇ ਲਾਭਪਾਤਰੀਆਂ ਨੂੰ ਇਸ ਤਾਜ਼ਾ ਜਾਰੀ ਹੋਈ ਗ੍ਰਾਂਟ/ਸਹਾਇਤਾ ਹੇਠ ਕਵਰ ਕੀਤਾ ਗਿਆ ਹੈ।ਸਮਾਜਿਕ ਨਿਆਂ ਮੰਤਰੀ ਨੇ ਜ਼ਿਲ੍ਹਾ-ਵਾਰ ਅੰਕੜੇ ਸਾਂਝੇ ਕਰਦਿਆਂ ਦੱਸਿਆ ਕਿ ਇਸ ਜਾਰੀ ਕੀਤੀ ਗਈ ਰਾਸ਼ੀ ਨਾਲ ਜ਼ਿਲ੍ਹਾ ਫਾਜ਼ਿਲਕਾ ਦੇ 882, ਪਟਿਆਲਾ ਦੇ 611, ਫਿਰੋਜ਼ਪੁਰ ਦੇ 604, ਲੁਧਿਆਣਾ ਦੇ 403, ਮੋਗਾ ਦੇ 400, ਸ੍ਰੀ ਮੁਕਤਸਰ ਸਾਹਿਬ ਦੇ 384, ਹੁਸ਼ਿਆਰਪੁਰ ਦੇ 333, ਗੁਰਦਾਸਪੁਰ ਦੇ 297, ਬਰਨਾਲਾ ਦੇ 288 ਅਤੇ ਐਸ.ਬੀ.ਐਸ. ਨਗਰ ਦੇ 219 ਲਾਭਪਾਤਰੀਆਂ ਨੂੰ ਵਿੱਤੀ ਰਾਹਤ ਪ੍ਰਦਾਨ ਕੀਤੀ ਗਈ ਹੈ।ਇਸੇ ਤਰ੍ਹਾਂ ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਬਠਿੰਡਾ ਦੇ 163, ਫਤਹਿਗੜ੍ਹ ਸਾਹਿਬ ਦੇ 160, ਸੰਗਰੂਰ ਦੇ 160, ਐਸ.ਏ.ਐਸ. ਨਗਰ ਦੇ 114, ਜਲੰਧਰ ਦੇ 114, ਰੂਪਨਗਰ ਦੇ 104, ਫਰੀਦਕੋਟ ਦੇ 103, ਮਾਲੇਰਕੋਟਲਾ ਦੇ 95 ਅਤੇ ਪਠਾਨਕੋਟ ਜ਼ਿਲ੍ਹੇ ਦੇ 58 ਅਨੁਸੂਚਿਤ ਜਾਤੀ ਲਾਭਪਾਤਰੀਆਂ ਨੂੰ ਵੀ ਇਸ ਸਕੀਮ ਦਾ ਲਾਭ ਦਿੱਤਾ ਗਿਆ ਹੈ। ਸਕੀਮ ਦੀਆਂ ਵਿਸ਼ੇਸ਼ਤਾਵਾਂ ਬਾਰੇ ਚਾਨਣਾ ਪਾਉਂਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਯੋਗ ਪਰਿਵਾਰਾਂ ਨੂੰ ਧੀਆਂ ਦੇ ਵਿਆਹ ਲਈ 51,000 ਦੀ ਆਰਥਿਕ ਮਦਦ ਦਿੱਤੀ ਜਾਂਦੀ ਹੈ।

# ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਅਹਿਮ ਵਿਚਾਰ-ਵਟਾਂਦਰਾ



**ਚੋਹਲਾ ਸਾਹਿਬ (ਰਮਨ ਚੱਢਾ)**- ਰਾਹੁਲ ਗਾਂਧੀ ਏਕਤਾ ਸੰਗਠਨ ਆਲ ਇੰਡੀਆ ਦੀ ਮੀਟਿੰਗ ਚੋਹਲਾ ਸਾਹਿਬ ਵਿਖੇ ਬਾਬਾ ਨਿਰਵੈਲ ਸਿੰਘ ਦੇ ਗ੍ਰਹਿ ਵਿਖੇ ਹੋਈ।ਰਾਹੁਲ ਗਾਂਧੀ ਏਕਤਾ ਸੰਗਠਨ ਦੇ ਸੰਸਥਾਪਕ ਮੀਡੀਆ ਅਤੇ ਵਾਈਸ ਪ੍ਰਧਾਨ ਸੁਨੀਲ ਕੁਮਾਰ ਖੰਨਾ ਦੀਆਂ ਦਿਸ਼ਾ ਨਿਰਦੇਸ਼ਾਂ ਤਹਿਤ ਹੋਈ ਜਿਸ ਵਿੱਚ ਕਾਂਗਰਸ ਪਾਰਟੀ ਨੂੰ ਪਿੰਡਾਂ ਅਤੇ ਸ਼ਹਿਰਾਂ ਵਿੱਚ ਮਜ਼ਬੂਤ ਕਰਨ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਦੇ ਉਮੀਦਵਾਰਾਂ ਨੂੰ ਜਿਤਾਉਣ ਲਈ ਦਿਨ-ਰਾਤ ਇੱਕ ਕੀਤੀ ਜਾਵੇਗੀ। ਇਸ ਮੌਕੇ ਹਾਜ਼ਰ ਸੀਨੀਅਰ ਕਾਂਗਰਸੀ ਆਗੂ ਮਨਮੋਹਨ ਸਿੰਘ, ਥਾਣੇਦਾਰ ਬਲਵਿੰਦਰ ਸਿੰਘ ਸ਼ਿਮਲਾ, ਮੈਂਬਰ ਪੰਚਾਇਤ ਬਾਬਾ ਨਿਰਵੈਲ ਸਿੰਘ, ਆਲ ਇੰਡੀਆ ਜਨਰਲ ਸੈਕਟਰੀ ਨਿਰਮਲ ਸਿੰਘ, ਜ਼ਿਲ੍ਹਾ ਵਾਈਸ ਪ੍ਰਧਾਨ ਸੂਬੇਦਾਰ ਦਿਲਬਾਗ ਸਿੰਘ ਕਰਮੋਲਾ, ਚੇਅਰਮੈਨ ਮਾਝਾ ਜ਼ੋਨ ਸਾਧੂ ਸਿੰਘ, ਜ਼ਿਲ੍ਹਾ ਜਨਰਲ ਸਕੱਤਰ ਪ੍ਰਧਾਨ ਜੋਗਾ ਸਿੰਘ, ਮੰਗਲ ਸਿੰਘ ਫੌਜੀ, ਬਾਬਾ ਸੱਜਣ ਸਿੰਘ, ਬਾਬਾ ਗੱਜਣ ਸਿੰਘ, ਅਮਰੀਕ ਸਿੰਘ, ਕਾਲਾ ਸਿੰਘ, ਬਲਰਾਮ ਸਿੰਘ, ਮੱਸਾ ਸਿੰਘ, ਬਿੰਦਰ ਸਿੰਘ ਰੱਤੋ ਕੇ, ਬਾਬਾ ਜਰਨੈਲ ਸਿੰਘ, ਪ੍ਰਧਾਨ ਐੱਸਸੀ ਸੈੱਲ ਆਦਿ ਆਗੂ ਹਾਜ਼ਰ ਸਨ।

# ਪਨੂੰ ਨੇ ਪਿੰਡ ਭਾਰਥਵਾਲ 'ਚ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ



**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਹਲਕਾ ਫਤਿਹਗੜ੍ਹ ਚੂੜੀਆਂ ਦੇ ਪਿੰਡ ਭਾਰਥਵਾਲ ਵਿਖੇ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਲਈ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਪਿੰਡ ਪਹੁੰਚੇ। ਲੋਕਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣੀਆਂ।ਇਸ ਦੌਰਾਨ ਲੋਕਾਂ ਨੂੰ ਮਾਨ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਯੋਜਨਾਵਾਂ ਦੇ ਬਾਰੇ ਵਿੱਚ ਵੀ ਜਾਣੂ ਕਰਵਾਇਆ ਗਿਆ।ਇਸ ਮੌਕੇ ਨਿਰੰਜਣ ਸਿੰਘ, ਸਰਪੰਚ ਗੁਰਮੀਤ ਕੌਰ, ਪੰਚ ਮਲਕੀਤ ਸਿੰਘ, ਪੰਚ ਹਰਪਾਲ ਸਿੰਘ, ਪੰਚ ਹਰਪ੍ਰੀਤ, ਪੰਚ ਸੁਰਜੀਤ ਸਿੰਘ, ਬਲਜੀਤ ਸਿੰਘ, ਬੁੱਧ ਸਿੰਘ, ਪੰਚ ਅਮਨਦੀਪ ਕੌਰ, ਭੁਪਿੰਦਰ ਕੌਰ, ਸਰਬਜੀਤ ਕੌਰ, ਪਰਮਜੀਤ ਕੌਰ, ਹਰਮਨਪ੍ਰੀਤ ਸਿੰਘ, ਅਕਾਸ਼ਦੀਪ ਸਿੰਘ, ਚੌਂਕੀਦਾਰ ਬਲਵਿੰਦਰ ਸਿੰਘ, ਲੰਬੜਦਾਰ ਬਲਵਿੰਦਰ ਸਿੰਘ, ਨਰਿੰਦਰ ਸਿੰਘ ਡਿੱਪੂ ਹੋਲਡਰ ਸਮੇਤ ਵੱਡੀ ਤਾਦਾਦ ਵਿੱਚ ਪਿੰਡ ਦੇ ਲੋਕਾਂ ਵੱਲੋਂ ਸ਼ਮੂਲੀਅਤ ਕੀਤੀ ਗਈ।

# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਦੀ ਬੱਸ ਰਵਾਨਾ

**ਹੁਸ਼ਿਆਰਪੁਰ (ਓ ਪੀ ਰਾਣਾ)**- ਪੰਜਾਬ ਸਰਕਾਰ ਦੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਦੇ ਪਿੰਡ ਖਾਨਪੁਰ ਥਿਆੜਾ ਤੋਂ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਦਰਸ਼ਨਾਂ ਲਈ ਜਾਣ ਵਾਲੇ ਸ਼ਰਧਾਲੂਆਂ ਦੀ ਬੱਸ ਨੂੰ ਪੰਜਾਬ ਦੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ, ਪੰਚਾਇਤ ਮੈਂਬਰ ਅਤੇ ਸ਼ਰਧਾਲੂ ਹਾਜ਼ਰ ਸਨ।ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕ ਭਲਾਈ ਨੂੰ ਸਮਰਪਿਤ ਸਰਕਾਰ ਹੈ, ਜੋ ਹਰ ਵਰਗ ਦੀਆਂ



ਭਾਵਨਾਵਾਂ ਦਾ ਸਤਿਕਾਰ ਕਰਦਿਆਂ ਧਾਰਮਿਕ ਆਸਥਾ ਨਾਲ ਜੁੜੀਆਂ ਯੋਜਨਾਵਾਂ ਨੂੰ ਵੀ ਤਰਜੀਹ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦਾ ਉਦੇਸ਼ ਉਨ੍ਹਾਂ ਸ਼ਰਧਾਲੂਆਂ ਨੂੰ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣਾ ਹੈ, ਜੋ ਕਿਸੇ ਕਾਰਨ ਕਰਕੇ ਆਪਣੇ ਪੱਧਰ 'ਤੇ ਯਾਤਰਾ ਕਰਨ ਵਿੱਚ ਅਸਮਰੱਥ ਹਨ।ਡਾ. ਰਵਜੋਤ ਸਿੰਘ ਨੇ ਕਿਹਾ ਕਿ ਇਸ ਯੋਜਨਾ ਰਾਹੀਂ ਪੰਜਾਬ ਸਰਕਾਰ ਵੱਲੋਂ ਯਾਤਰੀਆਂ ਲਈ ਆਵਾਜਾਈ ਸਮੇਤ ਲੋੜੀਂਦੀਆਂ ਸਹੂਲਤਾਂ ਦਾ ਪ੍ਰਬੰਧ ਕੀਤਾ ਜਾਂਦਾ ਹੈ, ਤਾਂ ਜੋ ਉਹ ਬਿਨਾਂ ਕਿਸੇ ਪਰੇਸ਼ਾਨੀ ਦੇ ਆਪਣੀ ਧਾਰਮਿਕ ਯਾਤਰਾ ਸੰਪੂਰਨ ਕਰ ਸਕਣ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮਕਸਦ ਸਿਰਫ਼ ਵਿਕਾਸ ਕਾਰਜ ਕਰਵਾਉਣਾ ਹੀ ਨਹੀਂ, ਸਗੋਂ ਲੋਕਾਂ ਦੀਆਂ ਸਮਾਜਿਕ ਅਤੇ ਧਾਰਮਿਕ ਭਾਵਨਾਵਾਂ ਦਾ ਵੀ ਪੂਰਾ ਸਤਿਕਾਰ ਕਰਨਾ ਹੈ ।ਉਨ੍ਹਾਂ ਕਿਹਾ ਕਿ ਇਹ ਯੋਜਨਾ ਸਮਾਜ ਦੇ ਹਰ ਵਰਗ ਲਈ ਬਹੁਤ ਹੀ ਲਾਭਦਾਇਕ ਸਾਬਤ ਹੋ ਰਹੀ ਹੈ।ਇਸ ਮੌਕੇ ਸਰਪੰਚ ਬਲਰਾਜ ਸਿੰਘ, ਜਸਪਾਲ ਕੌਰ, ਪ੍ਰੇਮ ਕੁਮਾਰ, ਸਤਪਾਲ ਨੀਟਾ, ਸਤਨਾਮ ਸਿੰਘ, ਹਰਦੇਵ ਸਿੰਘ, ਕੁਲਵਿੰਦਰ ਰਾਮ, ਸੁਰਜੀਤ ਸਿੰਘ, ਰਾਮ ਆਸਰਾ, ਦਲਜੀਤ ਕੌਰ, ਗੁਰਬਖਸ਼ ਕੌਰ, ਜਗਦੀਸ਼ ਕੌਰ, ਹਰਬੰਸ ਕੌਰ ਆਦਿ ਵੀ ਮੌਜੂਦ ਸਨ।

# ਫੀਡਰ ਝਬਾਲ ਦੀ ਬਿਜਲੀ ਸਪਲਾਈ ਕਈ ਦਿਨਾਂ ਤੋਂ ਬੰਦ; ਆਸ-ਪਾਸ ਦੇ ਪਿੰਡਾਂ 'ਚ ਲੋਕ ਔਖੇ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)**- ਪੰਜਾਬ 'ਚ ਬਿਜਲੀ ਸਪਲਾਈ ਦੀ ਮਾੜੀ ਹਾਲਤ ਅਤੇ ਵਾਰ-ਵਾਰ ਲੱਗ ਰਹੇ ਕੱਟਾਂ ਕਾਰਨ ਆਮ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਇਹ ਪ੍ਰਗਟਾਵਾ



ਕਾਮਰੇਡ ਮਨਜੀਤ ਸਿੰਘ ਝਬਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਅੱਤ ਦੀ ਗਰਮੀ ਦੇ ਮੌਸਮ 'ਚ ਲੋਕਾਂ ਨੂੰ ਨਿਰਵਿਘਨ ਬਿਜਲੀ ਦੀ ਸਭ ਤੋਂ ਵੱਧ ਲੋੜ ਹੈ, ਪਰ ਲਗਾਤਾਰ ਕੱਟਾਂ ਕਾਰਨ ਘਰੇਲੂ ਖਪਤਕਾਰਾਂ ਦੇ ਨਾਲ-ਨਾਲ ਕਿਸਾਨਾਂ, ਮਜ਼ਦੂਰਾਂ ਅਤੇ ਛੋਟੇ ਕਾਰੋਬਾਰੀਆਂ ਨੂੰ ਵੀ ਭਾਰੀ ਖੱਜਲ-ਖੁਆਰੀ ਝੱਲਣੀ ਪੈ ਰਹੀ ਹੈ।ਕਾਮਰੇਡ ਮਨਜੀਤ ਸਿੰਘ ਨੇ ਦੱਸਿਆ ਕਿ ਝਬਾਲ ਫੀਡਰ ਦੀ ਬਿਜਲੀ ਸਪਲਾਈ ਪਿਛਲੇ ਕਈ ਦਿਨਾਂ ਤੋਂ ਬੰਦ ਪਈ ਹੈ।ਇਸ ਕਾਰਨ ਝਬਾਲ ਅਤੇ ਨਾਲ ਲੱਗਦੇ ਪਿੰਡਾਂ ਦੇ ਲੋਕਾਂ ਨੂੰ ਸਖ਼ਤ ਗਰਮੀ 'ਚ ਬਿਨਾਂ ਬਿਜਲੀ ਦੇ ਦਿਨ ਕੱਟਣੇ ਪੈ ਰਹੇ ਹਨ।ਕਾਮਰੇਡ ਮਨਜੀਤ ਸਿੰਘ ਨੇ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਮਾਨ ਤੋਂ ਮੰਗ ਕੀਤੀ ਕਿ ਬਿਜਲੀ ਮੁਲਾਜ਼ਮਾਂ ਨਾਲ ਤੁਰੰਤ ਗੱਲਬਾਤ ਕਰਕੇ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦਾ ਹੱਲ ਕੀਤਾ ਜਾਵੇ, ਝਬਾਲ ਫੀਡਰ ਦੀ ਬਿਜਲੀ ਸਪਲਾਈ ਤੁਰੰਤ ਬਹਾਲ ਕੀਤੀ ਜਾਵੇ, ਬਿਜਲੀ ਪ੍ਰਬੰਧਾਂ ਨੂੰ ਸੁਚਾਰੂ ਬਣਾਇਆ ਜਾਵੇ ਅਤੇ ਲੋਕਾਂ ਨੂੰ ਨਿਯਮਤ ਬਿਜਲੀ ਸਪਲਾਈ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਜਲਦੀ ਬਿਜਲੀ ਸਪਲਾਈ 'ਚ ਸੁਧਾਰ ਨਾ ਕੀਤਾ ਤਾਂ ਲੋਕਾਂ ਦੀਆਂ ਮੁਸ਼ਕਲਾਂ ਨੂੰ ਲੈ ਕੇ ਜਨਤਕ ਪੱਧਰ 'ਤੇ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ।

# ਪੰਜਾਬ ਨੂੰ ਵਿਕਾਸ ਦੇ ਰਾਹ 'ਤੇ ਕਾਂਗਰਸ ਹੀ ਲਿਆ ਸਕਦੀ ਐ : ਦਿਨੇਸ਼ ਬੱਸੀ

**ਛੇਹਰਟਾ, (ਮਨੋਜ ਕੁਮਾਰ)** : ਇੰਪਰੂਵਮੈਂਟ ਟਰੱਸਟ ਅੰਮ੍ਰਿਤਸਰ ਦੇ ਸਾਬਕਾ ਚੇਅਰਮੈਨ ਤੇ ਸੀਨੀਅਰ ਕਾਂਗਰਸੀ ਆਗੂ ਦਿਨੇਸ਼ ਬੱਸੀ ਨੇ ਹਲਕਾ ਪੂਰਬੀ ਦੇ ਸੁੰਦਰ ਨਗਰ, ਗਲੀ ਨੰਬਰ 9 ਵਿੱਚ ਕਾਂਗਰਸੀ ਨੇਤਾ ਰਾਜੇਸ਼ ਬੱਬੂ ਦੀ ਅਗਵਾਈ ਹੇਠ ਇਲਾਕਾ ਵਾਸੀਆਂ ਨਾਲ ਰੂ-ਬ-ਰੂ ਹੋ ਕੇ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਸਮਰਥਨ ਮੰਗਿਆ। ਇਸ ਮੌਕੇ ਦਿਨੇਸ਼ ਬੱਸੀ ਨੇ ਆਪਣੇ ਸੰਬੋਧਨ 'ਚ ਕਿਹਾ ਕਿ ਇਕ ਸਮਾਂ ਸੀ ਜਦੋਂ ਪੰਜਾਬ ਦੇਸ਼ ਦੇ ਸਭ ਤੋਂ ਅੱਗੇ ਵਧਦੇ ਸੂਬਿਆਂ ਵਿਚ ਸ਼ਾਮਲ ਸੀ, ਪਰ ਅੱਜ ਹਾਲਾਤ ਇਹ ਹਨ ਕਿ ਪੰਜਾਬ



ਉਨ੍ਹਾਂ ਰਾਜਾਂ ਤੋਂ ਵੀ ਪਿੱਛੇ ਰਹਿ ਗਿਆ ਹੈ ਜੋ ਕਦੇ ਵਿਕਾਸ ਦੇ ਮਾਮਲੇ ਵਿਚ ਕਾਫ਼ੀ ਪਿੱਛੇ ਸਨ। ਉਨ੍ਹਾਂ ਕਿਹਾ ਕਿ ਅੱਜ ਰੁਜ਼ਗਾਰ ਦੀ ਕਮੀ ਕਾਰਨ ਪੰਜਾਬ ਦੇ ਨੌਜਵਾਨ ਵਿਦੇਸ਼ ਵੱਲ ਰੁਖ ਕਰ ਰਹੇ ਹਨ, ਜੋ ਸੂਬੇ ਲਈ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਪੰਜਾਬ ਨੂੰ ਨਸ਼ੇ ਦੀ ਮਾਰ ਝੱਲਣੀ ਪਈ ਤੇ ਹੁਣ ਗੈਂਗਸਟਰਵਾਦ ਨੇ ਲੋਕਾਂ ਦੀ ਚਿੰਤਾ ਹੋਰ ਵਧਾ ਦਿੱਤੀ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਨੂੰ ਕਰਜ਼ੇ ਦੇ ਬੋਝ ਹੇਠ ਦਬਾਅ ਦਿੱਤਾ ਹੈ ਤੇ ਵਿਕਾਸ ਦੀ ਰਫ਼ਤਾਰ ਰੁਕ ਗਈ ਹੈ। ਉਨ੍ਹਾਂ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਕਾਰਜਕਾਲ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਅਜਿਹੇ ਲੋਕ-ਹਿਤੈਸ਼ੀ ਫ਼ੈਸਲੇ ਲਏ, ਜਿਨ੍ਹਾਂ ਨੂੰ ਅੱਜ ਵੀ ਲੋਕ ਯਾਦ ਕਰਦੇ ਹਨ। ਉਨ੍ਹਾਂ ਕਿਹਾ ਕਿ ਹੁਣ ਪੰਜਾਬ ਨੂੰ ਮੁੜ ਵਿਕਾਸ ਦੀ ਰਾਹ 'ਤੇ ਲਿਆਉਣ ਦੀ ਜ਼ਿੰਮੇਵਾਰੀ ਕਾਂਗਰਸ ਹੀ ਨਿਭਾਅ ਸਕਦੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ 2027 ਵਿਚ ਵੋਟ ਪਾਉਣ ਸਮੇਂ ਉਸ ਵਿਅਕਤੀ ਨੂੰ ਚੁਣੋ, ਜੋ ਹਰ ਸੁੱਖ-ਦੁੱਖ ਵਿਚ ਤੁਹਾਡੇ ਨਾਲ ਖੜ੍ਹਾ ਰਿਹਾ ਹੋਵੇ। ਉਨ੍ਹਾਂ ਭਰੋਸਾ ਦਿੱਤਾ ਕਿ ਜੇਕਰ ਲੋਕ ਉਨ੍ਹਾਂ ਨੂੰ ਵਿਧਾਨ ਸਭਾ ਤਕ ਪਹੁੰਚਣ ਦਾ ਮੌਕਾ ਦਿੰਦੇ ਹਨ ਤਾਂ ਹਲਕੇ ਵਿਚ ਉਦਯੋਗ ਸਥਾਪਤ ਕਰਵਾਉਣ ਲਈ ਪੂਰਾ ਯਤਨ ਕੀਤਾ ਜਾਵੇਗਾ। ਇਸ ਮੌਕੇ ਸੰਦੀਪ ਸ਼ਾਹ, ਬੱਬੂ ਪਹਿਲਵਾਨ, ਅਮਨਦੀਪ, ਮਨੀ ਪਾਰਸ, ਬਾਲਾ, ਮੋਨੂੰ, ਹਨੀ, ਵੇਸੂ, ਸੁਨੀਲ, ਚੈਰੀ, ਬੱਬਲੂ, ਕਾਕਾ ਤੇ ਪ੍ਰਿੰਸ ਸਮੇਤ ਵੱਡੀ ਗਿਣਤੀ ਵਿਚ ਇਲਾਕਾ ਵਾਸੀ ਮੌਜੂਦ ਸਨ।

# ਚੀਫ਼ ਖ਼ਾਲਸਾ ਦੀਵਾਨ ਵੱਲੋਂ ਵਿਸ਼ਾਲ ਅਲੌਕਿਕ ਕੀਰਤਨ ਦਰਬਾਰ 9 ਨੂੰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** ਸਿੱਖ ਪੰਥ ਦੀ ਸਿਰਮੌਰ ਸੰਸਥਾ ਚੀਫ਼ ਖ਼ਾਲਸਾ ਦੀਵਾਨ ਅਤੇ ਇਸ ਅਧੀਨ ਚੱਲ ਰਹੇ ਸਮੂਹ ਅਦਾਰਿਆਂ ਵੱਲੋਂ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅਲੌਕਿਕ ਕੀਰਤਨ



ਦਰਬਾਰ 9 ਅਗਸਤ ਦਿਨ ਐਤਵਾਰ ਨੂੰ ਸ਼ਾਮ 4:30 ਵਜੇ ਤੋਂ ਰਾਤ 9:30 ਵਜੇ ਤੱਕ ਸ੍ਰੀ ਗੁਰੂ ਹਰਿਕ੍ਰਿਸ਼ਨ ਸੀ. ਸੈਕੰਡਰੀ ਪਬਲਿਕ ਸਕੂਲ, ਜੀ. ਟੀ. ਰੋਡ ਵਿਖੇ ਵੱਡੇ ਪੱਧਰ ਤੇ ਆਯੋਜਿਤ ਕੀਤਾ ਜਾ ਰਿਹਾ ਹੈ ਜਿਸ ਦੀਆਂ ਤਿਆਰੀਆਂ ਦੇ ਸਬੰਧ ਵਿਚ ਦੀਵਾਨ ਦੇ ਮੁੱਖ ਦਫ਼ਤਰ ਵਿਖੇ ਵਿਸ਼ੇਸ਼ ਇਕੱਤਰਤਾ ਦਾ ਆਯੋਜਨ ਕੀਤਾ ਗਿਆ। ਮੀਟਿੰਗ ਦੌਰਾਨ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਦੀਵਾਨ ਅਧੀਨ ਚੱਲ ਰਹੀਆਂ ਵਿੱਦਿਅਕ ਸੰਸਥਾਵਾਂ ਗਿਆਨ ਦੀ ਛੜੀ ਨਾਲ ਵਿੱਦਿਆ ਦਾ ਦਾਨ ਬਖ਼ਸ਼ਣ ਵਾਲੇ ਸਾਹਿਬ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਨਾਮ ਹੇਠ ਸਫਲਤਾਪੂਰਵਕ ਚਲਾਈਆਂ ਜਾ ਰਹੀਆਂ ਹਨ ਅਤੇ ਬਾਲਾ ਪ੍ਰੀਤਮ ਜੀ ਦੇ ਪ੍ਰਕਾਸ਼ ਪੁਰਬ ਦੇ ਮੌਕੇ ਤੇ ਹਰ ਸਾਲ ਚੀਫ਼ ਖ਼ਾਲਸਾ ਦੀਵਾਨ ਅਤੇ ਇਸ ਅਧੀਨ ਸਮੂਹ ਅਦਾਰਿਆਂ ਵੱਲੋਂ ਸਾਂਝੇ ਤੌਰ 'ਤੇ ਵਿਸ਼ਾਲ ਕੀਰਤਨ ਦਰਬਾਰ ਆਯੋਜਿਤ ਕੀਤਾ ਜਾਂਦਾ ਹੈ, ਜਿਸ ਦਾ ਮਕਸਦ ਸੰਗਤਾਂ ਨੂੰ ਰੱਬੀ ਬਾਣੀ ਦੇ ਕੀਰਤਨ ਰਾਹੀਂ ਨਾ ਸਿਰਫ ਰੂਹਾਨੀ ਅਨੰਦ ਦੇਣਾ ਹੈ ਸਗੋਂ ਨਵੀਂ ਪਨੀਰੀ ਨੂੰ ਸਿੱਖ ਧਰਮ ਅਤੇ ਵਿਰਸੇ ਨਾਲ ਵੀ ਜੋੜਨਾ ਹੈ। ਇਸ ਮੌਕੇ ਪ੍ਰਧਾਨ ਡਾ.ਨਿੱਜਰ ਵੱਲੋਂ ਗੁਰਪੁਰਬ ਦੇ ਸਬੰਧ ਵਿਚ ਸਮੂਹ ਸੀ. ਕੇ. ਡੀ. ਸਕੂਲਾਂ ਵਿਚ ਮਿਤੀ 6 ਅਗਸਤ ਤੋਂ 9 ਅਗਸਤ ਤੱਕ ਦੀਪ ਮਾਲਾ ਕਰਨ ਦੇ ਨਿਰਦੇਸ਼ ਜਾਰੀ ਕੀਤੇ ਗਏ। ਇਸ ਮੌਕੇ ਦੀਵਾਨ ਅਹੁਦੇਦਾਰਾਂ ਨੇ ਸੰਗਤਾਂ ਨੂੰ ਕੀਰਤਨ ਦਰਬਾਰ ਵਿਚ ਵੱਧ-ਚੜ੍ਹ ਕੇ ਹਾਜ਼ਰੀਆਂ ਭਰਕੇ ਕੀਰਤਨ ਦਰਬਾਰ ਦੀਆਂ ਰੌਣਕਾਂ ਵਧਾਉਣ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦੀ ਬੇਨਤੀ ਕੀਤੀ।

# ਅਕਾਲ ਅਕੈਡਮੀ ਰਸੂਲਪੁਰ ਬੇਟ ਵਿਖੇ ਵਾਦ-ਵਿਵਾਦ ਤੇ ਕਵਿਤਾ ਪਾਠ ਮੁਕਾਬਲੇ ਕਰਵਾਏ

**ਧਾਰੀਵਾਲ, (ਮਨਦੀਪ ਵਿੱਕੀ)**- ਕਲਗੀਧਰ ਟਰੱਸਟ ਬੜੂ ਸਾਹਿਬ ਵੱਲੋਂ ਸੰਚਾਲਿਤ ਅਕਾਲ ਅਕੈਡਮੀ ਰਸੂਲਪੁਰ ਬੇਟ ਵਿਖੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ, ਪ੍ਰਗਟਾਵੇ ਦੀ ਯੋਗਤਾ ਅਤੇ ਬੌਧਿਕ ਸਮਰੱਥਾ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਕਵਿਤਾ ਪਾਠ ਅਤੇ ਵਾਦ-ਵਿਵਾਦ ਮੁਕਾਬਲਿਆਂ ਦਾ ਸਫਲ ਆਯੋਜਨ ਕੀਤਾ ਗਿਆ।ਇਸ ਗਤੀਵਿਧੀ ਵਿੱਚ ਜਮਾਤ ਪਹਿਲੀ ਤੋਂ ਪੰਜਵੀਂ ਤੱਕ ਦੇ ਵਿਦਿਆਰਥੀਆਂ ਨੇ ਕਵਿਤਾ



ਪਾਠ, ਜਦਕਿ ਜਮਾਤ ਛੇਵੀਂ ਤੋਂ ਅੱਠਵੀਂ ਤੱਕ ਦੇ ਵਿਦਿਆਰਥੀਆਂ ਨੇ ਵਾਦ-ਵਿਵਾਦ ਮੁਕਾਬਲੇ ਵਿੱਚ ਉਤਸ਼ਾਹਪੂਰਵਕ ਭਾਗ ਲਿਆ।ਪ੍ਰਾਇਮਰੀ ਵਰਗ ਦੇ ਵਿਦਿਆਰਥੀਆਂ ਨੇ ਪੂਰੇ ਆਤਮ-ਵਿਸ਼ਵਾਸ, ਭਾਵਪੂਰਣ ਅੰਦਾਜ਼ ਅਤੇ ਪ੍ਰਭਾਵਸ਼ਾਲੀ ਪੇਸ਼ਕਾਰੀ ਨਾਲ ਕਵਿਤਾਵਾਂ ਦਾ ਪਾਠ ਕੀਤਾ।ਉਨ੍ਹਾਂ ਦੀਆਂ ਮਨਮੋਹਕ ਪੇਸ਼ਕਾਰੀਆਂ ਨੇ ਹਾਜ਼ਰ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਪ੍ਰਭਾਵਿਤ ਕੀਤਾ ਅਤੇ ਸਮਾਗਮ ਨੂੰ ਰੌਣਕਮਈ ਬਣਾ ਦਿੱਤਾ।ਮਿਡਲ ਵਰਗ ਦੇ ਵਿਦਿਆਰਥੀਆਂ ਲਈ ਕਰਵਾਏ ਗਏ ਵਾਦ-ਵਿਵਾਦ ਮੁਕਾਬਲੇ ਵਿੱਚ ਸਰਕਾਰੀ ਸਕੂਲਾਂ ਦੀ ਸਿੱਖਿਆ ਬਨਾਮ ਨਿੱਜੀ ਸਕੂਲਾਂ ਦੀ ਸਿੱਖਿਆ ਅਤੇ ਇਸ਼ਤਿਹਾਰਾਂ ਦੇ ਲਾਭ ਅਤੇ ਹਾਨੀਆਂ ਵਿਸ਼ਿਆਂ 'ਤੇ ਪੱਖ ਅਤੇ ਵਿਰੋਧ ਵਿੱਚ ਪ੍ਰਭਾਵਸ਼ਾਲੀ ਦਲੀਲਾਂ ਪੇਸ਼ ਕੀਤੀਆਂ ਗਈਆਂ। ਭਾਗੀਦਾਰਾਂ ਨੇ ਆਪਣੇ ਵਿਚਾਰ ਤਰਕਸੰਗਤ, ਸਪੱਸ਼ਟ ਅਤੇ ਆਤਮ-ਵਿਸ਼ਵਾਸ ਨਾਲ ਪ੍ਰਗਟ ਕਰਦਿਆਂ ਆਪਣੀ ਵਕਤ੍ਰਿਤਾ ਕਲਾ ਅਤੇ ਵਿਸ਼ਲੇਸ਼ਣਾਤਮਕ ਸੋਚ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਮੁਕਾਬਲੇ ਨੇ ਵਿਦਿਆਰਥੀਆਂ ਵਿੱਚ ਤਰਕਸ਼ੀਲ ਸੋਚ, ਪ੍ਰਭਾਵਸ਼ਾਲੀ ਸੰਚਾਰ ਕੌਸ਼ਲ, ਆਤਮ-ਵਿਸ਼ਵਾਸ ਅਤੇ ਮੰਚ ਸੰਚਾਲਨ ਦੀ ਯੋਗਤਾ ਨੂੰ ਹੋਰ ਨਿਖਾਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ।

ਮੁਕਾਬਲੇ ਦੇ ਅੰਤ ਵਿੱਚ ਨਿਰਣਾਇਕ ਮੰਡਲ ਵੱਲੋਂ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਦੀ ਚੋਣ ਕਰਕੇ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ। ਸਕੂਲ ਦੇ ਪ੍ਰਿੰਸੀਪਲ ਅਮਨਦੀਪ ਕੌਰ ਭੰਗੂ ਅਤੇ ਅਧਿਆਪਕਾਂ ਨੇ ਜੇਤੂਆਂ ਅਤੇ ਸਾਰੇ ਭਾਗੀਦਾਰਾਂ ਦੀ ਭਰਪੂਰ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਅਜਿਹੀਆਂ ਗਤੀਵਿਧੀਆਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ।

# ਪੰਜਾਬ ਸਰਕਾਰ ਵੱਲੋਂ ਅਨ-ਰਜਿਸਟਰਡ ਪ੍ਰੈਕਟੀਸ਼ਨਰਾਂ ਦੀਆਂ ਲਿਸਟਾਂ ਤਿਆਰ ਕਰਨ ਦੇ ਹੁਕਮ

**ਬਲਾਚੌਰ (ਜਸਵਿੰਦਰ ਬੈਂਸ)**- ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ (ਰਜਿ. 295) ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਮਾਸਕ ਮੀਟਿੰਗ ਲਵਾਸਾ ਹਸਪਤਾਲ ਵਿਖੇ ਜ਼ਿਲ੍ਹਾ ਪ੍ਰਧਾਨ ਡਾ. ਕਸ਼ਮੀਰ ਸਿੰਘ ਢਿੱਲੋਂ ਦੀ ਪ੍ਰਧਾਨਗੀ ਹੇਠ ਆਯੋਜਿਤ ਕੀਤੀ ਗਈ। ਮੀਟਿੰਗ ਦੀ ਸ਼ੁਰੂਆਤ ਵਿੱਚ ਜ਼ਿਲ੍ਹਾ ਜਨਰਲ ਸਕੱਤਰ ਧਰਮਜੀਤ ਸਿੰਘ ਨੇ ਪਿਛਲੇ ਮਹੀਨੇ ਦੌਰਾਨ ਜ਼ਿਲ੍ਹੇ ਦੀਆਂ ਸੰਗਠਨਾਤਮਕ ਕਾਰਗੁਜ਼ਾਰੀਆਂ ਦੀ ਰਿਪੋਰਟ ਸਮੂਹ ਮੈਂਬਰਾਂ ਸਾਹਮਣੇ ਪੇਸ਼ ਕੀਤੀ। ?ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਸੂਬਾ ਉਪ ਪ੍ਰਧਾਨ ਡਾ. ਦਿਲਦਾਰ ਸਿੰਘ ਚਾਹਲ ਨੇ ਸੂਬਾ ਕਮੇਟੀ ਦੇ ਫ਼ੈਸਲਿਆਂ ਅਤੇ ਪ੍ਰਾਪਤੀਆਂ 'ਤੇ ਚਾਨਣਾ ਪਾਇਆ। ਉਨ੍ਹਾਂ ਦੱਸਿਆ ਕਿ ਐਸੋਸੀਏਸ਼ਨ ਦੇ ਨਿਰੰਤਰ ਸੰਘਰਸ਼, ਵੱਖ-ਵੱਖ ਹਲਕਾ ਵਿਧਾਇਕਾਂ ਅਤੇ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਸਮੇਂ-ਸਮੇਂ 'ਤੇ ਉਠਾਈਆਂ ਮੰਗਾਂ ਦੇ ਸਿੱਟੇ ਵਜੋਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੀ ਅਗਵਾਈ ਹੇਠ ਪਿੰਡਾਂ ਵਿੱਚ ਮੁੱਢਲੀਆਂ ਸਿਹਤ ਸੇਵਾਵਾਂ ਦੇ ਰਹੇ ਅਣ-ਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਾਂ ਦੀ ਟ੍ਰੇਨਿੰਗ ਲਈ ਸਾਰਥਕ ਕਦਮ ਚੁੱਕੇ ਜਾ ਰਹੇ ਹਨ। ਇਸ ਤਹਿਤ ਪ੍ਰੈਕਟੀਸ਼ਨਰਾਂ ਦੇ ਵਿਦਿਅਕ ਯੋਗਤਾ ਸਰਟੀਫਿਕੇਟ ਤੇ ਤਜਰਬਾ ਸਰਟੀਫਿਕੇਟ ਲੈਣ ਸਬੰਧੀ ਪ੍ਰਕਿਰਿਆ ਨੂੰ ਵੀ ਅੱਗੇ ਵਧਾਇਆ ਜਾ ਰਿਹਾ ਹੈ। ?ਡਾ. ਚਾਹਲ ਨੇ ਅੱਗੇ ਦੱਸਿਆ ਕਿ ਅਪ੍ਰੈਲ 2026 ਵਿੱਚ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ, ਸਿਹਤ ਮੰਤਰੀ ਡਾ. ਬਲਬੀਰ ਸਿੰਘ ਤੇ ਪ੍ਰਿੰਸੀਪਲ ਸਿਹਤ ਸਕੱਤਰ ਕੁਮਾਰ ਰਾਹੁਲ ਨਾਲ ਹੋਈ ਉੱਚ ਪੱਧਰੀ ਮੀਟਿੰਗ ਤੋਂ ਬਾਅਦ, ਹੁਣ ਡਾਇਰੈਕਟਰ ਸਿਹਤ ਤੇ ਪਰਵਾਰ ਭਲਾਈ ਵਿਭਾਗ ਵੱਲੋਂ 21 ਜੁਲਾਈ 2026 ਨੂੰ ਇੱਕ ਪੱਤਰ ਜਾਰੀ ਕੀਤਾ ਗਿਆ ਹੈ। ਇਸ ਪੱਤਰ ਤਹਿਤ ਸਮੂਹ ਨੂੰ ਪਿੰਡਾਂ ਤੇ ਸ਼ਹਿਰਾਂ ਵਿੱਚ ਸੇਵਾਵਾਂ ਦੇ ਰਹੇ ਪ੍ਰੈਕਟੀਸ਼ਨਰਾਂ ਦੀਆਂ ਲਿਸਟਾਂ ਤਿਆਰ ਕਰਨ ਅਤੇ ਉਨ੍ਹਾਂ ਤੋਂ ਘੋਸ਼ਣਾ ਪੱਤਰ ਭਰਵਾਉਣ ਦੀਆਂ ਹਦਾਇਤਾਂ ਦਿੱਤੀਆਂ ਗਈਆਂ ਹਨ। ਐਸੋਸੀਏਸ਼ਨ ਦੀ ਸੂਬਾ ਕਮੇਟੀ ਅਤੇ ਸਮੂਹ ਮੈਂਬਰਾਂ ਨੇ ਪੰਜਾਬ ਸਰਕਾਰ ਦੇ ਇਸ ਇਤਿਹਾਸਕ ਫ਼ੈਸਲੇ ਦਾ ਤਹਿ ਦਿਲੋਂ ਸਵਾਗਤ ਕੀਤਾ ਹੈ। ਇਸ ਮੌਕੇ ਜ਼ਿਲ੍ਹਾ ਕਮੇਟੀ ਦੇ ਸਮੂਹ ਅਹੁਦੇਦਾਰ ਅਤੇ ਵੱਡੀ ਗਿਣਤੀ ਵਿੱਚ ਮੈਡੀਕਲ ਪ੍ਰੈਕਟੀਸ਼ਨਰ ਹਾਜ਼ਰ ਸਨ, ਜਿਨ੍ਹਾਂ ਵਿੱਚ ਮੁੱਖ ਤੌਰ 'ਤੇ ਡਾ. ਰਾਮਜੀ ਦਾਸ, ਡਾ. ਟੇਕ ਚੰਦ ਸੈਣੀ, ਡਾ. ਪਰਸ਼ੋਤਮ, ਡਾ. ਸੰਦੀਪ ਜੋਸ਼ੀ, ਬਿਮਲ ਕੁਮਾਰ, ਡਾ. ਸਤਪਾਲ ਸਿੰਘ ਬਹਿਰਾਮ, ਡਾ. ਅਰਜੀਸ਼ ਕੁਮਾਰ ਬੋਬੀ, ਡਾ. ਅਸ਼ੋਕ ਸ਼ਰਮਾ, ਡਾ. ਕੁਲਵੀਰ ਸਿੰਘ, ਡਾ. ਦਾਰਾ ਸਿੰਘ ਕੁਕੜ ਮੁਜਾਰਾ, ਡਾ. ਕਸ਼ਮੀਰ ਬੰਗਾ, ਡਾ. ਨਾਮਦੇਵ ਨੌਰਾ, ਅਤੇ ਡਾ. ਜਗਦੀਸ਼ ਕਾਹਮਾ ਡਾ ਤਜਿੰਦਰ ਜੋਤ ਪ੍ਰਧਾਨ ਬਲਾਕ ਬਲਾਚੌਰ ਸ਼ਾਮਲ ਸਨ।



# 29 ਦੇ ਰੋਸ ਧਰਨੇ 'ਚ ਵੱਡੀ ਪੱਧਰ 'ਤੇ ਕੀਤੀ ਜਾਵੇਗੀ ਸ਼ਮੂਲੀਅਤ : ਧਰਦਿਉ



**ਬਿਆਸ (ਪਰਮਜੀਤ ਸਿੰਘ ਰੱਖੜਾ)** ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਦੀ ਜ਼ਰੂਰੀ ਮੀਟਿੰਗ ਬਾਬਾ ਮੱਖਣ ਸ਼ਾਹ ਲੁਬਾਣਾ ਸਰਾਂ ਬਾਬਾ ਬਕਾਲਾ ਸਾਹਿਬ ਵਿਖੇ ਜ਼ਿਲ੍ਹਾ ਪ੍ਰਧਾਨ ਉਮਰਾਜ ਸਿੰਘ ਧਰਦਿਉ ਅਤੇ ਜਿਲ੍ਹਾ ਜਨਰਲ ਸਕੱਤਰ ਜੋਗਿੰਦਰ ਸਿੰਘ ਬਦੇਸ਼ਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਕਿਸਾਨੀ ਮਸਲੇ ਅਤੇ ਯੂਨੀਅਨ ਦੇ ਵਿਸਥਾਰ ਬਾਰੇ ਕਾਫੀ ਚਰਚਾ ਹੋਈ। ਪ੍ਰਧਾਨ ਉਮਰਾਜ ਸਿੰਘ ਨੇ ਦੱਸਿਆ ਕਿ 29 ਜੁਲਾਈ ਨੂੰ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਜ਼ਿਲ੍ਹਾ ਅੰਮ੍ਰਿਤਸਰ ਤੋਂ ਵੱਡੀ ਗਿਣਤੀ ਵਿੱਚ ਜਥੇਬੰਦੀ ਦੇ ਆਗੂ ਦੇ ਮੈਂਬਰ ਡੀ ਸੀ ਦਫਤਰ ਫਾਜ਼ਿਲਕਾ ਵਿਖੇ ਹੋ ਰਹੀ ਰੈਲੀ ਵਿੱਚ ਸ਼ਮੂਲੀਅਤ ਕਰਨਗੇ। ਮੀਟਿੰਗ ਵਿਚ ਹੋਰਨਾਂ ਤੋਂ ਇਲਾਵਾ ਰਈਆ ਬਲਾਕ ਦੇ ਪ੍ਰਧਾਨ ਜਥੇਦਾਰ ਧਰਮ ਸਿੰਘ ਗਗੜਭਾਣਾ, ਜ਼ਿਲ੍ਹਾ ਪ੍ਰੈੱਸ ਸਕੱਤਰ ਸੁਖਵਿੰਦਰ ਸਿੰਘ ਚਾਹਲ, ਹਰਵਿੰਦਰ ਸਿੰਘ ਬੁੱਟਰ, ਅਨੋਖ ਸਿੰਘ ਹਸਨਪੁਰ, ਜਸਵੰਤ ਸਿੰਘ ਕਾਲੇਕੇ, ਸੁਰਜੀਤ ਸਿੰਘ ਖੂਹ ਵਾਲੇ, ਸੁਰਜੀਤ ਸਿੰਘ ਬੋਹੜਵਾਲ, ਅੰਮ੍ਰਿਤਪਾਲ ਸਿੰਘ ਭੋਏਵਾਲ, ਪਰਮਜੀਤ ਸਿੰਘ, ਗੁਰਪਿੰਦਰ ਸਿੰਘ, ਸਤਿਨਾਮ ਸਿੰਘ, ਅਜੈਬ ਸਿੰਘ ਬੁੱਟਰ, ਜਸਵਿੰਦਰ ਸਿੰਘ, ਮਨਜਿੰਦਰ ਸਿੰਘ ਹੀਰਾ, ਸੁਖਦੇਵ ਸਿੰਘ, ਨਿਸ਼ਾਨ ਸਿੰਘ ਰਈਆ, ਚਰਨ ਸਿੰਘ ਤੇ ਕਰਮਪ੍ਰੀਤ ਸਿੰਘ ਆਦਿ ਨੇ ਸ਼ਮੂਲੀਅਤ ਕੀਤੀ।

# ਜ਼ਿਲ੍ਹਾ ਗਾਈਡੈਂਸ ਕੌਂਸਲਰ ਮੁਕੇਸ਼ ਵਰਮਾ ਵੱਲੋਂ ਵੱਖ-ਵੱਖ ਸਰਕਾਰੀ ਸਕੂਲਾਂ ਦਾ ਅਧਿਕਾਰਕ ਦੌਰਾ

## ਵਿਦਿਆਰਥੀਆਂ ਨੂੰ ਆਪਣੀ ਰੁਚੀ ਤੇ ਯੋਗਤਾ ਅਨੁਸਾਰ ਕਰੀਅਰ ਦੀ ਚੋਣ ਕਰਨ ਲਈ ਕੀਤਾ ਪ੍ਰੇਰਿਤ


**ਧਾਰੀਵਾਲ/ਹਰਚੋਵਾਲ, (ਮਨਦੀਪ ਵਿੱਕੀ)**: ਡਿਪਟੀ ਕਮਿਸ਼ਨਰ ਗੁਰਦਾਸਪੁਰ ਅਦਿਤਿਆ ਉੱਪਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਰਾਜੇਸ਼ ਕੁਮਾਰ ਸ਼ਰਮਾ, ਸਟੇਟ ਐਵਾਰਡੀ ਦੀ ਯੋਗ ਅਗਵਾਈ ਹੇਠ ਜ਼ਿਲ੍ਹਾ ਗਾਈਡੈਂਸ ਕੌਂਸਲਰ ਮੁਕੇਸ਼ ਵਰਮਾ ਵੱਲੋਂ ਬਲਾਕ ਕਾਦੀਆਂ-1 ਅਤੇ ਬਲਾਕ ਸ੍ਰੀ ਹਰਗੋਬਿੰਦਪੁਰ ਦੇ ਵੱਖ-ਵੱਖ ਸਕੂਲਾਂ ਦਾ ਅਧਿਕਾਰਿਕ ਦੌਰਾ ਕੀਤਾ ਗਿਆ।ਇਸ ਮੌਕੇ ਉਨ੍ਹਾਂ ਦੇ ਨਾਲ ਬਲਾਕ ਸ੍ਰੀ ਹਰਗੋਬਿੰਦਪੁਰ ਦੇ ਬਲਾਕ ਗਾਈਡੈਂਸ ਕੌਂਸਲਰ ਰਾਜਪ੍ਰੀਤ ਸਿੰਘ ਢਿੱਲੋਂ ਵੀ ਮੌਜੂਦ ਰਹੇ।ਦੌਰੇ ਦੌਰਾਨ ਸਰਕਾਰੀ ਹਾਈ ਸਕੂਲ ਤੁਗਲਵਾਲ, ਸਰਕਾਰੀ ਹਾਈ ਸਕੂਲ ਬਸਰਾਵਾਂ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਰਚੋਵਾਲ ਅਤੇ ਬਾਬਾ ਆਇਆ ਸਿੰਘ ਰਿਆੜਕੀ ਸੀਨੀਅਰ ਸੈਕੰਡਰੀ ਸਕੂਲ ਤੁਗਲਵਾਲ ਦਾ ਦੌਰਾ ਕਰਕੇ ਵਿਦਿਆਰਥੀਆਂ ਨੂੰ ਕਿੱਤਾ-ਮੁਖੀ ਕੋਰਸਾਂ, ਉੱਚ ਸਿੱਖਿਆ ਦੇ ਮੌਕਿਆਂ ਅਤੇ ਵੱਖ-ਵੱਖ ਪ੍ਰਤੀਯੋਗੀ ਪ੍ਰੀਖਿਆਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਵਿਦਿਆਰਥੀਆਂ ਨੂੰ ਆਪਣੀ ਰੁਚੀ ਅਤੇ ਯੋਗਤਾ ਅਨੁਸਾਰ ਕਰੀਅਰ ਦੀ ਚੋਣ ਕਰਨ ਲਈ ਵੀ ਪ੍ਰੇਰਿਤ ਕੀਤਾ ਗਿਆ।ਇਸ ਮੌਕੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਗਾਈਡੈਂਸ ਕੌਂਸਲਰ ਮੁਕੇਸ਼ ਵਰਮਾ ਨੇ ਦੱਸਿਆ ਕਿ ਸਕੂਲਾਂ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਈਆਂ ਜਾ ਰਹੀਆਂ ਗਤੀਵਿਧੀਆਂ ਦੀ ਮੋਨੀਟਰਿੰਗ ਕਰਨ ਦੇ ਨਾਲ-ਨਾਲ ਗਾਈਡੈਂਸ ਕਾਰਨਰਾਂ, ਕਰੀਅਰ ਗਤੀਵਿਧੀਆਂ



ਦੇ ਰਜਿਸਟਰਾਂ ਅਤੇ ਵਿਦਿਆਰਥੀਆਂ ਲਈ ਉਪਲਬਧ ਕਰਵਾਈ ਗਈ ਜਾਣਕਾਰੀ ਦਾ ਵੀ ਜਾਇਜ਼ਾ ਲਿਆ ਗਿਆ।ਉਨ੍ਹਾਂ ਕਿਹਾ ਕਿ ਸਕੂਲਾਂ ਵਿੱਚ ਗਾਈਡੈਂਸ ਕਾਰਨਰ ਵਿਦਿਆਰਥੀਆਂ ਦੇ ਭਵਿੱਖ ਨੂੰ ਸਹੀ ਦਿਸ਼ਾ ਦੇਣ ਲਈ ਇੱਕ ਮਹੱਤਵਪੂਰਨ ਸਾਧਨ ਹਨ ਅਤੇ ਇਨ੍ਹਾਂ ਨੂੰ ਨਿਰੰਤਰ ਅਪਡੇਟ ਰੱਖਣਾ ਸਮੇਂ ਦੀ ਲੋੜ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਉਂਦਿਆਂ ਖੁਦ ਨਸ਼ਿਆਂ ਤੋਂ ਦੂਰ ਰਹਿਣ ਅਤੇ ਆਪਣੇ ਪਰਿਵਾਰ, ਪਿੰਡ ਅਤੇ ਸਮਾਜ ਨੂੰ ਵੀ ਨਸ਼ਾ-ਮੁਕਤ ਬਣਾਉਣ ਲਈ ਜਾਗਰੂਕ ਕਰਨ ਦਾ ਸੱਦਾ ਦਿੱਤਾ।ਇਸ ਮੌਕੇ ਬਾਬਾ ਆਇਆ ਸਿੰਘ ਰਿਆੜਕੀ ਸੀਨੀਅਰ ਸੈਕੰਡਰੀ ਸਕੂਲ ਤੁਗਲਵਾਲ ਦੇ ਮੁਖੀ ਗਗਨਦੀਪ ਸਿੰਘ ਵਿਰਕ ਵੱਲੋਂ ਜ਼ਿਲ੍ਹਾ ਗਾਈਡੈਂਸ ਕੌਂਸਲਰ ਮੁਕੇਸ਼ ਵਰਮਾ ਅਤੇ ਬਲਾਕ ਗਾਈਡੈਂਸ ਕੌਂਸਲਰ ਰਾਜਪ੍ਰੀਤ ਸਿੰਘ ਢਿੱਲੋਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਆਪਣੇ ਸੰਬੋਧਨ ਵਿੱਚ ਗਗਨਦੀਪ ਸਿੰਘ ਵਿਰਕ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਅਤੇ ਸਿੱਖਿਆ ਵਿਭਾਗ ਵੱਲੋਂ ਵਿਦਿਆਰਥੀਆਂ ਦੇ ਭਵਿੱਖ ਨੂੰ ਸੰਵਾਰਨ ਲਈ ਕੀਤੇ ਜਾ ਰਹੇ ਅਜਿਹੇ ਉਪਰਾਲੇ ਬੇਹੱਦ ਸ਼ਲਾਘਾਯੋਗ ਹਨ।ਉਨ੍ਹਾਂ ਕਿਹਾ ਕਿ ਕਰੀਅਰ ਗਾਈਡੈਂਸ, ਪ੍ਰਤੀਯੋਗੀ ਪ੍ਰੀਖਿਆਵਾਂ ਅਤੇ ਨਸ਼ਾ ਵਿਰੋਧੀ ਜਾਗਰੂਕਤਾ ਸਬੰਧੀ ਦਿੱਤੀ ਗਈ ਜਾਣਕਾਰੀ ਵਿਦਿਆਰਥੀਆਂ ਲਈ ਬਹੁਤ ਹੀ ਲਾਹੇਵੰਦ ਸਾਬਤ ਹੋਵੇਗੀ।ਉਨ੍ਹਾਂ ਇਸ ਮਹੱਤਵਪੂਰਨ ਉਪਰਾਲੇ ਲਈ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਅਤੇ ਸਿੱਖਿਆ ਵਿਭਾਗ ਦਾ ਧੰਨਵਾਦ ਵੀ ਕੀਤਾ।ਦੌਰੇ ਦੌਰਾਨ ਸਕੂਲ ਮੁਖੀਆਂ, ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਗਾਈਡੈਂਸ ਗਤੀਵਿਧੀਆਂ ਵਿੱਚ ਪੂਰੇ ਉਤਸ਼ਾਹ ਨਾਲ ਭਾਗ ਲਿਆ ਅਤੇ ਵਿਦਿਆਰਥੀਆਂ ਨੇ ਕਰੀਅਰ, ਉੱਚ ਸਿੱਖਿਆ ਅਤੇ ਪ੍ਰਤੀਯੋਗੀ ਪ੍ਰੀਖਿਆਵਾਂ ਨਾਲ ਸਬੰਧਤ ਆਪਣੇ ਸਵਾਲਾਂ ਦੇ ਤਸੱਲੀਬਖ਼ਸ਼ ਜਵਾਬ ਪ੍ਰਾਪਤ ਕੀਤੇ।

# 'ਆਪ' ਦੇ ਸੀਨੀਅਰ ਆਗੂ ਵਿਕਰਮ ਢਿੱਲੋਂ ਨੇ ਵਿਦਿਆਰਥੀਆਂ ਨੂੰ ਸਕੂਲ ਬੈਗ ਵੰਡੇ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਆਪਣੀ ਲਾਗੂ ਸਕੀਮ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੰਨਿਆਂ



ਵਿਚ ਸਕੂਲ ਦੇ +1,+2 ਦੇ ਵਿਦਿਆਰਥੀਆਂ ਨੂੰ ਸਕੂਲ ਬੈਗ ਵੰਡੇ ਗਏ। ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਵਿਕਰਮ ਸਿੰਘ ਢਿੱਲੋਂ ਨੇ ਬੱਚਿਆਂ ਨੂੰ ਸਿੱਖਿਆ ਕ੍ਰਾਂਤੀ ਅਤੇ ਬੱਚਿਆਂ ਨੂੰ ਭਗਵੰਤ ਮਾਨ ਸਰਕਾਰ ਦੀਆਂ ਸਕੀਮਾਂ ਤੋਂ ਜਾਣੂ ਕਰਵਾਇਆ।ਇਸ ਮੌਕੇ ਆਏ ਹੋਏ ਮਹਿਮਾਨਾਂ ਦਾ ਪ੍ਰਿੰਸੀਪਲ ਸੰਗੀਤਾ ਤੇ ਸਮੂਹ ਸਟਾਫ ਵੱਲੋਂ ਨਿੱਘਾ ਸਵਾਗਤ ਕੀਤਾ ਤੇ ਧੰਨਵਾਦ ਕੀਤਾ ਗਿਆ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੈਡਮ ਸੰਗੀਤਾ ਤੋਂ ਇਲਾਵਾ ਆਮ ਪਾਰਟੀ ਦੇ ਸੀਨੀਅਰ ਆਗੂ ਵਿਕਰਮ ਸਿੰਘ ਢਿੱਲੋਂ, ਸਰਪੰਚ ਮੈਡਮ ਰਾਜ ਕੌਰ, ਮੈਂਬਰ ਪੂਰਨ ਸਿੰਘ, ਮੈਂਬਰ ਮਨਜੀਤ ਸਿੰਘ, ਗੁਰਜੀਤ ਸਿੰਘ ਬਾਬਾ ਸੋਨੀ, ਜਗਰਾਜ ਸਿੰਘ, ਬਲਵਿੰਦਰ ਸਿੰਘ ਨਿਸ਼ਾਨ ਸਿੰਘ, ਮਾਨਕ ਸਿੰਘ ਹੈਪੀ ਤੇ ਸਕੂਲ ਦੇ ਬੱਚੇ ਹਾਜ਼ਰ ਸਨ।



ਅੰਮ੍ਰਿਤਸਰ ਦੇ ਨਵ-ਨਿਯੁਕਤ ਭਾਜਪਾ ਪ੍ਰਧਾਨ ਸਲਿਲ ਕਪੂਰ ਦੇ ਤਾਜਪੋਸ਼ੀ ਸਮਾਗਮ 'ਚ ਸ਼ਿਕਰਤ ਕਰਨ ਪੁੱਜੇ ਪੁਤਲੀਘਰ ਮੰਡਲ ਦੇ ਸਾਜਨ ਕੁਮਾਰ, ਪੀ. ਕੇ. ਸ਼ਰਮਾ, ਪਵਨ ਮਹਿਰਾ, ਪਵਨ ਸ਼ਰਮਾ, ਸੁਮਿਤ ਸੇਠ, ਦਿਨੇਸ਼ ਤੇ ਹੋਰ। (**ਤਸਵੀਰ ਤੇ ਵੇਰਵਾ : ਮਨੋਜ ਕੁਮਾਰ, ਛੇਹਰਟਾ**)

ਨਵਾਂ ਜ਼ਮਾਨਾ
ਸੋਮਵਾਰ, 27 ਜੁਲਾਈ 2026

# ਲੋਕਤੰਤਰ ਦੇ ਦੋ ਰੂਪ

ਜਦੋਂ ਸੜਕਾਂ 'ਤੇ ਬੇਰੁਜ਼ਗਾਰ ਨੌਜਵਾਨ ਲਾਠੀਆਂ ਖਾਂਦੇ ਹਨ, ਤਾਂ ਸਿਆਸਤਦਾਨਾਂ, ਸੰਸਦ ਮੈਂਬਰਾਂ ਅਤੇ ਸੀਨੀਅਰ ਅਧਿਕਾਰੀਆਂ ਦੇ ਬੱਚੇ ਕਿੱਥੇ ਹੁੰਦੇ ਹਨ? ਕੀ ਭਾਰਤ ਵਿੱਚ ਲੋਕਤੰਤਰ ਆਮ ਲੋਕਾਂ ਲਈ ਸੰਘਰਸ਼ ਅਤੇ ਕੁਲੀਨ ਵਰਗ ਲਈ ਵਿਸ਼ੇਸ਼ ਅਧਿਕਾਰ ਬਣ ਗਿਆ ਹੈ? ਇਹ ਉਹ ਸਵਾਲ ਹੈ, ਜੋ ਅੱਜ ਦੇਸ਼ ਦੇ ਕਈ ਹਿੱਸਿਆਂ ਵਿੱਚ ਉਠ ਰਿਹਾ ਹੈ। ਦਿੱਲੀ ਦੇ ਜੰਤਰ-ਮੰਤਰ ਤੋਂ ਲੈ ਕੇ ਪਟਨਾ, ਪ੍ਰਯਾਗਰਾਜ, ਜੈਪੁਰ, ਭੋਪਾਲ ਅਤੇ ਚੰਡੀਗੜ੍ਹ ਤੱਕ, ਜਦੋਂ ਵੀ ਵਿਦਿਆਰਥੀ, ਬੇਰੁਜ਼ਗਾਰ ਨੌਜਵਾਨ ਜਾਂ ਕਿਸਾਨ ਆਪਣੇ ਹੱਕਾਂ ਲਈ ਸੜਕਾਂ 'ਤੇ ਉਤਰਦੇ ਹਨ ਤਾਂ ਇੱਕ ਸਵਾਲ ਵਾਰ-ਵਾਰ ਉੱਠਦਾ ਹੈ : ਸਿਆਸਤਦਾਨਾਂ, ਸੰਸਦ ਮੈਂਬਰਾਂ, ਮੰਤਰੀਆਂ ਅਤੇ ਸੀਨੀਅਰ ਨੌਕਰਸ਼ਾਹਾਂ ਦੇ ਬੱਚੇ ਇਨ੍ਹਾਂ ਵਿਰੋਧ ਪ੍ਰਦਰਸ਼ਨਾਂ ਵਿੱਚ ਕਿਉਂ ਦਿਖਾਈ ਨਹੀਂ ਦਿੰਦੇ? ਕੀ ਉਨ੍ਹਾਂ ਦੀ ਕੋਈ ਸਮੱਸਿਆ ਨਹੀਂ? ਕੀ ਉਹ ਸਾਰੀਆਂ ਸਮੱਸਿਆਵਾਂ ਤੋਂ ਉੱਪਰ ਜਾ ਚੁੱਕੇ ਹਨ? ਇਹ ਸਵਾਲ ਸਿਰਫ ਭਾਵਨਾਤਮਕ ਨਹੀਂ, ਸਗੋਂ ਭਾਰਤੀ ਲੋਕਤੰਤਰ ਦੀ ਸਮਾਜਕ ਸੰਰਚਨਾ 'ਤੇ ਗੰਭੀਰ ਬਹਿਸ ਦਾ ਵਿਸ਼ਾ ਹੈ।

ਜਦੋਂ ਦੇਸ਼ ਵਿੱਚ ਅਗਨੀਵੀਰ, ਐੱਸ ਐੱਸ ਸੀ, ਰੇਲਵੇ, ਬੀ ਪੀ ਐੱਸ ਸੀ, ਯੂ ਪੀ ਐੱਸ ਸੀ, ਅਧਿਆਪਕ ਭਰਤੀ, ਰਾਖਵਾਂਕਰਨ ਜਾਂ ਕਿਸਾਨੀ ਮੰਗਾਂ ਨੂੰ ਲੈ ਕੇ ਪ੍ਰੋਟੈੱਸਟ ਹੁੰਦੇ ਹਨ ਤਾਂ ਸੜਕਾਂ 'ਤੇ ਦਿਖਾਈ ਦੇਣ ਵਾਲੇ ਜ਼ਿਆਦਾਤਰ ਨੌਜਵਾਨ ਆਮ ਪਰਵਾਰਾਂ ਤੋਂ ਹੁੰਦੇ ਹਨ। ਇਹ ਉਹ ਲੋਕ ਹਨ, ਜਿਨ੍ਹਾਂ ਨੂੰ ਪੁਲਸ ਲਾਠੀਚਾਰਜ ਦਾ ਸਾਹਮਣਾ ਕਰਨਾ ਪੈਂਦਾ ਹੈ, ਜੇਲ੍ਹ ਜਾਣਾ ਪੈਂਦਾ ਹੈ ਅਤੇ ਅਕਸਰ ਹਿੰਸਾ ਵਿੱਚ ਆਪਣੀਆਂ ਜਾਨਾਂ ਗੁਆਉਣੀਆਂ ਪੈਂਦੀਆਂ ਹਨ। ਕਿਸੇ ਪ੍ਰਮੁੱਖ ਕੇਂਦਰੀ ਮੰਤਰੀ, ਮੁੱਖ ਮੰਤਰੀ, ਸੰਸਦ ਮੈਂਬਰ ਜਾਂ ਸੀਨੀਅਰ ਆਈ ਏ ਐੱਸ ਜਾਂ ਆਈ ਪੀ ਐੱਸ ਅਧਿਕਾਰੀ ਦੇ ਪੁੱਤਰ ਜਾਂ ਧੀਆਂ ਅਜਿਹੇ ਅੰਦੋਲਨਾਂ ਦੀ ਮੂਹਰਲੀ ਕਤਾਰ ਵਿੱਚ ਵਿਰਲੇ ਹੀ ਨਜ਼ਰ ਆਉਂਦੇ ਹਨ। ਇਹ ਅਸਮਾਨਤਾ ਬਹਿਸ ਨੂੰ ਜਨਮ ਦਿੰਦੀ ਹੈ। ਸਰਕਾਰਾਂ ਦਾਅਵਾ ਕਰਦੀਆਂ ਹਨ ਕਿ ਸਿੱਖਿਆ ਦੀ ਗੁਣਵੱਤਾ ਵਿੱਚ ਸੁਧਾਰ ਹੋ ਰਿਹਾ ਹੈ। ਫਿਰ, ਸਵਾਲ ਇਹ ਉੱਠਦਾ ਹੈ : ਕੇਂਦਰੀ ਮੰਤਰੀਆਂ, ਸੰਸਦ ਮੈਂਬਰਾਂ, ਸੀਨੀਅਰ ਨੌਕਰਸ਼ਾਹਾਂ ਜਾਂ ਉੱਚ ਅਧਿਕਾਰੀਆਂ ਦੇ ਕਿੰਨੇ ਬੱਚੇ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਹਨ? ਜਦੋਂ ਇਹੀ ਆਗੂ, ਮੰਤਰੀ ਅਤੇ ਨੌਕਰਸ਼ਾਹ ਸਕੂਲ ਬਣਾਉਂਦੇ ਹਨ ਅਤੇ ਕਈ ਐਲਾਨ ਕਰਦੇ ਹਨ, ਤਾਂ ਉਨ੍ਹਾਂ ਦੇ ਬੱਚੇ ਉੱਥੇ ਕਿਉਂ ਨਹੀਂ ਪੜ੍ਹਦੇ? ਕੀ ਪਬਲਿਕ ਸਕੂਲ ਅਤੇ ਹੋਰ ਸੰਸਥਾਵਾਂ ਸਿਰਫ ਆਮ ਲੋਕਾਂ ਲਈ ਹਨ?

ਜ਼ਿਆਦਾਤਰ ਪ੍ਰਭਾਵਸ਼ਾਲੀ ਪਰਵਾਰ ਆਪਣੇ ਬੱਚਿਆਂ ਨੂੰ ਪ੍ਰਾਈਵੇਟ, ਕਾਨਵੈਂਟ, ਅੰਤਰਰਾਸ਼ਟਰੀ ਜਾਂ ਵਿਦੇਸ਼ੀ ਵਿਦਿਅਕ ਸੰਸਥਾਵਾਂ ਵਿੱਚ ਭੇਜਦੇ ਹਨ। ਜੇ ਨੀਤੀ ਨਿਰਮਾਤਾ ਖੁਦ ਸਰਕਾਰੀ ਸਕੂਲਾਂ ਅਤੇ ਸਰਕਾਰੀ ਹਸਪਤਾਲਾਂ 'ਤੇ ਨਿਰਭਰ ਨਹੀਂ ਹਨ ਤਾਂ ਕੀ ਉਹ ਉਨ੍ਹਾਂ ਦੀ ਗੁਣਵੱਤਾ ਨੂੰ ਸੁਧਾਰਨ ਲਈ ਓਨੇ ਸੰਵੇਦਨਸ਼ੀਲ ਹੋਣਗੇ, ਜਿੰਨਾ ਆਮ ਜਨਤਾ ਉਮੀਦ ਕਰਦੀ ਹੈ? ਇਹ ਇੱਕ ਜਾਇਜ਼ ਜਨਤਕ ਸਵਾਲ ਹੈ ਅਤੇ ਇਹ ਸਵਾਲ ਲੰਬੇ ਸਮੇਂ ਤੋਂ ਉਠਾਇਆ ਜਾ ਰਿਹਾ ਹੈ, ਪਰ ਕੋਈ ਨਹੀਂ ਬੋਲਦਾ। ਜੋ ਲੋਕ ਬੋਲਦੇ ਹਨ, ਉਨ੍ਹਾਂ ਨੂੰ ਜਾਂ ਤਾਂ ਖਰੀਦ ਲਿਆ ਜਾਂਦਾ ਹੈ ਜਾਂ ਉਨ੍ਹਾਂ ਦੀਆਂ ਜ਼ਿੰਦਗੀਆਂ ਖਤਮ ਕਰ ਦਿੱਤੀਆਂ ਜਾਂਦੀਆਂ ਹਨ। ਪੰਜ ਕਿੱਲੋ ਅਨਾਜ ਅਤੇ ਕੁਝ ਹਜ਼ਾਰ ਰੁਪਏ ਨਕਦ ਦੇ ਕੇ ਚੋਣਾਂ-ਦਰ-ਚੋਣਾਂ ਲੁੱਟਣ ਦੀ ਖੇਡ ਚੱਲਦੀ ਰਹਿੰਦੀ ਹੈ ਅਤੇ ਇਸ ਖੇਡ ਵਿੱਚ ਉਹੀ ਖਾਸ ਤੰਤਰ ਸ਼ਾਮਲ ਹੈ, ਜੋ ਸੱਤਾ ਨਾਲ ਜੁੜਿਆ ਹੁੰਦਾ ਹੈ-ਨੇਤਾ ਅਤੇ ਸੀਨੀਅਰ ਅਧਿਕਾਰੀ। ਲੋਕ ਸਭਾ ਵਿੱਚ ਲੱਗਭੱਗ 148 ਸੰਸਦ ਮੈਂਬਰਾਂ ਨੇ ਖੇਤੀਬਾੜੀ ਨੂੰ ਆਪਣਾ ਪੇਸ਼ਾ ਐਲਾਨਿਆ ਹੈ, ਪਰ ਕੀ ਉਨ੍ਹਾਂ ਦੇ ਪਰਵਾਰ ਖੇਤੀ 'ਤੇ ਨਿਰਭਰ ਹਨ? ਕੀ ਉਨ੍ਹਾਂ ਦੇ ਬੱਚੇ ਖੇਤਾਂ ਵਿੱਚ ਕੰਮ ਕਰਦੇ ਹਨ? ਕੀ ਉਹ ਘੱਟੋ-ਘੱਟ ਸਮਰਥਨ ਮੁੱਲ, ਸਿੰਚਾਈ, ਡੀਜ਼ਲ ਜਾਂ ਖਾਦ ਦੀਆਂ ਸਮੱਸਿਆਵਾਂ ਤੋਂ ਉਸੇ ਤਰ੍ਹਾਂ ਪ੍ਰਭਾਵਤ ਹੁੰਦੇ ਹਨ, ਜਿਵੇਂ ਇੱਕ ਛੋਟੇ ਕਿਸਾਨ ਦਾ ਪੁੱਤਰ ਹੁੰਦਾ ਹੈ? ਸਿਰਫ ਖੇਤੀਬਾੜੀ ਨੂੰ ਇੱਕ ਪੇਸ਼ੇ ਵਜੋਂ ਐਲਾਨਣਾ ਅਤੇ ਅਸਲ ਵਿੱਚ ਖੇਤੀਬਾੜੀ ਜੀਵਨ ਜਿਊਣਾ ਦੋ ਵੱਖ-ਵੱਖ ਚੀਜ਼ਾਂ ਹਨ। ਇਸ ਅੰਤਰ 'ਤੇ ਗੰਭੀਰ ਖੋਜ ਅਤੇ ਜਨਤਕ ਚਰਚਾ ਦੀ ਲੋੜ ਹੈ।

ਲੋਕਤੰਤਰ ਦਾ ਮੂਲ ਸਿਧਾਂਤ ਬਰਾਬਰ ਮੌਕੇ ਹਨ। ਹਾਲਾਂਕਿ ਭਾਰਤ ਵਿੱਚ ਮੌਕਿਆਂ ਦੀ ਵੰਡ ਅਕਸਰ ਸਮਾਜਿਕ, ਆਰਥਿਕ ਅਤੇ ਸਿਆਸੀ ਪ੍ਰਭਾਵ ਨਾਲ ਜੁੜੀ ਦਿਖਾਈ ਦਿੰਦੀ ਹੈ। ਸੱਤਾ ਵਿੱਚ ਬੈਠੇ ਲੋਕਾਂ ਦੇ ਬੱਚਿਆਂ ਕੋਲ ਬਿਹਤਰ ਸਿੱਖਿਆ, ਬਿਹਤਰ ਸਿਹਤ, ਬਿਹਤਰ ਨੈੱਟਵਰਕ, ਬਿਹਤਰ ਕੈਰੀਅਰ ਅਤੇ ਬਿਹਤਰ ਸੁਰੱਖਿਆ ਤੱਕ ਮੁਕਾਬਲਤਨ ਆਸਾਨ ਪਹੁੰਚ ਹੁੰਦੀ ਹੈ। ਦੂਜੇ ਪਾਸੇ, ਆਮ ਪਰਵਾਰਾਂ ਦੇ ਨੌਜਵਾਨ ਮੁਕਾਬਲੇ ਦੀਆਂ ਪ੍ਰੀਖਿਆਵਾਂ, ਬੇਰੁਜ਼ਗਾਰੀ ਅਤੇ ਸਰੋਤਾਂ ਦੀ ਘਾਟ ਦੀ ਅਨਿਸਚਿਤਤਾ ਨਾਲ ਜੂਝ ਰਹੇ ਹਨ।

ਇਸ ਦਾ ਮਤਲਬ ਇਹ ਨਹੀਂ ਹੈ ਕਿ ਹਰ ਸਿਆਸਤਦਾਨ ਜਾਂ ਅਧਿਕਾਰੀ ਦਾ ਪਰਵਾਰ ਵਿਸ਼ੇਸ਼ ਅਧਿਕਾਰਾਂ ਦੀ ਦੁਰਵਰਤੋਂ ਕਰਦਾ ਹੈ। ਪਰ ਇੱਕ ਵਿਆਪਕ ਧਾਰਨਾ ਹੈ ਕਿ ਪ੍ਰਭਾਵਸ਼ਾਲੀ ਪਰਵਾਰਾਂ ਕੋਲ ਅਜਿਹੇ ਮੌਕੇ ਉਪਲੱਬਧ ਹੁੰਦੇ ਹਨ, ਜੋ ਆਮ ਨਾਗਰਿਕਾਂ ਦੀ ਪਹੁੰਚ ਤੋਂ ਬਾਹਰ ਹੁੰਦੇ ਹਨ।

ਤਾਂ ਵੀ, ਭਾਰਤੀ ਲੋਕਤੰਤਰ ਨੂੰ 'ਧੋਖਾ' ਕਹਿਣਾ ਇੱਕ ਸਿਆਸੀ ਮਤ ਹੋ ਸਕਦਾ ਹੈ, ਨਾ ਕਿ ਸਥਾਪਤ ਤੱਥ, ਪਰ ਇਹ ਜ਼ਰੂਰ ਕਿਹਾ ਜਾ ਸਕਦਾ ਹੈ ਕਿ ਲੋਕਤੰਤਰ ਦੀ ਭਰੋਸੇਯੋਗਤਾ ਉਦੋਂ ਹੀ ਮਜ਼ਬੂਤ ਹੋਵੇਗੀ, ਜਦੋਂ ਸੱਤਾ ਅਤੇ ਸਮਾਜ ਵਿਚਕਾਰ ਵਧਦੀ ਦੂਰੀ ਘਟੇਗੀ। ਜਿੰਨਾ ਚਿਰ ਸੰਘਰਸ਼ ਸਿਰਫ ਗਰੀਬਾਂ ਦੇ ਹਿੱਸੇ ਅਤੇ ਵਿਸ਼ੇਸ਼ ਅਧਿਕਾਰ ਸਿਰਫ ਪ੍ਰਭਾਵਸ਼ਾਲੀ ਵਰਗ ਦੇ ਹਿੱਸੇ ਦਿਖਾਈ ਦੇਣਗੇ, ਉਦੋਂ ਤੱਕ ਇਹ ਸਵਾਲ ਵਾਰ-ਵਾਰ ਉੱਠੇਗਾ ਕਿ ਕੀ ਲੋਕਤੰਤਰ ਸੱਚਮੁੱਚ ਬਰਾਬਰ ਮੌਕੇ ਪ੍ਰਦਾਨ ਕਰਨ ਦਾ ਜ਼ਰੀਆ ਹੈ ਜਾਂ ਸਿਰਫ ਸੱਤਾ ਅਤੇ ਵਸੀਲਿਆਂ ਦੇ ਸੀਮਤ ਵਰਗ ਤੱਕ ਸਿਮਟਦਾ ਜਾ ਰਿਹਾ ਹੈ। ਲੋਕਤੰਤਰ ਸਿਰਫ ਮਤਦਾਨ ਦਾ ਨਾਂਅ ਨਹੀਂ, ਲੋਕਤੰਤਰ ਦੀ ਅਸਲ ਪ੍ਰੀਖਿਆ ਇਹ ਹੈ ਕਿ ਕੀ ਸੱਤਾ ਵਿੱਚ ਬੈਠੇ ਲੋਕਾਂ ਦੇ ਪਰਵਾਰ ਉਸੇ ਵਿਵਸਥਾ 'ਤੇ ਭਰੋਸਾ ਕਰਦੇ ਹਨ, ਜਿਸ ਨੂੰ ਉਹ ਪੂਰੇ ਦੇਸ਼ ਲਈ ਇੱਕ ਮਾਡਲ ਵਜੋਂ ਪੇਸ਼ ਕਰਦੇ ਹਨ। ਇਹੀ ਸਵਾਲ ਅੱਜ ਭਾਰਤੀ ਲੋਕਤੰਤਰ ਅੱਗੇ ਸਭ ਤੋਂ ਵੱਡੀ ਚੁਣੌਤੀ ਬਣ ਕੇ ਖੜ੍ਹਾ ਹੈ।

# ਮੀਡੀਆ ਬਨਾਮ ਜਮਹੂਰੀਅਤ

ਡਾ. ਅਨੂਪ ਸਿੰਘ

ਵਿਸ਼ਵ ਪੱਧਰੀ ਸੰਸਥਾ 'ਸੀਮਾਵਾਂ ਰਹਿਤ ਪੱਤਰਕਾਰ' ਦੀ 2026 ਦੀ ਰਿਪੋਰਟ ਅਨੁਸਾਰ ਸਾਡਾ ਦੇਸ਼ 180 ਦੇਸ਼ਾਂ ਵਿਚੋਂ 157ਵੇਂ ਸਥਾਨ 'ਤੇ ਹੈ। ਅਮਰੀਕਾ-ਇਜ਼ਰਾਈਲ ਦੁਆਰਾ ਸਾਰੇ ਅੰਤਰ-ਰਾਸ਼ਟਰੀ ਨੇਮਾਂ-ਕਾਨੂੰਨਾਂ ਦੀ ਉਲੰਘਣਾ ਕਰਦਿਆਂ ਸੈਨਿਕ ਬੁਰਛਾਗਰਦੀ ਦਾ ਝੰਬਿਆ ਫਲਸਤੀਨ ਭਾਰਤ ਨਾਲੋਂ ਬਿਹਤਰ ਸਥਿਤੀ 'ਚ ਹੈ। ਆਪਣੀ ਪ੍ਰਭੂਸੱਤਾ ਤੇ ਫਲਸਤੀਨੀ ਗੌਰਵ ਦੀ ਰਾਖੀ ਕਰਦਾ ਇਹ ਦੇਸ਼ ਪ੍ਰੈੱਸ ਸੁਤੰਤਰਤਾ ਦੇ ਮਾਮਲੇ 'ਚ 156ਵੇਂ ਸਥਾਨ 'ਤੇ ਹੈ। ਦੂਜਾ ਉਲੇਖ ਯੋਗ ਪਹਿਲੂ ਇਹ ਹੈ ਕਿ ਬੀਤੇ ਸਾਲ (2025) ਵਿਚ ਫਲਸਤੀਨ 163ਵੇਂ ਸਥਾਨ 'ਤੇ ਸੀ ਅਤੇ ਭਾਰਤ 151ਵੇਂ ਸਥਾਨ 'ਤੇ ਸੀ। ਸਪੱਸ਼ਟ ਹੈ ਕਿ ਭਾਰਤ ਇਕ ਸਾਲ 'ਚ ਹੀ 6 ਸਥਾਨ ਪਿੱਛੇ ਖਿਸਕਿਆ ਅਤੇ ਫਲਸਤੀਨ 7 ਸਥਾਨ ਅੱਗੇ ਵਧਿਆ ਹੈ, ਭਾਵ ਉੱਥੇ ਪ੍ਰੈੱਸ ਸੁਤੰਤਰਤਾ ਦੀ ਸਥਿਤੀ ਸੁਧਰੀ ਹੈ।

ਆਉ, ਦੇਖੀਏ ਕਿ ਭਾਰਤ ਆਪਣੇ ਗੁਆਂਢੀ ਦੇਸ਼ਾਂ ਦੇ ਮੁਕਾਬਲੇ ਕਿੱਥੇ ਖੜ੍ਹਾ ਹੈ। ਨੇਪਾਲ—87ਵੇਂ; ਸ੍ਰੀਲੰਕਾ-134ਵੇਂ; ਭੂਟਾਨ-150ਵੇਂ; ਬੰਗਲਾਦੇਸ਼-152ਵੇਂ ਅਤੇ ਪਾਕਿਸਤਾਨ-153ਵੇਂ ਸਥਾਨ 'ਤੇ ਹੈ। ਸਪੱਸ਼ਟ ਹੈ ਕਿ ਭਾਰਤ ਪ੍ਰੈੱਸ ਸੁਤੰਤਰਤਾ ਦੇ ਮਾਮਲੇ 'ਚ ਦੱਖਣੀ ਏਸ਼ੀਆ 'ਚੋਂ ਫਾਡੀ ਹੈ। ਕੰਬੋਡੀਆ 151ਵੇਂ; ਲਾਊਸ 154ਵੇਂ ਅਤੇ ਤਾਜ਼ਿਕਸਤਾਨ 155 ਵੇਂ ਸਥਾਨ 'ਤੇ ਹੈ। ਐਰੀਟਰੀਆ ਬੀਤੇ ਤਿੰਨ ਸਾਲਾਂ ਤੋਂ ਫਾਡੀ/ਅੰਤਿਮ ਭਾਵ 180ਵੇਂ ਸਥਾਨ 'ਤੇ ਹੈ। ਨਾਇਜਰ ਪ੍ਰੈੱਸ ਸੁਤੰਤਰਤਾ ਦੇ ਮਾਮਲੇ 'ਚ ਤੇਜ਼ੀ ਨਾਲ ਨੀਵਾਣ ਵੱਲ ਖਿਸਕ ਰਿਹਾ ਹੈ। ਸੀਰੀਆ ਅੰਤਮ ਦਸ ਦੇਸ਼ਾਂ ਵਿਚ ਧੱਕੇ ਜਾਣ ਤੋਂ ਬਾਅਦ ਹੁਣ ਸੰਭਲਿਆ ਹੈ ਅਤੇ 36 ਸਥਾਨਾਂ ਦੇ ਉਛਾਲ ਨਾਲ 141ਵੇਂ ਸਥਾਨ 'ਤੇ ਪਹੁੰਚ ਗਿਆ ਹੈ। ਕਾਰਨ ਇਹ ਹੈ ਕਿ ਸੀਰੀਆ ਵਿਚ ਬਸ਼ਰ-ਅਲ-ਅਸਦ ਦੀ ਤਾਨਾਸ਼ਾਹੀ 2025 ਵਿਚ ਖਤਮ ਹੋ ਗਈ ਸੀ।

ਜਮਹੂਰੀਅਤ ਦਾ ਜਨਮ ਦਾਤਾ ਸਮਝਿਆ ਜਾਣ ਵਾਲਾ ਬਰਤਾਨੀਆ ਵੱਖ-ਵੱਖ ਕਾਰਨਾਂ ਕਰਕੇ 18ਵੇਂ ਸਥਾਨ 'ਤੇ ਹੈ। ਵਿਸ਼ਵ ਧਾੜਵੀ ਅਮਰੀਕਾ, ਜੋ ਆਪਣੇ ਆਪ ਨੂੰ ਜਮਹੂਰੀਅਤ ਦਾ ਝੰਡਾਬਰਦਾਰ ਸਮਝਦਾ ਹੈ, ਪ੍ਰੈੱਸ ਸੁਤੰਤਰਤਾ ਦੇ ਮਾਮਲੇ 'ਚ 2026 'ਚ 64ਵੇਂ ਸਥਾਨ 'ਤੇ ਖਿਸਕ ਗਿਆ ਹੈ। ਪਰਿਵਾਰਕ ਹਿੱਤਾਂ ਤੋਂ ਪ੍ਰੇਰਿਤ ਕਾਰੋਬਾਰੀ, ਆਪ-ਹੁਦਰਾ ਤੇ ਅਸਥਿਰ ਮਾਨਸਿਕਤਾ ਵਾਲਾ ਡੋਨਾਲਡ ਟਰੰਪ ਪ੍ਰੈੱਸ ਉੱਪਰ ਸਿੱਧੇ/ਅਸਿੱਧੇ ਹਮਲੇ ਕਰ ਰਿਹਾ ਹੈ। ਉੱਥੋਂ ਦੀ ਪ੍ਰੈੱਸ ਦਾ ਇਕ ਹਿੱਸਾ ਲਿਫ਼ ਵੀ ਰਿਹਾ ਹੈ ਅਤੇ ਵਿਕ ਵੀ ਰਿਹਾ ਹੈ, ਪਰ ਇਕ ਹਿੱਸਾ ਅਜੇ ਵੀ ਪ੍ਰਤੀਰੋਧ ਸਿਰਜ ਰਿਹਾ ਹੈ। ਇਸ ਮਿਲਵੇਂ ਪ੍ਰਭਾਵ ਕਾਰਨ ਹੀ ਅਮਰੀਕਾ ਇਕ ਸਾਲ 'ਚ ਕੇਵਲ ਸੱਤ ਸਥਾਨ ਹੀ ਪਿੱਛੇ ਖਿਸਕਿਆ ਹੈ। ਟਰੰਪ ਪੱਤਰਕਾਰਾਂ ਨੂੰ ਕੈਦ ਵੀ ਕਰ ਰਿਹਾ ਹੈ ਅਤੇ ਦੇਸ਼ ਬਦਰ ਵੀ ਕਰ ਰਿਹਾ ਹੈ।

ਪ੍ਰੈੱਸ ਦੀ ਸੁਤੰਤਰਤਾ ਦੇ ਮਾਮਲੇ 'ਚ ਬੀਤੇ 10 ਸਾਲਾਂ ਤੋਂ ਚੋਟੀ 'ਤੇ ਰਹਿਣ ਕਰਕੇ ਨਾਰਵੇ ਵਿਸ਼ਵ ਦਾ ਪਥ ਪ੍ਰਦਰਸ਼ਕ ਬਣਿਆ ਹੋਇਆ ਹੈ। ਇਸ ਦੇਸ਼ ਦਾ ਮੁੱਖ ਚੈਂਨਲ ਐੱਨ ਆਰ ਕੇ ਸਰਕਾਰੀ ਫੰਡਾਂ 'ਤੇ ਚੱਲਣ ਦੇ ਬਾਵਜੂਦ ਸੰਪਾਦਕੀ ਨੀਤੀ ਦੇ ਤੌਰ 'ਤੇ ਪੂਰੀ ਤਰ੍ਹਾਂ ਸੁਤੰਤਰ ਹੈ। ਇਸ ਚੈਨਲ 'ਤੇ ਸਨਸਨੀਖੇਜ਼ ਸ਼ਬਦ ਗ਼ਾਲ਼ ਵਾਂਗ ਹੈ ਅਤੇ ਗਲਤ ਤੱਥ ਅਤੇ ਝੂਠੀਆਂ ਖ਼ਬਰਾਂ ਪੇਸ਼ ਕਰਨ 'ਤੇ ਵੱਡੇ ਜੁਰਮਾਨੇ ਅਤੇ ਜਨਤਕ ਮੁਆਫੀ ਮੰਗਣੀ ਪੈਂਦੀ ਹੈ। ਉਂਝ ਅਜਿਹੀ ਸਥਿਤੀ ਬੇਹੱਦ ਘੱਟ ਉਪਜਦੀ ਹੈ। ਸਕੈਂਡਨੇਵੀਅਨ ਦੇਸ਼-ਨਾਰਵੇ, ਡੈਨਮਾਰਕ, ਸਵੀਡਨ ਤੇ ਆਈਸਲੈਂਡ ਆਦਿ ਮਨੁੱਖੀ ਵਿਕਾਸ ਦੇ ਹਰ ਸੂਚਕ ਸਕੇਲ 'ਤੇ ਚੋਟੀ ਦੇ 10 ਦੇਸ਼ਾਂ ਵਿਚ ਹੀ ਰਹਿੰਦੇ ਹਨ। ਸਾਡੀ ਧਰਤੀ ਦਾ ਅਸਲ ਸਵਰਗ।

ਭਾਰਤ ਪ੍ਰੈੱਸ ਸੁਤੰਤਰਤਾ ਸਕੇਲ 'ਤੇ ਸਭ ਤੋਂ ਅੰਤਮ ਪਾਇਦਾਨ 'ਤੇ ਦੇਸ਼ ਐਰੀਟਰੀਆ, ਜੋ 180ਵੇਂ ਸਥਾਨ 'ਤੇ ਹੈ, ਤੋਂ 23 ਦਰਜੇ ਉੱਪਰ ਹੈ। 'ਸੀਮਾ ਰਹਿਤ ਪੱਤਰਕਾਰ' ਨਾਮਕ ਸੰਸਥਾ ਦੁਆਰਾ ਨਿਰਧਾਰਿਤ ਪੱਤਰਕਾਰੀ ਲਈ ਪੰਜਾਂ ਮਾਪਦੰਡਾਂ/ਸੂਚਕਾਂ-ਆਰਥਿਕ, ਕਾਨੂੰਨੀ, ਸੁਰੱਖਿਆ, ਰਾਜਨੀਤਕ ਅਤੇ ਸਮਾਜਿਕ ਵਾਤਾਵਰਣ ਉੱਪਰ ਅਜਿਹਾ ਸਪੱਸ਼ਟ ਵਿਖਾਈ ਦਿੰਦਾ ਹੈ। ਕਾਨੂੰਨੀ ਸੂਚਕ ਉੱਪਰ ਭਾਰਤ ਤੇਜ਼ੀ ਨਾਲ ਸਭ ਤੋਂ ਪਿੱਛੇ ਗਿਆ ਹੈ। ਕੁੱਲ 180 ਦੇਸ਼ਾਂ ਵਿਚੋਂ 110 ਦੇਸ਼ਾਂ ਵਿਚ ਪੱਤਰਕਾਰਾਂ ਦੀ ਕਾਨੂੰਨੀ ਸੁਰੱਖਿਆ ਕਮਜ਼ੋਰ ਹੋਈ ਹੈ। ਸਾਲ 2025 ਅਤੇ ਸਾਲ 2026 ਦੇ ਇਕ ਸਾਲ ਵਿਚ ਭਾਰਤ ਦਾ ਨਾਂਅ ਇਸ ਪ੍ਰਸੰਗ ਵਿਚ ਲਿਆ ਗਿਆ ਹੈ। ਪੱਤਰਕਾਰੀ ਲਈ ਕਾਨੂੰਨੀ ਹਾਲਤਾਂ ਸਭ ਤੋਂ ਤੇਜ਼ੀ ਨਾਲ ਵਿਗੜੀਆਂ ਹਨ।

ਕਾਨੂੰਨੀ ਸੂਚਕ ਸਕੇਲ 'ਤੇ ਇਸ ਸਾਲ (2026) ਸਭ ਤੋਂ ਵੱਡੀ ਪਛਾੜ ਵੱਜੀ ਹੈ। ਪੱਤਰਕਾਰਾਂ ਨੂੰ ਵਿਧਾਨ ਪਾਲਿਕਾ ਤੇ ਨਿਆਂ ਪਾਲਿਕਾ ਤੋਂ ਮਿਲਦੀ ਸੁਰੱਖਿਆ ਤੇਜ਼ੀ ਨਾਲ ਖੀਣ ਹੋਈ ਹੈ। ਇਸ ਰਿਪੋਰਟ ਵਿਚ ਭਾਰਤ ਦਾ ਨਾਂਅ ਵਿਸ਼ੇਸ਼ ਰੂਪ 'ਚ ਰੇਖਾਂਕਿਤ ਕੀਤਾ ਗਿਆ ਹੈ। ਇਹ ਨਾਂਅ ਵਿਸ਼ੇਸ਼ ਕਰਕੇ ਭਾਰਤ 'ਚ ਪੱਤਰਕਾਰਾਂ ਲਈ ਵਿਗੜ ਰਹੇ ਕਾਨੂੰਨੀ ਵਾਤਾਵਰਣ ਬਾਰੇ ਹੈ। ਭਾਰਤ ਦੇ ਨਾਲ ਇਸ ਪ੍ਰਸੰਗ ਵਿਚ ਜਾਰਜੀਆ, ਮਿਸਰ ਤੇ ਇਜ਼ਰਾਈਲ ਦਾ ਨਾਂਅ ਲਿਆ ਗਿਆ ਹੈ। ਉੱਕਤ ਰਿਪੋਰਟ 'ਚ ਉੱਕਤ ਚਾਰ ਦੇਸ਼ਾਂ ਸਮੇਤ 60 ਫੀਸਦੀ ਤੋਂ ਵੱਧ ਦੇਸ਼ਾਂ ਵਿਚ ਮੀਡੀਆ ਦੀ ਆਜ਼ਾਦੀ ਦੇ ਪਤਨ ਲਈ ਐਮਰਜੈਂਸੀ ਦੇ ਨਾਂਅ 'ਤੇ ਬਣਾਏ ਗਏ ਕਾਨੂੰਨਾਂ ਦੀ ਵਰਤੋਂ ਹੋ ਰਹੀ ਹੈ।

ਭਾਰਤ ਵਿਚ ਭਾਵੇਂ ਨਿਊਜ਼ ਬ੍ਰਾਡਕਾਸਟਿਗ ਐਂਡ ਡਿਜੀਟਲ ਸਟੈਂਡਰਡ ਅਥਾਰਟੀ ਵਰਗੀਆਂ ਸੰਸਥਾਵਾਂ ਹਨ, ਪਰ ਚੋਣ ਕਮਿਸ਼ਨ, ਈ.ਡੀ., ਸੀ.ਬੀ.ਆਈ. ਆਮਦਨ ਕਰ ਵਿਭਾਗ, ਕੈਗ, ਸੀ.ਵੀ.ਜੀ. ਸਮੇਤ ਨਿਆਂ ਪਾਲਿਕਾ ਆਦਿ ਸੰਸਥਾਵਾਂ ਦੀ ਭਰੋਸੇਯੋਗਤਾ ਤੇਜ਼ੀ ਨਾਲ ਖੀਣ ਹੋ ਰਹੀ ਹੈ। ਇਸ ਲਈ ਪ੍ਰੈੱਸ ਦੀ ਆਜ਼ਾਦੀ ਦੀ ਰਾਖੀ ਕਰਨ ਵਾਲੀ ਉੱਕਤ ਸੰਸਥਾ ਵੀ ਲਗਭਗ ਸਰਕਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਹੀ ਕੰਮ ਕਰਦੀ ਹੈ। ਦੂਜੇ ਮੀਡੀਆ ਦੇ ਵੱਡੇ ਤੇ ਪ੍ਰਭਾਵੀ ਹਿੱਸੇ 'ਤੇ ਕਾਰਪੋਰੇਟਰਾਂ ਦਾ ਕਬਜ਼ਾ ਹੈ।

ਸਰਕਾਰ ਤੇ ਕਾਰਪੋਰੇਟ ਭਾਰਤ 'ਚ ਇਕ-ਦੂਜੇ ਦੇ ਪੂਰਕ ਬਣ ਗਏ ਹਨ। ਇਸ ਲਈ ਮੀਡੀਆ ਪਾਸੋਂ ਸਥਾਪਤੀ ਵਿਰੋਧੀ ਹੋਣ ਜਾਂ ਸਥਾਪਤੀ ਨੂੰ ਸਵਾਲ ਕਰਨ ਦੀ ਆਸ ਨਹੀਂ ਰੱਖੀ ਜਾ ਸਕਦੀ। ਇਸੇ ਲਈ ਮੀਡੀਆ ਹੁਣ ਸਵਾਲ ਵਿਰੋਧੀ ਧਿਰ ਨੂੰ ਕਰਦਾ ਹੈ, ਨਾ ਕਿ ਸਰਕਾਰ ਨੂੰ। ਮੀਡੀਆ ਊਣਤਾਈਆਂ, ਘਾਟਾਂ-ਕਮਜ਼ੋਰੀਆਂ ਤੇ ਗਲਤੀਆਂ ਸਰਕਾਰ ਦੀਆਂ ਨੀਤੀਆਂ ਤੇ ਕਾਰਕਰਦਗੀ 'ਚ ਨਹੀਂ ਖੋਜਦਾ, ਸਗੋਂ ਵਿਰੋਧੀ ਧਿਰਾਂ ਦੀਆਂ ਖੋਜਦਾ ਹੈ। ਮੀਡੀਆ ਦਾ ਵੱਡਾ ਹਿੱਸਾ ਸਰਕਾਰੀ ਬਿਰਤਾਂਤ ਦੀ ਪੁਸ਼ਟੀ ਹੀ ਕਰਦਾ ਪ੍ਰਤੀਤ ਹੁੰਦਾ ਹੈ। ਭਾਰਤ 'ਚ ਮੀਡੀਆ ਹੁਣ ਭਾਰਤ ਦੀ ਵੰਚਿਤ-ਵਿਹੂਣੀ ਅਤੇ ਪੀੜਤ ਧਿਰ ਦੀ ਆਵਾਜ਼ ਨਹੀਂ ਰਹਿ ਗਿਆ, ਇਹ ਪ੍ਰਮੁੱਖ ਰੂਪ ਵਿਚ ਆਪਣੇ ਪ੍ਰਤੀਪਾਲਕਾਂ ਭਾਵ ਸਰਕਾਰ ਤੇ ਕਾਰਪੋਰੇਟਰਾਂ ਦਾ ਬੁਲਾਰਾ ਬਣ ਗਿਆ ਹੈ।

'ਸੀਮਾ ਰਹਿਤ ਪੱਤਰਕਾਰ' ਨਾਮਕ ਸੰਸਥਾ ਨੇ ਆਪਣੀ ਰਿਪੋਰਟ ਵਿਚ ਪ੍ਰਵਾਨ ਕੀਤਾ ਹੈ ਕਿ 2025-26 ਦਾ ਵਰ੍ਹਾ ਪੱਤਰਕਾਰੀ ਲਈ ਸਭ ਤੋਂ ਖਰਾਬ ਸਾਲ ਹੈ। ਬੀਤੇ 25 ਸਾਲ ਤੋਂ ਇਹ ਸੰਸਥਾ ਪੱਤਰਕਾਰੀ ਦੀ ਸੁਤੰਤਰਤਾ ਬਾਰੇ ਰਿਪੋਰਟ ਜਾਰੀ ਕਰਦੀ ਆ ਰਹੀ ਹੈ। ਦੁਨੀਆ ਦੇ ਅੱਧੇ ਦੇਸ਼ ਪੱਤਰਕਾਰਾਂ ਤੇ ਸੁਤੰਤਰ ਪੱਤਰਕਾਰੀ ਲਈ ਬੇਹੱਦ ਕਠਿਨ ਤੇ ਗੰਭੀਰ ਹਾਲਤਾਂ ਵਾਲੇ ਦੇਸ਼ ਹਨ। ਹੁਣ ਤੱਕ ਰੂਸ ਨੇ 48 ਪੱਤਰਕਾਰਾਂ ਨੂੰ ਜੇਲ੍ਹਾਂ 'ਚ ਬੰਦ ਕੀਤਾ ਹੈ। ਇਜ਼ਰਾਈਲ ਵੱਲੋਂ ਫਲਸਤੀਨੀਆਂ ਵਿਰੁੱਧ ਅਕਤੂਬਰ 2023 ਤੋਂ ਛੇੜੀ ਜੰਗ ਵਿਚ ਗਾਜ਼ਾ ਵਿਚ 220 ਤੋਂ ਵੱਧ ਪੱਤਰਕਾਰ ਮਾਰੇ ਗਏ ਹਨ। ਇਨ੍ਹਾਂ ਵਿਚੋਂ ਘੱਟ ਤੋਂ ਘੱਟ 70 ਪੱਤਰਕਾਰ ਆਪਣਾ ਕੰਮ ਕਰਦੇ ਹੋਏ ਮਾਰੇ ਗਏ ਹਨ।

'ਪਿਊ' ਰਿਸਰਚ ਅਨੁਸਾਰ ਕਰੀਬ 74 ਫੀਸਦੀ ਭਾਰਤੀ ਲੋਕਤੰਤਰੀ ਵਿਵਸਥਾ ਤੋਂ ਕਿਸੇ ਨਾ ਕਿਸੇ ਹੱਦ ਤੱਕ ਸੰਤੁਸ਼ਟ ਹਨ, ਪਰ ਜੇਕਰ ਮੀਡੀਆ ਨੇ ਭਰੋਸਾ ਗੁਆ ਲਿਆ ਤਾਂ ਇਹ ਸੰਤੁਸ਼ਟੀ ਲੰਮੇ ਸਮੇਂ ਤੱਕ ਨਹੀਂ ਰਹਿ ਸਕਦੀ। 'ਐਡਲਮੈਨ ਟਰੱਸਟ ਬੈਰੋਮੀਟਰ' 2026 ਅਨੁਸਾਰ ਫੇਕ ਨਿਊਜ਼ ਦੀ ਚਿੰਤਾ ਰਿਕਾਰਡ ਪੱਧਰ 'ਤੇ ਹੈ। ਜਦੋਂ ਲੋਕ ਮੀਡੀਆ ਨੂੰ ਪ੍ਰਚਾਰ ਸਮਝਣ ਲੱਗਦੇ ਹਨ ਤਾਂ ਉਹ ਲੋਕਤੰਤਰੀ ਸੰਸਥਾਵਾਂ 'ਤੇ ਵੀ ਸ਼ੱਕ ਕਰਨ ਲੱਗਦੇ ਹਨ, ਜਿਸ ਨਾਲ ਆਰਥਿਕਤਾ, ਬੇਰੁਜ਼ਗਾਰੀ, ਸਿੱਖਿਆ ਅਤੇ ਸਿਹਤ ਵਰਗੇ ਅਸਲ ਮੁੱਦੇ ਭਾਵਨਾਤਮਕ ਰਾਜਨੀਤੀ ਹੇਠ ਦੱਬ ਜਾਂਦੇ ਹਨ। ਇਸ਼ਤਿਹਾਰਾਂ ਦੇ ਹੜ੍ਹ 'ਚ ਸੱਚ ਤੇ ਝੂਠ ਦਰਮਿਆਨ ਪਛਾਣ ਕਰਨੀ ਮੁਸ਼ਕਲ ਹੋ ਜਾਂਦੀ ਹੈ।

ਇਹ ਤਾਂ ਪ੍ਰਵਾਨਿਤ ਸੂਤਰ ਹੈ ਕਿ ਪ੍ਰੈੱਸ/ਮੀਡੀਆ ਦੀ ਆਜ਼ਾਦੀ ਅਤੇ ਲੋਕਤੰਤਰ ਦੀ ਸੰਜੀਵਤਾ ਆਪਸ 'ਚ ਜੈਵਿਕ ਰੂਪ 'ਚ ਜੁੜੀ ਹੋਈ ਹੈ। ਅੱਜ ਦੇਸ਼ ਵਿਚ ਜਮਹੂਰੀਅਤ ਦੀ ਹੋਂਦ ਸ਼ੱਕ ਦੇ ਘੇਰੇ ਵਿਚ ਹੈ। ਸਵੀਡਨ ਆਧਾਰਿਤ ਸੰਸਥਾ 'ਵੀ.ਡੈੱਮ' ਦੀ ਰਿਪੋਰਟ (2026) ਅਨੁਸਾਰ ਭਾਰਤ ਵਿਚ ਹੁਣ ਇਕ 'ਚੁਣੀ ਹੋਈ ਤਾਨਾਸ਼ਾਹੀ' ਹੈ। ਇਹ ਪੰਜ ਸਾਲਾਂ ਬਾਅਦ ਸੱਤਾ 'ਤੇ ਧਨ ਬਲ ਦੇ ਮੁਕੰਮਲ ਪ੍ਰਭਾਵ ਹੇਠ ਚੋਣਾਂ ਤੱਕ ਸਿਮਟ ਗਈ ਹੈ ਅਤੇ ਚੁਣੀ ਹੋਈ ਧਿਰ ਦੇ ਆਗੂ ਤਾਨਾਸ਼ਾਹਾਂ ਵਾਂਗ ਵਿਹਾਰ ਕਰਦੇ ਹਨ। ਇਸ ਦੀਆਂ ਪੰਜ ਪ੍ਰਮੁੱਖ ਵਿਸ਼ੇਸ਼ਤਾਈਆਂ ਹਨ : (ੳ) ਵਿਚਾਰਾਂ ਦੇ ਪ੍ਰਗਟਾਵੇ 'ਤੇ ਰੋਕਾਂ ਅਤੇ ਜਾਂਚ ਏਜੰਸੀਆਂ ਦੀ ਦੁਰਵਰਤੋਂ (ਅ) ਸੰਗਠਨ ਬਣਾਉਣ ਤੇ ਚਲਾਉਣ ਉੱਪਰ ਕਰੜੀਆਂ ਬੰਦਿਸ਼ਾਂ ਅਤੇ ਸੁਰੱਖਿਆ ਬਲਾਂ ਦੀ ਅਣਇੱਛਿਤ ਦਖ਼ਲ ਅੰਦਾਜ਼ੀ (ੲ) ਪਾਰਟੀਆਂ ਦਰਮਿਆਨ ਸਿਆਸੀ ਮੁਕਾਬਲੇ ਦੀ ਅਣਹੋਂਦ (ਸ) ਅਣਐਲਾਨੀਆ ਮੀਡੀਆ ਪਾਬੰਦੀਆਂ ਅਤੇ ਸਵੈ-ਸੇਵੀ ਸਮਾਜਿਕ-ਰਾਜਨੀਤਕ ਸੰਸਥਾਵਾਂ ਪ੍ਰਤੀ ਕਠੋਰਤਾ ਵਾਲੀ ਪਹੁੰਚ (ਹ) ਅਕਾਦਮਿਕ ਤੇ ਧਾਰਮਿਕ ਆਜ਼ਾਦੀ 'ਤੇ ਰੋਕਾਂ।

ਭਾਰਤੀ ਰਾਜਨੀਤੀ ਵਿਚ ਇਕ ਹੋਰ ਮਹੱਤਵਪੂਰਨ ਪਰਿਵਰਤਨ 'ਫਿਰਕੂ ਧਰੁੱਵੀਕਰਨ' ਦੇ ਨਾਂਅ ਹੇਠ ਵਾਪਰ ਰਿਹਾ ਹੈ। ਬਹੁਗਿਣਤੀ ਧਾਰਮਿਕ ਭਾਈਚਾਰੇ ਨੂੰ ਘੱਟ ਗਿਣਤੀਆਂ ਵਿਰੁੱਧ ਲਾਮਬੰਦ ਕੀਤਾ ਜਾ ਰਿਹਾ ਹੈ। ਅਮਰੀਕਨ ਸਾਮਰਾਜ ਦਾ ਸਿੱਧਾ ਦਖ਼ਲ ਅਤੇ ਦੇਸੀ-ਵਿਦੇਸ਼ੀ ਕਾਰਪੋਰੇਟਰਾਂ ਦਾ ਅਸਿੱਧਾ ਕੰਟਰੋਲ ਦੇਸ਼ ਦੀ ਆਰਥਿਕ ਤੇ ਸਮਾਜਿਕ ਦਿਸ਼ਾ ਤੇ ਦਸ਼ਾ ਨੂੰ ਲੋਕ ਵਿਰੋਧੀ ਮੋੜ ਦੇ ਰਿਹਾ ਹੈ। ਉੱਕਤ ਸਾਰੇ ਕੁਝ ਦੇ ਆਧਾਰ 'ਤੇ ਹੀ ਜੈਫਰੇਲੋਟ ਕਹਿ ਰਿਹਾ ਹੈ-ਦੇਸ਼ ਵਿਚ 'ਹਿੰਦੂ ਰਾਸ਼ਟਰਵਾਦ ਅਤੇ ਨਸਲੀ ਜਮਹੂਰੀਅਤ' ਉਤਪੰਨ ਹੋ ਚੁੱਕੀ ਹੈ।

# ਸੰਪਰਕ : 98768-01268

# ਵਿਰਾਨ ਥੇਹ ਦਾ ਗੁਲਾਬ

ਜਸਵੀਰ ਲਾਡੀ ਛਾਜਲੀ

ਸੰਨ ਸੰਤਾਲੀ ਵੇਲੇ ਦੇਸ਼ ਦੇ ਬਟਵਾਰੇ ਨੇ ਇਨਸਾਨੀਅਤ ਨੂੰ ਜੜ੍ਹੋਂ ਉਖਾੜ ਸੁੱਟਿਆ। ਇਨਸਾਨੀਅਤ ਲੀਰੋ-ਲੀਰ ਹੋ ਗਈ। ਮੁਲਕ ਦੇ ਵਿਚਾਲੇ ਇੱਕ ਲੰਮੀ ਲੀਕ ਖਿੱਚ ਦਿੱਤੀ ਗਈ। ਲੀਕ ਦੇ ਪਰਲੇ ਪਾਸੇ ਪਾਕਿਸਤਾਨ ਬਣ ਗਿਆ ਤੇ ਲੀਕ ਦੇ ਇਧਰਲੇ ਪਾਸੇ ਹਿੰਦੋਸਤਾਨ ਬਣ ਗਿਆ। ਪੰਜਾਬ ਦੋ ਟੁਕੜਿਆਂ ਵਿੱਚ ਵੰਡਿਆ ਗਿਆ। ਪੰਜਾਬ ਦੇ ਨਾਲ-ਨਾਲ ਪੰਜ ਆਬ ਵੀ ਵੰਡੇ ਗਏ। ਝਨਾਂ ਦਰਿਆ ਵੰਝਲੀ ਵਾਲੇ ਰਾਂਝੇ ਕੋਲ ਚਲਾ ਗਿਆ ਤੇ ਸਤਲੁਜ ਸ਼ਹੀਦ ਭਗਤ ਸਿੰਘ ਦੇ ਹਿੱਸੇ ਆ ਗਿਆ। ਦੇਸ਼ ਦੇ ਬਟਵਾਰੇ ਕਰਕੇ ਕੁਝ ਲੋਕ ਇੱਧਰੋਂ-ਉੱਧਰ ਚਲੇ ਗਏ ਤੇ ਕੁਝ ਲੋਕ ਉਧਰੋਂ-ਇਧਰ ਆ ਗਏ। ਕੁਝ ਲੋਕ ਕਾਫ਼ਲਿਆਂ ਸੰਗ ਚੱਲਦੇ ਹੋਏ ਆਪਣੇ ਟਿਕਾਣੇ 'ਤੇ ਪਹੁੰਚ ਗਏ ਤੇ ਕੁਝ ਅਧਵਾਟੇ ਦਮ ਤੋੜ ਗਏ। ਕੁਝ ਲੋਕ ਸਤਲੁਜ ਅਤੇ ਬਿਆਸ ਦਰਿਆਵਾਂ ਦੀਆਂ ਪੱਤਣਾਂ ਨੂੰ ਪਾਰ ਕਰਦਿਆਂ ਘੱਗਰ ਦਰਿਆ ਦੇ ਨੇੜੇ-ਤੇੜੇ ਵਸ ਗਏ। ਪੁਲਾਂਘਾਂ ਭਰਦਿਆਂ-ਭਰਦਿਆਂ ਮੀਲਾਂ ਦੇ ਫਾਸਲੇ ਕਦੋਂ ਤਹਿ ਹੋ ਗਏ ਪਤਾ ਹੀ ਨਹੀਂ ਲੱਗਿਆ। ਸਾਡਾ ਪਰਵਾਰ ਵੀ ਪਾਕਿਸਤਾਨ ਤੋਂ ਉਜੜ ਕੇ ਪਿੰਡ ਛਾਜਲੀ ਆ ਵਸਿਆ।

ਜ਼ਿਲ੍ਹਾ ਮੁਲਤਾਨ ਦੇ 26 ਚੱਕ 9 ਰਸਾਲ ਵਿੱਚ ਉਹਨਾਂ ਕੋਲ ਦੋ ਮੁਰੱਬੇ ਜ਼ਮੀਨ ਸੀ। ਦੇਸ਼ ਦੇ ਬਟਵਾਰੇ ਤੋਂ ਬਾਅਦ ਇਹ ਜ਼ਮੀਨ ਯੂ ਪੀ ਵਿਖੇ ਅਲਾਟ ਹੋਈ। ਪਰਵਾਰ ਨੇ ਡਰ ਦੇ ਮਾਰਿਆਂ ਯੂ ਪੀ ਜਾਣ ਤੋਂ ਇਨਕਾਰ ਕਰ ਦਿੱਤਾ। ਪੇਪਰਾਂ 'ਤੇ ਅੰਗੂਠੇ ਲਾ ਦਿੱਤੇ। ਅਖੇ, ਸਾਨੂੰ ਜ਼ਮੀਨ ਨਹੀਂ ਚਾਹੀਦੀ। ਜਦੋਂ ਹੱਲੇ ਪਏ ਮੇਰਾ ਇੱਕ ਚਾਚਾ ਤੇ ਇੱਕ ਤਾਇਆ ਡੰਗਰਾਂ ਲਈ ਹਰਾ ਚਾਰਾ ਲੈਣ ਗਏ ਮਾਰ ਦਿੱਤੇ, ਡੰਗਰ ਭੁੱਖੇ-ਭਾਣੇ ਰਹਿ ਗਏ। ਜਦੋਂ ਪਾਕਿਸਤਾਨੋਂ ਕਾਫ਼ਲੇ ਚੱਲੇ ਤਾਂ ਮੇਰੀ ਭੂਆ ਕਾਫ਼ਲੇ ਵਿੱਚੋਂ ਵਿਛੜ ਗਈ ਤੇ ਦੂਜੀ ਅਰਸੇ ਬਾਅਦ ਪਤਾ ਲੱਗਾ ਕਿ ਉਹ ਗੁਰਦਾਸਪੁਰ ਜ਼ਿਲ੍ਹੇ ਦੇ ਪਿੰਡ ਪੰਡੋਰੀ ਵਿੱਚ ਹੈ, ਜਿਸ ਨੂੰ ਲੰਮੇ ਸਮੇਂ ਬਾਅਦ ਉਸ ਦੇ ਬਾਪੂ ਨੇ ਜਾ ਲੱਭਿਆ। ਇੱਕ ਤਾਇਆ ਪਿੰਡ ਲਾਡ ਬਨਜਾਰਾ ਕਲਾਂ ਤੇ ਇੱਕ ਜਲੰਧਰ ਜ਼ਿਲ੍ਹੇ ਦੇ ਪਿੰਡ ਸਾਬੋਆਲ ਜਾ ਵਸਿਆ। ਪਰਿਵਾਰ ਤਿੰਨ ਹਿੱਸਿਆਂ ਵਿੱਚ ਵੰਡਿਆ ਗਿਆ।

ਹੁਣ ਪਿੰਡ ਛਾਜਲੀ ਵਿੱਚ ਉਹਨਾਂ ਨੂੰ ਅੰਬਰਸਰੀਏ ਕਰਕੇ ਜਾਣਿਆ ਜਾਂਦਾ ਹੈ। ਉਸ ਦੇ ਪਿਤਾ ਜੀ ਪਾਕਿਸਤਾਨ ਤੋਂ ਦੋ ਚੀਜ਼ਾਂ ਨਾਲ ਲੈ ਕੇ ਆਏ। ਇੱਕ ਗੁਰੂਆਂ ਦੀ ਬਖਸ਼ੀ ਹੋਈ ਤਲਵਾਰ ਤੇ ਦੂਜਾ ਰੂੰ ਪਿੰਜਣ ਵਾਲਾ ਤਾੜਾ। ਤਲਵਾਰ ਆਪਣੇ ਪਰਵਾਰ ਦੀ ਸੁਰੱਖਿਆ ਲਈ ਅਤੇ ਰੂੰ ਪਿੰਜਣ ਵਾਲਾ ਤਾੜਾ ਆਪਣੀ ਕਿਰਤ ਲਈ। ਜੋ ਅੱਜ ਵੀ ਸਾਂਭ ਕੇ ਰੱਖੇ ਹੋਏ ਹਨ। ਉਸ ਦੇ ਪਿਤਾ ਜੀ ਨੇ ਬਹੁਤ ਮਿਹਨਤ ਕੀਤੀ। ਸਵੇਰੇ ਪੰਜ ਵਜੇ ਉਠ ਕੇ ਜ਼ਿਮੀਦਾਰਾਂ ਦੇ ਹਲ ਵਾਹੁਣਾ ਤੇ ਰਾਤ ਨੂੰ ਨੌਂ ਵਜੇ ਆ ਕੇ ਤਾੜੇ ਨਾਲ ਇੱਕ ਰਜਾਈ ਭਰਨੀ।

ਮੇਰਾ ਜਨਮ 14—01—1966 ਨੂੰ ਮਾਤਾ ਸੁਰਜੀਤ ਕੌਰ ਦੀ ਕੁੱਖੋਂ ਪਿਤਾ ਸੁਖਦੇਵ ਸਿੰਘ ਦੇ ਘਰ ਪਿੰਡ ਛਾਜਲੀ ਵਿਖੇ ਹੋਇਆ। ਪਿਤਾ ਨੇ ਛਾਜਲੀ ਸਕੂਲ ਵਿੱਚ ਦਾਖਲ ਕਰਵਾ ਦਿੱਤਾ। ਸਕੂਲ ਵਿੱਚ ਪੜ੍ਹਦਿਆਂ ਮੇਰੇ ਤਨ ਦੀ ਵਿਰਾਨ ਥੇਹ 'ਤੇ ਉਸ ਸਮੇਂ ਵਿਚਾਰਾਂ ਦੇ ਗੁਲਾਬ ਉੱਗ ਆਏ, ਜਦੋਂ ਮੇਰਾ ਮਿਲਾਪ ਮਾਸਟਰ ਦੇਸ ਰਾਜ ਛਾਜਲੀ ਨਾਲ ਹੋਇਆ। ਮਾਸਟਰ ਦੇਸ ਰਾਜ ਛਾਜਲੀ ਨੇ ਉਸ ਦੇ ਗੁਲਾਬਾਂ ਨੂੰ ਪਾਣੀ ਨਾਲ ਸਿੰਜਿਆ ਤੇ ਗੋਡੀ ਕੀਤੀ। ਇੱਕ ਦਿਨ ਦੇਸ ਰਾਜ ਛਾਜਲੀ ਨੇ ਮੇਰੇ ਮਨ ਦੀ ਮਮਟੀ 'ਤੇ ਸੁਪਨਿਆਂ ਦਾ ਦੀਵਾ ਧਰਿਆ। ਜਦੋਂ ਪ੍ਰਭਾਤ ਹੋਈ, ਉਹ ਜੁਗਨੂੰ ਬਣ ਉੱਡ ਗਿਆ। ਲਾਡੀ ਦੀ ਸੰਗਤ ਨੂੰ ਭਾਗ ਲੱਗ ਗਏ। ਉਹ ਲੋਕ ਸੰਗੀਤ ਮੰਡਲੀ ਛਾਜਲੀ ਦਾ ਮੈਂਬਰ ਬਣ ਗਿਆ। ਦੇਸ ਰਾਜ ਛਾਜਲੀ ਦੀ ਅਗਵਾਈ ਵਿੱਚ ਉਸ ਨੇ ਲੋਕ ਪੱਖੀ ਗੀਤ, ਕਵੀਸ਼ਰੀ ਤੇ ਵਾਰਾਂ ਗਾਈਆਂ। ਉਸ ਨੇ 1982-83 ਵਿੱਚ ਮਾਸਟਰ ਦੇਸ ਰਾਜ ਦੀ ਬਣਾਈ ਲੋਕ ਸੰਗੀਤ ਮੰਡਲੀ ਛਾਜਲੀ ਵਿੱਚ ਤਾਰਾ ਸਿੰਘ ਨਾਲ ਗਾਉਣਾ ਸ਼ੁਰੂ ਕੀਤਾ। ਫਿਰ ਜਗਦੀਸ਼ ਪਾਪੜਾ, ਜੁਗਰਾਜ ਧੌਲਾ, ਤੇਜਿੰਦਰ ਤੇਜੀ ਗਿੱਲ, ਮਨਪ੍ਰੀਤ ਰੋਕੀ ਗਿੱਲ, ਜੋਗਾ ਸਿੰਘ ਲਹਿਰਾਗਾਗਾ, ਓਮ ਪ੍ਰਕਾਸ਼ ਲਹਿਰਾਗਾਗਾ, ਕਿਰਨਪਾਲ ਗਾਗਾ, ਹੰਸ ਰਾਜ ਛਾਜਲੀ, ਕਰਿੰਦਰ ਸਿੰਘ ਖੰਡੇਬਾਦ ਅਤੇ ਹਰਪਾਲ ਸਿੰਘ ਤਬਲਾ ਵਾਦਕ ਆਦਿ ਕਲਾਕਾਰ ਇਸ ਸੰਗੀਤ ਮੰਡਲੀ ਵਿੱਚ ਆਉਂਦੇ-ਜਾਂਦੇ ਰਹੇ, ਪਰ ਉਹ ਪੱਕੇ ਤੌਰ 'ਤੇ ਸੰਗੀਤ ਮੰਡਲੀ ਛਾਜਲੀ ਦਾ ਹਿੱਸਾ ਰਿਹਾ। ਮਾਸਟਰ ਦੇਸ ਰਾਜ ਛਾਜਲੀ ਦੀ ਅਗਵਾਈ ਹੇਠ ਪੰਜਾਬ, ਹਰਿਆਣਾ, ਚੰਡੀਗੜ੍ਹ, ਦਿੱਲੀ, ਪੱਛਮੀ ਬੰਗਾਲ ਅਨੇਕਾਂ ਥਾਵਾਂ 'ਤੇ ਵੱਡੇ-ਛੋਟੇ ਪ੍ਰੋਗਰਾਮ ਕੀਤੇ। ਇਸ ਤੋਂ ਇਲਾਵਾ ਲੋਕ ਕਲਾ ਕੇਂਦਰ ਲਹਿਰਾਗਾਗਾ ਮਰਹੂਮ ਬਲਦੇਵ ਗਾਗਾ ਦੀ ਅਗਵਾਈ ਹੇਠ ਨਾਟਕ ਖੇਡੇ।

ਮੈਨੂੰ ਮਿਹਨਤ-ਮੁਸ਼ੱਕਤ ਵਿਰਸੇ ਵਿੱਚ ਹੀ ਮਿਲੀ। ਅੱਠਵੀਂ ਜਮਾਤ ਵਿੱਚ ਪੜ੍ਹਦਿਆਂ ਕਣਕ ਦੀ ਵਾਢੀ ਕੀਤੀ, ਹੜੰਬੇ ਤੇ ਰੁੱਗ ਲਾਏਂ, ਭਰੀਆਂ ਚੱਕੀਆਂ, ਜੀਰੀ ਲਾਈ, ਜੀਰੀ ਝਾੜੀ। ਪੱਲੇਦਾਰੀ ਵੀ ਕੀਤੀ ਤੇ ਚਾਹ ਦੀ ਦੁਕਾਨ ਵੀ। ਜਿੱਥੋਂ ਵੀ ਚਾਰ ਪੈਸੇ ਬਣੇ, ਬਣਾਏ। ਦਸਵੀਂ ਪਾਸ ਕਰਨ ਤੋਂ ਬਾਅਦ ਆਈ ਟੀ ਆਈ ਸੁਨਾਮ ਵਿੱਚ ਫਿਟਰ ਟਰੇਡ ਪਾਸ ਕੀਤੀ। ਉੱਥੇ ਕਮਿਊਨਿਸਟ ਵਿਚਾਰਧਾਰਾ ਵਾਲੇ ਲੋਕਾਂ ਨਾਲ ਵਾਹ-ਵਾਸਤਾ ਪਿਆ। ਇਹਨਾਂ ਲੋਕਾਂ ਤੋਂ ਹੀ ਇਨਕਲਾਬੀ ਵਿਚਾਰਾਂ ਦੀ ਚਿਣਗ ਲੱਗੀ। ਮੈਂ ਬਹੁਤ ਮਿਹਨਤ ਕੀਤੀ, ਪਰ ਗੁਰਬਤ ਨੂੰ ਆਪਣੇ ਘਰੋਂ ਬਾਹਰ ਨਾ ਕੱਢ ਸਕਿਆ। ਮਹਿਕਦੀਆਂ ਰੋਹੀਆਂ ਵਿੱਚ ਹੌਕਿਆਂ ਦੇ ਬੀਜ ਬੀਜੇ। ਬੀਜਾਂ ਦੀਆਂ ਇਹਨਾਂ ਆਡਾਂ ਨੂੰ ਪਸੀਨੇ ਦੀਆਂ ਬੂੰਦਾਂ ਦਾ ਪਾਣੀ ਦਿੱਤਾ। ਜੂਸ ਦੀ ਥਾਵੇਂ ਨਿੰਮ ਦੀਆਂ ਨੰਮੋਲੀਆਂ ਦਾ ਜ਼ਹਿਰ ਵੀ ਪੀਤਾ। ਗ਼ਮਾਂ ਦੇ ਸੂਤ ਕੱਤਦਿਆਂ ਮੈਂ ਖੱਦਰ ਤੋਂ ਖੇਸ ਤਾਂ ਬਣ ਗਿਆ, ਪਰ ਰੇਸ਼ਮ ਦੀ ਫੁਲਕਾਰੀ ਨਾ ਬਣ ਸਕਿਆ, ਕਿਉਂਕਿ ਸੁਪਨਿਆਂ 'ਚ ਖਿੜੇ ਫੁੱਲਾਂ ਤੋਂ ਇੱਤਰ ਨਹੀਂ ਬਣਦਾ ਨਾ ਇਹਨਾਂ ਦੀ ਖੁਸ਼ਬੋ ਹੁੰਦੀ ਹੈ। ਸਿਰਤੋੜ ਮਿਹਨਤ ਕਰਕੇ ਹਾਲਾਤ ਫਿਰ ਵੀ ਡਾਵਾਂਡੋਲ। ਮੈਂ ਦਿਨ ਵੇਲੇ ਮਿੱਟੀ ਨਾਲ ਮਿੱਟੀ ਹੋ ਕੇ ਮਿਹਨਤ ਕੀਤੀ। ਰਾਤਾਂ ਜਾਗ ਕੇ ਲੰਘਾਈਆਂ।

ਇੱਕ ਦਿਨ ਭੂਆ ਦਾ ਪੁੱਤਰ ਕਹਿਣ ਲੱਗਾ ਲਾਲਾਂ ਵਾਲੇ ਪੀਰ ਦੀ ਦਰਗਾਹ 'ਤੇ ਚਿਰਾਗ ਧਰ ਆ। ਚਿਰਾਗ ਧਰ ਆਇਆ, ਪਰ ਦੇਸ ਰਾਜ ਛਾਜਲੀ ਦੀ ਸੰਗਤ ਨੇ ਲਾਲਾਂ ਵਾਲੇ ਪੀਰ ਤੇ ਭੂਆ ਦੇ ਪੁੱਤਰ ਨਾਲ ਆੜੀ ਟੁੱਕ ਕਰਵਾ ਦਿੱਤੀ। ਇਸ ਤੋਂ ਬਾਅਦ ਚੰਗਾ ਸਾਹਿਤ ਪੜ੍ਹਿਆ। ਜ਼ਿੰਦਗੀ ਨੂੰ ਸਾਕਾਰਾਤਮਕ ਦਿਸ਼ਾ ਵੱਲ ਲੈ ਕੇ ਗਿਆ। ਆਪਣਾ ਦ੍ਰਿਸ਼ਟੀਕੋਣ ਬਦਲਿਆ।

# ਸੰਪਰਕ: 98967-23031

# ਯੂਰਪ 'ਚ ਗਰਮ ਲਹਿਰਾਂ ਦਾ ਸੰਤਾਪ

ਡਾ. ਗੁਰਿੰਦਰ ਕੌਰ

2026 ਦੇ ਜੂਨ ਦੇ ਮਹੀਨੇ ਵਿੱਚ ਯੂਰਪ ਮਹਾਂਦੀਪ ਦੇ ਕਈ ਦੇਸ਼ ਭਿਆਨਕ ਗਰਮ ਲਹਿਰਾਂ ਦੀ ਲਪੇਟ ਵਿੱਚ ਆਏ ਰਹੇ। ਮਹਾਂਦੀਪ ਦੇ ਕਈ ਖੇਤਰਾਂ ਦਾ ਤਾਪਮਾਨ 40 ਡਿਗਰੀ ਸੈਲਸੀਅਸ ਤੋਂ ਵੱਧ ਰਿਕਾਰਡ ਕੀਤਾ ਗਿਆ। ਸਪੇਨ ਦੇ ਅੰਦੂਜ਼ਾਰ ਸ਼ਹਿਰ ਵਿੱਚ ਪਾਰਾ 45 ਡਿਗਰੀ ਸੈਲਸੀਅਸ ਤੱਕ ਪਹੁੰਚ ਗਿਆ। ਵਰਲਡ ਹੈੱਲਥ ਔਰਗੇਨਾਇਜ਼ੇਸ਼ਨ ਅਨੁਸਾਰ ਯੂਰਪ ਵਿੱਚ ਜੂਨ, 2026 ਵਿੱਚ ਆਈਆਂ ਅਗੇਤੀਆਂ ਗਰਮ ਲਹਿਰਾਂ ਨੇ 21 ਤੋਂ 29 ਜੂਨ ਤੱਕ ਦੇ ਅਰਸੇ ਵਿੱਚ 1300 ਵਿਅਕਤੀਆਂ ਦੀ ਜਾਨ ਲੈ ਲਈ ਹੈ। ਇਸ ਅਰਸੇ ਵਿੱਚ ਸਭ ਤੋਂ ਵੱਧ ਜਾਨੀ ਨੁਕਸਾਨ ਫਰਾਂਸ ਵਿੱਚ ਹੋਇਆ, ਜਿੱਥੇ 1000 ਤੋਂ ਵੱਧ ਵਿਅਕਤੀ ਗਰਮੀ ਕਾਰਨ ਮਰ ਗਏ। ਅਫ਼ਸੋਸ ਦੀ ਗੱਲ ਹੈ ਇਨ੍ਹਾਂ ਵਿੱਚ 40 ਤੋਂ 50 ਵਿਅਕਤੀ ਤਾਂ ਉਹ ਸਨ, ਜੋ ਗਰਮੀ ਤੋਂ ਰਾਹਤ ਪਾਉਣ ਝੀਲਾਂ ਜਾਂ ਨਦੀਆਂ ਵਿੱਚ ਜਾ ਵੜੇ ਅਤੇ ਉਨ੍ਹਾਂ ਵਿੱਚ ਡੁੱਬਣ ਕਾਰਨ ਮਰ ਗਏ। ਗਰਮ ਲਹਿਰਾਂ ਦਾ ਕਹਿਰ ਏਨਾ ਜ਼ਿਆਦਾ ਸੀ ਕਿ ਹਜ਼ਾਰਾਂ ਵਿਦਿਅਕ ਅਦਾਰੇ ਬੰਦ ਕਰਨੇ ਪਏ ਅਤੇ ਇਮਾਰਤਾਂ ਤੋਂ ਬਾਹਰ ਹੋਣ ਵਾਲੇ ਪ੍ਰੋਗਰਾਮ ਅਤੇ ਕਈ ਟਰਾਮ ਅਤੇ ਰੇਲ ਰੂਟ ਕੈਂਸਲ ਕਰਨੇ ਪਏ। ਸੜਕਾਂ, ਟਰਾਮ ਲਾਈਨਾਂ, ਅਤੇ ਰੇਲ ਟਰੈਕ ਪਿਘਲਣ ਕਾਰਨ ਆਵਾਜਾਈ ਵਿੱਚ ਵੀ ਭਾਰੀ ਰੁਕਾਵਟ ਆਈ ਅਤੇ ਸਟੋਰਾਂ ਵਿੱਚ ਖਾਣ-ਪੀਣ ਵਾਲਾ ਸਮਾਨ (ਆਈਸ-ਕਰੀਮ, ਚਾਕਲੇਟ ਆਦਿ) ਗਰਮੀ ਕਾਰਨ ਪਿਘਲ ਕੇ ਖ਼ਰਾਬ ਹੋ ਗਿਆ।

ਯੂਰਪ ਵਿੱਚ ਆਮ ਤੌਰ ਉੱਤੇ ਮਈ ਅਤੇ ਜੂਨ ਮਹੀਨਿਆਂ ਵਿੱਚ ਮੌਸਮ ਖ਼ੁਸ਼ਗਵਾਰ ਹੁੰਦਾ ਹੈ। ਇਸ ਸਾਲ ਪਹਿਲੀਆਂ ਗਰਮ ਲਹਿਰਾਂ ਮਈ ਵਿੱਚ ਅਤੇ ਦੂਜੀ ਵਾਰ ਜੂਨ ਵਿੱਚ ਆਈਆਂ। ਮਈ ਅਤੇ ਜੂਨ ਦੇ ਮਹੀਨਿਆਂ ਵਿੱਚ ਯੂਰਪ ਦੇ ਉੱਤਰੀ ਖੇਤਰਾਂ ਦਾ ਦਿਨ ਵੇਲੇ ਤਾਪਮਾਨ 20 ਤੋਂ 30 ਡਿਗਰੀ ਸੈਲਸੀਅਸ ਅਤੇ ਰਾਤ ਵੇਲੇ 11 ਤੋਂ 17 ਡਿਗਰੀ ਸੈਲਸੀਅਸ ਰਹਿੰਦਾ ਹੈ, ਪਰ ਇਸ ਵਾਰ ਮਈ ਅਤੇ ਜੂਨ ਵਿੱਚ ਗਰਮ ਲਹਿਰਾਂ ਦੀ ਆਮਦ ਸਮੇਂ ਤਾਪਮਾਨ ਔਸਤ ਨਾਲੋਂ 10 ਤੋਂ 15 ਡਿਗਰੀ ਸੈਲਸੀਅਸ ਜ਼ਿਆਦਾ ਸੀ।

ਜੂਨ ਦੇ ਮਹੀਨੇ ਵਿੱਚ ਯੂਰਪੀਅਨ ਦੇਸਾਂ ਵਿੱਚ ਤਾਪਮਾਨ ਵਿੱਚ ਵਾਧਾ ਹੀਟ ਡੋਮ ਬਣਨ ਕਾਰਨ ਹੋਇਆ ਹੈ। ਉੱਤਰੀ ਅਫ਼ਰੀਕਾ ਤੋਂ ਆਈਆਂ ਗਰਮ ਹਵਾਵਾਂ ਅਤੇ ਵਾਤਾਵਰਨ ਵਿਚਲੀ ਉਪਰਲੀ ਸਤ੍ਹਾ ਦੇ ਤਾਪਮਾਨ ਦੇ ਪ੍ਰਭਾਵ ਥੱਲੇ ਇਸ ਖੇਤਰ ਵਿੱਚ ਹੀਟ ਡੋਮ ਬਣ ਗਿਆ ਸੀ। ਹੀਟ ਡੋਮ ਹਵਾਵਾਂ ਦੇ ਵਹਾਅ ਵਿੱਚ ਰੁਕਾਵਟ ਪੈਣ ਕਰਕੇ ਬਣ ਜਾਂਦਾ ਹੈ। ਗਰਮ ਹਵਾ ਦੇ ਵੱਧ ਦਬਾਅ ਵਾਲਾ ਖੇਤਰ ਇੱਕ ਚੋਟੀ ਦਾ ਆਕਾਰ ਧਾਰਨ ਕਰ ਲੈਂਦਾ ਹੈ ਅਤੇ ਇਸ ਦੇ ਆਲੇ-ਦੁਆਲੇ ਦੋਵੇਂ ਪਾਸੇ ਹਵਾ ਦੇ ਘੱਟ ਦਬਾਅ ਵਾਲੇ ਖੇਤਰ ਇਸ ਵਿਚਲੀ ਗਰਮ ਹਵਾ ਨੂੰ ਬਾਹਰ ਨਿਕਲਣ ਤੋਂ ਰੋਕ ਦਿੰਦੇ ਹਨ, ਜਿਸ ਦੇ ਨਤੀਜੇ ਵਜੋਂ ਉਸ ਖੇਤਰ ਦਾ ਤਾਪਮਾਨ ਆਲੇ-ਦੁਆਲੇ ਦੇ ਖੇਤਰਾਂ ਤੋਂ ਬਹੁਤ ਜ਼ਿਆਦਾ ਵਧ ਜਾਂਦਾ ਹੈ। ਇਸ ਤਰ੍ਹਾਂ ਦਾ ਵਰਤਾਰਾ ਉੱਥੇ ਕੁਝ ਦਿਨ ਜਾਂ ਇੱਕ ਹਫ਼ਤੇ ਤੱਕ ਰਹਿ ਸਕਦਾ ਹੈ। 'ਹੀਟ ਡੋਮ' ਨੂੰ ਯੂਰਪ ਵਿੱਚ 'ਓਮੇਗਾ ਬਲਾਕ' ਵੀ ਕਿਹਾ ਜਾਂਦਾ ਹੈ, ਕਿਉਂਕਿ ਇਸ ਆਕਾਰ ਦਾ ਗਰੀਕ ਭਾਸ਼ਾ ਦੇ ਇੱਕ ਅੱਖਰ ਓਮੇਗਾ ਵਰਗਾ ਹੁੰਦਾ ਹੈ।

ਯੂਰਪ ਵਿੱਚ ਮਈ ਅਤੇ ਜੂਨ ਵਿੱਚ ਹੋਏ ਇਸ ਤਾਪਮਾਨ ਦੇ ਵਾਧੇ ਨੂੰ ਐਲ-ਨੀਨੋ ਅਤੇ ਮੌਸਮੀ ਤਬਦੀਲੀਆਂ ਨਾਲ ਜੋੜਿਆ ਜਾ ਰਿਹਾ ਹੈ। 2026 ਦਾ ਸਾਲ ਸੁਪਰ ਐਲ-ਨੀਨੋ ਇੱਕ ਕੁਦਰਤੀ ਸਾਲ ਹੈ। ਐਲ-ਨੀਨੋ ਕੁਦਰਤੀ ਵਰਤਾਰਾ ਹੈ, ਜ਼ੋ ਪ੍ਰਸ਼ਾਂਤ ਮਹਾਸਾਗਰ ਦੇ ਪਾਣੀ ਦੇ ਔਸਤ ਤਾਪਮਾਨ ਤੋਂ ਜ਼ਿਆਦਾ ਗਰਮ ਹੋਣ ਨਾਲ ਵਪਾਰਦਾ ਹੈ। ਨੋਆ ਦੇ ਵਿਗਿਆਨੀਆਂ ਅਨੁਸਾਰ ਭਾਵੇਂ ਇਹ ਵਰਤਾਰਾ ਜੂਨ ਮਹੀਨੇ ਦੇ ਅੱਧ ਤੋਂ ਸ਼ੁਰੂ ਹੋ ਚੁੱਕਾ ਹੈ, ਪਰ ਇਸ ਦਾ ਅਸਰ ਅਸਲ ਵਿੱਚ ਜੁਲਾਈ ਅਤੇ ਅਗਸਤ ਵਿੱਚ ਦਿਖਾਈ ਦੇਣ ਲੱਗੇਗਾ, ਜੋ 2027 ਦੇ ਜਨਵਰੀ-ਫਰਵਰੀ ਦੇ ਮਹੀਨਿਆਂ ਤੱਕ ਜਾਵੇਗਾ। ਸੋ, ਯੂਰਪ ਵਿੱਚ ਮਈ-ਜੂਨ ਦੇ ਮਹੀਨਿਆਂ ਵਿੱਚ ਗਰਮ ਲਹਿਰਾਂ ਦੀ ਆਮਦ ਐਲ-ਨੀਨੋ ਕਰਕੇ ਨਹੀਂ ਹੋਈ।

ਵਰਲਡ ਵੈਦਰ ਐਟਰੀਬਿਊਸ਼ਨ ਦੇ ਵਿਗਿਆਨੀਆਂ ਦੀ ਇੱਕ ਖੋਜ ਅਨੁਸਾਰ ਯੂਰਪ ਵਿੱਚ 2026 'ਚ ਆਈਆਂ ਗਰਮ ਲਹਿਰਾਂ ਸਿੱਧੇ ਤੌਰ ਉੱਤੇ ਧਰਤੀ ਉੱਤਲੇ ਤਾਪਮਾਨ ਦੇ ਵਾਧੇ ਨਾਲ ਸੰਬੰਧਤ ਹਨ। ਧਰਤੀ ਅਤੇ ਸਮੁੰਦਰ ਦਾ ਔਸਤ ਤਾਪਮਾਨ ਲਗਾਤਾਰ ਵਧ ਰਿਹਾ ਹੈ। ਰਿਕਾਰਡ ਅਨੁਸਾਰ ਪਿਛਲੇ ਤਿੰਨ ਸਾਲ ਕਰਮਵਾਰ 2024, 2023 ਅਤੇ 2025 ਹੁਣ ਤੱਕ ਸਭ ਤੋਂ ਗਰਮ ਸਾਲ ਰਹੇ ਹਨ। ਯੂਰਪ ਵਿੱਚ 1976 ਵਿੱਚ ਆਈਆਂ ਗਰਮ ਲਹਿਰਾਂ ਨਾਲੋਂ 2026 ਵਿੱਚ ਆਈਆਂ ਗਰਮ ਲਹਿਰਾਂ 3.5 ਡਿਗਰੀ ਸੈਲਸੀਅਸ ਵੱਧ ਤਾਪਮਾਨ ਵਾਲੀਆਂ ਅਤੇ 2003 ਦੀਆਂ ਗਰਮ ਲਹਿਰਾਂ ਨਾਲੋਂ 2 ਡਿਗਰੀ ਸੈਲਸੀਅਸ ਵੱਧ ਤਾਪਮਾਨ ਵਾਲੀਆਂ ਸਨ। ਜੇਕਰ ਇਹ ਗਰਮ ਲਹਿਰਾਂ ਐਲ-ਨੀਨੋ ਦੇ ਪ੍ਰਭਾਵ ਥੱਲੇ ਆਈਆਂ ਹੁੰਦੀਆਂ ਤਾਂ ਇਹ 1976 ਦੇ ਤਾਪਮਾਨ ਵਾਲੀਆਂ ਹੀ ਹੁੰਦੀਆਂ, ਪਰ ਇਹਨਾਂ ਵਿਚਲਾ ਤਾਪਮਾਨ ਧਰਤੀ ਦੇ ਔਸਤ ਤਾਪਮਾਨ ਦੇ ਵਾਧੇ ਨਾਲ ਹੀ ਵਧ ਰਿਹਾ ਹੈ। ਤਾਪਮਾਨ ਵਿੱਚ ਇੱਕ ਡਿਗਰੀ ਦਾ ਵਾਧੇ ਦਾ ਹਰ ਇੱਕ ਹਿੱਸਾ ਬਹੁਤ ਮਹੱਤਵਪੂਰਨ ਹੁੰਦਾ ਹੈ। ਇੰਟਰਗਵਰਨਮੈਂਟਲ ਪੈਨਲ ਆਨ ਕਲਾਈਮੇਟ ਚੇਂਜ ਦੀ ਛੇਵੀਂ ਰਿਪੋਰਟ ਅਨੁਸਾਰ ਧਰਤੀ ਦੇ ਔਸਤ ਤਾਪਮਾਨ ਵਿੱਚ ਇੱਕ ਡਿਗਰੀ ਸੈਲਸੀਅਸ ਦੇ ਵਾਧੇ ਨਾਲ ਗਰਮ ਲਹਿਰਾਂ ਦੀ ਆਮਦ ਵਿੱਚ 3 ਤੋਂ 5 ਗੁਣਾ ਤੱਕ ਵਾਧਾ ਹੋ ਸਕਦਾ ਹੈ। ਕੋਪਰਨਿਕਸ ਕਲਾਈਮੇਟ ਚੇਂਜ ਸਰਵਿਸ ਅਨੁਸਾਰ ਧਰਤੀ ਦਾ ਔਸਤ ਤਾਪਮਾਨ ਉਦਯੋਗਿਕ ਇਨਕਲਾਬ ਦੇ ਸਮੇਂ ਤੋਂ ਪਹਿਲਾਂ ਦੇ ਔਸਤ ਤਾਪਮਾਨ ਵਿੱਚ 1.4 ਡਿਗਰੀ ਸੈਲਸੀਅਸ ਵਧ ਚੁੱਕਾ ਹੈ। ਵਰਲਡ ਮੈਟਰੋਲੋਜ਼ੀਕਲ ਆਰਗੇਨਾਈਜ਼ੇਸ਼ਨ ਦੇ ਰਿਕਾਰਡ ਅਨੁਸਾਰ ਯੂਰਪ ਧਰਤੀ ਉੱਤੇ ਸਭ ਤੋਂ ਤੇਜ਼ੀ ਨਾਲ ਗਰਮ ਹੋਣ ਵਾਲਾ ਮਹਾਂਦੀਪ ਹੈ। ਹੁਣ ਇੱਥੋਂ ਦਾ ਤਾਪਮਾਨ ਉਦਯੋਗਿਕ ਇਨਕਲਾਬ ਦੇ ਸਮੇਂ ਤੋਂ ਪਹਿਲਾਂ ਦੇ ਔਸਤ ਤਾਪਮਾਨ ਨਾਲੋਂ 2.3 ਡਿਗਰੀ ਸੈਲਸੀਅਸ ਤੋਂ 2.4 ਡਿਗਰੀ ਸੈਲਸੀਅਸ ਤੱਕ ਵਧ ਚੁੱਕਿਆ ਹੈ। ਇਸ ਤੋਂ ਇਲਾਵਾ ਅਫ਼ਰੀਕਾ ਦੇ ਸਹਾਰਾ ਰੇਗਿਸਤਾਨ ਤੋਂ ਆਉਣ ਵਾਲੀਆਂ ਰੇਤਲੀਆਂ ਹਨੇਰੀਆਂ ਦੀ ਆਮਦ ਦੀ ਗਿਣਤੀ ਅਤੇ ਮਾਰ ਗਹਿਰਾਈ ਵਿੱਚ ਵਾਧਾ ਹੋਣਾ ਵੀ ਗਲੋਬਲ ਤਾਪਮਾਨ ਨਾਲ ਸੰਬੰਧਤ ਹੈ। ਇਸ ਤਰ੍ਹਾਂ ਦੇ ਵਰਤਾਰੇ ਲਈ ਇੰਟਰਗਵਰਨਮੈਂਟਲ ਪੈਨਲ ਆਨ ਕਲਾਈਮੇਟ ਚੇਂਜ ਦੀ ਪੰਜਵੀਂ ਰਿਪੋਰਟ (2014) ਰਾਹੀਂ ਵਿਗਿਆਨੀਆਂ ਨੇ ਚਿਤਾਵਨੀ ਦਿੱਤੀ ਸੀ। ਜੇਕਰ ਗਰੀਨ ਹਾਊਸ ਗੈਸਾਂ ਦੀ ਨਿਕਾਸੀ ਵਿੱਚ ਤੇਜ਼ੀ ਨਾਲ ਕਟੌਤੀ ਨਾ ਕੀਤੀ ਗਈ ਤਾਂ ਦੁਨੀਆ ਦਾ ਕੋਈ ਵੀ ਦੇਸ ਮੌਸਮੀ ਤਬਦੀਲੀਆਂ ਦੇ ਮਾੜੇ ਪ੍ਰਭਾਵਾਂ ਤੋਂ ਬਚ ਨਹੀਂ ਸਕੇਗਾ।

ਯੂਰਪ ਦੇ ਤਾਪਮਾਨ ਨੂੰ ਇਸ ਦੇ ਆਲੇ-ਦੁਆਲੇ ਦੇ ਦੇਸਾਂ ਵਿੱਚ ਲੱਗੀਆਂ ਹੋਈਆਂ ਲੜਾਈਆਂ ਵੀ ਗਰਮਾ ਰਹੀਆਂ ਹਨ, ਜਿਨ੍ਹਾਂ ਵਿੱਚ ਮੁੱਖ ਤੌਰ ਉੱਤੇ ਰੂਸ-ਯੂਕਰੇਨ (24 ਫਰਵਰੀ 2022 ਤੋਂ), ਇਜ਼ਰਾਈਲ-ਫਲਸਤੀਨ (7 ਅਕਤੂਬਰ 2023 ਤੋਂ) ਅਤੇ ਅਮਰੀਕਾ-ਇਜ਼ਰਾਈਲ ਅਤੇ ਈਰਾਨ (28 ਫਰਵਰੀ 2026 ਤੋਂ) ਹਨ। ਇਨ੍ਹਾਂ ਲੜਾਈਆਂ ਦੌਰਾਨ ਵਰਤੇ ਗਏ ਰਸਾਇਣ ਆਲੇ-ਦੁਆਲੇ ਦੇ ਖੇਤਰਾਂ ਨੂੰ ਤੇਜ਼ੀ ਨਾਲ ਗਰਮਾ ਅਤੇ ਉੱਥੋਂ ਦੇ ਵਾਤਾਵਰਨ ਨੂੰ ਪ੍ਰਦੂਸ਼ਤ ਕਰ ਰਹੇ ਹਨ। ਉੱਪਰ ਦਿੱਤੇ ਕਾਰਨਾਂ ਕਰਕੇ ਯੂਰਪ ਮਹਾਂਦੀਪ ਤੇਜ਼ੀ ਨਾਲ ਗਰਮਾ ਰਿਹਾ ਹੈ। ਤਾਪਮਾਨ ਵਿੱਚ ਵਾਧੇ ਨਾਲ ਆਈਆਂ ਗਰਮ ਲਹਿਰਾਂ ਦੇ ਕਹਿਰ ਕਾਰਨ ਯੇਲ ਯੂਨੀਵਰਸਿਟੀ ਦੇ ਅੰਕੜਿਆਂ ਅਨੁਸਾਰ 2024 ਵਿੱਚ 62,325 ਅਤੇ 2022 ਵਿੱਚ 61,560 ਵਿਅਕਤੀਆਂ ਦੀ ਮੌਤ ਹੋ ਗਈ ਸੀ। ਹੁਣ ਸਵਾਲ ਇਹ ਪੈਦਾ ਹੁੰਦਾ ਹੈ ਕਿ ਤਾਪਮਾਨ ਤਾਂ ਦੁਨੀਆ ਦੇ ਸਾਰੇ ਦੇਸਾਂ ਦੇ ਲੋਕਾਂ ਲਈ ਵੀ ਵਧ ਰਿਹਾ ਹੈ, ਪਰ ਯੂਰਪੀਅਨ ਦੇਸਾਂ ਵਿੱਚ ਮੌਤਾਂ ਬਾਕੀ ਦੇਸਾਂ ਨਾਲੋਂ ਜ਼ਿਆਦਾ ਕਿਉਂ ਹੋ ਰਹੀਆਂ ਹਨ। ਯੂਰਪ ਦੇ ਲੋਕਾਂ ਦੇ ਏਨੀ ਵੱਡੀ ਗਿਣਤੀ ਵਿੱਚ ਮਰਨ ਦੇ ਮੁੱਖ ਕਾਰਨ ਉੱਥੋਂ ਦੇ ਘਰਾਂ ਦੀ ਬਣਤਰ, ਘਰਾਂ ਨੂੰ ਬਣਾਉਣ ਲਈ ਵਰਤਿਆ ਜਾਂਦਾ ਸਮਾਨ (ਸਮੱਗਰੀ), ਤੇਜ਼ੀ ਨਾਲ ਬਦਲਦਾ ਮੌਸਮ ਦਾ ਮਿਜਾਜ਼, ਗਰਮ ਤਾਪਮਾਨ ਨਾਲ ਸਿੱਝਣ ਲਈ ਸਹੂਲਤਾਂ ਦੀ ਘਾਟ, ਗਰਮ ਤਾਪਮਾਨ ਦਾ ਆਦੀ ਨਾ ਹੋਣਾ ਅਤੇ ਵਡੇਰੀ ਉਮਰ ਦੇ ਲੋਕਾਂ ਦੀ ਵਧ ਗਿਣਤੀ ਦਾ ਹੋਣਾ ਆਦਿ ਹਨ। ਆਮ ਤੌਰ ਉੱਤੇ ਇੱਥੇ ਗਰਮੀਆਂ ਵਿੱਚ ਤਾਪਮਾਨ 20 ਤੋਂ 30 ਡਿਗਰੀ ਸੈਲਸੀਅਸ ਰਹਿੰਦਾ ਸੀ, ਜਿਸ ਕਰਕੇ ਇੱਥੋਂ ਦੇ ਲੋਕ ਏਨੀ ਜ਼ਿਆਦਾ ਗਰਮੀ ਸਹਿਣ ਦੇ ਆਦੀ ਨਹੀਂ ਹਨ। ਅਕਸਰ ਵਡੇਰੀ ਉਮਰ ਵਿੱਚ ਇੱਕ ਤਾਂ ਉਂਜ ਹੀ ਵਿਅਕਤੀ ਸਰੀਰਕ ਤੌਰ ਉੱਤੇ ਕਮਜ਼ੋਰ ਹੋ ਜਾਂਦੇ ਹਨ ਅਤੇ ਦੂਜਾ ਵਡੇਰੀ ਉਮਰ ਲੋਕਾਂ ਨੇ ਅਜਿਹਾ ਮੌਸਮ ਆਪਣੀ ਸਾਰੀ ਜ਼ਿੰਦਗੀ ਹੰਢਾਇਆ ਹੀ ਨਹੀਂ ਸੀ।

ਯੂਰਪੀਅਨ ਦੇਸ਼ਾਂ ਨੂੰ ਇਹਨਾਂ ਗਰਮ ਹਵਾਵਾਂ ਦੇ ਕਹਿਰ ਤੋਂ ਲੋਕਾਂ ਦਾ ਬਚਾਓ ਕਰਨ ਲਈ ਸਭ ਤੋਂ ਪਹਿਲਾਂ ਘਰਾਂ ਦੀ ਬਣਤਰ ਵਿੱਚ ਬਦਲਾਓ ਕਰਨਾ ਚਾਹੀਦਾ ਹੈ। ਦੂਜਾ, ਲੋਕਾਂ ਨੂੰ ਘਰਾਂ ਵਿੱਚ ਪੱਖੇ ਅਤੇ ਏਅਰ ਕੰਡੀਸ਼ਨ ਦੀ ਸੁਵਿਧਾ ਲਗਾਉਣ ਲਈ ਵੀ ਲੋੜੀਂਦੇ ਪ੍ਰਬੰਧ ਕਰਨੇ ਚਾਹੀਦੇ ਹਨ। ਇਸ ਮਹਾਂਦੀਪ ਦੇ ਹਰ ਇੱਕ ਦੇਸ਼ ਦੀ ਸਰਕਾਰ ਨੂੰ ਕੁਝ ਅਜਿਹੀਆਂ ਜਨਤਕ ਥਾਵਾਂ ਬਣਾਉਣੀਆਂ ਚਾਹੀਦੀਆਂ ਹਨ, ਜਿੱਥੇ ਏਅਰ ਕੰਡੀਸ਼ਨ ਦੀ ਸਹੂਲਤ ਮੌਜੂਦ ਹੋਵੇ ਅਤੇ ਲੋਕ ਗਰਮ ਹਵਾਵਾਂ ਦੀ ਆਮਦ ਦੇ ਦਿਨਾਂ ਵਿੱਚ ਉੱਥੇ ਜਾ ਕੇ ਗਰਮੀ ਤੋਂ ਬਚਾ ਕਰ ਸਕਣ।

ਅੰਤਰਰਾਸ਼ਟਰੀ ਪੱਧਰ ਉੱਤੇ ਭਾਵੇਂ ਕਾਨਫਰੰਸਾਂ ਤਾਂ ਹਰ ਸਾਲ ਹੋ ਰਹੀਆਂ ਹਨ ਅਤੇ ਗਰੀਨ ਹਾਊਸ ਗੈਸਾਂ ਦੀ ਨਿਕਾਸੀ ਲਈ ਯੋਜਨਾਵਾਂ ਵੀ ਬਣਾਈਆਂ ਜਾਂਦੀਆਂ ਹਨ, ਪਰ ਉਨ੍ਹਾਂ ਨੂੰ ਅਮਲੀ ਜਾਮਾ ਨਹੀਂ ਪਹਿਨਾਇਆ ਜਾਂਦਾ। ਇਸ ਦੇ ਨਾਲ ਵੱਖ-ਵੱਖ ਦੇਸ਼, ਜੋ ਇੱਕ-ਦੂਜੇ ਨਾਲ ਲੜਾਈ ਕਰ ਰਹੇ ਹਨ, ਉੱਥੇ ਦੁਨੀਆ ਦੇ ਬਾਕੀ ਦੇਸ਼ ਇਕੱਠੇ ਹੋ ਕੇ ਲੜਾਈ ਬੰਦ ਕਰਵਾਉਣ, ਤਾਂ ਕਿ ਲੋਕ ਸ਼ੁੱਧ ਹਵਾ ਅਤੇ ਚੰਗੇ ਵਾਤਾਵਰਨ ਵਿੱਚ ਸਾਹ ਲੈ ਸਕਣ। ਇਸ ਲਈ ਦੁਨੀਆ ਦੇ ਸਾਰੇ ਦੇਸਾਂ ਖ਼ਾਸ ਕਰਕੇ ਜਿਹੜੇ ਗਰੀਨ ਹਾਊਸ ਗੈਸਾਂ ਦੀ ਜ਼ਿਆਦਾ ਨਿਕਾਸੀ ਵਿਚ ਕਟੌਤੀ ਕਰਦੇ ਹਨ, ਉਹ ਤੇਜ਼ੀ ਨਾਲ ਗਰੀਨ ਹਾਊਸ ਗੈਸਾਂ ਦੀ ਨਿਕਾਸੀ ਵਿੱਚ ਕਟੌਤੀ ਕਰਨ। ਜੇਕਰ ਅਜਿਹਾ ਨਹੀਂ ਹੁੰਦਾ ਤਾਂ ਯੂਰਪ ਵਰਗੀਆਂ ਘਟਨਾਵਾਂ ਵਾਪਰਦੀਆਂ ਰਹਿਣਗੀਆਂ, ਜੋ ਕਿ ਮਨੁੱਖਤਾ ਦਾ ਘਾਣ ਹੈ।

# ਜੰਤਰ ਮੰਤਰ 'ਤੇ ਦਿੱਲੀ ਪੁਲਸ ਵੱਲੋਂ ਕੀਤੇ ਅੱਤਿਆਚਾਰ ਲਈ ਗ੍ਰਹਿ ਮੰਤਰੀ ਅਸਤੀਫਾ ਦੇਵੇ : ਸੀ ਪੀ ਆਈ

**ਜਗਰਾਉਂ 'ਚ ਜ਼ਿਲ੍ਹਾ ਪੱਧਰੀ ਕਨਵੈਨਸ਼ਨ ਅੱਜ**



**ਲੁਧਿਆਣਾ (ਐੱਮ ਐੱਸ ਭਾਟੀਆ)**

ਭਾਰਤੀ ਕਮਿਊਨਿਸਟ ਪਾਰਟੀ ਲੁਧਿਆਣਾ ਦੀ ਜ਼ਿਲ੍ਹਾ ਕੌਂਸਲ ਦੀ ਮੀਟਿੰਗ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਕਾਮਰੇਡ ਕੇਵਲ ਸਿੰਘ ਬਨਵੈਤ ਦੀ ਪ੍ਰਧਾਨਗੀ ਹੇਠ ਹੋਈ।ਇਸ ਵਿੱਚ ਪਾਰਟੀ ਦੇ ਆਉਣ ਵਾਲੇ ਸੂਬਾਈ ਤੇ ਕੌਮੀ ਪ੍ਰੋਗਰਾਮਾਂ ਬਾਰੇ ਵਿਚਾਰ ਕਰਕੇ ਫੈਸਲਾ ਕੀਤਾ ਗਿਆ ਕਿ 27 ਜੁਲਾਈ ਨੂੰ ਜਗਰਾਉਂ ਵਿਖੇ ਪੰਜਾਬ ਨਾਲ ਸੰਬੰਧਤ ਮੁੱਦਿਆਂ ਨੂੰ ਲੈ ਕੇ ਕਨਵੈਨਸ਼ਨ ਕੀਤੀ ਜਾਏਗੀ।6 ਅਗਸਤ ਤੋਂ ਲੈ ਕੇ 15 ਅਗਸਤ ਤੱਕ ਜ਼ਿਲ੍ਹੇ ਦੇ ਵੱਖ ਵੱਖ ਬਲਾਕਾਂ ਵਿੱਚ ਦੇਸ਼ ਤੇ ਪੰਜਾਬ ਨਾਲ ਜੁੜੇ ਮਸਲਿਆਂ ਨੂੰ ਲੈ ਕੇ ਰੈਲੀਆਂ, ਪ੍ਰਦਰਸ਼ਨ ਤੇ ਕਨਵੈਨਸ਼ਨਾਂ ਕੀਤੀਆਂ ਜਾਣਗੀਆਂ।

ਮੀਟਿੰਗ ਦੇ ਆਰੰਭ ਵਿੱਚ ਨੀਟ ਪਰਚਾ ਲੀਕ ਤੇ ਪ੍ਰੀਖਿਆ ਰੱਦ ਹੋਣ ਕਾਰਨ, ਜਿਨ੍ਹਾਂ ਬੱਚਿਆਂ ਨੇ ਆਪਣਾ ਜੀਵਨ ਗਵਾ ਦਿੱਤਾ ਤੇ ਜੰਤਰ ਮੰਤਰ 'ਤੇ ਸੰਘਰਸ਼ ਕਰ ਰਹੀ ਇੱਕ ਲੜਕੀ ਦੀ ਪੁਲਸ ਜਬਰ ਦੌਰਾਨ ਜਾਨ ਜਾਣ 'ਤੇ ਸ਼ਰਧਾਂਜਲੀ ਪੇਸ਼ ਕੀਤੀ ਗਈ।ਨਾਲ ਹੀ ਜੰਤਰ ਮੰਤਰ ਵਿਖੇ ਭੁੱਖ ਹੜਤਾਲ ਉੱਤੇ ਬੈਠੇ ਜਿਹੜੇ ਵਿਦਿਆਰਥੀ ਪੁਲਸ ਜਬਰ ਦੇ ਨਾਲ ਫੱਟੜ ਹੋਏ, ਉਨ੍ਹਾਂ ਦੇ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕੀਤੀ ਗਈ।ਪਾਰਟੀ ਨੇ ਪੁਲਸ ਜਬਰ ਦੀ ਪੁਰਜ਼ੋਰ ਨਿੰਦਾ ਕੀਤੀ ਅਤੇ ਦਿੱਲੀ ਪੁਲਸ ਵੱਲੋਂ ਵਿਦਿਆਰਥੀਆਂ 'ਤੇ ਕੀਤੇ ਜਬਰ ਲਈ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਅਸਤੀਫੇ ਦੀ ਮੰਗ ਕੀਤੀ। ਮੀਟਿੰਗ ਨੇ ਇਸ ਗੱਲ ਦਾ ਵੀ ਸਖਤ ਨੋਟਿਸ ਲਿਆ ਕਿ ਪੁਲਸ ਦੀ ਓਟ ਵਿੱਚ ਸਾਦੇ ਕੱਪੜਿਆਂ ਵਿੱਚ ਆਰਐੱਸਐੱਸ ਦੇ ਗੁੰਡਿਆਂ ਵੱਲੋਂ ਵਿਦਿਆਰਥੀਆਂ ਤੇ ਨੌਜਵਾਨਾਂ ਦੀ ਕੀਤੀ ਗਈ ਮਾਰ ਕੁਟਾਈ ਦਾ ਵੀ ਸਖਤ ਨੋਟਿਸ ਲਿਆ।ਮੰਗ ਕੀਤੀ ਕਿ ਜਬਰ ਕਰਨ ਵਾਲੇ ਦੋਸ਼ੀ ਅਧਿਕਾਰੀਆਂ ਤੇ ਆਰਐੱਸਐੱਸ ਦੇ ਗੁੰਡਿਆਂ 'ਤੇ ਕੇਸ ਦਰਜ ਕਰਕੇ ਸਖਤ ਸਜ਼ਾਵਾਂ ਦਿੱਤੀਆਂ ਜਾਣ।ਮੀਟਿੰਗ ਨੇ ਵਿਦਿਆਰਥੀਆਂ ਦੇ ਇਸ ਅੰਦੋਲਨ ਨੂੰ ਇੱਕ ਬਹੁਤ ਵੱਡਾ ਮੀਲ ਪੱਥਰ ਦੱਸਿਆ, ਜਿਸ ਨੇ ਕਿ ਆਰ ਐੱਸ ਐੱਸ ਤੇ ਭਾਜਪਾ ਦੀ ਸਮਾਜ ਨੂੰ ਫਿਰਕੂ ਆਧਾਰ 'ਤੇ ਵੰਡੀਆਂ ਪਾ ਕੇ ਤੋੜਨ ਦੀ ਸਾਜ਼ਿਸ਼ ਨੂੰ ਰੋਕ ਕੇ ਰੱਖ ਦਿੱਤਾ ਅਤੇ ਧਰਮ ਨਿਰਪੱਖਤਾ, ਲੋਕਤੰਤਰ ਅਤੇ ਸਮਾਜਿਕ ਤੇ ਆਰਥਿਕ ਨਿਆ ਦੀ ਗੱਲ ਨੂੰ ਉਭਾਰ ਕੇ ਅੱਗੇ ਲੈ ਆਂਦਾ। ਇਸ ਗੱਲ ਤੋਂ ਘਬਰਾ ਕੇ ਹੀ ਧਰਮਿੰਦਰ ਪ੍ਰਧਾਨ ਦਾ ਅਸਤੀਫਾ ਦਿਵਾਇਆ ਗਿਆ, ਪਰ ਮੀਟਿੰਗ ਨੇ ਅਫਸੋਸ ਜ਼ਾਹਰ ਕੀਤਾ ਕਿ ਪ੍ਰਧਾਨ ਮੰਤਰੀ ਨੇ ਅੱਜ ਸਵੇਰੇ ਮਨ ਕੀ ਬਾਤ ਵਿੱਚ ਵਿਦਿਆਰਥੀਆਂ ਦੇ ਇਸ ਅੰਦੋਲਨ ਬਾਰੇ ਇੱਕ ਵੀ ਗੱਲ ਨਹੀਂ ਕਹੀ।ਇਹ ਉਨ੍ਹਾਂ ਦੀ ਵਿਦਿਆਰਥੀਆਂ ਤੇ ਨੌਜਵਾਨਾਂ ਪ੍ਰਤੀ ਅਸੰਵੇਦਨਸ਼ੀਲਤਾ ਦਾ ਪ੍ਰਤੀਕ ਹੈ।ਮੀਟਿੰਗ ਵਿਚ ਬਰਨਾਲਾ ਵਿਖੇ ਸਫਾਈ ਸੇਵਕਾਂ ਦੇ ਉੱਪਰ ਪੁਲਸ ਵੱਲੋਂ ਕੀਤੇ ਗਏ ਅੱਤਿਆਚਾਰ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਕੇ ਦੋਸ਼ੀ ਪੁਲਸ ਅਧਿਕਾਰੀਆਂ ਨੂੰ ਮੁਅੱਤਲ ਕਰਕੇ ਕੇਸ ਚਲਾਉਣ ਦੀ ਮੰਗ ਕੀਤੀ ਗਈ।

ਮੀਟਿੰਗ ਵਿੱਚ ਪੰਜਾਬ ਏਆਈਵਾਈਐੱਫ ਦੇ ਜਥੇ ਨਾਲ ਲੁਧਿਆਣਾ ਤੋਂ ਜੰਤਰ ਮੰਤਰ 'ਤੇ ਗਏ ਨੌਜਵਾਨ ਕਰਨ ਰਾਏ ਤੇ ਉਸ ਦੇ ਸਾਥੀਆਂ ਉੱਪਰ ਪੁਲਸ ਦੇ ਤਸ਼ੱਦਦ ਦੀ ਨਿਖੇਧੀ ਕੀਤੀ।ਮੀਟਿੰਗ ਦੀ ਕਾਰਵਾਈ ਵਰਕਿੰਗ ਜ਼ਿਲ੍ਹਾ ਸਕੱਤਰ ਚਮਕੌਰ ਸਿੰਘ ਬਰਮੀ ਨੇ ਚਲਾਈ।ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਐੱਮ ਐੱਸ ਭਾਟੀਆ, ਡਾਕਟਰ ਰਜਿੰਦਰ ਪਾਲ ਸਿੰਘ ਔਲਖ, ਡਾਕਟਰ ਅਰੁਣ ਮਿੱਤਰਾ, ਵਿਜੇ ਕੁਮਾਰ, ਰਮੇਸ਼ ਰਤਨ, ਭਰਪੂਰ ਸਿੰਘ, ਭਗਵਾਨ ਸਿੰਘ, ਗੁਰਮੇਲ ਮੈਲਡੇ, ਐਡਵੋਕੇਟ ਨਵਲ ਛਿੱਬੜ, ਗੁਰਮੇਲ ਮੇਹਲੀ, ਕਾਮੇਸ਼ਵਰ ਯਾਦਵ, ਚਮਕੌਰ ਸਿੰਘ ਦੌਧਰ ਤੇ ਜਸਵੀਰ ਝੱਜ ਆਦਿ ਸਾਥੀਆਂ ਨੇ ਵੀ ਵਿਚਾਰ ਪ੍ਰਗਟ ਕੀਤੇ।

# ਸੰਧਵਾਂ ਤੇ ਮੰਤਰੀ ਖੁੱਡੀਆਂ ਵੱਲੋਂ 'ਭੰਡਾ ਭੰਡਾਰੀਆ' ਲੋਕ ਅਰਪਣ

## ਪੰਜਾਬ ਦੀ ਲੋਕ-ਵਿਰਾਸਤ ਨੂੰ ਸੰਭਾਲਣ ਦਾ ਦਿੱਤਾ ਸੱਦਾ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਸਪੀਕਰ ਪੰਜਾਬ ਸ੍ਰੀ ਕੁਲਤਾਰ ਸਿੰਘ ਸੰਧਵਾਂ ਤੇ ਮੰਤਰੀ ਸ੍ਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਪੰਜਾਬੀ ਭਾਸ਼ਾ ਤੇ ਸੱਭਿਆਚਾਰ ਨੂੰ ਉਤਸ਼ਾਹਤ ਕਰਨ ਵਾਲੀ ਕਿਤਾਬ 'ਭੰਡਾ ਭੰਡਾਰੀਆ' ਅੱਜ ਬਠਿੰਡਾ ਵਿਖੇ ਲੋਕ ਅਰਪਣ ਕੀਤੀ ਗਈ।ਇਸ ਮੌਕੇ ਉਨ੍ਹਾਂ ਲੇਖਕ ਸਾਧੂ ਰਾਮ ਕੁਸਲਾ ਨੂੰ ਵਧਾਈ ਦਿੱਤੀ ਤੇ ਕਿਹਾ ਕਿ ਪੰਜਾਬ ਦੀ ਲੋਕ-ਸੱਭਿਆਚਾਰਕ ਵਿਰਾਸਤ ਨੂੰ ਸੰਭਾਲਣਾ ਤੇ ਇਸ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣਾ ਸਮੇਂ ਦੀ ਮੁੱਖ ਲੋੜ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪੰਜਾਬੀ ਭਾਸ਼ਾ, ਲੋਕ-ਕਲਾ, ਲੋਕ-ਸਾਹਿਤ ਤੇ ਸੱਭਿਆਚਾਰ ਦੇ ਪ੍ਰਚਾਰ-ਪ੍ਰਸਾਰ ਲਈ ਵਿਸ਼ੇਸ਼ ਉਪਰਾਲੇ ਕਰ ਰਹੀ ਹੈ, ਤਾਂ ਜੋ ਪੰਜਾਬ ਦੀ ਅਮੀਰ ਵਿਰਾਸਤ ਨੂੰ ਸੰਭਾਲਿਆ ਜਾ ਸਕੇ ਤੇ ਆਉਣ ਵਾਲੀਆਂ ਪੀੜ੍ਹੀਆਂ ਆਪਣੀਆਂ ਜੜ੍ਹਾਂ ਨਾਲ ਜੁੜੀਆਂ ਰਹਿਣ।ਕੈਬਨਿਟ ਮੰਤਰੀ ਸ੍ਰ. ਗੁਰਮੀਤ ਸਿੰਘ ਖੁੱਡੀਆਂ ਨੇ 'ਭੰਡਾ ਭੰਡਾਰੀਆ' ਪੁਸਤਕ ਨੂੰ ਪੰਜਾਬ ਦੀ ਲੋਕ-ਵਿਰਾਸਤ ਨੂੰ ਸਾਂਭਣ ਵਾਲਾ ਮਹੱਤਵਪੂਰਨ ਉਪਰਾਲਾ ਕਰਾਰ ਦਿੰਦਿਆਂ ਕਿਹਾ ਕਿ ਅਜਿਹੀਆਂ ਪੁਸਤਕਾਂ ਸਾਡੀ ਲੋਕ-ਸੱਭਿਆਚਾਰਕ ਧਰੋਹਰ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਇਸ ਦੌਰਾਨ ਹਾਜ਼ਰ ਸਾਹਿਤਕਾਰਾਂ ਨੇ ਕਿਤਾਬ ਦੀ ਸ਼ਲਾਘਾ ਕੀਤੀ ਤੇ ਕਿਹਾ ਕਿ ਅਜਿਹੇ ਉਪਰਾਲੇ ਪੰਜਾਬੀ ਸਾਹਿਤ ਦੇ ਭੰਡਾਰ ਨੂੰ ਹੋਰ ਅਮੀਰ ਕਰਨਗੇ।ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੀ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ ਤੇ ਭਰੋਸਾ ਦਿੱਤਾ ਗਿਆ ਕਿ ਜ਼ਿਲ੍ਹੇ ਦੇ ਸਕੂਲਾਂ ਤੇ ਲਾਇਬ੍ਰੇਰੀਆਂ ਵਿੱਚ ਇਸ ਕਿਤਾਬ ਨੂੰ ਪੜ੍ਹਨ ਲਈ ਉਪਲਬਧ ਕਰਵਾਇਆ ਜਾਵੇਗਾ।ਸਮਾਗਮ ਦੇ ਅੰਤ ਵਿੱਚ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਵਿਧਾਇਕ ਬਠਿੰਡਾ (ਸ਼ਹਿਰੀ) ਸ੍ਰ. ਜਗਰੂਪ ਸਿੰਘ ਗਿੱਲ, ਵਿਧਾਇਕ ਭੁੱਚੋ ਮੰਡੀ ਮਾਸਟਰ ਜਗਸੀਰ ਸਿੰਘ, ਮੇਅਰ ਨਗਰ ਨਿਗਮ ਸ੍ਰੀ ਪਦਮਜੀਤ ਸਿੰਘ ਮਹਿਤਾ, ਪੰਜਾਬ ਮੀਡੀਅਮ ਇੰਡਸਟਰੀ ਡਿਵੈਲਪਮੈਂਟ ਬੋਰਡ ਦੇ ਚੇਅਰਮੈਨ ਸ੍ਰੀ ਨੀਲ ਗਰਗ, ਸਾਬਕਾ ਵਿਧਾਇਕ ਸ੍ਰੀ ਹਰਦੇਵ ਅਰਸ਼ੀ ਤੋਂ ਇਲਾਵਾ ਸਮਾਗਮ ਵਿੱਚ ਵੱਡੀ ਗਿਣਤੀ 'ਚ ਸਾਹਿਤਕਾਰਾਂ, ਅਧਿਆਪਕਾਂ, ਵਿਦਿਆਰਥੀਆਂ ਤੇ ਸੱਭਿਆਚਾਰਕ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਭਾਗ ਲਿਆ।

# ਪਾਵਰਕਾਮ ਦੇ ਮੁਲਾਜ਼ਮਾਂ ਦੀ ਹੜਤਾਲ ਕਾਰਨ ਪੰਜਾਬ 'ਚ ਬਲੈਕਆਊਟ !

- ਕਈ ਜ਼ਿਲ੍ਹਿਆਂ 'ਚ ਵਿਗੜੇ ਹਾਲਾਤ, ਬਿਜਲੀ ਸੰਕਟ ਕਾਰਨ ਹਿੱਲਿਆ ਪੂਰਾ ਸਿਸਟਮ
- 90 ਫੀਸਦੀ ਸਟਾਫ਼ ਹੜਤਾਲ 'ਤੇ : ਪਾਵਰਕਾਮ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪਾਵਰਕਾਮ ਦੇ ਮੁਲਾਜ਼ਮਾਂ ਵੱਲੋਂ ਪੰਜਾਬ ਅੰਦਰ ਹੜਤਾਲ ਜਾਰੀ ਰਹਿਣ ਕਾਰਨ ਪੰਜਾਬ ਅੰਦਰ ਬਲੈਕ ਆਊਟ ਵਰਗੇ ਹਾਲਾਤ ਪੈਦਾ ਹੋ ਗਏ ਹਨ।ਕਈ ਜ਼ਿਲ੍ਹੇ ਹਨੇਰੇ 'ਚ ਡੁੱਬੇ ਹੋਏ ਹਨ ਅਤੇ ਇਸ ਹੜਤਾਲ ਨੇ ਬਿਜਲੀ ਵਿਵਸਥਾ ਦਾ ਪੂਰਾ ਸਿਸਟਮ ਹਿਲਾ ਕੇ ਰੱਖ ਦਿੱਤਾ ਹੈ।ਪੰਜਾਬ ਦੇ ਪਿੰਡਾਂ ਤੇ ਸ਼ਹਿਰਾਂ ਦੇ ਜ਼ਿਆਦਾ ਤਰ ਇਲਾਕਿਆਂ 'ਚ ਹਾਲਾਤ ਬਦਤਰ ਹੋ ਗਏ ਹਨ।ਬਿਜਲੀ ਦੀ ਸਪਲਾਈ ਗੁਲ ਹੋਣ ਕਾਰਨ ਆਮ ਜਨਤਾ ਦੀ ਕੋਈ ਸੁਣਵਾਈ ਨਹੀਂ ਹੋ ਰਹੀ, ਨਾ ਹੀ ਖ਼ਪਤਕਾਰਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਵੱਲੋਂ ਜਾਰੀ ਕੀਤੇ ਗਏ ਟੋਲ ਫਰੀ ਨੰਬਰ 1912 'ਤੇ ਕੋਈ ਮੁਲਾਜ਼ਮ ਤਾਇਨਾਤ ਹੈ ਅਤੇ ਨਾ ਹੀ ਉਦਯੋਗਿਕ ਸ਼ਹਿਰਾਂ 'ਚ ਬਿਜਲੀ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਕੋਈ ਸਟਾਫ਼ ਮੌਜੂਦ ਹੈ।ਹਾਲਾਤ ਇਸ ਤਰ੍ਹਾਂ ਤਰਸਯੋਗ ਬਣੇ ਹੋਏ ਹਨ ਕਿ ਆਮ ਜਨਤਾ ਮੁਲਾਜ਼ਮਾਂ ਦੀ ਹੜਤਾਲ ਤੇ ਸਰਕਾਰ ਦੇ ਸਖ਼ਤ ਰਵੱਈਏ ਵਿੱਚ ਚੱਕੀ 'ਚ ਘੁਣ ਵਾਂਗ ਪਿਸਣ ਲਈ ਮਜਬੂਰ ਨਜ਼ਰ ਆ ਰਹੀ ਹੈ।ਜਾਣਕਾਰੀ ਮੁਤਾਬਕ ਸ਼ਹਿਰਾਂ ਤੇ ਪਿੰਡਾਂ ਦੇ ਕਈ ਇਲਾਕਿਆਂ 'ਚ ਦੁਪਹਿਰ ਦੇ ਸਮੇਂ ਬੰਦ ਹੋਈ ਬਿਜਲੀ ਦੀ ਸਪਲਾਈ ਦੇਰ ਰਾਤ ਤੱਕ ਬਹਾਲ ਨਹੀਂ ਹੋ ਰਹੀ। ਅਜਿਹੇ 'ਚ ਲਗਾਤਾਰ ਕਈ ਘੰਟਿਆਂ ਤੱਕ ਆਮ ਲੋਕਾਂ ਦੇ ਘਰਾਂ ਤੇ ਉਦਯੋਗਿਕ ਘਰਾਨਿਆਂ 'ਚ ਬਿਜਲੀ ਸਪਲਾਈ ਠੱਪ ਹੋਣ ਕਾਰਨ ਪੂਰੇ ਸ਼ਹਿਰਾਂ 'ਚ ਪੀਣ ਦੇ ਪਾਣੀ ਦੀ ਸਮੱਸਿਆ ਪੈਦਾ ਹੋਣ ਦੇ ਨਾਲ ਹੀ ਇਨਵਰਟਰ, ਜੈਨਰੇਟਰ ਤੇ ਇੰਟਰਨੈੱਟ ਸੇਵਾਵਾਂ ਪੂਰ ਤਰ੍ਹਾਂ ਬੰਦ ਹੋ ਕੇ ਰਹੀ ਗਈਆਂ ਹਨ। ਮੰਨਿਆ ਜਾ ਰਿਹਾ ਹੈ ਕਿ ਇਤਿਹਾਸ 'ਚ ਪਹਿਲੀ ਵਾਰ ਅਜਿਹਾ ਹੋਇਆ ਹੈ ਕਿ ਜਦੋਂ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਦਾ 90 ਤੋਂ 95 ਫੀਸਦੀ ਸਟਾਫ਼ ਹੜਤਾਲ 'ਤੇ ਚੱਲ ਰਿਹਾ ਹੋਵੇ, ਜਿਸ ਸਬੰਧੀ ਪੰਜਾਬ ਸਰਕਾਰ ਤੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਮੈਨੇਜਮੈਂਟ ਦੀ ਆਮ ਜਨਤਾ ਵਿੱਚ ਜੰਮ ਕੇ ਕਿਰਕਿਰੀ ਹੋ ਰਹੀ ਹੈ, ਪਰ ਇਸ ਗੱਲ ਦਾ ਸ਼ਾਇਦ ਸਰਕਾਰ ਤੇ ਮੈਨੇਜਮੈਂਟ ਦੀ ਸਿਹਤ 'ਤੇ ਕੋਈ ਅਸਰ ਨਹੀਂ ਹੋ ਰਿਹਾ। ਪਾਵਰਕਾਮ ਵਿਭਾਗ ਨਾਲ ਸਬੰਧਤ ਹੜਤਾਲੀ ਮੁਲਾਜ਼ਮਾਂ ਵੱਲੋਂ ਮੀਡੀਆ ਮੁਲਾਜ਼ਮਾਂ ਨੂੰ ਸ਼ੇਅਰ ਕੀਤੀ ਇਕ ਮਹੱਤਵਪੂਰਨ ਵੀਡੀਓ ਕਲਿੱਪ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਪਾਵਰਕਾਮ ਅਧਿਕਾਰੀਆਂ ਵੱਲੋਂ ਆਪਣੀ ਸ਼ਾਖ ਬਚਾਉਣ ਲਈ ਅਣਜਾਣ ਮੁਲਾਜ਼ਮਾਂ ਦੀ ਡਿਊਟੀ ਬਿਜਲੀ ਗਰਿੱਡਾਂ ਤੇ ਫੀਡਰਾਂ 'ਤੇ ਲਾਈ ਗਈ ਹੈ, ਜਿੱਥੇ ਬਿਨਾਂ ਤਜਰਬੇ ਦੇ ਮੁਲਾਜ਼ਮਾਂ ਵੱਲੋਂ ਬਿਜਲੀ ਸਪਲਾਈ ਆਨ-ਆਫ ਕਰਨ ਲਈ ਅਜਿਹੀਆਂ ਕਾਰਵਾਈਆ ਕੀਤੀਆਂ ਜਾ ਰਹੀਆਂ ਹਨ, ਜਿਸ ਕਾਰਨ ਬਿਜਲੀ ਘਰਾਂ, ਫੀਡਰਾਂ ਆਦਿ ਵਿੱਚ ਸ਼ਾਰਟ ਸਰਕਟ ਤੇ ਬਿਜਲੀ ਦੀਆਂ ਲਾਈਨਾਂ ਵਿੱਚ ਵੱਡੇ ਧਮਾਕੇ ਹੋ ਰਹੇ ਹਨ।ਲੋਕ ਪੀਣ ਵਾਲਾ ਪਾਣੀ ਭਰਨ ਲਈ ਖਾਲੀ ਭਾਂਡੇ ਲੈ ਕੇ ਇਧਰ-ਉਧਰ ਭਟਕਦੇ ਨਜ਼ਰ ਆਏ।ਓਧਰ, ਪਾਵਰਕਾਮ ਅਧਿਕਾਰੀਆਂ ਨੇ ਆਪਣਾ ਦਾਅਵਾ ਕੀਤਾ ਹੈ ਕਿ 90 ਫ਼ੀਸਦੀ ਸਟਾਫ਼ ਹੜਤਾਲ 'ਤੇ ਹੈ।ਅਜਿਹੇ ਵਿੱਚ ਸ਼ਹਿਰਾਂ ਤੇ ਪਿੰਡਾਂ ਵਿੱਚ ਬਿਜਲੀ ਦੀ ਸਪਲਾਈ ਵਿਵਸਥਾ ਬਹਾਲ ਰੱਖਣ ਲਈ ਕੇਵਲ 10 ਫ਼ੀਸਦੀ ਸਟਾਫ਼, ਜਿਸ ਵਿੱਚ ਐੱਸ. ਡੀ. ਓ., ਐਕਸੀਅਨ, ਐੱਸ. ਈ. ਤੇ ਚੀਫ ਇੰਜੀਨੀਅਰ ਪੱਧਰ ਦੇ ਅਧਿਕਾਰੀ ਦਿਨ-ਰਾਤ ਬਿਜਲੀ ਘਰਾਂ ਤੇ ਦਫਤਰਾਂ ਵਿੱਚ ਡਿਊਟੀ ਦੇ ਰਹੇ ਹਨ ਤਾਂ ਕਿ ਲੋਕਾਂ ਨੂੰ ਬਿਜਲੀ ਦੀ ਬਿਹਤਰ ਸਪਲਾਈ ਵਿਵਸਥਾ ਮੁਹੱਈਆ ਕਰਵਾਈ ਜਾ ਸਕੇ।

**ਬਿਜਲੀ ਮੰਤਰੀ ਦੀ ਮੁਲਾਜ਼ਮਾਂ ਨਾਲ ਮੀਟਿੰਗ ਰਹੀ ਬੇਸਿੱਟਾ**

21 ਜੁਲਾਈ ਤੋਂ ਜਾਰੀ ਬਿਜਲੀ ਮੁਲਾਜ਼ਮਾਂ ਦੀ ਸਮੂਹਕ ਛੁੱਟੀ 'ਤੇ ਆਧਾਰਤ 'ਹੜਤਾਲ' ਸਬੰਧੀ ਬਿਜਲੀ ਮੰਤਰੀ ਨਾਲ ਹੋਈ ਮੀਟਿੰਗ ਬੇਸਿੱਟਾ ਰਹੀ।ਇਹ ਮੀਟਿੰਗ 25/26 ਜੁਲਾਈ ਦੀ ਮੱਧ ਰਾਤ ਕਰੀਬ 11 ਵਜੇ ਤੱਕ ਚੱਲੀ, ਜਿਸ ਦੌਰਾਨ ਵੱਖ-ਵੱਖ ਪਹਿਲੂਆਂ 'ਤੇ ਵਿਸਥਾਰ ਨਾਲ ਗੱਲਬਾਤ ਹੋਈ, ਪਰ ਅਖ਼ੀਰ ਇਹ ਬਿਨਾਂ ਕਿਸੇ ਸਿੱਟੇ 'ਤੇ ਪੁੱਜਿਆਂ ਹੀ ਸਮਾਪਤ ਹੋ ਗਈ।ਇਸ ਦੀ ਪੁਸ਼ਟੀ ਸੂਬਾ ਆਗੂ ਕੁਲਵਿੰਦਰ ਢਿੱਲੋਂ ਤੇ ਹਰਪਾਲ ਧਾਲੀਵਾਲ ਨੇ ਕੀਤੀ ਹੈ।

## ਕਾਤਰਾਂ

### ਨਸ਼ੀਲੀਆਂ ਗੋਲੀਆਂ ਸਮੇਤ ਦੋ ਕਾਬੂ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਥਾਣਾ ਕੋਟਭਾਈ ਪੁਲਸ ਨੇ ਦੋ ਵਿਅਕਤੀਆਂ ਨੂੰ ਨਸ਼ੀਲੀਆਂ ਗੋਲੀਆਂ ਸਮੇਤ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਮਾਮਲਾ ਦਰਜ ਕੀਤਾ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਏ ਐੱਸ ਆਈ ਰਸ਼ਪਾਲ ਸਿੰਘ ਨੇ ਲਖਵਿੰਦਰ ਸਿੰਘ ਉਰਫ ਮੋਨਾ ਪੁੱਤਰ ਤਿਲਕ ਰਾਜ ਤੇ ਪਵਨ ਕੁਮਾਰ ਪੁੱਤਰ ਖੇਤਾ ਰਾਮ ਵਾਸੀਆਨ ਪਿੰਡ ਕੋਟਭਾਈ ਪਾਸੋਂ 80 ਨਸ਼ੀਲੀਆਂ ਗੋਲੀਆਂ ਬਰਾਮਦ ਕਰਕੇ ਉਕਤਾਨ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

### ਹੈਰੋਇਨ ਸਣੇ ਗ੍ਰਿਫਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ 2 ਗ੍ਰਾਮ ਹੈਰੋਇਨ ਸਣੇ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਜਾਂਚ ਅਧਿਕਾਰੀ ਏ.ਐੱਸ.ਆਈ. ਸੁਨੀਲ ਕੁਮਾਰ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਲੱਲ੍ਹਾ ਬਸਤੀ ਤੇ ਬੈਕ ਸਾਈਡ ਬਸਤੀ ਜਲਾਲਾਬਾਦ ਪੁੱਜੇ ਤਾਂ ਇਕ ਮੋਨਾ ਨੌਜਵਾਨ ਰਣੀਵ ਕੁਮਾਰ ਪੁੱਤਰ ਰਾਮ ਲਾਲ ਵਾਸੀ ਵਾਰਡ ਨੰ. 2 ਬਸਤੀ ਹਾਈ ਸਕੂਲ ਹਾਲ ਅਬਾਦ ਅਗਰਵਾਲ ਕਲੋਨੀ ਜਲਾਲਾਬਾਦ, ਜੋ ਕਿ ਪੁਲਸ ਪਾਰਟੀ ਨੂੰ ਵੇਖ ਕੇ ਮੌਕੇ ਤੋਂ ਭੱਜਣ ਲੱਗਾ, ਜਿਸ ਨੂੰ ਕਾਬੂ ਕਰਕੇ ਉਸ ਪਾਸੋਂ 2 ਗ੍ਰਾਮ ਹੈਰੋਇਨ ਬਰਾਮਦ ਹੋਈ ਹੈ। ਥਾਣਾ ਸਿਟੀ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

### ਮਹਿਲਾ ਦੀ ਫੇਕ ਤਸਵੀਰ ਵਾਇਰਲ ਕਰਨ ਦੇ ਮਾਮਲੇ 'ਚ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਇੱਕ ਸ਼ਾਦੀਸ਼ੁਦਾ ਮਹਿਲਾ ਦੀ ਫੇਕ ਤਸਵੀਰ ਬਣਾ ਕੇ ਫੇਕ ਇੰਸਟਾਗ੍ਰਾਮ ਆਈ ਡੀ ਰਾਹੀਂ ਉਸ ਨੂੰ ਵਾਇਰਲ ਕੀਤੇ ਜਾਣ ਦੇ ਕਥਿਤ ਮਾਮਲੇ ਸਬੰਧੀ ਸਾਈਬਰ ਕ੍ਰਾਈਮ ਪੁਲਸ ਵੱਲੋਂ ਮੁਕੱਦਮਾ ਦਰਜ ਕੀਤੇ ਜਾਣ ਦੀ ਸੂਚਨਾ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਪੁਲਸ ਨੂੰ ਦਿੱਤੀ ਦਰਖ਼ਾਸਤ ਵਿੱਚ ਇੱਕ ਸ਼ਾਦੀਸ਼ੁਦਾ ਮਹਿਲਾ ਨੇ ਦੋਸ਼ ਲਾਏ ਸਨ ਕਿ ਨਾਮਾਲੂਮ ਵਿਅਕਤੀ/ਵਿਅਕਤੀਆਂ ਨੇ ਉਸ ਦੀ ਜਾਅਲੀ ਫ਼ੋਟੋ ਤਿਆਰ ਕਰਕੇ ਫੇਕ ਇੰਸਟਾਗ੍ਰਾਮ ਆਈ ਡੀ ਰਾਹੀਂ ਵਾਇਰਲ ਕਰ ਦਿੱਤੀਆਂ।ਦਰਖ਼ਾਸਤ ਕਰਤਾ ਦੇ ਬਿਆਨਾਂ 'ਤੇ ਨਾਮਾਲੂਮ ਵਿਅਕਤੀ/ਵਿਅਕਤੀਆਂ ਵਿਰੁੱਧ ਬੀ.ਐਨ.ਐਸ. ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਥਾਣਾ ਸਾਈਬਰ ਕ੍ਰਾਈਮ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਨੇ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ।

### ਚੋਰੀ ਦੇ ਦੋਸ਼ 'ਚ ਕੇਸ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ ਦੁਕਾਨ ਵਿੱਚੋਂ ਚੋਰੀ ਕਰਨ ਦੇ ਦੋਸ਼ ਵਿੱਚ ਇੱਕ ਵਿਅਕਤੀ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਏ.ਐੱਸ.ਆਈ. ਗੁਰਦੇਵ ਰਾਜ ਨੇ ਦੱਸਿਆ ਕਿ ਸ਼ਿਕਾਇਤਕਰਤਾ ਭੁਪਿੰਦਰ ਸਿੰਘ ਹਾਂਡਾ ਪੁੱਤਰ ਪਾਲਾ ਸਿੰਘ ਵਾਸੀ ਰੁਕਨਾ ਕਾਸਮ ਹਾਲ ਅਬਾਦ ਗਨੇਸ਼ ਨਗਰੀ ਜਲਾਲਾਬਾਦ ਵੱਲੋਂ ਪੁਲਸ ਕੋਲ ਬਿਆਨ ਲਿਖਵਾਏ ਗਏ ਹਨ ਕਿ ਬੀਤੇ ਦਿਨ ਰਾਤ ਨੂੰ ਸੂਰਜ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀ ਰੇਲਵੇ ਕਲੋਨੀ ਜਲਾਲਾਬਾਦ ਨੇ ਉਸ ਦੀ ਦੁਕਾਨ 'ਚ ਲੱਗੀ ਐੱਲ.ਸੀ.ਡੀ., ਇੱਕ ਮੋਬਾਇਲ ਫੋਨ, 1 ਲੱਖ 45 ਹਜ਼ਾਰ ਰੁਪਏ ਨਗਦੀ ਤੇ ਦੁਕਾਨ ਅੰਦਰ ਲੱਗਾ ਵਾਈਫਾਈ ਦਾ ਮੋਡਮ ਚੋਰੀ ਕਰਕੇ ਲੈ ਹੈ, ਜਿਸ 'ਤੇ ਪੁਲਸ ਨੇ ਮੁਦੱਈ ਭੁਪਿੰਦਰ ਸਿੰਘ ਹਾਂਡਾ ਦੇ ਬਿਆਨਾਂ ਦੇ ਅਧਾਰ 'ਤੇ ਸੂਰਜ ਸਿੰਘ ਵਿਰੁੱਧ ਥਾਣਾ ਸਿਟੀ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਹੈ। ਪੁਲਸ ਵੱਲੋਂ ਨਾਮਜ਼ਦ ਸੂਰਜ ਸਿੰਘ ਨੂੰ ਹਿਰਾਸਤ ਵਿੱਚ ਲੈ ਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

# ਜਥੇਬੰਦੀਆਂ ਵੱਲੋਂ ਕੇਂਦਰ ਤੇ ਸੂਬਾ ਸਰਕਾਰਾਂ ਦੀਆਂ ਲੋਕ ਵਿਰੋਧੀ ਨੀਤੀਆਂ ਖਿਲਾਫ ਰੋਸ ਮਾਰਚ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਜਮਹੂਰੀ ਅਧਿਕਾਰ ਸਭਾ ਦੀ ਪਹਿਲਕਦਮੀ 'ਤੇ ਰਾਮਪੁਰਾ ਫੂਲ ਦੀਆਂ ਕ੍ਰਾਂਤੀ ਜਥੇਬੰਦੀਆਂ ਤੇ ਆਮ ਲੋਕਾਂ ਵੱਲੋਂ ਕੇਂਦਰ ਤੇ ਪੰਜਾਬ ਸਰਕਾਰਾਂ ਦੀਆਂ ਲੋਕ ਵਿਰੋਧੀ ਨੀਤੀਆਂ 'ਤੇ ਸੰਘਰਸ਼ਸ਼ੀਲ ਲੋਕਾਂ ਉੱਤੇ ਹੋ ਰਹੇ ਪੁਲਸ ਜਬਰ ਦੇ ਵਿਰੋਧ ਵਿੱਚ ਭਰਵਾਂ ਰੋਸ ਮਾਰਚ ਕੀਤਾ ਗਿਆ।ਇਹ ਮਾਰਚ ਰਾਮਬਾਗ ਤੋਂ ਸ਼ੁਰੂ ਹੋ ਕੇ ਸ਼ਹੀਦ ਭਗਤ ਸਿੰਘ ਚੌਕ ਵਿਖੇ ਸਮਾਪਤ ਹੋਇਆ।ਇਸ ਮਾਰਚ ਵਿੱਚ ਵੱਡੀ ਗਿਣਤੀ ਵਿੱਚ ਮਜ਼ਦੂਰਾਂ, ਕਿਸਾਨਾਂ, ਮੁਲਾਜ਼ਮਾਂ, ਅਧਿਆਪਕਾਂ, ਨੌਜਵਾਨਾਂ, ਵਿਦਿਆਰਥੀਆਂ, ਸਾਹਿਤਕਾਰਾਂ, ਬੁੱਧੀਜੀਵੀਆਂ ਤੇ ਆਮ ਸ਼ਹਿਰੀਆਂ ਨੇ ਸ਼ਮੂਲੀਅਤ ਕੀਤੀ। ਰੋਸ ਪ੍ਰਦਰਸ਼ਨ ਦੀ ਸ਼ੁਰੂਆਤ ਰਾਮਪੁਰਾ ਫੂਲ ਦੇ ਰਾਮ ਬਾਗ ਤੋਂ ਕੀਤੀ ਗਈ।ਪਹਿਲਾਂ ਇੱਕ ਘੰਟਾ ਦੀ ਰੈਲੀ ਕੀਤੀ ਗਈ, ਇਸ ਤੋਂ ਬਾਅਦ ਸੈਂਕੜਿਆਂ ਦੀ ਗਿਣਤੀ ਵਿੱਚ ਇੱਕਠੇ ਹੋਏ ਲੋਕਾਂ ਦਾ ਰੋਸ ਪ੍ਰਦਰਸ਼ਨ ਸ਼ਹਿਰ ਦੇ ਮੁੱਖ ਬਾਜ਼ਾਰਾਂ ਵਿਚੋਂ ਹੁੰਦਾ ਹੋਇਆ ਭਗਤ ਸਿੰਘ ਚੌਂਕ ਪਹੁੰਚਿਆ, ਜਿੱਥੇ ਲਗਭਗ ਇੱਕ ਘੰਟੇ ਤੱਕ ਆਸ-ਪਾਸ ਦੇ ਲੋਕਾਂ ਨੇ ਬੁਲਾਰਿਆਂ ਦੇ ਵਿਚਾਰਾਂ ਨੂੰ ਸੁਣਿਆ।ਪ੍ਰੈੱਸ ਬਿਆਨ ਜਾਰੀ ਕਰਦਿਆਂ ਜਮਹੂਰੀ ਅਧਿਕਾਰ ਸਭਾ ਦੇ ਆਗੂ ਅਵਤਾਰ ਸਿੰਘ ਨੇ ਕਿਹਾ ਕਿ ਦਿੱਲੀ ਦੇ ਜੰਤਰ-ਮੰਤਰ ਵਿਖੇ ਪਾਰਦਰਸ਼ੀ ਭਰਤੀ ਪ੍ਰਣਾਲੀ ਤੇ ਰੁਜ਼ਗਾਰ ਦੀ ਮੰਗ ਕਰ ਰਹੇ ਨੌਜਵਾਨਾਂ ਉੱਤੇ ਕੀਤੇ ਗਏ ਵਹਿਸ਼ੀ ਲਾਠੀਚਾਰਜ, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਵਿਦਿਆਰਥੀਆਂ ਉੱਤੇ ਪੁਲਸ ਕਾਰਵਾਈ, ਬਰਨਾਲਾ ਵਿਖੇ ਸਫ਼ਾਈ ਕਾਮਿਆਂ ਉੱਤੇ ਕੀਤੇ ਗਏ ਲਾਠੀਚਾਰਜ ਤੇ ਮਨਰੇਗਾ ਕਾਮਿਆਂ ਦੇ ਰੁਜ਼ਗਾਰ ਹੱਕਾਂ ਉੱਤੇ ਹੋ ਰਹੇ ਹਮਲਿਆਂ ਖ਼ਿਲਾਫ਼ ਇਹ ਰੋਸ ਪ੍ਰਗਟਾਇਆ ਗਿਆ।

ਪ੍ਰਦਰਸ਼ਨ ਵਿੱਚ ਵਾਟਰ ਵਰਕਸ ਯੂਨੀਅਨ ਦੇ ਅਮ੍ਰਿਤਪਾਲ ਮਾੜੀ, ਤਰਕਸ਼ੀਲ ਸੁਸਾਇਟੀ ਦੇ ਗਗਨ ਗਰੋਵਰ, ਟੀ.ਐੱਸ.ਯੂ. (ਬਿਜਲੀ ਮੁਲਾਜ਼ਮ) ਦੇ ਅੰਗਰੇਜ਼ ਸਿੰਘ, ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਬਲਾਕ ਰਾਮਪੁਰਾ ਦੇ ਹਰਭਜਨ ਸਿੰਘ, ਭਾਰਤੀ ਕਿਸਾਨ ਯੂਨੀਅਨ (ਡਕੌਂਦਾ ਧਨੇਰ) ਦੇ ਗੁਰਨਾਮ ਸਿੰਘ ਤੇ ਨਾਹਰ ਸਿੰਘ, ਮੈਡੀਕਲ ਪ੍ਰੈਕਟੀਸ਼ਨਰ ਯੂਨੀਅਨ ਦੇ ਜਗਤਾਰ ਸਿੰਘ ਫੂਲ, ਸਫ਼ਾਈ ਕਰਮਚਾਰੀ ਯੂਨੀਅਨ ਦੇ ਸਾਜਨ ਕੁਮਾਰ ਤੇ ਬਿੱਟੂ ਪ੍ਰਧਾਨ, ਡੀ.ਟੀ.ਐੱਫ. ਦੇ ਵਿਕਾਸ ਗਰਗ, ਜਮਹੂਰੀ ਅਧਿਕਾਰ ਸਭਾ ਦੇ ਸੁਖਦੇਵ ਪਾਂਧੀ, ਕਿਰਤੀ ਕਿਸਾਨ ਯੂਨੀਅਨ ਤੇ ਬੀ.ਕੇ.ਯੂ. ਕ੍ਰਾਂਤੀਕਾਰੀ ਦੇ ਦਰਸ਼ਨ ਸਿੰਘ ਫੂਲ ਨੇ ਸੰਬੋਧਨ ਕੀਤਾ। ਸਟੇਜ ਸਕੱਤਰ ਜ਼ਿੰਮੇਵਾਰੀ ਸੁਰਿੰਦਰ ਵਿਰਦੀ ਨੇ ਨਿਭਾਈ ਤੇ ਅਵਤਾਰ ਸਿੰਘ ਨੇ ਸਭਨਾਂ ਦਾ ਧੰਨਵਾਦ ਕੀਤਾ।ਜਗਦੇਵ ਸਿੰਘ, ਭਗਵੰਤ ਸਿੰਘ ਲਹਿਰਾ, ਭੋਲਾ ਸਿਧਾਣਾ, ਕੌਰ ਸਿੰਘ ਆਦਿ ਹੋਰ ਆਗੂ ਰੋਸ ਪ੍ਰਦਰਸ਼ਨ ਵਿੱਚ ਸ਼ਾਮਲ ਸਨ।

## ਬਲਜਿੰਦਰ ਢਿੱਲੋਂ ਦੀ ਅਗਵਾਈ 'ਚ ਸਾਬਕਾ ਸਰਪੰਚ ਸਾਥੀਆਂ ਸਮੇਤ ਆਪ 'ਚ ਸ਼ਾਮਲ

**ਸਨੌਰ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਐਗਰੋ ਫੂਡਗ੍ਰੇਨ ਕਾਰਪੋਰੇਸ਼ਨ ਲਿਮਟਡ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ ਦੇ ਲੋਕ ਸਭਾ ਹਲਕਾ ਪਟਿਆਲਾ ਦੇ ਇੰਚਾਰਜ ਬਲਜਿੰਦਰ ਸਿੰਘ ਢਿੱਲੋਂ ਦੀ ਅਗਵਾਈ ਹੇਠ ਹਲਕਾ ਸਨੌਰ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਵੇਲੇ ਹੋਰ ਮਜ਼ਬੂਤੀ ਮਿਲੀ, ਜਦੋਂ ਅਕਾਲੀ ਦਲ ਨਾਲ ਜੁੜੇ ਸਾਬਕਾ ਸਰਪੰਚ ਸੁਰਜੀਤ ਸਿੰਘ ਪਹਾੜੀਪੁਰ ਆਪਣੇ ਸਾਥੀਆਂ ਤੇ ਵੱਡੀ ਗਿਣਤੀ ਪਰਿਵਾਰਾਂ ਸਮੇਤ ਆਮ ਆਦਮੀ ਪਾਰਟੀ 'ਚ ਸ਼ਾਮਲ ਹੋਏ।ਇਸ ਮੌਕੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਨੇ ਸੁਰਜੀਤ ਸਿੰਘ ਪਹਾੜੀਪੁਰ ਨੂੰ ਸਿਰੋਪਾਓ ਭੇਟ ਕਰਕੇ ਪਾਰਟੀ 'ਚ ਸ਼ਾਮਲ ਕਰਵਾਇਆ ਤੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ।

ਇਸ ਮੌਕੇ ਆਮ ਆਦਮੀ ਪਾਰਟੀ 'ਚ ਸ਼ਾਮਲ ਹੋਏ ਸੁਰਜੀਤ ਸਿੰਘ ਪਹਾੜੀਪੁਰ ਨੇ ਕਿਹਾ ਕਿ ਉਹ ਮੁੱਖ ਮੰਤਰੀ ਭਗਵੰਤ ਮਾਨ ਤੇ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਵਿਚਾਰਧਾਰਾ ਤੇ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਆਪਣੇ ਸਾਥੀਆਂ ਸਮੇਤ ਪਾਰਟੀ 'ਚ ਸ਼ਾਮਲ ਹੋਏ ਹਨ।ਇਸ ਮੌਕੇ ਗੱਜਣ ਸਿੰਘ ਮੀਡੀਆ ਸਕੱਤਰ ਪਟਿਆਲਾ, ਮਦਨ ਮੋਹਨ ਜੁਲਕਾਂ, ਦਲਵੀਰ ਸਿੰਘ ਪੰਚ, ਸੁਰਿੰਦਰ ਪਾਲ ਸਿੰਘ, ਰਜਿੰਦਰ ਸਿੰਘ ਗਿੱਲ, ਰਾਮਤੇਜ ਸਿੰਘ ਖੋਖਰ, ਬਲਦੇਵ ਸਿੰਘ, ਕੇਵਲ ਕੁਮਾਰ, ਜਗਜੀਤ ਸਿੰਘ ਪਹਾੜੀਪੁਰ, ਮਨਦੀਪ ਸਿੰਘ ਕੱਕੇਪੁਰ, ਬਲਜੀਤ ਸਿੰਘ ਮਾਰਦਾਹੇੜੀ, ਗੁਰਮੇਲ ਸਿੰਘ ਡੰਡੋਆ, ਹਰਬੰਸ ਸਿੰਘ ਪੰਜੋਲਾ, ਦੀਪਾ ਸਿੰਘ ਪੰਜੋਲਾ, ਗੁਲਾਬ, ਜਸਵੰਤ ਸਿੰਘ ਆਦਿ ਹਾਜ਼ਰ ਸਨ।

# ਸ਼ਹੀਦ ਕਾਮਰੇਡ ਅਵਤਾਰ ਸਿੰਘ ਢੁੱਡੀਕੇ ਦੀ ਬਰਸੀ ਮਨਾਈ

## ਸ਼ਹੀਦ ਅਵਤਾਰ ਸਿੰਘ ਨੇ ਗਰੀਬਾਂ ਦੇ ਹੱਕ 'ਚ ਆਵਾਜ਼ ਬੁਲੰਦ ਕੀਤੀ : ਸੁਰਿੰਦਰ ਕੌਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਮਿਊਨਿਸਟ ਪਾਰਟੀ ਮਾਰਕਸਵਾਦੀ, ਲੈਨਿਨਵਾਦੀ (ਨਿਊ ਡੈਮੋਕਰੇਸੀ) ਪਿੰਡ ਢੁੱਡੀਕੇ ਦੇ ਕਮਿਊਨਿਟੀ ਹਾਲ ਵਿੱਚ ਸ਼ਹੀਦ ਕਾਮਰੇਡ ਅਵਤਾਰ ਸਿੰਘ ਢੁੱਡੀਕੇ ਦੀ ਬਰਸੀ ਮਨਾਈ ਗਈ।ਸਮਾਗਮ ਦੀ ਸ਼ੁਰੂਆਤ ਦੋ ਮਿੰਟ ਦਾ ਮੌਨ ਧਾਰ ਕੇ ਕੀਤੀ ਗਈ।

ਇਸ ਮੌਕੇ ਸੀ ਪੀ ਆਈ ਐੱਮ ਐੱਲ (ਨਿਊ ਡੈਮੋਕਰੇਸੀ) ਦੇ ਸੂਬਾ ਆਗੂ ਕੁਲਵਿੰਦਰ ਸਿੰਘ ਵੜੈਚ, ਸ਼ਹੀਦ ਅਵਤਾਰ ਦੇ ਸਾਥੀ ਰਹੇ ਕਿਸਾਨ ਆਗੂ ਨਿਰਭੈ ਸਿੰਘ ਢੁੱਡੀਕੇ, ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਜਰਨਲ ਸਕੱਤਰ ਅਵਤਾਰ ਸਿੰਘ ਤਾਰੀ ਰਸੂਲਪੁਰ, ਸੂਬਾ ਆਗੂ ਮੰਗਾ ਸਿੰਘ ਵੈਰੋਕੇ, ਕਾਮਰੇਡ ਅਵਤਾਰ ਸਿੰਘ ਢੁੱਡੀਕੇ ਦੀ ਪਤਨੀ ਸੁਰਿੰਦਰ ਕੌਰ ਢੁੱਡੀਕੇ ਨੇ ਕਾਮਰੇਡ ਅਵਤਾਰ ਸਿੰਘ ਢੁੱਡੀਕੇ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਤੇ ਮੰਚ ਤੋਂ ਸੰਬੋਧਨ ਕਰਦਿਆਂ ਕਿਹਾ ਕਿ ਸਾਥੀ ਅਵਤਾਰ ਢੁੱਡੀਕੇ ਕਮਿਊਨਿਸਟ ਇਨਕਲਾਬੀ ਲਹਿਰ ਦੇ ਮਹਾਨ ਸ਼ਹੀਦ ਸਨ, ਜਿਨ੍ਹਾਂ ਦੇ ਸੰਘਰਸ਼ਮਈ ਜੀਵਨ ਦੀ ਸ਼ੁਰੂਆਤ ਨੌਜਵਾਨ ਭਾਰਤ ਸਭਾ ਤੋਂ ਹੋਈ।ਉਨ੍ਹਾਂ ਕਮਿਊਨਿਸਟ ਪਾਰਟੀ ਦੀ ਲਾਇਨ ਮੁਤਾਬਕ ਪੇਂਡੂ ਘੁੜੰਮ ਚੌਧਰੀਆਂ, ਸਮਾਜ ਵਿਰੋਧੀ ਅਨਸਰਾਂ ਖਿਲਾਫ ਗਰੀਬ ਗੁਰਬੇ ਦੇ ਹੱਕ ਵਿੱਚ ਆਵਾਜ਼ ਬੁਲੰਦ ਕੀਤੀ।ਇਸੇ ਤਰ੍ਹਾਂ ਪਿੰਡ ਦੇ ਮੱਛਰੇ ਸਮਾਜ ਵਿਰੋਧੀ ਅਨਸਰਾਂ ਵੱਲੋਂ ਇੱਕ ਨਰਸ ਨਾਲ ਕੀਤੀ ਛੇੜਛਾੜ ਵਿਰੁੱਧ ਘੋਲ ਲੜਿਆ, ਜਿਸ ਕਾਰਨ ਉਨ੍ਹਾਂ ਗੁੰਡਿਆਂ ਨੇ ਖਫਾ ਹੋ ਕੇ 25 ਜੁਲਾਈ 1983 ਨੂੰ ਪਿੰਡ ਕੋਕਰੀ ਕਲਾਂ ਦੇ ਡਾਕਖਾਨੇ ਤੋਂ ਡਿਊਟੀ ਤੋਂ ਵਾਪਸ ਆਉਂਦੇ ਅਵਤਾਰ ਢੁੱਡੀਕੇ ਦਾ ਕਤਲ ਕਰ ਦਿੱਤਾ ਸੀ।ਉਨ੍ਹਾਂ ਦੱਸਿਆ ਕਿ ਕਾਮਰੇਡ ਅਵਤਾਰ ਢੁੱਡੀਕੇ ਸਾਮਰਾਜੀ ਲੁੱਟ, ਜੰਗਾਂ ਵਿੱਚ ਪਿੱਸ ਰਹੀਆਂ ਕੌਮਾਂ ਦੀ ਲੜਾਈ ਨੂੰ ਪ੍ਰਣਾਇਆ ਹੋਇਆ ਸੀ, ਉਹ ਝੂਠੀ ਆਜ਼ਾਦੀ ਤੋਂ ਬਾਅਦ ਸੱਤਾ ਮਾਣ ਰਹੇ ਹਾਕਮਾਂ ਨੂੰ ਆਜ਼ਾਦ ਨਹੀਂ ਬਲਕਿ ਦਲਾਲ ਮੰਨਣ ਦੀ ਸਮਝ ਨੂੰ ਪਰਨਾਇਆ ਸੀ।ਉਹ ਸਾਮਰਾਜ, ਦਲਾਲ ਭਾਰਤੀ ਹਾਕਮ, ਜਾਗੀਰਦਾਰੀ ਖਿਲਾਫ ਕੁਲ ਕਿਸਾਨਾਂ, ਮਜਦੂਰਾਂ, ਮੁਲਾਜਮਾਂ, ਆਮ ਲੋਕਾਂ ਦੇ ਏਕੇ ਦਾ ਮੁਦੱਈ ਸੀ।ਉਸ ਦਾ ਮਜ਼ਦੂਰ ਜਮਾਤ ਦਾ ਰਾਜ ਲਿਆਉਣ ਦਾ ਸੁਪਨਾ ਅੱਜ ਵੀ ਅਧੂਰਾ ਹੈ।ਆਗੂਆਂ ਨੇ ਕਿਹਾ ਕਿ ਸੀ ਪੀ ਆਈ (ਐੱਮ ਐੱਲ) ਨਿਊ ਡੈਮੋਕਰੇਸੀ ਵੱਲੋਂ ਫਾਸ਼ੀਵਾਦੀ ਹਮਲਿਆਂ ਵਿਰੁੱਧ ਸਤੰਬਰ ਮਹੀਨੇ ਵਿੱਚ ਸੂਬਾ ਪੱਧਰੀ ਸਿਆਸੀ ਕਾਨਫਰੰਸ ਕੀਤੀ ਜਾਵੇਗੀ।ਸਟੇਜ ਦਾ ਸੰਚਾਲਨ ਸੀ ਪੀ ਆਈ ਐੱਮ ਐੱਲ (ਨਿਊ ਡੈਮੋਕਰੇਸੀ) ਜ਼ਿਲ੍ਹਾ ਮੋਗਾ ਦੇ ਬੁਲਾਰੇ ਚਮਕੌਰ ਸਿੰਘ ਰੋਡੇ ਨੇ ਕੀਤਾ।

## ਰੋਡ ਚੌੜਾ ਕਰਨ ਦੇ ਨਾਂਅ 'ਤੇ ਪੁੱਡਾ ਵੱਲੋਂ ਦਰਜਨਾਂ ਘਰ ਉਜਾੜਨ ਦੀ ਤਿਆਰੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਸ਼ਹਿਰ ਦੇ ਪੋਸ਼ ਇਲਾਕੇ ਅਰਬਨ ਅਸਟੇਟ ਫੇਜ਼-ਦੋ ਵਿਖੇ ਸਰਹਿੰਦ ਬਾਈ ਪਾਸ ਤੋਂ ਸਾਧੂ ਬੇਲਾ (ਪੰਜਾਬੀ ਯੂਨੀਵਰਸਿਟੀ) ਵੱਲ ਨੂੰ ਜਾਂਦੀ ਫਿਰਨੀ ਵਾਲੀ ਸੜਕ ਪਿਛਲੇ 3-4 ਸਾਲਾਂ ਤੋਂ ਬੁਰੀ ਤਰ੍ਹਾਂ ਟੁੱਟਣ ਕਾਰਨ ਲੋਕਾਂ ਲਈ ਸਿਰਦਰਦੀ ਬਣੀ ਹੈ। ਦਰਜਨਾਂ ਵਾਰ ਮੀਡੀਏ ਦੀਆਂ ਸੁਰਖੀਆਂ ਬਣਨ ਦੇ ਬਾਵਜੂਦ ਅਜੇ ਤੱਕ ਇਸ ਸੜਕ ਨੂੰ ਨਵੇਂ ਸਿਰੇ ਤੋਂ ਬਣਾਉਣਾ ਤਾਂ ਕੀ ਇਸ ਵਿੱਚ ਦੋ ਦੋ ਫੁੱਟ ਡੂੰਘੇ ਪਏ ਟੋਇਆਂ ਨੂੰ ਭਰਾਉਣ ਦਾ ਵੀ ਆਪਣਾ ਫਰਜ਼ ਨਹੀਂ ਸਮਝਿਆ, ਜਿਸ ਕਾਰਨ ਅਰਬਨ ਅਸਟੇਟ ਵਾਸੀਆਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਹੁਣ ਪੁੱਡਾ ਪ੍ਰਸ਼ਾਸਨ ਵੱਲੋਂ ਇਸ ਸੜਕ ਨੂੰ ਪੈਰੀਫੇਰੀ ਰੋਡ ਵਜੋਂ ਵਿਕਸਤ ਕਰਨ ਤੇ ਚੌੜਾ ਕਰਨ ਦੇ ਨਾਂਅ 'ਤੇ ਦਰਜਨਾਂ ਘਰਾਂ ਨੂੰ ਉਜਾੜਨ ਦੀ ਤਿਆਰੀ ਚੱਲ ਰਹੀ ਹੈ।ਪਟਿਆਲਾ ਸ਼ਹਿਰੀ ਯੋਜਨਾਬੰਦੀ ਤੇ ਵਿਕਾਸ ਅਥਾਰਟੀ ਵੱਲੋਂ ਸੜਕ ਦੁਆਲੇ ਬਣੇ ਘਰਾਂ ਨੂੰ ਕਬਜ਼ੇ ਹਟਾਉਣ ਲਈ ਨੋਟਿਸ ਜਾਰੀ ਕੀਤੇ ਗਏ ਹਨ, ਜਿਸ ਤੋਂ ਬਾਅਦ ਇਲਾਕਾ ਨਿਵਾਸੀਆਂ ਵਿੱਚ ਭਾਰੀ ਰੋਸ ਦੀ ਲਹਿਰ ਦੌੜ ਗਈ ਹੈ।ਸਥਾਨਕ ਲੋਕਾਂ ਨੇ ਪ੍ਰਸ਼ਾਸਨ ਦੀ ਇਸ ਕਾਰਵਾਈ ਦਾ ਤਿੱਖਾ ਵਿਰੋਧ ਸ਼ੁਰੂ ਕਰ ਦਿੱਤਾ ਹੈ, ਜਿਸ ਨਾਲ ਆਉਣ ਵਾਲੇ ਦਿਨਾਂ ਵਿੱਚ ਵਿਭਾਗ ਤੇ ਨਿਵਾਸੀਆਂ ਵਿਚਾਲੇ ਸਿੱਧੇ ਟਕਰਾਅ ਦੇ ਆਸਾਰ ਬਣ ਗਏ ਹਨ।

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਕਸ਼ਮੀਰ ਸਿੰਘ ਦੇ ਹੱਕ 'ਚ ਧਰਨਾ



**ਜਲਾਲਾਬਾਦ (ਜੀਤ ਕੁਮਾਰ)**

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਜ਼ਿਲ੍ਹਾ ਪ੍ਰਧਾਨ ਧਰਮ ਸਿੰਘ ਸਿੱਧੂ ਤੇ ਜ਼ੋਨ ਸ਼ਹੀਦ ਭਗਤ ਸਿੰਘ ਦੇ ਜ਼ੋਨ ਪ੍ਰਧਾਨ ਗੁਰਬਖ਼ਸ਼ ਸਿੰਘ ਦੀ ਅਗਵਾਈ ਹੇਠ ਪਿੰਡ ਮੋਹਕਮ ਅਰਾਈ ਵਿਖੇ ਕਿਸਾਨ ਕਸ਼ਮੀਰ ਸਿੰਘ ਪੁੱਤਰ ਸ਼ੰਕਰ ਸਿੰਘ ਦੀ ਆਪਣੀ ਮਾਲਕੀ ਜ਼ਮੀਨ ਬਚਾਉਣ ਸਬੰਧ ਲਗਾਤਾਰ ਧਰਨਾ ਦਿੱਤਾ ਜਾ ਰਿਹਾ ਹੈ। ਇਸ ਸਬੰਧੀ ਕਿਸਾਨ ਆਗੂਆਂ ਨੇ ਦੱਸਿਆ ਕਿ ਕਿਸਾਨ ਕਸ਼ਮੀਰ ਸਿੰਘ ਪੁੱਤਰ ਸ਼ੰਕਰ ਸਿੰਘ ਦੀ ਆਪਣੀ ਮਾਲਕੀ ਜ਼ਮੀਨ ਵਿੱਚ ਇਨਸਾਫ ਲਈ ਇਹ ਧਰਨਾ ਪ੍ਰਦਰਸ਼ਨ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਸਾਨੂੰ ਪਤਾ ਲੱਗਾ ਹੈ ਕਿ ਕਸ਼ਮੀਰ ਸਿੰਘ ਦੇ ਆਂਡ ਗੁਆਂਢ ਦੇ ਘਰ ਗੁਰਬਚਨ ਸਿੰਘ ਪੁੱਤਰ ਹਰਨਾਮ ਸਿੰਘ, ਸੰਦੀਪ ਸਿੰਘ ਪੁੱਤਰ ਮਿਲਖਾ ਸਿੰਘ ਦੀ ਰਿਹਾਇਸ਼ 'ਤੇ ਮੋਹਕਮ ਅਰਾਈਂ ਦੀ ਗ੍ਰਾਮ ਪੰਚਾਇਤ, ਬੀ.ਡੀ.ਪੀ.ਓ., ਤਹਿਸੀਲਦਾਰ, ਕਾਨੂੰਗੋ, ਹਲਕਾ ਪਟਵਾਰੀ ਤੇ ਪੁਲਸ ਪ੍ਰਸ਼ਾਸਨ ਨਿਸ਼ਾਨਦੇਹੀ ਕਰਨ ਵਾਸਤੇ ਮਿਤੀ 22/07/2026 ਨੂੰ ਆਉਣਾ ਸੀ। ਇਸ ਬਾਰੇ ਯੂਨੀਅਨ ਨੂੰ ਜਾਣਕਾਰੀ ਮਿਲਣ 'ਤੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਪ੍ਰਧਾਨ ਗੁਰਬਖ਼ਸ਼ ਸਿੰਘ ਨੂੰ ਦੱਸਿਆ ਗਿਆ ਅਤੇ ਉਕਤ ਪੀੜਤ ਕਿਸਾਨ ਦੀ ਮਦਦ ਕਰਨ ਲਈ ਕਿਹਾ ਗਿਆ। ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦਾ ਧਰਨਾ ਪ੍ਰਦਰਸ਼ਨ ਪਹਿਲਾਂ ਹੀ ਕਿਸਾਨ ਕਸ਼ਮੀਰ ਸਿੰਘ ਪੁੱਤਰ ਸ਼ੰਕਰ ਸਿੰਘ ਦੀ ਆਪਣੀ ਮਾਲਕੀ ਜ਼ਮੀਨ ਵਿੱਚ ਚੱਲ ਰਿਹਾ ਹੈ। ਜਥੇਬੰਦੀ ਦੇ ਬੈਨਰ ਹੇਠ ਧਰਨੇ ਦੌਰਾਨ ਲੋਕਾਂ ਦੀ ਮਦਦ ਨਾਲ ਸਰਕਾਰ ਤੇ ਪੰਚਾਇਤ ਖਿਲਾਫ ਰੋਸ ਪ੍ਰਦਰਸ਼ਨ ਕੀਤਾ ਗਿਆ ਤੇ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਜ਼ਿਲ੍ਹਾ ਪ੍ਰਧਾਨ ਧਰਮ ਸਿੰਘ ਸਿੱਧੂ ਤੇ ਜ਼ੋਨ ਪ੍ਰਧਾਨ ਨੇ ਸਖ਼ਤ ਚੇਤਾਵਨੀ ਦਿੱਤੀ ਹੈ ਕਿ ਕਸ਼ਮੀਰ ਸਿੰਘ ਪੁੱਤਰ ਸ਼ੰਕਰ ਸਿੰਘ ਦੀ ਜ਼ਮੀਨ ਵਿੱਚ ਗ੍ਰਾਮ ਪੰਚਾਇਤ, ਬੀ ਡੀ ਪੀ ਓ, ਤਹਿਸੀਲਦਾਰ, ਪੁਲਸ ਪ੍ਰਸ਼ਾਸਨ ਵੱਲੋਂ ਨਜਾਇਜ਼ ਦਖਲ ਅੰਦਾਜ਼ੀ ਕੀਤੀ ਗਈ ਤੇ ਇਸ ਦੌਰਾਨ ਧਰਨਾਕਾਰੀਆਂ ਤੇ ਜ਼ਮੀਨ ਮਾਲਕਾਂ ਦੇ ਪਰਿਵਾਰ ਦਾ ਕੋਈ ਜਾਨੀ-ਮਾਲੀ ਨੁਕਸਾਨ ਹੋਇਆ ਤਾਂ ਇਹ ਸਾਰੀ ਘਟਨਾ ਦੀ ਜ਼ਿੰਮੇਵਾਰੀ ਸਿਵਲ ਤੇ ਪੁਲਸ ਪ੍ਰਸ਼ਾਸਨ ਦੀ ਹੋਵੇਗੀ। ਇਸ ਧਰਨਾ ਪ੍ਰਦਰਸ਼ਨ ਦੀ ਅਗਵਾਈ ਪ੍ਰਧਾਨ ਗੁਰਬਖ਼ਸ਼ ਸਿੰਘ ਵੱਲੋਂ ਕੀਤੀ ਗਈ। ਇਸ ਧਰਨੇ ਵਿੱਚ ਬਿੰਦਰ ਸਿੰਘ, ਬਿੱਟੂ ਸਿੰਘ, ਪ੍ਰਧਾਨ ਬੁੱਧ ਪ੍ਰਕਾਸ਼ ਸਿੰਘ, ਛਿੰਦਰ ਸਿੰਘ, ਸੁਰਜੀਤ ਸਿੰਘ, ਸੁਬੇਗ ਸਿੰਘ, ਦਰਸ਼ਨ ਸਿੰਘ, ਜੋਗਿੰਦਰ ਸਿੰਘ, ਸਤਨਾਮ ਸਿੰਘ, ਬਗੀਚ ਸਿੰਘ, ਬਚਨ ਸਿੰਘ, ਅਸ਼ੋਕ ਸਿੰਘ, ਸਵਰਨ ਸਿੰਘ, ਕਾਲਾ ਸਿੰਘ, ਜੰਗੀਰ ਕੌਰ, ਪ੍ਰਵੀਨ ਰਾਣੀ, ਸੁਨੀਤਾ ਰਾਣੀ, ਸੀਮਾ ਰਾਣੀ, ਗੋਮਾ ਰਾਣੀ ਤੇ ਹੋਰ ਸਾਰੇ ਵੱਖ ਵੱਖ ਪਿੰਡਾਂ ਦੇ ਮੈਂਬਰ ਹਾਜ਼ਰ ਸਨ।

## ਕੈਨੇਡਾ ਵਾਸੀ ਲੜਕੀ ਦੀ ਸ਼ਿਕਾਇਤ 'ਤੇ ਪਤੀ ਸਮੇਤ ਸੱਸ-ਸਹੁਰੇ ਖ਼ਿਲਾਫ਼ ਦਾਜ ਮੰਗਣ ਦਾ ਕੇਸ ਦਰਜ



ਸਮਨਪ੍ਰੀਤ ਕੌਰ ਦਾ ਭਰਾ ਖ਼ੁਸ਼ਦੀਪ ਸਿੰਘ ਜਾਣਕਾਰੀ ਦਿੰਦਾ ਹੋਇਆ

**ਰਾਏਕੋਟ/ਜਗਰਾਉਂ (ਸੰਤੋਖ ਗਿੱਲ/ਨਛੱਤਰ ਸੰਧੂ)**-ਪਿੰਡ ਨੱਥੋਵਾਲ ਦੀ ਲੜਕੀ ਸਮਨਪ੍ਰੀਤ ਕੌਰ ਹਾਲ ਵਾਸੀ ਕੈਨੇਡਾ ਦੀ ਸ਼ਿਕਾਇਤ 'ਤੇ ਪਤੀ ਸੰਦੀਪ ਸਿੰਘ ਸਮੇਤ ਰਾਏਕੋਟ ਵਾਸੀ ਸਹੁਰਾ ਪਰਿਵਾਰ ਦੇ ਮੈਂਬਰਾਂ ਖ਼ਿਲਾਫ਼ ਐੱਨ.ਆਰ.ਆਈ. ਥਾਣਾ ਲੁਧਿਆਣਾ (ਦਿਹਾਤੀ) ਵੱਲੋਂ ਕੇਸ ਦਰਜ ਕੀਤਾ ਗਿਆ ਹੈ।ਪੀੜਤ ਸਮਨਪ੍ਰੀਤ ਕੌਰ ਦੇ ਭਰਾ ਖ਼ੁਸ਼ਦੀਪ ਸਿੰਘ ਵਾਸੀ ਨੱਥੋਵਾਲ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਸ ਦੀ ਭੈਣ ਦਾ ਵਿਆਹ 9 ਨਵੰਬਰ 2024 ਨੂੰ ਰਾਏਕੋਟ ਵਾਸੀ ਸੰਦੀਪ ਸਿੰਘ ਨਾਲ ਫ਼ਿਰੋਜ਼ਪੁਰ ਰੋਡ 'ਤੇ ਸਥਿਤ ਕਾਫ਼ੀ ਮਹਿੰਗੇ ਪੈਲੇਸ ਵਿੱਚ ਬਹੁਤ ਧੂਮਧਾਮ ਨਾਲ ਹੋਇਆ ਸੀ।ਪਰਿਵਾਰ ਨੇ ਸਹੁਰਾ ਪਰਿਵਾਰ ਦੀਆਂ ਮੰਗਾਂ ਅਨੁਸਾਰ ਵਿਆਹ 'ਤੇ ਕਰੀਬ 50 ਲੱਖ ਰੁਪਏ ਖ਼ਰਚ ਕੀਤੇ ਤੇ ਭਾਰੀ ਮਾਤਰਾ ਵਿੱਚ ਸੋਨੇ ਦੇ ਗਹਿਣੇ, ਚਾਂਦੀ ਦਾ ਸਾਮਾਨ, ਨਕਦੀ, ਕੱਪੜੇ ਤੇ ਹੋਰ ਕੀਮਤੀ ਤੋਹਫ਼ੇ ਦਿੱਤੇ ਅਤੇ ਮੰਗਣੀ ਮੌਕੇ ਵੀ ਹੀਰੇ ਦੀ ਅੰਗੂਠੀ, ਸੋਨੇ ਦਾ ਬਰੇਸਲੇਟ ਤੇ ਨਕਦ ਰਕਮ ਵੀ ਭੇਟ ਕੀਤੀ ਗਈ ਸੀ।

ਸਮਨਪ੍ਰੀਤ ਕੌਰ ਨੇ ਐੱਨ.ਆਰ.ਆਈ. ਥਾਣਾ ਵਿੱਚ ਦਿੱਤੀ ਸ਼ਿਕਾਇਤ ਵਿੱਚ ਦੋਸ਼ ਲਾਇਆ ਸੀ ਕਿ ਵਿਆਹ ਤੋਂ ਕੁਝ ਦਿਨਾਂ ਬਾਅਦ ਹੀ ਸਹੁਰਾ ਪਰਿਵਾਰ ਨੇ ਹੋਰ ਦਾਜ, ਖ਼ਾਸ ਕਰਕੇ ਲਗਜ਼ਰੀ ਕਾਰ ਦੀ ਮੰਗ ਕਰਨੀ ਸ਼ੁਰੂ ਕਰ ਦਿੱਤੀ।ਜਦੋਂ ਇਹ ਮੰਗ ਪੂਰੀ ਨਾ ਹੋਈ ਤਾਂ ਪੀੜਤ ਨੂੰ ਕਥਿਤ ਤੌਰ 'ਤੇ ਮਾਨਸਿਕ ਤੇ ਸਰੀਰਕ ਤੌਰ 'ਤੇ ਤੰਗ-ਪ੍ਰੇਸ਼ਾਨ ਕਰਨਾ ਸ਼ੁਰੂ ਕਰ ਦਿੱਤਾ ਸੀ।ਪਰਿਵਾਰ ਦਾ ਦੋਸ਼ ਹੈ ਕਿ ਹਨੀਮੂਨ ਲਈ ਦੁਬਈ ਜਾਣ ਦਾ ਸਾਰਾ ਖਰਚਾ ਵੀ ਲੜਕੀ ਦੇ ਪਰਿਵਾਰ ਨੇ ਹੀ ਚੁਕਾਇਆ, ਫਿਰ ਵੀ ਹੋਰ ਦਾਜ ਦੀ ਮੰਗ ਨਹੀਂ ਰੁਕੀ।ਖ਼ੁਸ਼ਦੀਪ ਸਿੰਘ ਅਨੁਸਾਰ ਸਮਨਪ੍ਰੀਤ ਕੌਰ ਕੈਨੇਡਾ ਵਿੱਚ ਰਹਿੰਦੀ ਹੈ ਤੇ ਉਸ ਨੇ ਆਪਣੇ ਪਤੀ ਨੂੰ ਉੱਥੇ ਆਉਣ ਲਈ ਲੋੜੀਂਦੇ ਕਾਗ਼ਜ਼ ਵੀ ਭੇਜੇ ਸਨ।ਇਸ ਦੇ ਬਾਵਜੂਦ ਪਤੀ ਨੇ ਕੈਨੇਡਾ ਜਾਣ ਦੀ ਪ੍ਰਕਿਰਿਆ ਅੱਗੇ ਨਾ ਵਧਾਈ ਤੇ ਕਥਿਤ ਤੌਰ 'ਤੇ 2,500 ਕੈਨੇਡੀਅਨ ਡਾਲਰ ਵੀ ਮੰਗਵਾਏ।ਲਗਾਤਾਰ ਤਸ਼ੱਦਦ ਤੇ ਦਾਜ ਦੀਆਂ ਮੰਗਾਂ ਤੋਂ ਪ੍ਰੇਸ਼ਾਨ ਹੋ ਕੇ ਸਮਨਪ੍ਰੀਤ ਕੌਰ ਨੇ ਏ.ਡੀ.ਜੀ.ਪੀ. ਐੱਨ.ਆਰ.ਆਈ, ਪੰਜਾਬ ਨੂੰ ਸ਼ਿਕਾਇਤ ਦਿੱਤੀ।ਜਾਂਚ ਉਪਰੰਤ ਐੱਨ ਆਰ ਆਈ ਥਾਣਾ ਲੁਧਿਆਣਾ (ਦਿਹਾਤੀ) ਨੇ ਪਤੀ ਸੰਦੀਪ ਸਿੰਘ, ਸਹੁਰਾ ਪ੍ਰੀਤਮ ਸਿੰਘ ਤੇ ਸੱਸ ਨਰਿੰਦਰ ਕੌਰ ਖ਼ਿਲਾਫ਼ ਬੀ.ਐਨ.ਐੱਸ ਦੀਆਂ ਧਾਰਾਵਾਂ 85, 316(2) ਅਤੇ 61(1) ਤਹਿਤ ਕੇਸ ਦਰਜ ਕਰਕੇ ਅਗਲੇਰੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# 29 ਦੀ ਮੀਟਿੰਗ ਆਦਰਸ਼ ਸਕੂਲ ਮੁਲਾਜ਼ਮਾਂ ਲਈ ਹੋਵੇਗੀ 'ਆਰ-ਪਾਰ' ਦੀ ਲੜਾਈ

## ਮੰਗਾਂ ਨਾ ਮੰਨਣ 'ਤੇ ਚੋਣਾਂ ਦੌਰਾਨ ਸਰਕਾਰ ਦਾ ਹੋਵੇਗਾ ਡਟਵਾਂ ਵਿਰੋਧ



**ਮਾਨਸਾ (ਆਤਮਾ ਸਿੰਘ ਪਮਾਰ)**

ਆਦਰਸ਼ ਸਕੂਲ ਐਸੋਸੀਏਸ਼ਨ ਨੇ 29 ਜੁਲਾਈ ਨੂੰ ਕੈਬਨਿਟ ਕਮੇਟੀ ਨਾਲ ਹੋਣ ਵਾਲੀ ਅਹਿਮ ਮੀਟਿੰਗ ਨੂੰ ਕਰਮਚਾਰੀਆਂ ਦੀ ਕਿਸਮਤ ਦਾ ਫ਼ੈਸਲਾਕੁੰਨ ਮੋੜ ਕਰਾਰ ਦਿੰਦਿਆਂ ਸਰਕਾਰ ਨੂੰ ਸਖ਼ਤ ਚਿਤਾਵਨੀ ਦਿੱਤੀ ਹੈ ਕਿ ਇਸ ਵਾਰ ਭਰੋਸਿਆਂ ਜਾਂ ਲਾਰਿਆਂ ਨਾਲ ਗੱਲ ਨਹੀਂ ਬਣੇਗੀ।ਸਰਕਾਰ ਨੂੰ ਆਦਰਸ਼ ਸਕੂਲਾਂ ਦੇ ਸਮੁੱਚੇ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਨੂੰ ਤੁਰੰਤ ਪ੍ਰਵਾਨ ਕਰਕੇ ਲਿਖਤੀ ਨੋਟੀਫਿਕੇਸ਼ਨ ਜਾਰੀ ਕਰਨਾ ਹੀ ਪਵੇਗਾ। ਐਸੋਸੀਏਸ਼ਨ ਦੇ ਕਨਵੀਨਰ ਮੱਖਣ ਸਿੰਘ ਬੀਰ, ਮੁਹੰਮਦ ਸਲੀਮ ਨੇ ਕਿਹਾ ਕਿ ਪੰਜਾਬ ਭਰ ਦੇ ਆਦਰਸ਼ ਸਕੂਲਾਂ 'ਚ ਕੰਮ ਕਰ ਰਹੇ ਹਜ਼ਾਰਾਂ ਕਰਮਚਾਰੀ ਸਾਲਾਂ ਤੋਂ ਤਨਖਾਹਾਂ 'ਚ ਵਾਧੇ, ਸਾਲਾਨਾ ਇੰਕਰੀਮੈਂਟ, ਪਬਲਿਕ-ਪ੍ਰਾਈਵੇਟ ਪਾਰਟਨਰਸ਼ਿਪ ਨੀਤੀ ਨੂੰ ਮੁੱਢੋਂ ਰੱਦ ਕਰਨ, ਬਦਲੀਆਂ ਦੀ ਪਾਰਦਰਸ਼ੀ ਵਿਵਸਥਾ ਲਾਗੂ ਕਰਨ, ਨੌਕਰੀ ਤੋਂ ਕੱਢੇ ਗਏ ਆਦਰਸ਼ ਸਕੂਲ ਚਾਉਕੇ ਦੇ ਕਰਮਚਾਰੀਆਂ ਨੂੰ ਬਹਾਲ ਕਰਨ ਸਮੇਤ ਹੋਰ ਮੰਗਾਂ ਲਈ ਸੰਘਰਸ਼ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਸਰਕਾਰ ਇਨ੍ਹਾਂ ਸਾਰੀਆਂ ਮੰਗਾਂ ਦੀ ਪੂਰਤੀ ਕਰਕੇ ਤੁਰੰਤ ਨੋਟੀਫਿਕੇਸ਼ਨ ਜਾਰੀ ਕਰੇ।ਨਛੱਤਰ ਸਿੰਘ ਭੱਟੀ ਤੇ ਗੁਰਪ੍ਰੀਤ ਸਿੰਘ ਡਰੋਲੀ ਨੇ ਕਿਹਾ ਕਿ ਪਿਛਲੇ ਸਮੇਂ ਦੌਰਾਨ ਸਰਕਾਰ ਨਾਲ ਕਈ ਗੇੜਾਂ ਦੀਆਂ ਮੀਟਿੰਗਾਂ ਹੋਈਆਂ, ਪਰ ਹਰ ਵਾਰ ਮੁਲਾਜ਼ਮਾਂ ਨੂੰ ਕੇਵਲ ਭਰੋਸੇ ਤੇ ਲਾਰਿਆਂ ਤੋਂ ਇਲਾਵਾ ਕੁੱਝ ਨਹੀਂ ਮਿਲਿਆ।ਐਸੋਸੀਏਸ਼ਨ ਨੇ ਦੋ-ਟੁੱਕ ਐਲਾਨ ਕੀਤਾ ਕਿ ਜੇਕਰ ਇਸ ਮੀਟਿੰਗ ਵਿੱਚ ਵੀ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਨੂੰ ਅਣਡਿੱਠਾ ਕੀਤਾ ਗਿਆ ਤਾਂ ਆਦਰਸ਼ ਸਕੂਲਾਂ ਦੇ ਹਜ਼ਾਰਾਂ ਕਰਮਚਾਰੀ ਤੇ ਉਨ੍ਹਾਂ ਦੇ ਪਰਿਵਾਰ ਪੰਜਾਬ ਸਰਕਾਰ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ 'ਚ ਪਿੰਡਾਂ, ਸ਼ਹਿਰਾਂ 'ਚ ਸਰਕਾਰ ਦਾ ਲੋਕ ਵਿਰੋਧੀ ਚਿਹਰਾ ਬੇਨਕਾਬ ਕਰਨ ਲਈ ਮਜਬੂਰ ਹੋਣਗੇ।ਇਸ ਮੌਕੇ ਆਦਰਸ਼ ਸਕੂਲ ਐਸੋਸੀਏਸ਼ਨ ਦੇ ਕਨਵੀਨਰ ਅਮਨਦੀਪ ਸ਼ਾਸਤਰੀ, ਜਗਤਾਰ ਗੰਢੂਆਂ, ਅਮਰਜੋਤ ਜੋਸ਼ੀ, ਰਸ਼ਪਾਲ ਸਿੰਘ, ਸੰਦੀਪ ਸਿੰਘ ਆਦਿ ਆਗੂ ਹਾਜ਼ਰ ਸਨ।

# ਪੁੱਛਾਂ ਕੱਢਣ ਵਾਲ਼ੇ ਚੇਲਿਆਂ ਨੇ ਕੁਲੰਜ਼ ਕੇ ਰੱਖ ਦਿੱਤਾ ਇੱਕ ਮੱਧ ਵਰਗੀ ਕਿਸਾਨ

**15 ਲੱਖ ਤੋਂ ਵੱਧ ਦਾ ਚੂਨਾ ਲਾ ਗਏ ਅਖੌਤੀ ਸਿਆਣੇ**



**ਤਲਵੰਡੀ ਸਾਬੋ (ਜਗਦੀਪ ਗਿੱਲ)**-ਸਾਇੰਸੀ ਤਰੱਕੀ ਦੇ ਚਲਦਿਆਂ ਭਾਵੇਂ ਅਜੋਕਾ ਮਨੁੱਖ ਚੰਦਰਮਾ ਉੱਪਰ ਮਨੁੱਖੀ ਪੈੜਾਂ ਪਾਉਣ ਸਮੇਤ ਦੂਸਰੇ ਗ੍ਰਹਿਆਂ ਨੂੰ ਵੀ ਖੋਜੀ ਨਜ਼ਰਾਂ ਨਾਲ ਖੋਜਣ ਦੇ ਯਤਨਾਂ ਵਿੱਚ ਜੁਟਿਆ ਹੋਇਆ ਹੈ, ਪ੍ਰੰਤੂ ਪੀੜ੍ਹੀ ਦਰ ਪੀੜ੍ਹੀ ਚੱਲੇ ਆ ਰਹੇ ਵਹਿਮ ਭਰਮ ਫਿਰ ਵੀ ਇਸ ਦਾ ਪਿੱਛਾ ਨਹੀਂ ਛੱਡ ਰਹੇ।ਵਹਿਮਾਂ ਭਰਮਾਂ ਨਾਲ ਜੁੜਿਆ ਅਜਿਹਾ ਹੀ ਇੱਕ ਮਾਮਲਾ ਲੰਘੇ ਦਿਨੀਂ ਤਰਕਸ਼ੀਲ ਸੋਸਾਇਟੀ ਪੰਜਾਬ ਦੀ ਤਲਵੰਡੀ ਸਾਬੋ ਇਕਾਈ ਕੋਲ ਆਇਆ, ਜਿਸ ਨੂੰ ਇਕਾਈ ਦੀ ਤਿੰਨ ਮੈਂਬਰੀ ਪੜਤਾਲੀਆ ਟੀਮ ਨੇ ਸਫਲਤਾਪੂਰਵਕ ਹੱਲ ਕਰਕੇ ਸਬੰਧਤ ਪੀੜਤ ਪਰਿਵਾਰ ਨੂੰ ਅਖੌਤੀ ਸਿਆਣਿਆਂ ਦੇ ਚੁੰਗਲ ਵਿੱਚ ਫਸਦੇ ਜਾਣ ਤੋਂ ਬਚਾ ਲਿਆ ਹੈ।

ਹੋਇਆ ਇਸ ਤਰ੍ਹਾਂ ਕਿ ਤਲਵੰਡੀ ਸਾਬੋ ਦੇ ਲਾਗਲੇ ਪਿੰਡ ਦਾ ਇੱਕ ਮਧ ਵਰਗੀ ਕਿਸਾਨ ਪਰਿਵਾਰ ਜਿਹੜਾ ਕੁਝ ਵਰ੍ਹੇ ਪਹਿਲਾਂ ਤੱਕ ਘੁੱਗ ਵਸਦਾ ਸੀ, ਨੇ ਆਪਣਾ ਪਿੰਡ ਤੋਂ ਥੋੜ੍ਹਾ ਬਾਹਰ ਨਵਾਂ ਮਕਾਨ ਕੀ ਬਣਾਇਆ ਕਿ ਉਸ ਲਈ ਨਵੀਆਂ ਦੁਸ਼ਵਾਰੀਆਂ ਦਾ ਦੌਰ ਸ਼ੁਰੂ ਹੋ ਗਿਆ।ਉਸ ਦੇ ਆਂਢ-ਗੁਆਂਢ ਤੇ ਪਿੰਡ ਦੇ ਕੁਝ ਲੋਕਾਂ ਅਨੁਸਾਰ ਉਕਤ ਪਰਿਵਾਰ ਨੇ ਆਪਣੇ ਮਕਾਨ ਦਾ ਮੁੱਖ ਦਰਵਾਜ਼ਾ ਹੀ ਉਸ ਗਲਤ ਦਿਸ਼ਾ ਵੱਲ ਰੱਖ ਲਿਆ ਸੀ, ਜਿਸ ਦਿਸ਼ਾ ਵੱਲ ਦਰਵਾਜ਼ਾ ਰੱਖਿਆ ਜਾਣਾ ਠੀਕ ਨਹੀਂ ਸੀ ਸਮਝਿਆ ਜਾਂਦਾ।ਬਸ ਫਿਰ ਕੀ ਸੀ ਪੂਰੇ ਪਰਿਵਾਰ ਦਾ ਇੱਕ ਪਿੱਛੋਂ ਦੂਸਰਾ ਜੀਅ ਜਦੋਂ ਰੋਜ਼ਾਨਾ ਦੀ ਤਰ੍ਹਾਂ ਬਿਮਾਰ ਰਹਿਣ ਲੱਗਾ ਤਾਂ ਡਾਕਟਰੀ ਇਲਾਜ ਵੱਲ ਵੱਧ ਤਵੱਜੋਂ ਦੇਣ ਦੀ ਬਜਾਏ ਕੁਝ ਵਹਿਮੀ ਲੋਕਾਂ ਦੇ ਕਹੇ ਕਹਾਏ ਉਕਤ ਪੀੜਤ ਪਰਿਵਾਰ ਐਸਾ ਅਖੌਤੀ ਸਿਆਣਿਆਂ ਦੇ ਪਿੱਛੇ ਲੱਗਾ ਕੇ ਆਰਥਿਕ ਪੱਖੋਂ ਵੀ ਕੱਖੋਂ ਹੌਲਾ ਤੇ ਪਾਣੀਓਂ ਪਤਲਾ ਹੋ ਕੇ ਰਹਿ ਗਿਆ।

ਉਥੋਂ ਨੇੜੇ ਪੈਂਦੇ ਪਿੰਡ ਧਿੰਗੜ ਤੋਂ ਇੱਕ ਸਿਆਣਾ ਲਿਆਂਦਾ ਗਿਆ, ਜਿਹੜਾ ਘਰ ਨੂੰ ਮੇਖਾਂ ਲਾ ਕੇ ਕੀਲਣ ਦਾ ਡਰਾਮਾ ਕਰਦਿਆਂ ਲੱਖਾਂ ਰੁਪਏ ਦੀ ਆਪਣੀ ਫੀਸ ਲੈ ਕੇ ਤੁਰ ਗਿਆ, ਪਰ ਪੀੜਤ ਪਰਿਵਾਰ ਦੀ ਹਾਲਤ ਨਾ ਸੁਧਰੀ।ਫਿਰ ਪਿੰਡ ਵਾਲੇ ਇੱਕ ਹੋਰ ਚੇਲੇ ਤੋਂ ਪੁੱਛ ਕਢਵਾਈ ਗਈ, ਜਿਸ ਨੇ ਉਕਤ ਪਰਿਵਾਰ ਉੱਪਰ ਪੀਰਾਂ ਫਕੀਰਾਂ ਦੀ ਨਰਾਜ਼ਗੀ ਦੀ ਗੱਲ ਦੱਸੀ।ਆਖਰ ਇੱਕ ਹੋਰ ਸਿਆਣਾ ਜੋ ਗੁਆਂਢੀ ਰਾਜ ਹਰਿਆਣਾ ਤੋਂ ਸੀ, ਦੱਸ ਪੈਣ 'ਤੇ ਉਸ ਨੂੰ ਬੁਲਾ ਕੇ ਘਰ ਲਿਆਂਦਾ ਗਿਆ।ਉਸ ਨੇ ਨਾ ਸਿਰਫ ਪੂਰੇ ਪਰਿਵਾਰ ਨੂੰ ਘਰ ਵਿੱਚ ਪੀਰਾਂ ਫਕੀਰਾਂ ਦੀ ਚੌਂਕੀ ਲਾ ਕੇ ਪੂਜਾ ਕਰਨ ਦਾ ਸੁਝਾਅ ਦਿੱਤਾ, ਸਗੋਂ ਇੱਕ ਮੰਦਰਨੁਮਾ ਕਮਰਾ ਹੀ ਘਰ ਵਿੱਚ ਬਣਾਉਣ ਲਈ ਕਿਹਾ, ਜਿੱਥੇ ਪਰਿਵਾਰ ਦੇ ਮੁਖੀ ਕਿਸਾਨ ਨੂੰ ਕਈ ਕਈ ਘੰਟੇ ਉਕਤ ਕਮਰੇ ਵਿੱਚ ਪੀਰਾਂ ਦੀ ਗੱਦੀ ਲਾ ਕੇ ਲਗਾਤਾਰ ਚੌਕੀਆਂ ਭਰਦੇ ਰਹਿਣ ਦਾ ਉਹ ਹੁਕਮ ਕਰ ਗਿਆ।ਅਜਿਹਾ ਕਰਦਿਆਂ ਉਕਤ ਸਿਆਣੇ ਜਦੋਂ ਪੀੜਤ ਪਰਿਵਾਰ ਨੂੰ ਨਾ ਸਿਰਫ 15-16 ਲੱਖ ਰੁਪਏ ਦਾ ਚੂਨਾ ਲਾ ਗਏ, ਸਗੋਂ ਮਾਨਸਿਕ ਤੌਰ 'ਤੇ ਵੀ ਉਸ ਨੂੰ ਸੋਚਾਂ ਦੇ ਸਮੁੰਦਰ ਵਿੱਚ ਡੋਬ ਦਿੱਤਾ ਤਾਂ ਉਕਤ ਕਿਸਾਨ ਦਾ ਸੰਪਰਕ ਮੌੜ ਮੰਡੀ ਵਾਲੇ ਡਾਕਟਰ ਯਾਦਵਿੰਦਰ ਸਿੰਘ ਨਾਲ ਹੋਇਆ, ਜਿਨ੍ਹਾਂ ਨੇ ਉਸ ਕਿਸਾਨ ਨੂੰ ਤਰਕਸ਼ੀਲ ਸੁਸਾਇਟੀ ਦੀ ਤਲਵੰਡੀ ਸਾਬੋ ਇਕਾਈ ਕੋਲ ਭੇਜਿਆ।ਤਰਕਸ਼ੀਲ ਸੋਸਾਇਟੀ ਦੀ ਪੜਤਾਲੀਆ ਟੀਮ ਜਿਸ ਵਿੱਚ ਹਰਜਿੰਦਰ ਪੱਪੀ ਤੇ ਯੁਵਰਾਜ ਸਿੰਘ ਭਾਗੀ ਬਾਂਦਰ ਮੁੱਖ ਤੌਰ 'ਤੇ ਸ਼ਾਮਲ ਸਨ, ਵੱਲੋਂ ਮੌਕੇ ਉੱਪਰ ਪਹੁੰਚ ਕੇ ਪਰਿਵਾਰ ਦੇ ਇਕੱਲੇ-ਇਕੱਲੇ ਹਰ ਮੈਂਬਰ ਤੋਂ ਮਾਮਲੇ ਦੀ ਜਾਣਕਾਰੀ ਲਈ ਗਈ।ਪੜਤਾਲੀਆ ਟੀਮ ਇਸ ਨਤੀਜੇ ਉੱਪਰ ਪੁੱਜੀ ਕਿ ਉਕਤ ਪੀੜਤ ਪਰਿਵਾਰ ਨੂੰ ਉਸ ਦੀ ਕਮਜ਼ੋਰ ਮਾਨਸਿਕਤਾ ਦਾ ਫਾਇਦਾ ਉਠਾ ਕੇ ਨਾ ਸਿਰਫ ਕਈ ਅਖੌਤੀ ਸਿਆਣੇ ਉਸ ਪਰਿਵਾਰ ਨਾਲ ਲੱਖਾਂ ਰੁਪਏ ਦੀ ਠੱਗੀ ਮਾਰ ਚੁੱਕੇ ਸਨ, ਸਗੋਂ ਉਸ ਦੇ ਘਰ ਪੀਰਾਂ ਦੀ ਪੱਕੀ ਗੱਦੀ ਲਗਵਾ ਗਏ, ਜਿਸ ਗੱਦੀ ਤੋਂ ਹੁਣ ਪੂਰਾ ਪਰਿਵਾਰ ਭਾਵੇਂ ਦੁਖੀ ਹੋਇਆ ਪਿਆ ਸੀ, ਪ੍ਰੰਤੂ ਪਿੱਛੇ ਮੁੜਨ ਦਾ ਉਸ ਨੂੰ ਰਸਤਾ ਨਹੀਂ ਸੀ ਲੱਭ ਰਿਹਾ।ਤਰਕਸ਼ੀਲ ਟੀਮ ਨੇ ਪੂਰੇ ਪਰਿਵਾਰ ਨੂੰ ਬਿਠਾ ਕੇ ਸਮਝਾਇਆ ਕਿ ਭੂਤ ਪ੍ਰੇਤ ਜਾਦੂ ਟੂਣੇ ਕੁਝ ਨਹੀਂ ਹੁੰਦੇ, ਇਹ ਸਭ ਚਲਾਕ ਲੋਕਾਂ ਵੱਲੋਂ ਭੋਲੇ ਭਾਲੇ ਲੋਕਾਂ ਨੂੰ ਲੁੱਟਣ ਲਈ ਛੜ ਯੰਤਰ ਘੜੇ ਜਾਂਦੇ ਹਨ। ਤਰਕਸ਼ੀਲਾਂ ਨੇ ਪਰਿਵਾਰ ਨੂੰ ਦੱਸਿਆ ਕਿ ਕਮਜ਼ੋਰ ਮਾਨਸਿਕਤਾ ਵਾਲੇ ਲੋਕਾਂ ਦੇ ਮਨਾਂ ਦੇ ਹਨੇਰੇ ਕੋਨਿਆਂ 'ਚੋਂ ਪੈਦਾ ਹੋਏ ਡਰ ਹੀ ਸਾਨੂੰ ਭੂਤਾਂ ਪ੍ਰੇਤਾਂ ਤੇ ਜਿੰਨ ਕੁਚੀਲਾਂ ਦਾ ਭੁਲੇਖਾ ਪਾਉਂਦੇ ਹਨ।ਤਰਕਸ਼ੀਲ ਟੀਮ ਨੇ ਉਕਤ ਪੀੜਤ ਪਰਿਵਾਰ ਨੂੰ ਸੁਝਾਅ ਦਿੱਤਾ ਕਿ ਉਕਤ ਮੰਦਰ-ਨੁਮਾ ਕਮਰਾ ਜਿਹੜਾ ਅਖੌਤੀ ਗੱਦੀ ਲਾਉਣ ਲਈ ਘਰ ਵਿੱਚ ਬਣਵਾਇਆ ਗਿਆ, ਨੂੰ ਇਸ ਤੋਂ ਬਾਅਦ ਦੂਸਰੇ ਯੋਗ ਕੰਮਾਂ ਲਈ ਵਰਤਿਆ ਜਾਵੇ।ਉਕਤ ਕਮਰੇ ਵਿੱਚ ਰਖਵਾਇਆ ਗਿਆ ਪੀਰਾਂ ਦੀ ਚੌਂਕੀ ਤੇ ਪੂਜਾ ਦਾ ਸਾਜੋ ਸਾਮਾਨ ਤਰਕਸ਼ੀਲਾਂ ਨੇ ਪਰਿਵਾਰ ਦੀ ਸਹਿਮਤੀ ਨਾਲ ਆਪਣੇ ਕਬਜ਼ੇ ਵਿੱਚ ਲੈ ਕੇ ਅੱਗੇ ਤੋਂ ਪੂਰੇ ਪਰਿਵਾਰ ਨੂੰ ਵਿਗਿਆਨ ਸਮਝ ਬਣਾ ਕੇ ਚੱਲਣ ਲਈ ਪ੍ਰੇਰਿਆ।ਉਕਤ ਪਰਿਵਾਰ ਹੁਣ ਤਰਕਸ਼ੀਲਾਂ ਦੇ ਸੰਪਰਕ ਵਿੱਚ ਹੈ ਤੇ ਜ਼ਿੰਦਗੀ ਦੇ ਹਰ ਪਹਿਲੂ ਨੂੰ ਵਿਗਿਆਨਕ ਨਜ਼ਰੀਏ ਤੋਂ ਪਰਖਦਾ ਹੋਇਆ ਉਹ ਅੱਗੇ ਨਾਲ਼ੋਂ ਕਿਤੇ ਬਿਹਤਰ ਜ਼ਿੰਦਗੀ ਜਿਉਂ ਰਿਹਾ ਹੈ।

## ਡਾ. ਇੰਦਰਜੀਤ ਕੌਰ ਨੇ ਰੋਗ ਨਿਵਾਰਨ ਜੀਵਨਧਾਰਾ ਵਿਖੇ ਬੂਟਾ ਲਾ ਕੇ ਵਾਤਾਵਰਨ ਸੰਭਾਲਣ ਦਾ ਦਿੱਤਾ ਸੱਦਾ



**ਜ਼ੀਰਾ (ਨਰਿੰਦਰ ਅਨੇਜਾ)**-ਆਲ ਇੰਡੀਆ ਪਿੰਗਲਵਾੜਾ ਭਗਤ ਪੂਰਨ ਸਿੰਘ ਸ੍ਰੀ ਅੰਮ੍ਰਿਤਸਰ ਦੇ ਮੁੱਖ ਸੇਵਾਦਾਰ ਡਾ. ਇੰਦਰਜੀਤ ਕੌਰ ਨੇ ਰੋਗ ਨਿਵਾਰਨ ਜੀਵਨਧਾਰਾ ਜ਼ੀਰਾ ਦਾ ਦੌਰਾ ਕਰਕੇ ਸੰਸਥਾ ਵੱਲੋਂ ਸਿਰਜੇ ਗਏ ਸਿਹਤਮੰਦ, ਕੁਦਰਤੀ ਤੇ ਸਾਹਿਤਕ ਮਾਹੌਲ ਦੀ ਸ਼ਲਾਘਾ ਕੀਤੀ।ਇਸ ਮੌਕੇ ਉਨ੍ਹਾਂ ਇੱਕ ਬੂਟਾ ਲਗਾ ਕੇ ਵਾਤਾਵਰਨ ਦੀ ਸੰਭਾਲ ਦਾ ਸੰਦੇਸ਼ ਦਿੱਤਾ।ਰੋਗ ਨਿਵਾਰਨ ਸੰਸਥਾ ਦੇ ਮੁਖੀ ਪ੍ਰਸਿੱਧ ਸਾਹਿਤਕਾਰ ਡਾ. ਗੁਰਚਰਨ ਸਿੰਘ ਨੂਰਪੁਰ ਨੇ ਇੱਥੇ ਪਹੁੰਚਣ 'ਤੇ ਉਨ੍ਹਾਂ ਨੂੰ ਜੀ ਆਇਆਂ ਆਖਿਆ।ਇਸ ਮੌਕੇ ਸੰਬੋਧਨ ਕਰਦਿਆਂ ਡਾ. ਇੰਦਰਜੀਤ ਕੌਰ ਨੇ ਕਿਹਾ ਕਿ ਵਿਸ਼ਵ ਪੱਧਰ 'ਤੇ ਆਲਮੀ ਤਪਸ਼ ਲਗਾਤਾਰ ਵਧ ਰਹੀ ਹੈ ਤੇ ਇਸ ਦੇ ਗੰਭੀਰ ਪ੍ਰਭਾਵ ਹੁਣ ਹਰ ਦੇਸ਼ ਵਿੱਚ ਮਹਿਸੂਸ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਭਗਤ ਪੂਰਨ ਸਿੰਘ ਜੀ ਨੇ ਕਈ ਦਹਾਕੇ ਪਹਿਲਾਂ ਹੀ ਵਾਤਾਵਰਨ ਦੀ ਹੋ ਰਹੀ ਤਬਾਹੀ ਤੇ ਕੁਦਰਤ ਨਾਲ ਮਨੁੱਖੀ ਦਖ਼ਲਅੰਦਾਜ਼ੀ ਦੇ ਨਤੀਜਿਆਂ ਬਾਰੇ ਸਮਾਜ ਨੂੰ ਸੁਚੇਤ ਕੀਤਾ ਸੀ।

ਅੱਜ ਯੂਰਪ ਵਰਗੇ ਠੰਢੇ ਖੇਤਰਾਂ ਵਿੱਚ ਵੀ ਪੈ ਰਹੀ ਅਸਾਧਾਰਨ ਗਰਮੀ ਇਸ ਗੱਲ ਦਾ ਸਪੱਸ਼ਟ ਸੰਕੇਤ ਹੈ ਕਿ ਕੁਦਰਤ ਮਨੁੱਖ ਨੂੰ ਚੇਤਾਵਨੀ ਦੇ ਰਹੀ ਹੈ।ਉਨ੍ਹਾਂ ਕਿਹਾ ਕਿ ਵਾਤਾਵਰਨ ਦੀ ਰੱਖਿਆ ਲਈ ਹਰ ਵਿਅਕਤੀ ਨੂੰ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ ਤੇ ਉਨ੍ਹਾਂ ਦੀ ਸੰਭਾਲ ਵੀ ਕਰਨੀ ਚਾਹੀਦੀ ਹੈ।ਇਸ ਦੇ ਨਾਲ-ਨਾਲ ਹੱਥੀਂ ਕੰਮ ਕਰਨ ਦੀ ਆਦਤ, ਪਾਣੀ ਦੀ ਸੁਚੱਜੀ ਵਰਤੋਂ ਤੇ ਪਰਿਵਾਰਾਂ ਵਿੱਚ ਆਪਸੀ ਪਿਆਰ, ਸਤਿਕਾਰ ਤੇ ਮੇਲ-ਮਿਲਾਪ ਨੂੰ ਉਤਸ਼ਾਹਤ ਕਰਨਾ ਸਮੇਂ ਦੀ ਮੁੱਖ ਲੋੜ ਹੈ।ਉਨ੍ਹਾਂ ਕਿਹਾ ਕਿ ਸਮਾਜ ਵਿੱਚ ਫੈਲ ਰਹੀਆਂ ਬੁਰਾਈਆਂ ਤੇ ਕੁਰੀਤੀਆਂ ਨੂੰ ਦੂਰ ਕਰਨ ਲਈ ਸਾਂਝੇ ਯਤਨਾਂ ਦੀ ਲੋੜ ਹੈ।

## ਭਾਰਤੀ ਭਾਸ਼ਾ ਸਮਰ ਕੈਂਪ ਤਹਿਤ ਵਿਦਿਆਰਥੀਆਂ ਨੇ ਦਿਖਾਇਆ ਹੁਨਰ



**ਭਵਾਨੀਗੜ੍ਹ (ਰਾਜ ਖੁਰਮੀ)**-ਸਥਾਨਕ ਨੇੜਲੇ ਬਾਬਾ ਸਾਹਿਬ ਦਾਸ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਭਵਾਨੀਗੜ੍ਹ ਵਿਖੇ ਸੀ.ਬੀ.ਐੱਸ.ਈ. ਬੋਰਡ ਵੱਲੋਂ ਚਲਾਏ ਜਾ ਰਹੇ ਭਾਰਤੀ ਭਾਸ਼ਾ ਸਮਰ ਕੈਂਪ ਤਹਿਤ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਨੂੰ ਉਤਸ਼ਾਹਤ ਕਰਨ ਲਈ ਵੱਖ-ਵੱਖ ਰਚਨਾਤਮਕ ਤੇ ਸਿੱਖਿਆਤਮਕ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ।ਕੈਂਪ ਦੌਰਾਨ ਕੁਇੱਜ਼ ਮੁਕਾਬਲੇ, ਸੰਗੀਤ ਗਾਇਨ, ਪੁਰਾਤਨ ਲੋਕ ਖੇਡਾਂ, ਸਮਾਜਿਕ ਵਿਗਿਆਨ ਵਿਸ਼ੇ ਨਾਲ ਸੰਬੰਧਤ ਗਿਆਨਵਰਧਕ ਗਤੀਵਿਧੀਆਂ, ਸਲਾਦ ਕਟਿੰਗ ਤੇ ਫਰੂਟ ਸਜਾਵਟ ਵਰਗੇ ਮੁਕਾਬਲੇ ਕਰਵਾਏ ਗਏ। ਇਨ੍ਹਾਂ ਗਤੀਵਿਧੀਆਂ ਵਿੱਚ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਤੇ ਜੋਸ਼ ਨਾਲ ਭਾਗ ਲੈਂਦਿਆਂ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਸਕੂਲ ਪ੍ਰਬੰਧਕਾਂ ਤੇ ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਭਾਰਤੀ ਭਾਸ਼ਾਵਾਂ, ਸੱਭਿਆਚਾਰ, ਰਵਾਇਤੀ ਖੇਡਾਂ ਤੇ ਰਚਨਾਤਮਕ ਗਤੀਵਿਧੀਆਂ ਦੀ ਮਹੱਤਤਾ ਬਾਰੇ ਜਾਣੂ ਕਰਵਾਉਂਦਿਆਂ ਤੇ ਉਨ੍ਹਾਂ ਨੂੰ ਆਪਣੀ ਮਾਤ ਭਾਸ਼ਾ, ਭਾਰਤੀ ਵਿਰਾਸਤ ਤੇ ਸੱਭਿਆਚਾਰ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ।ਅੰਤ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ।

## ਨਿਸ਼ਕਾਮ ਸੇਵਾ ਸਭਾ ਨੇ ਰੇਲਵੇ ਸਟੇਸ਼ਨ ਵਿਖੇ ਵਾਟਰ ਕੂਲਰ ਲਵਾਇਆ




**ਧੂਰੀ (ਸੁਖਦੇਵ ਧੂਰੀ)**-ਗਰਮੀ ਦੇ ਮੌਸਮ ਨੂੰ ਧਿਆਨ ਵਿੱਚ ਰੱਖਦੇ ਹੋਏ ਯਾਤਰੀਆਂ ਦੀ ਸਹੂਲਤ ਲਈ ਰੇਲਵੇ ਸਟੇਸ਼ਨ ਧੂਰੀ ਵਿਖੇ ਨਿਸ਼ਕਾਮ ਸੇਵਾ ਸਭਾ ਧੂਰੀ ਵੱਲੋਂ ਵਾਟਰ ਕੂਲਰ ਲਵਾਇਆ ਗਿਆ। ਇਸ ਮੌਕੇ ਨਿਸ਼ਕਾਮ ਸੇਵਾ ਸਭਾ ਧੂਰੀ ਤੇ ਨੇਤਰ ਬੈਂਕ ਧੂਰੀ ਦੇ ਪ੍ਰਧਾਨ ਭਾਰਤ ਭੂਸ਼ਨ ਪ੍ਰਵੀਨ ਕੁਮਾਰ ਨੇ ਦੱਸਿਆ ਕਿ ਪਿਛਲੇ ਕਈ ਸਾਲਾਂ ਤੋਂ ਯਾਤਰੀਆਂ ਦੀ ਸਹੂਲਤ ਲਈ ਗਰਮੀ ਨੂੰ ਧਿਆਨ ਵਿੱਚ ਰੱਖਦੇ ਹੋਏ ਧੂਰੀ ਰੇਲਵੇ ਸਟੇਸ਼ਨ ਉੱਤੇ ਰੇਲਵੇ ਵਿਭਾਗ ਦੇ ਸਹਿਯੋਗ ਨਾਲ ਜਲ ਦੀ ਸੇਵਾ ਕੀਤੀ ਜਾਂਦੀ ਹੈ।ਉਨ੍ਹਾਂ ਦੱਸਿਆ ਕਿ ਸ਼ਹਿਰ ਵਿੱਚ ਨਿਸ਼ਕਾਮ ਸੇਵਾ ਸਭਾ ਕਈ ਹੋਰ ਸਮਾਜ ਸੇਵੀ ਕੰਮ ਕਰ ਰਹੀ ਹੈ।ਇਸ ਮੌਕੇ ਰੇਲਵੇ ਸਟੇਸ਼ਨ ਦੇ ਪੁਲਸ ਚੌਕੀ ਇੰਚਾਰਜ ਇੰਦਰਜੀਤ ਸਿੰਘ ਤੇ ਸਟੇਸ਼ਨ ਮਾਸਟਰ ਰਜਨੀਸ਼ ਕੁਮਾਰ ਨੂੰ ਨਿਸ਼ਕਾਮ ਸੇਵਾ ਸਭਾ ਧੂਰੀ ਵੱਲੋਂ ਸ੍ਰੀ ਸਿਰੋਪਾਓ ਸਾਹਿਬ ਪਹਿਨਾ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਜਤਿੰਦਰ ਕੁਮਾਰ ਸਪੋਲੀਆ ਸੈਕਟਰੀ, ਅਸ਼ੋਕ ਕੁਮਾਰ ਰੈਣਾ ਖਜ਼ਾਨਚੀ, ਰਾਜੂ ਬਾਂਗਰੂ, ਰਾਮੇਸ਼ਵਰ ਦਾਸ, ਓਂਕਾਰ ਸ਼ਰਮਾ, ਹਰਬੰਸ ਸਿੰਘ ਸੋਢੀ, ਡਾ. ਅਨਿਲ ਸ਼ਾਰਧਾ, ਰਾਮ ਲਾਲ ਤੇ ਨਿਸ਼ਕਾਮ ਸੇਵਾ ਸਭਾ ਧੂਰੀ ਦੇ ਸਮੂਹ ਮੈਂਬਰ ਹਾਜ਼ਰ ਸਨ।

## ਸਟੀਫਨ ਸਕੂਲ ਦੇ ਵਿਦਿਆਰਥੀਆਂ ਦੀ ਜ਼ਿਲ੍ਹਾ ਜੂਡੋ ਮੁਕਾਬਲੇ ਲਈ ਚੋਣ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਟੀਫਨ ਇੰਟਰਨੈਸ਼ਨਲ ਸਕੂਲ ਸੰਗਰੂਰ ਲਈ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਸਕੂਲ ਦੇ ਹੋਣਹਾਰ ਖਿਡਾਰੀਆਂ ਦੀ ਜ਼ਿਲ੍ਹਾ ਜੂਡੋ ਮੁਕਾਬਲੇ ਲਈ ਚੋਣ ਹੋਈ ਹੈ।ਵਿਦਿਆਰਥੀਆਂ ਨੇ ਆਪਣੀ ਲਗਨ, ਸਖ਼ਤ ਮਿਹਨਤ ਤੇ ਸ਼ਾਨਦਾਰ ਪ੍ਰਦਰਸ਼ਨ ਦੇ ਆਧਾਰ 'ਤੇ ਇਹ ਉਪਲਬਧੀ ਹਾਸਲ ਕੀਤੀ ਹੈ।ਇਹ ਸਫਲਤਾ ਸਕੂਲ ਵਿੱਚ ਖੇਡਾਂ ਪ੍ਰਤੀ ਸਮਰਪਣ ਤੇ ਉੱਚ ਪੱਧਰੀ ਸਿਖਲਾਈ ਦਾ ਪ੍ਰਮਾਣ ਹੈ।ਚੁਣੇ ਗਏ ਖਿਡਾਰੀਆਂ ਵਿੱਚ ਅੰਡਰ-14 ਵਰਗ 'ਚ ਕਰਨਵੀਰ ਸਿੰਘ, ਮਨਫਤਿਹ ਸਿੰਘ, ਈਸ਼ਵਰ ਸਿੰਘ, ਅੰਡਰ-17 ਵਰਗ 'ਚ ਏਕਮਪ੍ਰੀਤ ਸਿੰਘ, ਵਤਨਵੀਰ ਸਿੰਘ, ਮਨਿੰਦਰ ਸਿੰਘ, ਸੁਖਮਨਜੋਤ ਸਿੰਘ, ਤੁਸ਼ਾਂਤ ਸਿੰਗਲਾ ਤੇ ਅੰਡਰ-19 ਵਰਗ 'ਚ ਖੁਸ਼ਪ੍ਰੀਤ, ਫੁੱਲਪ੍ਰੀਤ ਸਿੰਘ, ਗੁਰਜੋਤ ਸਿੰਘ ਸ਼ਾਮਲ ਹਨ। ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਮੋਨਿਕਾ ਸ਼ਰਮਾ ਨੇ ਸਾਰੇ ਚੁਣੇ ਗਏ ਖਿਡਾਰੀਆਂ ਨੂੰ ਦਿਲੋਂ ਵਧਾਈ ਦਿੱਤੀ ਤੇ ਜ਼ਿਲ੍ਹਾ ਜੂਡੋ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਸੈਂਟੀਨਲ ਸਕੂਲ ਵਿਖੇ 'ਕੈਪੀਟਲ ਪਨਿਸ਼ਮੈਂਟ' 'ਤੇ ਬਹਿਸ ਮੁਕਾਬਲਾ



**ਸਮਰਾਲਾ (ਸੁਰਜੀਤ ਸਿੰਘ)**-ਵਿਦਿਆਰਥੀਆਂ 'ਚ ਤਰਕਸ਼ੀਲ ਸੋਚ, ਆਲੋਚਨਾਤਮਕ ਦ੍ਰਿਸ਼ਟੀਕੋਣ, ਆਤਮ-ਵਿਸ਼ਵਾਸ ਤੇ ਪ੍ਰਭਾਵਸ਼ਾਲੀ ਵਕਤ੍ਰਿਤਾ ਕੌਸ਼ਲ ਵਿਕਾਸ ਦੇ ਉਦੇਸ਼ ਨੂੰ ਲੈਕੇ ਸਥਾਨਕ ਸੈਂਟੀਨਲ ਇੰਟਰਨੈਸ਼ਨਲ ਸਕੂਲ ਵਿਖੇ ਪ੍ਰਿੰਸੀਪਲ ਡਾ. ਪੂਨਮ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜਮਾਤ ਬਾਰ੍ਹਵੀਂ (ਸਾਈਕੋਲੋਜੀ) ਦੇ ਵਿਦਿਆਰਥੀਆਂ ਲਈ 'ਕੀ ਕੈਪੀਟਲ ਪਨਿਸ਼ਮੈਂਟ ਨਿਆਂ ਦਾ ਸਹੀ ਰਾਹ ਹੈ? ਵਿਸ਼ੇ 'ਤੇ ਇੱਕ ਬਹਿਸ ਮੁਕਾਬਲਾ ਕਰਵਾਇਆ ਗਿਆ।ਬਹਿਸ ਦੌਰਾਨ ਵਿਦਿਆਰਥੀਆਂ ਨੇ ਸਮਾਜਿਕ, ਕਾਨੂੰਨੀ, ਨੈਤਿਕ ਤੇ ਮਨੋਵਿਗਿਆਨਕ ਪੱਖਾਂ ਨੂੰ ਤੱਥਾਂ ਤੇ ਮਜ਼ਬੂਤ ਦਲੀਲਾਂ ਨਾਲ ਪੇਸ਼ ਕਰਦਿਆਂ ਆਪਣੀ ਬੌਧਿਕ ਸਮਰੱਥਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਪ੍ਰੋਪੋਜ਼ੀਸ਼ਨ ਪੱਖ ਵੱਲੋਂ ਹਰਲੀਨ ਕੌਰ, ਲਵਲੀਨ ਕੌਰ, ਜਸ਼ਨਦੀਪ ਕੌਰ, ਰੀਤਮਨ ਕੌਰ, ਦਸ਼ਨਪ੍ਰੀਤ ਕੌਰ ਤੇ ਗੁਰਸ਼ਾਨ ਸਿੰਘ ਨੇ ਮੌਤ ਦੀ ਸਜ਼ਾ ਦੇ ਹੱਕ ਵਿੱਚ ਆਪਣੇ ਵਿਚਾਰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤੇ।ਇਸੇ ਤਰ੍ਹਾਂ ਓਪੋਜ਼ੀਸ਼ਨ ਵੱਲੋਂ ਹਰਸ਼ਪ੍ਰੀਤ ਕੌਰ, ਗੁਰਲੀਨ ਕੌਰ ਮਾਨ, ਹਰਲੀਨ ਕੌਰ, ਗੁਰਲੀਨ ਕੌਰ ਚਾਹਲ, ਸਹਿਜਪ੍ਰੀਤ ਕੌਰ ਤੇ ਕਮਲਜੀਤ ਕੌਰ ਨੇ ਮੌਤ ਦੀ ਸਜ਼ਾ ਵਿਰੁੱਧ ਤਰਕਸੰਗਤ ਤੇ ਪ੍ਰਭਾਵਸ਼ਾਲੀ ਦਲੀਲਾਂ ਪੇਸ਼ ਕਰਦਿਆਂ ਮਨੁੱਖੀ ਅਧਿਕਾਰਾਂ, ਸੁਧਾਰਵਾਦੀ ਸੋਚ ਤੇ ਨਿਆਂ ਪ੍ਰਣਾਲੀ ਦੀ ਮਹੱਤਤਾ ਨੂੰ ਉਜਾਗਰ ਕੀਤਾ।ਇਸ ਮੌਕੇ ਪ੍ਰਿੰਸੀਪਲ ਡਾ. ਪੂਨਮ ਸ਼ਰਮਾ ਨੇ ਵਿਦਿਆਰਥੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਪ੍ਰੋਗਰਾਮ ਵਿਦਿਆਰਥੀਆਂ ਵਿੱਚ ਅਲੋਚਨਾਤਮਕ ਸੋਚ, ਪ੍ਰਭਾਵਸ਼ਾਲੀ ਸੰਚਾਰ ਕੌਸ਼ਲ, ਤਰਕਸ਼ੀਲਤਾ ਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਮਜ਼ਬੂਤ ਬਣਾਉਂਦੇ ਹਨ।

## ਸਰਕਾਰ ਬਿਜਲੀ ਕਰਮਚਾਰੀਆਂ ਦੀਆਂ ਮੰਗਾਂ ਤੁਰੰਤ ਮੰਨ ਕੇ ਹੜਤਾਲ ਖਤਮ ਕਰਵਾਏ : ਦੌਲਤਪੁਰਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਪਿਛਲੇ ਕਈ ਦਿਨਾਂ ਤੋਂ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟਡ (ਪੀਐੱਸਪੀਸੀਐੱਲ) ਦੇ ਕਰਮਚਾਰੀਆਂ ਵੱਲੋਂ ਕੀਤੀ ਜਾ ਰਹੀ ਹੜਤਾਲ ਕਾਰਨ ਸੂਬੇ ਭਰ ਵਿੱਚ ਬਿਜਲੀ ਸਪਲਾਈ ਪ੍ਰਭਾਵਿਤ ਹੋ ਰਹੀ ਹੈ, ਜਿਸ ਦਾ ਸਭ ਤੋਂ ਵੱਧ ਅਸਰ ਝੋਨੇ ਦੇ ਸੀਜ਼ਨ ਦੌਰਾਨ ਖੇਤੀਬਾੜੀ ਨਾਲ ਜੁੜੇ ਕਿਸਾਨਾਂ ਉੱਤੇ ਪੈ ਰਿਹਾ ਹੈ।ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ, ਅਨੁਸ਼ਾਸਨ ਕਮੇਟੀ ਮੈਂਬਰ ਹਰਜੀਤ ਸਿੰਘ ਮਨਾਵਾਂ, ਜ਼ਿਲ੍ਹਾ ਮੀਤ ਪ੍ਰਧਾਨ ਲਖਵਿੰਦਰ ਸਿੰਘ ਰੌਲੀ, ਜ਼ਿਲ੍ਹਾ ਮੀਡੀਆ ਸਕੱਤਰ ਬਲਕਰਨ ਸਿੰਘ ਢਿੱਲੋਂ, ਗੁਰਨੈਬ ਸਿੰਘ ਗਿੱਲ, ਜਲੌਰ ਸਿੰਘ ਗਿੱਲ ਤੇ ਗੁਰਜੰਟ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੀ.ਐੱਸ.ਪੀ.ਸੀ.ਐੱਲ. ਦੇ ਕਰਮਚਾਰੀਆਂ ਦੀਆਂ ਜਾਇਜ਼ ਤੇ ਵਾਜਬ ਮੰਗਾਂ ਨੂੰ ਤੁਰੰਤ ਮੰਨ ਕੇ ਹੜਤਾਲ ਦਾ ਹੱਲ ਕੱਢਿਆ ਜਾਵੇ, ਤਾਂ ਜੋ ਬਿਜਲੀ ਸਪਲਾਈ ਮੁੜ ਸੁਚਾਰੂ ਹੋ ਸਕੇ ਤੇ ਕਿਸਾਨਾਂ ਨੂੰ ਖੇਤੀ ਕਾਰਜਾਂ ਵਿੱਚ ਕਿਸੇ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।ਆਗੂਆਂ ਨੇ ਕਿਹਾ ਕਿ ਹੜਤਾਲ ਕਾਰਨ ਜਦੋਂ ਵੀ ਬਿਜਲੀ ਸਪਲਾਈ ਵਿੱਚ ਕੋਈ ਨੁਕਸ ਆਉਂਦਾ ਹੈ ਤਾਂ ਉਸ ਦੀ ਮੁਰੰਮਤ ਵਿੱਚ ਦੇਰੀ ਹੋ ਰਹੀ ਹੈ, ਜਿਸ ਕਾਰਨ ਕਿਸਾਨਾਂ ਨੂੰ ਭਾਰੀ ਖੱਜਲ-ਖੁਆਰੀ ਤੇ ਆਰਥਿਕ ਨੁਕਸਾਨ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਸਮੇਂ ਸਿਰ ਸਿੰਚਾਈ ਨਾ ਹੋਣ ਨਾਲ ਫ਼ਸਲਾਂ ਵੀ ਪ੍ਰਭਾਵਿਤ ਹੋ ਰਹੀਆਂ ਹਨ।ਉਨ੍ਹਾਂ ਕਿਹਾ ਕਿ ਸਰਕਾਰ ਨੂੰ ਚਾਹੀਦਾ ਹੈ ਕਿ ਇਸ ਮਸਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਕਰਮਚਾਰੀਆਂ ਨਾਲ ਤੁਰੰਤ ਗੱਲਬਾਤ ਕਰਕੇ ਉਨ੍ਹਾਂ ਦੀਆਂ ਵਾਜਬ ਮੰਗਾਂ ਦਾ ਹੱਲ ਕਰੇ।

## ਲਿਵਰ ਫਾਈਬਰੋਸਕੈਨ ਕੈਂਪ ਨੂੰ ਮਿਲਿਆ ਭਰਵਾਂ ਹੁੰਗਾਰਾ



**ਕੋਟ ਈਸੇ ਖਾਂ (ਅਰੋੜਾ)**-ਸ਼ਕੁੰਤਲਾ ਹਸਪਤਾਲ ਦੇ ਸਹਿਯੋਗ ਤੇ ਰੂਰਲ ਹੈਲਥ ਏਰੀਆ ਇੰਪਰੂਵਮੈਂਟ ਟਰੱਸਟ ਵੱਲੋਂ ਡਾ. ਦਿਨੇਸ਼ ਗੁਪਤਾ ਦੀ ਰਹਿਨੁਮਾਈ ਹੇਠ ਲਿਵਰ ਦੀ ਜਾਂਚ ਲਈ ਵਿਸ਼ੇਸ਼ ਫਾਈਬਰੋਸਕੈਨ ਕੈਂਪ ਲਗਾਇਆ ਗਿਆ।ਕੈਂਪ ਦੌਰਾਨ ਆਧੁਨਿਕ ਫਾਈਬਰੋ ਸਕੈਨ ਇਕੋਸੈਂਨਸ ਆਈ ਫਾਈਬਰੋ ਸਕੈਲਾ 430 ਮਸ਼ੀਨ ਰਾਹੀਂ ਲਿਵਰ ਦੀ ਬਾਰੀਕੀ ਨਾਲ ਜਾਂਚ ਕੀਤੀ ਗਈ।ਕੈਂਪ ਨੂੰ ਇਲਾਕੇ ਦੇ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਤੇ ਲਗਭਗ ਕਰੀਬ 100 ਮਰੀਜ਼ਾਂ ਨੇ ਆਪਣਾ ਲਿਵਰ ਟੈਸਟ ਕਰਵਾਇਆ।ਇਸ ਮੌਕੇ ਡਾ. ਨਿਰਮਲ ਸਿੰਘ ਉੱਪਲ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਗਲਤ ਖਾਣ-ਪੀਣ, ਸ਼ੂਗਰ, ਮੋਟਾਪਾ, ਸ਼ਰਾਬ ਦੀ ਵਰਤੋਂ ਤੇ ਬੇਤਰਤੀਬ ਜੀਵਨ ਸ਼ੈਲੀ ਕਾਰਨ ਲਿਵਰ ਦੀਆਂ ਬਿਮਾਰੀਆਂ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ।ਉਨ੍ਹਾਂ ਕਿਹਾ ਕਿ ਹਰ ਵਿਅਕਤੀ ਨੂੰ ਆਪਣੀ ਸਿਹਤ ਪ੍ਰਤੀ ਜਾਗਰੂਕ ਰਹਿੰਦੇ ਹੋਏ ਸਾਲ ਵਿੱਚ ਘੱਟੋ-ਘੱਟ ਦੋ ਵਾਰ ਲਿਵਰ ਦੀ ਜਾਂਚ ਜ਼ਰੂਰ ਕਰਵਾਉਣੀ ਚਾਹੀਦੀ ਹੈ ਤਾਂ ਜੋ ਕਿਸੇ ਵੀ ਬਿਮਾਰੀ ਦਾ ਸਮੇਂ ਸਿਰ ਪਤਾ ਲੱਗ ਸਕੇ ਤੇ ਇਲਾਜ ਆਸਾਨੀ ਨਾਲ ਹੋ ਸਕੇ।ਇਹ ਕੈਂਪ ਸ਼ਕੁੰਤਲਾ ਹਸਪਤਾਲ ਦੇ ਡਾ. ਗੁਰਸੰਜੀਵ ਗੁਲਾਟੀ, ਡਾ. ਅਮਿਤਾ ਗੁਲਾਟੀ ਤੇ ਸਮੂਹ ਮੈਡੀਕਲ ਸਟਾਫ ਦੇ ਪੂਰੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ।

## ਕਈ ਸਾਲਾਂ ਤੋਂ ਬਦਤਰ ਜੀਵਨ ਹੰਢਾ ਰਹੇ ਨੇ ਗਿੱਲ ਨਗਰ ਵਾਸੀ : ਬਲਕਰਨ ਮੋਗਾ

- ਵਾਟਰ ਸਪਲਾਈ ਦੇ ਪਾਣੀ 'ਚ ਮਿਲਦਾ ਹੈ ਗਟਰ ਦਾ ਪਾਣੀ
- ਵਿਧਾਇਕ ਡਾ. ਅਮਨ ਅਰੋੜਾ ਨੇ ਜਲਦ ਮਸਲੇ ਹੱਲ ਕਰਨ ਦਾ ਦਿੱਤਾ ਭਰੋਸਾ



**ਮੋਗਾ (ਇਕਬਾਲ ਸਿੰਘ ਖਹਿਰਾ)**

ਮਹੱਲਾ ਇੰਦਰ ਸਿੰਘ ਗਿੱਲ ਨਗਰ ਮੋਗਾ ਦੇ ਵਸਨੀਕਾਂ ਵੱਲੋਂ ਇਲਾਕੇ ਦੀਆਂ ਗੰਭੀਰ ਬੁਨਿਆਦੀ ਸਮੱਸਿਆਵਾਂ ਦੇ ਹੱਲ ਲਈ ਹਲਕਾ ਮੋਗਾ ਦੀ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੂੰ ਇੱਕ ਵਿਸਥਾਰ ਪੂਰਵਕ ਲਿਖਤੀ ਮੰਗ ਪੱਤਰ ਸੌਂਪਿਆ ਗਿਆ। ਮੁਹੱਲਾ ਨਿਵਾਸੀਆਂ ਨੇ ਵਿਧਾਇਕ ਦੇ ਧਿਆਨ ਵਿੱਚ ਲਿਆਂਦਾ ਕਿ ਇੰਦਰ ਸਿੰਘ ਗਿੱਲ ਨਗਰ ਵਿੱਚ ਸਾਫ਼ ਪੀਣ ਯੋਗ ਪਾਣੀ ਦੀ ਸਪਲਾਈ, ਬੰਦ ਪਈਆਂ ਸਟਰੀਟ ਲਾਈਟਾਂ, ਖੁੱਲ੍ਹੇ ਤੇ ਖਤਰਨਾਕ ਸੀਵਰੇਜ ਹੋਲ, ਟੁੱਟੀਆਂ ਤੇ ਖਸਤਾ ਹਾਲਤ ਸੜਕਾਂ, ਨਿਰਵਿਘਨ ਬਿਜਲੀ ਸਪਲਾਈ ਤੇ ਮੁਹੱਲੇ ਦੀ ਨਿਯਮਤ ਸਫ਼ਾਈ ਵਰਗੇ ਮੁੱਦੇ ਲੰਬੇ ਸਮੇਂ ਤੋਂ ਲੋਕਾਂ ਲਈ ਚਿੰਤਾ ਦਾ ਕਾਰਨ ਬਣੇ ਹੋਏ ਹਨ।ਇਨ੍ਹਾਂ ਸਮੱਸਿਆਵਾਂ ਕਾਰਨ ਬੱਚਿਆਂ, ਬਜ਼ੁਰਗਾਂ ਤੇ ਆਮ ਲੋਕਾਂ ਨੂੰ ਰੋਜ਼ਾਨਾ ਕਈ ਤਰ੍ਹਾਂ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਮੁਹੱਲਾ ਵਾਸੀਆਂ ਨੇ ਮੰਗ ਕੀਤੀ ਕਿ ਲੋਕਾਂ ਦੀਆਂ ਬੁਨਿਆਦੀ ਲੋੜਾਂ ਨਾਲ ਜੁੜੇ ਇਨ੍ਹਾਂ ਮਸਲਿਆਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇ ਤਾਂ ਜੋ ਇਲਾਕੇ ਦੇ ਵਸਨੀਕਾਂ ਨੂੰ ਰਾਹਤ ਮਿਲ ਸਕੇ।ਡਾ. ਅਮਨਦੀਪ ਕੌਰ ਅਰੋੜਾ ਨੇ ਮੁਹੱਲਾ ਨਿਵਾਸੀਆਂ ਦੀਆਂ ਮੰਗਾਂ ਨੂੰ ਗੰਭੀਰਤਾ ਨਾਲ ਸੁਣਦਿਆਂ ਭਰੋਸਾ ਦਿੱਤਾ ਕਿ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਤੁਰੰਤ ਸੰਪਰਕ ਕਰਕੇ ਲੋੜੀਂਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਤੇ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਇਆ ਜਾਵੇਗਾ।ਇਸ ਮੌਕੇ ਮੁਹੱਲਾ ਨਿਵਾਸੀਆਂ ਨੇ ਉਮੀਦ ਜਤਾਈ ਕਿ ਵਿਧਾਇਕ ਵੱਲੋਂ ਦਿੱਤੇ ਭਰੋਸੇ ਅਨੁਸਾਰ ਜਲਦੀ ਹੀ ਇਲਾਕੇ ਦੀਆਂ ਸਮੱਸਿਆਵਾਂ ਦਾ ਹੱਲ ਹੋਵੇਗਾ ਤੇ ਇੰਦਰ ਸਿੰਘ ਗਿੱਲ ਨਗਰ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਪ੍ਰਦਾਨ ਕੀਤੀਆਂ ਜਾਣਗੀਆਂ। ਇਸ ਮੌਕੇ ਹਾਜ਼ਰ ਆਗੂਆਂ ਵਿੱਚ ਬਲਕਰਨ ਮੋਗਾ, ਗੁਰਸੇਵਕ ਸਿੰਘ ਸੰਨਿਆਸੀ, ਬੀਬੀ ਨਰਿੰਦਰ ਕੌਰ ਭੰਮ, ਹਰਪ੍ਰੀਤ ਸਿੰਘ ਭੰਮ, ਸ਼ਿਵਦੇਵ ਸਿੰਘ ਗੈਦੂ, ਲਛਮਣ ਸਿੰਘ ਢਿੱਲੋਂ, ਮੱਖਣ ਸਿੰਘ, ਰਮਨ, ਬੇਅੰਤ ਕੌਰ, ਬਲਜੀਤ ਕੌਰ, ਜਰਨੈਲ ਕੌਰ, ਸ਼ਿੰਦਰਪਾਲ ਕੌਰ, ਗੁਰਮੀਤ ਸਿੰਘ ਤਖਾਣਬੱਧ, ਰਣਜੀਤ ਪਾਲ, ਗੁਰਸੇਵਕ ਸਿੰਘ ਧਾਲੀਵਾਲ ਆਦਿ ਸ਼ਾਮਲ ਸਨ।

## ਮੁਕਤਸਰ ਵਿਕਾਸ ਮਿਸ਼ਨ ਵੱਲੋਂ ਬਾਲ ਤੀਜ ਮੇਲਾ 2 ਨੂੰ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ)**-ਸਮਾਜ ਦੇ ਭਲੇ ਤੇ ਵਿਕਾਸ ਨੂੰ ਸਮਰਪਤ ਪ੍ਰਮੁੱਖ ਵਰਕਿੰਗ ਗੈਰ ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਵੱਲੋਂ ਆਉਂਦੀ 02 ਅਗਸਤ ਨੂੰ ਸਵੇਰੇ 11:00 ਵਜੇ ਸਥਾਨਕ ਸਿਟੀ ਹੋਟਲ ਦੇ ਗੋਲਡਨ ਮੁਮੈਂਟਸ ਹਾਲ ਵਿਖੇ 'ਬਾਲ ਤੀਜ ਮੇਲਾ' ਮਨਾਇਆ ਜਾਵੇਗਾ।ਸ਼ਹਿਰ ਦੇ ਪ੍ਰਮੁੱਖ ਸਮਾਜ ਸੇਵੀ ਪਰਿਵਾਰ ਦੇ ਮੁਖੀ ਡਾ. ਸੁਰਿੰਦਰ ਗਿਰਧਰ ਦੀ ਧਰਮ ਪਤਨੀ ਸ੍ਰੀਮਤੀ ਸੁਮਨ ਗਿਰਧਰ ਦੀ ਪ੍ਰਧਾਨਗੀ ਹੇਠ ਹੋਣ ਵਾਲੇ ਇਸ ਪ੍ਰੋਗਰਾਮ ਵਿੱਚ ਤੀਹ ਦੇ ਕਰੀਬ ਚੌਦਾਂ ਸਾਲ ਤੋਂ ਘੱਟ ਉਮਰ ਦੀਆਂ ਲੜਕੀਆਂ ਭਾਗ ਲੈਣਗੀਆਂ।ਤੀਆਂ ਨਾਲ ਸਬੰਧਤ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ।ਮੁਕਤਸਰ ਦੇ ਇਤਿਹਾਸ ਵਿੱਚ ਨਗਰ ਕੌਂਸਲ ਦੀ ਪਹਿਲੀ ਵਾਰ ਇਸਤਰੀ ਪ੍ਰਧਾਨ ਚੁਣੀ ਜਾਣ ਵਾਲੀ ਸ੍ਰੀਮਤੀ ਯੋਗਿਤਾ ਗੁੰਬਰ ਸਮਾਰੋਹ ਦੇ ਮੁੱਖ ਮਹਿਮਾਨ ਹੋਣਗੇ।ਨਗਰ ਕੌਂਸਲ ਚੋਣਾਂ ਦੌਰਾਨ ਸਭ ਤੋਂ ਵੱਧ ਵੋਟਾਂ ਪ੍ਰਾਪਤ ਕਰਨ ਵਾਲੇ ਗੁਰਪਿੰਦਰ ਸਿੰਘ ਸ਼ੈਲੀ ਨਗਰ ਕੌਂਸਲ ਦੇ ਸੀਨੀਅਰ ਮੀਤ ਪ੍ਰਧਾਨ ਸਮਾਰੋਹ ਦੇ ਵਿਸ਼ੇਸ਼ ਮਹਿਮਾਨ ਹੋਣਗੇ।ਇਸ ਬਾਲ ਤੀਜ ਮੇਲੇ ਨੂੰ ਆਪਣੀਆਂ ਪੂਰੀਆਂ ਕੋਸ਼ਿਸ਼ਾਂ ਨਾਲ ਸਫ਼ਲ ਬਣਾਉਣ ਲਈ ਜੀਅ ਜਾਨ ਤੋਂ ਕੰਮ ਕਰਨ ਵਾਲੀ ਨੌਜਵਾਨ ਸਮਾਜ ਸੇਵਿਕਾ ਸ਼ੇਖੂਨਮ ਖਾਨ ਉਰਫ਼ ਗਗਨ ਸਮਾਰੋਹ ਦੇ ਪ੍ਰਾਜੈਕਟ ਮੈਨੇਜਰ ਹਨ।

## ਲੋਕ ਹੋ ਰਹੇ ਪਖੰਡੀ ਬਾਬਿਆਂ ਦੀ ਲੁੱਟ ਦਾ ਸ਼ਿਕਾਰ, ਪ੍ਰਸ਼ਾਸਨ ਦੀ ਚੁੱਪੀ ਵੀ ਸਵਾਲਾਂ ਦੇ ਘੇਰੇ 'ਚ

**ਬਰੇਟਾ (ਰੀਤਵਾਲ)**-ਇਲਾਕੇ ਵਿੱਚ ਪਿਛਲੇ ਕੁਝ ਸਮੇਂ ਤੋਂ ਪਖੰਡੀ ਬਾਬਿਆਂ ਤੇ ਅਖੌਤੀ ਸਾਧਾਂ ਦਾ ਬੋਲਬਾਲਾ ਬਹੁਤ ਵਧ ਗਿਆ ਹੈ।ਪਿੰਡ-ਪਿੰਡ ਤੇ ਸ਼ਹਿਰਾਂ ਦੀਆਂ ਗਲੀਆਂ ਵਿੱਚ ਡੇਰੇ ਤੇ ਕੈਂਪ ਲਗਾ ਕੇ ਇਹ ਲੋਕ ਭੋਲੇ-ਭਾਲੇ ਲੋਕਾਂ ਨੂੰ ਆਪਣੇ ਜਾਲ ਵਿੱਚ ਫਸਾ ਰਹੇ ਹਨ।ਇਲਾਜ, ਔਲਾਦ, ਵਪਾਰ ਵਿੱਚ ਤਰੱਕੀ ਤੇ ਭਵਿੱਖਬਾਣੀ ਦੇ ਨਾਂ 'ਤੇ ਲੋਕਾਂ ਤੋਂ ਮੋਟੀਆਂ ਰਕਮਾਂ ਵਸੂਲੀਆਂ ਜਾ ਰਹੀਆਂ ਹਨ।ਸਥਾਨਕ ਵਸਨੀਕਾਂ ਦਾ ਕਹਿਣਾ ਹੈ ਕਿ ਇਹ ਪਖੰਡੀ ਪਹਿਲਾਂ ਲੋਕਾਂ ਦਾ ਭਰੋਸਾ ਜਿੱਤਣ ਲਈ ਮੁਫ਼ਤ ਸਲਾਹ ਤੇ ਧਾਰਮਿਕ ਗੱਲਾਂ ਦਾ ਸਹਾਰਾ ਲੈਂਦੇ ਹਨ।ਬਾਅਦ ਵਿੱਚ ਹੌਲੀ-ਹੌਲੀ ਪੈਸੇ, ਸੋਨਾ ਤੇ ਜ਼ਮੀਨ-ਜਾਇਦਾਦ ਤੱਕ ਦੀ ਮੰਗ ਕੀਤੀ ਜਾਂਦੀ ਹੈ।ਕਈ ਪਰਿਵਾਰ ਤਾਂ ਆਪਣੀ ਸਾਰੀ ਜਮ੍ਹਾਂ-ਪੂੰਜੀ ਇਨ੍ਹਾਂ ਦੇ ਚੱਕਰ ਵਿੱਚ ਗੁਆ ਚੁੱਕੇ ਹਨ।ਔਰਤਾਂ ਤੇ ਬਜ਼ੁਰਗਾਂ ਨੂੰ ਖਾਸ ਤੌਰ 'ਤੇ ਨਿਸ਼ਾਨਾ ਬਣਾਇਆ ਜਾ ਰਿਹਾ ਹੈ।ਇਲਾਕਾ ਨਿਵਾਸੀਆਂ ਨੇ ਸਥਾਨਕ ਪ੍ਰਸ਼ਾਸਨ ਤੇ ਪੁਲਸ ਤੋਂ ਮੰਗ ਕੀਤੀ ਹੈ ਕਿ ਅਜਿਹੇ ਡੇਰਿਆਂ ਤੇ ਪਖੰਡੀ ਬਾਬਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ।ਸਮਾਜਿਕ ਸੰਗਠਨਾਂ ਦਾ ਕਹਿਣਾ ਹੈ ਕਿ ਲੋਕਾਂ ਨੂੰ ਜਾਗਰੂਕ ਕਰਨ ਲਈ ਪਿੰਡ ਪੱਧਰ 'ਤੇ ਮੁਹਿੰਮਾਂ ਚਲਾਈਆਂ ਜਾਣੀਆਂ ਚਾਹੀਦੀਆਂ ਹਨ ਤਾਂ ਜੋ ਭੋਲੇ-ਭਾਲੇ ਲੋਕ ਇਨ੍ਹਾਂ ਦੇ ਧੋਖੇ ਤੋਂ ਬਚ ਸਕਣ।ਕਾਨੂੰਨ ਅਨੁਸਾਰ ਅੰਧ-ਵਿਸ਼ਵਾਸ ਫੈਲਾ ਕੇ ਲੋਕਾਂ ਨੂੰ ਠੱਗਣ ਵਾਲਿਆਂ ਖ਼ਿਲਾਫ਼ ਕਾਰਵਾਈ ਦੀ ਵਿਵਸਥਾ ਹੈ, ਪਰ ਪ੍ਰਸ਼ਾਸਨਿਕ ਢਿੱਲ-ਮੱਠ ਕਾਰਨ ਇਹ ਧੰਦਾ ਬੇਖੌਫ਼ ਚੱਲ ਰਿਹਾ ਹੈ।

## ਮਨਰੇਗਾ ਕਰਮਚਾਰੀਆਂ ਦੀ ਬਰਖ਼ਾਸਤਗੀ ਖ਼ਿਲਾਫ਼ ਪਹਿਲੀ ਨੂੰ ਬਰਨਾਲਾ ਕਨਵੈਨਸ਼ਨ ਦਾ ਸੱਦਾ

- ਲਾਠੀਚਾਰਜ, ਬਰਖ਼ਾਸਤਗੀ ਤੇ ਨਵੀਂ ਭਰਤੀ 'ਮਜ਼ਦੂਰ ਵਿਰੋਧੀ ਸਾਜ਼ਿਸ਼'

**ਰਾਏਕੋਟ (ਸੰਤੋਖ ਗਿੱਲ)**-ਮਨਰੇਗਾ ਮਜ਼ਦੂਰ ਯੂਨੀਅਨ ਪੰਜਾਬ (ਸੀਟੂ) ਦੇ ਜਨਰਲ ਸਕੱਤਰ ਅਮਰਨਾਥ ਕੂੰਮ ਕਲਾਂ, ਸੂਬਾ ਪ੍ਰਧਾਨ ਸ਼ੇਰ ਸਿੰਘ ਫਰਵਾਹੀ, ਸੂਬਾ ਮੀਤ ਪ੍ਰਧਾਨ ਪ੍ਰਕਾਸ਼ ਸਿੰਘ ਬਰ੍ਹਮੀ, ਵਿੱਤ ਸਕੱਤਰ ਗੁਰਨਾਮ ਸਿੰਘ ਘਨੌਰ ਅਤੇ ਪ੍ਰੈੱਸ ਸਕੱਤਰ ਸਤਵੀਰ ਸਿੰਘ ਤੁੰਗ ਨੇ ਮਨਰੇਗਾ ਕਰਮਚਾਰੀਆਂ ਅਤੇ ਮਜ਼ਦੂਰਾਂ ਨੂੰ ਏਕਤਾ ਬਣਾਈ ਰੱਖਣ ਦੀ ਅਪੀਲ ਕਰਦਿਆਂ 1 ਅਗਸਤ ਨੂੰ ਬਰਨਾਲਾ ਦੇ ਤਰਕਸ਼ੀਲ ਭਵਨ ਵਿੱਚ ਸੂਬਾ ਪੱਧਰੀ ਕਨਵੈਨਸ਼ਨ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਹੈ।ਉਨ੍ਹਾਂ 15 ਜੁਲਾਈ ਨੂੰ ਖੰਨਾ ਵਿੱਚ ਆਪਣੀਆਂ ਮੰਗਾਂ ਲਈ ਸੰਘਰਸ਼ ਕਰ ਰਹੇ ਮਨਰੇਗਾ ਕਰਮਚਾਰੀਆਂ ਤੇ ਮਜ਼ਦੂਰਾਂ ਉੱਤੇ ਪੁਲੀਸ ਵੱਲੋਂ ਲਾਠੀਚਾਰਜ ਤੇ ਪਾਣੀ ਦੀਆਂ ਬੁਛਾੜਾਂ ਕਾਰਨ ਜ਼ਖ਼ਮੀ ਹੋਏ ਮਜ਼ਦੂਰਾਂ ਸਮੇਤ ਅੱਥਰੂ ਗੈਸ ਦੇ ਗੋਲੇ ਨਾਲ ਨੌਜਵਾਨ ਦੀ ਲੱਤ ਬੁਰੀ ਝੁਲਸ ਜਾਣ ਦੀ ਜ਼ੋਰਦਾਰ ਨਿੰਦਾ ਕੀਤੀ ਹੈ।ਮਜ਼ਦੂਰ ਆਗੂਆਂ ਨੇ ਲਾਠੀਚਾਰਜ ਤੋਂ ਬਾਅਦ ਕੈਬਨਿਟ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਵੱਲੋਂ ਹਸਪਤਾਲ ਜਾ ਕੇ ਜ਼ਖ਼ਮੀਆਂ ਦਾ ਹਾਲ ਪੁੱਛਣ ਤੇ ਮੰਗਾਂ ਮੰਨਣ ਦਾ ਭਰੋਸਾ ਦੇਣ ਨੂੰ ਡਰਾਮਾ ਕਰਾਰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਭਰੋਸੇ ਦੇ ਉਲਟ 20 ਜੁਲਾਈ ਨੂੰ ਕਰੀਬ 2100 ਮਨਰੇਗਾ ਕਰਮਚਾਰੀਆਂ ਨੂੰ ਨੌਕਰੀ ਤੋਂ ਬਰਖ਼ਾਸਤ ਕਰ ਦਿੱਤਾ ਗਿਆ।ਆਗੂਆਂ ਨੇ ਦੋਸ਼ ਲਾਇਆ ਕਿ ਉਨ੍ਹਾਂ ਦੀ ਥਾਂ ਸਵੈ-ਸਹਾਇਤਾ ਗਰੁੱਪਾਂ ਦੀਆਂ ਔਰਤਾਂ ਨੂੰ ਜੀ.ਆਰ.ਐੱਸ. ਦੇ ਅਹੁਦਿਆਂ 'ਤੇ ਤਾਇਨਾਤ ਕੀਤਾ ਜਾ ਰਿਹਾ ਹੈ।ਯੂਨੀਅਨ ਨੇ ਮੇਟਾਂ, ਮਨਰੇਗਾ ਮਜ਼ਦੂਰਾਂ ਤੇ ਸਵੈ-ਸਹਾਇਤਾ ਗਰੁੱਪਾਂ ਦੀਆਂ ਭੈਣਾਂ ਨੂੰ ਅਪੀਲ ਕੀਤੀ ਕਿ ਉਹ ਆਪਸੀ ਏਕਤਾ ਕਾਇਮ ਰੱਖਣ ਤੇ ਸੰਘਰਸ਼ ਕਰ ਰਹੇ ਕਰਮਚਾਰੀਆਂ ਦੀ ਥਾਂ ਕੰਮ ਸੰਭਾਲਣ ਤੋਂ ਗੁਰੇਜ਼ ਕਰਨ।ਉਨ੍ਹਾਂ ਮਜ਼ਦੂਰਾਂ ਨੂੰ ਸੁਚੇਤ ਕੀਤਾ ਕਿ ਸਰਕਾਰ ਮਜ਼ਦੂਰਾਂ ਤੇ ਕਰਮਚਾਰੀਆਂ ਵਿੱਚ ਵੰਡ ਪਾ ਕੇ ਉਨ੍ਹਾਂ ਦੇ ਹੱਕਾਂ ਦੀ ਲੜਾਈ ਨੂੰ ਕਮਜ਼ੋਰ ਕਰਨਾ ਚਾਹੁੰਦੀ ਹੈ।ਆਗੂਆਂ ਨੇ ਪਿੰਡਾਂ ਦੇ ਸਰਪੰਚਾਂ ਨੂੰ ਵੀ ਅਪੀਲ ਕਰਦਿਆਂ ਕਿਹਾ ਕਿ ਮਨਰੇਗਾ ਕਾਨੂੰਨ ਵਿੱਚ ਤਬਦੀਲੀਆਂ ਕਾਰਨ ਮਨਰੇਗਾ ਤਹਿਤ ਪੇਂਡੂ ਮਜ਼ਦੂਰਾਂ ਲਈ ਰੁਜ਼ਗਾਰ ਦੇ ਮੌਕੇ ਹੀ ਸੀਮਤ ਨਹੀਂ ਹੋਣਗੇ, ਸਗੋਂ ਪੰਚਾਇਤਾਂ ਦੇ ਅਧਿਕਾਰ ਵੀ ਖੋਹਣ ਦੀ ਤਿਆਰੀ ਹੈ।ਆਗੂਆਂ ਨੇ ਮਨਰੇਗਾ ਮਜ਼ਦੂਰਾਂ, ਮੇਟਾਂ, ਕਰਮਚਾਰੀਆਂ ਤੇ ਪੇਂਡੂ ਲੋਕਾਂ ਨੂੰ 1 ਅਗਸਤ ਨੂੰ ਬਰਨਾਲਾ ਵਿੱਚ ਹੋਣ ਵਾਲੀ ਸੂਬਾ ਪੱਧਰੀ ਕਨਵੈਨਸ਼ਨ ਵਿੱਚ ਸ਼ਮੂਲੀਅਤ ਦੀ ਅਪੀਲ ਕੀਤੀ ਹੈ।

## ਅਣ-ਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਟ੍ਰੇਨਿੰਗ ਦੇਣ ਲਈ ਪੱਤਰ ਜਾਰੀ ਹੋਣ 'ਤੇ ਖੁਸ਼ੀ ਦਾ ਪ੍ਰਗਟਾਵਾ

**ਮੋਗਾ (ਇਕਬਾਲ ਸਿੰਘ ਖਹਿਰਾ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ (ਰਜਿ: 295) ਦੇ ਨਿਰੰਤਰ ਸੰਘਰਸ਼ ਤੇ ਕੋਸ਼ਿਸ਼ਾਂ ਤੋਂ ਇਲਾਵਾ ਅਤੇ ਪੰਜਾਬ ਦੇ ਵੱਖ ਵੱਖ ਪੰਜ ਹਲਕਾ ਵਿਧਾਇਕਾਂ ਵੱਲੋਂ ਸਮੇਂ ਸਮੇਂ 'ਤੇ ਅਨਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਟ੍ਰੇਨਿੰਗ ਦੇ ਕੇ ਮੁੱਢਲੀਆਂ ਸਿਹਤ ਸੇਵਾਵਾਂ ਦੇਣ ਲਈ ਲੰਮੇ ਸਮੇਂ ਤੋਂ ਲਟਕਦੀ ਮੰਗ ਨੂੰ ਪੂਰਾ ਕਰਵਾਉਣ ਲਈ ਯਤਨਸ਼ੀਲ ਸਨ।ਇਸ ਕਾਰਜ ਨੂੰ ਪੂਰਾ ਕਰਨ ਲਈ ਹੁਣ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਲੋੜੀਂਦੇ ਕਦਮ ਉਠਾਉਣ ਦਾ ਸਿਲਸਿਲਾ ਸ਼ੁਰੂ ਕੀਤਾ ਗਿਆ ਹੈ, ਜੋ ਸ਼ਲਾਘਾ ਯੋਗ ਕਦਮ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੂਬਾਈ ਪ੍ਰਧਾਨ ਧੰਨਾ ਮੱਲ ਗੋਇਲ, ਜਨਰਲ ਸਕੱਤਰ ਗੁਰਮੇਲ ਸਿੰਘ ਮਾਛੀਕੇ, ਸਰਪ੍ਰਸਤ ਸੁਰਜੀਤ ਸਿੰਘ ਲੁਧਿਆਣਾ, ਕੈਸ਼ੀਅਰ ਰਾਕੇਸ਼ ਕੁਮਾਰ ਮਹਿਤਾ, ਲੀਗਲ ਅਡਵਾਈਜ਼ਰ ਜਸਵਿੰਦਰ ਸਿੰਘ ਭੋਗਲ, ਸੀਨੀਅਰ ਮੀਤ ਪ੍ਰਧਾਨ ਅਵਤਾਰ ਸਿੰਘ ਬਟਾਲਾ, ਸੀ ਆਰ ਸੰਕਰ ਤੇ ਜਸਵਿੰਦਰ ਸਿੰਘ ਖੀਵਾ, ਮੀਤ ਪ੍ਰਧਾਨ ਦਿਲਦਾਰ ਸਿੰਘ ਚਾਹਲ, ਪ੍ਰੈੱਸ ਸਕੱਤਰ ਚਮਕੌਰ ਸਿੰਘ ਲੁਧਿਆਣਾ ਨੇ ਕੀਤਾ।ਉਨ੍ਹਾਂ ਕਿਹਾ ਕਿ 21-7-2026 ਨੂੰ ਡਾਇਰੈਕਟਰ ਸਿਹਤ ਅਤੇ ਪ੍ਰੀਵਾਰ ਭਲਾਈ ਵਿਭਾਗ ਵੱਲੋਂ ਜਾਰੀ ਪੱਤਰ ਮੁਤਾਬਕ ਪਿੰਡਾਂ ਤੇ ਸ਼ਹਿਰੀ ਖੇਤਰ ਵਿਚ ਮੁੱਢਲੀਆਂ ਸਿਹਤ ਸੇਵਾਵਾਂ ਦੇ ਰਹੇ ਅਨ-ਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਟ੍ਰੇਨਿੰਗ ਦੇਣ ਲਈ ਲਿਸਟਾਂ ਤਿਆਰ ਕਰਨ ਲਈ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ ਤੇ ਸਬੰਧਤ ਜ਼ਿਲ੍ਹਾ ਸਿਵਲ ਸਰਜਨ ਸਾਹਿਬਾਨ ਨੂੰ ਜਾਰੀ ਹਦਾਇਤਾਂ ਦੀ ਸੂਬਾ ਕਮੇਟੀ ਤੇ ਸਮੂਹ ਮੈਂਬਰ ਪੰਜਾਬ ਸਰਕਾਰ ਦਾ ਤਹਿ ਦਿਲੋਂ ਸਵਾਗਤ ਕਰਦੇ ਹਨ।ਆਸ ਕਰਦੇ ਹਾਂ ਕਿ ਕਾਨੂੰਨ ਮੁਤਾਬਕ ਕੋਈ ਰਹਿ ਗਈਆਂ ਤਰੁੱਟੀਆਂ ਨੂੰ ਪੂਰਾ ਕਰਕੇ ਇਸ ਟ੍ਰੇਨਿੰਗ ਦੇ ਅਮਲ ਨੂੰ ਸਹੀ ਰੂਪ ਵਿਚ ਲਾਗੂ ਕਰੋਗੇ।ਇਸ ਸਮੇਂ ਸੂਬਾ ਆਗੂ ਅਰਜਿੰਦਰ ਸਿੰਘ ਕੋਹਾਲੀ ਜਸਵਿੰਦਰ ਸਿੰਘ ਖੀਵਾ, ਗੁਰਦੀਪ ਸਿੰਘ ਘੁੱਦਾ ਗੁਲਜੀਤ ਸਿੰਘ ਰਾਏਕੋਟ ਤਾਰਾ ਚੰਦ ਭਾਵਾਂ ਮਾਨਸਾ ਸਵਰਨ ਸਿੰਘ ਮੋਗਾ ਰਾਜਿੰਦਰ ਸਿੰਘ ਔਲਖ, ਸੁਖਚੈਨ ਸਿੰਘ ਬੋਪਾਰਾਏ, ਰਾਕੇਸ਼ ਕੁਮਾਰ ਬੱਸੀ ਡਾਕਟਰ ਬਲਵੀਰ ਸਿੰਘ ਮੁਹਾਲੀ, ਅਵਤਾਰ ਸਿੰਘ ਸੰਗਰੂਰ, ਰਣਜੀਤ ਸਿੰਘ ਸੋਹੀ ਬਰਨਾਲਾ, ਟੋਨੀ ਗੌਤਮ ਫਤਿਹਗੜ੍ਹ, ਆਨੰਦ ਵਾਲ਼ੀਆਂ ਪਟਿਆਲਾ ਆਦਿ ਆਗੂ ਹਾਜ਼ਰ ਸਨ।

## ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਦੀ ਮੀਟਿੰਗ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਬਲਾਕ ਰਾਮਪੁਰਾ ਫੂਲ ਦੀ ਮਹੀਨਾਵਾਰ ਮੀਟਿੰਗ ਸ਼ਹੀਦ ਟੀਚਰਜ਼ ਹੋਮ ਰਾਮਪੁਰਾ ਫੂਲ ਵਿਖੇ ਬਲਾਕ ਪ੍ਰਧਾਨ ਡਾਕਟਰ ਨਿਰਮਲ ਸਿੰਘ ਚਾਉਕੇ ਦੀ ਨਿਗਰਾਨੀ ਹੇਠ ਹੋਈ, ਜਿਸ ਵਿੱਚ ਦਿੱਲੀ ਜੰਤਰ ਮੰਤਰ ਵਿਖੇ ਨੌਜਵਾਨਾਂ 'ਤੇ ਲਾਠੀਚਾਰਜ ਲਈ ਕੇਂਦਰ ਸਰਕਾਰ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਤੇ ਪੰਜਾਬ ਸਰਕਾਰ ਨੂੰ ਕਿਹਾ ਗਿਆ ਕਿ ਸਾਡੇ ਨਾਲ ਕੀਤੇ ਵਾਅਦੇ ਵੀ ਜਲਦ ਪੂਰੇ ਕੀਤੇ ਜਾਣ।ਇਸ ਮੌਕੇ ਸਾਰੇ ਡਾਕਟਰ ਸਾਥੀਆਂ ਨੂੰ ਸਾਫ ਸੁਥਰੀ ਪ੍ਰੈਕਟਿਸ ਕਰਨ ਲਈ ਬੇਨਤੀ ਕੀਤੀ ਗਈ ਤੇ ਜਿਹੜੇ ਸਾਥੀਆਂ ਨੇ ਹੜ੍ਹ ਪੀੜਤਾਂ ਲਈ ਮੈਡੀਕਲ ਸੇਵਾ ਕੀਤੀ ਸੀ, ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ।ਬਲਾਕ ਦੇ ਸੀਨੀਅਰ ਮੀਤ ਪ੍ਰਧਾਨ ਡਾਕਟਰ ਮਲਕੀਤ ਸਿੰਘ ਸੰਧੂ ਖੁਰਦ, ਮੀਤ ਪ੍ਰਧਾਨ ਡਾਕਟਰ ਰਵੇਲ ਸਿੰਘ ਗੁਰੂਸਰ, ਜ਼ਿਲ੍ਹਾ ਚੇਅਰਮੈਨ ਡਾਕਟਰ ਜਗਤਾਰ ਸਿੰਘ ਫੂਲ, ਬਲਾਕ ਚੇਅਰਮੈਨ ਡਾਕਟਰ ਗੁਰਸੇਵਕ ਸਿੰਘ ਢੱਡੇ, ਬਲਾਕ ਕੈਸ਼ੀਅਰ ਡਾਕਟਰ ਕੌਰ ਸਿੰਘ, ਸਹਾਇਕ ਕੈਸ਼ੀਅਰ ਡਾਕਟਰ ਹਰਵਿੰਦਰ ਸਿੰਘ ਢਿਪਾਲੀ, ਡਾਕਟਰ ਰੇਸ਼ਮ ਸਿੰਘ ਫੂਲ, ਡਾਕਟਰ ਹਰਜਿੰਦਰ ਸਿੰਘ ਸੀਨੀਅਰ ਮੈਂਬਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਡਾਕਟਰ ਸਾਹਿਬਾਨ ਹਾਜ਼ਰ ਸਨ।



## ਸਰਪੰਚ ਗੁਰਮੀਤ ਨੂੰ ਸਦਮਾ, ਪਿਤਾ ਦਾ ਦਿਹਾਂਤ

**ਭਵਾਨੀਗੜ੍ਹ (ਰਾਜ ਖੁਰਮੀ)**



ਪਿੰਡ ਝਨੇੜੀ ਦੇ ਸਰਪੰਚ ਗੁਰਮੀਤ ਸਿੰਘ ਮੀਤਾ ਨੂੰ ਉਸ ਸਮੇਂ ਡੂੰਘਾ ਸਦਮਾ ਲੱਗਾ, ਜਦੋਂ ਉਨ੍ਹਾਂ ਦੇ ਪਿਤਾ ਤੇ ਸਾਬਕਾ ਬਲਾਕ ਸੰਮਤੀ ਮੈਂਬਰ ਛੋਟਾ ਸਿੰਘ ਦਾ ਅਕਾਲ ਚਲਾਣਾ ਹੋ ਗਿਆ।ਉਨ੍ਹਾਂ ਦੇ ਦੇਹਾਂਤ ਦੀ ਖ਼ਬਰ ਮਿਲਦਿਆਂ ਹੀ ਪਿੰਡ ਝਨੇੜੀ ਸਮੇਤ ਸਮੂਹ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ।ਸਮਾਜਿਕ, ਰਾਜਨੀਤਿਕ ਅਤੇ ਧਾਰਮਿਕ ਵਰਗਾਂ ਨੇ ਇਸ ਨੂੰ ਲੋਕ ਸੇਵਾ ਨਾਲ ਜੁੜੇ ਇੱਕ ਸਤਿਕਾਰਯੋਗ ਸ਼ਖ਼ਸ ਦੀ ਅਪੂਰਨੀਯ ਘਾਟ ਦੱਸਿਆ।ਛੋਟਾ ਸਿੰਘ ਨੇ ਆਪਣੇ ਜਨ ਜੀਵਨ ਦੌਰਾਨ ਬਲਾਕ ਸੰਮਤੀ ਮੈਂਬਰ ਵਜੋਂ ਇਮਾਨਦਾਰੀ, ਨਿਸ਼ਠਾ ਤੇ ਸਮਰਪਣ ਨਾਲ ਲੋਕਾਂ ਦੀ ਸੇਵਾ ਕੀਤੀ।

ਉਹ ਧਾਰਮਿਕ ਵਿਚਾਰਾਂ ਵਾਲੇ, ਸਾਦਾ ਜੀਵਨ ਬਤੀਤ ਕਰਨ ਵਾਲੇ, ਨੇਕਦਿਲ ਤੇ ਮਿਲਣਸਾਰ ਸੁਭਾਅ ਦੇ ਮਾਲਕ ਸਨ।ਸਮਾਜਿਕ ਸਰੋਕਾਰਾਂ ਨਾਲ ਜੁੜੇ ਰਹਿੰਦੇ ਹੋਏ ਉਨ੍ਹਾਂ ਨੇ ਹਰ ਵਰਗ ਦੇ ਲੋਕਾਂ ਦਾ ਵਿਸ਼ਵਾਸ ਤੇ ਸਤਿਕਾਰ ਹਾਸਲ ਕੀਤਾ। ਉਨ੍ਹਾਂ ਦੀ ਸੇਵਾਭਾਵਨਾ ਅਤੇ ਲੋਕਾਂ ਨਾਲ ਨਿਭਾਈ ਸਾਂਝ ਨੂੰ ਹਮੇਸ਼ਾ ਯਾਦ ਕੀਤਾ ਜਾਵੇਗਾ।

## ਕੈਬਨਿਟ ਮੰਤਰੀ ਵੱਲੋਂ ਮਲੋਟ 'ਚ ਤਿੰਨ ਆਮ ਆਦਮੀ ਕਲੀਨਿਕਾਂ ਦਾ ਉਦਘਾਟਨ



**ਮਲੋਟ/ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ/ਓਮ ਪ੍ਰਕਾਸ਼ ਸ਼ੇਖੂ)**-ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਮਿਆਰੀ ਤੇ ਮੁਫ਼ਤ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੀ ਵਚਨਬੱਧਤਾ ਤਹਿਤ ਸ਼ਨੀਵਾਰ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਵੱਖ-ਵੱਖ ਹਲਕਿਆਂ ਵਿੱਚ ਨਵੇਂ ਆਮ ਆਦਮੀ ਕਲੀਨਿਕਾਂ ਦਾ ਉਦਘਾਟਨ ਕੀਤਾ ਗਿਆ। ਇਹ ਪ੍ਰਗਟਾਵਾ ਡਾ. ਬਲਜੀਤ ਕੌਰ ਸਮਾਜਿਕ ਸੁਰੱਖਿਆ ਤੇ ਇਸਤਰੀ ਤੇ ਬਾਲ ਵਿਕਾਸ ਮੰਤਰੀ ਪੰਜਾਬ ਨੇ ਮਲੋਟ ਸ਼ਹਿਰ ਵਿਖੇ ਅੰਬੇਡਕਰ ਭਵਨ, ਡੇਰਾ ਸੱਚਾ ਸੌਦਾ ਰੋਡ ਤੇ ਵਾਰਡ ਨੰਬਰ 11 ਨੇੜੇ ਰੇਲਵੇ ਲਾਈਨ ਵਿਖੇ ਨਵੇਂ ਆਮ ਆਦਮੀ ਕਲੀਨਿਕਾਂ ਦਾ ਉਦਘਾਟਨ ਕਰਦਿਆਂ ਕੀਤਾ।ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਡਾਕਟਰ ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਮਕਸਦ ਸੂਬੇ ਦੇ ਹਰ ਨਾਗਰਿਕ ਤੱਕ ਸਰਵੋਤਮ ਸਿਹਤ ਸਹੂਲਤਾਂ ਪਹੁੰਚਾਉਣਾ ਹੈ। ਇਹ ਆਮ ਆਦਮੀ ਕਲੀਨਿਕ ਸਿਹਤ ਕ੍ਰਾਂਤੀ ਦਾ ਪ੍ਰਤੀਕ ਹਨ, ਜਿੱਥੇ ਆਮ ਲੋਕਾਂ ਨੂੰ ਹੁਣ ਮਾਮੂਲੀ ਬਿਮਾਰੀਆਂ ਦੇ ਇਲਾਜ ਲਈ ਦੂਰ-ਦੁਰਾਡੇ ਦੇ ਵੱਡੇ ਹਸਪਤਾਲਾਂ ਵਿੱਚ ਨਹੀਂ ਜਾਣਾ ਪਵੇਗਾ।ਇਸ ਮੌਕੇ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਡਾਇਰੈਕਟਰ ਡਾਕਟਰ ਸੁਨੀਲ ਬਾਂਸਲ ਤੇ ਕਾਰਜਕਾਰੀ ਸਿਵਲ ਸਰਜਨ ਡਾਕਟਰ ਲਖਬੀਰ ਕੌਰ ਸਿੱਧੂ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਇਨ੍ਹਾਂ ਕਲੀਨਿਕਾਂ ਵਿੱਚ ਲੋਕਾਂ ਨੂੰ ਮੁਫ਼ਤ ਡਾਕਟਰੀ ਸਲਾਹ, ਲਗਭਗ ਸਾਰੇ ਜ਼ਰੂਰੀ 46 ਤਰ੍ਹਾਂ ਦੇ ਕਲੀਨਿਕਲ ਟੈਸਟ ਤੇ 107 ਤਰ੍ਹਾਂ ਦੀਆਂ ਉੱਚ ਮਿਆਰ ਦੀਆਂ ਦਵਾਈਆਂ ਬਿਲਕੁਲ ਮੁਫ਼ਤ ਦਿੱਤੀਆਂ ਜਾਣਗੀਆਂ। ਇਸ ਤੋਂ ਪਹਿਲਾਂ ਸਰਕਾਰ ਵਲੋਂ ਜ਼ਿਲ੍ਹੇ ਵਿੱਚ 26 ਆਮ ਆਦਮੀ ਕਲੀਨਿਕ ਖੋਲ੍ਹੇ ਗਏ ਹਨ ਤੇ ਜ਼ਿਲ੍ਹੇ ਵਿੱਚ 10 ਹੋਰ ਆਮ ਆਦਮੀ ਕਲੀਨਿਕ ਖੋਲ੍ਹੇ ਜਾ ਰਹੇ ਹਨ।ਇਸ ਮੌਕੇ ਐੱਸ.ਐੱਮ.ਓ. ਮਲੋਟ ਡਾ. ਰਾਜਿੰਦਰ ਕੁਮਾਰ, ਕਾਰਜ ਸਾਧਕ ਅਫਸਰ ਮੰਗਤ ਰਾਮ, ਜਸਮੀਤ ਬਰਾੜ ਵਾਈਸ ਪ੍ਰਧਾਨ ਨਗਰ ਕੌਂਸਲ, ਕੌਂਸਲਰ ਜਗਤੇਜ ਸਿੰਘ, ਸਾਬਕਾ ਕੌਂਸਲਰ ਹਰਮੇਲ ਸਿੰਘ, ਚੰਦਰ ਮੋਹਨ, ਹੈਪੀ ਸਿਗਲਾ, ਅਸ਼ਵਨੀ ਗੋਇਲ, ਸੁਖਵੰਤ ਸਿੰਘ ਚੌਹਾਨ ਤੇ ਪੀ ਏ ਅਰਸ਼ ਸਿੱਧੂ ਅਤੇ ਪੀ ਏ ਸ਼ਿੰਦਰਪਾਲ ਸਿੰਘ ਤੋਂ ਇਲਾਵਾ ਪਤਵੰਤੇ ਵਿਅਕਤੀ ਮੌਜੂਦ ਸਨ।

## ਗੁਰੂ ਨਾਨਕ ਕਾਲਜ ਵਿਖੇ ਨਵੇਂ ਵਿਦਿਆਰਥੀਆਂ ਲਈ ਓਰੀਐਂਟੇਸ਼ਨ ਪ੍ਰੋਗਰਾਮ



**ਬੁਢਲਾਡਾ (ਅਸ਼ੋਕ ਲਾਕੜਾ)**

ਉੱਤਰੀ ਭਾਰਤ ਦੀ ਸਿਰਮੌਰ ਤੇ ਆਟੋਨੌਮਸ ਸੰਸਥਾ ਗੁਰੂ ਨਾਨਕ ਕਾਲਜ ਬੁਢਲਾਡਾ ਵਿਖੇ ਨਵੇਂ ਦਾਖ਼ਲ ਹੋਏ ਵਿਦਿਆਰਥੀਆਂ ਲਈ ਵਿਸ਼ੇਸ਼ ਓਰੀਐਂਟੇਸ਼ਨ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸ੍ਰ. ਪਰਮਜੀਤ ਸਿੰਘ, ਡਾਇਰੈਕਟਰ ਰੀਜਨਲ ਸੈਂਟਰ ਐਂਟਰਪ੍ਰਿਨਿਊਰਸ਼ਿਪ ਡਿਵੈਲਪਮੈਂਟ ਚੰਡੀਗੜ੍ਹ ਨੇ ਮੁੱਖ ਬੁਲਾਰੇ ਦੇ ਤੌਰ ਤੇ ਸ਼ਿਰਕਤ ਕੀਤੀ।ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਕਾਲਜ ਦੇ ਅਕਾਦਮਿਕ ਮਾਹੌਲ, ਆਧੁਨਿਕ ਬੁਨਿਆਦੀ ਢਾਂਚੇ, ਪ੍ਰਾਪਤੀਆਂ, ਨੀਤੀਆਂ, ਵਿਦਿਆਰਥੀ ਸਹਾਇਤਾ ਸੇਵਾਵਾਂ ਤੇ ਭਵਿੱਖੀ ਮੌਕਿਆਂ ਨਾਲ ਜਾਣੂ ਕਰਵਾਉਣਾ ਸੀ।ਪ੍ਰੋਗਰਾਮ ਦੇ ਮੁੱਖ ਬੁਲਾਰੇ ਪਰਮਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਕਰੀਅਰ ਯੋਜਨਾਬੰਦੀ, ਰੁਜ਼ਗਾਰ ਦੇ ਮੌਕਿਆਂ, ਉੱਦਮਤਾ, ਹੁਨਰ ਵਿਕਾਸ, ਨੌਕਰੀਆਂ ਤੇ ਪਲੇਸਮੈਂਟ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਪ੍ਰਿੰਸੀਪਲ ਡਾ. ਨਰਿੰਦਰ ਸਿੰਘ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਆਖਦਿਆਂ ਕਾਲਜ ਤੇ ਵਿਦਿਆਰਥੀਆਂ ਦੀਆਂ ਅਕਾਦਮਿਕ, ਖੇਡਾਂ, ਸੱਭਿਆਚਾਰਕ ਗਤੀਵਿਧੀਆਂ, ਪਲੇਸਮੈਂਟ ਤੇ ਹੋਰ ਵੱਖ-ਵੱਖ ਖੇਤਰਾਂ ਵਿੱਚ ਪ੍ਰਾਪਤ ਕੀਤੀਆਂ ਸ਼ਾਨਦਾਰ ਉਪਲਬਧੀਆਂ ਬਾਰੇ ਜਾਣਕਾਰੀ ਦਿੱਤੀ।ਇਸ ਤੋਂ ਇਲਾਵਾ ਕਾਲਜ ਦੇ ਪਲੇਸਮੈਂਟ ਅਫ਼ਸਰ ਡਾ. ਨਿਤਿਕਾ ਗੋਇਲ ਨੇ ਵਿਦਿਆਰਥੀਆਂ ਨੂੰ ਪਲੇਸਮੈਂਟ ਸੈੱਲ ਦੀਆਂ ਪ੍ਰਾਪਤੀਆਂ ਤੇ ਕਾਰਜ-ਪ੍ਰਣਾਲੀ ਤੋਂ ਜਾਣੂ ਕਰਵਾਇਆ।ਇਸ ਮੌਕੇ ਡਾ. ਤਨੂਪ੍ਰੀਤ ਕੌਰ, ਸਕਾਲਰਸ਼ਿਪ ਇੰਚਾਰਜ ਨੇ ਵਿਦਿਆਰਥੀਆਂ ਨੂੰ ਵੱਖ-ਵੱਖ ਸਕਾਲਰਸ਼ਿਪ ਸਕੀਮਾਂ ਤੇ ਵਿੱਤੀ ਸਹਾਇਤਾ ਦੇ ਮੌਕਿਆਂ ਬਾਰੇ ਜਾਣਕਾਰੀ ਦਿੱਤੀ।ਇਸ ਮੌਕੇ ਮੰਚ ਸੰਚਾਲਨ ਗੁਰਦੀਪ ਸਿੰਘ ਨੇ ਕੀਤਾ।ਇਸ ਮੌਕੇ ਸਮੂਹ ਟੀਚਿੰਗ ਤੇ ਨਾਨ-ਟੀਚਿੰਗ ਸਟਾਫ਼ ਹਾਜ਼ਰ ਸੀ।

## ਕੌਂਸਲਰ ਮਨਦੀਪ ਕੱਕੜ ਦੀਆਂ ਕੋਸ਼ਿਸ਼ਾਂ ਨੂੰ ਮਿਲੀ ਸਫ਼ਲਤਾ, ਬਣੇਗਾ ਆਧੁਨਿਕ ਪਾਰਕ

### ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦਾ ਕੌਂਸਲਰ ਨੇ ਕੀਤਾ ਧੰਨਵਾਦ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਨਗਰ ਕੌਂਸਲ ਬਾਘਾ ਪੁਰਾਣਾ ਅਧੀਨ ਪੈਂਦੇ ਵਾਰਡ ਨੰਬਰ 6 ਦੇ ਕੌਂਸਲਰ ਮਨਦੀਪ ਕੱਕੜ ਦੀਆਂ ਲਗਾਤਾਰ ਕੋਸ਼ਿਸ਼ਾਂ ਨੂੰ ਉਸ ਵੇਲੇ ਵੱਡੀ ਸਫ਼ਲਤਾ ਮਿਲੀ, ਜਦੋਂ ਕਾਲੇਕੇ ਰੋਡ 'ਤੇ ਬਾਬਾ ਬੂਟਾ ਸ਼ਾਹ ਜੀ ਦੀ ਕਬਰ ਨੇੜੇ ਸਥਿਤ ਗੰਦਗੀ ਨਾਲ ਭਰਿਆ ਛੱਪੜ ਹੁਣ ਇੱਕ ਅਤਿ-ਆਧੁਨਿਕ ਪਾਰਕ ਵਿੱਚ ਤਬਦੀਲ ਹੋਣ ਜਾ ਰਿਹਾ ਹੈ।ਕਰੀਬ 70 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲਾ ਇਹ ਪਾਰਕ ਇਲਾਕੇ ਦੇ ਲੋਕਾਂ ਲਈ ਸੈਰ, ਕਸਰਤ ਤੇ ਮਨੋਰੰਜਨ ਦਾ ਪ੍ਰਮੁੱਖ ਕੇਂਦਰ ਬਣੇਗਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਕੌਂਸਲਰ ਮਨਦੀਪ ਕੱਕੜ ਨੇ ਕਿਹਾ ਕਿ ਉਹ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੇ ਧੰਨਵਾਦੀ ਹਨ, ਜਿਨ੍ਹਾਂ ਨੇ ਉਨ੍ਹਾਂ ਵੱਲੋਂ ਰੱਖੀ ਗਈ ਪਾਰਕ ਦੀ ਮੰਗ ਨੂੰ ਤਰਜੀਹ ਦਿੰਦਿਆਂ ਇਸ ਪ੍ਰਾਜੈਕਟ ਲਈ ਫੰਡ ਮਨਜ਼ੂਰ ਕਰਵਾਏ।ਉਨ੍ਹਾਂ ਕਿਹਾ ਕਿ ਲੰਬੇ ਸਮੇਂ ਤੋਂ ਲੋਕ ਇਸ ਜਗ੍ਹਾ ਨੂੰ ਸੁੰਦਰ ਪਾਰਕ ਵਜੋਂ ਵਿਕਸਤ ਕਰਨ ਦੀ ਮੰਗ ਕਰ ਰਹੇ ਸਨ ਅਤੇ ਹੁਣ ਇਹ ਸੁਪਨਾ ਸਾਕਾਰ ਹੋਣ ਜਾ ਰਿਹਾ ਹੈ।ਮਨਦੀਪ ਕੱਕੜ ਨੇ ਦੱਸਿਆ ਕਿ ਪਾਰਕ ਦਾ ਨਿਰਮਾਣ ਕੰਮ ਜਲਦ ਸ਼ੁਰੂ ਹੋਵੇਗਾ ਤੇ ਕਰੀਬ ਚਾਰ ਮਹੀਨਿਆਂ ਦੇ ਅੰਦਰ ਇਸ ਨੂੰ ਮੁਕੰਮਲ ਕਰਕੇ ਸ਼ਹਿਰ ਵਾਸੀਆਂ ਨੂੰ ਸਮਰਪਤ ਕਰ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਪਾਰਕ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕੀਤਾ ਜਾਵੇਗਾ ਤਾਂ ਜੋ ਹਰ ਉਮਰ ਵਰਗ ਦੇ ਲੋਕ ਇਸ ਦਾ ਲਾਭ ਲੈ ਸਕਣ।ਇਲਾਕਾ ਵਾਸੀਆਂ ਨੇ ਇਸ ਪ੍ਰਾਜੈਕਟ ਲਈ ਕੌਂਸਲਰ ਮਨਦੀਪ ਕੱਕੜ ਤੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਪਾਰਕ ਨਾ ਸਿਰਫ਼ ਵਾਰਡ ਨੰਬਰ 6 ਦੀ ਦਿੱਖ ਬਦਲੇਗਾ, ਸਗੋਂ ਲੋਕਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਵੀ ਪ੍ਰੇਰਿਤ ਕਰੇਗਾ।ਸ਼ਹਿਰ ਦੇ ਵਿਕਾਸ ਵਿੱਚ ਇਹ ਪ੍ਰਾਜੈਕਟ ਇੱਕ ਮਹੱਤਵਪੂਰਨ ਕਦਮ ਸਾਬਿਤ ਹੋਵੇਗਾ।

## ਗੱਗੜਪੁਰ 'ਚ ਗੁਰੂ ਰਵਿਦਾਸ ਜੀ ਦੇ ਜੀਵਨ 'ਤੇ ਅਧਾਰਤ ਡਾਕੂਮੈਂਟਰੀ ਦਿਖਾਈ



**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਚਲਾਈ ਜਾ ਰਹੀ ਵਿਸ਼ੇਸ਼ ਜਾਗਰੂਕਤਾ ਮੁਹਿੰਮ ਤਹਿਤ ਪਿੰਡ ਗੱਗੜਪੁਰ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਉਪਦੇਸ਼ਾਂ ਤੇ ਸਮਾਜ ਨੂੰ ਦਿੱਤੇ ਅਮੁੱਲੇ ਯੋਗਦਾਨ 'ਤੇ ਅਧਾਰਤ ਡਾਕੂਮੈਂਟਰੀ ਦਾ ਪ੍ਰਦਰਸ਼ਨ ਕੀਤਾ ਗਿਆ ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਡਾਕੂਮੈਂਟਰੀ ਵੇਖਦਿਆਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ ਸੰਘਰਸ਼, ਮਨੁੱਖਤਾ, ਸਮਾਨਤਾ, ਭਾਈਚਾਰਕ ਸਾਂਝ ਤੇ ਸਮਾਜਿਕ ਨਿਆਂ ਦੇ ਸੰਦੇਸ਼ ਨੂੰ ਨੇੜਿਓਂ ਜਾਣਿਆ।ਪਿੰਡ ਦੇ ਸਰਪੰਚ ਕੁਲਵਿੰਦਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸ਼ਰਧਾ ਤੇ ਸਤਿਕਾਰ ਨਾਲ ਮਨਾਉਂਦਿਆਂ ਉਨ੍ਹਾਂ ਦੇ ਜੀਵਨ ਤੇ ਸਿੱਖਿਆਵਾਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਇਹ ਵਿਲੱਖਣ ਉਪਰਾਲਾ ਕੀਤਾ ਜਾ ਰਿਹਾ ਹੈ।ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਤੇ ਸਮਾਜ ਵਿੱਚ ਆਪਸੀ ਪਿਆਰ, ਸਦਭਾਵਨਾ ਤੇ ਬਰਾਬਰੀ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨ ਲਈ ਯੋਗਦਾਨ ਪਾਉਣ।

## ਇੰਟਰ-ਜ਼ੋਨ ਕੁਸ਼ਤੀ ਮੁਕਾਬਲੇ 'ਚ ਅਕਾਲ ਅਕੈਡਮੀ ਦਾ ਸ਼ਾਨਦਾਰ ਪ੍ਰਦਰਸ਼ਨ



**ਚੀਮਾ ਮੰਡੀ (ਰਵਿੰਦਰ ਚੀਮਾ)**-ਕਲਗੀਧਰ ਟਰੱਸਟ ਬੜੂ ਸਾਹਿਬ ਵੱਲੋਂ ਸੰਚਾਲਿਤ ਅਕਾਲ ਅਕੈਡਮੀ ਚੀਮਾ ਸਾਹਿਬ ਦੇ ਵਿਦਿਆਰਥੀਆਂ ਨੇ ਇੰਟਰ-ਜ਼ੋਨ ਕੁਸ਼ਤੀ ਮੁਕਾਬਲਾ 2026-27 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ।ਵੱਖ-ਵੱਖ ਭਾਰ ਵਰਗਾਂ ਵਿੱਚ ਵਿਦਿਆਰਥੀਆਂ ਨੇ ਪਹਿਲੇ ਸਥਾਨ ਹਾਸਲ ਕਰਕੇ ਆਪਣੀ ਕਾਬਲੀਅਤ, ਮਿਹਨਤ ਤੇ ਖੇਡ ਪ੍ਰਤੀ ਸਮਰਪਣ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਫ੍ਰੀ-ਸਟਾਈਲ ਕੁਸ਼ਤੀ ਮੁਕਾਬਲਿਆਂ ਵਿੱਚ ਗੁਰਵਿੰਦਰ ਸਿੰਘ (ਜਮਾਤ 8ਵੀਂ, 60 ਕਿਲੋਗ੍ਰਾਮ), ਮੇਹਰਵਾਨ ਸਿੰਘ (ਜਮਾਤ 8ਵੀਂ, 66 ਕਿਲੋਗ੍ਰਾਮ) ਤੇ ਅਰਮਾਨ ਸਿੰਘ (ਜਮਾਤ 6ਵੀਂ, 75 ਕਿਲੋਗ੍ਰਾਮ) ਨੇ ਆਪਣੇ-ਆਪਣੇ ਭਾਰ ਵਰਗ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ।ਇਸੇ ਤਰ੍ਹਾਂ ਗ੍ਰੀਕੋ-ਰੋਮਨ ਕੁਸ਼ਤੀ ਵਿੱਚ ਰਿਜਾਜਵੀਰ ਸਿੰਘ (ਜਮਾਤ +1 ਆਰਟਸ, 60 ਕਿਲੋਗ੍ਰਾਮ) ਨੇ ਵੀ ਪਹਿਲਾ ਸਥਾਨ ਹਾਸਲ ਕਰਕੇ ਅਕੈਡਮੀ ਨੂੰ ਮਾਣ ਮਹਿਸੂਸ ਕਰਵਾਇਆ। ਇਨ੍ਹਾਂ ਚਾਰਾਂ ਵਿਦਿਆਰਥੀਆਂ ਦੀ ਚੋਣ ਹੁਣ ਜ਼ਿਲ੍ਹਾ ਪੱਧਰੀ ਕੁਸ਼ਤੀ ਮੁਕਾਬਲਿਆਂ ਲਈ ਹੋਈ ਹੈ, ਜੋ ਅਕੈਡਮੀ ਲਈ ਮਾਣ ਤੇ ਖੁਸ਼ੀ ਦੀ ਗੱਲ ਹੈ।ਇਸ ਸ਼ਾਨਦਾਰ ਪ੍ਰਾਪਤੀ 'ਤੇ ਅਕੈਡਮੀ ਦੀ ਪ੍ਰਿੰਸੀਪਲ ਨੀਨਾ ਸ਼ਰਮਾ ਨੇ ਜੇਤੂ ਵਿਦਿਆਰਥੀਆਂ ਨੂੰ ਦਿਲੋਂ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਮਿਹਨਤ, ਅਨੁਸ਼ਾਸਨ ਤੇ ਦ੍ਰਿੜ੍ਹ ਇਰਾਦੇ ਨੇ ਇਹ ਸਫ਼ਲਤਾ ਸੰਭਵ ਬਣਾਈ ਹੈ।ਉਨ੍ਹਾਂ ਸਕੂਲ ਦੇ ਡੀ.ਪੀ.ਈ. ਸ੍ਰੀ ਰਾਜਨ ਵਰਮਾ ਦੀ ਮਿਹਨਤ, ਸਮਰਪਣ ਤੇ ਪ੍ਰਭਾਵਸ਼ਾਲੀ ਸਿਖਲਾਈ ਦੀ ਵੀ ਵਿਸ਼ੇਸ਼ ਸਰਾਹਨਾ ਕੀਤੀ, ਜਿਨ੍ਹਾਂ ਦੀ ਰਹਿਨੁਮਾਈ ਹੇਠ ਵਿਦਿਆਰਥੀਆਂ ਨੇ ਇਹ ਸ਼ਾਨਦਾਰ ਉਪਲਬਧੀ ਹਾਸਲ ਕੀਤੀ।

## ਸ਼ਹੀਦ ਊਧਮ ਸਿੰਘ ਦੀ ਸੋਚ ਨੂੰ ਘਰ-ਘਰ ਪਹੁੰਚਾਉਣ ਲਈ ਜਾਗਰੂਕਤਾ ਮੁਹਿੰਮ ਜਾਰੀ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਇਨਕਲਾਬੀ ਵਿਰਾਸਤ ਪ੍ਰਚਾਰ ਮੰਚ ਪੰਜਾਬ ਵੱਲੋਂ ਸ਼ਹੀਦਾਂ ਦੀ ਇਨਕਲਾਬੀ ਵਿਰਾਸਤ ਤੇ ਸ਼ਹੀਦ ਊਧਮ ਸਿੰਘ ਦੀ ਸਹੀ ਸੋਚ ਨੂੰ ਘਰ-ਘਰ ਪਹੁੰਚਾਉਣ ਦੇ ਉਦੇਸ਼ ਨਾਲ ਮਨਾਏ ਜਾ ਰਹੇ ਪੰਦਰਵਾੜੇ ਤਹਿਤ ਸਥਾਨਕ ਸ਼ਹੀਦ ਊਧਮ ਸਿੰਘ ਸਕੂਲ ਆਫ਼ ਐਮੀਨੈਂਸ ਸੁਨਾਮ ਊਧਮ ਸਿੰਘ ਵਾਲਾ ਵਿਖੇ ਵਿਸ਼ੇਸ਼ ਜਾਗਰੂਕਤਾ ਸਮਾਗਮ ਕਰਵਾਇਆ ਗਿਆ।ਸਮਾਗਮ ਦੌਰਾਨ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਸ਼ਹੀਦ ਊਧਮ ਸਿੰਘ ਦੇ ਜੀਵਨ, ਉਨ੍ਹਾਂ ਦੇ ਸੰਘਰਸ਼, ਦੇਸ਼ ਪ੍ਰਤੀ ਸਮਰਪਣ ਤੇ ਇਨਸਾਫ਼ ਲਈ ਦਿੱਤੀ ਮਹਾਨ ਕੁਰਬਾਨੀ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ।ਇਸ ਮੌਕੇ ਇਨਕਲਾਬੀ ਵਿਰਾਸਤ ਪ੍ਰਚਾਰ ਮੰਚ ਵੱਲੋਂ ਸ਼ਹੀਦ ਊਧਮ ਸਿੰਘ ਦੇ ਜੀਵਨ, ਵਿਚਾਰਾਂ ਤੇ ਇਤਿਹਾਸਕ ਯੋਗਦਾਨ ਬਾਰੇ ਤਿਆਰ ਕੀਤੀ ਗਈ ਦੋਵਰਕੀ (ਪੈਂਫ਼ਲੈਟ) ਵਿਦਿਆਰਥੀਆਂ ਤੇ ਅਧਿਆਪਕਾਂ ਵਿੱਚ ਵੰਡੀ ਗਈ।ਸਕੂਲ ਪ੍ਰਿੰਸੀਪਲ ਅਨਿਲ ਜੈਨ ਨੇ ਇਨਕਲਾਬੀ ਵਿਰਾਸਤ ਪ੍ਰਚਾਰ ਮੰਚ ਦੀ ਇਸ ਪਹਿਲ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਸਮਾਗਮ ਵਿਦਿਆਰਥੀਆਂ ਵਿੱਚ ਇਤਿਹਾਸ ਪ੍ਰਤੀ ਜਾਗਰੂਕਤਾ ਤੇ ਦੇਸ਼-ਪ੍ਰੇਮ ਦੀ ਭਾਵਨਾ ਪੈਦਾ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਇਸ ਮੌਕੇ ਸੰਜੀਵ ਕੁਮਾਰ, ਬਲਵੀਰ ਲੌਂਗੋਵਾਲ ਸਮੇਤ ਸਮੂਹ ਅਧਿਆਪਕ ਹਾਜ਼ਰ ਸਨ।ਸਮਾਗਮ ਦੌਰਾਨ ਅਧਿਆਪਕਾਂ ਨੇ ਵੀ ਵਿਦਿਆਰਥੀਆਂ ਨੂੰ ਸ਼ਹੀਦ ਊਧਮ ਸਿੰਘ ਦੇ ਆਦਰਸ਼ਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਤੇ ਸਮਾਜ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨੂੰ ਇਮਾਨਦਾਰੀ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ।

## ਜ਼ੋਨ ਪੱਧਰੀ ਖੇਡਾਂ 'ਚ ਨੈਸ਼ਨਲ ਪਬਲਿਕ ਸਕੂਲ ਛਾਜਲੀ ਅੱਵਲ



**ਦਿੜ੍ਹਬਾ (ਜਸਵੀਰ ਲਾਡੀ)**-ਇੱਥੋਂ ਨਾਲ ਦੇ ਪਿੰਡ ਛਾਜਲੀ ਦੇ ਨੈਸ਼ਨਲ ਪਬਲਿਕ ਸਕੂਲ ਛਾਜਲੀ ਦੇ ਐੱਮ. ਡੀ. ਮੈਡਮ ਪ੍ਰਵੀਨ ਅਖ਼ਤਰ ਤੇ ਪ੍ਰਿੰਸੀਪਲ ਮੈਡਮ ਮਮਤਾ ਆਨੰਦ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਕੂਲ ਜ਼ੋਨ ਪੱਧਰੀ ਖੇਡਾਂ (ਸੁਨਾਮ) ਰੱਸਾਕਸੀ ਅੰਡਰ-14 ਸਾਲ ਮੁੰਡਿਆਂ 'ਚ ਨੈਸ਼ਨਲ ਪਬਲਿਕ ਸਕੂਲ ਛਾਜਲੀ ਨੇ ਪਹਿਲਾ, ਸ੍ਰੀ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਛਾਜਲੀ ਨੇ ਦੂਜਾ ਤੇ ਸਰਕਾਰੀ ਸੈਕੰਡਰੀ ਸਕੂਲ ਖਡਿਆਲ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਰੱਸਾ ਕੱਸੀ ਅੰਡਰ-17 ਸਾਲ ਮੁੰਡਿਆਂ 'ਚ ਨੈਸ਼ਨਲ ਪਬਲਿਕ ਸਕੂਲ ਛਾਜਲੀ ਨੇ ਪਹਿਲਾ, ਸਰਕਾਰੀ ਸੈਕੰਡਰੀ ਸਕੂਲ ਖਡਿਆਲ ਨੇ ਦੂਜਾ ਤੇ ਆਦਰਸ਼ ਸਕੂਲ ਸੁਨਾਮ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਰੱਸਾਕਸੀ ਅੰਡਰ 19 ਸਾਲ ਮੁੰਡਿਆਂ 'ਚ ਨੈਸ਼ਨਲ ਪਬਲਿਕ ਸਕੂਲ ਛਾਜਲੀ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।


## ਰੋਟਰੀ ਕਲੱਬ ਸੈਂਟਰਲ ਵੱਲੋਂ ਚਿਲਡਰਨਜ਼ ਪਾਰਕ ਵਿਖੇ ਪੌਦੇ ਲਗਾਉਣ ਦੀ ਮੁਹਿੰਮ ਸ਼ੁਰੂ

### ਨਗਰ ਕੌਂਸਲ ਪ੍ਰਧਾਨ ਤੇ ਡਿਸਟ੍ਰਿਕਟ ਗਵਰਨਰ ਨੇ ਕੀਤੀ ਸ਼ਿਰਕਤ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਵਾਤਾਵਰਣ ਨੂੰ ਹਰਿਆ ਭਰਿਆ ਤੇ ਪ੍ਰਦੂਸ਼ਣ ਰਹਿਤ ਰੱਖਣ ਦੇ ਉੱਦੇਸ਼ ਨਾਲ ਰੋਟਰੀ ਕਲੱਬ ਸਮਾਣਾ ਸੈਂਟਰਲ ਵੱਲੋਂ ਕਲੱਬ ਪ੍ਰਧਾਨ ਰੋਟੇਰੀਅਨ ਪ੍ਰਦੀਪ ਗੋਇਲ ਮਿੰਕਾਂ ਤੇ ਸੈਕਟਰੀ ਰੋਟੇਰੀਅਨ ਰਾਜੇਸ਼ ਗੋਇਲ ਲੱਕੀ ਦੀ ਅਗਵਾਈ ਵਿੱਚ ਚਿਲਡਰਨਜ਼ ਮੈਮੋਰੀਅਲ ਪਾਰਕ ਵਿਖੇ ਪੌਦੇ ਲਗਾਉਣ ਦੀ ਵਿਸ਼ੇਸ਼ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ।ਇਸ ਮੁਹਿੰਮ ਵਿੱਚ ਨਗਰ ਕੌਂਸਲ ਸਮਾਣਾ ਦੇ ਪ੍ਰਧਾਨ ਕਪੂਰ ਚੰਦ ਬਾਂਸਲ ਤੇ ਰੋਟਰੀ ਕਲੱਬ ਦੇ ਡਿਸਟ੍ਰਿਕਟ ਗਵਰਨਰ ਰੋਟੇਰੀਅਨ ਸੀ.ਏ. ਅਮਿਤ ਸਿੰਗਲਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਨਗਰ ਕੌਂਸਲ ਦੇ ਪ੍ਰਧਾਨ ਕਪੂਰ ਚੰਦ ਬਾਂਸਲ ਤੇ ਰੋਟਰੀ ਕਲੱਬ ਦੇ ਡਿਸਟ੍ਰਿਕਟ ਗਵਰਨਰ ਰੋਟੇਰੀਅਨ ਸੀ.ਏ. ਅਮਿਤ ਸਿੰਗਲਾ ਨੇ ਰੋਟਰੀ ਕਲੱਬ ਸਮਾਣਾ ਸੈਂਟਰਲ ਦੇ ਕੰਮਾਂ ਦੀ ਭਰਪੂਰ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਇਹ ਕਲੱਬ ਜਿੱਥੇ ਸ਼ਹਿਰ ਵਿੱਚ ਪੌਦੇ ਲਗਾ ਕੇ ਵਾਤਾਵਰਨ ਨੂੰ ਸ਼ੁੱਧ ਬਣਾਉਣ ਵਿੱਚ ਅਹਿਮ ਰੋਲ ਅਦਾ ਕਰ ਰਿਹਾ ਹੈ, ਉੱਥੇ ਹੀ ਸਾਡਾ ਸਾਰਿਆਂ ਦਾ ਵੀ ਫਰਜ਼ ਬਣਦਾ ਹੈ ਕਿ ਅਸੀਂ ਆਪਣੇ ਜਨਮ ਦਿਨ ਜਾਂ ਕਿਸੇ ਹੋਰ ਖੁਸ਼ੀ ਦੇ ਮੌਕੇ 'ਤੇ ਇੱਕ ਪੌਦਾ ਜ਼ਰੂਰ ਲਗਾਈਏ ਤੇ ਉਸ ਦੀ ਬੱਚਿਆਂ ਵਾਂਗ ਦੇਖਭਾਲ ਕਰੀਏ।ਪ੍ਰੋਜੈਕਟ ਚੇਅਰਮੈਨ ਰੋਟੇਰੀਅਨ ਅਸ਼ੋਕ ਮੌਦਗਿਲ ਨੇ ਮੁਹਿੰਮ ਵਿੱਚ ਸ਼ਾਮਲ ਹੋਣ ਲਈ ਨਗਰ ਕੌਂਸਲ ਪ੍ਰਧਾਨ ਕਪੂਰ ਚੰਦ ਬਾਂਸਲ ਤੇ ਡਿਸਟ੍ਰਿਕਟ ਗਵਰਨਰ ਅਮਿਤ ਸਿੰਗਲਾ ਦਾ ਧੰਨਵਾਦ ਕੀਤਾ।

## ਕੁਦਰਤ ਦੇ ਰਾਖੇ ਚੈਰੀਟੇਬਲ ਟਰੱਸਟ ਵੱਲੋਂ ਫਰੂਟ ਦਾ ਲੰਗਰ



**ਜਗਰਾਉਂ (ਅਮਿਤ ਖੰਨਾ)**-ਕੁਦਰਤ ਦੇ ਰਾਖੇ ਚੈਰੀਟੇਬਲ ਟਰੱਸਟ ਵੱਲੋਂ ਜਗਰਾਉਂ ਨਜ਼ਦੀਕ ਪਿੰਡ ਲੀਲਾ ਮੇਘ ਸਿੰਘ ਦੇ ਸਰਕਾਰੀ ਪ੍ਰਾਇਮਰੀ ਸਕੂਲ ਦੇ ਬੱਚਿਆਂ ਲਈ ਫਰੂਟ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਚੈਰੀਟੇਬਲ ਟਰੱਸਟ ਦੇ ਚੇਅਰਮੈਨ ਰਜਿੰਦਰ ਜੈਨ ਕਾਕਾ ਨੇ ਕਿਹਾ ਕਿ ਬੱਚਿਆਂ ਦੀ ਸਿਹਤ ਲਈ ਫਰੂਟ ਬਹੁਤ ਲਾਭਦਾਇਕ ਹੈ ਤੇ ਬੱਚਿਆਂ ਦੀ ਸਿਹਤ ਨੂੰ ਮੁੱਖ ਰੱਖਦੇ ਹੋਏ ਇਹ ਲੰਗਰ ਲਗਾਇਆ ਗਿਆ ਹੈ। ਸਕੂਲ ਦੇ 200 ਦੇ ਕਰੀਬ ਬੱਚਿਆਂ ਲਈ ਡਾਕਟਰ ਗੁਰਚਰਨ ਸਿੰਘ ਯੂਐੱਸਏ ਦੇ ਸਹਿਯੋਗ ਨਾਲ ਲਗਾਏ ਲੰਗਰ ਸਮੇਂ ਚੇਅਰਮੈਨ ਰਜਿੰਦਰ ਜੈਨ ਕਾਕਾ ਨੇ ਦੱਸਿਆ ਕਿ ਕੁਦਰਤ ਦੇ ਰਾਖੇ ਟਰੱਸਟ ਵੱਲੋਂ ਜਿੱਥੇ ਵਾਤਾਵਰਨ ਦੀ ਸ਼ੁੱਧਤਾ ਲਈ ਲੋਕਾਂ ਨੂੰ ਉਸ ਜਾਗ੍ਰਿਤ ਕੀਤਾ ਜਾ ਰਿਹਾ ਹੈ, ਉੱਥੇ ਹੀ ਲੋੜਵੰਦ ਤੇ ਜ਼ਰੂਰਤਮੰਦ ਸੰਸਥਾਵਾਂ ਦੀ ਮਦਦ ਤੋਂ ਇਲਾਵਾ ਹੋਰ ਸਮਾਜ ਸੇਵਾ ਦੇ ਕੰਮਾਂ ਨੂੰ ਵੀ ਪਹਿਲ ਦਿੱਤੀ ਜਾ ਰਹੀ ਹੈ। ਇਸ ਮੌਕੇ ਕੈਪਟਨ ਨਰੇਸ਼ ਵਰਮਾ, ਮਨੀਸ਼ ਸ਼ਰਮਾ, ਸੋਨੂ ਸਮੇਤ ਸਕੂਲ ਇੰਚਾਰਜ ਹਾਜ਼ਰ ਸਨ।

# ਜ਼ਿਲ੍ਹਾ ਸੰਗਰੂਰ ਦੀ ਟਾਊਨ ਪਲਾਨਿੰਗ ਵਿਭਾਗ ਦੀ ਕਾਰਗੁਜ਼ਾਰੀ ਵੱਲ ਨਜ਼ਰ ਮਾਰਨ ਮੁੱਖ ਮੰਤਰੀ : ਬਾਂਸਲ, ਸਿੰਗਲਾ




ਧੂਰੀ, (ਮਹਿੰਦਰ ਗਰਗ, ਮਨੋਹਰ ਸੱਗੂ, ਬਿਨੀ ਗਰਗ) ਸੰਗਰੂਰ ਡਿਸਟ੍ਰਿਕਟ ਇੰਡਸਟਰੀਅਲ ਚੈਂਬਰ ਬਲਾਕ ਧੂਰੀ ਦੇ ਪ੍ਰਧਾਨ ਸ਼ਸ਼ੀ ਭੂਸ਼ਣ ਬਾਂਸਲ ਤੇ ਸੀਨੀਅਰ ਮੀਤ ਪ੍ਰਧਾਨ ਰਾਜੇਸ਼ ਸਿੰਗਲਾ ਸੈਂਟੀ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਜ਼ਿਲ੍ਹਾ ਸੰਗਰੂਰ ਦੇ ਟਾਊਨ ਪਲਾਨਿੰਗ ਵਿਭਾਗ ਦੇ ਕੰਮਕਾਜ ਦੀ ਤੁਰੰਤ ਸਮੀਖਿਆ ਕੀਤੀ ਜਾਵੇ।ਉਦਯੋਗਿਕ ਆਗੂਆਂ ਨੇ ਚਿੰਤਾ ਪ੍ਰਗਟਾਉਂਦਿਆਂ ਕਿਹਾ ਕਿ ਇੱਕ ਪਾਸੇ ਤਾਂ ਮੁੱਖ ਮੰਤਰੀ ਪੰਜਾਬ ਸੂਬੇ ਵਿੱਚ ਨਿਵੇਸ਼ ਵਧਾਉਣ ਤੇ ਨਵੇਂ ਉਦਯੋਗ ਸਥਾਪਤ ਕਰਨ ਲਈ ਵੱਡੇ ਦਾਅਵੇ ਕਰ ਰਹੇ ਹਨ, ਪਰ ਦੂਜੇ ਪਾਸੇ ਪ੍ਰਸ਼ਾਸਨਿਕ ਸੁਸਤੀ ਤੇ ਵਿਭਾਗੀ ਅੜਿੱਕੇ ਇਨ੍ਹਾਂ ਕੋਸ਼ਿਸ਼ਾਂ 'ਤੇ ਪਾਣੀ ਫੇਰ ਰਹੇ ਹਨ।

ਸ੍ਰੀ ਬਾਂਸਲ ਤੇ ਸਿੰਗਲਾ ਨੇ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ ਕਿ ਕਈ ਸਨਅਤਕਾਰ ਪੰਜਾਬ ਵਿੱਚ ਆਪਣੇ ਨਵੇਂ ਪ੍ਰੋਜੈਕਟ ਲਗਾਉਣ ਅਤੇ ਕਰੋੜਾਂ ਰੁਪਏ ਦਾ ਨਿਵੇਸ਼ ਕਰਨ ਲਈ ਪੂਰੀ ਤਰ੍ਹਾਂ ਤਿਆਰ ਹਨ, ਪ੍ਰੰਤੂ ਟਾਊਨ ਪਲਾਨਿੰਗ ਵਿਭਾਗ ਦੀ ਢਿੱਲੀ ਅਤੇ ਗੁੰਝਲਦਾਰ ਕਾਰਵਾਈ ਨਿਵੇਸ਼ਕਾਂ ਲਈ ਵੱਡੀ ਮੁਸ਼ਕਲ ਬਣੀ ਹੋਈ ਹੈ।ਇਸ ਤੋਂ ਵੀ ਵੱਧ ਮੰਦਭਾਗੀ ਗੱਲ ਇਹ ਹੈ ਕਿ ਵਿਭਾਗੀ ਅਧਿਕਾਰੀਆਂ ਦਾ ਅਸਹਿਯੋਗੀ ਵਰਤਾਅ ਉਦਯੋਗਪਤੀਆਂ ਦੇ ਹੌਂਸਲੇ ਪਸਤ ਕਰ ਰਿਹਾ ਹੈ।ਪ੍ਰਵਾਨਗੀਆਂ ਲੈਣ ਲਈ ਮਹੀਨਿਆਂ ਤੱਕ ਦਫ਼ਤਰਾਂ ਦੇ ਗੇੜੇ ਮਾਰਨੇ ਪੈਂਦੇ ਹਨ, ਜਿਸ ਨਾਲ ਸਮਾਂ ਤੇ ਪੈਸਾ ਦੋਵੇਂ ਬਰਬਾਦ ਹੁੰਦੇ ਹਨ।

ਆਗੂਆਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਹਾਲਾਤ ਅਜਿਹੇ ਹੀ ਰਹੇ ਤਾਂ ਪੰਜਾਬ ਦਾ ਉਦਯੋਗਿਕ ਭਵਿੱਖ ਖ਼ਤਰੇ ਵਿੱਚ ਪੈ ਸਕਦਾ ਹੈ।ਵਿਭਾਗੀ ਖੱਜਲ-ਖੁਆਰੀ ਤੋਂ ਤੰਗ ਆ ਕੇ ਸਥਾਨਕ ਨਿਵੇਸ਼ਕ ਮਜਬੂਰਨ ਪੰਜਾਬ ਛੱਡ ਕੇ ਗੁਆਂਢੀ ਸੂਬਿਆਂ ਵਿੱਚ ਆਪਣੇ ਉਦਯੋਗ ਲਾਉਣ ਲਈ ਰੁਖ਼ ਕਰ ਰਹੇ ਹਨ, ਜਿੱਥੇ ਸਿੰਗਲ-ਵਿੰਡੋ ਸਿਸਟਮ ਅਤੇ ਉਦਯੋਗ-ਪੱਖੀ ਮਾਹੌਲ ਮਿਲਦਾ ਹੈ।ਇਸ ਨਾਲ ਪੰਜਾਬ ਨੂੰ ਨਾ ਸਿਰਫ਼ ਵਿੱਤੀ ਨੁਕਸਾਨ ਹੋ ਰਿਹਾ ਹੈ, ਸਗੋਂ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਵੀ ਹੱਥੋਂ ਨਿਕਲ ਰਹੇ ਹਨ।ਚੈਂਬਰ ਦੇ ਆਗੂਆਂ ਨੇ ਮੁੱਖ ਮੰਤਰੀ ਪੰਜਾਬ ਤੋਂ ਮੰਗ ਕੀਤੀ ਹੈ ਕਿ ਇਸ ਮਾਮਲੇ ਵਿੱਚ ਤੁਰੰਤ ਨਿੱਜੀ ਦਖ਼ਲ ਦੇ ਕੇ ਟਾਊਨ ਪਲਾਨਿੰਗ ਵਿਭਾਗ ਦੇ ਨਿਯਮਾਂ ਨੂੰ ਸਰਲ ਤੇ ਪਾਰਦਰਸ਼ੀ ਬਣਾਇਆ ਜਾਵੇ। ਅਧਿਕਾਰੀਆਂ ਦੀ ਜਵਾਬਦੇਹੀ ਤੈਅ ਕੀਤੀ ਜਾਵੇ ਤਾਂ ਜੁ ਉਦਯੋਗਪਤੀਆਂ ਨੂੰ ਬਿਨਾਂ ਕਿਸੇ ਖੱਜਲ-ਖੁਆਰੀ ਦੇ ਸਮੇਂ ਸਿਰ ਪ੍ਰਵਾਨਗੀਆਂ ਮਿਲ ਸਕਣ ਤੇ ਪੰਜਾਬ ਵਿੱਚ ਉਦਯੋਗਿਕ ਕ੍ਰਾਂਤੀ ਦਾ ਸੁਪਨਾ ਸਾਕਾਰ ਹੋ ਸਕੇ।

# ਪੈਨਸ਼ਨਰ ਸੰਗਰੂਰ ਰੈਲੀ 'ਚ ਵੱਡੀ ਗਿਣਤੀ 'ਚ ਸ਼ਾਮਲ ਹੋਣਗੇ



ਧੂਰੀ (ਮਨੋਹਰ ਸਿੰਘ ਸੱਗੂ/ਮਹਿੰਦਰ ਗਰਗ) ਗੌਰਮਿੰਟ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ (ਰਜਿ.) ਦੀ ਮੀਟਿੰਗ ਪ੍ਰਧਾਨ ਜੇ ਦੇਵ ਸ਼ਰਮਾ ਦੀ ਪ੍ਰਧਾਨਗੀ ਹੇਠ ਪੈਨਸ਼ਨ ਦਫ਼ਤਰ ਵਿੱਚ ਹੋਈ।ਮੀਟਿੰਗ ਵਿੱਚ 29 ਜੁਲਾਈ ਨੂੰ ਸੰਗਰੂਰ ਵਿਖੇ ਦੀ ਦਾਣਾ ਮੰਡੀ ਵਿੱਚ ਹੋਣ ਵਾਲੀ ਪੈਨਸ਼ਨਰਾਂ ਦੀ ਰੈਲੀ ਵਿੱਚ ਵੱਡੀ ਗਿਣਤੀ ਨਾਲ ਸ਼ਮੂਲੀਅਤ ਕਰਨ ਦਾ ਫ਼ੈਸਲਾ ਕੀਤਾ ਗਿਆ।ਬੁਲਾਰਿਆਂ ਨੇ ਦੋਸ਼ ਲਾਇਆ ਕਿ ਸਰਕਾਰ ਛੇਵੇਂ ਪੇ ਕਮਿਸ਼ਨ ਦੇ ਬਕਾਏ, 2.59 ਦੇ ਗੁਣਾਂਕ ਨਾਲ ਪੈਨਸ਼ਨ ਫਿਕਸ ਕਰਨ, 18 ਫ਼ੀਸਦੀ ਡੀਏ, ਮੈਡੀਕਲ ਭੱਤਾ ਵਧਾਉਣ ਤੇ ਅਦਾਲਤੀ ਫ਼ੈਸਲਿਆਂ ਨੂੰ ਲਾਗੂ ਕਰਨ ਵਿੱਚ ਟਾਲਮਟੋਲ ਕਰ ਰਹੀ ਹੈ।ਪੈਨਸ਼ਨ ਪੋਰਟਲ ਨੂੰ ਬੰਦ ਕਰਨ ਤੇ ਸਾਰੇ ਬਕਾਏ ਇਕਮੁਸ਼ਤ ਜਾਰੀ ਕਰਨ ਦੀ ਵੀ ਮੰਗ ਕੀਤੀ ਗਈ।ਮੀਟਿੰਗ ਦੌਰਾਨ ਸੀਨੀਅਰ ਸਿਟੀਜ਼ਨ ਐਸੋਸੀਏਸ਼ਨ ਦੇ ਨਵੇਂ ਅਹੁਦੇਦਾਰਾਂ ਦਾ ਸਨਮਾਨ ਵੀ ਕੀਤਾ ਗਿਆ।ਜੇ ਦੇਵ ਸ਼ਰਮਾ ਨੇ ਪੈਨਸ਼ਨਰਾਂ ਨੂੰ 29 ਜੁਲਾਈ ਨੂੰ ਸਵੇਰੇ 10 ਵਜੇ ਪੈਨਸ਼ਨ ਦਫ਼ਤਰ ਤੋਂ ਰਵਾਨਾ ਹੋਣ ਵਾਲੀ ਬੱਸ ਰਾਹੀਂ ਰੈਲੀ 'ਚ ਸ਼ਾਮਲ ਹੋਣ ਦੀ ਅਪੀਲ ਕੀਤੀ।

# ਸੁਰਜੀਤ ਸਿੰਘ ਲੋਹਾਰਾ ਨੂੰ ਮਿਲੀ ਸ਼੍ਰੋਮਣੀ ਅਕਾਲੀ ਦਲ ਦੇ ਐੱਸ ਸੀ ਵਿੰਗ ਹਲਕੇ ਦੀ ਜ਼ਿੰਮੇਵਾਰੀ



ਕੋਟ ਈਸੇ ਖਾਂ (ਅਰੋੜਾ) ਸ਼੍ਰੋਮਣੀ ਅਕਾਲੀ ਦਲ ਵੱਲੋਂ ਪਾਰਟੀ ਨੂੰ ਮਜ਼ਬੂਤ ਕਰਨ ਤੇ ਪਾਰਟੀ ਪ੍ਰਤੀ ਸਮਰਪਤ ਮਿਹਨਤੀ ਵਰਕਰਾਂ ਨੂੰ ਅੱਗੇ ਲਿਆਉਣ ਦੀ ਮੁਹਿੰਮ ਤਹਿਤ ਹਲਕਾ ਧਰਮਕੋਟ 'ਚ ਸ਼੍ਰੋਮਣੀ ਅਕਾਲੀ ਦਲ ਨੂੰ ਹੋਰ ਮਜ਼ਬੂਤ ਕਰਨ ਲਈ ਨਵੀਆਂ ਜ਼ਿੰਮੇਵਾਰੀਆਂ ਸੌਂਪੀਆਂ ਜਾ ਰਹੀਆਂ ਹਨ।ਇਸੇ ਲੜੀ ਤਹਿਤ ਸੁਰਜੀਤ ਸਿੰਘ ਲੋਹਾਰਾ ਨੂੰ ਸ਼੍ਰੋਮਣੀ ਅਕਾਲੀ ਦਲ ਐਸਸੀ ਵਿੰਗ ਹਲਕਾ ਧਰਮਕੋਟ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ।ਇਹ ਨਿਯੁਕਤੀ ਸਾਬਕਾ ਹਲਕਾ ਧਰਮਕੋਟ ਵਿਧੀ ਹਲਕਾ ਇੰਚਾਰਜ ਬਰਜਿੰਦਰ ਸਿੰਘ ਮੱਖਣ ਬਰਾੜ ਤੇ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਤਲਵੰਡੀ ਭੰਗੇਰੀਆਂ ਦੀ ਮੌਜੂਦਗੀ ਵਿੱਚ ਹੋਇਆ।ਆਗੂਆਂ ਨੇ ਸੁਰਜੀਤ ਸਿੰਘ ਲੋਹਾਰਾ ਨੂੰ ਨਵੀਂ ਜ਼ਿੰਮੇਵਾਰੀ ਸੌਂਪੀ ਤੇ ਵਧਾਈ ਦਿੰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਆਪਣੇ ਹਰ ਜੁਝਾਰੂ, ਮਿਹਨਤੀ ਤੇ ਇਮਾਨਦਾਰ ਵਰਕਰ ਦੀ ਕਦਰ ਕਰਦਾ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਯੋਗ ਵਰਕਰਾਂ ਨੂੰ ਬਣਦਾ ਮਾਣ-ਸਤਿਕਾਰ ਤੇ ਜ਼ਿੰਮੇਵਾਰੀਆਂ ਦਿੱਤੀਆਂ ਜਾਣਗੀਆਂ।ਨਵੀਂ ਜ਼ਿੰਮੇਵਾਰੀ ਮਿਲਣ ਉਪਰੰਤ ਸੁਰਜੀਤ ਸਿੰਘ ਲੋਹਾਰਾ ਨੇ ਪਾਰਟੀ ਦੀ ਸਮੁੱਚੀ ਸ਼੍ਰੋਮਣੀ ਅਕਾਲੀ ਦਲ ਹਾਈਕਮਾਂਡ, ਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ, ਸੁਖਬੀਰ ਸਿੰਘ ਬਾਦਲ ਹਲਕਾ ਇੰਚਾਰਜ ਬਰਜਿੰਦਰ ਸਿੰਘ ਮੱਖਣ ਬਰਾੜ, ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਤਲਵੰਡੀ ਭੰਗੇਰੀਆਂ ਅਤੇ ਸਮੂਹ ਸੀਨੀਅਰ ਆਗੂਆਂ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਜਤਾਏ ਗਏ ਭਰੋਸੇ 'ਤੇ ਉਹ ਪੂਰੀ ਤਨਦੇਹੀ ਨਾਲ ਖਰੇ ਉਤਰਨਗੇ ਤੇ ਹਲਕਾ ਧਰਮਕੋਟ ਵਿੱਚ ਪਾਰਟੀ ਨੂੰ ਮਜ਼ਬੂਤ ਕਰਨ ਲਈ ਦਿਨ-ਰਾਤ ਮਿਹਨਤ ਕਰਨਗੇ।ਉਨ੍ਹਾਂ ਇਹ ਵੀ ਕਿਹਾ ਕਿ ਉਹ ਐਸਸੀ ਵਿੰਗ ਨੂੰ ਬੂਥ ਪੱਧਰ ਤੱਕ ਹੋਰ ਸਰਗਰਮ ਕਰਕੇ ਵੱਧ ਤੋਂ ਵੱਧ ਨੌਜਵਾਨਾਂ ਤੇ ਵਰਕਰਾਂ ਨੂੰ ਪਾਰਟੀ ਨਾਲ ਜੋੜਨ ਗਏ।

# ਕਾਰ ਤੇ ਟਰੱਕ ਦੀ ਟੱਕਰ ਤੋਂ ਬਾਅਦ ਟਰੱਕ ਚਾਲਕ ਨਾਲ ਕਥਿਤ ਕੁੱਟਮਾਰ



ਜ਼ੀਰਕਪੁਰ (ਜਤਿੰਦਰ ਕੁਮਾਰ)- ਜ਼ੀਰਕਪੁਰ ਦੇ ਛੱਤ ਲਾਈਟ ਪੁਆਇੰਟ ਨੇੜੇ ਕਾਰ ਅਤੇ ਟਰੱਕ ਦੀ ਟੱਕਰ ਤੋਂ ਬਾਅਦ ਟਰੱਕ ਚਾਲਕ ਨਾਲ ਕਥਿਤ ਕੁੱਟਮਾਰ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਘਟਨਾ ਵਿੱਚ ਜ਼ਖ਼ਮੀ ਹੋਏ ਟਰੱਕ ਚਾਲਕ ਕਰਨ ਕੁਮਾਰ, ਵਾਸੀ ਨਾਲਾਗੜ੍ਹ (ਹਿਮਾਚਲ ਪ੍ਰਦੇਸ਼), ਨੂੰ ਇਲਾਜ ਲਈ ਢਕੋਲੀ ਦੇ ਸਰਕਾਰੀ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ ਹੈ।ਹਸਪਤਾਲ ਵਿੱਚ ਜ਼ੇਰੇ ਇਲਾਜ ਕਰਨ ਕੁਮਾਰ ਨੇ ਦੱਸਿਆ ਕਿ ਉਹ ਸਵੇਰੇ ਛੱਤ ਲਾਈਟ ਪੁਆਇੰਟ ਨੇੜੇ ਟਰੱਕ ਲੈ ਕੇ ਜਾ ਰਿਹਾ ਸੀ। ਉਸ ਦੇ ਅਨੁਸਾਰ ਇਸ ਦੌਰਾਨ ਅੱਗੇ ਚੱਲ ਰਹੀ ਇੱਕ ਕਾਰ ਨੇ ਅਚਾਨਕ ਬ੍ਰੇਕ ਲਗਾ ਦਿੱਤੀ, ਜਿਸ ਕਾਰਨ ਉਸ ਦਾ ਟਰੱਕ ਕਾਰ ਨਾਲ ਟਕਰਾ ਗਿਆ। ਕਰਨ ਕੁਮਾਰ ਦਾ ਦਾਅਵਾ ਹੈ ਕਿ ਹਾਦਸੇ ਤੋਂ ਬਾਅਦ ਕਾਰ ਵਿੱਚ ਸਵਾਰ ਵਿਅਕਤੀਆਂ ਨੇ ਉਸ ਨਾਲ ਕਥਿਤ ਕੁੱਟਮਾਰ ਕੀਤੀ।ਉਸ ਨੇ ਇਹ ਵੀ ਆਰੋਪ ਲਗਾਇਆ ਕਿ ਜਦੋਂ ਉਹ ਇਲਾਜ ਲਈ ਢਕੋਲੀ ਦੇ ਸਰਕਾਰੀ ਹਸਪਤਾਲ ਪਹੁੰਚਿਆ ਤਾਂ ਕਾਰ ਸਵਾਰ ਉੱਥੇ ਵੀ ਆ ਗਏ ਅਤੇ ਉਸ ਨਾਲ ਦੁਬਾਰਾ ਮਾਰਕੁੱਟ ਕੀਤੀ। ਕਰਨ ਕੁਮਾਰ ਨੇ ਦੱਸਿਆ ਕਿ ਮਾਮਲੇ ਦੀ ਸ਼ਿਕਾਇਤ ਪੁਲਸ ਨੂੰ ਦੇ ਦਿੱਤੀ ਗਈ ਹੈ।ਪੁਲਸ ਨੇ ਸ਼ਿਕਾਇਤ ਮਿਲਣ ਦੀ ਪੁਸ਼ਟੀ ਕਰਦਿਆਂ ਦੱਸਿਆ ਕਿ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਜਾਂਚ ਦੌਰਾਨ ਮਿਲਣ ਵਾਲੇ ਤੱਥਾਂ ਅਤੇ ਸਬੂਤਾਂ ਦੇ ਆਧਾਰ 'ਤੇ ਅਗਲੀ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਆਸ਼ੂ ਆਹੂਜਾ ਬਣੇ ਅਰੋੜਾ ਵੈਲਫੇਅਰ ਬੋਰਡ ਦੇ ਚੇਅਰਮੈਨ



ਮਾਨਸਾ (ਆਤਮਾ ਸਿੰਘ ਪਮਾਰ) ਪੰਜਾਬ ਸਰਕਾਰ ਵੱਲੋਂ ਮਾਨਸਾ ਦੇ ਉੱਦਮੀ ਨੌਜਵਾਨ ਤੇ ਸਮਾਜ ਸੇਵੀ ਆਸ਼ੂ ਅਹੂਜਾ ਨੂੰ ਅਰੋੜਾ ਵੈਲਫੇਅਰ ਬੋਰਡ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ।ਆਸ਼ੂ ਵੱਖ-ਵੱਖ ਧਾਰਮਿਕ ਤੇ ਸਮਾਜਿਕ ਜਥੇਬੰਦੀਆਂ, ਸਮਾਜਸੇਵੀ ਸੰਸਥਾਵਾਂ ਨਾਲ ਜੁੜੇ ਹੋਏ ਹਨ।ਉਨ੍ਹਾਂ ਦਾ ਕਹਿਣਾ ਹੈ ਕਿ ਪੰਜਾਬ ਸਰਕਾਰ ਨੇ ਜੋ ਮਾਣ-ਸਨਮਾਨ ਤੇ ਜ਼ਿੰਮੇਵਾਰੀ ਦਿੱਤੀ ਹੈ, ਉਹ ਉਸਨੂੰ ਪੂਰੀ ਤਨਦੇਹੀ, ਜ਼ਿੰਦਤ ਤੇ ਭਾਵਨਾ ਨਾਲ ਨਿਭਾਉਣਗੇ।ਉਨ੍ਹਾਂ ਕਿਹਾ ਕਿ ਅਰੋੜਾ ਵੈਲਫੇਅਰ ਬੋਰਡ ਲੋਕ ਸੇਵਾ, ਕਾਰਜਾਂ ਨੂੰ ਸਮਰਪਤ ਹੈ ਤੇ ਹੋਰਨਾਂ ਨੌਜਵਾਨਾਂ ਨੂੰ ਨਾਲ ਲੈ ਕੇ ਤਨਦੇਹੀ ਨਾਲ ਹਰ ਜ਼ਿੰਮੇਵਾਰੀ ਨਿਭਾਈ ਜਾਵੇਗੀ। ਰੇਲਵੇ ਪਾਣੀ ਸੇਵਾ ਦਲ ਮਾਨਸਾ ਦੇ ਪ੍ਰਧਾਨ ਹਰਬੰਸ ਭੀਲਾ, ਖਜਾਨਚੀ ਸਤੀਸ਼ ਬੌਬੀ ਤੇ ਮੀਡੀਆ ਇੰਚਾਰਜ ਮੱਖਣ ਗੋਇਲ ਨੰਗਲ ਨੇ ਆਸ਼ੂ ਅਹੂਜਾ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਅਜਿਹੇ ਉੱਦਮੀ ਤੇ ਸਮਾਜਸੇਵੀ ਨੌਜਵਾਨਾਂ ਨੂੰ ਜ਼ਿੰਮੇਵਾਰੀ ਦੇਣਾ ਬਹੁਤ ਹੀ ਸਲਾਹੁਣਯੋਗ ਉਪਰਾਲਾ ਹੈ।ਉਨ੍ਹਾਂ ਰੇਲਵੇ ਸੇਵਾ ਪਾਣੀ ਦਲ ਮਾਨਸਾ ਵੱਲੋਂ ਹਰ ਤਰ੍ਹਾਂ ਦਾ ਸਹਿਯੋਗ ਗੱਲ ਵੀ ਕਹੀ।

# ਅਰਵਿੰਦ ਨਗਰ 'ਚ ਸਪੀਕਰ ਨੇ ਕੀਤਾ ਓਪਨ ਜਿੰਮ ਦਾ ਉਦਘਾਟਨ




ਕੋਟਕਪੂਰਾ, (ਫ਼ਤਿਹਪਾਲ ਭੁੱਲਰ) ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਬਠਿੰਡਾ ਰੋਡ ਸਥਿਤ ਅਰਵਿੰਦ ਨਗਰ ਕਲੋਨੀ ਵਿੱਚ ਓਪਨ ਜਿੰਮ ਦਾ ਰੀਬਨ ਕੱਟ ਕੇ ਤੇ ਆਪ ਖੁਦ ਕੁੱਝ ਕਸਰਤਾਂ ਕਰਕੇ ਰਸਮੀ ਤੌਰ 'ਤੇ ਉਦਘਾਟਨ ਕੀਤਾ ਗਿਆ।ਅਰਵਿੰਦ ਨਗਰ ਵਿਕਾਸ ਕਮੇਟੀ ਕੋਟਕਪੂਰਾ (ਰਜਿ:) ਦੇ ਚੇਅਰਮੈਨ ਓਮ ਪ੍ਰਕਾਸ਼ ਗੋਇਲ ਨੇ ਸਮੂਹ ਹਾਜ਼ਰੀਨ ਨੂੰ ਜੀ ਆਇਆਂ ਕਿਹਾ।ਅਰਵਿੰਦ ਨਗਰ ਵਿਕਾਸ ਕਮੇਟੀ ਦੇ ਜਨਰਲ ਸਕੱਤਰ ਪ੍ਰਿੰਸ ਚਾਵਲਾ ਨੇ ਆਪਣੇ ਸੰਬੋਧਨ ਵਿੱਚ ਕਲੋਨੀ ਵਸਨੀਕਾਂ ਦੀ ਕੁੱਝ ਮੁਸ਼ਕਲਾਂ ਸਪੀਕਰ ਸਾਹਿਬ ਦੇ ਧਿਆਨ ਵਿੱਚ ਲਿਆਂਦੀਆਂ ਅਤੇ ਮੰਗ ਕੀਤੀ ਕਿ ਵਸਨੀਕਾਂ ਦੀ ਸਹੂਲਤ ਵਾਸਤੇ ਅਤੇ ਛੋਟੇ-ਮੋਟੇ ਸਮਾਜਿਕ ਸਮਾਗਮ ਕਰਨ ਲਈ ਕਲੋਨੀ ਵਿੱਚ ਖਾਲੀ ਪਈ ਕਿਸੇ ਜਗ੍ਹਾ 'ਤੇ ਕਮਿਊਨਿਟੀ ਹਾਲ ਦੀ ਸਥਾਪਨਾ ਕਰਨ ਵਾਸਤੇ ਪੰਜਾਬ ਸਰਕਾਰ ਅਤੇ ਸਰਕਾਰੀ ਕੋਟੇ ਵਿੱਚੋਂ ਵਸਨੀਕਾਂ ਦੀ ਫੰਡ ਦੇ ਤੌਰ 'ਤੇ ਮਦਦ ਕੀਤੀ ਜਾਵੇ।ਸਮਾਗਮ ਦੇ ਮੁੱਖ ਮਹਿਮਾਨ ਕੁਲਤਾਰ ਸਿੰਘ ਸੰਧਵਾਂ ਸਪੀਕਰ ਪੰਜਾਬ ਵਿਧਾਨ ਸਭਾ ਨੇ ਕਿਹਾ ਕਿ ਸਾਡੇ ਸਰੀਰਾਂ ਦੀ ਤੰਦਰੁਸਤੀ ਲਈ ਸਰੀਰਕ ਕਸਰਤ ਵਿਸ਼ੇਸ਼ ਤੌਰ ਤੇ ਜ਼ਿੰਮ ਦਾ ਬਹੁਤ ਮਹੱਤਵਪੂਰਨ ਰੋਲ ਹੈ।ਉਨ੍ਹਾਂ ਅੱਗੇ ਕਿਹਾ ਕਿ ਮੈਨੂੰ ਇਸ ਗੱਲ ਦੀ ਖੁਸ਼ੀ ਹੈ ਕਿ ਪੰਜਾਬ ਸਰਕਾਰ ਦੇ ਯੋਗਦਾਨ ਸਦਕਾ ਅਰਵਿੰਦ ਨਗਰ ਦੇ ਵਸਨੀਕਾਂ ਵਾਸਤੇ ਓਪਨ ਜਿੰਮ ਪ੍ਰਦਾਨ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਹੈ।

ਉਨ੍ਹਾਂ ਵਸਨੀਕਾਂ ਦੀ ਮੰਗ ਮੁਤਾਬਿਕ ਕਲੋਨੀ ਵਿੱਚ ਕਮਿਊਨਿਟੀ ਹਾਲ ਦੀ ਸਥਾਪਨਾ ਕਰਨ ਵਿੱਚ ਪੰਜਾਬ ਸਰਕਾਰ ਵੱਲੋਂ ਵਿੱਤੀ ਤੌਰ 'ਤੇ ਹਰ ਸੰਭਵ ਸਹਾਇਤਾ ਪ੍ਰਦਾਨ ਕਰਨ ਦਾ ਭਰੋਸਾ ਦਿੱਤਾ।ਅਰਵਿੰਦ ਨਗਰ ਵਿਕਾਸ ਕਮੇਟੀ ਦੇ ਪ੍ਰਧਾਨ ਸੰਤੋਖ ਸਿੰਘ ਚਾਨਾ ਨੇ ਮੁੱਖ ਮਹਿਮਾਨ ਤੇ ਸਮੂਹ ਹਾਜ਼ਰੀਨ ਦਾ ਤਹਿ ਦਿਲੋਂ ਧੰਨਵਾਦ ਕੀਤਾ। ਸਮਾਗਮ ਦੌਰਾਨ ਵਸਨੀਕਾਂ ਵੱਲੋਂ ਮੁੱਖ ਮਹਿਮਾਨ ਕੁਲਤਾਰ ਸਿੰਘ ਸੰਧਵਾਂ, ਇੰਜਨੀਅਰ ਸੁਖਜੀਤ ਸਿੰਘ ਢਿੱਲਵਾਂ ਵਾਈਸ ਚੇਅਰਮੈਨ ਪੰਜਾਬ ਊਰਜਾ ਵਿਕਾਸ ਏਜੰਸੀ, ਸਵਰਨ ਸਿੰਘ ਮੋਂਗਾ ਅਤੇ ਮਨਦੀਪ ਕੁਮਾਰ ਮੋਂਗਾ ਪਰਿਵਾਰਕ ਮੈਂਬਰ ਨਗਰ ਕੌਂਸਲਰ ਵਾਰਡ ਨੰਬਰ 9 ਅਤੇ ਸਵਰਨ ਸਿੰਘ ਵਿਰਦੀ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

# ਮਾਨ ਸਰਕਾਰ ਵਿਦਿਆਰਥੀਆਂ ਦੀ ਭਲਾਈ ਲਈ ਬਹੁਤ ਸਾਰੀਆਂ ਯੋਜਨਾਵਾਂ ਚਲਾ ਰਹੀ : ਪਰਮਿੰਦਰ ਸਿੰਘ ਗਿੱਲ



ਕੋਟ ਈਸੇ ਖਾਂ (ਅਰੋੜਾ) ਸ਼ਹੀਦ ਕਰਮਜੀਤ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜਨੇਰ (ਮੋਗਾ) ਵਿਖੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਸਿੱਖਿਆ ਮੰਤਰੀ ਸਰਦਾਰ ਹਰਜੋਤ ਸਿੰਘ ਬੈਂਸ ਵੱਲੋਂ ਚਲਾਈ ਜਾ ਰਹੀ ਸਿੱਖਿਆ ਕ੍ਰਾਂਤੀ ਲਹਿਰ ਤਹਿਤ 11ਵੀਂ ਅਤੇ 12ਵੀਂ ਜਮਾਤ ਦੇ 91 ਵਿਦਿਆਰਥੀਆਂ ਨੂੰ ਸਰਕਾਰ ਵੱਲੋਂ ਪ੍ਰਾਪਤ ਸਕੂਲ ਬੈਗਾਂ ਦੀ ਵੰਡ ਕਰਨ ਲਈ ਪਿੰਡ ਜਨੇਰ ਦੇ ਸਰਪੰਚ ਪਰਮਿੰਦਰ ਸਿੰਘ ਗਿੱਲ ਤੇ ਸਕੂਲ ਪ੍ਰਿੰਸੀਪਲ ਲਖਵਿੰਦਰ ਸਿੰਘ ਭੁੱਲਰ ਦੀ ਅਗਵਾਈ ਹੇਠ ਵਿਸ਼ੇਸ਼ ਸਮਾਰੋਹ ਕਰਾਇਆ ਗਿਆ। ਸਰਪੰਚ ਪਰਮਿੰਦਰ ਸਿੰਘ ਗਿੱਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਸਰਕਾਰ ਵਿਦਿਆਰਥੀਆਂ ਦੀ ਭਲਾਈ ਲਈ ਬਹੁਤ ਸਾਰੀਆਂ ਯੋਜਨਾਵਾਂ ਚਲਾ ਰਹੀ ਹੈ ਤੇ ਸਕੂਲੀ ਸਿੱਖਿਆ ਵਿੱਚ ਬਹੁਤ ਸੁਧਾਰ ਕੀਤਾ ਗਿਆ ਹੈ। ਉਨ੍ਹਾਂ ਨੇ ਸਕੂਲੀ ਵਿਦਿਆਰਥੀਆਂ ਨੂੰ ਵਧੀਆ ਕੁਆਲਿਟੀ ਦੇ ਸਕੂਲ ਬੈਗ ਦੇਣ ਲਈ ਮੁੱਖ ਮੰਤਰੀ ਤੇ ਸਿੱਖਿਆ ਮੰਤਰੀ ਦਾ ਧੰਨਵਾਦ ਕੀਤਾ, ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰ ਵਿਦਿਆਰਥੀਆਂ ਦੀ ਭਲਾਈ ਲਈ ਬਹੁਤ ਸਾਰੇ ਉਪਰਾਲੇ ਕਰ ਰਹੀ ਹੈ ਤੇ ਵਿਦਿਆਰਥੀਆਂ ਦਾ ਵੀ ਫ਼ਰਜ਼ ਬਣਦਾ ਹੈ ਕਿ ਉਹ ਪੂਰਾ ਮਨ ਲਾ ਕੇ ਪੜ੍ਹਾਈ ਕਰਨ ਤੇ ਆਪਣੇ ਮਾਪਿਆਂ ਅਤੇ ਸਕੂਲ ਦਾ ਨਾਂਅ ਰੌਸ਼ਨ ਕਰਨ।



# ਸਿੱਖਿਆ ਕ੍ਰਾਂਤੀ ਸਕੀਮ ਤਹਿਤ ਵਿਦਿਆਰਥੀਆਂ ਨੂੰ ਵੰਡੇ ਬੈਗ

ਮਾਨਸਾ (ਆਤਮਾ ਸਿੰਘ ਪਮਾਰ) ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਸਕੀਮ ਤਹਿਤ ਪੀਐਮ ਸ੍ਰੀ ਸਰਕਾਰੀ ਸੈਕੰਡਰੀ ਸਕੂਲ ਅੱਕਾਂਵਾਲੀ ਵਿਖੇ 11ਵੀਂ ਤੇ 12ਵੀਂ ਸ਼੍ਰੇਣੀ ਦੇ ਵਿਦਿਆਰਥੀਆਂ ਨੂੰ ਮੁਫ਼ਤ ਬੈਗਾਂ ਦੀ ਵੰਡ ਕੀਤੀ ਗਈ। ਸਕੂਲ ਪ੍ਰਿੰਸੀਪਲ ਨਰਿੰਦਰ ਸਿੰਘ ਮੋਹਲ ਨੇ ਦੱਸਿਆ ਕਿ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਸਕੀਮ ਤਹਿਤ ਸੂਬੇ ਭਰ 'ਚ ਗਿਆਰਵੀਂ ਅਤੇ ਬਾਰਵੀਂ ਸ਼੍ਰੇਣੀ ਦੇ ਵਿਦਿਆਰਥੀਆਂ ਨੂੰ ਮੁਫ਼ਤ ਬੈਗ ਵੰਡਣ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ।ਇਸੇ ਕੜੀ ਤਹਿਤ ਅੱਕਾਂ ਵਾਲੀ ਸਕੂਲ ਵਿਖੇ ਬੈਗ ਵੰਡਣ ਦੀ ਰਸਮ ਜਸਵਿੰਦਰ ਸਿੰਘ ਅੱਕਾਂਵਾਲੀ ਵੱਲੋਂ ਕੀਤੀ ਗਈ।

# ਸਫਾਈ ਕਰਮਚਾਰੀਆਂ ਦੀ ਮਾਰਕੁੱਟ ਦੇ ਵਿਰੋਧ 'ਚ ਮੁੱਖ ਮੰਤਰੀ ਦਾ ਫੂਕਿਆ ਪੁਤਲਾ



ਪਟਿਆਲਾ (ਰਾਜਿੰਦਰ ਸਿੰਘ ਥਿੰਦ)- ਭਾਰਤੀਯ ਵਾਲਮੀਕਿ ਧਰਮ ਸਮਾਜ (ਭਾਵਾਧਸ) ਦੀ ਸ਼ਹਿਰੀ ਇਕਾਈ ਦੇ ਵੱਖ-ਵੱਖ ਸ਼ਾਖਾਵਾਂ ਦੇ ਪ੍ਰਧਾਨਾਂ ਦੀ ਹਾਜ਼ਰੀ ਵਿੱਚ ਤੇ ਸੰਗਠਨ ਦੇ ਰਾਸ਼ਟਰੀ ਕਾਰਜਕਾਰੀ ਮੈਂਬਰ ਤੇ ਸ਼੍ਰੋਮਣੀ ਅਕਾਲੀ ਦਲ ਐੱਸ. ਸੀ. ਵਿੰਗ ਦੇ ਕੌਮੀ ਮੀਤ ਪ੍ਰਧਾਨ ਨਰੇਸ਼ ਕੁਮਾਰ ਨਿੰਦੀ ਦੀ ਅਗਵਾਈ ਵਿੱਚ ਬਰਨਾਲਾ ਵਿਖੇ ਸਫਾਈ ਕਰਮਚਾਰੀਆਂ ਦੀ ਧਰਨੇ ਦੌਰਾਨ ਪਲਸ ਵੱਲੋਂ ਕੀਤੀ ਗਈ ਮਾਰਕੁੱਟ ਦੇ ਵਿਰੋਧ ਵਿੱਚ ਪੁਰਾਣੇ ਬੱਸ ਸਟੈਂਡ ਨਜ਼ਦੀਕ ਪੰਜਾਬ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕਰ ਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਪੁੱਤਲਾ ਫੂਕਿਆ ਗਿਆ, ਜਿਸ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਸ਼ਹਿਰੀ ਦੇ ਇੰਚਾਰਜ ਅਮਰਿੰਦਰ ਸਿੰਘ ਬਜਾਜ ਵੱਲੋਂ ਵੀ ਸ਼ਮੂਲੀਅਤ ਕੀਤੀ ਗਈ।

ਇਸ ਮੌਕੇ ਅਮਰਿੰਦਰ ਸਿੰਘ ਬਜਾਜ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਕਾਰਗੁਜ਼ਾਰੀ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਠੇਕਾ ਆਧਾਰਤ ਸਫਾਈ ਕਰਮਚਾਰੀ ਪੰਜਾਬ ਸਰਕਾਰ ਤੋਂ ਕੇਵਲ ਇਹੋ ਮੰਗ ਕਰ ਰਹੇ ਹਨ ਕਿ ਉਨ੍ਹਾਂ ਨੂੰ ਪੱਕਾ ਕੀਤਾ ਜਾਵੇ।ਆਪ ਦੀ ਸਰਕਾਰ ਬਨਣ ਤੋਂ ਪਹਿਲਾਂ ਜਿੱਥੇ ਭਗਵੰਤ ਮਾਨ ਨੇ ਪੰਜਾਬ ਵਾਸੀਆਂ ਨੂੰ ਅਨੇਕਾਂ ਸਬਜ਼ਬਾਗ ਵਿਖਾਏ, ਉੱਥੇ ਹੀ ਇਨ੍ਹਾਂ ਨੇ ਇਹ ਵੀ ਵਾਅਦਾ ਪੰਜਾਬ ਵਾਸੀਆਂ ਨਾਲ ਕੀਤਾ ਸੀ ਕਿ ਪਾਰਟੀ ਦੀ ਸਰਕਾਰ ਬਨਣ ਤੋਂ ਬਾਅਦ ਕੱਚੇ ਆਊਟ ਸੋਰਸ ਕਰਮਚਾਰੀਆਂ ਨੂੰ ਪਹਿਲ ਦੇ ਆਧਾਰ 'ਤੇ ਪੱਕਾ ਕੀਤਾ ਜਾਵੇਗਾ। ਇਸ ਮੌਕੇ ਭਾਰਤੀਯ ਵਾਲਮੀਕਿ ਧਰਮ ਸਮਾਜ ਦੇ ਰਾਸ਼ਟਰੀਯ ਕਾਰਜਕਾਰੀ ਮੈਂਬਰ ਤੇ ਸ਼੍ਰੋਮਣੀ ਅਕਾਲੀ ਦਲ ਦੇ ਐੱਸ.ਸੀ. ਵਿੰਗ ਦੇ ਕੌਮੀ ਮੀਤ ਪ੍ਰਧਾਨ ਨਰੇਸ਼ ਕੁਮਾਰ ਨਿੰਦੀ ਨੇ ਬਰਨਾਲਾ ਦੀ ਇਸ ਘਟਨਾ ਦੀ ਨਿੰਦਾ ਕਰਦਿਆਂ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਅਜਿਹੀ ਪਹਿਲੀ ਸਰਕਾਰ ਹੈ, ਜਿਸ ਦੇ ਦੌਰਾਨ ਸ਼ਾਂਤਮਈ ਤਰੀਕੇ ਨਾਲ ਪ੍ਰਦਰਸ਼ਨ ਕਰ ਰਹੇ ਸਫਾਈ ਕਰਮਚਾਰੀਆਂ 'ਤੇ ਅੰਨ੍ਹਾ ਤਸ਼ੱਦਦ ਹੋਇਆ ਹੈ।ਉਨ੍ਹਾਂ ਘਟਨਾ ਨਾਲ ਸਬੰਧਤ ਪੁਲਸ ਅਧਿਕਾਰੀਆਂ ਨੂੰ ਬਰਖਾਸਤ ਕਰਨ ਦੀ ਮੰਗ ਕੀਤੀ।ਇਸ ਮੌਕੇ ਭਾਵਾਧਸ ਸ਼ਾਖਾ ਲਾਹੌਰੀ ਗੇਟ ਦੇ ਪ੍ਰਧਾਨ ਵਿਸ਼ਾਲ ਕੁਮਾਰ, ਬਾਰਾਦਰੀ ਸ਼ਾਖਾ ਪ੍ਰਧਾਨ ਵਿਸ਼ਾਲ ਕਲਿਆਨ, ਬਡੂੰਗਰ ਸ਼ਾਖਾ ਪ੍ਰਧਾਨ ਗੁਰਧੀਰ ਸਿੰਘ ਗੋਗੀ, ਪਿੰਡ ਚੌਰਾ ਪ੍ਰਧਾਨ ਸੰਕਰ ਕੁਮਾਰ, ਗੁਰਬਖਸ਼ ਕਲੋਨੀ ਸ਼ਾਖਾ ਪ੍ਰਧਾਨ ਲੱਕੀ, ਸ਼ਹੀਦ ਭਗਤ ਸਿੰਘ ਕਲੋਨੀ ਸ਼ਾਖਾ ਪ੍ਰਧਾਨ ਦੀਪਕ ਕਲਿਆਣ, ਤ੍ਰਿਪੜੀ ਸ਼ਾਖਾ ਪ੍ਰਧਾਨ ਕ੍ਰਿਸ਼ਨ ਕੁਮਾਰ, ਮੱਥੁਰਾ ਕਾਲੋਨੀ ਸ਼ਾਖਾ ਦੇ ਪ੍ਰਧਾਨ ਰਿਸ਼ੀ ਕੁਮਾਰ, ਬਿਸ਼ਨ ਨਗਰ ਸ਼ਾਖਾ ਪ੍ਰਧਾਨ ਗੌਰਵ ਕੁਮਾਰ, ਪਿੰਡ ਸ਼ੇਖੂਪੁਰਾ ਪ੍ਰਧਾਨ ਸੰਜੀਵ ਕੁਮਾਰ ਸੰਜੂ ਤੋਂ ਇਲਾਵਾ ਵਾਲਮੀਕਿ ਸਮਾਜ ਦੇ ਸੀਨੀਅਰ ਆਗੂ ਅਰੁਣ ਧਾਰੀਵਾਲ ਸ਼ਾਮਲ ਸਨ।


## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਉਪ ਮੰਡਲ ਮੈਜਿਸਟਰੇਟ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ।

ਵਿਸ਼ਾ : ਇੰਤਕਾਲ ਨੰਬਰ 2510 (ਵਰਾਸਤ ਜੀਵਨ ਸਿੰਘ ਪੁੱਤਰ ਬਸੰਤ ਸਿੰਘ ਪੁੱਤਰ ਸੁਚੇਤ ਸਿੰਘ ਬਰੂਏ ਵਸੀਅਤ ਜ਼ੁਬਾਨੀ ਮਿਤੀ 02/10/1998) ਵਾਕਿਆ ਰਕਬਾ ਪਿੰਡ ਉਮਰਾ ਨੰਗਲ, (ਹੱਦਬਸਤ ਨੰਬਰ 22) ਤਹਿਸੀਲ ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ।

ਇਸ ਅਖ਼ਬਾਰੀ ਇਸ਼ਤਿਹਾਰ ਰਾਹੀਂ ਪ੍ਰਭਾਵਿਤ ਵਿਅਕਤੀਆਂ, ਪਿੰਡ ਦੇ ਆਮ/ਖਾਸ ਵਿਅਕਤੀ/ਵਿਅਕਤੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਮੁਤਵਫੀ ਜੀਵਨ ਸਿੰਘ ਪੁੱਤਰ ਬਸੰਤ ਸਿੰਘ ਪੁੱਤਰ ਸੁਚੇਤ ਸਿੰਘ ਦੀ ਜ਼ੁਬਾਨੀ ਵਸੀਅਤ ਮਿਤੀ 02/10/1998 ਦੇ ਅਧਾਰ 'ਤੇ ਮਾਲ ਰਿਕਾਰਡ ਪਿੰਡ ਉਮਰਾ ਨੰਗਲ, (ਹੱਦਬਸਤ ਨੰਬਰ 22) ਤਹਿਸੀਲ ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ ਵਿੱਚ ਮੁਤਵਫੀ ਜੀਵਨ ਸਿੰਘ ਦੀ ਵਰਾਸਤ ਦਾ ਇੰਤਕਾਲ ਨੰਬਰ 2510 ਬਹੱਕ ਪਰਮਰਾਜ ਸਿੰਘ ਪੁੱਤਰ ਸੁਖਦੇਵ ਸਿੰਘ ਪੁੱਤਰ ਜੀਵਨ ਸਿੰਘ ਦਰਜ ਹੋ ਕੇ ਇਸ ਅਦਾਲਤ ਵਿੱਚ ਸੁਣਵਾਈ ਲਈ ਪ੍ਰਾਪਤ ਹੋਇਆ ਹੈ।ਇਸ ਲਈ ਜੇਕਰ ਕਿਸੇ ਵਿਅਕਤੀ/ਧਿਰ ਨੂੰ ਇਸ ਇੰਤਕਾਲ ਦੇ ਪ੍ਰਵਾਨ ਹੋਣ ਵਿੱਚ ਕੋਈ ਇਤਰਾਜ਼ ਹੈ ਤਾਂ ਉਹ ਅਸਲਾਤਨ ਜਾਂ ਵਕਾਲਤ ਮਿਤੀ 05/08/2026 ਨੂੰ ਬਾਅਦ ਦੁਪਹਿਰ 2.00 ਵਜੇ ਹਾਜ਼ਰ ਅਦਾਲਤ ਆਣ ਕੇ ਆਪਣਾ ਪੱਖ ਪੇਸ਼ ਕਰ ਸਕਦੇ ਹਨ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਕਾਰਵਾਈ ਇੱਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਬਾਅਦ ਵਿੱਚ ਕੋਈ ਵੀ ਇਤਰਾਜ਼ ਨਹੀਂ ਸੁਣਿਆ ਜਾਵੇਗਾ ਅਤੇ ਇਸ ਇੰਤਕਾਲ ਦਾ ਫੈਸਲਾ ਕਾਨੂੰਨ/ਮੈਰਿਟ ਦੇ ਅਧਾਰ 'ਤੇ ਕਰ ਦਿੱਤਾ ਜਾਵੇਗਾ।

ਸਹੀ/-ਸਹਾਇਕ ਕੁਲੈਕਟਰ ਦਰਜਾ ਅੱਵਲ-ਕਮ-ਉਪ ਮੰਡਲ ਮੈਜਿਸਟਰੇਟ, ਬਾਬਾ ਬਕਾਲਾ ਸਾਹਿਬ।

ਨੰਬਰ ਰੀਡਰ/ਐੱਸ.ਡੀ.ਐੱਮ./441

ਮਿਤੀ : 21/07/2026


# ਸੀਨੀਅਰ ਸਿਟੀਜ਼ਨਜ਼ ਨੇ ਪੰਜਾਬ ਦੇ ਮੌਜੂਦਾ ਹਾਲਾਤ ਨੂੰ ਚਿੰਤਾਜਨਕ ਦੱਸਿਆ



ਧੂਰੀ, (ਸੁਖਦੇਵ ਧੂਰੀ) ਨਿਊ ਸੀਨੀਅਰ ਸਿਟੀਜਨ ਵੈਲਫੇਅਰ ਐਸੋਸੀਏਸ਼ਨ ਵੱਲੋਂ ਪੰਜਾਬ ਦੇ ਮੌਜੂਦਾ ਹਾਲਾਤ 'ਤੇ ਡੂੰਘੀ ਚਿੰਤਾ ਦਾ ਪ੍ਰਗਟਾਵਾ ਕੀਤਾ ਹੈ।ਐਸੋਸੀਏਸ਼ਨ ਦੇ ਆਗੂਆਂ ਪ੍ਰਧਾਨ ਸਰਬਜੀਤ ਸਿੰਘ ਰਾਜੋਮਾਜਰਾ ਜਨਰਲ ਸਕੱਤਰ ਗੁਰਦੀਪ ਸਿੰਘ ਸਾਰੋਂ, ਸੀਨੀਅਰ ਆਗੂਆਂ ਹਰਜਿੰਦਰ ਸਿੰਘ ਢੀਂਡਸਾ, ਗੁਰਦਿਆਲ ਸਿੰਘ ਨਿਰਮਾਣ, ਸੇਠ ਹੰਸ ਰਾਜ ਜਿੰਦਲ, ਚਰਨਜੀਤ ਸਿੰਘ, ਪਰੇਮ ਸਿੰਘ ਜੇ.ਈ, ਸੁਰਿੰਦਰ ਪਾਲ ਜਿੰਦਲ ਨੇ ਕਿਹਾ ਕਿ ਬਰਸਾਤਾਂ ਦੇ ਦਿਨਾਂ ਵਿੱਚ ਗੰਦਗੀ ਦੇ ਢੇਰ ਲੱਗੇ ਪਏ ਹਨ, ਬਿਮਾਰੀਆਂ ਫੈਲਣ ਦਾ ਖ਼ਤਰਾ ਹੈ।ਥਾਂ-ਥਾਂ 'ਤੇ ਮੁਲਾਜ਼ਮਾਂ, ਪੈਨਸ਼ਨਰਾਂ, ਮਜ਼ਦੂਰਾਂ, ਆਂਗਣਵਾੜੀ ਵਰਕਰਾਂ ਨਾਲ ਟਕਰਾਅ ਦੀ ਸਥਿਤੀ ਸੂਬੇ ਦੇ ਅਮਨ ਕਾਨੂੰਨ ਲਈ ਵਧੀਆ ਨਹੀਂ।ਕੁੱਲ ਮਿਲਾ ਕੇ ਅਰਾਜਕਤਾ ਦਾ ਮਾਹੌਲ ਬਣਿਆ ਹੋਇਆ ਹੈ।ਐਸੋਸੀਏਸ਼ਨ ਦੇ ਆਗੂਆਂ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਸਥਿਤੀ ਦੀ ਗੰਭੀਰਤਾ ਨੂੰ ਸਮਝਦਿਆਂ ਸਾਰੇ ਵਰਗਾਂ ਨਾਲ ਨਿਬੇੜਾ ਕਰੂ ਪਹੁੰਚ ਅਪਣਾ ਕੇ ਗੱਲਬਾਤ ਸ਼ੁਰੂ ਕਰਕੇ ਸੂਬੇ ਦੇ ਮਾਹੌਲ ਨੂੰ ਸੁਖਾਵਾਂ ਬਣਾਉਣਾ ਚਾਹੀਦਾ ਹੈ।

# ਬਰੌਂਡਵੇ ਪਬਲਿਕ ਸਕੂਲ 'ਚ ਕਰਾਇਆ ਜਨਰਲ ਪ੍ਰਸ਼ਨੋਤਰੀ ਮੁਕਾਬਲਾ



ਮਹਿਲ ਕਲਾਂ, (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ) ਬਰੌਂਡਵੇ ਪਬਲਿਕ ਸਕੂਲ ਵਿਖੇ ਵਿਦਿਆਰਥੀਆਂ ਵਿੱਚ ਸਧਾਰਨ ਗਿਆਨ, ਤਰਕਸ਼ੀਲ ਸੋਚ, ਚੁਸਤ ਬੁੱਧੀ ਤੇ ਪ੍ਰਭਾਵਸ਼ਾਲੀ ਮੁਕਾਬਲੇ ਦੀ ਭਾਵਨਾ ਨੂੰ ਪ੍ਰਫੁੱਲਤ ਕਰਨ ਦੇ ਉਦੇਸ਼ ਨਾਲ ਅੰਤਰ-ਸਦਨ ਜਨਰਲ ਪ੍ਰਸ਼ਨੋਤਰੀ ਮੁਕਾਬਲਾ ਬੜੇ ਹੀ ਰੌਚਕ ਤੇ ਉਤਸ਼ਾਹਪੂਰਨ ਮਾਹੌਲ ਵਿੱਚ ਕਰਾਇਆ ਗਿਆ।ਮੁਕਾਬਲੇ ਵਿੱਚ ਸਕੂਲ ਦੇ ਚਾਰੇ ਸਦਨਾਂ ਦੇ ਚੁਣੇ ਹੋਏ ਵਿਦਿਆਰਥੀਆਂ ਨੇ ਪੂਰੇ ਜੋਸ਼ ਤੇ ਆਤਮ-ਵਿਸ਼ਵਾਸ ਨਾਲ ਭਾਗ ਲੈਂਦਿਆਂ ਆਪਣੀ ਵਿਲੱਖਣ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਮੁਕਾਬਲੇ ਦਾ ਸੰਚਾਲਨ ਕੁਇਜ਼ ਮਾਸਟਰ ਸੁਖਵਿੰਦਰ ਸਿੰਘ ਤੇ ਸ੍ਰੀਮਤੀ ਅਮਰਜੀਤ ਕੌਰ ਵੱਲੋਂ ਬਹੁਤ ਹੀ ਸੁਚੱਜੇ, ਪ੍ਰਭਾਵਸ਼ਾਲੀ ਤੇ ਦਿਲਚਸਪ ਢੰਗ ਨਾਲ ਕੀਤਾ ਗਿਆ।ਵੱਖ-ਵੱਖ ਵਿਸ਼ਿਆਂ ਨਾਲ ਸੰਬੰਧਿਤ ਪੁੱਛੇ ਗਏ ਪ੍ਰਸ਼ਨਾਂ ਦੇ ਵਿਦਿਆਰਥੀਆਂ ਨੇ ਤੇਜ਼ੀ ਤੇ ਸਹੀ ਢੰਗ ਨਾਲ ਜਵਾਬ ਦੇ ਕੇ ਆਪਣੀ ਬੌਧਿਕ ਸਮਰੱਥਾ ਦਾ ਲੋਹਾ ਮਨਵਾਇਆ।ਸਖ਼ਤ ਅਤੇ ਰੌਚਕ ਮੁਕਾਬਲੇ ਤੋਂ ਬਾਅਦ ਲਾਲ ਸਦਨ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਹਰਾ ਸਦਨ ਦੂਜੇ ਸਥਾਨ 'ਤੇ ਰਿਹਾ।ਪ੍ਰੋਗਰਾਮ ਦਾ ਖਾਸ ਆਕਰਸ਼ਣ ਦਰਸ਼ਕ ਗੇੜ ਰਿਹਾ।ਇਸ ਦੌਰਾਨ ਚਾਰੇ ਸਦਨਾਂ ਵਿੱਚੋਂ ਇੱਕ-ਇੱਕ ਵਿਦਿਆਰਥੀ ਤੇ ਇੱਕ-ਇੱਕ ਵਿਦਿਆਰਥਣ ਨੂੰ ਮੰਚ 'ਤੇ ਸੱਦ ਕੇ ਪ੍ਰਸ਼ਨ ਪੁੱਛੇ ਗਏ।ਚਾਰੇ ਸਦਨਾਂ ਦੇ ਵਿਦਿਆਰਥੀਆਂ ਨੇ ਸਹੀ ਜਵਾਬ ਦੇ ਕੇ ਆਪਣੇ-ਆਪਣੇ ਸਦਨਾਂ ਦੇ ਅੰਕਾਂ ਵਿੱਚ ਮਹੱਤਵਪੂਰਨ ਵਾਧਾ ਕੀਤਾ।ਇਸੇ ਤਰ੍ਹਾਂ ਨੀਲੇ ਸਦਨ ਤੇ ਹਰੇ ਸਦਨ ਦੀਆਂ ਵਿਦਿਆਰਥਣਾਂ ਨੇ ਵੀ ਆਪਣੀ ਹਾਜ਼ਰ-ਜਵਾਬੀ ਅਤੇ ਸੂਝ-ਬੂਝ ਦਾ ਪ੍ਰਮਾਣ ਦਿੰਦਿਆਂ ਸਹੀ ਜਵਾਬ ਦੇ ਕੇ ਆਪਣੇ ਸਦਨਾਂ ਲਈ ਕੀਮਤੀ ਅੰਕ ਜੋੜੇ।ਇਸ ਵਿਸ਼ੇਸ਼ ਗੇੜ ਨੇ ਦਰਸ਼ਕਾਂ ਵਿੱਚ ਵੀ ਭਰਪੂਰ ਰੁਚੀ ਤੇ ਉਤਸ਼ਾਹ ਪੈਦਾ ਕੀਤਾ ਅਤੇ ਸਮੁੱਚਾ ਹਾਲ ਤਾੜੀਆਂ ਦੀ ਗੂੰਜ ਨਾਲ ਗੂੰਜ ਉੱਠਿਆ। ਸਮਾਪਤੀ ਸਮਾਰੋਹ ਮੌਕੇ ਪ੍ਰਿੰਸੀਪਲ ਮੁਹੰਮਦ ਆਰਿਫ਼ ਸੈਫ਼ੀ ਨੇ ਜੇਤੂ ਟੀਮ ਦੇ ਨਾਲ-ਨਾਲ ਮੁਕਾਬਲੇ 'ਚ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਟਰਾਫੀਆਂ ਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ।ਉਨ੍ਹਾਂ ਕਿਹਾ ਕਿ ਅਜਿਹੀਆਂ ਗਿਆਨਵਰਧਕ ਗਤੀਵਿਧੀਆਂ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਆਮ ਜਾਣਕਾਰੀ, ਤਰਕਸ਼ੀਲ ਸੋਚ ਤੇ ਮੁਕਾਬਲੇ ਦੀ ਸਿਹਤਮੰਦ ਭਾਵਨਾ ਨੂੰ ਵਿਕਸਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਉਨ੍ਹਾਂ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਅਜਿਹੇ ਮੁਕਾਬਲਿਆਂ ਵਿੱਚ ਵਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ।


## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸ੍ਰੀ ਮੁਨੀਸ਼ ਕੁਮਾਰ ਸੋਲ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ, ਨੌਸ਼ਹਿਰਾ ਮੱਝਾ ਸਿੰਘ, ਤਹਿਸੀਲ ਵਾ ਜ਼ਿਲ੍ਹਾ ਗੁਰਦਾਸਪੁਰ

ਹਰ ਆਮ ਅਤੇ ਖਾਸ ਨੂੰ ਇਸ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਸ੍ਰੀ ਕਰਨਦੀਪ ਸਿੰਘ ਪੁੱਤਰ ਰਨਧੀਰ ਸਿੰਘ ਵਾਸੀ ਪਿੰਡ ਅਠਵਾਲ, ਤਹਿਸੀਲ ਤੇ ਜ਼ਿਲ੍ਹਾ ਗੁਰਦਾਸਪੁਰ ਨੇ ਨਿਮਨਹਸਤਾਖਰ ਨੂੰ ਦਰਖਾਸਤ ਦਿੱਤੀ ਹੈ ਕਿ ਉਸ ਦਾ ਨਾਂਅ ਕਰਨਦੀਪ ਸਿੰਘ ਪੁੱਤਰ ਰਨਧੀਰ ਸਿੰਘ ਹੈ। ਪਿੰਡ ਅਠਵਾਲ ਹੱਦਬਸਤ ਨੰਬਰ 458, ਤਹਿਸੀਲ ਤੇ ਜ਼ਿਲ੍ਹਾ ਗੁਰਦਾਸਪੁਰ ਮਾਲ ਦੇ ਰਿਕਾਰਡ ਵਿਚ ਉਸ ਦਾ ਨਾਂਅ ਕਰਮਦੀਪ ਸਿੰਘ ਪੁੱਤਰ ਰਨਧੀਰ ਸਿੰਘ ਚੱਲਦਾ ਆ ਰਿਹਾ ਹੈ। ਇਸ ਲਈ ਪਿੰਡ ਅਠਵਾਲ ਦੇ ਮਾਲ ਰਿਕਾਰਡ ਵਿਚ ਉਸ ਦਾ ਸਹੀ ਨਾਂਅ ਕਰਨਦੀਪ ਸਿੰਘ ਪੁੱਤਰ ਰਨਧੀਰ ਸਿੰਘ ਕੀਤਾ ਜਾਵੇ।ਉਸ ਦੀ ਦਰਖਾਸਤ ਨੂੰ ਮੁੱਖ ਰੱਖਦੇ ਹੋਏ ਪੰਜਾਬ ਸਰਕਾਰ ਦੇ ਨੋਟੀਫਿਕੇਸ਼ਨ ਮੀਮੋ ਨੰਬਰ 25/78/2012- ਭ.ਮ.-2/12445-71 ਚੰਡੀਗੜ੍ਹ, ਮਿਤੀ 26-07-2013 ਦੀ ਰੋਸ਼ਨੀ ਵਿਚ ਪੰਜਾਬ ਲੈਂਡ ਰਿਕਾਰਡ ਮੈਨੂਅਲ ਦੇ ਪੈਰਾ 7.28 ਮੁਤਾਬਕ ਕਰਨਦੀਪ ਸਿੰਘ ਪੁੱਤਰ ਰਨਧੀਰ ਸਿੰਘ ਦਾ ਨਾਂਅ ਦਰੁਸਤ ਕੀਤਾ ਜਾਣਾ ਹੈ। ਇਸ ਸੰਬੰਧੀ ਜੇਕਰ ਕਿਸੇ ਨੂੰ ਇਸ ਨਾਂਅ ਦੀ ਤਬਦੀਲੀ ਸੰਬੰਧੀ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ਼ ਅਖ਼ਬਾਰ ਵਿਚ ਇਸ਼ਤਿਹਾਰ ਛਪਣ ਦੇ 21 ਦਿਨਾਂ ਦੇ ਅੰਦਰ-ਅੰਦਰ ਨਿਮਨ ਹਸਤਾਖਰ ਦੇ ਦਫਤਰ ਵਿਚ ਅਸਾਲਤਨ ਜਾਂ ਵਕਾਲਤਨ ਪੇਸ਼ ਕਰ ਸਕਦਾ ਹੈ।ਮਿਆਦ ਗੁਜ਼ਰਨ ਪਰ ਕੋਈ ਗੌਰ ਨਹੀਂ ਕੀਤਾ ਜਾਵੇਗਾ।

ਸਹੀ/-ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ, ਨੌਸ਼ਹਿਰਾ ਮੱਝਾ ਸਿੰਘ, ਤਹਿਸੀਲ ਵਾ ਜ਼ਿਲ੍ਹਾ ਗੁਰਦਾਸਪੁਰ।

ਨੰ: 246/ਰੀਡਰ/ਮਿਤੀ 17.07.26



## COURT NOTICE

(U/o 5 Rule 20 CPC)
In the Court of
Ms. Gurpreet Kaur-II
Civil Judge Junior Division Zira-2, Zira
CNR No. PBFZAO-000815-2025
Next Date :- 18/8/2026
State Bank Of India
Vs.
Beant Kaur Etc.
Publication Issued To:
Beant Kaur Etc
Spouse :- Sukhdev Singh
Vill. Gurditti Wala Sub Teh. Mallanwala, Teh. Zira, Distt. Fzr. 2 Harpal Singh R/O Vill. Gurditti Wala, Sub Teh. Mallanwala, Teh. Zira Distt. Fzr
3 Rachpal Singh S/O Sukhdev Singh R/O Vill. Gurditti Wala Sub Teh. Mallanwala Teh. Zira, Distt. Fzr

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 18.06.26 at 10:00 am

For details logon to https://highcourtchd.gov.in/?mod=district_notice&district=mogacourt

Civil Judge Junior Division Zira-2, Zira

Dated, this day of 13-07-2026


# ਪਬਲਿਕ ਸਕੂਲ 'ਚ ਵਣ-ਮਹਾਂਉਤਸਵ ਮਨਾਇਆ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ) ਪਬਲਿਕ ਸੀਨੀਅਰ ਸੈਕੰਡਰੀ ਸਕੂਲ ਟਰੱਸਟ ਹਾਮਝੇੜੀ ਵੱਲੋਂ ਦਿਨੋ-ਦਿਨ ਵਧ ਰਹੇ ਪ੍ਰਦੂਸ਼ਣ ਨੂੰ ਧਿਆਨ ਵਿੱਚ ਰੱਖਦੇ ਹੋਏ ਵਣ ਮਹਾਂਉਤਸਵ ਮਨਾਇਆ ਗਿਆ।ਪ੍ਰਿੰਸੀਪਲ ਗੁਰਤੇਜ ਸਿੰਘ ਦੀ ਅਗਵਾਈ 'ਚ ਸਕੂਲ ਦੇ ਖੇਡ ਗਰਾਊਂਡ ਵਿੱਚ ਪੌਦੇ ਲਾਏ ਗਏ। ਪੌਦੇ ਲਾਉਣ ਮਗਰੋਂ ਟਰੱਸਟ ਦੇ ਪ੍ਰਧਾਨ ਸਾਬਕਾ ਸਰਪੰਚ ਮੋਹਨ ਸਿੰਘ ਸਿੱਧੂ ਨੇ ਕਿਹਾ ਕਿ ਅਜੋਕੇ ਸਮੇਂ ਵਿੱਚ ਜਦੋਂ ਹਰ ਪਾਸੇ ਪ੍ਰਦੂਸ਼ਣ ਵਧ ਰਿਹਾ ਹੈ, ਉਸ ਸਮੇਂ ਦਰੱਖਤ ਹੀ ਇੱਕ ਅਜਿਹਾ ਸਾਧਨ ਹਨ ਜੋ ਮਨੁੱਖਤਾ ਨੂੰ ਬਚਾਉਣ ਵਿੱਚ ਸਭ ਤੋਂ ਵੱਡਾ ਸਹਾਈ ਹੋ ਰਹੇ ਹਨ। ਗਲੋਬਲ ਵਾਰਨਿੰਗ ਦਾ ਵਧਦੇ ਖਤਰੇ ਕਰਕੇ ਹਰ ਸਾਲ ਤਾਪਮਾਨ ਵਿੱਚ ਭਾਰੀ ਵਾਧਾ ਹੋ ਰਿਹਾ ਹੈ, ਜਿਸ ਤੋਂ ਬਚਣ ਲਈ ਸਾਨੂੰ ਸਭ ਨੂੰ ਰੁੱਖ ਲਾਉਣ ਵੱਲ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਭਾਵੇਂ ਸਰਕਾਰੀ ਵਿਭਾਗ ਤੇ ਸਮਾਜ ਸੇਵੀ ਸੰਸਥਾਵਾਂ ਵੱਡੇ ਪੱਧਰ ਉੱਤੇ ਰੁੱਖ ਲਾ ਰਹੀਆਂ ਹਨ, ਪਰ ਸਭ ਨੂੰ ਇਸ ਪਾਸੇ ਧਿਆਨ ਦੇਣਾ ਚਾਹੀਦਾ ਹੈ।ਸਕੂਲ ਪ੍ਰਿੰਸੀਪਲ ਗੁਰਤੇਜ ਸਿੰਘ ਨੇ ਆਏ ਮਹਿਮਾਨਾਂ ਤੇ ਪ੍ਰਬੰਧਕ ਕਮੇਟੀ ਮੈਂਬਰਾਂ ਦਾ ਧੰਨਵਾਦ ਕੀਤਾ।

# ਸੇਂਟ ਮੈਰੀ ਹਾਈ ਸਕੂਲ 'ਚ ਤੀਆਂ ਦਾ ਤਿਉਹਾਰ ਮਨਾਇਆ



ਮੱਖੂ (ਰਛਪਾਲ ਸਿੰਘ ਸੰਧੂ) ਪਿਛਲੇ ਲੰਮੇ ਸਮੇਂ ਤੋਂ ਸਿੱਖਿਆ ਖੇਤਰ ਅਤੇ ਸਮਾਜ ਸੇਵਾ ਵਿੱਚ ਅਹਿਮ ਯੋਗਦਾਨ ਪਾਉਣ ਵਾਲੇ ਸੈਂਟ ਮੈਰੀ ਹਾਈ ਸਕੂਲ ਮਖੂ ਨੇ ਅਪਣੀ ਵਿਲੱਖਣ ਪਛਾਣ ਬਣਾਈ ਹੋਈ ਹੈ।ਸਕੂਲ ਵੱਲੋਂ ਸਿੱਖਿਆ ਦੇ ਨਾਲ ਨਾਲ ਬੱਚਿਆਂ ਨੂੰ ਖੇਡਾਂ ਤੇ ਪੰਜਾਬ ਦੇ ਸੱਭਿਆਚਾਰ ਨਾਲ ਵੀ ਜੋੜ ਕੇ ਰੱਖਿਆ ਹੋਇਆ ਹੈ।ਇਸੇ ਲੜੀ ਦੇ ਤਹਿਤ ਸਕੂਲ ਵਿੱਚ ਤੀਆਂ ਦਾ ਇਕ ਰੰਗਾਂ-ਰੰਗ ਪ੍ਰੋਗਰਾਮ ਬਹੁਤ ਹੀ ਧੂਮ-ਧਾਮ ਨਾਲ ਕਰਾਇਆ ਗਿਆ।ਸਕੂਲ ਦਾ ਕੈਂਪਸ ਸੱਭਿਆਚਾਰ ਉਤਸ਼ਾਹ, ਅਧਿਆਤਮਕ ਖੁਸ਼ੀ ਤੇ ਰੰਗਾਂ ਨਾਲ ਝੂਮ ਉੱਠਿਆ। ਕਿਉਂਕਿ ਸਾਰੇ ਵਿਦਿਆਰਥੀ, ਅਧਿਆਪਕ ਤੇ ਅਤਿ ਸਤਿਕਾਰ ਯੋਗ ਫਾਦਰ ਸਨੀ ਜੇਮਸ ਤੇ ਆਦਰ ਯੋਗ ਪ੍ਰਿੰਸੀਪਲ ਸਿਸਟਰ ਰੀਟਾ ਗਰੇਸ ਦੀ ਮੌਜੂਦਗੀ ਵਿੱਚ ਤੀਆਂ ਦਾ ਰਵਾਇਤੀ ਤਿਉਹਾਰ ਮਨਾਉਣ ਲਈ ਇੱਕਠੇ ਹੋਏ ਸਨ।ਪ੍ਰੋਗਰਾਮ ਦੀ ਸ਼ੁਰੂਆਤ ਸਵਾਗਤੀ ਗੀਤ ਅਤੇ ਪ੍ਰਾਰਥਨਾ ਨ੍ਰਿਤ ਨਾਲ ਹੋਈ, ਜਿਸ ਤੋਂ ਬਾਅਦ ਪ੍ਰੇਰਨਾਦਾਇਕ ਭਾਸ਼ਣ ਤੇ ਰੰਗਾਂ-ਰੰਗ ਸੱਭਿਆਚਾਰਕ ਪੇਸ਼ਕਾਰੀਆਂ ਹੋਈਆਂ।ਵਿਦਿਆਰਥੀਆਂ ਨੇ ਸੰਮੀ, ਗਿੱਧਾ, ਭੰਗੜਾ ਤੇ ਪੰਜਾਬੀ ਲੋਕ ਨਾਚਾਂ ਦੀਆ ਸ਼ਾਨਦਾਰ ਪੇਸ਼ਕਾਰੀਆਂ ਰਾਹੀ ਪੰਜਾਬ ਦਾ ਅਮੀਰ ਵਿਰਾਸਤ ਦਾ ਪ੍ਰਦਰਸ਼ਨ ਕੀਤਾ, ਜੋ ਤੀਆਂ ਦੀ ਅਸਲ ਭਾਵਨਾ ਨੂੰ ਦਰਸਾਉਂਦੇ ਹਨ।


# ਕਲਾਸੀਫਾਈਡ ਇਸ਼ਤਿਹਾਰ

## Change of Name

I, Harbhajan Singh Arora S/O Sarup Singh R/O village Jethuwal, Amritsar have changed my name from Harbhajan Singh Arora to Harbhajan Singh . All concerned please note.

I, Satnam Kaur Arora W/O Harbhajan Singh R/O village Jethuwal Amritsar have changed my name from Satnam Kaur Arora to Satnam Kaur. All concerned please note.

I, Navjot Kaur D/o Sarabjit Singh R/o Navi Abadi, Umarpura, Batala, Gurdaspur have changed my name to Given Name Navjot & Surname as Kaur. Concerned Note.

I, Babli W/o Vijay Kumar R/o Village Faridpur, PO: Rahimpur, District Jalandhar-144801 (Punjab) have changed my name from Babli to Babbly. All concerned please note.

I, Sukhwinder Singh Bedi son of Avtar Singh resident of H.No. Q No. 244, PAP Complex, Jalandhar - 144006 , Punjab, India have changed my name from Sukhwinder Singh Bedi to Sukhwinder Singh.

I, Shivani Gabha W/o Sanjeev Kumar Gulati R/o H. No. 219, Shiv Nagar, Sodal Road, Jalandhar, Punjab-144004, have changed my name from Shivani Gabha to Shivani. All concerned please note.

I Amritpreet Singh S/O Jagmohan Singh R/O Village Habibwal PO Ibrahimwal tehsil bholath district Kapurthala declare that have changed my name from Amritpreet Singh to Singh Amritpreet. Please note.

I, Mantri S/o Arjan Singh R/o Village Mithra, PO. Nasirpur, Distt. Kapurthala - 144628, Punjab have changed my name from Mantri to Mantri Gill. Gill as surname. All concerned please note.

I, Rajinder Singh Sahdev S/o Joginder Singh R/o # 26/1, Narayan Nagar, Jalandhar City, Basti, Jalandhar, Punjab, 144002, have changed my name from Rajinder Singh Sahdev to Rajinder Singh. All Please Note.

## PUBLIC NOTICE

I, Rajinder Kumar Kairem S/o Varun Kumar R/o H.no 88, Tanda Road, Vikas Puri, Industrial Town, Jalandhar. I have Lost my Sale deed's No. 5111/1 and 5112/1 dated 17-07-1996 at Mota Singh Nagar Market, Near Bus Stand Jalandhar On Dt. 12-07-2026. If anyone found above said sale deed or have any objection with regard to the above said deed, kindly contact Advocate Mr. Vikas Sood. M. No. 98140 94356 Mr. Nipun Sharma M. No. 9888188819 District courts Jalandhar within 14 days from the date of publication." Thereafter no claim Shell be considered.

I, Ishmeet Singh S/o Ranjeet Singh, R/o Ward No.1 Behind Balmiki Mandir, Dev Nagar Ganganagar, P.O. Sriganganagar, Distt. Ganganagar, Rajasthan-335001, declare that in my 10th & 12th School Certificates, my name is mentioned as Ishmeet, whereas in other documents it is Ishmeet Singh. Both names belong to one and the same person.

We, Billa S/o. Lal Chand & Chindo W/o. Billa residents of House No.ES-332, Gali No.2, Mohalla Abadpura, Jalandhar hereby declare our son Ricky and his wife Shallu,are out of our control. We, disown them from my movable and immovable properties. Now our son Ricky and his wife Shallu shall have link or concern with our movable or immovable properties in future. Whomsoever deal with them shall be dealing at their own risk.

I, Kirpal Singh S/o Darbara Singh R/o H.No. 442, Surya Enclave, Distt. Jalandhar, Punjab that my son Jaspreet Singh out of my control. So I disown with them from my all moveable and Immoveable Property. Anybody dealing with them at their own responsibility. All concerned please note.

## ਬੇਦਖਲੀ ਨੋਟਿਸ

ਮੈਂ, ਨਿਰਮਲ ਕੁਮਾਰ ਪੁੱਤਰ ਗਿਆਨ ਚੰਦ ਵਾਸੀ ਮਕਾਨ ਨੰ: 1006, ਗੜ੍ਹਾ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰੀ ਪੁੱਤਰੀ ਚਾਂਦਨੀ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦੀ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਮੈਂ, ਗੁਰਦੇਵ ਪੁੱਤਰ ਲੇਟ ਸ੍ਰੀ ਧੰਨਾ ਰਾਮ, ਵਾਸੀ ਪਿੰਡ ਤੇ ਡਾਕਖਾਨਾ ਕਿਸ਼ਨਗੜ੍ਹ, ਤਹਿਸੀਲ ਆਦਮਪੁਰ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਬਲਜੀਤ ਰਾਜ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੇਰੇ ਨਾਲ ਲੜਾਈ-ਝਗੜਾ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਹ ਆਪਣੇ ਕੀਤੇ ਕਿਸੇ ਵੀ ਤਰ੍ਹਾਂ ਦੇ ਲੈਣ-ਦੇਣ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੈਂ ਤੇ ਮੇਰਾ ਪਰਵਾਰ ਜ਼ਿੰਮੇਵਾਰ ਨਹੀਂ ਹੋਵਾਂਗੇ। ਸੰਬੰਧਤ ਨੋਟ ਕਰਨ।

ਮੈਂ, ਦੇਵ ਰਾਜ ਪੁੱਤਰ ਤਾਰਾ ਚੰਦ ਵਾਸੀ ਪਿੰਡ ਕਾਦੀਆਂਵਾਲੀ, ਡਾਕਖਾਨਾ ਜਮਸ਼ੇਰ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਗੁਰਪ੍ਰੀਤ ਕੌਰ ਪਤਨੀ ਮਨੀਸ਼ ਕੁਮਾਰ ਵਾਸੀ ਪਿੰਡ ਧਾਲੀਵਾਲ, ਜ਼ਿਲ੍ਹਾ ਜਲੰਧਰ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਮਿਨਾਕਸ਼ੀ ਪਤਨੀ ਸਿਕੰਦਰ ਲਾਲ ਵਾਸੀ ਮਕਾਨ ਨੰ. 1064, ਕਬੀਰ ਨਗਰ, ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਰਾਹੁਲ ਮਾਂਡਲੇ ਅਤੇ ਉਸਦੀ ਪਤਨੀ ਪ੍ਰਿਆ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸ੍ਰੀ ਰਾਜ ਪ੍ਰਿਤਪਾਲ ਸਿੰਘ (ਝਾਵਰ) ਨਾਇਬ ਤਹਿਸੀਲਦਾਰ, ਰਾਜਾਸਾਂਸੀ, ਤਹਿਸੀਲ ਰਾਜਾਸਾਂਸੀ, ਜ਼ਿਲ੍ਹਾ ਅੰਮ੍ਰਿਤਸਰ

ਕੇਸ ਨੰਬਰ/ਅਦਰ ਕੇਸ 56/2026 — ਕਿਸਮ ਕੇਸ: ਦਰੁਸਤੀ ਗਿਰਦਾਵਰੀ — ਵਾਕਿਆ ਰਕਬਾ ਮੱਲੂ ਨੰਗਲ

ਦਾਇਰ ਮਿਤੀ 7-5-2026 — ਤਾਰੀਖ ਪੇਸ਼ੀ 29-7-2026

ਕਾਰਜ ਸਿੰਘ ਪੁੱਤਰ ਚੰਨਣ ਸਿੰਘ ਵਾਸੀ ਪਿੰਡ ਮੱਲੂ ਨੰਗਲ, ਸਬ ਤਹਿਸੀਲ ਰਾਜਾਸਾਂਸੀ ਤਹਿਸੀਲ ਲੋਪੋਕੇ, ਜ਼ਿਲ੍ਹਾ ਅੰਮ੍ਰਿਤਸਰ। ........ਦਾਹਵਾ ਕਰਤਾ ਧਿਰ

ਬਨਾਮ

ਕੁੰਦਨ ਸਿੰਘ ਪੁੱਤਰ ਠਾਕੁਰ ਸਿੰਘ, ਪਿੰਡ ਮੱਲੂ ਨੰਗਲ ਆਦਿ, ਸਬ ਤਹਿਸੀਲ ਰਾਜਾਸਾਂਸੀ ਤਹਿਸੀਲ ਲੋਪੋਕੇ ਜ਼ਿਲ੍ਹਾ ਅੰਮ੍ਰਿਤਸਰ। ......ਉੱਤਰਵਾਦੀ ਧਿਰਾਂ

ਦਰਖਾਸਤ ਦਰੁਸਤੀ ਗਿਰਦਾਵਰੀ ਜ਼ੇਰ ਧਾਰਾ 111 ਮਾਲ-ਗੁਜਾਰੀ ਐਕਟ (ਪੰਜਾਬ ਲੈਂਡ ਰੈਵੀਨਿਊ, ਐਕਟ 1887) ਬਾਬਤ ਕੁੱਲ ਰਕਬਾ 4 ਕਨਾਲ 12 ਮਰਲਾ ਖਸਰਾ ਨੰਬਰ ਦਰਖਾਸਤ ਜ਼ੇਰ ਧਾਰਾ 111 ਐਕਟ ਮਾਲ ਗੁਜਾਰੀ (ਪੰਜਾਬ ਲੈਂਡ ਰੈਵੀਨਿਊ ਐਕਟ) ਬਰਾਏ ਕਰਵਾਉਣੇ ਦਰੁਸਤੀ ਗਿਰਦਾਵਰੀ ਬਾਬਤ ਭੂਮੀ 4 ਕਨਾਲ 12 ਮਰਲਾ ਖਸਰਾ ਨੰਬਰਾਨ 44//3/1[4-12], ਖਾਤਾ ਖਤੌਨੀ ਨੰਬਰ 359/652 ਮੁਦਰਜਾ ਜਮ੍ਹਾਂਬੰਦੀ ਸਾਲ 2023-2024 ਉਪਰੋਕਤ ਅਨੁਵਾਨ ਕੇਸ ਵਿੱਚ ਹੇਠ ਦਰਜ ਉੱਤਰਵਾਦੀਆਂ ਨੂੰ ਅਖਬਾਰੀ ਇਸ਼ਤਿਹਾਰ ਰਾਹੀਂ ਅਤੇ ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਅਦਾਲਤ ਵਿੱਚ ਕੇਸ ਤਕਮੀਮ ਉਪਰੋਕਤ ਖਸਰਾ ਨੰਬਰ 'ਤੇ ਪੇਸ਼ ਹੋਇਆ ਹੈ। ਇਸ ਲਈ ਜੇਕਰ ਕੋਈ ਵਿਅਕਤੀ ਜਾਂ ਹੇਠਾਂ ਲਿਖੇ ਉੱਤਰਵਾਦੀਆਂ ਵਿੱਚੋਂ ਕੋਈ ਇਸ ਕੇਸ ਦਰੁਸਤੀ ਗਿਰਦਾਵਰੀ ਵਿਚ ਕੋਈ ਜਵਾਬ/ਇਤਰਾਜ਼/ ਸੰਬੰਧੀ ਕਾਰਵਾਈ ਕਰਨਾ ਚਾਹੁੰਦੇ ਹਨ ਜਾਂ ਪੱਖ ਪੇਸ਼ ਕਰਨਾ ਚਾਹੁੰਦੇ ਹਨ, ਤਾਂ ਉੱਤਰਵਾਦੀ ਧਿਰਾਂ ਜਵਾਬ/ ਇਤਰਾਜ਼ ਅਗਲੀ ਤਾਰੀਖ ਪੇਸ਼ੀ ਮਿਤੀ: 29-7-2026 ਨੂੰ ਅਸਾਲਤਨ ਜਾਂ ਵਕਾਲਤਨ ਅਦਾਲਤ ਵਿੱਚ ਪੇਸ਼ ਹੋਣ ਤੇ ਕੇਸ ਦੀ ਪੈਰਵਾਈ ਕਰਨ ਲਈ ਨਿੱਜੀ ਤੌਰ 'ਤੇ ਇਸ ਅਦਾਲਤ ਵਿਖੇ ਪੇਸ਼ ਕਰ ਸਕਦੇ ਹਨ। ਇਸ ਮਿਤੀ ਤੋਂ ਬਾਅਦ ਕਿਸੇ ਦਾ ਕੋਈ ਉਜ਼ਰ ਨਹੀਂ ਸੁਣਿਆ ਜਾਵੇਗਾ। ਹਾਜ਼ਰ ਨਾ ਹੋਣ ਦੀ ਸੂਰਤ ਵਿੱਚ ਉਨ੍ਹਾਂ ਦੇ ਖਿਲਾਫ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

1. ਕੁੰਦਨ ਸਿੰਘ ਪੁੱਤਰ ਠਾਕੁਰ ਸਿੰਘ, 2. ਗੁਰਬਚਨ ਸਿੰਘ ਪੁੱਤਰ ਲੇਟ ਸ੍ਰੀ ਗੁਰਨਾਮ ਸਿੰਘ, 3. ਹਜਾਰਾ ਸਿੰਘ ਪੁੱਤਰ ਭਗਵਾਨ ਸਿੰਘ, 4. ਦੇਵਾ ਸਿੰਘ ਪੁੱਤਰ ਗੁਲਜਾਰ ਸਿੰਘ, ਸਾਰੇ ਵਾਸੀਆਨ ਪਿੰਡ ਮੱਲੂ ਨੰਗਲ, ਸਬ ਤਹਿਸੀਲ ਰਾਜਾਸਾਂਸੀ, ਜ਼ਿਲ੍ਹਾ ਅੰਮ੍ਰਿਤਸਰ।

ਨਾਇਬ ਤਹਿਸੀਲਦਾਰ -ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ/ਦੂਜਾ ਰਾਜਾਸਾਂਸੀ

ਨੰਬਰ/ਰੀਡਰ/ਐੱਨ.ਟੀ./ 468 ਮਿਤੀ : 17/7/2026

## PUNJAB NATIONAL BANK

BRANCH:- Basti Jodhewal, Ludhiana, Punjab. Email:-bo3457@pnb.co.in

### ਸਕਿਉਰਟਾਈਜੇਸ਼ਨ ਐਂਡ ਰਿਕੰਸਟਰੱਕਸ਼ਨ ਆਫ ਫਾਈਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (ਸਰਫੇਸੀ ਐਕਟ) ਦੇ ਸੈਕਸ਼ਨ 13 (2) ਅਧੀਨ ਡਿਮਾਂਡ ਨੋਟਿਸ

ਇਸ ਦੁਆਰਾ ਇੱਕ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਵਰਨਣ ਕਰਜ਼ਦਾਰ ਅਤੇ ਸਹਿ-ਕਰਜ਼ਦਾਰ ਬੈਂਕ ਕੋਲੋਂ ਪ੍ਰਾਪਤ ਕੀਤੀ ਕਰਜ਼ਾ ਸਹੂਲਤਾਂ ਦੀ ਵਿਆਜ ਸਹਿਤ ਮੂਲ ਰਕਮ ਅਤੇ ਵਿਆਜ ਦੀ ਅਦਾਇਗੀ ਕਰਨ ਵਿੱਚ ਉਲੰਘਣਾ ਕੀਤੀ ਹੈ ਅਤੇ ਦਰਸਾਈਆਂ ਸਹੂਲਤਾਂ ਨੂੰ ਨਾਨ-ਪ੍ਰਫਾਰਮਿੰਗ ਐੱਸਟਸ (ਐੱਨ ਪੀ ਏ) ਵਜੋਂ ਵਰਗੀਕ੍ਰਿਤ ਕੀਤਾ ਜਾ ਚੁੱਕਾ ਹੈ। ਸਕਿਉਰਟਾਈਜੇਸ਼ਨ ਐਂਡ ਰਿਕੰਸਟਰੱਕਸ਼ਨ ਆਫ ਫਾਈਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 (2) ਅਧੀਨ ਬੈਂਕ ਦੇ ਅਧਿਕਾਰਤ ਅਫਸਰ ਵੱਲੋਂ ਨੋਟਿਸ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤੇ 'ਤੇ ਭੇਜੇ ਸਨ, ਕੁਝ ਮਾਮਲਿਆਂ ਵਿੱਚ ਨੋਟਿਸ ਬਿਨਾਂ ਸੇਵਾਵਾਂ ਦੇ ਵਾਪਸ ਆ ਗਏ ਕੁਝ ਮਾਮਲਿਆਂ 'ਚ ਪ੍ਰਾਪਤੀ ਦੀਆਂ ਰਸੀਦਾਂ ਪ੍ਰਾਪਤ ਨਹੀਂ ਹੋਈਆਂ ਹਨ। ਅਜਿਹੇ ਵਿੱਚ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਉਕਤ ਬਾਰੇ ਪਬਲਿਕ ਨੋਟਿਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ।

| ਜਾਇਦਾਦ ਦੇ ਕਰਜ਼ਦਾਰ/ਗਰੰਟਰ/ ਭਾਈਵਾਲ/ਗਿਰਵੀਕਾਰ | ਜਾਇਦਾਦਾਂ ਦਾ ਵੇਰਵਾ | ਨਾਨ-ਪ੍ਰਫਾਰਮਿੰਗ ਐੱਸਟਸ (ਐੱਨ ਪੀ ਏ) ਦੀ ਮਿਤੀ | ਡਿਮਾਂਡ ਨੋਟਿਸ ਦੀ ਮਿਤੀ | ਬਕਾਇਆ ਰਾਸ਼ੀ |
|---|---|---|---|---|
| 1. (ਕਰਜ਼ਦਾਰਾਂ) ਸ੍ਰੀ ਮੁਨੀਸ਼ ਛਾਬੜਾ ਪੁੱਤਰ ਸ੍ਰੀ ਰਾਮ ਸਰੂਪ ਛਾਬੜਾ # ਮਕਾਨ ਨੰ: 2693, ਧੁੱਸ ਮੁਹੱਲਾ ਮਾਡਲ ਟਾਊਨ, ਲੁਧਿਆਣਾ-141002<br>2. (ਸਹਿ-ਕਰਜ਼ਦਾਰ) ਸ੍ਰੀ ਮੋਨੂੰ ਪੁੱਤਰ ਸ੍ਰੀ ਦਿਨੇਸ਼ ਕੁਮਾਰ # ਮਕਾਨ ਨੰ: ਬੀ-4-2280, ਥਾਪਰ ਮੁਹੱਲਾ, ਸੈਂਟਰਲ ਪੋਸਟ ਆਫਿਸ ਲੁਧਿਆਣਾ-141008. | ਅਚੱਲ ਜਾਇਦਾਦ ਦਾ ਉੱਚਿਤ ਗਿਰਵੀਨਾਮਾ 21.60 ਵਰਗ ਗਜ਼, ਐੱਮ ਸੀ. ਨੰ. ਬੀ-II-184/1855/ਐੱਫ-3, ਜੋ ਕਿ ਸ਼ਹਿਰ ਅਬਾਦੀ ਮਾਤਾ ਰਾਣੀ ਚੌਕ, ਕੰਪਲੈਕਸ ਸਾਗਰ ਸਟਰੀਟ ਨਿਗਾਰ ਮੰਡੀ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਵਿਖੇ ਸਥਿਤ ਹੈ, ਬੈਨਾਮਾ ਵਸੀਕਾ ਨੰ: 20963 ਮਿਤੀ 02.03.2016 ਅਨੁਸਾਰ ਸ੍ਰੀ ਮੁਨੀਸ਼ ਛਾਬੜਾ ਪੁੱਤਰ ਸ੍ਰੀ ਰਾਮ ਸਰੂਪ ਛਾਬੜਾ ਤੇ ਸ੍ਰੀ ਮੋਨੂ ਪੁੱਤਰ ਸ੍ਰੀ ਦਿਨੇਸ਼ ਕੁਮਾਰ ਦੇ ਨਾਂਅ 'ਤੇ ਹੈ। ਹੱਦਬੰਦੀ ਹੇਠ ਅਨੁਸਾਰ : ਪੂਰਬ : ਰਸਤਾ, ਪੱਛਮ : ਲੋਹਾਰ ਸਟਰੀਟ, ਉੱਤਰ : ਸ਼ਾਪ ਨੰ. ਐੱਫ-4, ਦੱਖਣ : ਸ਼ਾਪ ਨੰ: ਐੱਫ-2 | 04-06.2026 | 18-07.2026 | ਰੁਪਏ 2,75,512.03/- (ਰੁਪਏ ਦੋ ਲੱਖ ਪਝੱਤਰ ਹਜ਼ਾਰ ਪੰਜ ਸੌ ਬਾਰਾਂ ਤੇ ਤਿੰਨ ਪੈਸੇ ਕੇਵਲ) 21.06.2026 ਨੂੰ ਸਮੇਤ ਹੋਰ ਵਿਆਜ ਤੇ ਅਚਨਚੇਤੀ ਖਰਚੇ ਮੁਕੰਮਲ ਅਦਾਇਗੀ ਤੱਕ। |

ਨੋਟਿਸ ਦੀ ਬਦਲਵੀਂ ਸੇਵਾ ਲਈ ਕਦਮ ਚੁੱਕੇ ਗਏ ਹਨ ਅਤੇ ਉਪਰੋਕਤ ਕਰਜ਼ਦਾਰਾਂ ਅਤੇ/ਜਾਂ ਉਨ੍ਹਾਂ ਦੇ ਗਰੰਟਰਾਂ (ਜਿੱਥੇ ਲਾਗੂਯੋਗ ਹੋਵੇ) ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਬਕਾਇਆ ਨਿਕਲਦੀ ਰਾਸ਼ੀ ਦੀ ਅਦਾਇਗੀ ਕਰ ਦੇਣ ਦਾ ਸੱਦਾ ਦਿੱਤਾ ਜਾਂਦਾ ਹੈ। ਅਸਫਲ ਰਹਿਣ ਦੀ ਸੂਰਤ ਵਿੱਚ ਸਕਿਉਰਟਾਈਜੇਸਨ ਐਂਡ ਰਿਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਦੇ ਅਧੀਨ ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦਾ ਸਮਾਂ ਲੰਘ ਜਾਣ ਤੋਂ ਬਾਅਦ ਅਗਲੇ ਕਦਮ ਚੁੱਕੇ ਜਾਣਗੇ। ਐਕਟ ਦੇ ਸੈਕਸ਼ਨ 13 (13) ਅਨੁਸਾਰ ਇਸ ਨੋਟਿਸ ਦੇ ਪ੍ਰਾਪਤ ਹੋਣ 'ਤੇ ਤੁਹਾਨੂੰ ਬੈਂਕ ਦੀ ਸਹਿਮਤੀ ਲਏ ਬਗੈਰ ਬਿਜ਼ਨੈੱਸ ਦੇ ਆਮ ਕੰਮ ਧੰਦੇ ਤੋਂ ਸਿਵਾਏ ਉਪਰ ਵਰਨਣ ਸਕਿਉਰਟੀਜ਼ ਦੀ ਡਿਸਪੋਜ਼ਿੰਗ ਜਾਂ ਕੋਈ ਸੌਦੇਬਾਜ਼ੀ ਕਰਨ ਦੀ ਮਨਾਹੀ ਹੋਵੇਗੀ। ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਸੈਕਸ਼ਨ ਦੀ ਉਲੰਘਣਾ ਕਰਨ 'ਤੇ ਗੰਭੀਰ ਨਤੀਜਿਆਂ ਦਾ ਸਾਹਮਣਾ ਕਰਨਾ ਹੋਵੇਗਾ।

ਕਰਜ਼ਦਾਰਾਂ/ਗਰੰਟਰਾਂ/ਗਿਰਵੀਕਾਰਾਂ ਨੂੰ ਸੰਬੰਧਤ ਬਰਾਂਚ ਕੋਲੋਂ ਨੋਟਿਸ ਦੀ ਕਾਪੀ ਪ੍ਰਾਪਤ ਕਰ ਲੈਣ ਦੀ ਵੀ ਸਲਾਹ ਦਿੱਤੀ ਜਾਂਦੀ ਹੈ।

ਮਿਤੀ : 26.07.2026 — ਸਥਾਨ : ਲੁਧਿਆਣਾ — ਅਧਿਕਾਰਤ ਅਫਸਰ

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਵੱਲੋਂ ਵਿਧਾਇਕ ਦੇ ਘਰ ਦਾ ਘਿਰਾਓ



**ਬੰਗਾ (ਅਵਤਾਰ ਕਲੇਰ)**- ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿਸਟ੍ਰੇਸ਼ਨ ਨੰਬਰ 295 ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਸਮੂਹ ਮੈਂਬਰਾਂ ਵੱਲੋਂ ਸੂਬਾ ਚੇਅਰਮੈਨ ਡਾ ਪ੍ਰੇਮ ਸਲੋਹ, ਸੂਬਾ ਮੀਤ ਪ੍ਰਧਾਨ ਡਾ ਬਲਵੀਰ ਗਰਚਾ, ਜ਼ਿਲ੍ਹਾ ਪ੍ਰਧਾਨ ਡਾ ਬਲਕਾਰ ਕਟਾਰੀਆ, ਜ਼ਿਲ੍ਹਾ ਜਨਰਲ ਸਕੱਤਰ ਡਾ ਰਜਿੰਦਰ ਸਿੰਘ ਲੱਕੀ, ਜ਼ਿਲ੍ਹਾ ਕੈਸ਼ੀਅਰ ਡਾ ਕਸ਼ਮੀਰ ਸਿੰਘ ਬਛੌੜੀ ਅਤੇ ਵੱਖ ਵੱਖ ਬਲਾਕਾਂ ਦੇ ਪ੍ਰਧਾਨਾਂ ਦੀ ਅਗਵਾਈ ਹੇਠ ਸੂਬਾ ਪ੍ਰਧਾਨ ਡਾ. ਜਸਵਿੰਦਰ ਸਿੰਘ ਕਾਲਖ ਤੇ ਸਮੁੱਚੀ ਸੂਬਾ ਕਮੇਟੀ ਦੇ ਦਿਸ਼ਾ ਨਿਰਦੇਸ਼ ਅਨੁਸਾਰ ਬੰਗਾ ਹਲਕੇ ਦੇ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਦੀ ਰਿਹਾਇਸ਼ ਵਿਖੇ ਸਵੇਰੇ 7 ਵਜੇ ਪਹੁੰਚ ਕੇ ਘਿਰਾਓ ਕੀਤਾ ਗਿਆ। ਡਾ. ਸੁਖਵਿੰਦਰ ਸੁੱਖੀ ਦੇ ਘਰ ਦੇ ਮੋਹਰੇ ਲਗਾਏ ਧਰਨੇ ਨੂੰ ਸੰਬੋਧਨ ਕਰਦਿਆਂ ਬੁਲਾਰਿਆਂ ਨੇ ਕਿਹਾ ਕਿ ਪ੍ਰੈਕਟੀਸ਼ਨਰਜ਼ ਨੂੰ ਆਪਣੇ ਕਿੱਤੇ ਨੂੰ ਬਚਾਉਣ ਲਈ ਸੰਘਰਸ਼ ਕਰਦਿਆਂ ਲੱਗਭੱਗ 30 ਸਾਲ ਤੋਂ ਵੀ ਵੱਧ ਸਮਾਂ ਹੋ ਗਿਆ ਹੈ ਪਰ ਅੱਜ ਤੱਕ ਕਿਸੇ ਵੀ ਸਰਕਾਰ ਨੇ ਮਸਲੇ ਨੂੰ ਹੱਲ ਕਰਨ ਲਈ ਕੋਈ ਕਦਮ ਨਹੀਂ ਚੁੱਕਿਆ। ਮੈਡੀਕਲ ਪ੍ਰੈਕਟੀਸ਼ਨਰਜ਼ ਕੋਈ ਨੌਕਰੀ ਨਹੀਂ ਮੰਗਦੇ, ਕੋਈ ਰੁਜ਼ਗਾਰ ਭੱਤਾ ਜਾਂ ਕੋਈ ਤਨਖਾਹ ਨਹੀਂ ਮੰਗਦੇ ਸਿਰਫ਼ ਕਾਨੂੰਨੀ ਤੌਰ ਤੇ ਪਰੈਕਟਿਸ ਕਰਨ ਦਾ ਅਧਿਕਾਰ ਮੰਗਦੇ ਹਨ ਤਾਂ ਜੋ ਬਿਨਾਂ ਕਿਸੇ ਡਰ ਤੋਂ ਆਮ ਗਰੀਬ ਲੋਕਾਂ ਨੂੰ ਸਸਤੀਆਂ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੇ ਨਾਲ ਨਾਲ ਆਪਣੇ ਪਰਿਵਾਰ ਦਾ ਪਾਲਣ ਪੋਸ਼ਣ ਕਰ ਸਕਣ।ਰੋਸ ਧਰਨੇ ਵਿੱਚ ਬੰਗਾ ਹਲਕੇ ਦੇ ਵਿਧਾਇਕ ਡਾ ਸੁਖਵਿੰਦਰ ਕੁਮਾਰ ਸੁੱਖੀ ਵਲੋਂ ਪਹੁੰਚ ਕੇ ਮੈਡੀਕਲ ਪ੍ਰੈਕਟੀਸ਼ਨਰਜ਼ ਦੀਆਂ ਮੰਗਾਂ ਸਬੰਧੀ ਮੰਗ ਪੱਤਰ ਲਿਆ ਗਿਆ। ਉਨ੍ਹਾਂ ਮੈਡੀਕਲ ਪ੍ਰੈਕਟੀਸ਼ਨਰਜ਼ ਨੂੰ ਸੰਬੋਧਨ ਕਰਦਿਆਂ ਪੂਰਨ ਤੌਰ ਤੇ ਵਿਸ਼ਵਾਸ ਦਿਵਾਇਆ ਕਿ ਆਉਣ ਵਾਲੇ ਵਿਧਾਨ ਸਭਾ ਸੈਸ਼ਨ ਦੌਰਾਨ ਉਹ ਮੈਡੀਕਲ ਪ੍ਰੈਕਟੀਸ਼ਨਰਜ਼ ਦੇ ਮਸਲੇ ਨੂੰ ਜ਼ੋਰਦਾਰ ਢੰਗ ਨਾਲ ਉਠਾਉਣਗੇ। ਇਸ ਸਮੇਂ ਰਜਿੰਦਰ ਸਿੰਘ ਲੱਕੀ, ਕਸ਼ਮੀਰ ਸਿੰਘ ਬਛੌੜੀ, ਅਨੂਪਿੰਦਰ ਸਿੰਘ ਸ੍ਰੋਚ, ਸਤਨਾਮ ਸਿੰਘ ਬਜੀਦਪੁਰ, ਜਗੀਰ ਸਿੰਘ, ਪਰਮਜੀਤ ਬੰਧਣ, ਜਤਿੰਦਰ ਸਹਿਗਲ, ਜਸਵੀਰ ਸਿੰਘ ਗੜ੍ਹੀ, ਗੁਰਨਾਮ ਸਿੰਘ, ਏ ਬੀ ਅਰੋੜਾ, ਰਵਿੰਦਰ ਕੁਮਾਰ ਵਸ਼ਿਸ਼ਟ, ਨਿਰਮਲ ਸਿੰਘ, ਅਸ਼ੋਕ ਕੁਮਾਰ ਮੁਕੰਦਪੁਰ, ਵਿਪਿਨ ਬੱਧਣ, ਤਰਜੀਤ ਸਿੰਘ, ਸੁਧੀਰ ਬੰਗਾ, ਚਰਨਜੀਤ ਸੱਲਾਂ, ਹੁਸਨ ਲਾਲ, ਰਾਮਜੀ ਬੱਧਣ, ਸੁਰਿੰਦਰ ਕਟਾਰੀਆ, ਨਰੇਸ਼ ਸਰੋਤਾ, ਸੰਜੀਵ ਕੁਮਾਰ, ਸੁਰਜੀਤ ਕਲ, ਦਿਲਜਗਤ ਸਲੋਹ, ਤਰਸੇਮ ਸਲੋਹ, ਦਿਲਬਾਗ ਸਿੰਘ,ਜੁਗਿੰਦਰ, ਸਤਪਾਲ ਸਾਹਿਲ, ਤਜਿੰਦਰ ਪਾਲ ਸਿੰਘ, ਰੋਸ਼ਨ ਲਾਲ, ਜੁਨੇਜਾ, ਵਿਸ਼ਾਲ, ਗੁਰਮੇਲ ਮਜਾਰੀ, ਸੋਹਣ ਲਾਲ, ਸੁਰਜੀਤ ਚੀਮਾ ਅਤੇ ਵੱਖ ਵੱਖ ਬਲਾਕਾਂ ਤੋਂ ਵੱਡੀ ਗਿਣਤੀ ਵਿੱਚ ਮੈਂਬਰ ਹਾਜ਼ਰ ਸਨ।

# ਸੈਣੀ ਨੇ 'ਨਸ਼ੇ ਸੇ ਜੰਗ-ਯਮੁਨਾਨਗਰ ਕੇ ਸੰਗ' ਤਹਿਤ ਕਰਵਾਈ ਦੌੜ ਨੂੰ ਹਰੀ ਝੰਡੀ ਦਿਖਾ ਕੇ ਕੀਤਾ ਰਵਾਨਾ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ



ਕਿਸੇ ਵੀ ਦੇਸ਼ ਦੀ ਸਭ ਤੋਂ ਵੱਡੀ ਪੂੰਜੀ ਉਸਦੇ ਨੌਜਵਾਨ ਹੁੰਦੇ ਹਨ। ਨੌਜਵਾਨ ਸਿਰਫ਼ ਵਰਤਮਾਨ ਨਹੀਂ ਹੁੰਦੇ ਸਗੋਂ ਭਵਿੱਖ ਦੇ ਨਿਰਮਾਤਾ ਹੁੰਦੇ ਹਨ, ਜੇਕਰ ਨੌਜਵਾਨ ਸਿਹਤਮੰਦ, ਅਨੁਸ਼ਾਸਿਤ ਅਤੇ ਨਸ਼ਾ ਮੁਕਤ ਹੋਵੇਗਾ ਤਾਂ ਰਾਸ਼ਟਰ ਵਿਕਸਿਤ ਭਾਰਤ ਦਾ ਸੁਪਨਾ ਸਾਕਾਰ ਹੋਵੇਗਾ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਯਮੁਨਾਨਗਰ ਵਿੱਚ 'ਨਸ਼ੇ ਸੇ ਜੰਗ-ਯਮੁਨਾਨਗਰ ਕੇ ਸੰਗ' ਤਹਿਤ ਆਯੋਜਿਤ ਦੌੜ ਵਿੱਚ ਮੌਜੂਦ ਨੌਜਵਾਨਾਂ ਨੂੰ ਸੰਬੋਧਿਤ ਕਰ ਰਹੇ ਸਨ। ਮੁੱਖ ਮੰਤਰੀ ਨੇ ਇਸ ਦੌਰਾਨ ਹਰੀ ਝੰਡੀ ਦਿਖਾਉਂਦੇ ਹੋਏ ਦੌੜ ਦਾ ਆਗਾਜ਼ ਕੀਤਾ। ਉਨ੍ਹਾਂ ਨੇ ਦੌੜ ਵਿੱਚ ਹਿੱਸਾ ਲੈਣ ਵਾਲਿਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੀ ਸਹੁੰ ਵੀ ਚੁਕਵਾਈ। ਆਪਣੇ ਸੰਬੋਧਨ ਵਿੱਚ ਉਨ੍ਹਾਂ ਨੇ ਕਿਹਾ ਕਿ ਇਹ ਬਹੁਤ ਖੁਸ਼ੀ ਦੀ ਗੱਲ ਹੈ ਕਿ ਯਮੁਨਾਨਗਰ ਦੇ ਨੌਜਵਾਨ, ਬੱਚੇ, ਧੀਆਂ, ਬਜ਼ੁਰਗ ਅਤੇ ਮਹਿਲਾਵਾਂ 'ਨਸ਼ੇ ਸੇ ਜੰਗ-ਯਮੁਨਾਨਗਰ ਕੇ ਸੰਗ' ਦਾ ਨਾਅਰਾ ਬੁਲੰਦ ਕਰਦੇ ਹੋਏ ਉਨ੍ਹਾਂ ਦੇ ਨਾਲ ਖੜ੍ਹੇ ਹਨ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ 10 ਕਿਲੋਮੀਟਰ ਦੀ ਦੌੜ ਵਿੱਚ ਹਿੱਸਾ ਲੈਣ ਵਾਲੇ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਭਾਗੀਦਾਰਾਂ ਨੂੰ ਇਨਾਮ ਦੇ ਕੇ ਸਨਮਾਨਿਤ ਵੀ ਕੀਤਾ। ਉਨ੍ਹਾਂ ਨੇ 10 ਕਿਲੋਮੀਟਰ ਦੌੜ ਵਿੱਚ ਪੁਰਸ਼ ਵਰਗ ਵਿੱਚ ਮੋਹਿਤ ਨੂੰ ਪਹਿਲੇ ਨੰਬਰ ਤੇ ਆਉਣ 'ਤੇ ਇੱਕ ਲੱਖ ਰੁਪਏ, ਦੂਜਾ ਸਥਾਨ ਪਾਉਣ ਵਾਲੇ ਨੂੰ 75 ਹਜ਼ਾਰ ਤੇ ਸਚਿਨ ਯਾਦਵ ਨੂੰ 51 ਹਜ਼ਾਰ ਤੀਜਾ ਇਨਾਮ ਵਜੋਂ ਪ੍ਰਦਾਨ ਕੀਤੇ।

# ਰਾਜ ਸੂਚਨਾ ਕਮਿਸ਼ਨਰ ਨੇ ਪੰਜਾਬ ਪੁਲਸ ਅਕੈਡਮੀ ਫਿਲੌਰ ਵਿਖੇ 'ਸੂਚਨਾ ਦਾ ਅਧਿਕਾਰ ਐਕਟ-2005' ਸੰਬੰਧੀ ਸਿਖਲਾਈ ਪ੍ਰੋਗਰਾਮ ਨੂੰ ਕੀਤਾ ਸੰਬੋਧਨ

**ਜਲੰਧਰ (ਸੁਰਿੰਦਰ ਕੁਮਾਰ)**- ਸਥਾਨਕ ਜਲੰਧਰ 'ਚ ਵਿਸ਼ੇਸ਼ ਤੌਰ 'ਤੇ ਪਹੁੰਚੇ ਰਾਜ ਸੂਚਨਾ ਕਮਿਸ਼ਨਰ ਪੰਜਾਬ ਸਰਪ੍ਰੀਤ ਸੰਧੂ ਨੇ ਮਹਾਰਾਜਾ ਰਣਜੀਤ ਸਿੰਘ ਪੰਜਾਬ ਪੁਲਸ ਅਕੈਡਮੀ, ਫਿਲੌਰ ਵਿਖੇ ਡਾਇਰੈਕਟਰ ਧਨਪ੍ਰੀਤ ਕੌਰ ਦੀ ਰਹਿਨੁਮਾਈ ਹੇਠ ਕਰਵਾਏ ਗਏ 'ਸੂਚਨਾ ਦਾ ਅਧਿਕਾਰ ਐਕਟ, 2005' ਬਾਰੇ ਇੱਕ-ਰੋਜ਼ਾ ਸਿਖਲਾਈ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਪਾਰਦਰਸ਼ਤਾ, ਜਵਾਬਦੇਹੀ ਅਤੇ ਨਾਗਰਿਕ-ਕੇਂਦਰਿਤ ਸ਼ਾਸਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਸਰਪ੍ਰੀਤ ਸੰਧੂ ਨੇ ਸਿਖਲਾਈ ਪ੍ਰੋਗਰਾਮ ਦੌਰਾਨ ਲੋਕ ਸੂਚਨਾ ਅਧਿਕਾਰੀਆਂ (ਪੀ.ਆਈ.ਓਜ਼), ਸਹਾਇਕ ਜਨਤਕ ਸੂਚਨਾ ਅਧਿਕਾਰੀਆਂ (ਏ.ਪੀ.ਆਈ.ਓਜ਼) ਅਤੇ ਪੰਜਾਬ ਦੇ ਆਰ.ਟੀ.ਆਈ. ਸੈੱਲਾਂ ਨਾਲ ਸਬੰਧਤ ਪੁਲਸ ਅਧਿਕਾਰੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਰ.ਟੀ.ਆਈ. ਐਕਟ ਸਰਕਾਰੀ ਅਦਾਰਿਆਂ ਵਿੱਚ ਲੋਕਾਂ ਦਾ ਭਰੋਸਾ ਮਜ਼ਬੂਤ ਕਰਨ ਦਾ ਇੱਕ ਸ਼ਕਤੀਸ਼ਾਲੀ ਸਾਧਨ ਹੈ। ਉਨ੍ਹਾਂ ਐਕਟ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਵਿੱਚ ਪੀ.ਆਈ.ਓਜ਼ ਦੀ ਅਹਿਮ ਭੂਮਿਕਾ ਨੂੰ ਉਜਾਗਰ ਕੀਤਾ ਅਤੇ ਕਿਹਾ ਕਿ ਇਹ ਯਕੀਨੀ ਬਣਾਇਆ ਜਾਵੇ ਕਿ



ਆਰ.ਟੀ.ਆਈ. ਅਰਜ਼ੀਆਂ 'ਤੇ ਤੁਰੰਤ, ਸਹੀ ਅਤੇ ਸੁਹਿਰਦ ਢੰਗ ਨਾਲ ਕਾਰਵਾਈ ਹੋਵੇ। ਉਨ੍ਹਾਂ ਕਿਹਾ ਕਿ ਧਾਰਾ 8 ਅਤੇ 9 ਅਧੀਨ ਛੋਟਾਂ ਨੂੰ ਸਾਵਧਾਨੀ ਨਾਲ ਅਤੇ ਸਿਰਫ਼ ਉੱਥੇ ਹੀ ਲਾਗੂ ਕੀਤਾ ਜਾਣਾ ਚਾਹੀਦਾ ਹੈ, ਜਿੱਥੇ ਕਾਨੂੰਨੀ ਤੌਰ 'ਤੇ ਜਾਇਜ਼ ਹੋਵੇ।ਪੁਲਸ ਦੇ ਕੰਮਕਾਜ ਦੀ ਸੰਵੇਦਨਸ਼ੀਲ ਪ੍ਰਕਿਰਤੀ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਜਿਥੇ ਜ਼ਰੂਰੀ ਗੁਪਤਤਾ ਦੀ ਰਾਖੀ ਜ਼ਰੂਰੀ ਹੈ, ਉੱਥੇ ਪਾਰਦਰਸ਼ਤਾ ਹੀ ਮੁੱਖ ਸਿਧਾਂਤ ਹੋਣਾ ਚਾਹੀਦਾ ਹੈ। ਆਰ.ਟੀ.ਆਈ. ਐਕਟ ਦੀ ਧਾਰਾ 4 ਤਹਿਤ ਵਧੇਰੇ ਸਰਗਰਮੀ ਨਾਲ ਜਾਣਕਾਰੀ ਜਨਤਕ ਕਰਨ ਦੀ ਅਪੀਲ ਕਰਦਿਆਂ ਸਰਪ੍ਰੀਤ ਸੰਧੂ ਨੇ ਕਿਹਾ ਕਿ ਪਾਰਦਰਸ਼ਤਾ ਨਾਲ ਭਰੋਸੇਯੋਗਤਾ ਵਧਦੀ ਹੈ, ਭਰੋਸੇਯੋਗਤਾ ਜਨਤਕ ਸਹਿਯੋਗ ਨੂੰ ਮਜ਼ਬੂਤ ਕਰਦੀ ਹੈ ਅਤੇ ਜਨਤਕ ਸਹਿਯੋਗ ਵਧੇਰੇ ਪ੍ਰਭਾਵਸ਼ਾਲੀ ਪੁਲਿਸਿੰਗ ਵਿੱਚ ਯੋਗਦਾਨ ਦਿੰਦਾ ਹੈ।ਉਨ੍ਹਾਂ ਨੇ ਸਿਖਲਾਈ ਪ੍ਰੋਗਰਾਮ ਲਈ ਪੰਜਾਬ ਪੁਲਸ ਅਕੈਡਮੀ ਨੂੰ ਮੁਬਾਰਕਬਾਦ ਦਿੱਤੀ। ਸਮਾਗਮ ਦੀ ਸਮਾਪਤੀ ਮੌਕੇ ਪੰਜਾਬ ਪੁਲਸ ਅਕੈਡਮੀ ਦੇ ਡਾਇਰੈਕਟਰ-ਕਮ-ਇੰਸਪੈਕਟਰ ਜਨਰਲ ਆਫ਼ ਪੁਲਸ, ਧਨਪ੍ਰੀਤ ਕੌਰ (ਆਈ.ਪੀ.ਐੱਸ.) ਵੱਲੋਂ ਰਾਜ ਸੂਚਨਾ ਕਮਿਸ਼ਨਰ ਸਰਪ੍ਰੀਤ ਸੰਧੂ ਨੂੰ ਪੰਜਾਬ ਪੁਲਸ ਅਕੈਡਮੀ ਦਾ ਯਾਦਗਾਰੀ ਚਿੰਨ੍ਹ ਭੇਟ ਕੀਤਾ ਗਿਆ।

# ਸਾਢੇ ਤਿੰਨ ਲੱਖ ਤੋਂ ਵੱਧ ਸ਼ਰਧਾਲੂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਯਾਤਰਾ ਕਰ ਚੁੱਕੇ : ਤਰੁਣ ਅਰੋੜਾ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪੰਜਾਬ ਸਰਕਾਰ ਦੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਰਾਜਾ ਸਾਹਿਬ ਦੇ ਜੱਦੀ ਪਿੰਡ ਮੰਨਣਹਾਨਾ ਤੋਂ ਸ਼ਰਧਾਲੂਆਂ ਨਾਲ ਭਰੀ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਸ ਬੱਸ ਨੂੰ ਆਮ ਆਦਮੀ ਪਾਰਟੀ ਪੰਜਾਬ ਦੇ ਸਟੇਟ ਸੈਕਟਰੀ ਅਤੇ ਵੀ.ਐੱਸ.ਐੱਸ. ਦੇ ਦੁਆਬਾ ਜ਼ੋਨ ਇੰਚਾਰਜ ਤਰੁਣ ਅਰੋੜਾ ਵੱਲੋਂ ਰਵਾਨਾ ਕੀਤਾ ਗਿਆ।ਇਸ ਮੌਕੇ ਸ਼ਰਧਾਲੂਆਂ ਨੇ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦਾ ਦਿਲੋਂ ਧੰਨਵਾਦ ਕਰਦਿਆਂ ਉਨ੍ਹਾਂ ਦੀ ਚੜ੍ਹਦੀ ਕਲਾ, ਚੰਗੀ ਸਿਹਤ ਅਤੇ ਲੰਬੀ ਉਮਰ ਲਈ ਅਰਦਾਸ ਕੀਤੀ। ਸ਼ਰਧਾਲੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਗਈ ਇਹ ਯੋਜਨਾ ਬਜ਼ੁਰਗਾਂ ਲਈ ਵਰਦਾਨ ਸਾਬਤ ਹੋ ਰਹੀ ਹੈ, ਜਿਸ ਰਾਹੀਂ ਉਹ ਵੱਖ-ਵੱਖ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਸੁਭਾਗ ਪ੍ਰਾਪਤ ਕਰ ਰਹੇ ਹਨ।ਇਸ ਮੌਕੇ ਸੰਬੋਧਨ ਕਰਦਿਆਂ ਤਰੁਣ ਅਰੋੜਾ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਪੰਜਾਬ ਦੇ ਲੋਕਾਂ, ਬਜ਼ੁਰਗਾਂ, ਮਾਵਾਂ ਅਤੇ ਭੈਣਾਂ ਲਈ ਇੱਕ ਸਰਵਣ ਪੁੱਤਰ ਵਜੋਂ ਨਿਰੰਤਰ ਸੇਵਾ ਕਰ ਰਹੇ ਹਨ। ਇਸ ਮੌਕੇ ਰਾਏ ਸਿੱਖ ਵੈਲਫੇਅਰ ਬੋਰਡ, ਪੰਜਾਬ ਸਰਕਾਰ ਦੇ ਚੇਅਰਮੈਨ ਸੰਦੀਪ ਸਿੰਘ ਕਾਲੂਪੁਰ, ਪਿੰਡ ਮੰਨਣਹਾਨਾ ਦੇ ਸਰਪੰਚ ਰਵੀ ਸਿੰਘ, ਰੇਸ਼ਮ ਸਿੰਘ, ਮੋਹਨ ਲਾਲ ਖੰਨਾ ਸਮੇਤ ਵੱਡੀ ਗਿਣਤੀ ਵਿੱਚ ਸ਼ਰਧਾਲੂ ਅਤੇ ਪਿੰਡ ਦੇ ਮੋਹਤਬਰ ਸੱਜਣ ਹਾਜ਼ਰ ਸਨ।

# ਅਮਰੀਕਾ ਭੇਜਣ ਦੇ ਨਾਂਅ 'ਤੇ 40 ਲੱਖ ਦੀ ਠੱਗੀ

## ਟਰੈਵਲ ਏਜੰਟ ਖ਼ਿਲਾਫ਼ ਮਾਮਲਾ ਦਰਜ

**ਟਾਂਡਾ ਉੜਮੁੜ (ਮਿਥਲੇਸ਼ ਗਰਗ,ਜਸਵਿੰਦਰ ਸੰਧੂ)**- ਵਿਦੇਸ਼ ਭੇਜਣ ਦੇ ਨਾਂਅ 'ਤੇ ਲੋਕਾਂ ਤੋਂ ਵੱਡੀ ਰਕਮ ਵਸੂਲਣ ਵਾਲੇ ਟਰੈਵਲ ਏਜੰਟਾਂ ਖ਼ਿਲਾਫ਼ ਕਾਰਵਾਈ ਕਰਦਿਆਂ ਟਾਂਡਾ ਪੁਲਿਸ ਨੇ ਅਮਰੀਕਾ ਭੇਜਣ ਦਾ ਝਾਂਸਾ ਦੇ ਕੇ 40 ਲੱਖ ਰੁਪਏ ਦੀ ਕਥਿਤ ਠੱਗੀ ਕਰਨ ਦੇ ਦੋਸ਼ ਹੇਠ ਇੱਕ ਟਰੈਵਲ ਏਜੰਟ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ।ਐੱਸ.ਐੱਸ.ਪੀ. ਹੁਸ਼ਿਆਰਪੁਰ ਨੂੰ ਦਿੱਤੀ ਸ਼ਿਕਾਇਤ ਵਿੱਚ ਪਿੰਡ ਡੁਮਾਣਾ ਵਾਸੀ ਪਰਮਜੀਤ ਕੌਰ ਪਤਨੀ ਜਸਵੰਤ ਸਿੰਘ ਨੇ ਦੱਸਿਆ ਕਿ ਸਾਲ 2022 ਵਿੱਚ ਭੁਲੱਥ ਵਾਸੀ ਟਰੈਵਲ ਏਜੰਟ ਬਲਵਿੰਦਰ ਸਿੰਘ ਨੇ ਉਸ ਦੇ ਜੇਠ ਸੁਰਜੀਤ ਸਿੰਘ ਨਾਲ ਮਿਲ ਕੇ ਉਸ ਦੇ ਪੁੱਤਰ ਹਰਮਨਪ੍ਰੀਤ ਸਿੰਘ ਨੂੰ ਸਿੱਧਾ ਅਮਰੀਕਾ ਭੇਜਣ ਦਾ ਭਰੋਸਾ ਦੇ ਕੇ 40 ਲੱਖ ਰੁਪਏ ਲਏ ਸਨ। ਸ਼ਿਕਾਇਤ ਮੁਤਾਬਕ, ਏਜੰਟ ਨੇ ਹਰਮਨਪ੍ਰੀਤ ਨੂੰ ਅਮਰੀਕਾ ਭੇਜਣ ਦੀ ਬਜਾਏ ਦੁਬਈ, ਥਾਈਲੈਂਡ ਅਤੇ ਇੰਡੋਨੇਸ਼ੀਆ ਭੇਜ ਦਿੱਤਾ, ਜਿੱਥੇ ਪੁਲਿਸ ਨੇ ਉਸ ਨੂੰ ਹਿਰਾਸਤ ਵਿੱਚ ਲੈ ਕੇ ਵਾਪਸ ਭਾਰਤ ਭੇਜ ਦਿੱਤਾ। ਭਾਰਤ ਪਰਤਣ ਤੋਂ ਬਾਅਦ ਜਦੋਂ ਹਰਮਨਪ੍ਰੀਤ ਨੇ ਏਜੰਟ ਤੋਂ ਅਮਰੀਕਾ ਨਾ ਭੇਜਣ ਦਾ ਕਾਰਨ ਪੁੱਛਿਆ ਤਾਂ ਦੋਸ਼ ਹੈ ਕਿ ਏਜੰਟ ਨੇ ਉਸ ਨਾਲ ਕੁੱਟਮਾਰ ਕੀਤੀ। ਇਸ ਤੋਂ ਬਾਅਦ ਪਰਵਾਰ ਉਸ ਨੂੰ ਆਪਣੇ ਘਰ ਲੈ ਆਇਆ। ਪੀੜਤ ਪਰਵਾਰ ਦਾ ਦੋਸ਼ ਹੈ ਕਿ ਜਦੋਂ ਉਨ੍ਹਾਂ ਨੇ ਏਜੰਟ ਤੋਂ ਆਪਣੀ ਰਕਮ ਵਾਪਸ ਮੰਗੀ ਤਾਂ ਉਸ ਨੇ ਪੈਸੇ ਵਾਪਸ ਕਰਨ ਤੋਂ ਸਾਫ਼ ਇਨਕਾਰ ਕਰ ਦਿੱਤਾ। ਸ਼ਿਕਾਇਤ ਦੀ ਜਾਂਚ ਤੋਂ ਬਾਅਦ ਐੱਸ.ਐੱਸ.ਪੀ. ਹੁਸ਼ਿਆਰਪੁਰ ਦੇ ਨਿਰਦੇਸ਼ਾਂ ਤੇ ਟਾਂਡਾ ਥਾਣਾ ਪੁਲਿਸ ਨੇ ਭੁਲੱਥ ਵਾਸੀ ਬਲਵਿੰਦਰ ਸਿੰਘ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ। ਪੁਲਿਸ ਦਾ ਕਹਿਣਾ ਹੈ ਕਿ ਮਾਮਲੇ ਦੀ ਜਾਂਚ ਜਾਰੀ ਹੈ ਅਤੇ ਤੱਥਾਂ ਦੇ ਆਧਾਰ 'ਤੇ ਅਗਲੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਕਾਂਗਰਸੀ ਵਰਕਰਾਂ ਨੇ ਫੂਕਿਆ ਮੁੱਖ ਮੰਤਰੀ ਦਾ ਪੁਤਲਾ

**ਅੱਪਰਾ ਸਰਾਂ (ਜਸਵੀਰ ਕਾਜਲ)**- ਬਰਨਾਲਾ ਵਿਚ ਆਪਣੀਆਂ ਹੱਕੀ ਮੰਗਾਂ ਲਈ ਸ਼ਾਂਤਮਈ ਰੋਸ ਪ੍ਰਦਰਸ਼ਨ ਕਰਨ ਵਾਲੇ ਸਰਕਾਰੀ ਸੇਵਕਾਂ ਤੇ ਪੁਲਸ ਵੱਲੋਂ ਕੀਤੇ ਗਏ ਲਾਠੀਚਾਰਜ ਦੇ ਵਿਰੋਧ ਵਿਚ ਕਾਂਗਰਸ ਪਾਰਟੀ ਦੇ ਜੇਸ ਸ੍ਰੀ ਵਿਚ ਵੱਲੋਂ ਅੱਜ ਟਾਂਡਾ ਵਿਚ ਰੋਸ ਪ੍ਰਦਰਸ਼ਨ ਕਰਦੇ ਹੋਏ ਮੁੱਖ ਮੰਤਰੀ ਦਾ ਪੁਤਲਾ ਫੂਕਿਆ ਗਿਆ। ਪਰਵਿੰਦਰ ਸਹਿਬਾਜ਼ਪੁਰ, ਵਿਨੋਦ ਖੋਸਲਾ ਸੁੰਦਰੀ, ਵਿਨੋਦ ਖੋਸਲਾ, ਹਰਜੇਸ਼ ਸਿੰਘ ਜਲਾਲ ਬੱਬੀ ਬੈਂਚਪਿੰਡ ਆਦਿ ਆਗੂਆਂ ਦੀ ਅਗਵਾਈ ਵਿਚ ਹੋਏ ਰੋਸ ਪ੍ਰਦਰਸ਼ਨ ਦੌਰਾਨ ਸਾਬਕਾ ਕੈਬਨਿਟ ਮੰਤਰੀ ਪੰਜਾਬ ਸੰਗਤ ਸਿੰਘ ਗਿਲਜੀਆਂ ਅਤੇ ਜ਼ਿਲ੍ਹਾ ਪ੍ਰਧਾਨ ਕਾਂਗਰਸ ਐਡਵੋਕੇਟ ਦਲਜੀਤ ਸਿੰਘ ਗਿਲਜੀਆਂ ਸਣੇ ਵੱਡੀ ਗਿਣਤੀ ਵਿਚ ਕਾਂਗਰਸ ਕਾਰਕੁੰਨਾਂ ਨੇ ਭਾਗ ਲਿਆ।



ਬਲਾਕ ਕਾਂਗਰਸ ਦਫਤਰ ਤੋਂ ਰੋਸ ਮਾਰਚ ਕਰਕੇ ਸਰਕਾਰੀ ਹਸਪਤਾਲ ਚੌਂਕ ਆ ਕੇ ਪੰਜਾਬ ਸਰਕਾਰ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕਰਦੇ ਹੋਏ ਸੀ.ਐੱਮ. ਦਾ ਪੁਤਲਾ ਫੂਕਿਆ ਗਿਆ। ਵੱਖ ਵੱਖ ਬੁਲਾਰਿਆਂ ਨੇ ਇਸ ਮੌਕੇ ਸਰਕਾਰ ਦੇ ਇਸ਼ਾਰਿਆਂ ਤੇ ਪੁਲਸ ਵੱਲੋਂ ਕੀਤੇ ਗਏ ਜਬਰ ਦਾ ਜ਼ੋਰਦਾਰ ਵਿਰੋਧ ਕੀਤਾ ਗਿਆ। ਇਸ ਮੌਕੇ ਸਾਬਕਾ ਮੰਤਰੀ ਗਿਲਜੀਆਂ ਨੇ ਆਖਿਆ ਕਿ ਆਪਣੀਆਂ ਮੰਗਾਂ ਲਈ ਸ਼ਾਂਤਮਈ ਰੋਸ ਜਤਾ ਰਹੇ ਸਰਕਾਰੀ ਸੇਵਕ ਨੌਜਵਾਨਾਂ ਅਤੇ ਔਰਤਾਂ ਤੇ ਪੁਲਸ ਵੱਲੋਂ ਜਾਲਮਾਨਾ ਤਸ਼ੱਦਦ ਕੀਤਾ ਗਿਆ ਹੈ ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਮੌਕੇ ਰਾਮ ਪਾਲ ਬੈਂਸ, ਜਤਿੰਦਰਪਾਲ ਸਿੰਘ ਝਾਵਰ, ਧਰਮਵੀਰ ਸਿੰਘ, ਰਵਿਸ਼ਨ, ਵਿਜੇਪਾਲ, ਬਲਬੀਰ ਸਿੰਘ ਹਰਸੀਪਿੰਡ, ਰਵਿੰਦਰਪਾਲ ਸਿੰਘ ਗੋਰਾ, ਕਾਲਾ ਮੂਨਕ, ਗੁਰਵੀਰ ਰਿਫ਼, ਰਾਜੇਸ਼ ਲਾਡੀ, ਸਤਪਾਲ ਭੁਪਿੰਦਰ ਸਿੰਘ ਰਾਏਪੁਰ, ਸੁਖਦੀਪ ਸਿੰਘ, ਮਨੀ ਸਹਿਬਾਜ਼ਪੁਰ, ਗੋਲਡੀ ਕਲਿਆਣਪੁਰ, ਰਵੀ ਰਾਏਪੁਰ, ਬਲਬੀਰ ਸਿੰਘ ਨੰਗਲ ਖੁੰਗਾ, ਸੇਠੀ ਘੋੜੇਸ਼ਾਹ ਅਵਾਣ, ਲੱਭਾ ਜਹੂਰਾ, ਡਾ. ਬਲਦੇਵ ਰਾਜ, ਆਸ਼ੂ ਵੈਦ, ਜਸਵਿੰਦਰ ਕਾਕਾ, ਬਿੱਲੂ ਸੈਣੀ, ਕ੍ਰਿਸ਼ਨ ਬਿੱਟੂ, ਜਤਿੰਦਰ ਲਾਡੀ, ਲੱਕੀ ਰਾਜਪੁਰ ਗਾਹੋਤ, ਹਰਬੰਸ ਸਿੰਘ, ਸੁਰਜੀਤ ਸਿੰਘ, ਕੁਲਦੀਪ ਸਿੰਘ ਦੇਹਰੀਵਾਲ, ਸਾਧੂ ਸਿੰਘ, ਅਨਿਲ ਪਿੰਕਾ, ਰਾਕੇਸ਼ ਬਿੱਟੂ, ਡਿੰਪੀ ਖੋਸਲਾ ਆਦਿ ਮੌਜੂਦ ਸਨ ।

# 'ਆਪ' ਵੱਲੋਂ ਵੱਖ-ਵੱਖ ਵੈੱਲਫ਼ੇਅਰ ਬੋਰਡਾਂ ਦੇ ਚੇਅਰਮੈਨ ਸਨਮਾਨਤ

**ਸ਼ਾਹਕੋਟ (ਗਿਆਨ ਸੈਦਪੁਰੀ)**- ਵੱਖ ਵੱਖ ਸਮਾਜ ਸੇਵੀ ਸੰਸਥਾਵਾਂ ਵੱਲੋਂ ਸਥਾਨਕ ਬੀ ਡੀ ਪੀ ਓ ਦਫ਼ਤਰ ਵਿਖੇ ਕਰਵਾਏ ਇਕ ਸਨਮਾਨ ਸਮਾਰੋਹ ਵਿੱਚ ਆਮ ਆਦਮੀ ਪਾਰਟੀ ਵੱਲੋਂ ਹਲਕਾ ਸ਼ਾਹਕੋਟ ਦੇ ਵੱਖ ਵੱਖ ਵੈਲਫ਼ੇਅਰ ਬੋਰਡਾਂ ਦੇ ਨਵ ਨਿਯੁਕਤ ਚੇਅਰਮੈਨਾਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਖੱਤਰੀ-ਅਰੋੜਾ ਵੈਲਫ਼ੇਅਰ ਬੋਰਡ ਦੇ ਚੇਅਰਮੈਨ ਮਨੋਜ ਅਰੋੜਾ, ਬ੍ਰਾਹਮਣ ਵੈਲਫ਼ੇਅਰ ਬੋਰਡ ਦੇ ਚੇਅਰਮੈਨ ਰਣਜੀਤ ਬਹਾਦਰ, ਰਾਜਪੂਤ ਵੈਲਫ਼ੇਅਰ ਦੇ ਚੇਅਰਮੈਨ ਪਰਮਵੀਰ ਪੰਮਾਂ ਅਤੇ ਸੈਣੀ ਵੈਲਫ਼ੇਅਰ ਬੋਰਡ ਦੇ ਚੇਅਰਮੈਨ ਮਾ. ਪਰਵਿੰਦਰ ਸਿੰਘ ਸੈਣੀ ਦਾ ਸਨਮਾਨ ਕਰਦਿਆਂ ਪਤਵੰਤਿਆਂ ਨੇ ਕਿਹਾ ਕਿ 'ਆਪ' ਵਲੋਂ



ਨਵ ਨਿਯੁਕਤ ਇਹ ਚੇਅਰਮੈਨ ਜਿੱਥੇ ਵੱਖ ਵੱਖ ਵਰਗਾਂ ਅਤੇ ਸਰਕਾਰ ਵਿਚਕਾਰ ਕੜੀ ਦਾ ਕੰਮ ਕਰਨਗੇ ਉੱਥੇ ਉਹ ਸਰਕਾਰ ਦੀਆਂ ਲੋਕ ਪੱਖੀ ਨੀਤੀਆਂ ਤੋਂ ਲੋਕਾਂ ਨੂੰ ਜਾਣੂ ਕਰਵਾ ਕੇ ਇਨ੍ਹਾਂ ਦਾ ਲਾਭ ਲੈਣ ਲਈ ਵੀ ਪ੍ਰੇਰਿਤ ਕਰਨਗੇ। ਇਸ ਮੌਕੇ ਨਵ ਨਿਯੁਕਤ ਚੇਅਰਮੈਨਾਂ ਨੇ ਇਨ੍ਹਾਂ ਨਿਯੁਕਤੀਆਂ ਲਈ 'ਆਪ' ਹਾਈਕਮਾਨ ਦਾ ਧੰਨਵਾਦ ਕਰਦਿਆਂ ਹਾਜ਼ਰ ਸ਼ਖ਼ਸੀਅਤਾਂ ਨੂੰ ਭਰੋਸਾ ਦਿੱਤਾ ਕਿ ਉਹ ਸਰਕਾਰ ਦੀਆਂ ਲੋਕ ਹਿੱਤ ਦੀਆਂ ਨੀਤੀਆਂ ਦਾ ਲਾਭ ਲੋਕਾਂ ਤੱਕ ਪਹੁੰਚਾਉਣ ਲਈ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਕੰਮ ਕਰਨਗੇ। ਇਸ ਸਨਮਾਨ ਸਮਾਰੋਹ ਦੌਰਾਨ ਹੋਰਨਾਂ ਤੋਂ ਇਲਾਵਾ 'ਆਪ' ਦੇ ਬਲਾਕ ਪ੍ਰਧਾਨ ਤੇ ਅਰੋੜਾ ਮਹਾਂ ਸਭਾ ਦੇ ਪ੍ਰਧਾਨ ਪ੍ਰਦੀਪ ਗਰੋਵਰ ਪਿੰਟਾ, ਸੁਖਜਿੰਦਰ ਸਿੰਘ ਸਚਦੇਵਾ ਨਵਾਂ ਕਿਲਾ, 'ਆਪ' ਦੇ ਸੀਨੀਅਰ ਆਗੂ ਬਲਜਿੰਦਰ ਸਿੰਘ ਖਿੰਡਾ, 'ਆਪ' ਦੇ ਸੀਨੀਅਰ ਆਗੂ ਕੁਲਦੀਪ ਸਿੰਘ ਦੀਦ, ਸੋਨੂੰ ਸਹੋਤਾ ਬਲਾਕ ਪ੍ਰਧਾਨ, ਰਛਪਾਲ ਸਿੰਘ ਢੋਟ ਬਲਾਕ ਸੰਮਤੀ ਮੈਂਬਰ, ਐਡਵੋਕੇਟ ਪਿਊਸ਼ ਗੋਇਲ, ਮਾ.ਰਮਨ ਗੁਪਤਾ ਪ੍ਰਧਾਨ ਰੈੱਡ ਰਿਬਨ ਕਲੱਬ, ਪ੍ਰਦੀਪ ਸ਼ਰਮਾ, ਡਾ. ਨਰੇਸ਼ ਸੱਗੂ ਆਦਿ ਹਾਜ਼ਰ ਸਨ।

# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਕਰਵਾਈ ਗਈ ਜਾਗਰੂਕਤਾ ਮੀਟਿੰਗ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪਿੰਡ ਹੰਡੇਸਰਾ ਵਿਖੇ ਜਾਗਰੂਕਤਾ ਮੀਟਿੰਗ ਦਾ ਆਯੋਜਨ



ਕੀਤਾ ਗਿਆ, ਜਿਸ ਵਿੱਚ ਡੇਰਾਬੱਸੀ ਹਲਕੇ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਆਪਣੇ ਸੰਬੋਧਨ ਦੌਰਾਨ ਵਿਧਾਇਕ ਰੰਧਾਵਾ ਨੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਖੇਡਾਂ, ਸਿੱਖਿਆ ਤੇ ਹੋਰ ਉਸਾਰੂ ਗਤੀਵਿਧੀਆਂ ਨਾਲ ਜੁੜਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਨਸ਼ਾ-ਮੁਕਤ ਪੰਜਾਬ ਦੀ ਸਿਰਜਣਾ ਲਈ ਸਮਾਜ ਦੇ ਹਰ ਵਰਗ ਦੀ ਸਾਂਝੀ ਭੂਮਿਕਾ ਅਤੇ ਸਰਗਰਮ ਭਾਗੀਦਾਰੀ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਜਦੋਂ ਲੋਕ, ਪ੍ਰਸ਼ਾਸਨ ਅਤੇ ਸਮਾਜ ਮਿਲ ਕੇ ਇਸ ਮੁਹਿੰਮ ਨੂੰ ਜਨ ਅੰਦੋਲਨ ਦਾ ਰੂਪ ਦੇਣਗੇ ਤਾਂ ਹੀ ਨਸ਼ਿਆਂ ਦੀ ਬੁਰਾਈ ਦਾ ਪ੍ਰਭਾਵਸ਼ਾਲੀ ਢੰਗ ਨਾਲ ਖਾਤਮਾ ਕੀਤਾ ਜਾ ਸਕੇਗਾ।ਵਿਧਾਇਕ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਉਨ੍ਹਾਂ ਨੂੰ ਖੇਡਾਂ, ਰੁਜ਼ਗਾਰ, ਸਿੱਖਿਆ ਅਤੇ ਹੋਰ ਸਕਾਰਾਤਮਕ ਗਤੀਵਿਧੀਆਂ ਨਾਲ ਜੋੜਨ ਲਈ ਲਗਾਤਾਰ ਯਤਨਸ਼ੀਲ ਹੈ। ਇਸ ਮੌਕੇ ਹਲਕਾ ਕੋਆਰਡੀਨੇਟਰ ਸੁਮਿਤ ਅਤੇ ਉਨ੍ਹਾਂ ਦੀ ਟੀਮ, ਸਰਕਲ ਹੰਡੇਸਰਾ ਦੇ ਪੰਚ-ਸਰਪੰਚ, ਬਲਾਕ ਪ੍ਰਧਾਨ, ਵੱਖ-ਵੱਖ ਪਿੰਡਾਂ ਦੇ ਪਹਿਰੇਦਾਰ, ਪਾਰਟੀ ਆਗੂ, ਐਸ.ਡੀ.ਐਮ. ਡੇਰਾਬੱਸੀ ਅਮਿਤ ਕੁਮਾਰ, ਬੀ.ਡੀ.ਪੀ.ਓ. ਡੇਰਾਬੱਸੀ, ਐਸ.ਐਚ.ਓ. ਹੰਡੇਸਰਾ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਪਤਵੰਤੇ ਹਾਜ਼ਰ ਸਨ।

# ਬੇਗਮਪੁਰਾ ਪੰਥਕ ਲਹਿਰ ਨੂੰ ਬੁਲੰਦੀਆਂ ਤੱਕ ਲੈ ਕੇ ਜਾਣ ਲਈ ਨੌਜਵਾਨ ਵੱਡਾ ਯੋਗਦਾਨ ਪਾਉਣਗੇ : ਡਾ. ਜੱਖੂ



**ਮੇਹਟੀਆਣਾ, ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਜਗਤਾਰ ਸਿੰਘ ਭੁੰਗਰਨੀ)**- ਸਿੱਖ ਕੌਮ ਅਤੇ ਪੰਜਾਬ ਦੇ ਹੱਕਾਂ ਲਈ ਦ੍ਰਿੜਤਾ ਨਾਲ ਆਵਾਜ਼ ਬੁਲੰਦ ਕਰਨ ਵਾਲੀ ਸ਼ਖ਼ਸ਼ੀਅਤ ਸਿਮਰਨਜੀਤ ਸਿੰਘ ਮਾਨ ਨੇ ਪਿਛਲੇ ਦਿਨੀ ਫਗਵਾੜਾ ਵਿਖੇ ਬੇਗਮਪੁਰਾ ਪੰਥਕ ਲਹਿਰ ਦੀ ਸ਼ੁਰੂਆਤ ਕਰਕੇ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਮੁਤਾਬਕ ਸਮਾਜ ਦੀ ਸਿਰਜਣਾ ਕਰਨ ਲਈ ਵੱਡਾ ਉਪਰਾਲਾ ਕੀਤਾ ਸੀ ਉਸੇ ਤਹਿਤ ਦੋ ਅਗਸਤ ਨੂੰ ਹਲਕਾ ਸ਼ਾਮ 84 ਵਿਖੇ ਢਿੱਲੋਂ ਮੈਰਿਜ ਪੈਲਸ ਪੰਡੋਰੀ ਖਜੂਰ ਵਿਖੇ ਸਿਮਰਨਜੀਤ ਸਿੰਘ ਮਾਨ ਦੀ ਅਗਵਾਈ ਹੇਠ ਹੋ ਰਹੇ ਬੇਗਮਪੁਰਾ ਪੰਥਕ ਇਕੱਠ ਨੂੰ ਕਾਮਯਾਬ ਕਰਨ ਲਈ ਨੌਜਵਾਨ ਵੱਡਾ ਯੋਗਦਾਨ ਪਾਉਣਗੇ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਡਾਕਟਰ ਹਰਜਿੰਦਰ ਸਿੰਘ ਜੱਖੂ ਜਰਨਲ ਸਕੱਤਰ ਅਤੇ ਦੁਆਬਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਨਵ ਨਿਯੁਕਤ ਜ਼ਿਲ੍ਹਾ ਪ੍ਰਧਾਨ ਯੂਥ ਵਿੰਗ ਕੁਲਵੀਰ ਸਿੰਘ ਮੌਜੀਪੁਰ ਦੀ ਅਗਵਾਈ ਹੇਠ ਨੌਜਵਾਨਾਂ ਦੇ ਹੋਏ ਵੱਡੇ ਇਕੱਠ ਨੂੰ ਸੰਬੋਧਨ ਕਰਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਇਸ ਸਮੇਂ ਡਾਕਟਰ ਜੱਖੂ ਨੇ ਕਿਹਾ ਕਿ ਜਿਸ ਕਾਰਜ ਦਾ ਜਿੰਮਾ ਨੌਜਵਾਨ ਆਪਣੇ ਮੋਢਿਆਂ ਤੇ ਚੁੱਕ ਲੈਣ ਉਸਨੂੰ ਸਫਲ ਹੋਣ ਤੋਂ ਕੋਈ ਵੀ ਨਹੀਂ ਰੋਕ ਸਕਦਾ। ਇਸ ਸਮੇਂ ਪਰਮਜੀਤ ਸਿੰਘ ਮੇਗੋਵਾਲ ਦੁਆਬਾ, ਜਥੇਦਾਰ ਕਾਬਲ ਸਿੰਘ ਸ਼ਾਹਪੁਰ, ਬਹਾਦਰ ਸਿੰਘ ਖਾਨਪੁਰ, ਜਗਦੀਸ਼ ਸਿੰਘ ਚੱਬੇਵਾਲ, ਰਣਜੀਤ ਸਿੰਘ ਸ਼ਾਹਪੁਰ, ਕੁਲਦੀਪ ਸਿੰਘ ਬੰਟੀ, ਮੋਹਿਤ ਨੈਣਵਾ, ਰਵਿੰਦਰ ਸਿੰਘ ਸਹੂੰਗੜਾ, ਹਰਕਮਲ ਸਿੰਘ ਸਹੂੰਗੜਾ, ਤਜਿੰਦਰ ਸਿੰਘ ਖਾਨਪੁਰ ਆਦਿ ਹਾਜ਼ਰ ਸਨ।

# ਰਾਮਾਇਣ ਦੇ ਪਾਠ ਦੀ ਆਰੰਭਤਾ ਭਲਕੇ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਬਾਪੂ ਗੰਗਾ ਦਾਸ ਜੀ ਵੈਲਫੇਅਰ ਸੁਸਾਇਟੀ ਰਜਿ. ਮਾਹਿਲਪੁਰ ਵਲੋਂ ਸ੍ਰੀ ਸ੍ਰੀ 1008 ਧੰਨ -ਧੰਨ ਗੁਰੂ ਬਾਪੂ ਗੰਗਾ ਦਾਸ ਮਹਾਰਾਜ ਜੀ ਦੀ 11ਵੀਂ ਬਰਸੀ ਤੇ ਸਾਲਾਨਾ ਧਾਰਮਿਕ ਸਮਾਗਮ 28 ਅਤੇ 29 ਜੁਲਾਈ 2026 ਨੂੰ ਤਪ ਅਸਥਾਨ ਡੇਰਾ ਬਾਪੂ ਗੰਗਾ ਦਾਸ ਮਾਹਿਲਪੁਰ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਇਸ ਅਸਥਾਨ ਦੇ ਮੁੱਖ ਸੇਵਾਦਾਰ ਦਾਸ ਮਨਦੀਪ ਸਿੰਘ ਨੇ ਦੱਸਿਆ ਕਿ 21 ਜੁਲਾਈ ਤੋ ਡੇਰਾ ਬਾਪੂ ਗੰਗਾ ਦਾਸ ਵਿਖੇ ਪਰਮ ਪੂਜਨੀਕ ਸ੍ਰੀ ਗੌਰਦਾਸ ਜੀ ਮਹਾਰਾਜ ਵਰਿੰਦਾਵਨ ਵਾਲੇ ਸ਼ਾਮ ਨੂੰ 6 ਤੋਂ ਰਾਤ 10 ਵਜੇ ਤੱਕ ਸ੍ਰੀ ਮੱਧ ਭਾਗਵਤ ਕਥਾ ਕਰ ਰਹੇ ਹਨ। ਇਸ ਪ੍ਰੋਗਰਾਮ ਵਿੱਚ ਮਾਹਿਲਪੁਰ ਅਤੇ ਲਾਗਲੇ ਪਿੰਡਾਂ ਦੀਆਂ ਸੰਗਤਾਂ ਵੱਡੀ ਗਿਣਤੀ ਵਿੱਚ ਸ਼ਾਮਿਲ ਹੋ ਕੇ ਅਧਿਆਤਮਿਕ ਆਨੰਦ ਪ੍ਰਾਪਤ ਕਰ ਰਹੀਆਂ ਹਨ। ਉਹਨਾਂ ਦੱਸਿਆ ਕਿ ਅੱਜ ਉਨਾਂ ਨੇ ਪ੍ਰਵਚਨ ਕਰਦਿਆਂ ਸ਼੍ਰੀ ਮੱਧ ਭਾਗਵਤ ਵਿੱਚ ਸ਼੍ਰੀ ਕ੍ਰਿਸ਼ਨ ਜੀ ਦੇ ਉਪਦੇਸ਼ਾਂ ਅਤੇ ਬਾਪੂ ਗੰਗਾ ਦਾਸ ਜੀ ਦੇ ਪਰਉਪਕਾਰੀ ਜੀਵਨ ਤੋਂ ਸੰਗਤਾਂ ਨੂੰ ਜਾਣੂ ਕਰਵਾਇਆ। ਉਹਨਾਂ ਦੱਸਿਆ ਕਿ 28 ਜੁਲਾਈ ਨੂੰ ਸ਼੍ਰੀ ਰਾਮਾਇਣ ਜੀ ਦੇ ਪਾਠ ਸਵੇਰੇ 9 ਵਜੇ ਆਰੰਭ ਕੀਤੇ ਜਾਣਗੇ। 29 ਜੁਲਾਈ ਨੂੰ ਸਵੇਰੇ 7 ਵਜੇ ਹਵਨ ਹੋਵੇਗਾ। ਇਸ ਤੋਂ ਬਾਅਦ



ਸ਼੍ਰੀ ਰਾਮਾਇਣ ਦੇ ਪਾਠ ਦੇ ਭੋਗ ਪਾਏ ਜਾਣਗੇ। 28 ਅਤੇ 29 ਜੁਲਾਈ ਨੂੰ ਹੀ ਬਾਪੂ ਜੀ ਦੇ ਦਰਬਾਰ ਵਿੱਚ ਦੇਸ਼ ਭਰ ਦੇ ਨਾਮੀ ਕਲਾਕਾਰ ਉਹਨਾਂ ਦੀ ਮਹਿਮਾ ਦਾ ਗੁਣ ਗਾਇਨ ਕਰਨਗੇ। ਡੇਰੇ ਵਿੱਚ ਚੱਲ ਰਹੇ ਸਮਾਗਮ ਦੌਰਾਨ ਹਰਵਿੰਦਰ ਰਾਣਾ, ਪਰਮਜੀਤ ਸਿੰਘ ਬੈਂਸ, ਪਰਮਜੀਤ ਰਾਣਾ, ਰਵੀ ਖੜੌਦੀ, ਸਤਨਾਮ ਦਾਸ, ਅਨੁਰਾਗ ਹਾਂਡਾ, ਅਨਿਲ ਕੁਮਾਰ ਕਾਲਾ, ਵਿੱਕੀ ਅਗਨੀਹੋਤਰੀ, ਜੋਗਿੰਦਰ ਪਾਲ ਪਿੰਕੀ, ਰਾਜਕੁਮਾਰ, ਚੰਨਣ ਰਾਮ ਅਗਨੀਹੋਤਰੀ, ਗੋਪੀ ਮਜਾਰਾ, ਤਲਵੀਰ ਸਿੰਘ,ਚੇਤਨ ਸ਼ਰਮਾ, ਜਗਦੀਸ਼ ਅਰੋੜਾ, ਰੀਟਾ ਰਾਣੀ, ਜੀਵਨ ਗੌਤਮ ਸਮੇਤ ਕਮੇਟੀ ਮੈਂਬਰ, ਮਾਹਿਲਪੁਰ ਅਤੇ ਲਾਗਲੇ ਪਿੰਡਾਂ ਦੀਆਂ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਬਾਪੂ ਜੀ ਦਾ ਲੰਗਰ ਅਟੁੱਟ ਚਲ ਰਿਹਾ ਹੈ।

# ਕ੍ਰਿਭਕੋ ਕੰਪਨੀ ਨੇ ਸੁਸਾਇਟੀ ਨੂੰ ਭੇਟ ਕੀਤਾ ਏ ਸੀ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਨਜ਼ਦੀਕੀ ਪਿੰਡ ਢੱਡੇ ਸਥਿਤ ਕੋਆਪ੍ਰੇਟਿਵ ਸੁਸਾਇਟੀ ਵਿਖੇ ਪੀ ਐਮ ਪ੍ਰਨਾਮ ਕਿਸਾਨ ਗੋਸ਼ਠੀ (ਉਰਵਰਕ ਦੀ ਪਾਠਸ਼ਾਲਾ) ਦਾ ਆਯੋਜਨ ਸੁਸਾਇਟੀ ਦੇ ਪ੍ਰਧਾਨ ਜੋਗਾ ਸਿੰਘ ਢੱਡਾ ਦੀ ਅਗਵਾਈ ਹੇਠ ਕੀਤਾ ਗਿਆ। ਇਸ ਦੌਰਾਨ ਮੁੱਖ ਮਹਿਮਾਨਾਂ ਵਜੋਂ ਕ੍ਰਿਭਕੋ ਫਰਟੀਲਾਈਜਰ ਕੰਪਨੀ ਦੇ ਸੀਨੀਅਰ ਏਰੀਆ ਮੈਨੇਜਰ ਅਵਤਾਰ ਸਿੰਘ ਅਤੇ ਫੀਲਡ ਅਫਸਰ ਵਿਵੇਕ ਬਿਸ਼ਨੋਈ ਤੋਂ ਇਲਾਵਾ ਵਿਸ਼ੇਸ਼ ਮਹਿਮਾਨ ਵਜੋਂ ਸੀਮਾ ਰਾਣੀ ਸਹਾਇਕ ਰਜਿਸਟਰਾਰ ਕੋਆਪ੍ਰੇਟਿਵ ਸੁਸਾਇਟੀ ਫਗਵਾੜਾ ਨੇ ਸ਼ਿਰਕਤ ਕੀਤੀ। ਇਸ ਦੌਰਾਨ ਕ੍ਰਿਭਕੋ ਕੰਪਨੀ ਵਲੋਂ ਸੁਸਾਇਟੀ ਨੂੰ ਅਡਾਪਟ ਕਰਨ ਦਾ ਐਲਾਨ ਕਰਦਿਆਂ ਸਪਲਿਟ ਏ.ਸੀ. ਭੇਂਟ ਕੀਤਾ ਅਤੇ ਸੁਸਾਇਟੀ ਨੂੰ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਵੀ ਦਿੱਤਾ। ਇਸ ਮੌਕੇ ਹਾਜਰ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਸੀਨੀਅਰ ਏਰੀਆ ਮੈਨੇਜਰ ਅਵਤਾਰ ਸਿੰਘ ਅਤੇ ਫੀਲਡ ਅਫਸਰ ਵਿਵੇਕ ਬਿਸ਼ਨੋਈ ਨੇ ਦੱਸਿਆ ਕਿ ਪੀ.ਐਮ. ਪ੍ਰਨਾਮ ਯੋਜਨਾ ਦਾ ਮੁੱਖ ਉਦੇਸ਼ ਧਰਤੀ ਦੀ ਸਿਹਤ ਨੂੰ ਬਚਾਉਣਾ ਅਤੇ ਰਸਾਇਣਕ ਖਾਦਾਂ ਦੀ ਸੰਤੁਲਿਤ ਵਰਤੋਂ ਨੂੰ ਉਤਸ਼ਾਹਿਤ ਕਰਨਾ ਹੈ। ਉਹਨਾਂ ਕਿਹਾ ਕਿ ਕਿਸਾਨਾਂ ਨੂੰ ਨੈਨੋ ਯੂਰੀਆ, ਡੀ.ਏ.ਪੀ. ਅਤੇ ਜੈਵਿਕ ਖਾਦਾਂ ਦੀ ਵੱਧ ਤੋਂ ਵੱਧ ਵਰਤੋਂ ਕਰਨੀ ਚਾਹੀਦੀ ਹੈ ਤਾਂ ਜੋ ਫ਼ਸਲਾਂ ਦੀ ਲਾਗਤ ਘਟਾਈ ਜਾ ਸਕੇ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ ਨੂੰ ਲੰਬੇ ਸਮੇਂ ਤੱਕ ਬਰਕਰਾਰ ਰੱਖਿਆ ਜਾ ਸਕੇ। ਇਸ ਮੌਕੇ ਸੁਸਾਇਟੀ ਦੇ ਮੀਤ ਪ੍ਰਧਾਨ ਗੁਲਜਿੰਦਰ ਸਿੰਘ ਕੁਲਾਰ, ਮੈਂਬਰ ਮਹਿੰਦਰ ਸਿੰਘ ਢੱਡਵਾਲ ਲੱਖਪੁਰ, ਚਰਨਜੀਤ ਸਿੰਘ, ਪਲਵਿੰਦਰ ਸਿੰਘ, ਕੁਲਦੀਪ ਸਿੰਘ, ਬਲਦੇਵ ਸਿੰਘ ਢੱਡਾ, ਬਲਵਿੰਦਰ ਸਿੰਘ ਸਾਬਕਾ ਸਰਪੰਚ, ਸਿਮਰਨ ਢੱਡਾ, ਗੁਰਦੇਵ ਸਿੰਘ ਰਿਟਾ. ਐਸ.ਡੀ.ਓ. ਬਿਜਲੀ ਬੋਰਡ, ਵਿੱਕੀ ਭੋਗਪੁਰ, ਪਰਮਜੀਤ ਢੱਡਾ, ਪ੍ਰਿਤਪਾਲ ਸਿੰਘ ਲਾਇਲ ਤੋਂ ਇਲਾਵਾ ਫਗਵਾੜਾ ਸਰਕਲ ਦੇ ਸਮੂਹ ਸਕੱਤਰ ਵੀ ਹਾਜ਼ਰ ਸਨ।

# ਹੈਰੋਇਨ ਸਮੇਤ ਨੌਜਵਾਨ ਕਾਬੂ

**ਅਲਾਵਲਪੁਰ, (ਮਦਨ ਬੰਗੜ)**: ਅਲਾਵਲਪੁਰ ਪੁਲਿਸ ਨੇ ਨਸ਼ਿਆਂ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਇੱਕ ਵਿਅਕਤੀ ਨੂੰ 10 ਗ੍ਰਾਮ ਹੈਰੋਇਨ ਸਮੇਤ ਕਾਬੂ ਕੰਨ ਦਾ ਸਮਾਚਾਰ ਪ੍ਰਾਪਤ ਹੋਇਆ



ਹੈ।ਪੁਲਸ ਚੌਕੀ ਅਲਾਵਲਪੁਰ ਦੇ ਇੰਚਾਰਜ ਐਸ.ਆਈ. ਰਵਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੁਲਸ ਪਾਰਟੀ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਸੰਬੰਧੀ ਗਸ਼ਤ ਕਰ ਰਹੀ ਸੀ ਅਤੇ ਅਲਾਵਲਪੁਰ ਤੋਂ ਬਿਆਸ ਪਿੰਡ ਵੱਲ ਜਾ ਰਹੀ ਸੀ। ਜਦੋਂ ਪੁਲਿਸ ਪਾਰਟੀ ਸ਼ਮਸ਼ਾਨਘਾਟ ਮੋੜ ਅਲਾਵਲਪੁਰ ਨੇੜੇ ਪੁੱਜੀ ਤਾਂ ਉੱਥੇ ਇੱਕ ਵਿਅਕਤੀ ਖੜ੍ਹਾ ਦਿਖਾਈ ਦਿੱਤਾ। ਪੁਲਿਸ ਨੂੰ ਦੇਖ ਕੇ ਉਹ ਘਬਰਾ ਗਿਆ ਅਤੇ ਪਿੱਛੇ ਮੁੜਨ ਲੱਗਾ। ਉਕਤ ਵਿਅਕਤੀ ਨੇ ਆਪਣੇ ਪਜਾਮੇ ਦੀ ਜੇਬ ਵਿੱਚੋਂ ਕਾਲੇ ਰੰਗ ਦਾ ਮੋਮੀ ਲਿਫਾਫਾ ਕੱਢ ਕੇ ਸ਼ਮਸ਼ਾਨਘਾਟ ਦੀ ਕੰਧ ਦੇ ਨਾਲ ਸੁੱਟ ਦਿੱਤਾ। ਪੁਲਸ ਨੇ ਸ਼ੱਕ ਦੇ ਆਧਾਰ 'ਤੇ ਉਸ ਨੂੰ ਕਾਬੂ ਕਰਕੇ ਪੁੱਛਗਿੱਛ ਕੀਤੀ ਤਾਂ ਉਸ ਨੇ ਆਪਣਾ ਨਾਂਅ ਸੰਜੀਵ ਕੁਮਾਰ ਉਰਫ਼ ਸੋਨੂੰ ਪੁੱਤਰ ਰਾਮ ਕਿਸ਼ਨ ਵਾਸੀ ਨਾਹਲਾ, ਥਾਣਾ ਆਦਮਪੁਰ, ਜ਼ਿਲ੍ਹਾ ਜਲੰਧਰ ਦੱਸਿਆ।ਪੁਲਸ ਅਨੁਸਾਰ ਸੁੱਟੇ ਗਏ ਮੋਮੀ ਲਿਫਾਫੇ ਦੀ ਤਲਾਸ਼ੀ ਲੈਣ 'ਤੇ ਉਸ ਵਿੱਚੋਂ ਇੱਕ ਪਾਰਦਰਸ਼ੀ ਲਿਫਾਫੀ ਵਿੱਚ ਹੈਰੋਇਨ ਬਰਾਮਦ ਹੋਈ, ਜਿਸ ਦਾ ਵਜ਼ਨ ਕਰਨ 'ਤੇ ਇਹ 10 ਗ੍ਰਾਮ ਪਾਈ ਗਈ।ਪੁਲਸ ਨੇ ਬਰਾਮਦ ਹੈਰੋਇਨ ਨੂੰ ਕਬਜ਼ੇ ਵਿੱਚ ਲੈ ਕੇ ਮੁਲਜ਼ਮ ਖ਼ਿਲਾਫ਼ ਐਨ ਡੀ ਪੀ ਐਸ ਐਕਟ ਤਹਿਤ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

# ਸਕੂਲ 'ਚ ਰੈੱਡ ਡੇ ਮਨਾਇਆ



**ਕਰਤਾਰਪੁਰ (ਹਰਮੇਸ਼ ਦੱਤ)**- ਸੰਤ ਬਾਬਾ ਨਿਧਾਨ ਸਿੰਘ ਜੀ ਪਬਲਿਕ ਸਕੂਲ ਵਿਖੇ ਪ੍ਰਿੰਸੀਪਲ ਕੰਵਲਜੀਤ ਕੌਰ ਦੀ ਯੋਗ ਅਗਵਾਈ ਹੇਠ ਲਾਲ ਦਿਵਸ ਮਨਾਇਆ ਗਿਆ। ਲਾਲ ਰੰਗ ਖੁਸ਼ੀ, ਪਿਆਰ ਅਤੇ ਉਤਸ਼ਾਹ ਦਾ ਪ੍ਰਤੀਕ ਹੈ ਜਿਸ ਵਿੱਚ ਪ੍ਰੀ-ਸਕੂਲ ਦੇ ਬੱਚਿਆਂ ਨੇ ਲਾਲ ਕੱਪੜੇ ਪਾ ਕੇ, ਲਾਲ ਰੰਗ ਦਾ ਭੋਜਨ, ਫਲ ਅਤੇ ਫੁੱਲ ਲਿਆ ਕੇ ਲਾਲ ਦਿਵਸ ਮਨਾਇਆ। ਬੱਚਿਆਂ ਨੇ ਇੱਕੋ ਜਿਹੇ ਲਾਲ ਰੰਗ ਦੇ ਕੱਪੜੇ ਪਾਏ ਅਤੇ ਕਵਿਤਾਵਾਂ ਸੁਣਾਈਆਂ, ਵੱਖ-ਵੱਖ ਮੁਕਾਬਲਿਆਂ ਵਿੱਚ ਹਿੱਸਾ ਲਿਆ ਅਤੇ ਬੱਚਿਆਂ ਨੇ ਬਹੁਤ ਮਸਤੀ ਕੀਤੀ। ਪ੍ਰਿੰਸੀਪਲ ਕੰਵਲਜੀਤ ਕੌਰ ਨੇ ਬੱਚਿਆਂ ਨਾਲ ਤਸਵੀਰਾਂ ਖਿਚਵਾਉਣ ਦਾ ਆਨੰਦ ਮਾਣਿਆ।

# ਵਾਲੀਬਾਲ ਕਲਸਟਰ ਟੂਰਨਾਮੈਂਟ ਸੰਪੰਨ

**ਕਪੂਰਥਲਾ, (ਹਨੀ)**- ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਵਿਖੇ ਸੀ ਬੀ ਐਸ ਸੀ 18ਵਾਂ, ਅੰਡਰ 14, ਅੰਡਰ 17 ਅਤੇ ਅੰਡਰ 19 ਕੁੜੀਆਂ ਦੇ ਵਾਲੀਬਾਲ ਕਲਸਟਰ ਟੂਰਨਾਮੈਂਟ ਦਾ ਸਮਾਪਤੀ ਸਮਾਗਮ ਸਕੂਲ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ ਦੀ ਪ੍ਰਧਾਨਗੀ ਹੇਠ ਬੜੀ ਧੂਮਧਾਮ ਨਾਲ ਆਯੋਜਿਤ ਕੀਤਾ ਗਿਆ। ਇਸ ਮੌਕੇ ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਬਤੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਸਕੂਲ ਡਾਇਰੈਕਟਰ ਹਰਨਿਆਮਤ ਕੌਰ ਅਤੇ ਸਟਾਫ ਮੈਂਬਰਾਂ ਪਹੁੰਚੇ ਮਹਿਮਾਨਾਂ ਦਾ ਜ਼ੋਰਦਾਰ ਸਵਾਗਤ



ਕੀਤਾ। ਅੰਡਰ 14 ਕੈਟੇਗਰੀ ਵਿੱਚ ਡੀ ਏ ਵੀ ਪਬਲਿਕ ਸਕੂਲ ਪੱਖੋਵਾਲ ਜੇਤੂ ਰਿਹਾ, ਜਦਕਿ ਸ਼੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸੀਨੀਅਰ ਸਕੈਂਡਰੀ ਸਕੂਲ ਸੁਲਤਾਨਪੁਰ ਲੋਧੀ ਦੂਜੇ ਅਤੇ ਲਿਟਲ ਏਂਜਲ ਕੋ ਐਜੂਕੇਸ਼ਨ ਪਬਲਿਕ ਸਕੂਲ ਕਪੂਰਥਲਾ ਤੇ ਨੌਰਵੁਡ ਪਬਲਿਕ ਸਕੂਲ ਸਾਂਝੇ ਤੌਰ 'ਤੇ ਤੀਜੇ ਸਥਾਨ 'ਤੇ ਰਹੇ। ਅੰਡਰ 14 ਕੈਟਾਗਰੀ 'ਚ ਬੈਸਟ ਪਲੇਅਰ ਦਾ ਅਵਾਰਡ ਡੀ ਏ ਵੀ ਪਬਲਿਕ ਸਕੂਲ ਪੱਖੋਵਾਲ ਦੀ ਸ੍ਰਿਸ਼ਟੀ ਨੂੰ ਦਿੱਤਾ ਗਿਆ। ਅੰਡਰ 17 ਕੈਟਾਗਰੀ 'ਚ ਯੂ ਐਸ ਪੀ ਸੀ ਜੈਨ ਪਬਲਿਕ ਸਕੂਲ ਲੁਧਿਆਣਾ ਜੇਤੂ ਰਿਹਾ, ਜਦਕਿ ਮੇਜ਼ਬਾਨ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਆਰ ਸੀ ਐਫ ਦੂਜੇ ਅਤੇ ਐਮ ਜੀ ਐਨ ਪਬਲਿਕ ਸਕੂਲ ਜਲੰਧਰ ਤੇ ਬੀਬੀ ਕੌਲਾਂ ਜੀ ਪਬਲਿਕ ਸਕੂਲ ਸਾਂਝੇ ਤੌਰ 'ਤੇ ਤੀਜੇ ਸਥਾਨ 'ਤੇ ਰਿਹਾ। ਅੰਡਰ 17 ਕੈਟਾਗਰੀ 'ਚ ਬੈਸਟ ਪਲੇਅਰ ਦਾ ਅਵਾਰਡ ਯੂ ਐਸ ਪੀ ਸੀ ਜੈਨ ਪਬਲਿਕ ਸਕੂਲ ਦੀ ਅਰਾਧਿਆ ਨੇ ਹਾਸਲ ਕੀਤਾ। ਅੰਡਰ 19 ਕੈਟੇਗਰੀ ਵਿੱਚ ਡੀ ਏ ਵੀ ਪਬਲਿਕ ਸਕੂਲ ਪੱਖੋਵਾਲ ਜੇਤੂ ਰਿਹਾ, ਜਦਕਿ ਦਰਸ਼ਨ ਅਕੈਡਮੀ ਦੂਜੇ ਅਤੇ ਮਾਡਰਨ ਸੰਦੀਪਨੀ ਪਠਾਨਕੋਟ ਤੇ ਪ੍ਰਤਾਪ ਵਰਡ ਪਠਾਨਕੋਟ ਸਾਂਝੇ ਤੌਰ 'ਤੇ ਤੀਜੇ ਸਥਾਨ 'ਤੇ ਰਹੇ। ਅੰਡਰ 19 ਕੈਟੇਗਰੀ ਵਿੱਚ ਡੀ ਏ ਵੀ ਪਬਲਿਕ ਸਕੂਲ ਪੱਖੋਵਾਲ ਦੀ ਗੀਤ ਨੂੰ ਬੈਸਟ ਪਲੇਅਰ ਦਾ ਅਵਾਰਡ ਦਿੱਤਾ ਗਿਆ। ਸੀ ਬੀ ਐਸ ਈ ਅਬਜ਼ਰਵਰ ਦੇ ਤੌਰ 'ਤੇ ਸੰਜੀਵ ਗਾਂਧੀ ਅਤੇ ਟੈਕਨੀਕਲ ਡੇਲੀਗੇਟਸ ਦੇ ਤੌਰ 'ਤੇ ਨਿਖਿਲ ਹੰਸ ਸ਼ਾਮਲ ਹੋਏ। ਅੰਤ 'ਚ ਇੰਜੀਨੀਅਰ ਸਵਰਨ ਸਿੰਘ, ਪ੍ਰਧਾਨ ਬੀਬੀ ਗੁਰਪ੍ਰੀਤ ਕੌਰ, ਇੰਜੀਨੀਅਰ ਹਰਨਿਆਮਤ ਕੌਰ,ਇੰਜੀਨੀਅਰ ਨਿਮਰਤਾ ਕੌਰ ਵੱਲੋਂ ਜੇਤੂ ਟੀਮਾਂ ਦੇ ਖਿਡਾਰੀਆਂ ਨੂੰ ਸਨਮਾਨਤ ਕੀਤਾ ਗਿਆ।

# ਕੈਬਨਿਟ ਮੰਤਰੀ ਨੇ ਤਿੰਨ ਆਮ ਆਦਮੀ ਕਲੀਨਿਕਾਂ ਦਾ ਕੀਤਾ ਉਦਘਾਟਨ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਸਥਾਪਤ ਕੀਤੇ ਜਾ ਰਹੇ 100 ਨਵੇਂ ਆਮ ਆਦਮੀ ਕਲੀਨਿਕਾਂ ਦੀ ਲੜੀ ਤਹਿਤ ਜ਼ਿਲ੍ਹੇ ਵਿੱਚ 10 ਨਵੇਂ ਆਮ ਆਦਮੀ ਕਲੀਨਿਕਾਂ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਵੱਲੋਂ ਸ਼ਹਿਰ ਦੇ ਸਿਧਾਰਥ ਨਗਰ, ਭਾਰਗੋ ਨਗਰ ਅਤੇ ਸਪੋਰਟਸ ਤੇ ਸਰਜੀਕਲ ਕੰਪਲੈਕਸ ਵਿਖੇ ਤਿੰਨ ਨਵੇਂ ਆਮ



ਆਦਮੀ ਕਲੀਨਿਕਾਂ ਦਾ ਉਦਘਾਟਨ ਕੀਤਾ ਗਿਆ। ਆਪਣੇ ਸੰਬੋਧਨ ਦੌਰਾਨ ਕੈਬਨਿਟ ਮੰਤਰੀ ਨੇ ਕਿਹਾ ਕਿ ਇਨ੍ਹਾਂ ਨਵੇਂ ਕਲੀਨਿਕਾਂ ਦੇ ਖੁੱਲ੍ਹਣ ਨਾਲ ਜ਼ਿਲ੍ਹੇ ਵਿੱਚ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤੀ ਮਿਲੇਗੀ। ਇਸ ਮੌਕੇ ਪੰਜਾਬ ਗਊ ਸੇਵਾ ਕਮਿਸ਼ਨ ਦੇ ਉਪ ਚੇਅਰਮੈਨ ਕੀਮਤੀ ਭਗਤ, ਸਿਵਲ ਸਰਜਨ ਡਾ. ਰਾਜੇਸ਼ ਗਰਗ ਅਤੇ ਹੋਰ ਸ਼ਖਸੀਅਤਾਂ ਵੀ ਮੌਜੂਦ ਸਨ। ਭਗਤ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਹਰ ਵਰਗ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਲਗਾਤਾਰ ਸੰਜੀਦਾ ਉਪਰਾਲੇ ਕਰ ਰਹੀ ਹੈ ਅਤੇ ਆਮ ਆਦਮੀ ਕਲੀਨਿਕਾਂ ਦਾ ਵਿਸਥਾਰ ਇਸੇ ਦਿਸ਼ਾ ਵਿੱਚ ਇੱਕ ਮਹੱਤਵਪੂਰਣ ਕਦਮ ਹੈ, ਜਿਸ ਨਾਲ ਖ਼ਾਸ ਤੌਰ 'ਤੇ ਗਰੀਬ ਅਤੇ ਮੱਧਵਰਗੀ ਪਰਿਵਾਰਾਂ ਨੂੰ ਵੱਡੀ ਰਾਹਤ ਮਿਲ ਰਹੀ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ 75 ਆਮ ਆਦਮੀ ਕਲੀਨਿਕ ਪਹਿਲਾਂ ਹੀ ਲੋਕਾਂ ਨੂੰ ਮੁਫ਼ਤ ਤੇ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾ ਰਹੇ ਹਨ ਅਤੇ ਅੱਜ 10 ਹੋਰ ਨਵੇਂ ਆਮ ਆਦਮੀ ਕਲੀਨਿਕ ਸ਼ੁਰੂ ਹੋਣ ਨਾਲ ਇਨ੍ਹਾਂ ਦੀ ਗਿਣਤੀ 85 ਹੋ ਗਈ ਹੈ। ਉਨ੍ਹਾਂ ਦੱਸਿਆ ਕਿ ਆਮ ਆਦਮੀ ਕਲੀਨਿਕਾਂ ਵਿੱਚ ਮਰੀਜ਼ਾਂ ਨੂੰ 107 ਤਰ੍ਹਾਂ ਦੀਆਂ ਦਵਾਈਆਂ ਬਿਨ੍ਹਾਂ ਕਿਸੇ ਖਰਚ ਦੇ ਮਿਲ ਰਹੀਆਂ ਹਨ। ਇਸਦੇ ਨਾਲ ਹੀ 47 ਤਰ੍ਹਾਂ ਦੇ ਲੈਬ ਟੈਸਟ ਦੀ ਸੁਵਿਧਾ, ਗਰਭਵਤੀ ਔਰਤਾਂ ਲਈ ਸੂਚੀਬੱਧ ਸੈਂਟਰ 'ਤੇ ਮੁਫ਼ਤ ਸਕੈਨਿੰਗ ਅਤੇ ਓ.ਪੀ.ਡੀ. ਦੌਰਾਨ ਐਂਟੀ ਰੈਬੀਜ਼ ਵੈਕਸੀਨ ਦੀ ਸੁਵਿਧਾ ਵੀ ਮੁਫ਼ਤ ਉਪਲਬਧ ਕਰਵਾਈ ਜਾ ਰਹੀ ਹੈ। ਇਸ ਤੋਂ ਇਲਾਵਾ ਪਿੰਡ ਲਸਾੜਾ, ਨੰਗਲ, ਸਲੇਮਪੁਰ, ਗਦਈਪੁਰ, ਲੰਮਾ ਪਿੰਡ ਅਤੇ ਪੋਲੀਟੈਕਨਿਕ ਕਾਲਜ ਵਿਖੇ ਵੀ ਆਮ ਆਦਮੀ ਕਲੀਨਿਕਾਂ ਦੀ ਸ਼ੁਰੂਆਤ ਕੀਤੀ ਗਈ।

# ਪੰਜਾਬ ਦਾ ਇੱਕੋ ਨਾਅਰਾ, ਭਗਵੰਤ ਮਾਨ ਸਰਕਾਰ ਦੁਬਾਰਾ : ਸਤਨਾਮ ਜਲਾਲਪੁਰ

**ਬਲਾਚੌਰ, (ਜਸਵਿੰਦਰ ਬੈਂਸ)**- ਹਲਕਾ ਬਲਾਚੌਰ ਤੋਂ ਜ਼ਿਲਾ ਪਲੈਨਿੰਗ ਬੋਰਡ ਦੇ ਸਾਬਕਾ ਚੇਅਰਮੈਨ ਸਤਨਾਮ ਜਲਾਲਪੁਰ ਵੱਲੋਂ ਹਲਕੇ ਦੇ ਵੱਖ-ਵੱਖ ਪਿੰਡਾਂ ਛਦੌੜੀ ਅਤੇ ਆਕਲਿਆਣਾ ਵਿਖੇ ਵੱਡੇ ਪੱਧਰ 'ਤੇ ਲੋਕ ਮਿਲਣੀ ਮੀਟਿੰਗਾਂ ਕੀਤੀਆਂ ਗਈਆਂ। ਇਨ੍ਹਾਂ ਮੀਟਿੰਗਾਂ ਵਿੱਚ ਇਲਾਕਾ ਨਿਵਾਸੀਆਂ, ਪੰਚ-ਸਰਪੰਚਾਂ ਅਤੇ ਆਮ ਆਦਮੀ ਪਾਰਟੀ (ਆਪ) ਦੇ ਆਗੂਆਂ ਨੇ ਬਹੁਤ ਵੱਡੀ



ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਇਸ ਦੌਰਾਨ ਜਿੱਥੇ ਪਿੰਡਾਂ ਦੀਆਂ ਸਥਾਨਕ ਸਮੱਸਿਆਵਾਂ 'ਤੇ ਗੰਭੀਰਤਾ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ, ਉੱਥੇ ਹੀ 'ਆਪ' ਸਰਕਾਰ ਵੱਲੋਂ ਕੀਤੇ ਗਏ ਬੇਮਿਸਾਲ ਵਿਕਾਸ ਕਾਰਜਾਂ ਅਤੇ ਲੋਕ-ਪੱਖੀ ਨੀਤੀਆਂ ਦਾ ਵੇਰਵਾ ਵੀ ਸਾਂਝਾ ਕੀਤਾ ਗਿਆ।ਇਕੱਠਾਂ ਨੂੰ ਸੰਬੋਧਨ ਕਰਦਿਆਂ ਸਤਨਾਮ ਜਲਾਲਪੁਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਉਹ ਇਤਿਹਾਸਕ ਅਤੇ ਅਧੂਰੇ ਕੰਮ ਪੂਰੇ ਕਰਕੇ ਦਿਖਾਏ ਹਨ, ਜੋ ਪਿਛਲੀਆਂ ਰਵਾਇਤੀ ਸਰਕਾਰਾਂ ਦਹਾਕਿਆਂ ਤੱਕ ਨਹੀਂ ਕਰ ਸਕੀਆਂ। ਉਨ੍ਹਾਂ ਪੂਰੇ ਦਾਅਵੇ ਨਾਲ ਕਿਹਾ ਕਿ ਪੰਜਾਬ ਦੀ ਜਨਤਾ ਸਰਕਾਰ ਦੇ ਕੰਮਾਂ ਤੋਂ ਬਹੁਤ ਖੁਸ਼ ਹੈ ਅਤੇ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਭਾਰੀ ਬਹੁਮਤ ਨਾਲ ਜਿੱਤ ਪ੍ਰਾਪਤ ਕਰਕੇ ਦੂਜੀ ਵਾਰ ਸਰਕਾਰ ਬਣਾਵੇਗੀ। ਹਰ ਘਰ ਨੂੰ 300 ਯੂਨਿਟ ਪ੍ਰਤੀ ਮਹੀਨਾ ਮੁਫ਼ਤ ਬਿਜਲੀ ਦਿੱਤੀ ਜਾ ਰਹੀ ਹੈ। 18 ਸਾਲ ਤੋਂ ਵੱਧ ਉਮਰ ਦੀਆਂ ਐਸ.ਸੀ. ਵਰਗ ਦੀਆਂ ਔਰਤਾਂ ਨੂੰ 1500 ਰੁਪਏ ਅਤੇ ਜਨਰਲ ਵਰਗ ਦੀਆਂ ਔਰਤਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਮਾਣ-ਭੱਤਾ ਦਿੱਤਾ ਜਾ ਰਿਹਾ ਹੈ।

# ਨਗਰ ਕੌਂਸਲ ਕੁਰਾਲੀ ਦੇ ਪ੍ਰਧਾਨ ਸਨਮਾਨਤ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਮੋਰਿੰਡਾ ਵਿਖੇ ਮਹਾਰਾਜਾ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਫੈਡਰੇਸ਼ਨ ਵੱਲੋਂ ਮਹਾਰਾਜ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਚੌਂਕ ਦੇ ਨੇੜੇ ਫੈਡਰੇਸ਼ਨ ਦੇ ਦਫਤਰ ਵਿਖੇ ਇੱਕ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਫੈਡਰੇਸ਼ਨ ਦੇ ਸਰਪ੍ਰਸਤ ਕੁਲਬੀਰ ਸਿੰਘ ਸੋਨੂ ਅਤੇ ਪ੍ਰਧਾਨ ਬਿਕਰਮ ਸਿੰਘ ਸੋਹਨਪਾਲ ਨੇ ਦੱਸਿਆ ਕਿ ਫੈਡਰੇਸ਼ਨ ਵੱਲੋਂ ਦਫਤਰ ਵਿਖੇ ਵਿਸ਼ੇਸ਼ ਤੌਰ ਤੇ ਪਹੁੰਚੇ ਨਗਰ ਕੌਂਸਲ ਕੁਰਾਲੀ ਦੇ ਪ੍ਰਧਾਨ ਬਹਾਦਰ ਸਿੰਘ ਓਕੇ ਅਤੇ ਉਸ ਦੇ ਨਾਲ ਆਏ ਸਾਥੀ ਕੌਂਸਲਰ ਡਾਕਟਰ ਅਸ਼ਵਨੀ ਕੁਮਾਰ ਅਤੇ ਹੈਪੀ ਧੀਮਾਨ ਨੂੰ ਭਾਈ ਲਾਲੋ ਦੀ ਫੋਟੋ ਅਤੇ ਸਿਰੋਪਾਓ ਪਾ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਫੈਡਰੇਸ਼ਨ ਦੇ ਜਨਰਲ ਸਕੱਤਰ ਦਲਜੀਤ ਸਿੰਘ ਬਿੱਟੂ ਨੇ ਕਿਹਾ ਕਿ ਫੈਡਰੇਸ਼ਨ ਹਰ ਤਰ੍ਹਾਂ ਦੀ ਮਦਦ ਲਈ ਨਗਰ ਕੌਂਸਲ ਪ੍ਰਧਾਨ ਬਹਾਦਰ ਸਿੰਘ ਦੇ ਨਾਲ ਖੜੀ ਹੈ ਅਤੇ ਆਪ ਵੱਲੋਂ ਵੀ ਉਮੀਦ ਕਰਦੇ ਹਾਂ ਸਮਾਜ ਸੇਵੀ ਕੰਮਾਂ ਵਿੱਚ ਸਾਡਾ ਸਹਿਯੋਗ ਕਰੋਗੇ। ਇਸ ਮੌਕੇ ਸੰਬੋਧਨ ਕਰਦੇ ਹੋਏ ਬਹਾਦਰ ਸਿੰਘ ਨੇ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਫੈਡਰੇਸ਼ਨ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਮੈਨੂੰ ਇਥੇ ਆ ਕੇ ਬਹੁਤ ਮਾਣ ਮਹਿਸੂਸ ਹੋ ਰਿਹਾ ਹੈ। ਉਹਨਾਂ ਨੇ ਮਹਾਰਾਜਾ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਦਾ ਚੌਂਕ ਵਿੱਚ ਬੁੱਤ ਲੱਗਣ ਦੀ ਸਾਰੀ ਫੈਡਰੇਸ਼ਨ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਅਸੀਂ ਵੀ ਕੁਰਾਲੀ ਆਉਣ ਵਾਲੇ ਸਮੇਂ ਵਿੱਚ ਇਸ ਤਰ੍ਹਾਂ ਦਾ ਬੁੱਤ ਲਗਾਉਣ ਦੀ ਕੋਸ਼ਿਸ਼ ਕਰਾਂਗੇ ਤਾਂ ਜੋ ਸ਼ਹੀਦਾਂ ਨੂੰ ਸ਼ਰਧਾਜਲੀ ਭੇਟ ਕਰ ਸਕੀਏ। ਇਸ ਮੌਕੇ ਫੈਡਰੇਸ਼ਨ ਦੇ ਵਾਈਸ ਪ੍ਰਧਾਨ ਤੇਜਿੰਦਰ ਸਿੰਘ ਕਲਸੀ, ਭੁਪਿੰਦਰ ਸਿੰਘ ਗੀਹਲ, ਜਗਵਿੰਦਰ ਸਿੰਘ ਜੰਡੂ, ਮਨਵਿੰਦਰ ਸਿੰਘ ਜੰਡੂ ਮਨਜੀਤ ਸਿੰਘ ਧੀਮਾਨ, ਗੁਰਵਿੰਦਰ ਸਿੰਘ ਗੀਹਲ ਜਗਜੀਤ ਸਿੰਘ ਗੀਹਲ, ਹਰਮੀਤ ਸਿੰਘ ਦਾਤਾਰਪੁਰ, ਜਗਦੀਪ ਸਿੰਘ ਘਟੌੜੇ, ਮਨਦੀਪ ਸਿੰਘ ਸੋਹਣਪਾਲ, ਦਰਸ਼ਨ ਸਿੰਘ ਸੋਹਨਪਾਲ, ਬਲਵੀਰ ਸਿੰਘ ਬਿਲਕੂ ਰਮਨਦੀਪ ਸਿੰਘ ਘੜੂੰਆਂ ਆਦਿ ਹਾਜ਼ਰ ਸਨ।

# ਟੀ ਬੀ ਮੁਕਤ ਭਾਰਤ ਅਭਿਆਨ ਤਹਿਤ ਮੁਫ਼ਤ ਚੈੱਸਟ ਐਕਸ-ਰੇ ਕੈਂਪ

**ਟਾਂਡਾ ਉੜਮੁੜ (ਮਿਥਲੇਸ ਗਰਗ, ਜਸਵਿੰਦਰ ਸੰਧੂ)** ਸਿਵਲ ਸਰਜਨ ਡਾ. ਮਨਦੀਪ ਕਮਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਕਰਨ ਕੁਮਾਰ ਸੈਣੀ



ਦੀ ਅਗਵਾਈ ਹੇਠ ਕਮਿਊਨਿਟੀ ਹੈਲਥ ਸੈਂਟਰ ਟਾਂਡਾ ਵਿਖੇ ਟੀ.ਬੀ ਮੁਕਤ ਭਾਰਤ ਅਭਿਆਨ ਤਹਿਤ ਮੁਫ਼ਤ ਚੈਸਟ ਐਕਸ-ਰੇ ਕੈਂਪ ਲਗਾਇਆ ਗਿਆ। ਇਸ ਕੈਂਪ ਦਾ ਮੁੱਖ ਉਦੇਸ਼ ਟੀਬੀ ਦੇ ਸੰਭਾਵਿਤ ਮਰੀਜ਼ਾਂ ਦੀ ਸਮੇਂ ਸਿਰ ਪਛਾਣ ਕਰਕੇ ਉਨ੍ਹਾਂ ਦਾ ਇਲਾਜ ਸ਼ੁਰੂ ਕਰਨਾ ਅਤੇ ਟੀਬੀ ਦੀ ਬਿਮਾਰੀ ਨੂੰ ਜੜ੍ਹ ਤੋਂ ਖਤਮ ਕਰਨ ਲਈ ਲੋਕਾਂ ਨੂੰ ਜਾਗਰੂਕ ਕਰਨਾ ਸੀ।ਕੈਂਪ ਦੌਰਾਨ ਟੀਬੀ ਦੇ ਲੱਛਣ ਵਾਲੇ ਵਿਅਕਤੀਆਂ ਅਤੇ ਹੋਰ ਲਾਭਪਾਤਰੀਆਂ ਦੇ ਚੈਸਟ ਐਕਸ-ਰੇ ਕੀਤੇ ਗਏ ਅਤੇ ਲੋੜ ਅਨੁਸਾਰ ਅਗਲੇਰੀ ਜਾਂਚ ਅਤੇ ਇਲਾਜ ਲਈ ਸਲਾਹ ਦਿੱਤੀ ਗਈ।ਇਸ ਮੌਕੇ ਡਾ. ਕਰਨ ਕੁਮਾਰ ਸੈਣੀ ਨੇ ਕਿਹਾ ਕਿ ਜੇਕਰ ਕਿਸੇ ਵਿਅਕਤੀ ਨੂੰ ਦੋ ਹਫ਼ਤਿਆਂ ਤੋਂ ਵੱਧ ਖੰਘ, ਬੁਖਾਰ, ਭਾਰ ਘਟਣਾ, ਰਾਤ ਨੂੰ ਪਸੀਨਾ ਆਉਣਾ ਜਾਂ ਬਲਗਮ ਵਿੱਚ ਖੂਨ ਆਉਣ ਵਰਗੇ ਲੱਛਣ ਹੋਣ ਤਾਂ ਉਹ ਤੁਰੰਤ ਨਜ਼ਦੀਕੀ ਸਰਕਾਰੀ ਸਿਹਤ ਸੰਸਥਾ ਨਾਲ ਸੰਪਰਕ ਕਰੇ। ਉਨ੍ਹਾਂ ਕਿਹਾ ਕਿ ਸਰਕਾਰੀ ਹਸਪਤਾਲਾਂ ਵਿੱਚ ਟੀਬੀ ਦੀ ਜਾਂਚ ਅਤੇ ਇਲਾਜ ਪੂਰੀ ਤਰ੍ਹਾਂ ਮੁਫ਼ਤ ਉਪਲਬਧ ਹੈ।

# ਨੀਟ ਪੇਪਰ ਲੀਕ ਖਿਲਾਫ ਕਾਂਗਰਸੀਆਂ ਨੇ ਕੱਢਿਆ ਕੈਂਡਲ ਮਾਰਚ

**ਜਲੰਧਰ (ਇਕਬਾਲ ਸਿੰਘ ਉਭੀ)**- ਜ਼ਿਲਾ ਕਾਂਗਰਸ ਕਮੇਟੀ ਸ਼ਹਿਰੀ ਅਤੇ ਦਿਹਾਤੀ ਜਲੰਧਰ ਵਲੋ ਦਿੱਲੀ ਵਿਖੇ ਨੀਟ ਪੇਪਰ ਲੀਕ ਵਿਚ ਜਿਨਾਂ ਵਿਦਿਆਰਥੀਆਂ ਨੇ ਆਪਣੀ ਜਾਨ ਗਵਾਈ ਹੈ, ਉਨਾਂ ਨੂੰ ਸ਼ਰਧਾਂਜਲੀ ਦੇਣ ਲਈ ਅਤੇ ਸੁੱਤੀ ਪਈ ਕੇਂਦਰ ਦੀ ਸਰਕਾਰ ਨੂੰ ਜਗਾਉਣ ਲਈ ਕੈਂਡਲ ਮਾਰਚ ਕਢਿਆ ਗਿਆ । ਇਸ ਮੌਕੇ ਰਾਜਿੰਦਰ ਬੇਰੀ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਦਿੱਲੀ ਵਿਖੇ ਜਿਸ ਤਰਾਂ ਨਾਲ ਵਿਦਿਆਰਥੀਆਂ ਨੂੰ, ਪੁਲਿਸ ਵਲੋ ਨਾਲ ਲਾਠੀਆਂ ਨਾਲ ਕੁੱਟਿਆ ਗਿਆ ਅਤੇ ਧੱਕਾ ਮੁੱਕੀ ਕੀਤੀ ਗਈ, ਕਾਂਗਰਸ ਪਾਰਟੀ ਇਸ ਕਾਰਵਾਈ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦੀ ਹੈ ਅਤੇ ਨੌਜਵਾਨਾਂ ਨਾਲ ਖੜੀ ਹੈ । ਨੀਟ ਦਾ ਜੋ ਪੇਪਰ ਲੀਕ ਹੋਇਆ ਹੈ , ਉਸ ਨਾਲ ਦੇਸ਼ ਦੇ ਲੱਖਾਂ ਵਿਦਿਆਰਥੀਆਂ ਦੇ ਭਵਿਖ ਨਾਲ ਖਿਲਵਾੜ ਹੋਇਆ ਹੈ ਅਤੇ ਕਈ ਨੌਜਵਾਨਾਂ ਨੂੰ ਆਪਣੀ ਜਾਨ ਤੱਕ ਗਵਾਉਣੀ ਪਈ ।

ਜਦ ਹੁਣ ਵਿਦਿਆਰਥੀ ਸ਼ਾਂਤਮਈ ਢੰਗ ਨਾਲ ਪ੍ਰਦਰਸ਼ਨ ਕਰ ਕੇ ਆਪਣੇ ਹੱਕ ਦੀ ਗੱਲ ਕਰ ਰਹੇ ਹਨ ਤਾਂ ਉਨਾਂ ਉਪਰ ਲਾਠੀਚਾਰਜ ਕੀਤਾ ਜਾ ਰਿਹਾ ਹੈ । ਇਨਾਂ ਵਿਦਿਆਰਥੀਆਂ ਦੇ ਹਕ ਵਿੱਚ ਕਾਂਗਰਸ ਪਾਰਟੀ ਦੇ ਲੋਕ ਸਭਾ ਵਿੱਚ ਵਿਰੋਧੀ ਧਿਰ ਆਗੂ ਰਾਹੁਲ ਗਾਂਧੀ, ਪ੍ਰਿਅੰਕਾਂ ਗਾਂਧੀ, ਸੀਨੀਅਰ ਕਾਂਗਰਸੀ ਲੀਡਰਾਂ ਨੇ ਦਿੱਲੀ ਵਿਚ ਵਿਦਿਆਰਥੀਆਂ ਦੇ ਹੱਕ ਵਿਚ ਧਰਨਾ ਪ੍ਰਦਰਸ਼ਨ ਕੀਤਾ ਤਾਂ ਪੁਲਿਸ ਨੇ ਉਨ੍ਹਾਂ ਕਾਂਗਰਸੀ ਲੀਡਰਾਂ ਨਾਲ ਵੀ ਜੰਮ ਕੇ ਧੱਕੇਸ਼ਾਹੀ ਕੀਤੀ ਗਈ। ਦੇਸ਼ ਦੇ ਨੌਜਵਾਨਾਂ ਜਿਨਾਂ ਨੇ ਦਿੱਲੀ ਵਿੱਚ ਇਹ ਸੰਘਰਸ਼ ਕੀਤਾ ਅਤੇ ਦੇਸ਼ ਦੇ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੂੰ ਅਸਤੀਫ਼ਾ ਦੇਣ ਲਈ ਮਜਬੂਰ ਕਰ ਦਿੱਤਾ। ਇਸ ਮੌਕੇ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਵਿਧਾਇਕ ਅਤੇ ਪ੍ਰਧਾਨ ਜਿਲਾ ਕਾਂਗਰਸ ਕਮੇਟੀ ਦਿਹਾਤੀ, ਰਜਿੰਦਰ ਬੇਰੀ ਪ੍ਰਧਾਨ ਜਿਲਾ ਕਾਂਗਰਸ ਕਮੇਟੀ ਸ਼ਹਿਰੀ, ਪ੍ਰਗਟ ਸਿੰਘ ਵਿਧਾਇਕ ਕੈਂਟ , ਸੁਖਵਿੰਦਰ ਸਿੰਘ ਕੋਟਲੀ ਵਿਧਾਇਕ ਆਦਮਪੁਰ , ਡਾ. ਨਵਜੋਤ ਦਾਹੀਆ ਹਲਕਾ ਇੰਚਾਰਜ ਨਕੋਦਰ, ਰਾਜਿੰਦਰ ਸਿੰਘ ਹਲਕਾ ਇੰਚਾਰਜ ਕਰਤਾਰਪੁਰ, ਚੌਧਰੀ ਸੁਰਿੰਦਰ ਸਿੰਘ ਸਾਬਕਾ ਵਿਧਾਇਕ ਕਰਤਾਰਪੁਰ, ਜੋਰਾਵਰ ਸਿੰਘ ਸੰਘੇੜਾ, ਅੰਗਦ ਦੱਤਾ ਪ੍ਰਧਾਨ ਯੂਥ ਕਾਂਗਰਸ, ਨਰੇਸ਼ ਵਰਮਾ, ਜਗਦੀਸ਼ ਕੁਮਾਰ ਦਕੋਹਾ, ਡਾ. ਜਸਲੀਨ ਸੇਠੀ, ਗੁਰਵਿੰਦਰਪਾਲ ਸਿੰਘ ਬੰਟੀ ਨੀਲਕੰਠ, ਪਵਨ ਕੁਮਾਰ, ਰਵਿੰਦਰ ਲਾਡੀ, ਵਿਕਾਸ ਤਲਵਾੜ, ਨੀਰਜ ਜੱਸਲ, ਸੁਖਵਿੰਦਰ ਸੁੱਚੀ ਪਿੰਡ, ਮਨਦੀਪ ਜੱਸਲ, ਸੁਰਿੰਦਰ ਪੱਪਾ, ਅਵਤਾਰ ਵਿਰਦੀ, ਮੁਨੀਸ਼ ਪਾਹਵਾ, ਬ੍ਰਹਮ ਦੇਵ ਸਹੋਤਾ, ਵਿਪਨ ਕੁਮਾਰ, ਜਾਬਰ ਖ਼ਾਨ, ਸੁਧੀਰ ਘੁੱਗੀ, ਮਨਜੀਤ ਸਿੰਘ ਸਿਮਰਨ ਸਮੇਤ ਹੋਰ ਕਾਂਗਰਸੀ ਆਗੂ ਤੇ ਵਰਕਰ ਮੌਜੂਦ ਸਨ।

# ਸੰਤ ਧਿਆਨ ਦਾਸ ਦੇ ਬਰਸੀ ਸਮਾਗਮ 31 ਨੂੰ ਮਨਾਏ ਜਾਣਗੇ : ਸੰਤ ਸਰਵਣ ਦਾਸ

**ਹੁਸ਼ਿਆਰਪੁਰ (ਓ ਪੀ ਰਾਣਾ)**- ਸੰਤ ਟਹਿਲ ਦਾਸ ਦੇ ਪਰਮ ਸ਼ਿਸ਼ ਸੱਚਖੰਡ ਵਾਸੀ ਸ੍ਰੀਮਾਨ ਸੰਤ ਧਿਆਨ ਦਾਸ ਦੇ ਸਾਲਾਨਾ ਬਰਸੀ ਸਮਾਗਮ 31 ਜੁਲਾਈ ਨੂੰ ਡੇਰਾ ਸੰਤ ਟਹਿਲ ਦਾਸ (ਸੰਤ ਟਹਿਲ ਦਾਸ ਨਗਰ ) ਸਲੇਮਟਾਵਰੀ ਲੁਧਿਆਣਾ ਵਿਖੇ ਦੇਸ਼ ਵਿਦੇਸ਼



ਦੀਆਂ ਸੰਗਤਾਂ ਦੇ ਸਹਿਯੋਗ ਨਾਲ ਬਹੁਤ ਸ਼ਰਧਾ ਪੂਰਵਕ ਮਨਾਏ ਜਾਣਗੇ। ਸਮਾਗਮਾਂ ਸੰਬੰਧੀ ਜਾਣਕਾਰੀ ਸਾਂਝੀ ਕਰਦਿਆਂ ਮੌਜੂਦਾ ਗੱਦੀ ਨਸ਼ੀਨ ਸੰਤ ਸਰਵਣ ਦਾਸ ਨੇ ਦੱਸਿਆ ਕਿ 29 ਜੁਲਾਈ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ੍ਰੀ ਆਖੰਡ ਪਾਠ ਸਾਹਿਬ ਆਰੰਭ ਹੋਣਗੇ ਅਤੇ 31 ਜੁਲਾਈ ਨੂੰ ਸਵੇਰੇ 9 ਵਜੇ ਭੋਗ ਤੋਂ ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਹੋਵੇਗੀ ਅਤੇ ਕੀਰਤਨ ਦੇ ਦੀਵਾਨ ਸਜਾਏ ਜਾਣਗੇ, ਜਿਸ ਵਿੱਚ ਰਾਗੀ,ਢਾਡੀ, ਕਥਾ ਵਾਚਕ ਅਤੇ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਤੋਂ ਇਲਾਵਾ ਵੱਖ ਵੱਖ ਡੇਰਿਆਂ, ਸੰਪਰਦਾਵਾਂ ਦੇ ਸੰਤ ਮਹਾਂਪੁਰਸ਼ ਕਥਾ, ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਸੰਤ ਸਰਵਣ ਦਾਸ ਨੇ ਦੱਸਿਆ ਕਿ ਡੇਰਾ ਸੰਤ ਟਹਿਲ ਦਾਸ ਸਲੇਮਟਾਬਰੀ ਵਿਖੇ ਬਰਸੀ ਸਮਾਗਮ ਦੀਆਂ ਤਿਆਰੀਆਂ ਪੂਰੇ ਜੋਰਾਂ ਨਾਲ ਆਰੰਭ ਕੀਤੀਆਂ ਗਈਆਂ ਹਨ। ਸੰਤ ਸਰਵਣ ਦਾਸ ਨੇ ਦੱਸਿਆ ਕਿ ਸੰਤ ਧਿਆਨ ਦਾਸ ਜੀ ਦੇ ਬਰਸੀ ਸਮਾਗਮ ਤੇ ਵਿਸ਼ੇਸ਼ ਮੈਡੀਕਲ ਚੈਕਅੱਪ ਕੈਂਪ ਵੀ ਲਗਾਇਆ ਜਾਵੇਗਾ ਜਿਸ ਵਿੱਚ ਵੱਖ ਵੱਖ ਰੋਗਾਂ ਦੇ ਮਾਹਿਰ ਡਾਕਟਰਾਂ ਦੀ ਟੀਮ ਚੈਕਅੱਪ ਕਰਕੇ ਫ੍ਰੀ ਦਵਾਈਆਂ ਵੀ ਦੇਣਗੇ।

# ਸਰਕਾਰ ਖੇਡਾਂ ਲਈ ਲੋੜੀਂਦੇ ਫੰਡ ਤੇ ਖਾਲੀ ਅਸਾਮੀਆਂ ਤੁਰੰਤ ਭਰੇ : ਡੀ ਟੀ ਐੱਫ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਡੈਮੋਕ੍ਰੈਟਿਕ ਟੀਚਰਜ਼ ਫਰੰਟ (ਡੀ.ਟੀ.ਐੱਫ.) ਪੰਜਾਬ ਨੇ ਸਰਕਾਰ ਅਤੇ ਸਕੂਲ ਸਿੱਖਿਆ ਵਿਭਾਗ ਵੱਲੋਂ ਸਕੂਲੀ ਖੇਡਾਂ ਦੀ ਲਗਾਤਾਰ ਕੀਤੀ ਜਾ ਰਹੀ ਅਣਦੇਖੀ 'ਤੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਕਿਹਾ ਹੈ ਕਿ ਇਸ ਕਾਰਨ ਸੂਬੇ ਵਿੱਚ ਸਕੂਲੀ ਖੇਡਾਂ ਦਾ ਢਾਂਚਾ ਲਗਾਤਾਰ ਕਮਜ਼ੋਰ ਹੋ ਰਿਹਾ ਹੈ ਅਤੇ ਖਿਡਾਰੀਆਂ ਦੀ ਪ੍ਰਤਿਭਾ ਪ੍ਰਭਾਵਿਤ ਹੋ ਰਹੀ ਹੈ। ਡੀ.ਟੀ.ਐੱਫ. ਦੇ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ ਅਤੇ ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ ਨੇ ਕਿਹਾ ਕਿ ਸਕੂਲ ਸਿੱਖਿਆ ਵਿਭਾਗ ਵਿੱਚ ਡਿਪਟੀ ਡਾਇਰੈਕਟਰ (ਸਪੋਰਟਸ) ਦੀ ਮਹੱਤਵਪੂਰਨ ਅਸਾਮੀ ਲੰਬੇ ਸਮੇਂ ਤੋਂ ਖਾਲੀ ਪਈ ਹੈ, ਜਿਸ ਕਾਰਨ ਖੇਡਾਂ ਨਾਲ ਸਬੰਧਤ ਪ੍ਰਸ਼ਾਸਕੀ ਕੰਮ, ਯੋਜਨਾਬੰਦੀ ਅਤੇ ਨੀਤੀਗਤ ਫ਼ੈਸਲੇ ਪ੍ਰਭਾਵਿਤ ਹੋ ਰਹੇ ਹਨ। ਜਥੇਬੰਦੀ ਨੇ ਮੰਗ ਕੀਤੀ ਕਿ ਸਰੀਰਕ ਸਿੱਖਿਆ ਵਿਸ਼ੇ ਨੂੰ ਸਾਰੇ ਸਕੂਲਾਂ ਵਿੱਚ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾਵੇ ਅਤੇ ਲੰਬੇ ਸਮੇਂ ਤੋਂ ਖਾਲੀ ਪਈਆਂ ਸਰੀਰਕ ਸਿੱਖਿਆ ਅਧਿਆਪਕਾਂ ਅਤੇ ਲੈਕਚਰਾਰਾਂ ਦੀਆਂ ਅਸਾਮੀਆਂ ਤੁਰੰਤ ਭਰੀਆਂ ਜਾਣ, ਤਾਂ ਜੋ ਵਿਦਿਆਰਥੀਆਂ ਦੀ ਸਰੀਰਕ ਤੰਦਰੁਸਤੀ ਅਤੇ ਖੇਡ ਪ੍ਰਤਿਭਾ ਨੂੰ ਯੋਗ ਪ੍ਰੋਤਸਾਹਨ ਮਿਲ ਸਕੇ।

# ਧਰਮੇਂਦਰ ਪ੍ਰਧਾਨ ਦਾ ਅਸਤੀਫ਼ਾ ਨੌਜਵਾਨਾਂ ਦੀ ਜਿੱਤ : ਰੰਧਾਵਾ

**ਜ਼ੀਰਕਪੁਰ (ਜਤਿੰਦਰ ਕੁਮਾਰ)**- ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦੇ ਆਪਣੇ ਅਹੁਦੇ ਤੋਂ ਅਸਤੀਫ਼ਾ ਦੇਣ ਤੋਂ ਬਾਅਦ ਹਲਕਾ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਭਾਰਤ ਦੀ ਜੇਨ ਜ਼ੈੱਡ ਅਤੇ ਨੌਜਵਾਨਾਂ ਦੀ ਪੁਰਜ਼ੋਰ ਸ਼ਲਾਘਾ ਕੀਤੀ ਹੈ। ਉਨ੍ਹਾਂ ਆਖਿਆ ਕਿ ਨੌਜਵਾਨਾਂ ਦੇ ਅਟੁੱਟ ਹੌਸਲੇ ਅਤੇ ਸੰਘਰਸ਼ ਅੱਗੇ ਆਖਰਕਾਰ ਤਾਨਾਸ਼ਾਹ ਸਰਕਾਰ ਨੂੰ ਝੁਕਣਾ ਹੀ ਪਿਆ।



ਵਿਧਾਇਕ ਰੰਧਾਵਾ ਨੇ ਆਖਿਆ ਕਿ ਦੇਸ਼ ਦੇ ਨੌਜਵਾਨਾਂ ਨੇ ਆਪਣੇ ਹੱਕਾਂ ਲਈ ਆਵਾਜ਼ ਬੁਲੰਦ ਕਰਕੇ ਇਹ ਸਾਬਤ ਕਰ ਦਿੱਤਾ ਹੈ ਕਿ ਲੋਕਤੰਤਰ ਵਿੱਚ ਜਨਤਾ ਦੀ ਤਾਕਤ ਹੀ ਸਭ ਤੋਂ ਵੱਡੀ ਹੁੰਦੀ ਹੈ। ਉਨ੍ਹਾਂ ਕਿਹਾ, ਭਾਰਤ ਦੇ ਨੌਜਵਾਨਾਂ ਨੇ ਨਾ ਕੇਵਲ ਆਪਣੇ ਭਵਿੱਖ ਦੀ ਰੱਖਿਆ ਲਈ ਡਟ ਕੇ ਲੜਾਈ ਲੜੀ, ਬਲਕਿ ਦੇਸ਼ ਦੀ ਆਮ ਜਨਤਾ ਦਾ ਲੋਕਤੰਤਰ ਅਤੇ ਸੰਵਿਧਾਨ 'ਤੇ ਭਰੋਸਾ ਵੀ ਮੁੜ ਬਹਾਲ ਕੀਤਾ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਮੋਦੀ ਸਰਕਾਰ ਲਗਾਤਾਰ ਜਨਤਕ ਆਵਾਜ਼ਾਂ ਅਤੇ ਨੌਜਵਾਨਾਂ ਦੀਆਂ ਮੰਗਾਂ ਨੂੰ ਨਜ਼ਰਅੰਦਾਜ਼ ਕਰ ਰਹੀ ਸੀ।

ਪ੍ਰੰਤੂ, ਦੇਸ਼ ਦੀ ਜੇਨ ਜ਼ੈੱਡ ਨੇ ਦਿਖਾ ਦਿੱਤਾ ਹੈ ਕਿ ਜਦੋਂ ਨੌਜਵਾਨ ਇਕਜੁੱਟ ਹੋ ਕੇ ਦੇਸ਼ ਦੇ ਹੱਕਾਂ ਲਈ ਖੜ੍ਹੇ ਹੁੰਦੇ ਹਨ, ਤਾਂ ਵੱਡੀਆਂ ਤੋਂ ਵੱਡੀਆਂ ਸਰਕਾਰਾਂ ਨੂੰ ਵੀ ਆਪਣੇ ਫ਼ੈਸਲੇ ਬਦਲਣੇ ਪੈਂਦੇ ਹਨ। ਧਰਮੇਂਦਰ ਪ੍ਰਧਾਨ ਦਾ ਅਸਤੀਫ਼ਾ ਨੌਜਵਾਨਾਂ ਦੀ ਏਕਤਾ ਅਤੇ ਨਿਰੰਤਰ ਸੰਘਰਸ਼ ਦੀ ਵੱਡੀ ਜਿੱਤ ਹੈ। ਕੁਲਜੀਤ ਸਿੰਘ ਰੰਧਾਵਾ ਨੇ ਦੇਸ਼ ਭਰ ਦੇ ਨੌਜਵਾਨਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਜਿੱਤ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਮਿਸਾਲ ਬਣੇਗੀ।

# ਬੇਜ਼ਮੀਨੇ ਮਜ਼ਦੂਰ ਮੰਗਾਂ ਨੂੰ ਲੈ ਕੇ 5 ਨੂੰ ਜਲੰਧਰ ਰੈਲੀ 'ਚ ਵੱਡੀ ਗਿਣਤੀ 'ਚ ਕਰਨਗੇ ਸ਼ਮੂਲੀਅਤ : ਰੰਧਾਵਾ/ਵਾਲੀਆ

**ਜਲੰਧਰ (ਰਾਜੇਸ਼ ਥਾਪਾ)**- ਦਿਹਾਤੀ ਮਜ਼ਦੂਰ ਸਭਾ ਦੀ ਤਹਿਸੀਲ ਕਮੇਟੀ ਵਲੋਂ ਰਾਵਾਂ - ਖੇਲਾ ਵਿਖੇ 5 ਅਗਸਤ ਦੀ ਤਿਆਰੀ ਸਬੰਧੀ ਸਾਬਕਾ ਸਰਪੰਚ ਗੁਰਦਾਵਰ ਰਾਮ ਦੀ ਪ੍ਰਧਾਨਗੀ ਹੇਠ ਪਿੰਡ ਖੇਲਾ ਵਿਖੇ ਮੀਟਿੰਗ ਕੀਤੀ ਗਈ।ਸਭਾ ਦੇ ਜ਼ਿਲ੍ਹਾ ਸਕੱਤਰ ਪਰਮਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਮਹਿੰਗਾਈ ਨੇ ਗਰੀਬਾਂ ਅਤੇ ਆਮ ਲੋਕਾਂ ਦਾ ਜਿਊਣਾ ਦੁੱਭਰ ਕਰ ਦਿੱਤਾ ਹੈ। ਰਹਿੰਦੀ ਕਸਰ ਪਟਰੋਲ, ਡੀਜ਼ਲ ਅਤੇ ਗੈਸ ਦੀਆਂ ਕੀਮਤਾਂ ਵਿੱਚ ਬੇਤਹਾਸ਼ਾ ਵਾਧਾ ਕਰਕੇ ਪੂਰੀ ਕਰ ਦਿੱਤੀ ਹੈ। ਬੇਰੁਜ਼ਗਾਰੀ ਸਭ ਹੱਦਾਂ ਬੰਨੇ ਪਾਰ ਕਰ ਗਈ ਹੈ। ਮਨਰੇਗਾ ਕਾਨੂੰਨ ਨੂੰ ਖ਼ਤਮ ਕਰਕੇ ਵਿਕਸਤ ਭਾਰਤ ਜੀ ਰਾਮ ਜੀ ਕਾਨੂੰਨ ਬਣਾ ਕੇ ਮਜ਼ਦੂਰਾਂ ਦੇ ਬਚਦੇ ਬੁੱਲ੍ਹੇ ਠੰਢੇ ਪਾ ਦਿੱਤੇ ਹਨ। ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਵੇਲੇ ਤੋਂ ਲੈ ਕੇ ਮਜ਼ਦੂਰ ਜਥੇਬੰਦੀਆਂ ਲਗਾਤਾਰ ਸੰਘਰਸ਼ ਕਰਦੀਆਂ ਆ ਰਹੀਆਂ ਹਨ, ਪਰ ਲਾਰਿਆਂ ਅਤੇ ਫੋਕੇ ਵਾਅਦਿਆਂ ਤੋਂ ਬਿਨਾਂ ਕੁਝ ਵੀ ਪੱਲੇ ਨਹੀਂ ਪਿਆ। ਉਨ੍ਹਾਂ ਕਿਹਾ ਪੰਜ ਵਾਰ ਮੁੱਖ ਮੰਤਰੀ ਮੀਟਿੰਗ ਦਾ ਸੱਦਾ ਦੇ ਕੇ ਮੁੱਕਰ ਜਾਂਦੇ ਰਹੇ ਅਤੇ ਕੈਬਨਿਟ ਸਬ ਕਮੇਟੀ ਵਲੋਂ ਮੀਟਿੰਗਾਂ ਵਿੱਚ ਮੰਨੀਆਂ ਹੋਈਆਂ ਮੰਗਾਂ ਨੂੰ ਵੀ ਲਾਗੂ ਨਹੀਂ ਕੀਤਾ ਗਿਆ, ਜਿਸ ਦਾ ਮਜ਼ਦੂਰਾਂ ਦੇ ਮਨਾਂ ਅੰਦਰ ਭਾਰੀ ਰੋਸ ਹੈ। ਮੀਟਿੰਗ ਦੇ ਫੈਸਲੇ ਦੇ ਜਾਣੀ ਕਰਦਿਆਂ ਜ਼ਿਲ੍ਹਾ ਕਮੇਟੀ ਮੈਂਬਰ ਕੁਲਦੀਪ ਵਾਲੀਆ ਨੇ ਦੱਸਿਆ ਕਿ ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਬੇਜ਼ਮੀਨੇ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਨੂੰ ਪੰਜਾਬ ਸਰਕਾਰ ਵੱਲੋਂ ਲਗਾਤਾਰ ਅਣਗੌਲਿਆ ਕਰਨ ਵਿਰੁੱਧ 5 ਅਗਸਤ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਸੂਬਾ ਪੱਧਰੀ ਵਿਸ਼ਾਲ ਰੈਲੀ ਕਰਕੇ, ਮੁੱਖ ਮੰਤਰੀ ਦੀ ਜਲੰਧਰ ਸਥਿਤ ਰਿਹਾਇਸ਼ ਵੱਲ ਮਾਰਚ ਕੀਤਾ ਜਾਵੇਗਾ। ਮਜ਼ਦੂਰਾਂ ਲਈ ਸਾਲ



ਭਰ ਦੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰਨ, ਨਵੇਂ ਜੀ ਰਾਮ ਜੀ ਕਾਨੂੰਨ ਨੂੰ ਰੱਦ ਕਰਕੇ ਮਨਰੇਗਾ ਕਾਨੂੰਨ ਨੂੰ ਬਹਾਲ ਕਰਕੇ ਬਾਲਗ ਜੀਆਂ ਨੂੰ ਪੂਰੀ ਦਿਨ 700 ਰੁਪਏ ਦਿਹਾੜੀ ਦੇਣ, ਵਿਧਵਾ ਬੁਢਾਪਾ ਅੰਗਹੀਣ ਪੈਨਸ਼ਨ 5000 ਮਹੀਨਾ ਕਰਨ, ਔਰਤਾਂ ਦੇ ਖਾਤੇ ਵਿੱਚ ਪਿਛਲੇ ਸਾਢੇ ਚਾਰ ਸਾਲਾਂ ਦਾ ਬਕਾਇਆ ਪਾਉਣ, ਲੋੜਵੰਦ ਪਰਵਾਰਾਂ ਨੂੰ ਰਿਹਾਇਸ਼ੀ ਪਲਾਟ ਦੇਣ ਅਤੇ ਮਕਾਨ ਉਸਾਰੀ ਲਈ ਗਰਾਂਟ ਦੇਣ, ਜਨਤਕ ਵੰਡ ਪ੍ਰਣਾਲੀ ਰਾਹੀਂ ਸਰਕਾਰੀ ਡਿਪੂਆਂ ਤੋਂ ਰਸੋਈ ਵਿੱਚ ਵਰਤੀਆਂ ਜਾਣ ਵਾਲੀਆਂ ਵਸਤਾਂ ਸਸਤੇ ਭਾਅ ਤੇ ਮੁਹੱਈਆ ਕਰਵਾਉਣ ਅਤੇ ਲੋੜਵੰਦਾਂ ਦੇ ਕੱਟੇ ਰਾਸ਼ਨ ਕਾਰਡ ਬਹਾਲ ਕੀਤੇ, ਪੰਚਾਇਤੀ ਜ਼ਮੀਨਾਂ ਵਿੱਚੋਂ ਤੀਜੇ ਹਿੱਸੇ ਦੀ ਜ਼ਮੀਨ ਮਜ਼ਦੂਰਾਂ ਨੂੰ ਦੇਣ ਅਤੇ ਜ਼ਮੀਨ ਹੱਦ ਬੰਦੀ ਕਾਨੂੰਨ ਲਾਗੂ ਕਰਕੇ ਵਾਧੂ ਨਿਕਲਦੀਆਂ ਜ਼ਮੀਨਾਂ ਬੇਜ਼ਮੀਨੇ ਮਜ਼ਦੂਰਾਂ ਅਤੇ ਛੋਟੇ ਕਿਸਾਨਾਂ 'ਚ ਵੰਡਣ, ਮਜ਼ਦੂਰਾਂ ਸਿਰ ਚੜ੍ਹੇ ਸਮੁੱਚੇ ਕਰਜ਼ੇ ਮਾਫ਼ ਕਰਨ ਅਤੇ ਕਿਰਤ ਕਾਨੂੰਨਾਂ ਨੂੰ ਮੁੜ ਬਹਾਲ ਕਰਨ, ਸੰਘਰਸ਼ਾਂ ਦੌਰਾਨ ਮਜ਼ਦੂਰਾਂ ਕਿਸਾਨਾਂ 'ਤੇ ਬਣਾਏ ਸਾਰੇ ਕੇਸ ਖ਼ਤਮ ਕਰਨ। ਰੈਲੀ ਦੀ ਤਿਆਰੀ ਲਈ ਲਗਾਤਾਰ ਪਿੰਡਾਂ ਅੰਦਰ ਮੀਟਿੰਗਾਂ ਕਰਕੇ 3 ਅਗਸਤ ਤੱਕ ਮੀਟਿੰਗ ਕਰਕੇ ਮਜ਼ਦੂਰਾਂ ਦੀ ਲਾਮਬੰਦੀ ਕੀਤੀ ਜਾਵੇਗੀ।ਉਹਨਾਂ ਕਿਹਾ ਕਿ 5 ਅਗਸਤ ਨੂੰ ਪੰਜਾਬ ਭਰ 'ਚੋਂ ਮਜ਼ਦੂਰ ਆਪਣੇ ਪਰਵਾਰਾਂ ਸਮੇਤ ਰੈਲੀ ਅਤੇ ਮੁਜ਼ਾਹਰੇ ਵਿੱਚ ਸ਼ਾਮਲ ਹੋਣਗੇ। ਮੀਟਿੰਗ ਦੌਰਾਨ ਮੋਦੀ ਸਰਕਾਰ ਵਲੋਂ ਭਗਵੇਂਕਰਨ ਤਹਿਤ ਐਨ ਸੀ ਈ ਆਰ ਟੀ ਦੇ ਸਿਲੇਬਸ 'ਚ ਰੂਸੀ ਅਤੇ ਫਰਾਂਸੀਸੀ ਕ੍ਰਾਂਤੀ ਦੇ ਅਧਿਆਏ ਹਟਾ ਕੇ ਮਨੂ ਸਿਮ੍ਰਤੀ ਨੂੰ ਸ਼ਾਮਲ ਕਰਨ ਦੀ ਜ਼ੋਰਦਾਰ ਨਿੰਦਾ ਕੀਤੀ ਅਤੇ 5 ਅਗਸਤ ਨੂੰ ਇੱਕ ਵੱਡੀ ਰੈਲੀ ਵਿੱਚ ਜਾਣ ਲਈ ਸੱਦਾ ਦਿੱਤਾ।ਇਸ ਸਮੇਂ ਕੁਲਦੀਪ ਸਿਆਣ ਬਿਲਗਾ ,ਅਨੰਤ ਕੁਮਾਰ ਮੇਘਟ, ਅਜੀਤ ਚੰਦ, ਹੁਸਨ ਲਾਲ, ਰਾਜਿੰਦਰ ਕੌਰ, ਜਸਵਿੰਦਰ ਕੌਰ, ਮਿੰਦੋ, ਰਾਣੋ, ਅਮਰ ਕੌਰ, ਕਸ਼ਮੀਰ ਕੌਰ, ਮਨਪ੍ਰੀਤ ਕੌਰ, ਸੰਤਿਆ, ਅਮ੍ਰਿਤਾਂ ਕੌਰ, ਕਰਿਸ਼ਨਾ ਦੇਵੀ, ਬਲਵੀਰ ਕੌਰ , ਗੁਰਬਖਸ਼ ਕੌਰ, ਰਾਣੋ ਅਤੇ ਹੋਰ ਮਜ਼ਦੂਰ ਸ਼ਾਮਲ ਸਨ।

# ਨਜਾਇਜ਼ ਸ਼ਰਾਬ ਸਮੇਤ ਗ੍ਰਿਫਤਾਰ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਤ ਮਿਥਲੇਸ਼)**- ਟਾਂਡਾ ਪੁਲਸ ਨੇ ਇੱਕ ਵਿਅਕਤੀ ਨੂੰ ਨਜਾਇਜ਼ ਸ਼ਰਾਬ ਸਮੇਤ ਗ੍ਰਿਫਤਾਰ ਕੀਤਾ ਹੈ।ਇਸ ਬਾਰੇ ਜਾਣਕਾਰੀ ਦਿੰਦੇ ਹੋਏ ਥਾਣਾ ਟਾਂਡਾ ਦੇ ਐਡੀਸ਼ਨਲ ਐਸ.ਐਚ.ਓ ਜਗਦੀਪ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਪੁਲਸ ਮੁਖੀ ਸੰਦੀਪ ਕੁਮਾਰ ਮਲਿਕ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਏ ਐਸ ਆਈ ਜਸਵੀਰ ਸਿੰਘ ਦੀ ਟੀਮ ਵੱਲੋਂ ਸਾਹਿਬਾਜਪੁਰ ਮੋੜ ਨਜ਼ਦੀਕ ਗ੍ਰਿਫਤਾਰ ਕੀਤੇ ਗਏ ਵਿਅਕਤੀ ਦੀ ਪਹਿਚਾਣ ਨਰਿੰਦਰ ਸਿੰਘ ਉਰਫ ਨਿੰਦੀ ਪੁੱਤਰ ਗੁਰਮੇਲ ਸਿੰਘ ਵਾਸੀ ਪਵੇ ਵਜੋਂ ਹੋਈ ਹੈ ਅਤੇ ਪੁਲਸ ਨੇ ਉਸ ਕੋਲੋਂ 12 ਬੋਤਲਾਂ ਨਜਾਇਜ਼ ਬਰਾਮਦ ਕਰਦੇ ਹੋਏ ਉਸ ਖ਼ਿਲਾਫ ਆਬਕਾਰੀ ਐਕਟ ਅਧੀਨ ਮਾਮਲਾ ਦਰਜ ਕੀਤਾ ਹੈ।

# ਜਗਜੀਵਨ ਲਾਲ ਖਲਵਾੜਾ ਕਲੋਨੀ ਨੂੰ ਥਾਪਿਆ ਜ਼ਿਲ੍ਹਾ ਕਪੂਰਥਲਾ ਦਾ ਮੀਤ ਪ੍ਰਧਾਨ

**ਫਗਵਾੜਾ (ਡਾ. ਰਮਨ)**- ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਮਾਰਕਿਟ ਕਮੇਟੀ ਫਗਵਾੜਾ ਦੇ ਸਾਬਕਾ ਉਪ ਚੇਅਰਮੈਨ ਜਗਜੀਵਨ ਲਾਲ ਖਲਵਾੜਾ ਕਲੋਨੀ ਨੂੰ ਜ਼ਿਲ੍ਹਾ ਕਪੂਰਥਲਾ ਇਕਾਈ ਦਾ ਮੀਤ ਪ੍ਰਧਾਨ ਨਿਯੁਕਤ ਕੀਤਾ ਹੈ। ਇਸ ਸਬੰਧੀ ਨਿਯੁਕਤੀ ਪੱਤਰ ਜ਼ਿਲ੍ਹਾ ਪ੍ਰਧਾਨ ਬਲਵਿੰਦਰ ਸਿੰਘ ਧਾਲੀਵਾਲ (ਰਿਟਾ. ਆਈ. ਏ.ਐੱਸ.) ਵਿਧਾਇਕ



ਫਗਵਾੜਾ ਵਲੋਂ ਅੱਜ ਉਹਨਾਂ ਨੂੰ ਭੇਂਟ ਕੀਤਾ ਗਿਆ। ਜਗਜੀਵਨ ਲਾਲ ਖਲਵਾੜਾ ਕਲੋਨੀ ਨੇ ਆਪਣੀ ਨਿਯੁਕਤੀ ਲਈ ਪੰਜਾਬ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਵਿਧਾਨ ਸਭਾ 'ਚ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਅਤੇ ਜ਼ਿਲ੍ਹਾ ਪ੍ਰਧਾਨ ਬਲਵਿੰਦਰ ਸਿੰਘ ਧਾਲੀਵਾਲ ਸਮੇਤ ਸਮੁੱਚੀ ਸੀਨੀਅਰ ਲੀਡਰਸ਼ਿਪ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਇਸ ਮਹੱਤਵਪੂਰਨ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਲਗਨ ਨਾਲ ਨਿਭਾਉਣਗੇ। ਇਸ ਦੌਰਾਨ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਜਗਜੀਵਨ ਲਾਲ ਖਲਵਾੜਾ ਕਲੋਨੀ ਨੂੰ ਸ਼ੁਭ ਇੱਛਾਵਾਂ ਦਿੰਦਿਆਂ ਕਿਹਾ ਕਿ ਉਹਨਾਂ ਪਾਰਟੀ ਦੇ ਵੱਖ-ਵੱਖ ਅਹੁਦਿਆਂ ਦੇ ਨਾਲ ਹੀ ਪਿੰਡ ਸਰਪੰਚ ਵਜੋਂ ਆਪਣੀ ਜ਼ਿੰਮੇਵਾਰੀ ਨੂੰ ਬਾਖ਼ੂਬੀ ਨਿਭਾਇਆ ਹੈ। ਇਸ ਮੌਕੇ ਬਲਾਕ ਕਾਂਗਰਸ ਫਗਵਾੜਾ (ਸ਼ਹਿਰੀ) ਦੇ ਪ੍ਰਧਾਨ ਨਰੇਸ਼ ਭਾਰਦਵਾਜ, ਦਿਹਾਤੀ ਪ੍ਰਧਾਨ ਮਨਿੰਦਰ ਪਾਲ ਸਿੰਘ ਵਿੱਕੀ ਵਾਲੀਆ ਆਦਿ ਵੀ ਹਾਜ਼ਰ ਸਨ।

# ਵਿਧਾਇਕ ਨੂੰ ਚਾਰ ਪਿੰਡ ਨੂਰਮਹਿਲ ਨਾਲ ਜੋੜਨ ਲਈ ਦਿੱਤਾ ਮੰਗ ਪੱਤਰ

**ਨੂਰਮਹਿਲ (ਰਜੇਸ਼ ਥਾਪਾ)**- ਪਿਛਲੇ ਲੱਗਭੱਗ 14 ਸਾਲ ਤੋਂ ਲੋਕਾਂ ਨੂੰ ਆ ਰਹੀਆਂ ਮੁਸ਼ਕਲਾਂ ਦੇ ਸਬੰਧ ਵਿੱਚ ਇਨ੍ਹਾਂ ਚਾਰ ਪਿੰਡਾਂ ਦੀਆਂ ਮੰਗਾਂ ਵਿਭਾਗ ਦਫ਼ਤਰ ਰੁੜਕਾਂ ਕਲਾਂ ( ਗੋਰਾਇਆ - ਚੱਚਰਾੜੀ ) ਲੱਗੇ ਹੋਏ ਹਨ। ਜਿਸ ਕਰਕੇ ਸਾਰੇ ਇਨ੍ਹਾਂ ਪਿੰਡਾਂ ਦੇ ਬਜ਼ੁਰਗਾਂ ਦੀਆਂ ਬੁਢਾਪਾ ਵਿਧਵਾ ਪੈਨਸ਼ਨਾਂ ਆਦਿ ਲਈ ਅਤੇ ਨੀਲੇ ਕਾਰਡ ਰਾਸ਼ਣ ਕਾਰਡ ਆਦਿ ਬਣਾਉਣ ਲਈ ਇਨ੍ਹਾਂ ਪਿੰਡਾਂ ਤੋਂ ਲੱਗ ਭੱਗ 25 ਤੋਂ 30 ਕਿਲੋਮੀਟਰ ਦੀ ਦੂਰੀ ਤੈਅ ਕਰਕੇ ਜਾਣਾ ਪੈਂਦਾ ਹੈ। ਜਦ ਕਿ ਉਪਰੋਕਤ ਚਾਰੇ ਪਿੰਡਾਂ ਦੇ ਲੋਕਾਂ ਨੂੰ ਨੂਰਮਹਿਲ ਸਿਰਫ਼ ਲੱਗ ਭੱਗ 4 ਤੋਂ 5 ਕਿਲੋਮੀਟਰ ਦੀ ਦੂਰੀ ਤੇ ਹਨ। ਬਾਲੀ ਨੇ ਅੱਗੇ ਦੱਸਿਆ ਕਿ ਉਪਰੋਕਤ ਚਾਰੇ ਪਿੰਡ ਦੀਆਂ ਪੰਚਾਇਤਾਂ ਤੇ ਬਾਲ ਕ੍ਰਿਸ਼ਨ ਬਾਲੀ ਨੇ ਲਿਖਤੀ ਰੂਪ ਵਿੱਚ ਮੰਗ ਪੱਤਰ



ਪੰਚਾਇਤਾਂ ਨੇ ਹਲਕਾ ਨਕੋਦਰ ਦੇ ਵਿਧਾਇਕ ਬੀਬੀ ਇੰਦਰਜੀਤ ਕੌਰ ਮਾਨ ਨੂੰ ਮੰਗ ਪੱਤਰ ਹਲਕਾ ਨਕੋਦਰ ਦੇ ਵਿਧਾਇਕ ਬੀਬੀ ਇੰਦਰਜੀਤ ਕੌਰ ਮਾਨ ਨੂੰ ਦਿੱਤਾ।ਤੇ ਮੰਗ ਪੱਤਰ ਦਿੱਤਾ। ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਬਾਲ ਕ੍ਰਿਸ਼ਨ ਬਾਲੀ ਪੱਤਰਕਾਰ ਨੂਰਮਹਿਲ ਨੇ ਦੱਸਿਆ ਕਿ ਸੰਨ 2012 ਵਿੱਚ ਹਲਕਾ ਨੂਰਮਹਿਲ ਦੇ ਟੁੱਟਣ ਕਾਰਨ ਸਾਡੇ ਚਾਰ ਪਿੰਡ ਸੁੰਨੜ ਕਲਾਂ, ਪਿੰਡ ਆਦੇਕਾਲੀ, ਪਿੰਡ ਮਿੱਠੜਾ ਅਤੇ ਪਿੰਡ ਭਾਰਦੂਆਜੀਆ ਦੇ ਫੂਡ ਸਪਲਾਈ ਵਿਭਾਗ ਦਫ਼ਤਰ ਚੱਚਰਾੜੀ ਦਫ਼ਤਰ ਅਤੇ ਬਾਲ ਵਿਕਾਸ ਵਿੱਚ ਲਿਖਿਆ ਕਿ ਉਪਰੋਕਤ ਚਾਰੇ ਪਿੰਡ ਫੂਡ ਸਪਲਾਈ ਵਿਭਾਗ ਦਫ਼ਤਰ ਅਤੇ ਬੁਢਾਪਾ ਵਿਧਵਾ ਪੈਨਸ਼ਨਾਂ ਆਦਿ ਦਫ਼ਤਰ ਰੁੜਕਾਂ ਕਲਾਂ ਅਤੇ ਚੱਚਰਾੜੀ ਗੋਰਾਇਆ ਨਾਲੋਂ ਕੱਟ ਕੇ ਨੂਰਮਹਿਲ ਫੂਡ ਸਪਲਾਈ ਵਿਭਾਗ ਦਫ਼ਤਰ ਨਾਲ ਅਤੇ ਬਾਲ ਵਿਕਾਸ ਵਿਭਾਗ ਦਫ਼ਤਰ ਨੂਰਮਹਿਲ ਨਾਲ ਜੋੜਿਆ ਜਾਵੇ।

# ਤਰਲੋਚਨ ਸਿੰਘ ਦਾ ਡਾ. ਰਤਨ ਸਿੰਘ ਜੱਗੀ ਯਾਦਗਾਰੀ ਪੁਰਸਕਾਰ ਨਾਲ ਸਨਮਾਨ ਅੱਜ

**ਚੰਡੀਗੜ੍ਹ**- ਪੰਜਾਬ ਕਲਾ ਪਰਿਸ਼ਦ ਚੰਡੀਗੜ੍ਹ ਵੱਲੋਂ ਪਦਮਸ਼੍ਰੀ ਡਾ. ਰਤਨ ਸਿੰਘ ਜੱਗੀ ਮੈਮੋਰੀਅਲ ਫਾਊਂਡੇਸ਼ਨ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਸਮਾਗਮ ਵਿੱਚ ਪਹਿਲਾ ਡਾ. ਰਤਨ ਸਿੰਘ ਜੱਗੀ ਯਾਦਗਾਰੀ ਸਨਮਾਨ ਨਾਲ ਸਾਬਕਾ ਸੰਸਦ ਮੈਂਬਰ ਤੇ ਕੌਮੀ ਘੱਟ



ਗਿਣਤੀ ਕਮਿਸ਼ਨ ਦੇ ਸਾਬਕਾ ਚੇਅਰਮੈਨ ਤਰਲੋਚਨ ਸਿੰਘ ਨੂੰ ਸਨਮਾਨਿਆ ਜਾਵੇਗਾ ਜਿਸ ਵਿਚ 51 ਹਜ਼ਾਰ ਰੁਪਏ ਦੀ ਨਕਦ ਰਾਸ਼ੀ, ਦੁਸ਼ਾਲਾ ਤੇ ਸਨਮਾਨ ਚਿੰਨ੍ਹ ਭੇਂਟ ਕੀਤਾ ਜਾਵੇਗਾ। ਸੈਕਟਰ 16 ਸਥਿਤ ਪੰਜਾਬ ਕਲਾ ਭਵਨ ਵਿਖੇ 27 ਜੁਲਾਈ ਨੂੰ ਸ਼ਾਮ ਸਾਢੇ ਪੰਜ ਵਜੇ ਪਦਮਸ਼੍ਰੀ ਡਾ. ਰਤਨ ਸਿੰਘ ਜੱਗੀ ਯਾਦਗਾਰੀ ਪ੍ਰਕਾਸ਼ਨਾਵਾਂ ਅਤੇ ਡਾ. ਰਤਨ ਸਿੰਘ ਜੱਗੀ ਯਾਦਗਾਰੀ ਭਾਸ਼ਣਾਂ ਦੀ ਲੜੀ ਤਹਿਤ ਓਪਨ ਏਅਰ ਥਿਏਟਰ ਦਾ ਉਦਘਾਟਨੀ ਸਮਾਰੋਹ ਰੋਚਕ ਹੋਵੇਗਾ। ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਸਮਾਗਮ ਦੇ ਮੁੱਖ ਮਹਿਮਾਨ ਹੋਣਗੇ।

ਤਰਲੋਚਨ ਸਿੰਘ, ਘੱਟ ਗਿਣਤੀਆਂ, ਧਰਮ, ਸਮਾਜ ਤੇ ਸੱਭਿਆਚਾਰ ਨੂੰ ਸਮਰਪਿਤ ਉਹ ਸ਼ਖਸੀਅਤ ਹਨ ਜਿਨ੍ਹਾਂ ਆਪਣੀ ਮਿਹਨਤ, ਦੂਰਦਰਸ਼ੀ ਤੇ ਦੂਰਅੰਦੇਸ਼ੀ ਸੋਚ, ਨਿਰਪੱਖ ਪ੍ਰਸ਼ਾਸਨ ਅਤੇ ਮਨੁੱਖਤਾ ਦੀ ਸੇਵਾ ਰਾਹੀਂ ਭਾਰਤ ਦੇ ਜਨ-ਜੀਵਨ ਵਿੱਚ ਵਿਲੱਖਣ ਸਥਾਨ ਬਣਾਇਆ ਹੈ।

# ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਵੱਲੋਂ 29 ਨੂੰ ਸੰਗਰੂਰ ਵਿਖੇ ਮਹਾਂਰੈਲੀ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਨੂੰ ਪੰਜਾਬ ਸਰਕਾਰ ਵਿਰੁੱਧ ਤਿੱਖੇ ਰੋਸ ਅਤੇ ਖ਼ਦਸ਼ੇ ਵਿੱਚ ਹੈ, ਜਿਸ ਸਬੰਧੀ ਪ੍ਰੈਸ ਨੂੰ ਸਾਂਝਾ ਬਿਆਨ ਜਾਰੀ ਕਰਦਿਆਂ ਜ਼ਿਲ੍ਹਾ ਜਨਰਲ ਸਕੱਤਰ ਕੁਲਵਰਨ ਸਿੰਘ ਸੈਣੀ ਅਤੇ ਜ਼ਿਲ੍ਹਾ ਪ੍ਰੈਸ ਸਕੱਤਰ ਬਲਵੀਰ ਸਿੰਘ ਸੈਣੀ, ਸੂਰਜ ਪ੍ਰਕਾਸ਼ ਆਨੰਦ ਕਾਰਜਕਾਰੀ ਜ਼ਿਲ੍ਹਾ ਪ੍ਰਧਾਨ, ਮਨਜੀਤ ਸਿੰਘ ਸੈਣੀ ਜਨਰਲ ਸਕੱਤਰ, ਸੁਦੇਸ਼ ਚੰਦਰ ਸ਼ਰਮਾ ਵਿੱਤ ਸਕੱਤਰ, ਕ੍ਰਿਪਾਲ ਸਿੰਘ ਸਰਪਲਸ, ਕੁਲਵੰਤ ਸਿੰਘ ਸੈਣੀ ਸਲਾਹਕਾਰ ਨੇ ਦੋਸ਼ ਲਾਇਆ ਕਿ ਪੰਜਾਬ ਸਰਕਾਰ ਨੇ 1-01-16 ਤੋਂ ਪਹਿਲੇ ਪੰਜਾਬ ਦੇ ਪੈਨਸ਼ਨਰਾਂ ਨਾਲ ਛੇਵੇਂ ਪੇ ਕਮਿਸ਼ਨ ਦੇ ਨਾਂ 'ਤੇ ਧੋਖਾ ਕੀਤਾ ਹੈ। ਪੈਨਸ਼ਨ ਸੋਧ ਦੀ ਸ਼ਿਫਾਰਿਸ਼ ਨਾ ਕਰਕੇ ਕੋਈ ਵੀ ਮਦ ਪੈਨਸ਼ਨਰਾਂ 'ਤੇ ਲਾਗੂ ਨਹੀਂ ਕੀਤੀ। ਅਦਾਲਤੀ ਹੁਕਮਾਂ ਦੇ ਬਾਵਜੂਦ ਮਹਿੰਗਾਈ ਰਾਹਤ (ਡੀ.ਏ.) 42% ਦੀ ਬਜਾਏ 60% ਦੇਣ ਲਈ ਸਰਕਾਰ ਤਿਆਰ ਨਹੀਂ । ਬਾਕੀ ਮੰਗਾਂ ਨੂੰ ਵੀ ਨਹੀਂ ਵਿਚਾਰਿਆ ਜਾ ਰਿਹਾ। ਇਸ ਪੈਨਸ਼ਨਰ ਵਿਰੋਧੀ ਪੰਜਾਬ ਸਰਕਾਰ ਨੂੰ 1 ਤੋਂ 5 ਜੂਨ ਤੱਕ ਜ਼ਿਲ੍ਹਾ ਪ੍ਰਸ਼ਾਸਨਾਂ ਰਾਹੀਂ ਮੰਗ ਪੱਤਰ ਭੇਜਦੇ ਹੋਏ, 17 ਜੂਨ ਤੋਂ ਪਹਿਲਾਂ ਫਰੰਟ ਨਾਲ ਮੀਟਿੰਗ ਦੀ ਮੰਗ ਕੀਤੀ ਗਈ ਸੀ। ਪਰ ਪੰਜਾਬ ਸਰਕਾਰ ਵੱਲੋਂ ਕੋਈ ਵੀ ਹੁੰਗਾਰਾ ਨਹੀਂ ਭਰਿਆ ਗਿਆ। ਜੁਆਇੰਟ ਫਰੰਟ ਵੱਲੋਂ 17 ਜੂਨ, 2026 ਨੂੰ ਦੇਸ਼ ਭਗਤ ਯਾਦਗਾਰ ਹਾਲ, ਜਲੰਧਰ ਵਿਖੇ ਵਿਸ਼ਾਲ ਕਨਵੈਨਸ਼ਨ ਕਰਕੇ ਧੱਕਾਂ, ਹਿੱਤਾਂ ਦੀ ਪ੍ਰਾਪਤੀ ਲਈ ਅਗਲੇ ਸੰਘਰਸ਼ ਦਾ ਐਲਾਨ ਕੀਤਾ ਗਿਆ ਸੀ।

ਜਿਸ ਅਨੁਸਾਰ 29 ਜੁਲਾਈ ਨੂੰ 11-00 ਵਜੇ ਅਨਾਜ ਮੰਡੀ ਸੰਗਰੂਰ ਵਿਖੇ ਵਿਸ਼ਾਲ ਰੋਸ ਰੈਲੀ ਅਤੇ ਮਾਰਚ ਪ੍ਰਦਰਸ਼ਨ ਕੀਤਾ ਜਾਵੇਗਾ। ਜਿਸ ਵਿੱਚ ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ, ਹੁਸ਼ਿਆਰਪੁਰ ਦੇ ਸਮੁੱਚੇ ਤਹਿਸੀਲ ਯੂਨਿਟਾਂ ਨੂੰ ਹੇਠ ਲਿਖੇ ਪੈਨਸ਼ਨਰ ਸਾਥੀਆਂ ਦੇ ਕੋਟੇ ਅਨੁਸਾਰ ਮਿਤੀ 29 ਜੁਲਾਈ ਨੂੰ ਸਵੇਰੇ 11-00 ਵਜੇ ਸ਼ਮੂਲੀਅਤ ਕਰਨ ਲਈ ਬੇਨਤੀ ਕੀਤੀ ਜਾਂਦੀ ਹੈ। ਹੁਸ਼ਿਆਰਪੁਰ ਜ਼ਿਲ੍ਹੇ ਵੱਲੋਂ ਕੁਲ 150 ਪੈਨਸ਼ਨਰ ਸਾਥੀਆਂ ਦੀ ਸ਼ਮੂਲੀਅਤ ਕੀਤੀ ਜਾਵੇਗੀ। ਤਲਵਾੜਾ-30, ਮੁਕੇਰੀਆਂ -07, ਦਸੂਆ- 35, ਹੁਸ਼ਿਆਰਪੁਰ -40, ਟਾਂਡਾ -07, ਮਾਹਿਲਪੁਰ -20, ਗੜਸ਼ੰਕਰ-20 ਅਤੇ ਮਿਊਸਪਲ ਯੂਨਿਟ ਹੁਸ਼ਿਆਰਪੁਰ-10

# ਡੇਂਗੂ ਰੋਕਥਾਮ ਲਈ ਸਿਹਤ ਵਿਭਾਗ ਨੇ ਚਲਾਈ ਮੁਹਿੰਮ

**ਆਦਮਪੁਰ (ਪਰਮਜੀਤ ਸਿੰਘ)** ਸਿਹਤ ਵਿਭਾਗ ਵੱਲੋਂ ਸ਼ੁੱਕਰਵਾਰ ਨੂੰ ਸਿਵਲ ਸਰਜਨ ਜਲੰਧਰ ਡਾ. ਰਾਜੇਸ਼ ਗਰਗ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਕੁਲਦੀਪ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਫਰਾਈਡੇ, ਡਰਾਈ ਡੇ ਗਤੀਵਿਧੀ ਕੀਤੀ।ਸੀ ਐਚ ਸੀ ਆਦਮਪੁਰ ਦੇ ਸਟਾਫ ਵੱਲੋਂ ਪੁਲਸ ਥਾਣਾ ਆਦਮਪੁਰ ਅਤੇ ਸ਼ਹਿਰ ਦੇ 7 ਗੁਰਦੁਆਰਾ ਸਾਹਿਬ ਵਿਖੇ ਡੇਂਗੂ ਦੀ ਰੋਕ ਲਈ ਸਰਵੇਖਣ ਮੁਹਿੰਮ ਚਲਾਈ ਗਈ।ਇਸ ਮੌਕੇ ਡਾ. ਹਰਪ੍ਰੀਤ ਸਿੰਘ, ਮਲਟੀਪਰਪਜ਼ ਹੈਲਥ ਸੁਪਰਵਾਈਜ਼ਰ ਪ੍ਰਦੀਪ ਕੁਮਾਰ, ਮਲਟੀਪਰਪਜ਼ ਹੈਲਥ ਵਰਕਰ ਸਾਹਿਬਜੀਤ ਕਲੇਰ, ਮਨੀਸ਼ ਕੁਮਾਰ, ਨੀਰਜ ਕੁਮਾਰ ਅਤੇ ਕੁਲਵੰਤ ਸਿੰਘ ਮੌਜੂਦ ਸਨ।ਇਸ ਮੌਕੇ ਐਸ ਐਮ ਓ ਡਾ. ਕੁਲਦੀਪ ਸਿੰਘ ਨੇ ਕਿਹਾ ਕਿ ਬਰਸਾਤਾਂ ਮਗਰੋਂ ਡੇਂਗੂ ਮੱਛਰ ਦਾ ਲਾਰਵਾ ਵਧਣ ਲੱਗ ਜਾਂਦਾ ਹੈ, ਇਸ ਲਈ ਇਸ ਦੀ ਰੋਕਥਾਮ ਬਹੁਤ ਜ਼ਰੂਰੀ ਹੈ ਕੇ ਕੰਮ ਕਰਨਾ ਚਾਹੀਦਾ ਹੈ। ਡੇਂਗੂ ਬੁਖਾਰ ਦੀਆਂ ਆਮ ਨਿਸ਼ਾਨੀਆਂ ਹਨ- ਤੇਜ਼ ਅਤੇ ਅਚਾਨਕ ਆਉਣ ਵਾਲਾ ਬੁਖਾਰ, ਬਹੁਤ ਤੇਜ਼ ਸਿਰਦਰਦ, ਅੱਖਾਂ ਦੇ ਪਿਛਲੇ ਪਾਸੇ ਦਰਦ, ਹੱਡੀਆਂ ਦੇ ਜੋੜਾਂ ਅਤੇ ਮਾਸਪੇਸ਼ੀਆਂ ਵਿੱਚ ਦਰਦ, ਥਕਾਵਟ, ਉਲਟੀ ਅਤੇ ਸਰੀਰ ਦੇ ਨਿਸ਼ਾਨ ਜੇ ਬੁਖਾਰ ਤੋਂ ਬਾਅਦ ਤੋਂ ਪੰਜ-ਸੱਤ ਦਿਨ ਬਾਅਦ ਹੋਣ।



# ਰਾਜਪਾਲ ਨੇ 13ਵਾਂ ਅਜਲਾਸ ਸੱਦਿਆ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਰਾਜਪਾਲ ਵੱਲੋਂ ਸੋਲ੍ਹਵੀਂ ਪੰਜਾਬ ਵਿਧਾਨ ਸਭਾ ਦਾ 13ਵਾਂ ਇਜਲਾਸ ਸੋਮਵਾਰ, 3 ਅਗਸਤ ਨੂੰ ਸਵੇਰੇ 11:00 ਵਜੇ ਪੰਜਾਬ ਵਿਧਾਨ ਸਭਾ ਹਾਲ, ਵਿਧਾਨ ਭਵਨ, ਚੰਡੀਗੜ੍ਹ ਵਿਖੇ ਬੁਲਾਇਆ ਗਿਆ ਹੈ।

# ਸੰਤ ਬਾਬਾ ਸਾਵਨ ਸਿੰਘ ਤੇ ਬਾਬਾ ਉੱਤਮ ਸਿੰਘ ਯਾਦਗਾਰੀ ਸਾਲਾਨਾ ਸਮਾਗਮ 1 ਨੂੰ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਤ ਮਿਥਲੇਸ਼)**- ਗੁਰਦੁਆਰਾ ਤਲਾਵਾਂ ਸਾਹਿਬ ਪਿੰਡ ਸ਼ਾਲਾਪੁਰ ਵਿਖੇ ਸੱਚਖੰਡ ਵਾਸੀ ਸੰਤ ਬਾਬਾ ਸਾਵਨ ਸਿੰਘ ਤੇ ਬਾਬਾ ਉੱਤਮ ਸਿੰਘ ਦੀ ਸਾਲਾਨਾ ਬਰਸੀ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ 1 ਅਗਸਤ ਨੂੰ ਹੋਵੇਗਾ।ਇਸ ਬਾਰੇ ਜਾਣਕਾਰੀ ਦਿੰਦੇ ਹੋਏ ਪ੍ਰਬੰਧਕ ਕਮੇਟੀ ਦੇ ਮੁੱਖ ਸੇਵਾਦਾਰ ਪ੍ਰਧਾਨ ਗਗਨਦੀਪ ਸਿੰਘ ਸ਼ਾਲਾਪੁਰ, ਗਿਆਨੀ ਗੁਰਬਚਨ ਸਿੰਘ, ਸੈਕਟਰੀ ਦਲਜੀਤ ਸਿੰਘ, ਗੁਰਪ੍ਰੀਤ ਸਿੰਘ ਗੋਲਡੀ ਤੇ ਹੋਰਨਾ ਸੇਵਾਦਾਰਾਂ ਨੇ ਦੱਸਿਆ ਕਿ ਬਰਸੀ ਸਮਾਗਮ ਦੇ ਸੰਬੰਧ ਵਿੱਚ 30 ਅਗਸਤ ਨੂੰ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਜਾਣਗੇ ਜਿਨ੍ਹਾਂ ਦੇ ਭੋਗ 1 ਅਗਸਤ ਨੂੰ ਪੌਣ ਉਪਰੰਤ ਸਵੇਰੇ 10 ਵਜੇ ਤੋਂ ਲੈ ਕੇ ਦੁਪਹਿਰ 1 ਵਜੇ ਤੱਕ ਧਾਰਮਿਕ ਦੀਵਾਨ ਸਜਾਏ ਜਾਣਗੇ ਜਿਸ ਵਿੱਚ ਰਾਗੀ-ਢਾਡੀ ਜਥੇ ਪਹੁੰਚ ਕੇ ਸਮੂਹ ਸੰਗਤ ਨੂੰ ਗੁਰਬਾਣੀ ਕੀਰਤਨ ਅਤੇ ਗੁਰਮਤਿ ਵਿਚਾਰਾਂ ਦੁਆਰਾ ਨਿਹਾਲ ਕਰਨਗੇ।

# ਅੰਤਰ ਜ਼ੋਨ ਖੇਡਾਂ 'ਚ ਬੀ ਐੱਨ ਡੀ ਸਕੂਲ ਦੀਆਂ ਵਿਦਿਆਰਥਣਾਂ ਜਿੱਤੇ ਸਿਲਵਰ ਮੈਡਲ

**ਅੱਡਾ ਸਰਾਂ ( ਜਸਵੀਰ ਕਾਜਲ )**- 70ਵੀਆਂ ਪੰਜਾਬ ਰਾਜ ਅੰਤਰ ਜ਼ੋਨ ਪੱਧਰ ਸਕੂਲ ਖੇਡਾਂ 2026-27 ਵਿਚ ਬੀ.ਐੱਨ .ਡੀ. ਸਕੂਲ ਦੀਆਂ ਅੰਡਰ - 14 ਅਤੇ ਅੰਡਰ - 17 ਸਾਲ ਲੜਕੀਆਂ ਨੇ ਚੈੱਸ ਖੇਡ ਵਿਚ ਭਾਗ ਲੈਂਦੇ ਹੋਏ



ਸ਼ਾਨਦਾਰ ਪ੍ਰਦਰਸ਼ਨ ਕੀਤਾ ।ਅੰਡਰ 14 ਸਾਲ ਵਰਗ ਵਿਚ ਅਰਪਿਤਾ ਡੋਗਰਾ, ਨਵਿਆ ਸ਼ਰਮਾ, ਅਰਸ਼ਦੀਪ ਕੌਰ, ਤਮੰਨਾ, ਅਮਨਦੀਪ ਕੌਰ, ਨੇਹਾ ਸ਼ਰਮਾ ਅਤੇ ਅੰਡਰ 17 ਸਾਲ ਵਰਗ ਵਿਚ ਅਰਸ਼ਦੀਪ ਕੌਰ, ਹਰਲੀਨ ਕੌਰ, ਅਰਸ਼ਦੀਪ ਕਾਜਲਾ, ਗੁਰਲੀਨ ਕੌਰ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ।ਸਕੂਲ ਪਹੁੰਚਣ 'ਤੇ ਪ੍ਰਿੰਸੀਪਲ ਜੈ ਕ੍ਰਿਸ਼ਨ ਮਹਿਤਾ ਨੇ ਖਿਡਾਰੀਆਂ ਦਾ ਨਿੱਘਾ ਸਵਾਗਤ ਕੀਤਾ ਅਤੇ ਭਵਿੱਖ ਵਿਚ ਅੱਗੇ ਵਧਣ ਦੀ ਪ੍ਰੇਰਣਾ ਦਿੱਤੀ ਅਤੇ ਖਿਡਾਰੀਆਂ ਨੂੰ ਟਰਾਫੀਆਂ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਇੰਜੀ. ਅਨਿਲ ਕੁਮਾਰ ਮਹਿਤਾ, ਅਮਿਤ ਕੁਮਾਰ, ਗੁਰਮੇਲ ਸਿੰਘ, ਗੁਰਪ੍ਰੀਤ ਸਿੰਘ, ਰਾਕੇਸ਼ ਕੁਮਾਰ, ਜਤਿੰਦਰ ਸਿੰਘ, ਮਨਦੀਪ ਕੌਰ, ਸਵਾਤੀ, ਰਾਜਵਿੰਦਰ ਕੌਰ, ਅਮਨਜੀਤ ਕੌਰ, ਜਾਨਵੀਰ ਕੌਰ, ਬੰਦਨਾ, ਮਨਿੰਦਰਜੀਤ ਕੌਰ, ਜਸਵੀਰ ਕੌਰ, ਗੁਰਬਖਸ਼ ਕੌਰ ਆਦਿ ਮੌਜੂਦ ਸਨ।

# ਇਨਸਾਨ ਆਪਣੇ ਸਵਾਰਥਾਂ ਕਾਰਨ ਨਾਮ ਸਿਮਰਨ ਤੋਂ ਦੂਰ ਹੁੰਦਾ ਜਾ ਰਿਹਾ : ਬਾਬਾ ਸ਼ੇਰ ਸਿੰਘ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)** ਦੁਨੀਆਂ ਦਾ ਹਰ ਇਨਸਾਨ ਹੰਕਾਰ ਵਿਚ ਡੁੱਬ ਕੇ ਆਪਣੇ ਸਵਾਰਥਾਂ ਨੂੰ ਪੂਰਾ ਕਰਨ ਲਈ ਮਾੜੇ ਕਰਮ ਕਰਦਾ ਹੋਇਆ ਮੋਹ ਮਾਇਆ ਦੇ ਜਾਲ ਵਿੱਚ ਫਸ ਕੇ ਨਾਮ ਸਿਮਰਨ ਦੇ ਅਸਲ ਮਕਸਦ ਤੋਂ ਭਟਕ ਗਿਆ ਹੈ।ਇਸ ਦੁਨੀਆ ਵਿੱਚ ਜਨਮ ਲਏ ਹੋਏ ਹਰ ਇਨਸਾਨ ਨੂੰ ਇੱਕ ਦਿਨ ਇਸ ਸੰਸਾਰ ਤੋਂ ਚਲੇ ਜਾਣਾ ਹੈ।ਇਨਸਾਨ ਇਹ ਸੋਚ ਕੇ ਕਿ ਮੈਂ ਨਹੀਂ ਮਰਨਾ ਝੂਠ-ਫਰੇਬ ਨਾਲ ਮਾਇਆ ਇਕੱਠੀ ਕਰਨ ਵਿੱਚ ਹੀ ਲੱਗਿਆ ਹੋਇਆ ਹੈ ਜਦਕਿ ਅੰਤ ਵੇਲੇ ਪ੍ਰਭੂ ਦੇ ਸਿਮਰਨ ਤੋਂ ਇਲਾਵਾ ਇਨਸਾਨ ਦੇ ਨਾਲ ਕੁਝ ਵੀ ਨਹੀਂ ਜਾਣਾ।ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਸਾਬਿਰ ਪਾਕ ਸੱਚੀ ਦਰਗਾਹ ਅਤੇ ਦੂਜੇ ਕਲੀਅਰ ਸ਼ਰੀਫ ਅਹਿਆਪੁਰ ਵਿਖੇ ਸਜਾਏ ਗਏ ਦਰਬਾਰ ਚ ਹਾਜ਼ਰ ਸੰਗਤ ਨੂੰ ਗੁਰੂ ਚਰਨਾਂ ਨਾਲ ਜੋੜਦੇ ਹੋਏ ਦਰਗਾਹ ਦੇ ਗੱਦੀ ਨਸ਼ੀਨ ਬਾਬਾ ਸ਼ੇਰ ਸਿੰਘ ਘੋੜੀਆਂ ਵਾਲਿਆਂ ਨੇ ਕਿਹਾ ਕਿ ਹੰਕਾਰ ਇੱਕ ਅਜਿਹਾ ਕੋਹੜ ਹੈ ਜਿਹੜਾ ਕਿ ਇਨਸਾਨ ਦੀ ਬੁੱਧੀ ਨੂੰ ਭ੍ਰਿਸ਼ਟ ਕਰ ਦਿੰਦਾ ਹੈ ਅਤੇ ਮਾੜੇ ਕਰਮ ਕਰਨ ਲਈ ਉਕਸਾਉਂਦਾ ਹੈ।ਉਨ੍ਹਾਂ ਕਿਹਾ ਕਿ ਜੇਕਰ ਇਨਸਾਨ ਅੰਹਕਾਰ ਦਾ ਤਿਆਗ ਕਰ ਦੇਵੇ ਤਾਂ ਉਹ ਪ੍ਰਭੂ ਦੇ ਨਾਮ ਸਿਮਰਨ ਨਾਲ ਜੁੜ ਸਕਦਾ ਹੈ।ਇਸ ਮੌਕੇ ਬੀਬੀ ਬਲਜੀਤ ਕੌਰ, ਸੇਵਾਦਾਰ ਮੀਰ ਕਮਲ ਸਾਬਰੀ, ਸ਼ਹਿਜ਼ਾਦਾ ਡਾਕਟਰ ਮੀਰ ਹਸਨ, ਦੇਵਿਕਾ, ਸੇਵਾਦਾਰ ਗੋਪੀ, ਅਮਨ ਸੈਣੀ, ਤਲਵਿੰਦਰ ਕੂੰਦਾ, ਉਂਕਾਰ ਸਿੰਘ, ਭਜਨ ਸੈਣੀ, ਹਰਭਜਨ ਸਿੰਘ, ਗੁਰਬਚਨ ਸਿੰਘ ਤੋਂ ਇਲਾਵਾ ਹੋਰ ਸੰਗਤ ਨੇ ਦਰਗਾਹ 'ਤੇ ਆਪਣੀ ਹਾਜ਼ਰੀ ਲਗਵਾਈ।



# ਡੇਂਗੂ ਤੇ ਮਲੇਰੀਆ ਦੀ ਰੋਕਥਾਮ ਲਈ ਲੋਕ ਕਰਨ ਸਹਿਯੋਗ : ਡਾ. ਮਨਪ੍ਰੀਤ ਸਿੰਘ

**ਮੇਹਟਿਆਣਾ (ਜਗਤਾਰ ਸਿੰਘ ਭੂੰਗਰਨੀ)** ਪੰਜਾਬ ਸਰਕਾਰ ਦੇ ਸਿਹਤ ਅਤੇ ਪਰਵਾਰ ਭਲਾਈ ਵਿਭਾਗ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਦੀ ਅਗਵਾਈ ਹੇਠ ਕਮਿਊਨਿਟੀ ਹੈਲਥ ਸੈਂਟਰ (ਸੀ ਐਚ ਸੀ) ਹਾਰਟਾ ਬਡਲਾ ਵੱਲੋਂ ਬਰਸਾਤ ਦੇ ਮੌਸਮ ਦੌਰਾਨ ਡੇਂਗੂ ਅਤੇ ਮਲੇਰੀਆ ਦੀ ਰੋਕਥਾਮ ਲਈ ਬਲਾਕ ਭਰ ਵਿੱਚ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ।ਇਸ ਮੁਹਿੰਮ ਤਹਿਤ ਹਰ ਸ਼ੁੱਕਰਵਾਰ ਨੂੰ 'ਫ੍ਰਾਈ ਡੇ-ਡ੍ਰਾਈ ਡੇ' ਵਜੋਂ ਮਨਾਇਆ ਜਾ ਰਿਹਾ ਹੈ ਤਾਂ ਜੋ ਲੋਕ ਆਪਣੇ ਘਰਾਂ, ਦਫ਼ਤਰਾਂ, ਸਕੂਲਾਂ ਅਤੇ



ਆਲੇ-ਦੁਆਲੇ ਅਜਿਹੇ ਸਾਰੇ ਸਥਾਨਾਂ ਦੀ ਸਫ਼ਾਈ ਕਰਨ ਜਿੱਥੇ ਪਾਣੀ ਇਕੱਠਾ ਹੋ ਸਕਦਾ ਹੈ। ਸੀਨੀਅਰ ਮੈਡੀਕਲ ਅਫ਼ਸਰ, ਸੀ.ਐਚ.ਸੀ. ਹਾਰਟਾ ਬਡਲਾਡਾ ਮਨਪ੍ਰੀਤ ਸਿੰਘ ਬੈਂਸ ਦੱਸਿਆ ਕਿ ਬਰਸਾਤ ਦੇ ਮੌਸਮ ਵਿੱਚ ਡੇਂਗੂ ਅਤੇ ਮਲੇਰੀਆ ਫੈਲਾਉਣ ਵਾਲੇ ਮੱਛਰਾਂ ਦੀ ਗਿਣਤੀ ਵਿੱਚ ਵਾਧਾ ਹੋ ਜਾਂਦਾ ਹੈ। ਇਨ੍ਹਾਂ ਬਿਮਾਰੀਆਂ ਤੋਂ ਬਚਾਅ ਦਾ ਸਭ ਤੋਂ ਪ੍ਰਭਾਵਸ਼ਾਲੀ ਤਰੀਕਾ ਮੱਛਰਾਂ ਨੂੰ ਪੈਦਾ ਹੋਣ ਤੋਂ ਰੋਕਣਾ ਹੈ।ਉਨ੍ਹਾਂ ਦੱਸਿਆ ਕਿ ਡੇਂਗੂ ਦਾ ਮੱਛਰ ਸਾਫ਼ ਖੜ੍ਹੇ ਪਾਣੀ ਵਿੱਚ ਹੀ ਅੰਡੇ ਦਿੰਦਾ ਹੈ ਅਤੇ ਇਸ ਦਾ ਲਾਰਵਾ (ਬੱਚਾ) ਮਾਤਰ 7 ਤੋਂ 10 ਦਿਨਾਂ ਵਿੱਚ ਪੂਰਾ ਮੱਛਰ ਬਣ ਜਾਂਦਾ ਹੈ।ਜੇਕਰ ਅਸੀਂ ਹਰ ਸ਼ੁੱਕਰਵਾਰ ਨੂੰ ਆਪਣੇ ਘਰਾਂ ਅਤੇ ਆਲੇ-ਦੁਆਲੇ ਵਿੱਚ ਖੜ੍ਹੇ ਪਾਣੀ ਦੇ ਸਰੋਤਾਂ ਨੂੰ ਖਾਲੀ ਕਰਕੇ ਸੁਕਾ ਦੇਈਏ, ਤਾਂ ਮੱਛਰ ਦਾ ਜੀਵਨ ਚੱਕਰ ਟੁੱਟ ਜਾਂਦਾ ਹੈ ਅਤੇ ਲਾਰਵਾ ਨਸ਼ਟ ਹੋ ਜਾਂਦਾ ਹੈ।ਇਸ ਲਈ ਕੂਲਰਾਂ, ਫਰਿੱਜ ਦੀਆਂ ਟਰੇਆਂ, ਫੁੱਲਦਾਨਾਂ, ਪਸ਼ੂਆਂ ਦੇ ਪਾਣੀ ਵਾਲੇ ਬਰਤਨਾਂ, ਪੁਰਾਣੇ ਟਾਇਰਾਂ, ਨਾਰੀਅਲ ਦੇ ਛਿਲਕਿਆਂ, ਟੁੱਟੇ ਬਰਤਨਾਂ, ਗਮਲਿਆਂ ਦੀਆਂ ਪਲੇਟਾਂ, ਛੱਤਾਂ 'ਤੇ ਪਏ ਡਰੰਮਾਂ, ਘਰਾਂ ਵਿੱਚ ਲਗਾਏ ਮਨੀ ਪਲਾਂਟ ਦੀਆਂ ਬੋਤਲਾਂ ਅਤੇ ਪਰਿੰਦਿਆਂ ਦੇ ਪੀਣ ਵਾਲੇ ਪਾਣੀ ਦੇ ਕੂੰਡਿਆਂ ਦਾ ਪਾਣੀ ਹਰ ਰੋਜ਼ ਜਾਂ ਹਫ਼ਤੇ ਵਿੱਚ ਘੱਟੋ-ਘੱਟ ਇੱਕ ਵਾਰ ਬਦਲੋ।

# ਲੁਧਿਆਣਾ ਦੀ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ ਦਾ ਜਲੰਧਰ ਪਹੁੰਚਣ 'ਤੇ ਨਿੱਘਾ ਸਵਾਗਤ

**ਜਲੰਧਰ ( ਸ਼ੈਲੀ ਐਲਬਰਟ)** ਇੰਪਰੂਵਮੈਂਟ ਟਰੱਸਟ ਜਲੰਧਰ ਵਿਖੇ ਚੇਅਰਮੈਨ ਇੰਪਰੂਵਮੈਂਟ ਟਰੱਸਟ ਜਲੰਧਰ ਰਮਣੀਕ ਸਿੰਘ ਰੰਧਾਵਾ ਅਤੇ ਮੇਅਰ ਜਲੰਧਰ ਵਨੀਤ ਧੀਰ ਵੱਲੋਂ ਲੁਧਿਆਣਾ ਦੀ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ ਦਾ ਜਲੰਧਰ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨੂੰ ਸਨਮਾਨਿਤ ਵੀ ਕੀਤਾ ਗਿਆ।ਇਸ ਮੌਕੇ ਮੇਅਰ ਜਲੰਧਰ ਵਨੀਤ ਧੀਰ ਨੇ ਕਿਹਾ ਕਿ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਦੇ ਵਿਕਾਸ, ਸਾਫ਼-ਸਫ਼ਾਈ, ਬੁਨਿਆਦੀ ਸਹੂਲਤਾਂ ਅਤੇ ਲੋਕ-ਪੱਖੀ ਨੀਤੀਆਂ ਨੂੰ ਹੋਰ ਬਿਹਤਰ ਬਣਾਉਣ ਲਈ ਆਪਸੀ ਤਾਲਮੇਲ ਬਹੁਤ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਜਲੰਧਰ ਅਤੇ



ਲੁਧਿਆਣਾ ਦੋਵੇਂ ਹੀ ਪੰਜਾਬ ਦੇ ਮਹੱਤਵਪੂਰਨ ਸ਼ਹਿਰ ਹਨ ਅਤੇ ਦੋਵਾਂ ਸ਼ਹਿਰਾਂ ਦੇ ਤਜਰਬਿਆਂ ਤੋਂ ਸਿੱਖਦੇ ਹੋਏ ਵਿਕਾਸ ਕਾਰਜਾਂ ਨੂੰ ਹੋਰ ਤੇਜ਼ ਕੀਤਾ ਜਾ ਸਕਦਾ ਹੈ।ਮੇਅਰ ਵਨੀਤ ਧੀਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨੂੰ ਬਿਹਤਰ ਸਹੂਲਤਾਂ ਦੇਣ ਲਈ ਲਗਾਤਾਰ ਕੰਮ ਕਰ ਰਹੀ ਹੈ। ਸ਼ਹਿਰਾਂ ਦੇ ਵਿਕਾਸ ਨੂੰ ਨਵੀਂ ਦਿਸ਼ਾ ਦੇਣ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਕਰਨ ਲਈ ਸਥਾਨਕ ਸਰਕਾਰਾਂ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ।ਇਸ ਮੌਕੇ ਚੇਅਰਮੈਨ ਇਮਪਰੂਵਮੈਂਟ ਟਰੱਸਟ ਜਲੰਧਰ ਸਰਦਾਰ ਰਮਣੀਕ ਸਿੰਘ ਰੰਧਾਵਾ ਨੇ ਕਿਹਾ ਕਿ ਲੁਧਿਆਣਾ ਦੀ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ ਦਾ ਜਲੰਧਰ ਆਉਣਾ ਸਾਡੇ ਲਈ ਮਾਣ ਵਾਲੀ ਗੱਲ ਹੈ।ਇਸ ਮੌਕੇ ਪੰਜਾਬ ਮਹਿਲਾ ਵਿੰਗ ਦੀ ਉਪ-ਪ੍ਰਧਾਨ ਐਡਵੋਕੇਟ ਸਿਮਰਨਜੀਤ ਕੌਰ ਰੰਧਾਵਾ, ਗੁਰਪ੍ਰੀਤ ਕੌਰ, ਦੋਆਬਾ ਜ਼ੋਨ ਇੰਚਾਰਜ, ਮਹਿਲਾ ਵਿੰਗ ਤੋਂ ਕ੍ਰਿਸ਼ਨਾ ਗਰੇਵਾਲ, ਜਲੰਧਰ ਜ਼ਿਲ੍ਹਾ ਮਹਿਲਾ ਵਿੰਗ ਦੀ ਪ੍ਰਧਾਨ ਸ਼ੋਭਾ ਭਗਤ ਸਮੇਤ ਹੋਰ ਪਾਰਟੀ ਆਗੂ ਅਤੇ ਵਰਕਰ ਹਾਜ਼ਰ ਸਨ।

# ਕਰਨਲ ਵੀ ਆਰ ਮੋਹਨ ਡੀ ਏ ਵੀ ਪਬਲਿਕ ਸਕੂਲ ਉਡਾਣ-2026 ਦਾ ਆਯੋਜਨ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਕਰਨਲ ਵੀ. ਆਰ. ਮੋਹਨ ਡੀ.ਏ.ਵੀ. ਪਬਲਿਕ ਸਕੂਲ ਡੇਰਾਬੱਸੀ ਵਿਖੇ ਵਿਦਿਆਰਥੀਆਂ ਦੀ ਅਸੀਮ ਸਿਰਜਣਾਤਮਕਤਾ, ਨਵੀਨਤਾਕਾਰੀ ਸੋਚ ਅਤੇ ਬੌਧਿਕ ਸਮਰੱਥਾ ਨੂੰ ਉਜਾਗਰ ਕਰਨ ਦੇ ਉਦੇਸ਼ ਨਾਲ ਇੱਕ ਵਿਸ਼ਾਲ ਅਤੇ ਆਕਰਸ਼ਕ ਪ੍ਰਦਰਸ਼ਨੀ 'ਉਡਾਣ-2026' ਦਾ ਆਯੋਜਨ ਬਹੁਤ ਹੀ ਉਤਸ਼ਾਹ ਅਤੇ ਧੂਮਧਾਮ ਨਾਲ ਕੀਤਾ ਗਿਆ। ਇਸ ਪ੍ਰਦਰਸ਼ਨੀ ਦਾ ਮੁੱਖ ਮੰਤਵ ਵਿਦਿਆਰਥੀਆਂ ਅੰਦਰ ਛੁਪੀ ਪ੍ਰਤਿਭਾ ਨੂੰ ਇੱਕ ਯੋਗ ਮੰਚ ਪ੍ਰਦਾਨ ਕਰਨਾ ਸੀ। ਇਸ ਸਮਾਗਮ ਦਾ ਉਦਘਾਟਨ ਸਕੂਲ ਦੇ ਚੇਅਰਮੈਨ ਰਵਿੰਦਰ ਤਲਵਾਰ ਅਤੇ ਉੱਘੇ ਉਦਯੋਗਪਤੀ, ਮਹਾਨ ਸਿੱਖਿਆ ਸ਼ਾਸਤਰੀ ਅਤੇ ਪ੍ਰਬੰਧਕੀ ਕਮੇਟੀ ਦੇ ਮੈਂਬਰ



ਐਸ. ਐਸ. ਵਿਰਦੀ ਵੱਲੋਂ ਕੀਤਾ ਗਿਆ।ਸਮਾਗਮ ਵਿੱਚ ਪਹੁੰਚੇ ਮੁੱਖ ਮਹਿਮਾਨਾਂ ਨੇ ਵਿਦਿਆਰਥੀਆਂ ਵੱਲੋਂ ਤਿਆਰ ਕੀਤੇ ਹਰ ਇੱਕ ਮਾਡਲ ਦਾ ਗੰਭੀਰਤਾ ਨਾਲ ਨਿਰੀਖਣ ਕੀਤਾ ਅਤੇ ਬੱਚਿਆਂ ਤੋਂ ਉਨ੍ਹਾਂ ਦੇ ਮਾਡਲਾਂ ਬਾਰੇ ਸਵਾਲ ਵੀ ਪੁੱਛੇ। ?ਚੇਅਰਮੈਨ ਰਵਿੰਦਰ ਤਲਵਾਰ ਨੇ ਸੰਬੋਧਨ ਵਿੱਚ ਕਿਹਾ, ਅੱਜ ਦਾ ਯੁੱਗ ਨਵੀਨਤਾ ਅਤੇ ਵਿਗਿਆਨਕ ਸੋਚ ਦਾ ਯੁੱਗ ਹੈ। ਉਡਾਣ-2026 ਵਰਗੀਆਂ ਪ੍ਰਦਰਸ਼ਨੀਆਂ ਬੱਚਿਆਂ ਦੇ ਮਾਨਸਿਕ ਵਿਕਾਸ ਲਈ ਬਹੁਤ ਜ਼ਰੂਰੀ ਹਨ। ਐਸ. ਐਸ. ਵਿਰਦੀ ਨੇ ਕਿਹਾ ਕਿ ਸਕੂਲ ਵੱਲੋਂ ਕੀਤਾ ਗਿਆ ਇਹ ਉਪਰਾਲਾ ਬੱਚਿਆਂ ਵਿੱਚ ਵਿਗਿਆਨਕ ਦ੍ਰਿਸ਼ਟੀਕੋਣ ਅਤੇ ਵਿਸ਼ਲੇਸ਼ਣਾਤਮਕ ਸੋਚ ਨੂੰ ਉਤਸ਼ਾਹਿਤ ਕਰੇਗਾ। ਸਕੂਲ ਪ੍ਰਿੰਸੀਪਲ ਸਰੀਤਾ ਯਾਦਵ ਨੇ ਆਏ ਹੋਏ ਸਾਰੇ ਪਤਵੰਤੇ ਸੱਜਣਾਂ, ਮਾਪਿਆਂ ਅਤੇ ਮੀਡੀਆ ਕਰਮੀਆਂ ਦਾ ਧੰਨਵਾਦ ਕੀਤਾ।

# ਡੇਂਗੂ ਤੋਂ ਬਚਾਅ ਲਈ ਸਫਾਈ ਦਾ ਰੱਖੋ ਧਿਆਨ : ਸਿਵਲ ਸਰਜਨ

**ਜਲੰਧਰ (ਸ਼ੈਲੀ ਐਲਬਰਟ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੇ ਹੁਕਮਾਂ ਤਹਿਤ ਸਿਵਲ ਸਰਜਨ ਡਾ. ਰਾਜੇਸ਼ ਗਰਗ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਿਹਤ ਵਿਭਾਗ ਜਲੰਧਰ ਵੱਲੋਂ ਜ਼ਿਲ੍ਹੇ ਭਰ ਵਿੱਚ 'ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ' ਮੁਹਿੰਮ ਚਲਾਈ ਜਾ ਰਹੀ ਹੈ। ਬਰਸਾਤੀ ਸੀਜ਼ਨ ਦੇ ਮੱਦੇਨਜ਼ਰ ਜ਼ਿਲ੍ਹਾ ਐਪੀਡਮੋਲੋਜਿਸਟ ਡਾ. ਆਦਿਤਯਪਾਲ ਸਿੰਘ ਦੀ ਅਗਵਾਈ ਹੇਠ ਡੇਂਗੂ ਸਰਵੇ ਟੀਮਾਂ ਵੱਲੋਂ ਥਾਣਾ ਡਿਵੀਜ਼ਨ ਨੰ. 4, ਸਥਾਨਕ ਪੁਲਿਸ ਸਟੇਸ਼ਨ, ਪੁਲਿਸ ਲਾਈਨ, ਧਾਰਮਿਕ ਸਥਾਨਾਂ ਅਤੇ ਘਰ-ਘਰ ਜਾ ਕੇ ਕੇ ਡੇਂਗੂ ਲਾਰਵੇ ਦੀ ਸ਼ਨਾਖਤ ਕੀਤੀ ਗਈ ਅਤੇ ਮੱਛਰਾਂ ਦੀ ਰੋਕਥਾਮ ਲਈ ਦਵਾਈ ਦਾ ਛਿੜਕਾਅ ਕੀਤਾ ਗਿਆ। ਸਿਵਲ ਸਰਜਨ ਡਾ. ਰਾਜੇਸ਼ ਗਰਗ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਿਹਤ ਵਿਭਾਗ ਦੀਆਂ ਟੀਮਾਂ ਨੂੰ ਮੁਹਿੰਮ ਦੌਰਾਨ ਜ਼ਿਲ੍ਹੇ ਵਿੱਚ 12 ਥਾਵਾਂ ਤੇ ਡੇਂਗੂ ਲਾਰਵਾ ਮਿਲਿਆ, ਜਿਸਨੂੰ ਨਿਰਧਾਰਤ ਤਰੀਕੇ ਨਾਲ ਟੀਮਾਂ ਵੱਲੋਂ ਨਸ਼ਟ ਕੀਤਾ ਗਿਆ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਬਰਸਾਤੀ ਮੌਸਮ 'ਚ ਡੇਂਗੂ ਤੋਂ ਸਾਵਧਾਨ ਰਹੋ ਅਤੇ ਘਰਾਂ ਦੇ ਆਸਪਾਸ ਕਿਸੇ ਵੀ ਥਾਂ 'ਤੇ ਪਾਣੀ ਨਾ ਖੜਾ ਹੋਣ ਦਿੱਤਾ ਜਾਵੇ।



# ਕਲੋਆ 'ਚ ਗਿਲਜੀਆਂ ਨੇ ਕੀਤਾ ਹਲਕਾ ਵਾਸੀਆਂ ਨੂੰ ਲਾਮਬੰਦ

**ਅੱਡਾ ਸਰਾਂ (ਜਸਵੀਰ ਕਾਜਲ)**- ਪਿੰਡ ਕਲੋਆ ਵਿਚ ਕਾਂਗਰਸ ਪਾਰਟੀ ਦੀ ਇਕ ਵਿਸ਼ੇਸ਼ ਮੀਟਿੰਗ ਹੋਈ । ਸੀਨੀਅਰ ਆਗੂਆਂ ਜੱਸਾ ਸਿੰਘ, ਸਾਬਕਾ ਸਰਪੰਚ ਦਲਵੀਰ ਸਿੰਘ ਅਤੇ ਦੇਸ ਰਾਜ ਸ਼ਰਮਾ ਦੀ ਅਗਵਾਈ ਵਿਚ ਹੋਈ ਮੀਟਿੰਗ ਦੌਰਾਨ



ਸਾਬਕਾ ਕੈਬਨਿਟ ਮੰਤਰੀ ਪੰਜਾਬ ਸੰਗਤ ਸਿੰਘ ਗਿਲਜੀਆਂ ਅਤੇ ਜ਼ਿਲ੍ਹਾ ਪ੍ਰਧਾਨ ਕਾਂਗਰਸ ਐਡਵੋਕੇਟ ਦਲਜੀਤ ਸਿੰਘ ਗਿਲਜੀਆਂ ਨੇ ਕਾਂਗਰਸ ਪਾਰਟੀ ਦੇ ਮੈਂਬਰਾਂ ਅਤੇ ਪਿੰਡ ਵਾਸੀਆਂ ਨੂੰ ਕਾਂਗਰਸ ਪਾਰਟੀ ਦੇ ਹੱਕ ਵਿਚ ਲਾਮਬੰਦ ਕੀਤਾ।

ਇਸ ਮੌਕੇ ਸਾਬਕਾ ਮੰਤਰੀ ਗਿਲਜੀਆਂ ਨੇ ਸਭ ਤੋਂ ਪਹਿਲਾਂ ਬਰਨਾਲਾ ਵਿਚ ਸਫਾਈ ਸੇਵਕਾਂ 'ਤੇ ਹੋਏ ਪੁਲਸ ਦੇ ਜਬਰ ਦਾ ਹਵਾਲਾ ਦਿੰਦੇ ਹੋਏ ਸਫਾਈ ਕਰਮਚਾਰੀਆਂ ਦੇ ਨਾਲ ਨਾਲ ਹੱਕਾਂ ਮੰਗਾਂ ਦੀ ਲੜਾਈ ਲੜ ਰਹੇ ਮਨਰੇਗਾ ਕਰਮਚਾਰੀਆਂ ਕਿਸਾਨਾਂ ਕਿਰਤੀਆਂ ਉੱਤੇ ਸਰਕਾਰ ਵੱਲੋਂ ਕੀਤੇ ਜਾ ਰਹੇ ਜਬਰ ਦੀ ਸਖਤ ਸ਼ਬਦਾਂ ਵਿਚ ਨਿੰਦਿਆ ਕੀਤੀ ।ਉਨ੍ਹਾਂ ਆਖਿਆ ਕਿ ਸਫਾਈ ਕਾਮਿਆਂ ਤੇ ਕੀਤੇ ਜ਼ੁਲਮ ਮਨੁੱਖੀ ਅਧਿਕਾਰਾਂ ਦੇ ਗੰਭੀਰ ਉਲੰਘਣ ਖਿਲਾਫ ਪੰਜਾਬ ਦਾ ਹਰੇਕ ਵਰਗ ਸਰਕਾਰ ਦੇ ਖਿਲਾਫ ਰੋਸ ਜਤਾ ਰਿਹਾ ਹੈ ।ਇਸ ਮੌਕੇ ਗਿਲਜੀਆਂ ਨੇ ਆਖਿਆ ਕਿ ਪੰਜਾਬ ਦੀ ਇਸ ਨਕਾਰਾ ਸਰਕਾਰ ਤੋਂ ਲੋਕਾਂ ਨੂੰ ਮੁਕਤੀ ਦਿਵਾਉਣ ਲਈ ਕਾਂਗਰਸ ਵਰਕਰ ਸਖਤ ਮਿਹਨਤ ਕਰਨ ਅਤੇ ਸਰਕਾਰ ਦੀਆਂ ਨਾਕਾਮੀਆਂ ਅਤੇ ਧੱਕੇਸ਼ਾਹੀਆਂ ਦੇ ਖਿਲਾਫ ਪਿੰਡ ਪਿੰਡ ਜਾ ਕੇ ਸਰਕਾਰ ਦੀ ਪੋਲ ਖੋਲ੍ਹੀ ਜਾ ਰਹੀ ਹੈ ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਦਲਜੀਤ ਸਿੰਘ ਨੇ ਪਿੰਡ ਵਾਸੀਆਂ ਨੂੰ ਕਾਂਗਰਸ ਦੇ ਹੱਕ ਵਿਚ ਲਾਮਬੰਦ ਕਰਨ ਦੇ ਨਾਲ ਵਰਕਰਾਂ ਨੂੰ ਲੋਕਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਇੱਕਜੁੱਟ ਹੋਕੇ ਕੰਮ ਕਰਨ ਦੀ ਪ੍ਰੇਰਨਾ ਦਿੱਤੀ ।

ਉਨ੍ਹਾਂ ਦੱਸਿਆ ਕਿ ਮਿਹਨਤੀ ਵਰਕਰਾਂ ਨੂੰ ਪਾਰਟੀ ਸੰਗਠਨ ਵਿਚ ਅਹਿਮ ਜ਼ਿੰਮੇਵਾਰੀਆਂ ਦਿੱਤੀਆਂ ਜਾਣਗੀਆਂ। ਇਸ ਮੌਕੇ ਨੰਬਰਦਾਰ ਤਰਸੇਮ ਲਾਲ, ਨੰਬਰਦਾਰ ਗੁਰਦੇਵ ਸਿੰਘ, ਗੁਰਵਿੰਦਰ ਸਿੰਘ, ਰਸ਼ਪਾਲ ਸਿੰਘ, ਸਤੀਸ਼ ਕੁਮਾਰ, ਨਿਰਮਲ ਸਿੰਘ, ਗਿਆਨ ਸਿੰਘ, ਜੋਗਾ ਸਿੰਘ, ਅਮਰਜੀਤ ਸਿੰਘ, ਚੰਨਨ ਸਿੰਘ, ਮਲਕੀਤ ਸਿੰਘ, ਜੀਤ ਸਿੰਘ, ਹਰਮਨ ਸਿੰਘ, ਬਲਦੀਪ ਸਿੰਘ, ਮਨਪ੍ਰੀਤ ਸਿੰਘ, ਸ਼ਾਮ ਲਾਲ, ਜੀਤ ਸਿੰਘ, ਗੁਰਪ੍ਰੀਤ ਸਿੰਘ, ਗਿਆਨ ਸਿੰਘ, ਜਸਵੀਰ ਸਿੰਘ, ਸੁਰਜੀਤ ਸਿੰਘ, ਲੱਭਾ ਸਿੰਘ, ਹਰਮਨਪ੍ਰੀਤ ਸਿੰਘ ਆਦਿ ਮੌਜੂਦ ਸਨ ।

# ਧਾਲੀਵਾਲ ਨੇ ਜ਼ਿਲ੍ਹੇ ਦੇ 9 ਮੀਤ ਪ੍ਰਧਾਨਾਂ ਦੀ ਕੀਤੀ ਨਿਯੁਕਤੀ



**ਫਗਵਾੜਾ (ਡਾ. ਰਮਨ)** ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਜ਼ਿਲ੍ਹਾ ਕਪੂਰਥਲਾ ਇਕਾਈ ਦੇ ਪ੍ਰਧਾਨ ਅਤੇ ਫਗਵਾੜਾ ਤੋਂ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ (ਰਿਟਾ. ਆਈ.ਏ.ਐੱਸ.) ਨੇ ਜ਼ਿਲ੍ਹਾ ਕਪੂਰਥਲਾ ਅਤੇ ਬਲਾਕ ਫਗਵਾੜਾ (ਦਿਹਾਤੀ) ਕਾਂਗਰਸ ਦੇ ਨਵੇਂ ਅਹੁਦੇਦਾਰਾਂ ਦੀ ਨਿਯੁਕਤੀ ਦਾ ਐਲਾਨ ਕੀਤਾ। ਵਿਧਾਇਕ ਧਾਲੀਵਾਲ ਵਲੋਂ ਜਾਰੀ ਕੀਤੀ ਗਈ ਸੂਚੀ ਅਨੁਸਾਰ ਜ਼ਿਲ੍ਹਾ ਕਾਂਗਰਸ ਕਮੇਟੀ ਦੇ ਮੀਤ ਪ੍ਰਧਾਨ ਵਜੋਂ ਜਗਜੀਤ ਸਿੰਘ ਬਿੱਟੂ, ਸੁਸ਼ੀਲ ਮੈਣੀ, ਸ਼ਰਨਜੀਤ ਸਿੰਘ, ਜਗਜੀਵਨ ਲਾਲ, ਸੁਖਜਿੰਦਰ ਸਿੰਘ ਬਿੰਨਿੰਗ, ਸੁਨੀਲ ਪਰਾਸ਼ਰ, ਹਰਸਰੂਪ ਸਿੰਘ, ਗੁਰਿੰਦਰਵੀਰ ਸਿੰਘ ਬਿੱਲਾ ਅਤੇ ਪ੍ਰਕਾਸ਼ ਰਾਮ ਬੀ.ਏ. ਨੂੰ ਨਿਯੁਕਤ ਕੀਤਾ ਗਿਆ ਹੈ।ਇਸੇ ਦੌਰਾਨ ਜ਼ਿਲ੍ਹਾ ਪ੍ਰਧਾਨ ਅਤੇ ਵਿਧਾਇਕ ਧਾਲੀਵਾਲ ਨਾਲ ਵਿਚਾਰ-ਵਟਾਂਦਰੇ ਉਪਰੰਤ ਬਲਾਕ ਕਾਂਗਰਸ ਫਗਵਾੜਾ (ਦਿਹਾਤੀ) ਦੇ ਪ੍ਰਧਾਨ ਮਨਿੰਦਰ ਪਾਲ ਸਿੰਘ (ਵਿੱਕੀ) ਵਾਲੀਆ ਨੇ ਵੀ ਬਲਾਕ ਕਾਂਗਰਸ ਦੇ ਮੀਤ ਪ੍ਰਧਾਨਾਂ ਦੀ ਨਿਯੁਕਤੀ ਕੀਤੀ। ਨਵੇਂ ਨਿਯੁਕਤ ਅਹੁਦੇਦਾਰਾਂ ਵਿੱਚ ਰਮਨਦੀਪ ਸਿੰਘ, ਪਵਨ ਸੋਨੂ, ਸੰਤੋਖ ਸਿੰਘ, ਜਸਪ੍ਰੀਤ, ਗਗਨਦੀਪ ਸਿੰਘ, ਤਰਲੋਚਨ ਸਿੰਘ, ਸੁਖਵੀਰ ਸਿੰਘ, ਗੁਰਪ੍ਰੀਤ ਸਿੰਘ ਅਤੇ ਜਤਿੰਦਰ ਸਿੰਘ ਦੇ ਨਾਵਾਂ ਦਾ ਐਲਾਨ ਬਲਾਕ ਫਗਵਾੜਾ ਦਿਹਾਤੀ ਦੇ ਮੀਤ ਪ੍ਰਧਾਨਾਂ ਵਜੋਂ ਕੀਤਾ ਗਿਆ ਹੈ। ਉਨ੍ਹਾਂ ਸਮੂਹ ਅਹੁਦੇਦਾਰਾਂ ਨੂੰ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਲਈ ਹੁਣ ਤੋਂ ਹੀ ਤਿਆਰੀਆਂ ਸ਼ੁਰੂ ਕਰਨ ਦਾ ਸੱਦਾ ਦਿੱਤਾ।

ਇਸ ਮੌਕੇ ਬਲਾਕ ਕਾਂਗਰਸ ਫਗਵਾੜਾ (ਸ਼ਹਿਰੀ) ਦੇ ਪ੍ਰਧਾਨ ਨਰੇਸ਼ ਭਾਰਦਵਾਜ ਅਤੇ ਸਾਬਕਾ ਬਲਾਕ ਕਾਂਗਰਸ (ਸ਼ਹਿਰੀ) ਪ੍ਰਧਾਨ ਸੰਜੀਵ ਬੁੱਗਾ ਕੌਂਸਲਰ ਵੀ ਉਚੇਰੇ ਤੌਰ 'ਤੇ ਹਾਜ਼ਰ ਸਨ।

# ਅਸ਼ੋਕ ਸਰੀਨ ਹਿੱਕੀ ਬਣੇ ਭਾਜਪਾ ਜਲੰਧਰ ਸ਼ਹਿਰੀ ਦੇ ਨਵੇਂ ਜ਼ਿਲ੍ਹਾ ਪ੍ਰਧਾਨ

**ਜਲੰਧਰ (ਸੁਰਿੰਦਰ ਕੁਮਾਰ)**- ਸਥਾਨਕ ਜਲੰਧਰ 'ਚ ਵਿਸ਼ੇਸ਼ ਤੌਰ 'ਤੇ ਪੁਹੰਚੇ ਭਾਰਤੀ ਜਨਤਾ ਪਾਰਟੀ ਜਲੰਧਰ (ਸ਼ਹਿਰੀ) ਦੇ ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨ ਅਸ਼ੋਕ ਸਰੀਨ ਹਿੱਕੀ ਦੇ ਅਹੁਦਾ



ਸੰਭਾਲਣ ਨੂੰ ਲੈ ਕੇ ਪਾਰਟੀ ਕਾਰਕੁਨਾਂ ਅਤੇ ਸਥਾਨਕ ਲੋਕਾਂ ਵਿੱਚ ਭਾਰੀ ਉਤਸ਼ਾਹ ਹੈ। ਉਨ੍ਹਾਂ ਦੇ ਲੰਬੇ ਸਮੇਂ ਤੋਂ ਸੰਗਠਨ ਲਈ ਸਮਰਪਤ ਸੇਵਾਵਾਂ ਨੂੰ ਦੇਖਦੇ ਹੋਏ ਪਾਰਟੀ ਹਾਈਕਮਾਨ ਨੇ ਉਨ੍ਹਾਂ ਨੂੰ ਇਹ ਵੱਡੀ ਜ਼ਿੰਮੇਵਾਰੀ ਸੌਂਪੀ ਹੈ। ਸ਼ਨੀਵਾਰ ਨੂੰ ਸ਼ਾਮ 5:00 ਵਜੇ ਸਰਕੂਲਰ ਰੋਡ, ਸ਼ੀਤਲਾ ਮਾਤਾ ਮੰਦਰ ਨੇੜੇ ਸਥਿਤ ਭਾਜਪਾ ਦਫ਼ਤਰ ਵਿੱਚ ਆਸ਼ੀਰਵਾਦ ਅਤੇ ਅਹੁਦਾ ਗ੍ਰਹਿਣ ਸਮਾਰੋਹ ਆਯੋਜਿਤ ਕੀਤਾ। ਸਮਾਰੋਹ ਵਿੱਚ ਭਾਜਪਾ ਪੰਜਾਬ ਦੇ ਪ੍ਰਦੇਸ਼ ਪ੍ਰਧਾਨ ਕੇਵਲ ਸਿੰਘ ਢਿੱਲੋਂ ਮੁੱਖ ਮਹਿਮਾਨ ਵਜੋਂ ਵਿਸ਼ੇਸ਼ ਤੌਰ 'ਤੇ ਪਹੁੰਚਣਗੇ। ਉਹ ਅਸ਼ੋਕ ਸਰੀਨ ਹਿੱਕੀ ਨੂੰ ਆਸ਼ੀਰਵਾਦ ਦੇਣ ਦੇ ਨਾਲ-ਨਾਲ ਕਾਰਕੁਨਾਂ ਨੂੰ ਸੰਬੋਧਨ ਵੀ ਕਰਨਗੇ। ਇਸ ਤੋਂ ਇਲਾਵਾ ਸਾਬਕਾ ਵਿਧਾਇਕ ਸ਼ੀਤਲ ਅੰਗੁਰਾਲ, ਸਾਬਕਾ ਡਿਪਟੀ ਮੇਅਰ ਕੁਲਦੀਪ ਸਿੰਘ ਓਬਰਾਏ ਸਮੇਤ ਪਾਰਟੀ ਦੇ ਸੀਨੀਅਰ ਆਗੂ, ਮੰਡਲ ਪ੍ਰਧਾਨ, ਮੋਰਚਾ ਅਤੇ ਸੈੱਲ ਦੇ ਅਹੁਦੇਦਾਰ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ।

# ਦੁੱਧ ਦੇ ਖਰੀਦ ਰੇਟ 'ਚ 40 ਰੁਪਏ ਪ੍ਰਤੀ ਕਿੱਲੋ ਫੈਟ ਵਾਧਾ ਕਰਨ ਦਾ ਐਲਾਨ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨਾਲ ਚਟਾਨ ਵਾਂਗ ਖੜ੍ਹਨ ਅਤੇ ਗੱਲਬਾਤ ਰਾਹੀਂ ਉਨ੍ਹਾਂ ਦੇ ਮਸਲਿਆਂ ਨੂੰ ਹੱਲ ਕਰਨ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪ੍ਰੋਗਰੈਸਿਵ ਡੇਅਰੀ ਫਾਰਮਰਜ਼ ਐਸੋਸੀਏਸ਼ਨ (ਪੀ ਡੀ ਐੱਫ ਏ) ਦੇ ਪ੍ਰਧਾਨ ਦਲਜੀਤ ਸਿੰਘ ਗਿੱਲ ਸਦਰਾਰਪੁਰਾ ਦੀ ਅਗਵਾਈ ਹੇਠ ਆਏ ਵਫ਼ਦ, ਜਿਸ ਵਿੱਚ ਇਸ ਦੀ ਕਾਰਜਕਾਰੀ ਕਮੇਟੀ ਅਤੇ ਕੋਰ ਕਮੇਟੀ ਦੇ ਮੈਂਬਰ ਵੀ ਸ਼ਾਮਲ ਸਨ, ਨਾਲ ਮੁਲਾਕਾਤ ਕੀਤੀ। ਬੈਠਕ ਦੌਰਾਨ ਵਫ਼ਦ ਨੇ ਮੁੱਖ ਮੰਤਰੀ ਨੂੰ ਪਸ਼ੂਆਂ ਦੀ ਖੁਰਾਕ (ਫੀਡ) ਦੀਆਂ ਕੀਮਤਾਂ ਅਤੇ ਹੋਰ ਲਾਗਤਾਂ ਵਿੱਚ ਹੋਏ ਭਾਰੀ ਵਾਧੇ ਕਾਰਨ ਡੇਅਰੀ ਫਾਰਮਰਾਂ ਨੂੰ ਆ ਰਹੀਆਂ ਗੰਭੀਰ ਚੁਣੌਤੀਆਂ ਤੋਂ ਜਾਣੂ ਕਰਵਾਇਆ। ਉਨ੍ਹਾਂ ਦੱਸਿਆ ਕਿ ਦੁੱਧ ਦੀ ਉਤਪਾਦਨ ਲਾਗਤ ਕਾਫ਼ੀ ਵਧ ਗਈ ਹੈ, ਜਿਸ ਨਾਲ ਡੇਅਰੀ ਖੇਤਰ ਗੰਭੀਰ ਆਰਥਿਕ ਸੰਕਟ ਵਿੱਚ ਫਸ ਗਿਆ ਹੈ ਅਤੇ ਕਿਸਾਨਾਂ ਲਈ ਆਪਣੀ ਰੋਜ਼ੀ-ਰੋਟੀ ਚਲਾਉਣਾ ਮੁਸ਼ਕਲ ਹੁੰਦਾ ਜਾ ਰਿਹਾ ਹੈ। ਇਸ ਮੁੱਦੇ ਦਾ ਤੁਰੰਤ ਸੰਗਿਆਨ ਲੈਂਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਸਾਨਾਂ ਦੀ ਜਾਇਜ਼ ਮੰਗ ਨੂੰ ਪ੍ਰਵਾਨ ਕਰ ਲਿਆ ਅਤੇ ਦੁੱਧ ਦੇ ਖਰੀਦ ਰੇਟ ਵਿੱਚ 40 ਰੁਪਏ ਪ੍ਰਤੀ ਕਿੱਲੋ ਫੈਟ ਦੇ ਵਾਧੇ ਦਾ ਐਲਾਨ ਕੀਤਾ। ਇਹ ਸੋਧਿਆ ਹੋਇਆ ਰੇਟ 21 ਜੁਲਾਈ 2026 ਤੋਂ ਲਾਗੂ ਕਰ ਦਿੱਤਾ ਗਿਆ ਹੈ। ਜਿਸ ਨਾਲ ਪੰਜਾਬ ਭਰ ਦੇ ਲੱਖਾਂ ਡੇਅਰੀ ਫਾਰਮਰਾਂ ਨੂੰ ਵੱਡੀ ਆਰਥਿਕ ਰਾਹਤ ਮਿਲੇਗੀ। ਮੁੱਖ ਮੰਤਰੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਖੇਤੀਬਾੜੀ ਨਾਲ ਜੁੜੇ ਹਰ ਵਰਗ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਹੈ। ਉਨ੍ਹਾਂ ਅੱਗੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਉਲਟ, ਜੋ ਕਿਸਾਨਾਂ ਨੂੰ ਮੀਟਿੰਗਾਂ ਅਤੇ ਹੱਲ ਲਈ ਮਹੀਨਿਆਂ ਬੱਧੀ ਉਡੀਕ ਕਰਵਾਉਂਦੀਆਂ ਸਨ, ਮਾਨ ਸਰਕਾਰ ਭਾਈਵਾਲਾਂ ਨਾਲ ਸਿੱਧਾ ਰਾਬਤਾ ਕਾਇਮ ਰੱਖਣ ਅਤੇ ਉਨ੍ਹਾਂ ਦੇ ਮਸਲਿਆਂ ਨੂੰ ਤੁਰੰਤ ਹੱਲ ਕਰਨ ਵਿੱਚ ਵਿਸ਼ਵਾਸ ਰੱਖਦੀ ਹੈ।

# ਭਵਿੱਖ ਦੇ ਮੀਡੀਆ ਪੇਸ਼ੇਵਰਾਂ ਨੂੰ ਤਿਆਰ ਕਰ ਰਿਹਾ ਐੱਲ ਪੀ ਯੂ ਦਾ ਸਕੂਲ ਆਫ਼ ਜਰਨਲਿਜ਼ਮ ਐਂਡ ਮਾਸ ਕਮਿਊਨੀਕੇਸ਼ਨ

**ਜਲੰਧਰ (ਸ਼ੈਲੀ ਐਲਬਰਟ)**- ਜਿਵੇਂ ਕਿ ਮੀਡੀਆ ਇੰਡਸਟਰੀ ਡਿਜੀਟਲ ਪਲੇਟਫਾਰਮਾਂ, ਏ ਆਈ, ਸਿਰਜਣਹਾਰ ਅਤੇ ਮਲਟੀਮੀਡੀਆ ਸੰਚਾਰ ਰਾਹੀਂ ਤੇਜ਼ੀ ਨਾਲ ਬਦਲ ਰਹੀ ਹੈ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲ ਪੀ ਯੂ) ਵਿਖੇ ਸਕੂਲ ਆਫ਼ ਜਰਨਲਿਜ਼ਮ ਐਂਡ ਮਾਸ ਕਮਿਊਨੀਕੇਸ਼ਨ ਇੱਕ ਉਦਯੋਗ-ਸੰਚਾਲਿਤ, ਅਨੁਭਵੀ ਸਿਖਲਾਈ ਈਕੋਸਿਸਟਮ ਰਾਹੀਂ ਵਿਦਿਆਰਥੀਆਂ ਨੂੰ ਭਵਿੱਖ ਦੇ ਕਰੀਅਰ ਲਈ ਤਿਆਰ ਕਰ ਰਿਹਾ ਹੈ। ਇਸ ਸਮੇਂ ਬੀ ਏ (ਪੱਤਰਕਾਰੀ ਅਤੇ ਜਨਸੰਚਾਰ), ਐਮ ਏ (ਪੱਤਰਕਾਰੀ ਅਤੇ ਜਨਸੰਚਾਰ) ਅਤੇ ਪੀ ਐਚ ਡੀ ਪ੍ਰੋਗਰਾਮਾਂ ਲਈ ਦਾਖਲੇ ਖੁੱਲ੍ਹੇ ਹਨ।ਸਕੂਲ ਨਿਊਜ਼ਰੂਮ ਸਿਮੂਲੇਸ਼ਨ, ਲਾਈਵ ਰਿਪੋਰਟਿੰਗ, ਫੀਲਡ ਅਸਾਈਨਮੈਂਟ, ਪੋਡਕਾਸਟਿੰਗ, ਫਿਲਮ ਨਿਰਮਾਣ, ਮੋਬਾਈਲ ਪੱਤਰਕਾਰੀ (ਮੋਜੋ), ਮਲਟੀਮੀਡੀਆ ਕਹਾਣੀ ਸੁਣਾਉਣ ਅਤੇ ਡਿਜੀਟਲ ਸਮੱਗਰੀ ਉਤਪਾਦਨ ਰਾਹੀਂ ਕਲਾਸਰੂਮ ਸਿਖਲਾਈ ਨੂੰ ਵਿਆਪਕ ਵਿਹਾਰਕ ਅਨੁਭਵ ਨਾਲ ਜੋੜਦਾ ਹੈ। ਵਿਦਿਆਰਥੀ ਨਵੀਨਤਮ ਸਹੂਲਤਾਂ ਵਿੱਚ ਹੱਥੀਂ ਅਨੁਭਵ ਪ੍ਰਾਪਤ ਕਰਦੇ ਹਨ, ਜਿਸ ਵਿੱਚ ਪੇਸ਼ੇਵਰ ਟੀਵੀ ਸਟੂਡੀਓ, ਪੋਡਕਾਸਟ ਲੈਬ, ਕ੍ਰੋਮਾ



ਸਟੂਡੀਓ, ਫੋਟੋਗ੍ਰਾਫੀ ਲੈਬ, ਡਿਜੀਟਲ ਨਿਊਜ਼ਰੂਮ, ਰੇਡੀਓ ਉਤਪਾਦਨ ਸਹੂਲਤਾਂ ਅਤੇ ਮੈਕ-ਅਧਾਰਤ ਸੰਪਾਦਨ ਸੂਟ ਸ਼ਾਮਲ ਹਨ । ਇਹ ਪਹਿਲੇ ਦਿਨ ਤੋਂ ਹੀ ਉਦਯੋਗ ਲਈ ਗ੍ਰੈਜੂਏਟਾਂ ਨੂੰ ਤਿਆਰ ਕਰਦੇ ਹੈ। ਵਿਦਿਆਰਥੀਆਂ ਨੂੰ ਨਿਊਜ਼ਰੂਮਾਂ, ਪ੍ਰੋਡਕਸ਼ਨ ਹਾਊਸਾਂ, ਇਸ਼ਤਿਹਾਰਬਾਜ਼ੀ ਏਜੰਸੀਆਂ ਅਤੇ ਡਿਜੀਟਲ ਮੀਡੀਆ ਸੰਗਠਨਾਂ ਵਿੱਚ ਵਿਆਪਕ ਤੌਰ 'ਤੇ ਵਰਤੇ ਜਾਣ ਵਾਲੇ ਪੇਸ਼ੇਵਰ ਮੀਡੀਆ ਸੌਫਟਵੇਅਰ ਵਿੱਚ ਸਿਖਲਾਈ ਦਿੱਤੀ ਜਾਂਦੀ ਹੈ।ਬਦਲਦੇ ਮੀਡੀਆ ਵਾਤਾਵਰਣ ਨੂੰ ਧਿਆਨ ਵਿੱਚ ਰੱਖਦੇ ਹੋਏ, ਪਾਠਕ੍ਰਮ ਵਿੱਚ ਏ ਆਈ-ਸਹਾਇਤਾ ਪ੍ਰਾਪਤ ਸਮੱਗਰੀ ਸਿਰਜਣਾ, ਡੇਟਾ ਪੱਤਰਕਾਰੀ, ਡਿਜੀਟਲ ਕਹਾਣੀ ਸੁਣਾਉਣ ਅਤੇ ਸੋਸ਼ਲ ਮੀਡੀਆ ਸੰਚਾਰ ਵਰਗੇ ਨਵੇਂ ਡੋਮੇਨ ਸ਼ਾਮਲ ਹਨ।ਇਹ ਸਕੂਲ ਨਿਯਮਿਤ ਤੌਰ 'ਤੇ ਪ੍ਰਸਿੱਧ ਮੀਡੀਆ ਪੇਸ਼ੇਵਰਾਂ ਜਿਵੇਂ ਕਿ ਪੰਕਜ ਪਚੌਰੀ, ਰੇਹਾਨ ਫਜ਼ਲ, ਰਾਜੇਸ਼ ਬਾਦਲ, ਵਿਨੋਦ ਕਾਪਰੀ, ਆਸ਼ੂਤੋਸ਼, ਕਮਰ ਵਹੀਦ ਨਕਵੀ, ਜਾਵੇਦ ਅਖਤਰ, ਸੰਜੇ ਮਿਸ਼ਰਾ ਅਤੇ ਪੀਯੂਸ਼ ਮਿਸ਼ਰਾ ਨਾਲ ਗੱਲਬਾਤ ਵੀ ਕਰਦਾ ਹੈ, ਜਿਸ ਨਾਲ ਵਿਦਿਆਰਥੀਆਂ ਨੂੰ ਬਦਲਦੇ ਮੀਡੀਆ ਅਭਿਆਸਾਂ ਅਤੇ ਉਦਯੋਗ ਦੀਆਂ ਉਮੀਦਾਂ ਦਾ ਸਿੱਧਾ ਅਨੁਭਵ ਮਿਲਦਾ ਹੈ।ਡਾ. ਪਵਿੱਤਰ ਪ੍ਰਕਾਸ਼ ਸਿੰਘ, ਸੀਨੀਅਰ ਡੀਨ ਅਤੇ ਮੁਖੀ, ਸਕੂਲ ਆਫ਼ ਜਰਨਲਿਜ਼ਮ ਐਂਡ ਮਾਸ ਕਮਿਊਨੀਕੇਸ਼ਨ ਨੇ ਕਿਹਾ, ਐਲ ਪੀ ਯੂ ਦਾ ਦ੍ਰਿਸ਼ਟੀਕੋਣ ਮੀਡੀਆ ਪੇਸ਼ੇਵਰਾਂ ਨੂੰ ਤਿਆਰ ਕਰਨਾ ਹੈ ਜੋ ਭਰੋਸੇਯੋਗਤਾ, ਆਲੋਚਨਾਤਮਕ ਸੋਚ ਅਤੇ ਜਨਤਕ ਹਿੱਤ ਦੀ ਕਦਰ ਕਰਦੇ ਹਨ।

# ਸਫਾਈ ਸੇਵਕ ਬੀਬੀਆਂ ਦੀ ਕੁੱਟਮਾਰ ਬੇਹੱਦ ਸ਼ਰਮਨਾਕ : ਐਡਵੋਕੇਟ ਰਣਜੀਤ ਕੁਮਾਰ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਰੰਗਲੇ ਪੰਜਾਬ ਦੇ ਵਾਅਦੇ 'ਤੇ ਬਣੀ ਆਪ ਸਰਕਾਰ ਪੰਜਾਬ ਨੂੰ ਬਣਾ ਰਹੀ ਹੈ ਪੁਲਸ ਸਟੇਟ। ਪ੍ਰੈਸ ਵਾਰਤਾ ਨੂੰ ਸੰਬੋਧਨ ਕਰਦੇ ਹੋਏ ਕਾਂਗਰਸ ਆਗੂ ਐਡਵੋਕੇਟ ਰਣਜੀਤ ਕੁਮਾਰ ਹਲਕਾ ਇੰਚਾਰਜ ਚੱਬੇਵਾਲ ਨੇ ਕਿਹਾ ਕਿ ਹਰ ਮੋਰਚੇ 'ਤੇ ਬੁਰੀ ਤਰ੍ਹਾਂ ਫੇਲ੍ਹ ਸਾਬਿਤ ਹੋਈ ਆਮ ਆਦਮੀ ਪਾਰਟੀ ਦੀ ਸਰਕਾਰ ਬੇਰੋਜ਼ਗਾਰ ਨੌਜਵਾਨਾਂ, ਕੱਚੇ ਮੁਲਾਜ਼ਮਾਂ ਅਤੇ ਠੇਕੇ 'ਤੇ ਕੰਮ ਕਰ ਰਹੇ ਕਰਮਚਾਰੀਆਂ ਦੀਆਂ ਮੰਗਾਂ ਮੰਨਣ ਅਤੇ ਮੁਲਾਜ਼ਮਾਂ ਦੇ ਪੈਂਡਿੰਗ ਪਏ ਡੀ ਏ ਦੀ ਅਦਾਇਗੀ ਕਰਨ ਦੇ ਬਜਾਏ ਸੰਘਰਸ਼ਸ਼ੀਲ ਬੇਰੋਜ਼ਗਾਰਾਂ, ਮੁਲਾਜ਼ਮਾਂ, ਮਜ਼ਦੂਰਾਂ ਅਤੇ ਸਫਾਈ ਸੇਵਕਾਂ 'ਤੇ ਪੁਲਸ ਰਾਹੀਂ ਨਿੱਤ ਕਰ ਰਹੀਂ ਹੈ ਧੱਕਾ ਅਤੇ ਤਸ਼ਦੱਦ। ਪਹਿਲਾਂ ਪਟਿਆਲਾ ਵਿਖੇ ਲਾਈਨ ਮੈਨ ਭਰਾਵਾਂ, ਫੇਰ ਮਨਰੇਗਾ ਮਜ਼ਦੂਰਾਂ ਅਤੇ ਹੁਣ ਸਫਾਈ ਸੇਵਕ ਬੀਬੀਆਂ ਭੈਣਾਂ ਉਪਰ ਪੁਲਸ ਦੁਆਰਾ ਕੀਤਾ ਤਸ਼ਦੱਦ ਭਗਵੰਤ ਮਾਨ ਸਰਕਾਰ ਦੀ ਹੰਕਾਰੀ ਅਤੇ ਤਾਨਾਸ਼ਾਹੀ ਪ੍ਰਵਿਰਤੀ ਨੂੰ ਜ਼ਾਹਰ ਕਰਦਾ ਹੈ। ਦਫਤਰਾਂ ਵਿੱਚ ਬਾਬਾ ਸਾਹਿਬ ਦੀ ਫੋਟੋ ਲਗਾ ਕੇ ਦਲਿਤਾਂ ਮਾਵਾ ਧੀਆਂ ਨਾਲ ਕੁੱਟਮਾਰ, ਅੱਤਿਆਚਾਰ ਆਮ ਆਦਮੀ ਪਾਰਟੀ ਦੇ ਦੋਗਲੇ ਚਰਿੱਤਰ ਨੂੰ ਉਜਾਗਰ ਕਰਦਾ ਹੈ। ਅਸੀਂ ਮੰਗ ਕਰਦੇ ਹਾਂ ਕਿ ਦੋਸ਼ੀ ਪੁਲਸ ਮੁਲਾਜ਼ਮਾਂ ਅਤੇ ਅਫਸਰਾਂ 'ਤੇ ਫੌਰੀ ਸਖਤ ਕਾਰਵਾਈ ਕੀਤੀ ਜਾਵੇ ਅਤੇ ਪੀੜਿਤ ਬੀਬੀਆਂ ਦੀ ਸਹਾਇਤਾ ਹੀ ਨਹੀਂ ਕੀਤੀ ਜਾਵੇ ਬਲਕਿ ਉਹਨਾਂ ਦੀਆਂ ਮੰਗਾਂ ਨੂੰ ਮੰਨ ਰੈਗੂਲਰ ਕੀਤਾ ਜਾਵੇ।



# ਨਗਰ ਕੌਂਸਲ ਵੱਲੋਂ ਸੀਵਰੇਜ ਲਾਈਨਾਂ ਦੀ ਸਫ਼ਾਈ ਦਾ ਕੰਮ ਜ਼ੋਰਾਂ 'ਤੇ : ਪ੍ਰਧਾਨ ਵਿਰਕ

**ਜ਼ੀਰਕਪੁਰ (ਜਤਿੰਦਰ ਕੁਮਾਰ)**- ਬਰਸਾਤੀ ਮੌਸਮ ਨੂੰ ਮੁੱਖ ਰੱਖਦਿਆਂ ਨਗਰ ਕੌਂਸਲ ਵੱਲੋਂ ਸ਼ਹਿਰ ਵਾਸੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਤੋਂ ਬਚਾਉਣ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਇਸ ਅਭਿਆਨ ਤਹਿਤ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਸੀਵਰੇਜ ਓਵਰਫਲੋਅ ਅਤੇ ਬੰਦ ਪਈਆਂ ਸੀਵਰੇਜ ਲਾਈਨਾਂ ਨੂੰ ਖੋਲ੍ਹਣ ਅਤੇ ਸੁਚਾਰੂ ਬਣਾਉਣ ਦੇ ਕੰਮ ਲਗਾਤਾਰ ਕੀਤੇ ਜਾ ਰਹੇ ਹਨ, ਤਾਂ ਜੋ ਬਰਸਾਤ ਦੇ ਦਿਨਾਂ ਵਿੱਚ ਪਾਣੀ ਦੇ ਭਰਾਅ ਅਤੇ ਬਲੌਕੇਜ ਦੀ ਸਮੱਸਿਆ ਤੋਂ ਨਿਜਾਤ ਮਿਲ ਸਕੇ। ਇਸੇ ਲੜੀ ਨੂੰ ਅੱਗੇ ਤੋਰਦਿਆਂ ਬਲਟਾਨਾ ਖੇਤਰ ਦੇ ਹੇਮ ਵਿਹਾਰ ਅਤੇ ਆਸ-ਪਾਸ ਦੇ ਵੱਖ-ਵੱਖ ਇਲਾਕਿਆਂ ਵਿੱਚ ਲੰਬੇ ਸਮੇਂ ਤੋਂ ਲਟਕ ਰਹੀ ਸੀਵਰੇਜ ਦੀ ਸਫ਼ਾਈ ਦਾ ਕੰਮ ਜੰਗੀ ਪੱਧਰ 'ਤੇ ਸ਼ੁਰੂ ਕਰਵਾਇਆ ਗਿਆ ਹੈ। ਇਹ ਵਿਸ਼ੇਸ਼ ਕੰਮ ਹਲਕਾ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਦੇ ਦਿਸ਼ਾ-ਨਿਰਦੇਸ਼ਾਂ, ਨਗਰ ਕੌਂਸਲ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਵਿਰਕ ਦੀ ਦੇਖ-ਰੇਖ ਅਤੇ ਨਗਰ ਕੌਂਸਲ ਦੇ ਕਾਰਜਸਾਧਕ ਅਫਸਰ ਪਰਵਿੰਦਰ ਸਿੰਘ ਭੱਟੀ ਦੇ ਹੁਕਮਾਂ ਅਨੁਸਾਰ ਨੇਪਰੇ ਚਾੜ੍ਹਿਆ ਜਾ ਰਿਹਾ ਹੈ। ਸਫ਼ਾਈ ਅਭਿਆਨ ਦੌਰਾਨ ਅਧਿਕਾਰੀਆਂ ਅਤੇ ਨਗਰ ਕੌਂਸਲ ਦੀ ਟੀਮ ਨੇ ਸਥਾਨਕ ਨਾਗਰਿਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਸੁਣਿਆ ਅਤੇ ਮੌਕੇ 'ਤੇ ਹੀ ਉਨ੍ਹਾਂ ਦਾ ਯੋਗ ਹੱਲ ਯਕੀਨੀ ਬਣਾਇਆ। ?ਨਗਰ ਕੌਂਸਲ ਦੇ ਅਧਿਕਾਰੀਆਂ ਨੇ ਦੱਸਿਆ ਕਿ ਸ਼ਹਿਰ ਦੇ ਬਾਕੀ ਰਹਿੰਦੇ ਸੰਵੇਦਨਸ਼ੀਲ ਇਲਾਕਿਆਂ ਵਿੱਚ ਵੀ ਸੀਵਰੇਜ ਦੀ ਸਫ਼ਾਈ ਦੀ ਪ੍ਰਕਿਰਿਆ ਲਗਾਤਾਰ ਜਾਰੀ ਰਹੇਗੀ। ਨਗਰ ਕੌਂਸਲ ਪ੍ਰਧਾਨ ਗੁਰਪ੍ਰੀਤ ਸਿੰਘ ਵਿਰਕ ਨੇ ਕਿਹਾ ਕਿ ਪ੍ਰਸ਼ਾਸਨ ਦਾ ਮੁੱਖ ਮਕਸਦ ਬਰਸਾਤ ਦੇ ਮੌਸਮ ਦੌਰਾਨ ਲੋਕਾਂ ਨੂੰ ਇੱਕ ਸਾਫ਼-ਸੁਥਰਾ ਅਤੇ ਸਮੱਸਿਆ-ਮੁਕਤ ਮਾਹੌਲ ਪ੍ਰਦਾਨ ਕਰਨਾ ਹੈ, ਤਾਂ ਜੋ ਬਰਸਾਤੀ ਪਾਣੀ ਦੀ ਨਿਕਾਸੀ ਬਿਨਾਂ ਕਿਸੇ ਰੁਕਾਵਟ ਦੇ ਹੋ ਸਕੇ।



# ਰੈੱਡ ਕਰਾਸ ਸੁਸਾਇਟੀ ਵੱਲੋਂ ਅਮਲਾ ਸਿੰਘ ਵਾਲਾ 'ਚ ਲੋਕ ਸੇਵਾ ਕੈਂਪ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਜ਼ਿਲ੍ਹਾ ਰੈੱਡ ਕ੍ਰਾਸ ਸੁਸਾਇਟੀ ਬਰਨਾਲਾ ਵੱਲੋਂ ਪਿੰਡ ਅਮਲਾ ਸਿੰਘ ਵਾਲਾ ਦੇ ਗੁਰਦੁਆਰਾ ਸਾਹਿਬ ਵਿਖੇ ਲੋਕਾਂ ਨੂੰ ਸਿਹਤ ਸੇਵਾਵਾਂ ਤੇ ਵੱਖ-ਵੱਖ ਸਰਕਾਰੀ ਭਲਾਈ ਸਕੀਮਾਂ ਦਾ ਲਾਭ ਇੱਕੋ ਥਾਂ ਉਪਲਬਧ ਕਰਵਾਉਣ ਦੇ ਮਕਸਦ ਨਾਲ ਵਿਸ਼ੇਸ਼ ਲੋਕ ਸੇਵਾ ਕੈਂਪ ਲਗਾਇਆ ਗਿਆ।ਕੈਂਪ ਵਿੱਚ ਵੱਡੀ ਗਿਣਤੀ ਪਿੰਡ ਵਾਸੀਆਂ ਨੇ ਪਹੁੰਚ ਕੇ ਮੁਫ਼ਤ ਸਿਹਤ ਜਾਂਚ, ਦਵਾਈਆਂ ਤੇ ਸਰਕਾਰੀ ਯੋਜਨਾਵਾਂ ਨਾਲ ਸੰਬੰਧਤ ਸੇਵਾਵਾਂ ਦਾ ਲਾਭ ਹਾਸਲ ਕੀਤਾ। ਡਿਪਟੀ ਕਮਿਸ਼ਨਰ-ਕਮ-ਪ੍ਰਧਾਨ ਜ਼ਿਲ੍ਹਾ ਰੈੱਡ ਕ੍ਰਾਸ ਸੋਸਾਇਟੀ ਬਰਨਾਲਾ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਕੈਂਪ ਦੌਰਾਨ ਮਾਹਰ ਡਾਕਟਰਾਂ ਤੇ ਸਿਹਤ ਕਰਮਚਾਰੀਆਂ ਵੱਲੋਂ ਅੱਖਾਂ ਦੀ ਸਕ੍ਰੀਨਿੰਗ, ਜਨਰਲ ਹੈਲਥ ਚੈੱਕਅਪ, ਬਲੱਡ ਪ੍ਰੈਸ਼ਰ ਤੇ ਹੋਰ ਮੁੱਢਲੀਆਂ ਸਿਹਤ ਸੇਵਾਵਾਂ ਪੂਰੀ ਤਰ੍ਹਾਂ ਮੁਫ਼ਤ ਪ੍ਰਦਾਨ ਕੀਤੀਆਂ ਗਈਆਂ।ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਦੇਣ ਦੇ ਨਾਲ-ਨਾਲ ਐਨਕਾਂ ਵੀ ਵੰਡੀਆਂ ਗਈਆਂ। ਕੈਂਪ ਦੌਰਾਨ ਪਿੰਡ ਦੀ ਪੰਚਾਇਤ ਤੇ ਵੱਡੀ ਗਿਣਤੀ ਵਿੱਚ ਹਾਜ਼ਰ ਪਿੰਡ ਵਾਸੀਆਂ ਨੇ ਜ਼ਿਲ੍ਹਾ ਰੈੱਡ ਕ੍ਰਾਸ ਸੋਸਾਇਟੀ ਦੇ ਇਸ ਲੋਕ ਭਲਾਈ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਲੋਕਾਂ ਦੀ ਸਹੂਲਤ ਲਈ ਅਜਿਹੇ ਲੋਕ ਸੇਵਾ ਕੈਂਪਾਂ ਦੀ ਲੜੀ ਜਾਰੀ ਰਹੇਗੀ। ਅਗਲਾ ਕੈਂਪ 29 ਜੁਲਾਈ ਨੂੰ ਪਿੰਡ ਠੀਕਰੀਵਾਲਾ ਵਿਖੇ ਲਗਾਇਆ ਜਾਵੇਗਾ।ਇਸ ਮੌਕੇ ਜ਼ਿਲ੍ਹਾ ਰੈੱਡ ਕ੍ਰਾਸ ਸੋਸਾਇਟੀ ਦੇ ਸਕੱਤਰ ਸਰਵਣ ਸਿੰਘ, ਮਾਹਰ ਡਾਕਟਰਾਂ ਦੀ ਟੀਮ, ਸਿਹਤ ਕਰਮਚਾਰੀ ਤੇ ਰੈੱਡ ਕ੍ਰਾਸ ਦਾ ਸਟਾਫ਼ ਵੀ ਹਾਜ਼ਰ ਸੀ।

# ਹੱਕ ਮੰਗਦੇ ਲੋਕਾਂ ਦੀ ਅਵਾਜ਼ ਨੂੰ ਡੰਡੇ ਦੇ ਜ਼ੋਰ ਨਾਲ ਦਬਾ ਰਹੀ ਹੈ ਸਰਕਾਰ : ਦੌਲਤਪੁਰ




**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਪੰਜਾਬ ਕਾਂਗਰਸ ਕਿਸਾਨ ਵਿੰਗ ਦੇ ਸੂਬਾ ਜਨਰਲ ਸਕੱਤਰ ਤੇ ਹਲਕਾ ਧੂਰੀ ਤੋਂ ਪ੍ਰਮੁੱਖ ਆਗੂ ਹਰਦੀਪ ਸਿੰਘ ਦੌਲਤਪੁਰ ਨੇ ਬਰਨਾਲਾ ਵਿਖੇ ਆਪਣੀਆਂ ਜਾਇਜ਼ ਮੰਗਾਂ ਲਈ ਲਾਮਬੰਦ ਹੋਏ ਸਫ਼ਾਈ ਸੇਵਕਾਂ 'ਤੇ ਹੋਏ ਲਾਠੀਚਾਰਜ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੌਲਤਪੁਰ ਨੇ ਆਖਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਤੰਤਰ ਦੀਆਂ ਧੱਜੀਆਂ ਉਡਾ ਕੇ ਪੁਲਸ ਜਬਰ ਦੇ ਜ਼ੋਰ 'ਤੇ ਹੱਕ ਮੰਗ ਰਹੇ ਕਿਰਤੀ ਲੋਕਾਂ ਦੀ ਅਵਾਜ਼ ਨੂੰ ਦਬਾਉਣ ਦਾ ਕੋਝਾ ਯਤਨ ਕਰ ਰਹੀ ਹੈ, ਜੋ ਕਿ ਬੇਹੱਦ ਅਫ਼ਸੋਸਜਨਕ ਤੇ ਨਿੰਦਣਯੋਗ ਹੈ।ਉਨ੍ਹਾਂ ਕਿਹਾ ਕਿ ਸਫ਼ਾਈ ਸੇਵਕ ਸਮਾਜ ਦਾ ਉਹ ਅਹਿਮ ਹਿੱਸਾ ਹਨ, ਜੋ ਦਿਨ-ਰਾਤ ਆਪਣੀ ਸਿਹਤ ਦੀ ਪ੍ਰਵਾਹ ਕੀਤੇ ਬਿਨਾਂ ਸ਼ਹਿਰਾਂ ਨੂੰ ਸਾਫ਼-ਸੁਥਰਾ ਰੱਖਣ ਵਿੱਚ ਆਪਣਾ ਯੋਗਦਾਨ ਪਾਉਂਦੇ ਹਨ। ਪਰ ਬੇਹੱਦ ਦੁੱਖ ਦੀ ਗੱਲ ਹੈ ਕਿ ਸ਼ਾਂਤਮਈ ਢੰਗ ਨਾਲ ਆਪਣੇ ਰੁਜ਼ਗਾਰ ਤੇ ਹੱਕਾਂ ਦੀ ਰਾਖੀ ਲਈ ਪ੍ਰਦਰਸ਼ਨ ਕਰ ਰਹੇ ਇਨ੍ਹਾਂ ਮਿਹਨਤਕਸ਼ਾਂ 'ਤੇ ਤਸ਼ੱਦਦ ਢਾਹਿਆ ਗਿਆ।ਦੌਲਤਪੁਰ ਨੇ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਸਬਰ-ਜ਼ੁਲਮ ਨਾਲ ਲੋਕਾਂ ਦੇ ਹੱਕੀ ਸੰਘਰਸ਼ਾਂ ਨੂੰ ਕਦੇ ਵੀ ਦਬਾਇਆ ਨਹੀਂ ਜਾ ਸਕਦਾ।ਉਨ੍ਹਾਂ ਮੰਗ ਕੀਤੀ ਕਿ ਬਰਨਾਲਾ ਵਿਖੇ ਸਫ਼ਾਈ ਸੇਵਕਾਂ 'ਤੇ ਡੰਡਾ ਚਲਾਉਣ ਵਾਲੇ ਦੋਸ਼ੀਆਂ ਖ਼ਿਲਾਫ਼ ਤੁਰੰਤ ਸਖ਼ਤ ਕਾਰਵਾਈ ਕੀਤੀ ਜਾਵੇ ਤੇ ਸਫ਼ਾਈ ਸੇਵਕਾਂ ਦੀਆਂ ਮੰਗਾਂ ਦਾ ਹੱਲ ਦੇ ਆਧਾਰ 'ਤੇ ਨਿਪਟਾਰਾ ਕੀਤਾ ਜਾਵੇ।

# ਵਿਧਾਇਕ ਵੱਲੋਂ ਆਮ ਆਦਮੀ ਕਲੀਨਿਕ ਦਾ ਉਦਘਾਟਨ



**ਸਮਰਾਲਾ (ਸੁਰਜੀਤ ਸਿੰਘ)**-ਵਿਧਾਨ ਸਭਾ ਹਲਕਾ ਸਮਰਾਲਾ ਤੋਂ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਵੱਲੋਂ ਸਥਾਨਕ ਕਾਲੂ ਰਾਮ ਧਰਮਸ਼ਾਲਾ ਵਿਖੇ ਕਰੀਬ 29 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਆਮ ਆਦਮੀ ਕਲੀਨਿਕ ਦਾ ਰਸਮੀ ਉਦਘਾਟਨ ਕੀਤਾ ਗਿਆ।ਇਸ ਮੌਕੇ ਨਗਰ ਕੌਂਸਲ ਸਮਰਾਲਾ ਦੇ ਪ੍ਰਧਾਨ ਲਾਲਾ ਮੰਗਤ ਰਾਏ, ਸੀਨੀਅਰ ਮੈਡੀਕਲ ਅਫ਼ਸਰ (ਐੱਸ.ਐੱਮ.ਓ.) ਸਮਰਾਲਾ ਡਾ. ਗੁਰਤੇਜਿੰਦਰ ਕੌਰ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਸਥਾਨਕ ਆਗੂ ਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।ਸਮਾਗਮ ਨੂੰ ਸੰਬੋਧਨ ਕਰਦਿਆਂ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਕਿਹਾ ਕਿ ਇਹ ਆਮ ਆਦਮੀ ਕਲੀਨਿਕ ਇਲਾਕੇ ਦੇ ਲੋਕਾਂ ਨੂੰ ਮੁਫ਼ਤ, ਸੁਵਿਧਾਜਨਕ ਤੇ ਭਰੋਸੇਯੋਗ ਸਿਹਤ ਸੇਵਾਵਾਂ ਪ੍ਰਦਾਨ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ।ਉਨ੍ਹਾਂ ਕਿਹਾ ਕਿ ਇਸ ਕਲੀਨਿਕ ਵਿੱਚ ਆਮ ਬਿਮਾਰੀਆਂ ਦਾ ਇਲਾਜ, ਲੋੜੀਂਦੀਆਂ ਦਵਾਈਆਂ, ਮੁੱਢਲੀਆਂ ਜਾਂਚਾਂ ਤੇ ਸਿਹਤ ਸੰਬੰਧੀ ਸਲਾਹ-ਮਸ਼ਵਰਾ ਮੁਫ਼ਤ ਉਪਲਬਧ ਕਰਵਾਇਆ ਜਾਵੇਗਾ, ਜਿਸ ਨਾਲ ਲੋਕਾਂ ਨੂੰ ਆਪਣੇ ਘਰਾਂ ਦੇ ਨੇੜੇ ਹੀ ਗੁਣਵੱਤਾ ਭਰੀਆਂ ਸਿਹਤ ਸੇਵਾਵਾਂ ਮਿਲਣਗੀਆਂ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਲੋਕਾਂ ਦੀ ਸਿਹਤ ਤੇ ਭਲਾਈ ਪੰਜਾਬ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਹੈ।ਸਥਾਨਕ ਸੀਨੀਅਰ ਮੈਡੀਕਲ ਅਫ਼ਸਰ ਡਾ. ਗੁਰਤੇਜਿੰਦਰ ਕੌਰ ਨੇ ਦੱਸਿਆ ਕਿ ਆਮ ਆਦਮੀ ਕਲੀਨਿਕਾਂ ਵਿੱਚ ਲੋਕਾਂ ਨੂੰ ਹੋਰ ਬਿਹਤਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਪੰਜ ਨਵੀਆਂ ਸੇਵਾਵਾਂ ਸ਼ੁਰੂ ਕੀਤੀਆਂ ਗਈਆਂ ਹਨ।ਇਸ ਮੌਕੇ ਹਾਜ਼ਰ ਸ਼ਹਿਰ ਵਾਸੀਆਂ ਨੇ ਕਲੀਨਿਕ ਦੇ ਉਦਘਾਟਨ ਨੂੰ ਇਲਾਕੇ ਲਈ ਇੱਕ ਵੱਡੀ ਸੌਗਾਤ ਕਰਾਰ ਦਿੰਦਿਆਂ ਵਿਸ਼ਵਾਸ ਪ੍ਰਗਟਾਇਆ ਕਿ ਇਸ ਨਾਲ ਲੋਕਾਂ ਨੂੰ ਸਿਹਤ ਸੇਵਾਵਾਂ ਲਈ ਦੂਰ-ਦੁਰਾਡੇ ਨਹੀਂ ਜਾਣਾ ਪਵੇਗਾ ਤੇ ਉਨ੍ਹਾਂ ਦਾ ਸਮਾਂ ਤੇ ਖਰਚਾ ਦੋਵੇਂ ਬਚਣਗੇ।

# ਮਾਤਾ ਸੁੰਦਰੀ ਗਰੁੱਪ ਆਫ ਇੰਸਟੀਚਿਊਸ਼ਨਜ਼ ਢੱਡੇ ਦਾ ਨਤੀਜਾ ਸ਼ਾਨਦਾਰ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਲੜਕੀਆਂ ਦੀ ਸਿੱਖਿਆ ਨੂੰ ਸਮਰਪਤ ਇਲਾਕੇ ਦੀ ਨਾਮਵਰ ਸੰਸਥਾ ਮਾਤਾ ਸੁੰਦਰੀ ਗਰੁੱਪ ਆਫ ਇੰਸਟੀਚਿਊਸ਼ਨਜ਼ ਢੱਡੇ ਦੇ ਐੱਮ.ਏ. (ਪੰਜਾਬੀ) ਭਾਗ ਦੂਜਾ ਸਮੈਸਟਰ ਤੀਜਾ ਦਾ ਨਤੀਜਾ ਬਹੁਤ ਸ਼ਾਨਦਾਰ ਰਿਹਾ।ਚੇਅਰਮੈਨ ਕੁਲਵੰਤ ਸਿੰਘ ਸਿੱਧੂ, ਮੈਨੇਜਿੰਗ ਡਾਇਰੈਕਟਰ ਗੁਰਵਿੰਦਰ ਸਿੰਘ ਤੇ ਡਾਇਰੈਕਟਰ ਐਡਮਿਨਿਸਟਰੇਸ਼ਨ ਪਰਮਿੰਦਰ ਸਿੰਘ ਸਿੱਧੂ ਨੇ ਇਸ ਸ਼ਾਨਦਾਰ ਨਤੀਜੇ ਉੱਪਰ ਖ਼ੁਸ਼ੀ ਪ੍ਰਗਟ ਕਰਦੇ ਹੋਏ ਸਾਰੇ ਸਟਾਫ਼ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ, ਨਾਲ ਹੀ ਸ਼ਾਨਦਾਰ ਪੁਜ਼ੀਸ਼ਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ।ਉਨ੍ਹਾਂ ਕਿਹਾ ਕਿ ਮਾਤਾ ਸੁੰਦਰੀ ਕਾਲਜ ਪਿਛਲੇ ਲੰਮੇ ਸਮੇਂ ਤੋਂ ਹਰ ਸਾਲ ਹੀ ਇਹੋ ਜਿਹੇ ਸ਼ਾਨਦਾਰ ਨਤੀਜੇ ਸੰਸਥਾ ਦੀ ਝੋਲੀ ਪਾਉਂਦਾ ਆ ਰਿਹਾ ਹੈ।ਇਸ ਦਾ ਸਾਰਾ ਸਿਹਰਾ ਕਾਲਜ ਦੇ ਪ੍ਰਿੰਸੀਪਲ ਤੇ ਸਮੂਹ ਸਟਾਫ ਦੇ ਸਿਰ ਜਾਂਦਾ ਹੈ।ਸੰਸਥਾ ਦੇ ਪ੍ਰਿੰਸੀਪਲ ਰਾਜ ਸਿੰਘ ਬਾਘਾ ਨੇ ਕਿਹਾ ਕਿ ਵਿਦਿਆਰਥੀਆਂ, ਅਧਿਆਪਕਾਂ ਤੇ ਮਾਪਿਆਂ ਦੇ ਸਾਰਥਕ ਹੰਭਲੇ ਸਦਕਾ ਸੰਸਥਾ ਦੀਆਂ ਵਿਦਿਆਰਥਣਾਂ ਦਾ ਨਤੀਜਾ ਕਾਬਲੇ ਤਾਰੀਫ ਆਇਆ ਹੈ ਤੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦੇ ਹਾਂ।ਕ੍ਰਮਵਾਰ ਮਨਜਿੰਦਰ ਕੌਰ ਨੇ 7.80 ਗਰੇਡ ਪ੍ਰਾਪਤ ਕਰਕੇ ਪਹਿਲਾ, ਕ੍ਰਮਵਾਰ ਮਨਦੀਪ ਕੌਰ ਤੇ ਵੀਰਪਾਲ ਕੌਰ ਨੇ 7.40 ਗਰੇਡ ਪ੍ਰਾਪਤ ਕਰਕੇ ਦੂਜਾ ਅਤੇ ਰੁਪਿੰਦਰਪਾਲ ਕੌਰ ਨੇ 7.20 ਗਰੇਡ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ।ਡਾਇਰੈਕਟਰ ਮੈਡਮ ਸਿੰਬਲਜੀਤ ਕੌਰ ਤੇ ਖਜ਼ਾਨਚੀ ਮੈਡਮ ਪ੍ਰਸ਼ੋਤਮ ਕੌਰ ਨੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਤੇ ਅਧਿਆਪਕਾਂ ਨੂੰ ਇਸ ਸ਼ਾਨਦਾਰ ਕਾਰਗੁਜ਼ਾਰੀ ਤੇ ਮੁਬਾਰਕਬਾਦ ਦਿੱਤੀ।

# ਹਾਰਵਰਡ ਕਾਨਵੈਂਟ ਸਕੂਲ 'ਚ ਦਸਤਾਰ ਸਿਖਲਾਈ ਕੈਂਪ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਹਾਰਵਰਡ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਵਿਖੇ ਦਸਤਾਰ ਸਿਖਲਾਈ ਕੈਂਪ ਲਗਾਇਆ ਗਿਆ।ਇਸ ਦੀ ਜਾਣਕਾਰੀ ਦਿੰਦੇ ਹੋਏ ਸਕੂਲ ਚੇਅਰਮੈਨ ਨਵਦੀਪ ਸਿੰਘ ਬਰਾੜ ਨੇ ਦੱਸਿਆ ਕਿ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੀ ਟੀਮ ਦੀ ਅਗਵਾਈ ਵਿੱਚ ਲਗਾਏ ਇਸ ਦਸਤਾਰ ਸਿਖਲਾਈ ਕੈਂਪ ਵਿੱਚ ਬੱਚਿਆਂ ਨੂੰ ਦਸਤਾਰ ਸਜਾਉਣ ਦੀ ਟ੍ਰੇਨਿੰਗ ਦਿੱਤੀ ਗਈ।ਬੱਚਿਆਂ ਵਿੱਚ ਇਸ ਟ੍ਰੇਨਿੰਗ ਵਿੱਚ ਭਾਗ ਲੈਣ ਲਈ ਭਾਰੀ ਉਤਸ਼ਾਹ ਸੀ।ਚੇਅਰਮੈਨ ਨਵਦੀਪ ਸਿੰਘ ਬਰਾੜ ਨੇ ਦੱਸਿਆ ਕਿ ਦਸਤਾਰ ਸਾਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੁਆਰਾ ਬਖਸ਼ੀ ਗਈ ਹੈ, ਜਿਸ ਨਾਲ ਸਿੱਖ ਦੀ ਇੱਕ ਅਲੱਗ ਪਹਿਚਾਣ ਬਣਦੀ ਹੈ।ਅੱਜ ਦੇ ਸਮੇਂ ਵਿੱਚ ਬੱਚਿਆਂ ਨੂੰ ਵੱਧ ਤੋਂ ਵੱਧ ਇਸ ਦੀ ਮਹੱਤਤਾ ਤੋਂ ਜਾਣੂ ਕਰਵਾਉਣ ਦੀ ਲੋੜ ਹੈ ਤਾਂ ਜੋ ਬੱਚੇ ਸਿੱਖੀ ਸਿਧਾਂਤਾਂ ਨੂੰ ਅਪਣਾਉਣ ਤੇ ਨਸ਼ਿਆਂ ਦੇ ਮਾੜੇ ਪ੍ਰਭਾਵ ਤੋਂ ਦੂਰ ਰਹਿਣ।ਇਸ ਸਮੇਂ ਸਕੂਲ ਮੈਨੇਜਮੈਂਟ ਵੱਲੋਂ ਪਹੁੰਚੀ ਹੋਈ ਟੀਮ ਦਾ ਧੰਨਵਾਦ ਕੀਤਾ ਤੇ ਉਨ੍ਹਾਂ ਦੇ ਇਸ ਕਦਮ ਦੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਸਕੂਲ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਟ੍ਰੇਨਿੰਗ ਕੈਂਪ ਲਗਾਉਣ ਲਈ ਵਚਨਬੱਧ ਰਹੇਗਾ।

# ਨੰਬਰਦਾਰ ਬੰਤ ਸਿੰਘ ਦੀ ਯਾਦ 'ਚ ਕੈੜਾ ਪਰਵਾਰ ਨੇ ਬੂਟੇ ਲਗਾਏ



**ਚੌਕੀਮਾਨ (ਇੰਜੀ: ਬਲਬੀਰ ਸਿੰਘ ਮਾਨ)**-ਪਿੰਡ ਮੋਰਕਰੀਮਾਂ ਵਿਖੇ ਸਵਰਗਵਾਸੀ ਬੰਤ ਸਿੰਘ ਨੰਬਰਦਾਰ ਦੀ ਯਾਦ ਵਿੱਚ ਸਮੂਹ ਕੈੜਾ ਪਰਵਾਰ ਨੇ ਉਨ੍ਹਾਂ ਦੇ ਸਪੁੱਤਰ ਬਿਜਲੀ ਬੋਰਡ ਤੋਂ ਸੇਵਾ ਮੁਕਤ ਜੇ ਈ ਹਰਨੇਕ ਸਿੰਘ ਦੀ ਅਗਵਾਈ ਵਿੱਚ ਮੁੱਖ ਅਧਿਆਪਕ ਕੁਲਵਿੰਦਰ ਸਿੰਘ ਸੇਖੂਪੁਰਾ ਦੇ ਸਹਿਯੋਗ ਨਾਲ ਸਰਕਾਰੀ ਮਿਡਲ ਸਕੂਲ ਪਿੰਡ ਮੋਰਕਰੀਮਾਂ ਵਿਖੇ ਫਲਦਾਰ ਬੂਟੇ ਲਗਾ ਕੇ ਬੂਟੇ ਵੰਡ ਸਮਾਰੋਹ ਕਰਵਾਇਆ ਗਿਆ।ਸਮਾਗਮ ਦੀ ਸ਼ੁਰੂਆਤ ਫਲਦਾਰ ਬੂਟੇ ਲਗਾ ਕੇ ਕਰਦਿਆਂ ਦੋਵੇਂ ਸਕੂਲਾਂ ਦੇ ਵਿਦਿਆਰਥੀਆਂ ਤੇ ਆਏ ਲੋਕਾਂ ਨੂੰ ਵੱਖ ਵੱਖ ਤਰ੍ਹਾਂ ਦੇ ਬੂਟੇ ਵੰਡ ਕੇ ਚੰਗੀ ਤਰ੍ਹਾਂ ਸੰਭਾਲ ਕਰਨ ਲਈ ਕਿਹਾ ਗਿਆ।ਇਸ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਉੱਘੇ ਸਮਾਜ ਸੇਵੀ ਜਸਮੇਲ ਸਿੰਘ ਜੱਸਾ ਮੋਹੀ ਵੀ ਪਹੁੰਚੇ ਹੋਏ ਸਨ। ਹਾਜ਼ਰ ਪਤਵੰਤੇ ਤੇ ਮੋਹਤਵਾਰ ਸੱਜਣਾ ਵਿੱਚ ਨੰਬਰਦਾਰ ਰਣਜੀਤ ਸਿੰਘ, ਸੇਵਾ ਮੁਕਤ ਜੇ ਈ ਜਗਤਾਰ ਸਿੰਘ, ਇੰਜੀ: ਤਨਵੀਰ ਸਿੰਘ, ਸੂਬੇਦਾਰ ਨਿਰੰਜਨ ਸਿੰਘ, ਗੁਰਚਰਨ ਸਿੰਘ, ਸਤਨਾਮ ਸਿੰਘ, ਡਾਕਟਰ ਨਛੱਤਰ ਸਿੰਘ, ਦਵਿੰਦਰ ਸਿੰਘ ਭੋਲਾ, ਮਹਿੰਦਰ ਸਿੰਘ, ਜਗਮੀਤ ਸਿੰਘ, ਅਮਨਦੀਪ ਸਿੰਘ ਬੜੈਚ, ਹਰੀ ਸਿੰਘ ਅਮਰਪ੍ਰੀਤ ਸਿੰਘ ਸੋਹੀਆਂ ਆਦਿ ਨੇ ਪਿੰਡ ਮੋਰਕਰੀਮਾਂ ਦੇ ਕੈੜਾ ਪਰਵਾਰ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਮੁੱਖ ਅਧਿਆਪਕ ਕੁਲਵਿੰਦਰ ਸਿੰਘ ਸੇਖੂਪੁਰਾ ਨੇ ਸਮੂਹ ਕੈੜਾ ਪਰਵਾਰ ਦਾ ਧੰਨਵਾਦ ਕਰਦਿਆਂ ਆਏ ਲੋਕਾਂ ਨੂੰ ਇਸ ਉਪਰਾਲੇ ਨੂੰ ਘਰ ਘਰ ਪਹੁੰਚਾਉਣ ਲਈ ਕਿਹਾ।

# ਵਿਧਾਇਕ ਵੱਲੋਂ ਮੂਲਿਆਂਵਾਲੀ 'ਚ ਪਾਈਪ ਲਾਈਨ ਪ੍ਰਾਜੈਕਟ ਦਾ ਉਦਘਾਟਨ

## ਕਮਾਲਵਾਲਾ, ਚੱਕ ਡੱਬਵਾਲਾ ਤੇ ਜੰਡਵਾਲਾ ਭੀਮੇ ਸ਼ਾਹ ਵਿਖੇ ਵੀ ਕੀਤੇ ਲਾਇਬ੍ਰੇਰੀਆਂ ਦੇ ਉਦਘਾਟਨ



**ਜਲਾਲਾਬਾਦ (ਜੀਤ ਕੁਮਾਰ)**-ਜਲਾਲਾਬਾਦ ਦੇ ਵਿਧਾਇਕ ਸ੍ਰੀ ਜਗਦੀਪ ਕੰਬੋਜ ਗੋਲਡੀ ਵੱਲੋਂ ਹਲਕੇ ਦੇ ਪਿੰਡ ਮੂਲਿਆਂਵਾਲੀ ਵਿਖੇ 1.52 ਕਰੋੜ ਦੀ ਲਾਗਤ ਨਾਲ ਬਰਸਾਤੀ ਪਾਣੀ ਦੀ ਨਿਕਾਸੀ ਲਈ ਪਾਈਪ ਲਾਈਨ ਪ੍ਰਾਜੈਕਟ ਦਾ ਉਦਘਾਟਨ ਕੀਤਾ ਗਿਆ। ਇਸ ਤੋਂ ਇਲਾਵਾ ਉਨ੍ਹਾਂ ਪਿੰਡ ਕਮਾਲਵਾਲਾ, ਚੱਕ ਡੱਬਵਾਲਾ ਤੇ ਜੰਡਵਾਲਾ ਭੀਮੇ ਸ਼ਾਹ ਵਿਖੇ ਲਾਇਬ੍ਰੇਰੀਆਂ ਦੇ ਉਦਘਾਟਨ ਵੀ ਕੀਤੇ।

ਇਸ ਮੌਕੇ ਬੋਲਦਿਆਂ ਵਿਧਾਇਕ ਗੋਲਡੀ ਕੰਬੋਜ ਨੇ ਕਿਹਾ ਕਿ ਜਿੱਥੇ ਸਾਡੇ ਹਲਕੇ ਦਾ ਪਿੰਡ ਮੂਲਿਆਂਵਾਲੀ ਸੇਮ ਦੀ ਮਾਰ ਹੇਠ ਆਉਂਦਾ ਹੈ, ਉੱਥੇ ਬਾਰਿਸ਼ਾਂ ਆਉਣ ਕਾਰਨ ਪਾਣੀ ਦੀ ਕੋਈ ਨਿਕਾਸੀ ਨਹੀਂ ਸੀ, ਜਿਸ ਲਈ ਅਸੀਂ ਸਾਡੇ ਮਾਨਯੋਗ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਤੇ ਕੈਬਨਿਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਜੀ ਨਾਲ ਗੱਲਬਾਤ ਕੀਤੀ ਤਾਂ ਤੁਰੰਤ ਹੀ ਸਾਡੀ ਸਰਕਾਰ ਨੇ ਮੌਕਾ ਵੇਖ ਕੇ ਪ੍ਰੋਪੋਜ਼ਲ ਤਿਆਰ ਕੀਤੀ ਤੇ ਹੁਣ ਲਗਭਗ ਇੱਕ ਸਾਲ ਦੇ ਅੰਦਰ ਹੀ ਪੰਜਾਬ ਸਰਕਾਰ ਨੇ 1 ਕਰੋੜ 52 ਲੱਖ ਦੀ ਲਾਗਤ ਨਾਲ ਪਾਣੀ ਦੀ ਨਿਕਾਸੀ ਲਈ ਖੇਤਾਂ ਰਾਹੀਂ ਅੰਡਰਗ੍ਰਾਊਂਡ ਪਾਈਪਾਂ ਪਾ ਕੇ ਡਿੱਗੀਆਂ ਬਣਾ ਦਿੱਤੀਆਂ ਤਾਂ ਜੋ ਇਹ ਪਿੰਡ ਬਾਰਿਸ਼ ਦੇ ਪਾਣੀ ਦੀ ਮਾਰ ਹੇਠਾਂ ਨਾ ਆਵੇ। ਹੁਣ ਅੱਜ ਜਦੋਂ ਬਾਰਿਸ਼ ਹੋਈ ਹੈ, ਇਸ ਪਿੰਡ ਵਿੱਚ ਪਾਣੀ ਖੜ੍ਹਾ ਨਹੀਂ ਹੋਇਆ, ਇਸ ਲਈ ਉਹ ਪੰਜਾਬ ਸਰਕਾਰ ਦੇ ਤਹਿ ਦਿਲੋਂ ਧੰਨਵਾਦੀ ਹਨ ਤੇ ਸਾਡਾ ਪਿੰਡ ਮੂਲਿਆਂਵਾਲਾ ਵਧਾਈ ਦਾ ਪਾਤਰ ਹੈ, ਜਿੱਥੇ ਇਹ ਵਿਕਾਸ ਦਾ ਕੰਮ ਹੋਇਆ ਹੈ। ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਕਿਹਾ ਕਿ ਜਿੱਥੇ ਪੰਜਾਬ ਸਰਕਾਰ ਵੱਲੋਂ ਹਲਕੇ ਦੇ ਵਿਕਾਸ ਲਈ ਕਰੋੜਾਂ ਦੀ ਰਾਸ਼ੀ ਜਾਰੀ ਕੀਤੀ ਜਾ ਰਹੀ ਹੈ, ਉੱਥੇ ਹੀ ਸਿੱਖਿਆ ਦੇ ਪੱਧਰ ਨੂੰ ਹੋਰ ਉੱਚਾ ਚੁੱਕਣ ਲਈ ਪਿੰਡ ਕਮਾਲਵਾਲਾ, ਚੱਕ ਡੱਬਵਾਲਾ ਤੇ ਜੰਡਵਾਲਾ ਭੀਮੇ ਸ਼ਾਹ ਵਿਖੇ ਲਾਇਬ੍ਰੇਰੀਆਂ ਦੇ ਉਦਘਾਟਨ ਵੀ ਕੀਤੇ ਗਏ। ਉਨ੍ਹਾਂ ਕਿਹਾ ਕਿ ਲਾਇਬ੍ਰੇਰੀਆਂ ਦੇ ਉਦਘਾਟਨ ਦੇ ਨਾਲ ਪਿੰਡਾਂ ਵਿੱਚ ਖੇਡ ਸਟੇਡੀਅਮ, ਸਾਫ ਪੀਣ ਵਾਲਾ ਪਾਣੀ ਦੇ ਪ੍ਰਾਜੈਕਟ, ਸਿਹਤ ਲਈ ਆਮ ਆਦਮੀ ਕਲੀਨਿਕ ਤੇ ਹਸਪਤਾਲਾਂ ਦਾ ਪੁਨਰਗਠਨ ਤੇ ਨਵੀਨੀਕਰਨ, ਪੰਚਾਇਤ ਘਰ, ਸਕੂਲਾਂ ਦਾ ਨਵੀਨੀਕਰਨ, ਦਾਣਾ ਮੰਡੀ ਵਿੱਚ ਸ਼ੈੱਡ ਤੇ ਗਲੀਆਂ ਨਾਲੀਆਂ ਨੂੰ ਪੱਕਾ ਕਰਨਾ ਆਦਿ ਪ੍ਰਾਜੈਕਟ ਪਿੰਡਾਂ ਵਿੱਚ ਬਣ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਵਿਕਾਸ ਕਾਰਜਾਂ ਸਦਕਾਂ ਹੀ ਹਲਦੇ ਦੇ ਲੋਕ ਤੇ ਨੌਜਵਾਨ ਵਰਗ ਪੰਜਾਬ ਸਰਕਾਰ ਦੇ ਉਪਰਾਲਿਆਂ ਦੀ ਸ਼ਲਾਘਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਉਹ ਆਪਣੇ ਹਲਕੇ ਦੇ ਲੋਕਾਂ ਦੇ ਹਮੇਸ਼ਾ ਨਾਲ ਖੜ੍ਹੇ ਹਨ ਤੇ ਸਾਰੇ ਵਿਕਾਸ ਦੇ ਕਾਰਜ ਬਿਨਾਂ ਭੇਦਭਾਵ ਤੇ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਕੀਤੇ ਜਾ ਰਹੇ ਹਨ।

# ਗਲਤ ਤਰੀਕੇ ਨਾਲ ਰਜਿਸਟਰੀ ਕਰਵਾਉਣ ਦੇ ਦੋਸ਼ 'ਚ 4 ਨਾਮਜ਼ਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਮੱਲਾਂਵਾਲਾ ਵਿਖੇ ਇੱਕ ਵਿਅਕਤੀ ਦੀ ਮਾਲਕੀ ਜ਼ਮੀਨ 5 ਮਰਲੇ ਨੂੰ ਗਲਤ ਤਰੀਕੇ ਨਾਲ ਰਜਿਸਟਰੀ ਕਰਵਾਉਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸੰਬੰਧ ਵਿਚ ਥਾਣਾ ਮੱਲਾਂਵਾਲਾ ਪੁਲਸ ਨੇ 4 ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਬਲਵਿੰਦਰ ਸਿੰਘ ਨੇ ਦੱਸਿਆ ਕਿ ਐੱਸ ਐੱਸ ਪੀ ਫਿਰੋਜ਼ਪੁਰ ਪਾਸੋਂ ਅਪਰੂਵਲ ਮਿਲਣ 'ਤੇ ਪੜਤਾਲੀਆ ਰਿਪੋਰਟ ਸਮੇਤ ਦਰਖਾਸਤਾ ਸਤਪਾਲ ਪੁੱਤਰ ਸੁਰਜੀਤ ਸਿੰਘ ਵਾਸੀ ਵਾਰਡ ਨੰਬਰ 2 ਮੱਲਾਂਵਾਲਾ ਮੌਸੂਲ ਹੋਈ ਹੈ, ਜਿਸ ਵਿਚ ਸਤਪਾਲ ਨੇ ਦੱਸਿਆ ਕਿ ਉਸ ਦੀ ਮਾਲਕੀ ਜ਼ਮੀਨ 5 ਮਰਲੇ ਜਗ੍ਹਾ ਮਖੂ ਫਿਰੋਜ਼ਪੁਰ ਰੋਡ ਮੱਲਾਂਵਾਲਾ ਵਿਖੇ ਹੈ, ਜਿਸ ਦੀ ਗਲਤ ਕਰੀਕੇ ਨਾਲ ਦੋਸ਼ੀਆਨ ਸਾਹਿਬ ਸਿੰਘ ਪੁੱਤਰ ਅਮਰੀਕ ਸਿੰਘ ਵਾਰਡ ਨੰਬਰ 8 ਮੱਲਾਂਵਾਲਾ, ਲਖਵੀਰ ਸਿੰਘ, ਜਸਬੀਰ ਸਿੰਘ ਪੁੱਤਰਾਨ ਪੂਰਨ ਸਿੰਘ ਵਾਸੀਅਨ ਹਾਮਦ ਵਾਲਾ ਹਿਠਾੜ ਅਤੇ ਲਖਵਿੰਦਰ ਸਿੰਘ ਪੁੱਤਰ ਬਾਜ ਸਿੰਘ ਵਾਸੀ ਕਾਲੂ ਵਾਲਾ ਨੇ ਰਜਿਸਟਰ ਕਰਵਾ ਲਈ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਬਲਵਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ ਤੇ ਅੱਗੇ ਦੀ ਜਾਂਚ ਅਜੇ ਜਾਰੀ ਹੈ।

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਨੇ ਵਿਧਾਇਕ ਨੂੰ ਸੌਂਪਿਆ ਮੰਗ ਪੱਤਰ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪੰਜਾਬ ਦੇ ਪੇਂਡੂ ਖੇਤਰਾਂ ਵਿੱਚ ਸਿਹਤ ਸੇਵਾਵਾਂ ਨਿਭਾ ਰਹੇ ਮੈਡੀਕਲ ਪ੍ਰੈਕਟੀਸ਼ਨਰਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਨੇ ਸੰਘਰਸ਼ ਹੋਰ ਤੇਜ਼ ਕਰਨ ਦਾ ਐਲਾਨ ਕੀਤਾ ਹੈ।ਜ਼ਿਲ੍ਹਾ ਪ੍ਰਧਾਨ ਲਾਭ ਸਿੰਘ ਮੰਡੇਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਬਲਾਕ ਮਹਿਲ ਕਲਾਂ ਵੱਲੋਂ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੂੰ ਮੰਗ ਪੱਤਰ ਸੌਂਪ ਕੇ ਸਰਕਾਰ ਤੋਂ ਉਨ੍ਹਾਂ ਦੀਆਂ ਮੰਗਾਂ ਪਹੁੰਚਾਉਣ ਦੀ ਅਪੀਲ ਕੀਤੀ ਗਈ।ਐਸੋਸੀਏਸ਼ਨ ਦੇ ਸੂਬਾਈ ਸੀਨੀਅਰ ਮੀਤ ਪ੍ਰਧਾਨ ਅਮਰਜੀਤ ਸਿੰਘ ਕੁੱਕੂ, ਬਲਦੇਵ ਸਿੰਘ ਧਨੇਰ, ਹਰਮੇਲ ਸਿੰਘ ਮਿੰਟਾ, ਗੁਰਮੇਲ ਸਿੰਘ ਕੁਰੜ, ਬਲਵਿੰਦਰ ਸਿੰਘ ਚੱਕ ਭਾਈ ਕਾ ਦੀ ਅਗਵਾਈ ਹੇਠ ਸੌਂਪੇ ਗਏ ਮੰਗ ਪੱਤਰ ਵਿੱਚ ਕਿਹਾ ਗਿਆ ਕਿ ਹਜ਼ਾਰਾਂ ਮੈਡੀਕਲ ਪ੍ਰੈਕਟੀਸ਼ਨਰ ਪਿਛਲੇ ਕਈ ਦਹਾਕਿਆਂ ਤੋਂ ਪੰਜਾਬ ਦੇ ਪਿੰਡਾਂ ਤੇ ਦੂਰ-ਦੁਰਾਡੇ ਇਲਾਕਿਆਂ ਵਿੱਚ ਲੋਕਾਂ ਨੂੰ ਮੁੱਢਲੀਆਂ ਸਿਹਤ ਸੇਵਾਵਾਂ ਪ੍ਰਦਾਨ ਕਰ ਰਹੇ ਹਨ, ਜਿੱਥੇ ਸਰਕਾਰੀ ਹਸਪਤਾਲ ਜਾਂ ਮਾਹਰ ਡਾਕਟਰਾਂ ਦੀ ਪਹੁੰਚ ਨਹੀਂ, ਉੱਥੇ ਇਹ ਪ੍ਰੈਕਟੀਸ਼ਨਰ ਲੋਕਾਂ ਲਈ ਪਹਿਲਾ ਸਹਾਰਾ ਬਣਦੇ ਹਨ।ਆਗੂਆਂ ਨੇ ਕਿਹਾ ਕਿ 1963 ਤੋਂ ਮੈਡੀਕਲ ਪ੍ਰੈਕਟੀਸ਼ਨਰਾਂ ਦੀ ਰਜਿਸਟ੍ਰੇਸ਼ਨ ਬੰਦ ਪਈ ਹੋਈ ਹੈ ਤੇ ਇਸ ਨੂੰ ਮੁੜ ਸ਼ੁਰੂ ਕਰਨ ਦੀ ਮੰਗ ਕਈ ਸਰਕਾਰਾਂ ਅੱਗੇ ਰੱਖੀ ਜਾ ਚੁੱਕੀ ਹੈ।ਹਰ ਵਾਰ ਭਰੋਸੇ ਤਾਂ ਦਿੱਤੇ ਗਏ, ਪਰ ਅਮਲੀ ਕਾਰਵਾਈ ਨਹੀਂ ਹੋਈ।ਉਨ੍ਹਾਂ ਮੰਗ ਕੀਤੀ ਕਿ ਮੈਡੀਕਲ ਪ੍ਰੈਕਟੀਸ਼ਨਰਾਂ ਦੀ ਰਜਿਸਟ੍ਰੇਸ਼ਨ ਤੁਰੰਤ ਮੁੜ ਖੋਲ੍ਹੀ ਜਾਵੇ, ਉਨ੍ਹਾਂ ਨੂੰ ਕਾਨੂੰਨੀ ਤੌਰ 'ਤੇ ਕੰਮ ਕਰਨ ਦਾ ਅਧਿਕਾਰ ਦਿੱਤਾ ਜਾਵੇ ਤੇ ਪੇਂਡੂ ਸਿਹਤ ਪ੍ਰਣਾਲੀ ਵਿੱਚ ਉਨ੍ਹਾਂ ਦੇ ਯੋਗਦਾਨ ਨੂੰ ਮਾਨਤਾ ਦਿੱਤੀ ਜਾਵੇ। ਆਗੂਆਂ ਨੇ ਕਿਹਾ ਕਿ ਜੇਕਰ ਸਰਕਾਰ ਨੇ ਜਲਦੀ ਕੋਈ ਠੋਸ ਫ਼ੈਸਲਾ ਨਾ ਲਿਆ ਤਾਂ ਸੂਬਾ ਪੱਧਰ 'ਤੇ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ।ਵਿਧਾਇਕ ਪੰਡੋਰੀ ਨੇ ਐਸੋਸੀਏਸ਼ਨ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਮੰਗਾਂ ਜਾਇਜ਼ ਹਨ ਤੇ ਉਹ ਇਸ ਮਾਮਲੇ ਨੂੰ ਸਰਕਾਰ ਦੇ ਧਿਆਨ ਵਿੱਚ ਲਿਆ ਕੇ ਹੱਲ ਕਰਨ ਲਈ ਯਤਨ ਕਰਨਗੇ।

# 'ਆਯੁਸ਼ਮਾਨ ਆਰੋਗਿਆ ਕੇਂਦਰ' ਦਾ ਵਿਧਾਇਕ ਵੱਲੋਂ ਉਦਘਾਟਨ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਆਮ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਹੀ ਬਿਹਤਰ ਤੇ ਮੁਫ਼ਤ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਦੇ ਮਨੋਰਥ ਨਾਲ ਮਾਲੇਰਕੋਟਲਾ ਤੋਂ ਵਿਧਾਇਕ ਡਾ. ਜਮੀਲ ਉਰ ਰਹਿਮਾਨ ਵੱਲੋਂ ਅੱਜ ਜ਼ਿਲ੍ਹੇ ਦੇ 15ਵੇਂ 'ਆਯੁਸ਼ਮਾਨ ਆਰੋਗਿਆ ਕੇਂਦਰ' ਦਾ ਰਸਮੀ ਉਦਘਾਟਨ ਕੀਤਾ ਗਿਆ।ਉਦਘਾਟਨ ਤੋਂ ਬਾਅਦ ਵਿਧਾਇਕ ਨੇ ਕੇਂਦਰ ਵਿੱਚ ਉਪਲਬਧ ਦਵਾਈਆਂ, ਟੈਸਟਾਂ ਤੇ ਹੋਰ ਸਹੂਲਤਾਂ ਦਾ ਬਾਰੀਕੀ ਨਾਲ ਜਾਇਜ਼ਾ ਲਿਆ ਤੇ ਸਿਹਤ ਵਿਭਾਗ ਦੇ ਇਸ ਸ਼ਲਾਘਾਯੋਗ ਯਤਨ ਦੀ ਭਰਪੂਰ ਪ੍ਰਸ਼ੰਸਾ ਕੀਤੀ।ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਇਕ ਜਮੀਲ ਉਰ ਰਹਿਮਾਨ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਹਰ ਨਾਗਰਿਕ ਨੂੰ ਉੱਚ ਦਰਜੇ ਦੀਆਂ ਮੁਫ਼ਤ ਤੇ ਮਿਆਰੀ ਸਿਹਤ ਸੇਵਾਵਾਂ ਦੇਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਸਾਡਾ ਮੁੱਖ ਮਕਸਦ ਲੋਕਾਂ ਨੂੰ ਇਲਾਜ ਲਈ ਦੂਰ-ਦੁਰਾਡੇ ਵੱਡੇ ਹਸਪਤਾਲਾਂ ਦੇ ਗੇੜਿਆਂ ਤੇ ਭਾਰੀ ਖ਼ਰਚਿਆਂ ਤੋਂ ਨਿਜਾਤ ਦਿਵਾਉਣਾ ਹੈ।ਇਸ ਉਦਘਾਟਨੀ ਸਮਾਰੋਹ ਦੌਰਾਨ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਸੀਮਾ ਜੱਸਲ, ਜ਼ਿਲ੍ਹਾ ਹਸਪਤਾਲ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਸੁਖਵਿੰਦਰ ਸਿੰਘ, ਸਿਹਤ ਵਿਭਾਗ ਦੀ ਪੂਰੀ ਡਾਕਟਰੀ ਟੀਮ ਤੋਂ ਇਲਾਵਾ ਕੌਂਸਲਰ ਮੁਨਸ਼ੀ ਫਾਰੂਕ ਅਹਿਮਦ, ਅਸ਼ਰਫ਼, ਅਜ਼ਹਰ ਮੁਨੀਮ, ਹਾਜੀ ਨੂਰਦੀਨ, ਚੌਧਰੀ ਬਸ਼ੀਰ, ਮੁਹੰਮਦ ਹਨੀਫ਼, ਮੁਹੰਮਦ ਜਮੀਲ, ਮੁਹੰਮਦ ਜਮੀਲ ਦਾਰਾ, ਅਸ਼ਫ਼ਾਕ ਅਬਦੁੱਲਾ, ਚੌਧਰੀ ਜਹੀਰ, ਸਟਾਫ ਮੈਂਬਰ ਤੇ ਵੱਡੀ ਗਿਣਤੀ 'ਚ ਮੁਹੱਲਾ ਨਿਵਾਸੀ ਹਾਜ਼ਰ ਸਨ।

# ਕਲਗੀਧਰ ਟਰੱਸਟ ਬੜੂ ਸਾਹਿਬ ਦਾ ਨਾਂਅ ਵਿਸ਼ਵ ਰਿਕਾਰਡ 'ਚ ਦਰਜ, ਅਕੈਡਮੀ 'ਚ ਖ਼ੁਸ਼ੀ ਦੀ ਲਹਿਰ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਕਲਗੀਧਰ ਟਰੱਸਟ ਬੜੂ ਸਾਹਿਬ ਅਧੀਨ ਚੱਲ ਰਹੀਆਂ 131 ਅਕਾਲ ਅਕੈਡਮੀਆਂ ਵੱਲੋਂ 'ਅਸੀਂ ਨਸ਼ਾ-ਮੁਕਤ ਹਾਂ' ਮੁਹਿੰਮ ਤਹਿਤ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ।ਇਸ ਦੌਰਾਨ ਹਜ਼ਾਰਾਂ ਵਿਦਿਆਰਥੀਆਂ ਨੇ ਆਪਣੇ-ਆਪਣੇ ਸਕੂਲਾਂ ਦੇ ਖੇਡ ਮੈਦਾਨਾਂ ਵਿੱਚ ਇਕੱਠੇ ਹੋ ਕੇ 'ਅਸੀਂ ਨਸ਼ਾ-ਮੁਕਤ ਹਾਂ' ਦਾ ਵਿਸ਼ਾਲ ਮਨੁੱਖੀ ਆਕਾਰ ਤਿਆਰ ਕਰਕੇ ਨਸ਼ਾ-ਮੁਕਤ ਸਮਾਜ ਦਾ ਸੰਦੇਸ਼ ਦਿੱਤਾ।ਇਸ ਵਿਲੱਖਣ ਤੇ ਪ੍ਰਭਾਵਸ਼ਾਲੀ ਉਪਰਾਲੇ ਦੀ ਸ਼ਲਾਘਾ ਕਰਦਿਆਂ ਵਰਲਡ ਬੁੱਕ ਆਫ਼ ਰਿਕਾਰਡਜ਼ ਲੰਡਨ ਵੱਲੋਂ ਕਲਗੀਧਰ ਟਰੱਸਟ ਬੜੂ ਸਾਹਿਬ ਦਾ ਨਾਂਅ ਵਿਸ਼ਵ ਰਿਕਾਰਡ 'ਚ ਦਰਜ ਕੀਤਾ ਗਿਆ।ਇਸ ਸ਼ਾਨਦਾਰ ਪ੍ਰਾਪਤੀ ਲਈ ਟਰੱਸਟ ਨੂੰ ਵਿਸ਼ੇਸ਼ ਪ੍ਰਮਾਣ-ਪੱਤਰ ਵੀ ਭੇਟ ਕੀਤਾ ਗਿਆ।ਇਸ ਉਪਲਬਧੀ 'ਤੇ ਅਕਾਲ ਅਕੈਡਮੀ ਮਨਾਲ ਦੇ ਪ੍ਰਿੰਸੀਪਲ, ਅਧਿਆਪਕਾਂ, ਵਿਦਿਆਰਥੀਆਂ ਤੇ ਮਾਪਿਆਂ ਨੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਇਹ ਸਨਮਾਨ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਲਈ ਕਲਗੀਧਰ ਟਰੱਸਟ ਦੇ ਨਿਰੰਤਰ ਯਤਨਾਂ ਦੀ ਕਾਮਯਾਬੀ ਦਾ ਪ੍ਰਤੀਕ ਹੈ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਅੱਗੇ ਵੀ ਅਜਿਹੀਆਂ ਸਮਾਜਿਕ ਜਾਗਰੂਕਤਾ ਮੁਹਿੰਮਾਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ ਜਾਵੇਗਾ।

# ਸਰਕਾਰੀ ਸੀਨੀ. ਸੈਕੰ. ਸਕੂਲ ਲਲਤੋਂ ਕਲਾਂ 'ਚ ਸਨਮਾਨ ਸਮਾਗਮ



**ਰਾਏਕੋਟ (ਸੰਤੋਖ ਗਿੱਲ)**-ਗ਼ਦਰੀ ਬਾਬਾ ਗੁਰਮੁਖ ਸਿੰਘ ਲਲਤੋਂ ਯਾਦਗਾਰ ਕਮੇਟੀ ਲਲਤੋਂ ਖੁਰਦ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲਲਤੋਂ ਕਲਾਂ ਵਿੱਚ 34ਵਾਂ ਸਲਾਨਾ ਸਨਮਾਨ ਸਮਾਗਮ ਕਰਵਾਇਆ ਗਿਆ।ਦੇਸ਼ ਭਗਤ ਗ਼ਦਰੀ ਬਾਬਾ ਗੁਰਮੁਖ ਸਿੰਘ ਲਲਤੋਂ ਸਮੇਤ ਗ਼ਦਰੀ ਸ਼ਹੀਦਾਂ ਨੂੰ ਵਿਦਿਆਰਥੀਆਂ, ਅਧਿਆਪਕਾਂ ਤੇ ਕਮੇਟੀ ਮੈਂਬਰਾਂ ਨੇ 2 ਮਿੰਟ ਮੋਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ। ਪ੍ਰਧਾਨ ਰਣਜੀਤ ਸਿੰਘ ਜੀਤੂ, ਜਸਦੇਵ ਸਿੰਘ ਲਲਤੋਂ, ਰੂਪ ਸਿੰਘ, ਪ੍ਰਿੰਸੀਪਲ ਜਗਦੀਪ ਕੌਰ ਸਿੱਧੂ, ਮਲਕੀਤ ਸਿੰਘ ਬੱਦੋਵਾਲ ਤੇ ਕਰਮਜੀਤ ਸਿੰਘ ਮਨੀਲਾ ਦੀ ਪ੍ਰਧਾਨਗੀ ਹੇਠ ਹੋਏ ਸਮਾਗਮ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਬੁਲਾਰਿਆਂ ਨੇ ਗ਼ਦਰੀ ਦੇਸ਼ ਭਗਤਾਂ ਦੇ ਮਿਸ਼ਨ ਤੇ ਕੁਰਬਾਨੀਆਂ, ਲੋਕ ਪੱਖੀ ਸਹਿਤ ਤੇ ਸੱਭਿਆਚਾਰ, ਅਜੋਕੇ ਦੌਰ ਵਿੱਚ ਕਿਤਾਬਾਂ ਤੇ ਲਾਇਬ੍ਰੇਰੀਆਂ ਦੀ ਮਹੱਤਤਾ, ਮਾਂ ਬੋਲੀ ਪੰਜਾਬੀ ਦੇ ਸਥਾਨ ਅਤੇ ਇਨਸਾਨੀ ਕਦਰਾਂ ਕੀਮਤਾਂ ਬਾਰੇ ਚਾਨਣਾ ਪਾਇਆ।ਹਰ ਸਾਲ ਦੀ ਤਰ੍ਹਾਂ ਸਵਰਗੀ ਪਰਮਜੀਤ ਸਿੰਘ ਬਿੱਟੂ ਮਨੀਲਾ ਸਪੁੱਤਰ ਜਥੇਦਾਰ ਜਸਵੰਤ ਸਿੰਘ ਲਲਤੋਂ ਕਲਾਂ ਦੇ ਪਰਿਵਾਰਾਂ ਵੱਲੋਂ ਦੇ ਦਰਜਨ ਲੋੜਵੰਦ ਬੱਚਿਆਂ ਦੀ ਸਾਲ ਭਰ ਦੀਆਂ ਫ਼ੀਸਾਂ ਦੀ ਰਕਮ ਕਲਾਸ ਇੰਚਾਰਜਾਂ ਦੇ ਹਵਾਲੇ ਕਰ ਦਿੱਤੀ ਗਈ।

ਬੋਰਡ ਪ੍ਰੀਖਿਆਵਾਂ ਵਿੱਚ ਸੀਨੀਅਰ ਸੈਕੰਡਰੀ ਸਕੂਲ ਦੀ ਅੱਠਵੀਂ ਜਮਾਤ ਦੀ ਅੰਮ੍ਰਿਤਦੀਪ ਕੌਰ, ਰੀਤੂ ਕੁਮਾਰੀ ਤੇ ਸੁਖਮਨਦੀਪ ਕੌਰ, ਦਸਵੀਂ ਜਮਾਤ ਦੀ ਨਵਦੀਪ ਕੌਰ, ਮਨਵੀਰ ਸਿੰਘ, ਕੁਲਜੀਤ ਕੌਰ ਅਤੇ +2 ਦੇ ਆਸ਼ਮਾ ਮਹਿਕ, ਪੂਜਾ ਦੇਵੀ ਤੇ ਜੱਸੀ ਪਾਠਕ ਕ੍ਰਮਵਾਰ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਤੋਂ ਇਲਾਵਾ, ਮਿਡਲ ਸਕੂਲ ਲਲਤੋਂ ਖ਼ੁਰਦ ਦੇ ਅੱਠਵੀਂ ਜਮਾਤ ਦੇ ਕਰਨ ਪਾਠਕ, ਅਰਜੁਨ ਕੁਮਾਰ, ਸਚਿਨ ਕੁਮਾਰ ਤੇ ਪ੍ਰਾਇਮਰੀ ਸਕੂਲ ਲਲਤੋਂ ਕਲਾਂ ਦੇ ਪੰਜਵੀਂ ਜਮਾਤ ਦੇ ਅਮਨਦੀਪ, ਅਮਿਤ ਕੁਮਾਰ, ਖ਼ੁਸ਼ੀ ਕੁਮਾਰੀ, ਪ੍ਰਾਇਮਰੀ ਸਕੂਲ ਲਲਤੋਂ ਖ਼ੁਰਦ ਦੇ ਪੰਜਵੀਂ ਜਮਾਤ ਦੀ ਵਰਸ਼ਾ ਕੁਮਾਰੀ, ਮੁਹੰਮਦ ਫ਼ਰਹਾਨ ਅਲੀ, ਮਹਿਕ ਨੂੰ ਪੁਸਤਕਾਂ ਦੇ ਸੈੱਟ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸਕੂਲ ਸਟਾਫ਼ ਤੋਂ ਇਲਾਵਾ ਕਈ ਪਤਵੰਤੇ ਸੱਜਣ ਮੌਜੂਦ ਸਨ।

# ਸਫ਼ਾਈ ਮਹਿਲਾ ਕਰਮਚਾਰੀਆਂ ਨਾਲ ਮਾੜਾ ਸਲੂਕ ਬੇਹੱਦ ਸ਼ਰਮਨਾਕ : ਸ਼ਰਮਾ



**ਮੱਖੂ (ਰਛਪਾਲ ਸਿੰਘ ਸੰਧੂ)**-ਪਿਛਲੇ ਕਈ ਦਿਨਾਂ ਤੋਂ ਆਪਣੀਆਂ ਹੱਕੀ ਮੰਗਾਂ ਦੇ ਸਬੰਧ ਵਿੱਚ ਸੂਬੇ ਭਰ ਵਿੱਚ ਵੱਖ ਵੱਖ ਨਗਰ ਪੰਚਾਇਤਾਂ ਤੇ ਨਗਰ ਕੌਂਸਲਾਂ ਦੇ ਦਫਤਰਾਂ ਅੱਗੇ ਸਫਾਈ ਕਰਮਚਾਰੀਆਂ ਦੇ ਧਰਨੇ ਜਾਰੀ ਹਨ, ਜਿਸ ਕਾਰਨ ਸ਼ਹਿਰਾਂ ਵਿੱਚ ਲੱਗੇ ਹੋਏ ਗੰਦਗੀ ਦੇ ਢੇਰਾਂ ਕਾਰਨ ਲੋਕਾਂ ਨੂੰ ਕਾਫੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਨਗਰ ਪੰਚਾਇਤ ਮੱਖੂ ਵਿਖੇ ਸਫਾਈ ਕਰਮਚਾਰੀਆਂ ਦੇ ਚੱਲ ਰਹੇ ਧਰਨੇ ਵਿੱਚ ਕਾਂਗਰਸ ਕਮੇਟੀ ਬਲਾਕ ਮੱਖੂ ਦੇ ਸ਼ਹਿਰੀ ਪ੍ਰਧਾਨ ਸ਼ਿਵ ਸਾਗਰ ਸ਼ਰਮਾ ਆਪਣੇ ਸਾਥੀਆਂ ਸਮੇਤ ਸਫਾਈ ਸੇਵਕਾਂ ਦੀ ਹਮਾਇਤ 'ਤੇ ਪਹੁੰਚੇ।ਇਸ ਮੌਕੇ ਉਨ੍ਹਾਂ ਸਾਬਕਾ ਐਮ ਸੀ ਰਵੀ ਚੋਪੜਾ, ਯੂਥ ਆਗੂ ਸ਼ਿਵਾਂਸ਼ ਸ਼ਰਮਾ ਅਤੇ ਹੋਰ ਕਾਂਗਰਸੀ ਆਗੂ ਤੇ ਵਰਕਰ ਹਾਜ਼ਰ ਸਨ।ਇਸ ਮੌਕੇ ਸ਼ਿਵ ਸਾਗਰ ਸ਼ਰਮਾ ਨੇ ਬਰਨਾਲਾ ਵਿਖੇ ਸਫਾਈ ਕਰਮਚਾਰੀਆਂ 'ਤੇ ਹੋਏ ਲਾਠੀਚਾਰਜ ਦੀ ਨਿੰਦਿਆ ਕਰਦਿਆਂ ਕਿਹਾ ਕਿ ਸਫਾਈ ਕਰਮਚਾਰੀਆਂ, ਖਾਸ ਕਰਕੇ ਮਹਿਲਾਂ ਕਰਮਚਾਰੀਆਂ ਨਾਲ ਕੀਤਾ ਗਿਆ ਮਾੜਾ ਸਲੂਕ ਬੇਹੱਦ ਸ਼ਰਮਨਾਕ ਹੈ।ਲੋਕਤੰਤਰ ਵਿੱਚ ਹਰ ਕਰਮਚਾਰੀ ਨੂੰ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਸ਼ਾਂਤਮਈ ਰੋਸ ਪ੍ਰਦਰਸ਼ਨ ਕਰਨ ਦਾ ਸੰਪੂਰਨ ਅਧਿਕਾਰ ਹੈ।ਪੰਜਾਬ ਸਰਕਾਰ ਵੱਲੋਂ ਕਰਮਚਾਰੀਆਂ ਦੀਆਂ ਮੰਗਾਂ ਸੁਣਨ ਦੀ ਬਜਾਏ ਉਨ੍ਹਾਂ 'ਤੇ ਲਾਠੀਚਾਰਜ ਕਰਵਾਉਣਾ ਬਹੁਤ ਹੀ ਨਿੰਦਣਯੋਗ ਹੈ।ਇਸ ਘਟਨਾ ਲਈ ਜ਼ਿੰਮੇਵਾਰ ਪੁਲਸ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ।

# ਨਗਰ ਕੌਂਸਲ ਦੀ ਪ੍ਰਧਾਨਗੀ ਦੇ ਪੇਚ 'ਚ ਉਲਝਿਆ ਸ਼ਹਿਰ ਦਾ ਵਿਕਾਸ

## ਗਣਿਤ ਦੇ ਅਲਜਬਰੇ ਵਾਂਗ ਉਲਝੀ ਧੂਰੀ ਨਗਰ ਕੌਂਸਲ ਦੀ ਪ੍ਰਧਾਨਗੀ


**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਧੂਰੀ ਨਗਰ ਕੌਂਸਲ ਦੀ ਪ੍ਰਧਾਨਗੀ ਨੂੰ ਲੈ ਕੇ ਸੱਤਾਧਾਰੀ ਧਿਰ ਦੇ ਅੰਦਰੂਨੀ ਖੇਮੇ ਵਿੱਚ ਪਿਆ ਪੇਚ ਹੁਣ ਤੱਕ ਸੁਲਝਣ ਦਾ ਨਾਂ ਨਹੀਂ ਲੈ ਰਿਹਾ। ਹਾਲਾਂਕਿ ਚੋਣ ਨਤੀਜਿਆਂ ਨੂੰ ਆਏ ਚੋਖਾ ਸਮਾਂ ਬੀਤ ਚੁੱਕਾ ਹੈ, ਪਰ ਪ੍ਰਧਾਨਗੀ ਦੀ ਕੁਰਸੀ ਲਈ ਚੱਲ ਰਹੀ ਰੱਸਾਕਸ਼ੀ ਨੇ ਪੂਰੇ ਪ੍ਰਸ਼ਾਸਨਿਕ ਢਾਂਚੇ ਨੂੰ ਹਲੂਣ ਕੇ ਰੱਖ ਦਿੱਤਾ ਹੈ।ਆਮ ਆਦਮੀ ਪਾਰਟੀ ਨੇ 26 ਮਈ ਨੂੰ ਹੋਈਆਂ ਵੋਟਾਂ ਤੋਂ ਬਾਅਦ 29 ਮਈ ਦੇ ਆਏ ਨਤੀਜਿਆਂ ਵਿੱਚ 21 ਵਿੱਚੋਂ 19 ਸੀਟਾਂ 'ਤੇ ਹੂੰਝਾਫੇਰ ਜਿੱਤ ਦਰਜ ਕਰਕੇ ਬਹੁਮਤ ਤਾਂ ਹਾਸਲ ਕਰ ਲਿਆ ਸੀ, ਪਰ ਐਨੇ ਵੱਡੇ ਫ਼ਤਵੇ ਦੇ ਬਾਵਜੂਦ ਸਹਿਮਤੀ ਨਾ ਬਣਨਾ ਸਿਆਸੀ ਗਲਿਆਰਿਆਂ ਵਿੱਚ ਕਈ ਗੰਭੀਰ ਸਵਾਲ ਖੜ੍ਹੇ ਕਰਦਾ ਹੈ।ਨਗਰ ਕੌਂਸਲ ਦੇ ਮੁਖੀ ਦੀ ਚੋਣ ਨਿਰੰਤਰ ਲਟਕਣ ਕਰਕੇ ਸ਼ਹਿਰੀਆਂ ਵਿੱਚ ਭਾਰੀ ਨਿਰਾਸ਼ਾ ਤੇ ਮਾਯੂਸੀ ਦੀ ਲਹਿਰ ਫੈਲ ਚੁੱਕੀ ਹੈ।ਸ਼ਹਿਰ ਦੀਆਂ ਮੁੱਖ ਬੁਨਿਆਦੀ ਸਮੱਸਿਆਵਾਂ ਜਿਵੇਂ ਕਿ ਸਫ਼ਾਈ ਵਿਵਸਥਾ, ਸਟਰੀਟ ਲਾਈਟਾਂ ਦੀ ਮੁਰੰਮਤ, ਪੀਣ ਵਾਲੇ ਸਾਫ਼ ਪਾਣੀ ਦੀ ਨਿਯਮਤ ਸਪਲਾਈ ਤੇ ਗੰਦੇ ਪਾਣੀ ਦੀ ਨਿਕਾਸੀ ਦੇ ਪ੍ਰਬੰਧ ਬਿਨਾਂ ਕਿਸੇ ਠੋਸ ਅਗਵਾਈ ਦੇ ਰੁਲ ਰਹੇ ਹਨ।ਆਮ ਲੋਕਾਂ ਦਾ ਮੰਨਣਾ ਹੈ ਕਿ ਉਨ੍ਹਾਂ ਨੇ ਸਰਕਾਰ 'ਤੇ ਪੂਰਾ ਵਿਸ਼ਵਾਸ ਜਤਾਉਂਦਿਆਂ ਇੱਕਪਾਸੜ ਫ਼ਤਵਾ ਦਿੱਤਾ ਸੀ, ਪਰ ਹੁਣ ਆਗੂਆਂ ਦੀ ਨਿੱਜੀ ਖਿੱਚੋਤਾਣ ਤੇ ਪ੍ਰਧਾਨਗੀ ਦੇ ਵਿਵਾਦ ਕਾਰਨ ਸ਼ਹਿਰ ਦਾ ਵਿਕਾਸ ਪੂਰੀ ਤਰ੍ਹਾਂ ਲੀਹੋਂ ਲਹਿ ਕੇ ਖੜੋਤ ਦਾ ਸ਼ਿਕਾਰ ਹੋ ਗਿਆ ਹੈ।ਚਰਚਾਵਾਂ ਦਾ ਬਾਜ਼ਾਰ ਗਰਮ ਹੈ ਕਿ ਪਾਰਟੀ ਹਾਈਕਮਾਂਡ ਵੱਲੋਂ ਇੱਕ ਵਿਸ਼ੇਸ਼ ਨਿਗਰਾਨ ਭੇਜ ਕੇ ਸ਼ਹਿਰ ਦੀ ਅਸਲ ਸਥਿਤੀ ਤੇ ਕੌਂਸਲਰਾਂ ਦੀ ਅੰਦਰੂਨੀ ਰਾਏ ਸਬੰਧੀ ਗੁਪਤ ਰਿਪੋਰਟ ਵੀ ਤਿਆਰ ਕਰਵਾਈ ਗਈ ਹੈ।ਇਸ ਦੇ ਬਾਵਜੂਦ, ਪ੍ਰਧਾਨਗੀ ਦੇ ਸੰਭਾਵੀ ਦਾਅਵੇਦਾਰਾਂ ਦੀ ਆਪਸੀ ਖਿੱਚੋਤਾਣ ਤੇ ਸਿਆਸੀ ਇੱਛਾ-ਸ਼ਕਤੀ ਦੀ ਘਾਟ ਕਾਰਨ ਮਾਮਲਾ ਅਜੇ ਵੀ ਜਿਉਂ ਦਾ ਤਿਉਂ ਲਟਕ ਰਿਹਾ ਹੈ।ਪ੍ਰਸ਼ਾਸਨਕ ਅਧਿਕਾਰੀ ਵੀ ਬਿਨਾਂ ਚੁਣੇ ਹੋਏ ਨੁਮਾਇੰਦੇ ਦੀ ਹਾਜ਼ਰੀ ਤੋਂ ਕੋਈ ਵੀ ਵੱਡਾ ਨੀਤੀਗਤ ਫ਼ੈਸਲਾ ਲੈਣ ਤੋਂ ਝਿਜਕ ਰਹੇ ਹਨ, ਜਿਸ ਦਾ ਸਿੱਧਾ ਅਸਰ ਆਮ ਜਨਜੀਵਨ 'ਤੇ ਪੈ ਰਹਾ ਹੈ।ਸਥਾਨਕ ਦੁਕਾਨਦਾਰਾਂ ਤੇ ਵਪਾਰੀਆਂ ਦਾ ਕਹਿਣਾ ਹੈ ਕਿ ਬਰਸਾਤ ਦੇ ਮੌਸਮ ਵਿੱਚ ਸ਼ਹਿਰ ਦੇ ਮੁੱਖ ਬਾਜ਼ਾਰਾਂ ਤੇ ਨੀਵੇਂ ਇਲਾਕਿਆਂ ਵਿੱਚ ਜਲ-ਥਲ ਦੀ ਸਥਿਤੀ ਬਣ ਜਾਂਦੀ ਹੈ।ਲੋਕਾਂ ਦੀ ਪਾਰਟੀ ਹਾਈਕਮਾਂਡ ਤੇ ਸਥਾਨਕ ਲੀਡਰਸ਼ਿਪ ਤੋਂ ਪੁਰਜ਼ੋਰ ਮੰਗ ਹੈ ਕਿ ਗਣਿਤ ਦੇ ਅਲਜਬਰੇ ਵਾਂਗ ਉਲਝੀ ਧੂਰੀ ਨਗਰ ਕੌਂਸਲ ਦੀ ਪ੍ਰਧਾਨਗੀ ਦੇ ਮਸਲੇ ਨੂੰ ਜਲਦੀ ਸੁਲਝਾ ਕੇ ਨਗਰ ਕੌਂਸਲ ਦੇ ਪ੍ਰਧਾਨ ਦੀ ਚੋਣ ਨੂੰ ਅੰਤਿਮ ਛੋਹਾਂ ਦਿੱਤੀਆਂ ਜਾਣ, ਤਾਂ ਜੋ ਅਟਕੇ ਪਏ ਵਿਕਾਸ ਕਾਰਜਾਂ ਨੂੰ ਮੁੜ ਪਟਰੀ 'ਤੇ ਲਿਆਂਦਾ ਜਾ ਸਕੇ।

# ਨਜਾਇਜ਼ ਸ਼ਰਾਬ ਸਮੇਤ ਕਾਬੂ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਥਾਣਾ ਕੋਟਭਾਈ ਪੁਲਸ ਨੇ ਇੱਕ ਵਿਅਕਤੀ ਨੂੰ ਨਜਾਇਜ਼ ਸ਼ਰਾਬ ਸਮੇਤ ਕਾਬੂ ਕਰਕੇ ਉਸ ਖਿਲਾਫ ਮਾਮਲਾ ਦਰਜ ਕੀਤਾ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ ਐੱਚ ਸੀ ਗੁਰਪ੍ਰੀਤ ਸਿੰਘ ਸਾਥੀ ਕਰਮਚਾਰੀਆਂ ਨਾਲ ਦੌਰਾਨੇ ਗਸ਼ਤ ਜਦੋਂ ਬੱਸ ਸਟੈਂਡ ਪਿੰਡ ਸੁਖਨਾ ਅਬਲੂ ਵਿਖੇ ਮੌਜੂਦ ਸੀ, ਤਾਂ ਮੁਖਬਰ ਨੇ ਇਤਲਾਹ ਦਿੱਤੀ ਕਿ ਜਗਮੀਤ ਸਿੰਘ ਉਰਫ ਜੱਗੂ ਪੁੱਤਰ ਚੰਬਾ ਸਿੰਘ ਵਾਸੀ ਸੁਖਨਾ ਅਬਲੂ ਬਾਹਰੀ ਰਾਜਾਂ ਤੋਂ ਸ਼ਰਾਬ ਠੇਕਾ ਦੇਸੀ ਲਿਆ ਕੇ ਮਹਿੰਗੇ ਭਾਅ 'ਤੇ ਵੇਚਣ ਦਾ ਆਦੀ ਹੈ।ਉਕਤ ਮਾਮਲੇ ਵਿੱਚ ਕਾਰਵਾਈ ਕਰਦੇ ਹੋਏ ਪੁਲਸ ਨੇ ਜਗਮੀਤ ਸਿੰਘ ਉਰਫ ਜੱਗੂ ਪਾਸੋਂ 36 ਬੋਤਲਾਂ ਸ਼ਰਾਬ ਮਸਤੀ ਮਾਲਟਾ ਬਰਾਮਦ ਕਰਕੇ ਉਸ ਖਿਲਾਫ ਐਕਸਾਈਜ਼ ਐਕਟ ਅਧੀਨ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਸਬ-ਇੰਸਪੈਕਟਰ ਚਰਨਜੀਤ ਸਿੰਘ ਮਾਛੀਵਾੜਾ ਥਾਣੇ ਦੇ ਨਵੇਂ ਮੁਖੀ ਬਣੇ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਐੱਸ.ਐੱਸ.ਪੀ. ਖੰਨਾ ਡਾ. ਦਰਪਣ ਆਹੂਲਵਾਲੀਆ ਵੱਲੋਂ ਜਾਰੀ ਆਦੇਸ਼ਾਂ ਤਹਿਤ ਸਬ-ਇੰਸਪੈਕਟਰ ਚਰਨਜੀਤ ਸਿੰਘ ਨੂੰ ਮਾਛੀਵਾੜਾ ਥਾਣਾ ਦਾ ਨਵਾਂ ਮੁਖੀ ਨਿਯੁਕਤ ਕੀਤਾ ਗਿਆ ਹੈ। ਇੱਥੇ ਤਾਇਨਾਤ ਇੰਸਪੈਕਟਰ ਅਜਿਤੇਸ਼ ਕੌਸ਼ਲ ਦਾ ਤਬਾਦਲਾ ਕਰ ਦਿੱਤਾ ਗਿਆ ਹੈ। ਸਬ-ਇੰਸਪੈਕਟਰ ਚਰਨਜੀਤ ਸਿੰਘ ਵੱਲੋਂ ਮਾਛੀਵਾੜਾ ਥਾਣਾ ਵਿਖੇ ਆ ਕੇ ਆਪਣਾ ਅਹੁਦਾ ਸੰਭਾਲ ਲਿਆ ਗਿਆ ਹੈ। ਸਬ-ਇੰਸਪੈਕਟਰ ਚਰਨਜੀਤ ਸਿੰਘ ਖੰਨਾ ਤੋਂ ਬਦਲ ਕੇ ਇੱਥੇ ਆਏ ਹਨ, ਜੋ ਕਿ ਪਹਿਲਾਂ ਮਲੌਦ ਥਾਣਾ ਵਿਖੇ ਆਪਣੀਆਂ ਸੇਵਾਵਾਂ ਨਿਭਾਅ ਚੁੱਕੇ ਹਨ।

# ਆਰੀਅਨਜ਼ ਗਰੁੱਪ ਵੱਲੋਂ ਕਾਰਗਿਲ ਵਿਜੇ ਦਿਵਸ ਮੌਕੇ ਸ਼ਿਕਾਰਾ ਰੇਸ ਦਾ ਆਯੋਜਨ

## ਚੇਅਰਮੈਨ ਡਾ. ਅੰਸ਼ੂ ਕਟਾਰੀਆ ਨੇ ਡੱਲ ਝੀਲ 'ਤੇ ਰੇਸ ਨੂੰ ਹਰੀ ਝੰਡੀ ਦਿਖਾ ਕੇ ਕੀਤਾ ਰਵਾਨਾ



**ਰਾਜਪੁਰਾ (ਰਮੇਸ਼ ਕਟਾਰੀਆ)**

1999 ਦੀ ਕਾਰਗਿਲ ਜੰਗ ਦੇ ਨਾਇਕਾਂ ਦੀ ਬੇਮਿਸਾਲ ਬਹਾਦਰੀ ਤੇ ਮਹਾਨ ਕੁਰਬਾਨੀ ਨੂੰ ਦਿਲੋਂ ਸ਼ਰਧਾਂਜਲੀ ਭੇਟ ਕਰਦਿਆਂ, ਆਰੀਅਨਜ਼ ਗਰੁੱਪ ਆਫ਼ ਕਾਲਜਿਜ਼ ਨੇ ਕਾਰਗਿਲ ਵਿਜੇ ਦਿਵਸ ਮੌਕੇ ਸ੍ਰੀਨਗਰ ਦੀ ਡੱਲ ਝੀਲ ਦੇ ਘਾਟ ਨੰਬਰ 18 'ਤੇ ਆਪਣੀ 10ਵੀਂ ਸ਼ਿਕਾਰਾ ਰੇਸ ਦਾ ਆਯੋਜਨ ਕੀਤਾ।ਆਰੀਅਨਜ਼ ਗਰੁੱਪ ਆਫ਼ ਕਾਲਜਿਜ਼ ਦੇ ਚੇਅਰਮੈਨ ਡਾ. ਅੰਸ਼ੂ ਕਟਾਰੀਆ ਨੇ ਇਸ ਦੌੜ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।


ਇਸ ਸਮਾਗਮ ਵਿੱਚ ਸਥਾਨਕ ਨੌਜਵਾਨਾਂ, ਵਿਦਿਆਰਥੀਆਂ ਤੇ ਭਾਈਚਾਰੇ ਦੇ ਮੈਂਬਰਾਂ ਨੇ ਭਾਰੀ ਉਤਸ਼ਾਹ ਨਾਲ ਹਿੱਸਾ ਲਿਆ, ਜਿਸ ਨਾਲ ਇਹ ਮਸ਼ਹੂਰ ਝੀਲ ਦੇਸ਼-ਭਗਤੀ, ਏਕਤਾ ਤੇ ਰਾਸ਼ਟਰੀ ਮਾਣ ਦੇ ਜੀਵੰਤ ਪ੍ਰਤੀਕ ਵਿੱਚ ਤਬਦੀਲ ਹੋ ਗਈ।ਇਕੱਠ ਨੂੰ ਸੰਬੋਧਨ ਕਰਦਿਆਂ ਆਰੀਅਨਜ਼ ਗਰੁੱਪ ਆਫ਼ ਕਾਲਜਿਜ਼ ਦੇ ਚੇਅਰਮੈਨ ਡਾ. ਅੰਸ਼ੂ ਕਟਾਰੀਆ ਨੇ ਕਿਹਾ ਕਿ ਕਾਰਗਿਲ ਵਿਜੇ ਦਿਵਸ ਸਾਡੇ ਬਹਾਦਰ ਸੈਨਿਕਾਂ ਦੀ ਬਹਾਦਰੀ ਤੇ ਮਹਾਨ ਕੁਰਬਾਨੀ ਦੀ ਸਦੀਵੀ ਯਾਦ ਦਿਵਾਉਂਦਾ ਹੈ।ਉਨ੍ਹਾਂ ਕਿਹਾ ਕਿ 1999 ਦੀ ਕਾਰਗਿਲ ਜੰਗ ਦੌਰਾਨ, ਦੇਸ਼ ਦੀ ਪ੍ਰਭੂਸੱਤਾ ਦੀ ਰਾਖੀ ਲਈ 527 ਭਾਰਤੀ ਸੈਨਿਕਾਂ ਨੇ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ ਸਨ ਤੇ ਉਨ੍ਹਾਂ ਦੀ ਕੁਰਬਾਨੀ ਹਰ ਭਾਰਤੀ ਨੂੰ ਪ੍ਰੇਰਿਤ ਕਰਦੀ ਰਹਿੰਦੀ ਹੈ।ਡਾ. ਕਟਾਰੀਆ ਨੇ ਅੱਗੇ ਕਿਹਾ ਕਿ ਆਰੀਅਨਜ਼ ਪਿਛਲੇ ਦਸ ਸਾਲਾਂ ਤੋਂ ਦੇਸ਼-ਭਗਤੀ, ਰਾਸ਼ਟਰੀ ਏਕਤਾ ਅਤੇ ਹਥਿਆਰਬੰਦ ਬਲਾਂ ਪ੍ਰਤੀ ਸਤਿਕਾਰ ਨੂੰ ਉਤਸ਼ਾਹਿਤ ਕਰਨ ਲਈ ਸ਼ਿਕਾਰਾ ਰੇਸ ਦਾ ਆਯੋਜਨ ਕਰ ਰਿਹਾ ਹੈ।ਸਿਵਲ ਵਿਭਾਗ ਦੇ ਮੁਖੀ (ਐੱਚ ਓ ਡੀ) ਇੰਜੀਨੀਅਰ ਮੁਦਾਸਿਰ ਅਹਿਮਦ ਸ਼ੇਖ ਨੇ ਦੱਸਿਆ ਕਿ ਆਰੀਅਨਜ਼ ਵਿੱਚ ਜੰਮੂ-ਕਸ਼ਮੀਰ ਦੇ ਲਗਭਗ 2000 ਵਿਦਿਆਰਥੀ ਇੰਜੀਨੀਅਰਿੰਗ, ਕਾਨੂੰਨ, ਨਰਸਿੰਗ, ਫਾਰਮੇਸੀ, ਪੈਰਾ-ਮੈਡੀਕਲ, ਫਿਜ਼ੀਓਥੈਰੇਪੀ, ਐਮਬ ਪਿਛਲੇ ਸਮੇਂ ਦੌਰਾਨ, ਆਰੀਅਨਜ਼ ਦੇ ਵਿਦਿਆਰਥੀਆਂ ਨੇ ਘਾਟੀ ਲਈ ਕਈ ਛੋਟੇ-ਛੋਟੇ ਨਵੀਨਤਾਕਾਰੀ ਕਾਰਜ ਕੀਤੇ ਹਨ।ਇਹ ਦਿਨ ਭਾਰਤੀ ਹਥਿਆਰਬੰਦ ਸੈਨਾਵਾਂ ਦੇ ਬਹਾਦਰ ਸੈਨਿਕਾਂ ਦੀ ਬੇਮਿਸਾਲ ਹਿੰਮਤ, ਬਹਾਦਰੀ ਤੇ ਸਰਵਉੱਚ ਕੁਰਬਾਨੀ ਦਾ ਸਨਮਾਨ ਕਰਦਾ ਹੈ, ਜਿਨ੍ਹਾਂ ਨੇ ਦੇਸ਼ ਦੀ ਪ੍ਰਭੂਸੱਤਾ ਤੇ ਖੇਤਰੀ ਅਖੰਡਤਾ ਦੀ ਰੱਖਿਆ ਕਰਦੇ ਹੋਏ ਆਪਣੀਆਂ ਜਾਨਾਂ ਵਾਰ ਦਿੱਤੀਆਂ।

# ਰੋਟਰੀ ਕਲੱਬ ਸਿਟੀ ਵੱਲੋਂ 'ਰੌਇਲ ਇੰਸਟਾਲੇਸ਼ਨ' ਸਮਾਰੋਹ





**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਰੋਟਰੀ ਕਲੱਬ ਸਮਾਣਾ ਸਿਟੀ ਵੱਲੋਂ ਰੋਟਰੀ ਵਰ੍ਹਾ 2026-27 ਦੀ ਸ਼ੁਰੂਆਤ ਦਿ ਲੌਰੀਐਂਟ ਪਟਿਆਲਾ ਵਿਖੇ ਸ਼ਾਨਦਾਰ 'ਰੌਇਲ ਇੰਸਟਾਲੇਸ਼ਨ' ਸਮਾਰੋਹ ਨਾਲ ਕੀਤੀ ਗਈ।ਇਸ ਮੌਕੇ ਡਿਸਟ੍ਰਿਕਟ ਗਵਰਨਰ ਰੋਟੇਰੀਅਨ ਸੀਏ ਅਮਿਤ ਸਿੰਗਲਾ ਮੁੱਖ ਮਹਿਮਾਨ ਤੇ ਇੰਸਟਾਲੇਸ਼ਨ ਅਫਸਰ ਵਜੋਂ ਸ਼ਾਮਲ ਹੋਏ।ਸਮਾਗਮ ਦਾ ਸੰਚਾਲਨ ਰੋਟੇਰੀਅਨ ਪੂਜਾ ਜਿੰਦਲ ਤੇ ਰੋਟੇਰੀਅਨ ਜੋਤੀ ਗੋਇਲ ਨੇ ਕੀਤਾ।ਸਮਾਗਮ ਦੀ ਸ਼ੁਰੂਆਤ ਰਵਾਇਤੀ ਕਾਲਰ ਸਮਾਰੋਹ ਨਾਲ ਹੋਈ।ਡਿਸਟ੍ਰਿਕਟ ਸਕੱਤਰ ਜਨਰਲ ਰੋਟੇਰੀਅਨ ਸੁਮਿਤ ਗੋਇਲ ਨੇ ਡਿਸਟ੍ਰਿਕਟ ਗਵਰਨਰ ਰੋਟੇਰੀਅਨ ਅਮਿਤ ਸਿੰਗਲਾ ਨੂੰ ਕਾਲਰ ਪਹਿਨਾਇਆ, ਜਦਕਿ ਰੋਟੇਰੀਅਨ ਰੇਖਾ ਮਿੱਤਲ ਨੇ ਆਊਟਗੋਇੰਗ ਪ੍ਰਧਾਨ ਰੋਟੇਰੀਅਨ ਮਾਲਿਕਾ ਬਾਂਸਲ ਨੂੰ ਕਾਲਰ ਪਹਿਨਾ ਕੇ ਸਨਮਾਨਿਤ ਕੀਤਾ।ਡਿਸਟ੍ਰਿਕਟ ਗਵਰਨਰ ਰੋਟੇਰੀਅਨ ਅਮਿਤ ਸਿੰਗਲਾ ਨੇ ਨਵੀਂ ਕਾਰਜਕਾਰਨੀ ਨੂੰ ਅਹੁਦੇ ਤੇ ਗੋਪਨੀਯਤਾ ਦੀ ਸ਼ਪਥ ਦਿਵਾਈ।ਇਸ ਮੌਕੇ ਡਿਸਟ੍ਰਿਕਟ 3090 ਦੀ ਸੀਈਓ ਰੋਟੇਰੀਅਨ ਸਮਾਇਧਾ ਸਿੰਗਲਾ ਨੇ ਸਾਰੇ ਮਹਿਮਾਨਾਂ, ਰੋਟੇਰੀਅਨਾਂ ਤੇ ਹਾਜ਼ਰ ਸੰਗਤ ਦਾ ਸਵਾਗਤ ਕੀਤਾ।ਸਮਾਗਮ ਦੌਰਾਨ ਰੋਟੇਰੀਅਨ ਗਿਰੀਸ਼ਾ ਸਿੰਗਲਾ, ਰੋਟੇਰੀਅਨ ਅਨਾਮਿਕਾ ਗਰਗ, ਰੋਟੇਰੀਅਨ ਪੈਰੀ ਗੁਪਤਾ ਤੇ ਰੋਟੇਰੀਅਨ ਸੋਨਾਕਸ਼ੀ ਗੁਪਤਾ ਨੂੰ ਰੋਟਰੀ ਪਰਿਵਾਰ ਵਿੱਚ ਨਵੇਂ ਮੈਂਬਰਾਂ ਵਜੋਂ ਸ਼ਾਮਲ ਕੀਤਾ ਗਿਆ।ਸਮਾਗਮ ਦੇ ਅੰਤ ਵਿੱਚ ਡਿਸਟ੍ਰਿਕਟ ਗਵਰਨਰ ਵੱਲੋਂ ਨਵੀਂ ਟੀਮ ਨੂੰ ਸਨਮਾਨਤ ਕੀਤਾ ਗਿਆ ਤੇ ਕਲੱਬ ਵੱਲੋਂ ਸਾਰੇ ਜ਼ਿਲ੍ਹਾ ਅਹੁਦੇਦਾਰਾਂ ਦਾ ਵੀ ਸਨਮਾਨ ਕੀਤਾ ਗਿਆ।ਡਾ. ਦੀਪਿਕਾ ਮਿੱਤਲ ਨੇ ਧੰਨਵਾਦ ਦਾ ਮਤਾ ਪੇਸ਼ ਕੀਤਾ।ਇਸ ਤੋਂ ਬਾਅਦ ਪਰਿਵਾਰਕ ਖੇਡਾਂ, ਸੱਭਿਆਚਾਰਕ ਪ੍ਰੋਗਰਾਮ, ਨੱਚ-ਗਾਣੇ ਤੇ ਫੈਲੋਸ਼ਿਪ ਡਿਨਰ ਨਾਲ ਸਮਾਗਮ ਦਾ ਸਮਾਪਨ ਹੋਇਆ।

# ਗ਼ਦਰੀ ਬਾਬਾ ਗੁਰਮੁਖ ਸਿੰਘ ਯਾਦਗਾਰ ਕਮੇਟੀ ਵੱਲੋਂ ਸਾਲਾਨਾ ਸਨਮਾਨ ਸਮਾਰੋਹ



**ਲੁਧਿਆਣਾ (ਸਤੀਸ਼ ਸਚਦੇਵਾ)**-ਗ਼ਦਰੀ ਬਾਬਾ ਗੁਰਮੁਖ ਸਿੰਘ ਯਾਦਗਾਰ ਕਮੇਟੀ ਵੱਲੋਂ ਸ.ਸ.ਸ. ਸਕੂਲ ਲਲਤੋਂ ਕਲਾਂ ਵਿਖੇ 34ਵਾਂ ਸਾਲਾਨਾ ਸਨਮਾਨ ਸਮਾਰੋਹ ਕਰਵਾਇਆ ਗਿਆ।ਮਹਾਨ ਇਨਕਲਾਬੀ ਦੇਸ਼ ਭਗਤ ਗਦਰੀ ਬਾਬਾ ਗੁਰਮੁਖ ਸਿੰਘ ਲਲਤੋਂ ਸਮੇਤ ਸਮੂਹ ਗਦਰੀ ਸ਼ਹੀਦਾਂ ਨੂੰ ਸਮੁੱਚੇ ਵਿਦਿਆਰਥੀਆਂ, ਅਧਿਆਪਕਾਂ ਤੇ ਕਮੇਟੀ ਮੈਂਬਰਾਂ ਨੇ 2 ਮਿੰਟ ਮੋਨ ਧਾਰ ਕੇ ਨਿੱਘੀ ਸ਼ਰਧਾਂਜਲੀ ਭੇਟ ਕੀਤੀ।ਪ੍ਰਧਾਨਗੀ ਮੰਡਲ ਵਿੱਚ ਪ੍ਰਧਾਨ ਰਣਜੀਤ ਸਿੰਘ ਜੀਤੂ, ਸਕੱਤਰ ਮਾਸਟਰ ਜਸਦੇਵ ਸਿੰਘ ਲਲਤੋਂ, ਖਜ਼ਾਨਚੀ ਰੂਪ ਸਿੰਘ, ਪ੍ਰਿੰਸੀਪਲ ਜਗਦੀਪ ਕੌਰ ਸਿੱਧੂ, ਮਲਕੀਤ ਸਿੰਘ ਬਦੋਵਾਲ ਤੇ ਕਰਮਜੀਤ ਸਿੰਘ ਮਨੀਲਾ ਨੂੰ ਉਚੇਚੇ ਤੌਰ 'ਤੇ ਸੁਸ਼ੋਭਿਤ ਕੀਤਾ ਗਿਆ।ਵੱਖ-ਵੱਖ ਨਾਮਵਰ ਬੁਲਾਰਿਆਂ ਨੇ ਗਦਰੀ ਦੇਸ਼ ਭਗਤਾਂ ਦੇ ਮਹਾਨ ਮਿਸ਼ਨ ਤੇ ਕੁਰਬਾਨੀਆਂ ਬਾਰੇ, ਲੋਕ ਪੱਖੀ ਸਹਿਤ ਤੇ ਸੱਭਿਆਚਾਰ ਦੇ ਰੋਲ ਬਾਰੇ, ਅਜੋਕੇ ਦੌਰ ਅੰਦਰ ਕਿਤਾਬਾਂ ਤੇ ਲਾਇਬ੍ਰੇਰੀਆਂ ਦੀ ਵੱਡੀ ਮਹੱਤਤਾ ਬਾਰੇ, ਮਾਂ ਬੋਲੀ ਪੰਜਾਬੀ ਦੇ ਸਥਾਨ ਬਾਰੇ ਤੇ ਉੱਤਮ ਇਨਸਾਨੀ ਕਦਰਾਂ ਕੀਮਤਾਂ ਬਾਰੇ ਚਾਨਣਾ ਪਾਇਆ। ਸਮਾਗਮ ਦੇ ਅਗਲੇ ਪੜਾਅ 'ਤੇ ਹਰ ਸਾਲ ਦੀ ਤਰ੍ਹਾਂ ਮਹਾਂਦਾਨੀ ਸਵ: ਪਰਮਜੀਤ ਸਿੰਘ ਬਿੱਟੂ ਮਨੀਲਾ ਸਪੁੱਤਰ ਜਥੇਦਾਰ ਜਸਵੰਤ ਸਿੰਘ ਲਲਤੋਂ ਕਲਾਂ ਦੇ ਸਮੂਹ ਪਰਿਵਾਰਾਂ ਵੱਲੋਂ ਕਮੇਟੀ ਰਾਹੀਂ 24 ਲੋੜਵੰਦ ਬੱਚਿਆਂ ਦੀ ਪੂਰੇ ਸਾਲ ਦੀਆਂ ਫੀਸਾਂ ਦੀ ਬਣਦੀ ਰਕਮ (26400 ਰੁ:) ਜਮਾਤ ਇੰਚਾਰਜਾਂ ਦੇ ਹਵਾਲੇ ਕੀਤੀ।ਸਮਾਗਮ ਦੇ ਸਿਖਰ 'ਤੇ ਬੋਰਡ ਪ੍ਰੀਖਿਆਵਾਂ 'ਚ ਪਹਿਲੇ, ਦੂਜੇ ਤੇ ਤੀਜੇ ਸਥਾਨ 'ਤੇ ਰਹਿਣ ਵਾਲੇ ਵਿਦਿਆਰਥੀਆਂ ਨੂੰ ਪੁਸਤਕਾਂ ਦੇ ਸੈੱਟ ਦੇ ਕੇ ਸਨਮਾਨਤ ਕੀਤਾ ਗਿਆ।ਹੋਰਨਾਂ ਤੋਂ ਇਲਾਵਾ ਮਾ. ਕੀਰਤਪਾਲ ਸਿੰਘ, ਮੈਡਮ ਦਮਨਪ੍ਰੀਤ ਕੌਰ, ਅਮਨਦੀਪ ਕੌਰ, ਸਤਨਾਮ ਸਿੰਘ, ਜਗਜੀਤ ਸਿੰਘ ਪ੍ਰਧਾਨ ਗੁਰਦੁਆਰਾ ਕਮੇਟੀ, ਚਰਨ ਕਮਲਜੀਤ ਸਿੰਘ ਪ੍ਰਧਾਨ ਗ੍ਰਾਮ ਸਭਾ, ਮਨਪ੍ਰੀਤ ਸਿੰਘ, ਗੁਰਚਰਨ ਸਿੰਘ ਥਾਣੇਦਾਰ, ਰਜਿੰਦਰ ਸਿੰਘ ਲਲਤੋਂ ਪ੍ਰਧਾਨ ਪੈਨਸ਼ਨਰਜ਼ ਯੂਨੀਅਨ ਉਚੇਚੇ ਤੌਰ 'ਤੇ ਸ਼ਾਮਲ ਹੋਏ।ਅੰਤ 'ਚ ਪ੍ਰਿੰਸੀਪਲ ਜਗਦੀਪ ਕੌਰ ਸਿੱਧੂ ਨੇ ਕਮੇਟੀ ਸਮੇਤ ਹਾਜ਼ਰੀਨਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਪੀ ਜੀ ਆਈ ਨੇ 19 ਦੇਸ਼ਾਂ ਦੇ ਪ੍ਰਤੀਨਿਧੀਆਂ ਸਾਹਮਣੇ ਸਿਹਤ ਸੇਵਾਵਾਂ ਦਾ ਕੀਤਾ ਪ੍ਰਦਰਸ਼ਨ



**ਸਮਰਾਲਾ (ਸੁਰਜੀਤ ਸਿੰਘ)**

ਪੀਜੀਆਈ ਚੰਡੀਗੜ੍ਹ ਵਿੱਚ 19 ਦੇਸ਼ਾਂ ਦੀ ਨੁਮਾਇੰਦਗੀ ਕਰ ਰਹੇ 47 ਸੀਨੀਅਰ ਸਿਹਤ ਪੇਸ਼ੇਵਰਾਂ ਨੇ ਭਾਰਤ ਦੀਆਂ ਨਵੀਨਤਮ ਸਿਹਤ ਸੇਵਾਵਾਂ, ਨਰਸਿੰਗ ਲੀਡਰਸ਼ਿਪ ਤੇ ਮਰੀਜ਼-ਕੇਂਦਰਤ ਸੇਵਾ ਮਾਡਲਾਂ ਨੂੰ ਨੇੜਿਓਂ ਜਾਣਨ ਲਈ ਦੌਰਾ ਕੀਤਾ।ਇਹ ਅਧਿਐਨ ਦੌਰਾ ਕਮਿਊਨਿਟੀ ਮੈਡੀਸਨ ਤੇ ਸਕੂਲ ਆਫ਼ ਪਬਲਿਕ ਹੈਲਥ ਵਿਭਾਗ, ਪੀਜੀਆਈ ਵੱਲੋਂ ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਦੇ ਇੰਡੀਆਨ ਟੈਕਨੀਕਲ ਐਂਡ ਇਕਨਾਮਿਕ ਕੋਆਪਰੇਸ਼ਨ ਪ੍ਰੋਗਰਾਮ ਅਧੀਨ ਕਰਵਾਏ ਜਾ ਰਹੇ 34ਵੇਂ ਅੰਤਰਰਾਸ਼ਟਰੀ ਪਬਲਿਕ ਹੈਲਥ ਮੈਨੇਜਮੈਂਟ ਡਿਵੈਲਪਮੈਂਟ ਪ੍ਰੋਗਰਾਮ ਦਾ ਹਿੱਸਾ ਸੀ।ਇਸ ਦੌਰੇ ਦੌਰਾਨ ਪ੍ਰਤੀਨਿਧੀਆਂ ਨੂੰ ਇਹ ਦਿਖਾਇਆ ਗਿਆ ਕਿ ਭਾਰਤ ਸਰਕਾਰ ਦੀਆਂ ਮੁੱਖ ਪਹਿਲਕਦਮੀਆਂ, ਜਿਨ੍ਹਾਂ ਵਿੱਚ ਨੈਸ਼ਨਲ ਹੈਲਥ ਮਿਸ਼ਨ, ਆਯੂਸ਼ਮਾਨ ਭਾਰਤ, ਨੈਸ਼ਨਲ ਆਰਗਨ ਟ੍ਰਾਂਸਪਲਾਂਟ ਪ੍ਰੋਗਰਾਮ ਤੇ ਦੇਸ਼ ਦੀਆਂ ਡਿਜੀਟਲ ਹੈਲਥ ਅਤੇ ਸਥਿਰ ਸਿਹਤ ਪ੍ਰਣਾਲੀ ਸੰਬੰਧੀ ਪਹਿਲਾਂ ਨੂੰ ਭਾਰਤ ਦੀਆਂ ਪ੍ਰਮੁੱਖ ਤੀਸਰੇ ਪੱਧਰ ਦੀਆਂ ਸਿਹਤ ਸੰਸਥਾਵਾਂ ਵਿੱਚੋਂ ਇੱਕ ਪੀਜੀਆਈ ਚੰਡੀਗੜ੍ਹ ਵਿੱਚ ਕਿਵੇਂ ਅਮਲ ਵਿੱਚ ਲਿਆਂਦਾ ਜਾ ਰਿਹਾ ਹੈ।ਪ੍ਰਤੀਨਿਧੀਆਂ ਨੇ ਉਨ੍ਹਾਂ ਨਵੀਨਤਮ ਤਰੀਕਿਆਂ ਬਾਰੇ ਵੀ ਜਾਣਕਾਰੀ ਪ੍ਰਾਪਤ ਕੀਤੀ, ਜੋ ਸਾਰਿਆਂ ਲਈ ਗੁਣਵੱਤਾ-ਯੁਕਤ, ਪਹੁੰਚਯੋਗ ਤੇ ਮਰੀਜ਼-ਕੇਂਦਰਿਤ ਸਿਹਤ ਸੇਵਾਵਾਂ ਰਾਹੀਂ ਸਿਹਤ ਪ੍ਰਣਾਲੀ ਨੂੰ ਮਜ਼ਬੂਤ ਬਣਾਉਣ ਵਿੱਚ ਯੋਗਦਾਨ ਪਾ ਰਹੇ ਹਨ।ਦੌਰੇ ਦੀ ਸ਼ੁਰੂਆਤ ਪੀਜੀਆਈ ਵੱਲੋਂ ਮਰੀਜ਼ਾਂ ਦੀ ਦੇਖਭਾਲ, ਮੈਡੀਕਲ ਸਿੱਖਿਆ, ਖੋਜ ਤੇ ਜਨ ਸਿਹਤ ਦੇ ਖੇਤਰ ਵਿੱਚ ਦਿੱਤੇ ਜਾ ਰਹੇ ਯੋਗਦਾਨ ਬਾਰੇ ਜਾਣਕਾਰੀ ਨਾਲ ਹੋਈ।ਇਸ ਤੋਂ ਬਾਅਦ ਪ੍ਰਤੀਨਿਧੀਆਂ ਨੇ ਆਊਟ ਪੇਸ਼ੈਂਟ ਵਿਭਾਗ (ਓਪੀਡੀ) ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਨੇ ਸੰਕਰਮਣ ਰੋਕਥਾਮ, ਨਿਯੰਤਰਣ ਤੇ ਐਂਟੀਮਾਈਕ੍ਰੋਬੀਅਲ ਸਟੀਵਰਡਸ਼ਿਪ ਪ੍ਰੋਗਰਾਮ ਨਾਲ ਸੰਬੰਧਤ ਸਰਵੋਤਮ ਪ੍ਰਥਾਵਾਂ ਦਾ ਅਧਿਐਨ ਕੀਤਾ।ਉਨ੍ਹਾਂ ਐਂਟੀਰੈਟਰੋਵਾਇਰਲ ਥੈਰੇਪੀ ਕੇਂਦਰ, ਡਾਇਰੈਕਟਲੀ ਓਬਜ਼ਰਵਡ ਟ੍ਰੀਟਮੈਂਟ ਸ਼ਾਰਟ-ਕੋਰਸ ਕੇਂਦਰ ਤੇ ਡੇਅ ਕੇਅਰ ਸੈਂਟਰ ਦਾ ਵੀ ਦੌਰਾ ਕੀਤਾ, ਜਿੱਥੇ ਉਨ੍ਹਾਂ ਨੂੰ ਬਹੁ-ਵਿਭਾਗੀ ਤੇ ਏਕੀਕ੍ਰਿਤ ਸਿਹਤ ਸੇਵਾ ਮਾਡਲਾਂ ਨਾਲ ਜਾਣੂ ਕਰਵਾਇਆ ਗਿਆ।

ਇਸ ਤੋਂ ਇਲਾਵਾ ਪ੍ਰਤੀਨਿਧੀਆਂ ਨੇ ਹਾਲ ਹੀ ਵਿੱਚ ਉਦਘਾਟਿਤ ਐਡਵਾਂਸਡ ਨਿਊਰੋਸਾਇੰਸਿਜ਼ ਸੈਂਟਰ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਸੈਂਟਰਲ ਸਟੀਰਾਈਲ ਸਪਲਾਈ ਡਿਪਾਰਟਮੈਂਟ ਦਾ ਨਿਰੀਖਣ ਕੀਤਾ। ਇਸ ਮੌਕੇ ਉਨ੍ਹਾਂ ਨੂੰ ਮ੍ਰਿਤਕ ਅੰਗਦਾਨ ਤੇ ਰੀਜਨਲ ਆਰਗਨ ਐਂਡ ਟਿਸ਼ੂ ਟ੍ਰਾਂਸਪਲਾਂਟ ਆਰਗੇਨਾਈਜ਼ੇਸ਼ਨ ਰਾਹੀਂ ਪੀਜੀਆਈ ਵੱਲੋਂ ਅੰਗ ਟ੍ਰਾਂਸਪਲਾਂਟ ਦੇ ਖੇਤਰ ਵਿੱਚ ਕੀਤੀਆਂ ਰਾਸ਼ਟਰੀ ਪੱਧਰ ਦੀਆਂ ਉਪਲਬਧੀਆਂ ਬਾਰੇ ਵੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਇਸ ਮੌਕੇ ਡਾ. ਸੋਨੂੰ ਗੋਇਲ, ਪ੍ਰੋਗਰਾਮ ਡਾਇਰੈਕਟਰ, ਆਈ ਪੀ ਐੱਚ ਐੱਮ ਡੀ ਪੀ ਤੇ ਪ੍ਰੋਫੈਸਰ, ਕਮਿਊਨਿਟੀ ਮੈਡੀਸਨ ਤੇ ਸਕੂਲ ਆਫ਼ ਪਬਲਿਕ ਹੈਲਥ, ਪੀਜੀਆਈ ਨੇ ਨਰਸਿੰਗ ਲੀਡਰਸ਼ਿਪ ਵਿੱਚ ਨਿਵੇਸ਼ ਤੇ ਵਿਸ਼ਵ ਪੱਧਰੀ ਗਿਆਨ ਸਾਂਝਾ ਕਰਨ ਦੀ ਮਹੱਤਤਾ ਉੱਤੇ ਜ਼ੋਰ ਦਿੱਤਾ।ਮਲਾਵੀ ਤੋਂ ਆਈ ਇੱਕ ਸੀਨੀਅਰ ਨਰਸਿੰਗ ਅਧਿਕਾਰੀ ਨੇ ਆਪਣੇ ਤਜਰਬੇ ਸਾਂਝੇ ਕਰਦਿਆਂ ਕਿਹਾ ਕਿ ਇਸ ਪ੍ਰੋਗਰਾਮ ਨੇ ਸਾਨੂੰ ਵਿਹਾਰਕ ਲੀਡਰਸ਼ਿਪ ਹੁਨਰ ਤੇ ਨਵੀਨਤਮ ਸਿਹਤ ਸੇਵਾ ਮਾਡਲਾਂ ਦਾ ਕੀਮਤੀ ਅਨੁਭਵ ਪ੍ਰਦਾਨ ਕੀਤਾ ਹੈ, ਜਿਨ੍ਹਾਂ ਨੂੰ ਮਲਾਵੀ ਵਿੱਚ ਵੀ ਅਪਣਾਇਆ ਜਾ ਸਕਦਾ ਹੈ।

# ਖੰਡ ਮਿੱਲ ਬਚਾਓ ਪੱਕਾ ਮੋਰਚਾ 67ਵੇਂ ਦਿਨ 'ਚ ਦਾਖਲ



ਤਰਨਤਾਰਨ (ਪ੍ਰਿਤਪਾਲ ਸਿੰਘ)-ਸੰਯੁਕਤ ਕਿਸਾਨ ਮੋਰਚੇ ਦੀਆਂ ਸਥਾਨਕ ਜ਼ਿਲ੍ਹੇ ਵਿੱਚ ਕੰਮ ਕਰਦੀਆਂ ਵੱਖ-ਵੱਖ ਕਿਸਾਨ ਜਥੇਬੰਦੀਆਂ ਵੱਲੋਂ ਸ਼ੇਰੋਂ ਖੰਡ ਮਿੱਲ ਚਾਲੂ ਕਰਨ ਦੀ ਮੰਗ ਨੂੰ ਲੈ ਕੇ 21 ਮਈ ਤੋਂ ਸ਼ੁਰੂ ਕੀਤਾ ਗਿਆ ਪੱਕਾ ਮੋਰਚਾ ਅੱਜ 67ਵੇਂ ਦਿਨ ਵਿੱਚ ਸ਼ਾਮਲ ਹੋ ਗਿਆ ।ਮੋਰਚੇ ਦੇ ਆਗੂਆਂ ਨੇ ਖੰਡ ਮਿੱਲ ਦੀ ਮਾਲਕੀ ਤਬਦੀਲ ਕਰਨ ਦੇ ਮੁੱਦੇ ਨੂੰ ਲੈ ਕੇ ਸਰਕਾਰ ਵਿਰੁੱਧ ਲਗਾਏ ਮੋਰਚੇ ਮੌਕੇ ਜਮਹੂਰੀ ਕਿਸਾਨ ਸਭਾ, ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਪੰਜਾਬ, ਕੌਮੀ ਕਿਸਾਨ ਯੂਨੀਅਨ, ਕਿਰਤੀ ਕਿਸਾਨ ਯੂਨੀਅਨ, ਕੁੱਲ ਹਿੰਦ ਕਿਸਾਨ ਸਭਾ 1936 ਆਦਿ ਜਥੇਬੰਦੀਆਂ ਨਾਲ ਸਬੰਧਤ ਕਿਸਾਨ ਆਗੂਆਂ ਮਨਜੀਤ ਸਿੰਘ ਬੱਗੂ, ਨਛੱਤਰ ਸਿੰਘ ਪੰਨੂ, ਤਰਸੇਮ ਸਿੰਘ ਲੁਹਾਰ, ਸੁਖਦੇਵ ਸਿੰਘ ਤੁੜ, ਗੁਰਪ੍ਰੀਤ ਸਿੰਘ ਗੰਡੀਵਿੰਡ, ਇੰਦਰਜੀਤ ਸਿੰਘ ਮਰਹਾਣਾ, ਜੱਸਾ ਸਿੰਘ ਕੱਦਗਿਲ, ਰੇਸ਼ਮ ਸਿੰਘ ਫੇਲੋਕੇ ਆਦਿ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੇ 60 ਫੀਸਦੀ ਸ਼ੇਅਰਾਂ ਨਾਲ ਬਣੀ ਸਹਿਕਾਰੀ ਖੰਡ ਮਿੱਲ ਦੀ ਜ਼ਮੀਨ ਦੀ ਮਾਲਕੀ ਨੂੰ ਸਰਕਾਰ ਆਪਣੀ ਮਰਜ਼ੀ ਨਾਲ ਤਬਦੀਲ ਕਰਨ ਦਾ ਹੱਕ ਨਹੀਂ ਰੱਖਦੀ।ਆਗੂਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਮਿੱਲ ਦੀ ਜ਼ਮੀਨ ਵਿੱਚ ਗੈਰ-ਕਾਨੂੰਨੀ ਉਸਾਰੀ ਤੇ ਤੁਰੰਤ ਪਾਬੰਦੀ ਲਗਾਉਣ ਦੀ ਮੰਗ ਕੀਤੀ।ਆਗੂਆਂ ਨੇ ਦਿੱਲੀ ਦੇ ਜੰਤਰ-ਮੰਤਰ ਤੇ ਕੇਂਦਰ ਦੀ ਮੋਦੀ ਸਰਕਾਰ ਖਿਲਾਫ਼ ਸੰਘਰਸ਼ਸ਼ੀਲ ਵਿਦਿਆਰਥੀਆਂ ਵੱਲੋਂ ਲੜੇ ਇਤਿਹਾਸਕ ਸੰਘਰਸ਼ ਨੂੰ ਜਿੱਤਣ ਤੇ ਮੁਬਾਰਕਬਾਦ ਦਿੱਤੀ।ਆਗੂਆਂ ਨੇ ਹਾਕਮਾਂ ਵੱਲੋਂ ਸੰਘਰਸ਼ਸ਼ੀਲ ਜਮਾਤਾਂ ਦੇ ਮਸਲਿਆਂ ਨੂੰ ਅਣਗੌਲਿਆਂ ਕਰਨ ਦੀ ਨੀਤੀ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ।ਇਸ ਮੌਕੇ ਕਿਸਾਨ ਆਗੂਆਂ ਹਰਦੀਪ ਸਿੰਘ ਰਸੂਲਪੁਰ, ਕੁਲਦੀਪ ਸਿੰਘ ਉਸਮਾ, ਕੁਲਦੀਪ ਸਿੰਘ ਮਾਨੋਚਾਹਲ, ਬਲਵਿੰਦਰ ਸਿੰਘ ਮੁੰਡਾਪਿੰਡ, ਗੁਰਚਰਨ ਸਿੰਘ ਸਭਰਾ, ਬਲਕਾਰ ਸਿੰਘ ਵਲਟੋਹਾ, ਸੁਖਬਾਜ ਸਿੰਘ ਸਿੱਧੂ, ਡਾਕਟਰ ਸੁਖਵਿੰਦਰ ਸਿੰਘ ਤੁੜ, ਮਾਸਟਰ ਗੁਰਨਾਮ ਸਿੰਘ ਧੁੰਨ, ਸੁਖਦੇਵ ਸਿੰਘ ਜਵੰਦਾ, ਦਵਿੰਦਰ ਸੋਹਲ, ਕੇਹਰ ਸਿੰਘ ਮੁਗਲ ਚੱਕ, ਖਜਾਨ ਸਿੰਘ ਸਰਪੰਚ, ਜੱਸਾ ਸਿੰਘ ਕੱਦਗਿਲ, ਪਰਮਿੰਦਰ ਸਿੰਘ ਸ਼ੇਰੋਂ, ਕਸ਼ਮੀਰ ਸਿੰਘ ਸ਼ੇਰੋਂ, ਬਲਦੇਵ ਸਿੰਘ ਸ਼ੇਰੋਂ, ਅਮਰੀਕ ਸਿੰਘ, ਦਰਸ਼ਨ ਸਿੰਘ ਬਿਹਾਰੀਪੁਰ ਆਦਿ ਨੇ ਕੇਂਦਰ ਅਤੇ ਪੰਜਾਬ ਸਰਕਾਰ ਦੀ ਲੋਕ ਵਿਰੋਧੀ ਨੀਤੀ ਦੀ ਜ਼ੋਰਦਾਰ ਨਿੰਦਾ ਕੀਤੀ ।

# ਨਿਹੱਥੇ ਪ੍ਰਦਰਸ਼ਨਕਾਰੀਆਂ 'ਤੇ ਕੀਤੇ ਲਾਠੀਚਾਰਜ ਖਿਲਾਫ ਪੁਤਲਾ ਫੂਕ ਮੁਜ਼ਾਹਰਾ

## * ਹੱਕਾਂ ਦੀ ਆਵਾਜ਼ ਨੂੰ ਸਰਕਾਰਾਂ ਜਬਰੀ ਦਬਾ ਨਹੀਂ ਸਕਦੀਆਂ: ਮੀਆਂਵਿੰਡ, ਕੰਗ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਕਿਸਾਨ ਮਜ਼ਦੂਰ ਮੋਰਚੇ ਦੀ ਕਾਲ 'ਤੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ੋਨ ਸ੍ਰੀ ਗੁਰੂ ਅੰਗਦ ਦੇਵ ਜੀ, ਜ਼ੋਨ ਖਡੂਰ ਸਾਹਿਬ ਅਤੇ ਜ਼ੋਨ ਬਾਬਾ ਰਾਈਆ ਜੀ ਵੱਲੋਂ ਜ਼ਿਲ੍ਹਾ ਤਰਨਤਾਰਨ ਦੇ ਮੀਤ ਪ੍ਰਧਾਨ ਦਿਆਲ ਸਿੰਘ ਮੀਆਂਵਿੰਡ ਅਤੇ ਜ਼ਿਲ੍ਹਾ ਜਥੇਬੰਦਕ ਸਕੱਤਰ ਹਰਬਿੰਦਰਜੀਤ ਸਿੰਘ ਕੰਗ ਦੀ ਅਗਵਾਈ ਹੇਠ ਇਕੱਤਰ ਹੋਏ ਕਿਸਾਨਾਂ ਨੇ ਖਡੂਰ ਸਾਹਿਬ ਵਿਖੇ ਕੇਂਦਰ ਅਤੇ ਪੰਜਾਬ ਸਰਕਾਰ ਦਾ ਪੁਤਲਾ ਫੂਕ ਮੁਜ਼ਾਹਰਾ ਕੀਤਾ। ਇਸ ਦੀ ਜਾਣਕਾਰੀ ਪ੍ਰੈੱਸ ਸਕੱਤਰ ਹਰਜਿੰਦਰ ਸਿੰਘ ਘੱਗੇ ਨੇ ਦਿੰਦਿਆਂ ਦੱਸਿਆ ਕਿ ਇਸ ਮੌਕੇ ਜ਼ਿਲ੍ਹਾ ਆਗੂਆਂ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਬੀਤੇ ਦਿਨੀਂ ਦਿੱਲੀ ਵਿਖੇ ਭ੍ਰਿਸ਼ਟ ਸਿੱਖਿਆ ਮੰਤਰੀ ਦੇ ਅਸਤੀਫੇ ਦੀ ਮੰਗ ਲਈ ਸੰਘਰਸ਼ ਕਰਦੇ ਨਿਹੱਥੇ ਵਿਦਿਆਰਥੀਆਂ ਉੱਪਰ ਕੀਤੇ ਅੰਨ੍ਹੇ ਲਾਠੀਚਾਰਜ ਅਤੇ ਪੰਜਾਬ ਸਰਕਾਰ ਦੀ ਸ਼ਹਿ 'ਤੇ ਬਰਨਾਲਾ ਵਿਖੇ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਕਰਮਚਾਰੀਆਂ ਉਪਰ ਪੰਜਾਬ ਪੁਲਸ ਵੱਲੋਂ ਜਿਸ ਵਿੱਚ ਬਜ਼ੁਰਗ ਔਰਤਾਂ ਸ਼ਾਮਲ ਸਨ, ਉਪਰ ਕੀਤਾ ਲਾਠੀਚਾਰਜ ਅਤੀ ਨਿੰਦਣਯੋਗ ਕਾਰਵਾਈ ਹੈ। ਉਨ੍ਹਾਂ ਇਸ ਦੀ ਸਖ਼ਤ ਨਿੰਦਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਸੰਘਰਸ਼ ਨੂੰ ਦਬਾਇਆ ਨਹੀਂ ਜਾ ਸਕਦਾ। ਉਨ੍ਹਾਂ ਕਿਹਾ ਕਿ ਸਫ਼ਾਈ ਕਰਮਚਾਰੀ ਜੋ ਸਮਾਜ ਦੀ ਅਹਿਮ ਕੜੀ ਹਨ ਜੋ ਦਿਨ-ਰਾਤ ਮਿਹਨਤ ਕਰਕੇ ਸ਼ਹਿਰਾਂ ਕਸਬਿਆਂ ਦੀ ਸਫ਼ਾਈ ਵਿਵਸਥਾ ਨੂੰ ਕਾਇਮ ਰੱਖਦੇ ਹਨ, ਨੂੰ ਆਪਣੀਆਂ ਹੱਕੀ ਮੰਗਾਂ ਲਈ ਸੜਕਾਂ 'ਤੇ ਉਤਰਨ ਲਈ ਮਜਬੂਰ ਹੋਣਾ ਪਿਆ। ਉਨ੍ਹਾਂ ਕਿਹਾ ਕਿ ਮੁਲਾਜ਼ਮਾਂ ਦੀਆਂ ਸਮੱਸਿਆਵਾਂ ਲਈ ਸਰਕਾਰ ਅਤੇ ਪ੍ਰਸ਼ਾਸਨ ਨੂੰ ਗੱਲਬਾਤ ਰਾਹੀਂ ਹੱਲ ਕਰਨਾ ਚਾਹੀਦਾ ਨਾ ਕਿ ਡੰਡੇ ਦੇ ਜ਼ੋਰ ਨਾਲ ਦਬਾਇਆ ਜਾਵੇ। ਇਸ ਦੀ ਸੰਵਿਧਾਨ ਇਜਾਜ਼ਤ ਨਹੀਂ ਦਿੰਦਾ ਕਿਉਂਕਿ ਕਾਨੂੰਨ ਮੁਤਾਬਿਕ ਹੱਕ ਮੰਗਣਾ ਕੋਈ ਜੁਰਮ ਨਹੀਂ। ਇਸ ਮੌਕੇ ਸੀਨੀਅਰ ਆਗੂ ਇਕਬਾਲ ਸਿੰਘ ਵੜਿੰਗ, ਜ਼ੋਨ ਸ੍ਰੀ ਗੁਰੂ ਅੰਗਦ ਦੇਵ ਜੀ ਦੇ ਪ੍ਰਧਾਨ ਜਗਜੀਤ ਸਿੰਘ ਭਲੋਜਲਾ, ਜ਼ੋਨ ਖਡੂਰ ਸਾਹਿਬ ਦੇ ਪ੍ਰਧਾਨ ਸੁਖਚੈਨ ਸਿੰਘ ਅੱਲੋਵਾਲ, ਬਾਬਾ ਰਾਈਆ ਜੀ ਜ਼ੋਨ ਦੇ ਪ੍ਰਧਾਨ ਹਰਦੇਵ ਸਿੰਘ ਸਰਲੀ, ਪਾਖਰ ਸਿੰਘ ਲਾਲਪੁਰਾ, ਮਨਜੀਤ ਸਿੰਘ ਵੈਰੋਵਾਲ ਬਾਵਿਆਂ, ਸੁਖਚੈਨ ਸਿੰਘ ਵੈਰੋਵਾਲ ਦਾਰਾਪੁਰ, ਬਲਜਿੰਦਰ ਸਿੰਘ ਆਲਮਪੁਰ, ਭਗਵਾਨ ਸਿੰਘ ਸੰਘਰ, ਗੁਰਵਿੰਦਰ ਸਿੰਘ ਗੋਰਾ ਮੀਆਂਵਿੰਡ, ਪਰਮਜੀਤ ਸਿੰਘ ਬਾਠ, ਸਾਹਿਬ ਸਿੰਘ ਨਰੋਤਮਪੁਰ, ਲਖਬੀਰ ਸਿੰਘ ਵੈਰੋਵਾਲ ਦਾਰਾਪੁਰ, ਬਿਕਰਮਜੀਤ ਸਿੰਘ ਮੀਆਂਵਿੰਡ, ਜਸਵਿੰਦਰ ਸਿੰਘ ਖੋਜਕੀਪੁਰ, ਗੁਰਪਾਲ ਸਿੰਘ ਜਲਾਲਾਬਾਦ, ਸੁਖਦੇਵ ਸਿੰਘ ਬਿਹਾਰੀਪੁਰ, ਗੁਲਜ਼ਾਰ ਸਿੰਘ ਮੀਆਂਵਿੰਡ, ਤਜਿੰਦਰ ਸਿੰਘ ਬਹਾਦਰਪੁਰ, ਹਰਜਿੰਦਰ ਸਿੰਘ ਜਲਾਲਾਬਾਦ, ਦਲਬੀਰ ਸਿੰਘ ਫ਼ੌਜੀ ਭਲੋਜਲਾ, ਮਨਜੀਤ ਸਿੰਘ ਕੰਗ, ਰਵਿੰਦਰ ਸਿੰਘ ਭਲੋਜਲਾ, ਗੁਲਜ਼ਾਰ ਸਿੰਘ ਗਗੜੇਵਾਲ, ਮੋਹਨ ਸਿੰਘ ਖੋਜਕੀਪੁਰ, ਕੁਲਵਿੰਦਰ ਸਿੰਘ ਭੂਤਵਿੰਡ, ਮੰਗਲ ਸਿੰਘ ਲਾਲਪੁਰਾ, ਗੁਰਵਿੰਦਰ ਸਿੰਘ ਕੋਟਲੀ, ਰੂਪ ਸਿੰਘ ਵੈਰੋਵਾਲ ਬਾਵਿਆਂ ਤੋਂ ਇਲਾਵਾ ਵੱਖ-ਵੱਖ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਕਿਸਾਨ ਮਜ਼ਦੂਰ ਹਾਜ਼ਰ ਸਨ।

# ਪੰਜਾਬ ਇਸਤਰੀ ਸਭਾ ਵੱਲੋਂ ਬਰਨਾਲਾ ਲਾਠੀਚਾਰਜ 'ਤੇ ਚਿੰਤਾ ਦਾ ਪ੍ਰਗਟਾਵਾ



ਅੰਮ੍ਰਿਤਸਰ (ਨਜ਼ਸ)-ਪੰਜਾਬ ਇਸਤਰੀ ਸਭਾ ਦੇ ਜਨਰਲ ਸਕੱਤਰ ਨਰਿੰਦਰ ਕੌਰ ਸੋਹਲ ਅਤੇ ਪ੍ਰਧਾਨ ਰਜਿੰਦਰ ਪਾਲ ਕੌਰ ਨੇ ਪੰਜਾਬ ਵਿੱਚ ਵਾਰ-ਵਾਰ ਲੋਕਾਂ ਉਤੇ ਹੋ ਰਹੇ ਲਾਠੀਚਾਰਜ ਅਤੇ ਹੋਰ ਕਈ ਕਿਸਮ ਦੇ ਅੱਤਿਆਚਾਰਾਂ 'ਤੇ ਡੂੰਘੀ ਚਿੰਤਾ ਪ੍ਰਗਟ ਕੀਤੀ।ਪਿਛਲੇ ਦਿਨੀਂ ਸਫਾਈ ਸੇਵਕ ਅਤੇ ਸੀਵਰਮੈਨਾਂ, ਜਿਹੜੇ ਆਪਣੇ ਪੱਕੇ ਕਰਨ ਦੀ ਮੰਗ ਨੂੰ ਲੈ ਕੇ ਮੈਦਾਨ ਵਿੱਚ ਆਏ ਸਨ, ਕਿਉਂਕਿ ਉਨ੍ਹਾਂ ਦੀਆਂ ਨੌਕਰੀਆਂ ਸੁਰੱਖਿਅਤ ਨਹੀਂ ਸਨ ਅਤੇ ਉਨ੍ਹਾਂ ਵਾਸਤੇ ਘਰ ਚਲਾਉਣਾ ਮੁਸ਼ਕਿਲ ਸੀ, ਨੇ ਇਕੱਠੇ ਹੋ ਕੇ ਆਪਣੀ ਆਵਾਜ਼ ਬੁਲੰਦ ਕੀਤੀ ਪਰ ਉਨ੍ਹਾਂ ਕਰਮਚਾਰੀਆਂ ਉਤੇ ਬਹੁਤ ਅੱਤਿਆਚਾਰ ਕੀਤਾ ਗਿਆ। ਇਸੇ ਤਰ੍ਹਾਂ ਮਨਰੇਗਾ ਕਾਮੇ ਵੀ ਆਪਣੇ ਹੱਕਾਂ ਦੀ ਰਾਖੀ ਵਾਸਤੇ ਮੈਦਾਨ ਵਿੱਚ ਆਏ। ਉਹ ਰੁਜ਼ਗਾਰ ਦੀ ਮੰਗ ਕਰ ਰਹੇ ਸਨ ਅਤੇ ਕੀਤੇ ਹੋਏ ਕੰਮ ਦਾ ਸੇਵਾ ਫਲ ਮੰਗ ਰਹੇ ਸਨ। ਉਨ੍ਹਾਂ ਦੀ ਮੰਗ ਸੀ ਕਿ ਮਨਰੇਗਾ ਤਹਿਤ ਕੰਮ ਲੋਕਾਂ ਨੂੰ ਮਿਲਦਾ ਰਹੇ ਕਿਉਂਕਿ ਕੇਂਦਰ ਸਰਕਾਰ ਵੱਲੋਂ ਪਾਸ ਕੀਤੀ ਗਈ ਜੀ ਰਾਮ ਜੀ ਯੋਜਨਾ ਤਹਿਤ ਸਰਕਾਰ ਮਨਰੇਗਾ ਦਾ ਭੋਗ ਪਾਉਣ ਜਾ ਰਹੀ ਹੈ ਕਿਉਂਕਿ ਮਨਰੇਗਾ ਕਾਮਿਆ ਨੂੰ ਸੇਵਾ ਫਲ ਦੇਣ ਵਿੱਚ ਜ਼ਿਆਦਾ ਹਿੱਸਾ ਪੰਜਾਬ ਸਰਕਾਰ ਨੇ ਪਾਉਣਾ ਸੀ ਅਤੇ ਸਰਕਾਰਾਂ ਕੋਲ ਪਹਿਲਾਂ ਹੀ ਫੰਡਾਂ ਦੀ ਕਮੀ ਹੈ।ਆਪਣੀਆਂ ਮੰਗਾਂ ਦੇ ਹੱਕ ਵਿੱਚ ਨਿਕਲੇ ਮਨਰੇਗਾ ਕਾਮਿਆ ਉਤੇ ਵੀ ਲਾਠੀ ਚਾਰਜ ਕਰਵਾਇਆ ਗਿਆ ।ਇਸ ਤੋਂ ਪਹਿਲਾਂ ਪਟਿਆਲਾ ਵਿੱਚ ਵੀ ਬਿਜਲੀ ਕਰਮਚਾਰੀਆਂ ਉਤੇ ਬੇਤਹਾਸ਼ਾ ਜ਼ੁਲਮ ਕੀਤਾ ਗਿਆ ਸੀ ਜਿਸਨੇ ਅੰਗਰੇਜ਼ੀ ਸਰਕਾਰ ਦੇ ਜ਼ੁਲਮ ਨੂੰ ਵੀ ਮਾਤ ਪਾ ਦਿੱਤਾ ਸੀ।ਸਰਕਾਰਾਂ ਦੀ ਨੀਤੀ ਇਹ ਹੈ ਕਿ ਜਿਹੜਾ ਵੀ ਕੋਈ ਹੱਕ ਸੱਚ ਦੀ ਗੱਲ ਕਰੇ ਉਸ ਉਤੇ ਇੰਨਾ ਜ਼ੁਲਮ ਕਰੋ ਕਿ ਲੋਕ ਆਪਣੇ ਹੱਕ ਦੀ ਗੱਲ ਕਰਨਾ ਭੁੱਲ ਜਾਣ ।ਇਸ ਤੋਂ ਪਹਿਲਾਂ ਵੀ ਕਿਸਾਨਾਂ ਉਤੇ ਅਤੇ ਹੋਰ ਜਥੇਬੰਦੀਆਂ ਉਤੇ ਇਹੋ ਕਾਰਾ ਦੁਹਰਾਇਆ ਜਾ ਚੁੱਕਾ ਹੈ।ਪੰਜਾਬ ਇਸਤਰੀ ਸਭਾ ਪੰਜਾਬ ਸਰਕਾਰ ਦੇ ਇਨ੍ਹਾਂ ਕਾਰਿਆਂ ਤੋਂ ਬਹੁਤ ਚਿੰਤਿਤ ਹੈ।ਇਥੇ ਮੰਗ ਕਰਦੀ ਹੈ ਕਿ ਪੰਜਾਬ ਸਰਕਾਰ ਹੱਕ ਮੰਗਣ ਵਾਲੇ ਲੋਕਾਂ ਉਤੇ ਜ਼ੁਲਮ ਕਰਨ ਦੀ ਬਜਾਏ ਉਨ੍ਹਾਂ ਨਾਲ ਗੱਲਬਾਤ ਕਰੇ ।ਉਹ ਲੋਕ ਜਿਹੜੇ ਕਿ ਪੈਦਾਵਾਰ ਵਿੱਚ ਹਿੱਸਾ ਪਾਉਂਦੇ ਹਨ, ਆਪਣੇ ਟੈਕਸਾਂ ਰਾਹੀਂ ਸਰਕਾਰ ਦੀ ਆਮਦਨ ਦਾ ਸਾਧਨ ਬਣਦੇ ਹਨ, ਫਿਰ ਉਨ੍ਹਾਂ ਕੋਲੋਂ ਚੰਗੀ ਜ਼ਿੰਦਗੀ ਦੀ ਮੰਗ ਕਰਨ ਦਾ ਹੱਕ ਕਿਉਂ ਖੋਹਿਆ ਜਾ ਰਿਹਾ ਹੈ।ਉਨ੍ਹਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਹੱਕੀ ਮੰਗਾਂ ਨੂੰ ਮੰਨਿਆ ਜਾਵੇ ਅਤੇ ਕੰਮ ਮੰਗਦੇ ਲੋਕਾਂ ਨੂੰ ਕੰਮ ਦੇ ਕੇ ਉਨ੍ਹਾਂ ਨੂੰ ਉਤਪਾਦਕ ਮੈਂਬਰ ਬਣਾਇਆ ਜਾਵੇ ਤਾਂ ਜੋ ਦੇਸ਼ ਵਿਕਾਸ ਕਰ ਸਕੇ।

# ਬਰਨਾਲਾ 'ਚ ਲਾਠੀਚਾਰਜ ਕਰਨ ਵਾਲੇ ਪੁਲਸ ਮੁਲਾਜ਼ਮਾਂ ਨੂੰ ਨੌਕਰੀਓਂ ਕੱਢਣ ਦੀ ਮੰਗ



ਪਠਾਨਕੋਟ (ਦਵਿੰਦਰ ਸਿੰਘ)-ਵੱਖ-ਵੱਖ ਵਾਲਮੀਕਿ ਜਥੇਬੰਦੀਆਂ ਵੱਲੋਂ ਪਠਾਨਕੋਟ ਵਾਲਮੀਕਿ ਚੌਕ ਵਿਖੇ ਬਰਨਾਲਾ 'ਚ ਸਫਾਈ ਸੇਵਕ ਅੰਦੋਲਨ 'ਤੇ ਲਾਠੀਚਾਰਜ ਕਰਨ ਵਾਲੇ ਦੋਸ਼ੀ ਪੁਲਸ ਵਾਲਿਆਂ ਨੂੰ ਨੌਕਰੀਓਂ ਕੱਢਣ ਅਤੇ ਉਨ੍ਹਾਂ ਦੇ ਖਿਲਾਫ ਅਪਰਾਧਿਕ ਮਾਮਲਾ ਦਰਜ ਕਰਨ ਦੀ ਮੰਗ ਨੂੰ ਲੈ ਕੇ ਦੋਸ਼ੀ ਪੁਲਸ ਵਾਲਿਆਂ ਦੇ ਪੁਤਲੇ ਫੂਕ ਕੇ ਰੋਸ ਪ੍ਰਦਰਸ਼ਨ ਰਾਸ਼ਟਰੀ ਵਾਲਮੀਕਿ ਧਰਮ ਸਮਾਜ ਦੇ ਜ਼ਿਲ੍ਹਾ ਚੇਅਰਮੈਨ ਬੰਟੀ ਖੋਸਲਾ ਦੀ ਅਗਵਾਈ ਕੀਤਾ ਗਿਆ, ਜਿਸ ਵਿੱਚ ਰਾਵਣ ਸੈਨਾ ਦੇ ਪੰਜਾਬ ਪ੍ਰਧਾਨ ਅਮਿਤ ਰੰਗਾਵਾ, ਸੈਂਟਰ ਵਾਲਮੀਕਿ ਸਭਾ ਦੇ ਜ਼ਿਲ੍ਹਾ ਪ੍ਰਧਾਨ ਦੀਪਕ ਭੱਟੀ, ਵਾਲਮੀਕਿ ਸਮਾਜ ਤੋਂ ਐਡਵੋਕੇਟ ਜੋਤੀਪਾਲ ਭੀਮ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਇਸ ਮੌਕੇ ਅਮਿਤ ਰੰਗਾਵਾ, ਦੀਪਕ ਭੱਟੀ, ਐਡਵੋਕੇਟ ਜੋਤੀ ਪਾਲ ਭੀਮ ਵੱਲੋਂ ਸਾਂਝੇ ਤੌਰ ਤੇ ਕਿਹਾ ਗਿਆ ਕਿ ਜਿਸ ਤਰ੍ਹਾਂ ਬਰਨਾਲਾ ਵਿੱਚ ਸਫਾਈ ਸੇਵਕ ਸ਼ਾਂਤਮਈ ਧਰਨਾ ਪ੍ਰਦਰਸ਼ਨ ਕਰ ਰਹੇ ਸਫਾਈ ਸੇਵਕ ਅੰਦੋਲਨ ਨੂੰ ਪੁਲਸ ਵੱਲੋਂ ਜਾਨਵਰਾਂ ਵਾਂਗ ਕੁੱਟਿਆ ਗਿਆ ਹੈ ਅਤੇ ਅੰਨ੍ਹੇਵਾਹ ਤਸ਼ੱਦਦ ਕੀਤਾ ਗਿਆ, ਇਹ ਕੰਮ 100 ਸਾਲ ਪਹਿਲਾਂ ਅੰਗਰੇਜ਼ ਕਰਦੇ ਸੀ। ਉਨ੍ਹਾਂ ਨੇ ਕਿਹਾ ਕਿ ਦੋਸ਼ੀ ਅਧਿਕਾਰੀਆਂ ਨੂੰ ਸਸਪੈਂਡ ਕਰਨਾ ਹੀ ਕਾਫੀ ਨਹੀਂ ਹੈ। ਜਦੋਂ ਤਕ ਦੋਸ਼ੀ ਪੁਲਸ ਅਫਸਰਾਂ ਨੂੰ ਨੌਕਰੀ ਤੋਂ ਕੱਢ ਕੇ ਇਨ੍ਹਾਂ ਉੱਪਰ ਅਪਰਾਧਿਕ ਮਾਮਲਾ ਦਰਜ ਨਹੀਂ ਕੀਤਾ ਜਾਂਦਾ, ਉਦੋਂ ਤੱਕ ਸਮੁੱਚਾ ਵਾਲਮੀਕਿ ਸਮਾਜ ਬਰਨਾਲਾ ਵਿੱਚ ਜਾ ਕੇ ਐੱਸਐੱਸਪੀ ਦਫਤਰ ਅੱਗੇ ਧਰਨਾ ਦੇ ਕੇ ਇਸ ਮੰਗ ਨੂੰ ਮਨਵਾਵੇਗਾ। ਇਸ ਮੌਕੇ ਪੰਜਾਬ ਜਨਰਲ ਸਕੱਤਰ ਕਮਲ ਗਿੱਲ, ਯੂਥ ਪ੍ਰਧਾਨ ਹਰੀਸ਼ ਹੈਪੀ, ਯਸ਼ਪਾਲ, ਡੂੰਟੋ ਗਿੱਲ, ਅਨੂ ਕੁਮਾਰ, ਸੁਨੀਲ ਕੁਮਾਰ, ਰਜਤ ਟੁਕਰਾ, ਪ੍ਰਿੰਸ, ਵਿਕੀ ਗਿੱਲ, ਵਿਕਾਸ, ਰਾਕੇਸ਼ ਬੋਬੀ, ਵਿਸ਼ਾਲ ਗਿੱਲ ਆਦਿ ਸ਼ਾਮਿਲ ਸਨ।

# ਕਿਰਤੀ ਕਿਸਾਨ ਯੂਨੀਅਨ ਇਲਾਕਾ ਬਹਿਰਾਮਪੁਰ ਦਾ ਡੈਲੀਗੇਟ ਅਜਲਾਸ

## * ਨਵੀਂ ਚੁਣੀ ਗਈ 13 ਮੈਂਬਰੀ ਕਮੇਟੀ ਦੇ ਨਾਵਾਂ ਦਾ ਪੈਨਲ ਕੀਤਾ ਪੇਸ਼



ਗੁਰਦਾਸਪੁਰ (ਜਨਕ ਮਹਾਜਨ)-ਕਿਰਤੀ ਕਿਸਾਨ ਯੂਨੀਅਨ ਦਾ ਇਲਾਕਾ ਬਹਿਰਾਮਪੁਰ ਦਾ ਡੈਲੀਗੇਟ ਅਜਲਾਸ ਪਿੰਡ ਸੁਲਤਾਨੀ ਵਿੱਚ ਕੀਤਾ ਗਿਆ।ਅਜਲਾਸ ਦੀ ਕਾਰਵਾਈ ਸ਼ੁਰੂ ਕਰਨ ਤੋਂ ਪਹਿਲਾਂ ਕਿਸਾਨ ਲਹਿਰ ਦੇ ਸਮੂਹ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ।ਅਜਲਾਸ ਦੀ ਕਾਰਵਾਈ ਚੰਨਣ ਸਿੰਘ ਦੋਰਾਂਗਲਾ, ਸਰੂਪ ਸਿੰਘ ਸੰਘੇੜ ਅਤੇ ਸਾਗਰ ਸਿੰਘ ਭੋਲਾ ਦੀ ਪ੍ਰਧਾਨਗੀ ਹੇਠ ਸ਼ੁਰੂ ਕੀਤੀ ਗਈ।ਤਹਿਸੀਲ ਸਿੰਘ ਬਹਿਰਾਮਪੁਰ ਨੇ ਜਥੇਬੰਦੀ ਵੱਲੋਂ ਪਿਛਲੇ ਸਮੇਂ ਵਿੱਚ ਕੀਤੇ ਗਏ ਘੋਲ ਅਤੇ ਸਰਗਰਮੀਆਂ ਦੀ ਰਿਪੋਰਟ ਪੇਸ਼ ਕੀਤੀ ਗਈ ਜਿਸ ਨੂੰ ਉਸਾਰੂ ਬਹਿਸ ਤੋਂ ਬਾਅਦ ਪਾਸ ਕਰ ਦਿੱਤਾ ਗਿਆ।ਰਿਪੋਰਟ ਉਪਰ ਵਿਚਾਰ ਚਰਚਾ ਕਰਨ ਉਪਰੰਤ ਤੇ ਕੁਝ ਸੋਧਾਂ ਅਤੇ ਸੁਝਾਵਾਂ ਨੂੰ ਪਰਵਾਨ ਕਰਨ ਉਪਰੰਤ ਸਰਬਸੰਮਤੀ ਨਾਲ ਪਾਸ ਕਰ ਦਿੱਤਾ ਗਿਆ।ਕਿਸਾਨ ਆਗੂ ਚੰਨਣ ਸਿੰਘ ਦੋਰਾਂਗਲਾ ਨੇ ਨਵੀਂ ਚੁਣੀ ਜਾਣ ਵਾਲੀ ਕਮੇਟੀ ਦੇ ਮੈਂਬਰਾਂ ਦੇ ਨਾਵਾਂ ਦਾ ਪੈਨਲ ਪੇਸ਼ ਕੀਤਾ ਗਿਆ। ਨਵੀਂ ਚੁਣੀ ਗਈ 13 ਮੈਂਬਰੀ ਵਿੱਚੋਂ ਅਜੀਤ ਸਿੰਘ ਮਲੀਆਂ ਨੂੰ ਪਰਧਾਨ, ਅਮਰੀਕ ਸਿੰਘ ਸਲਾਚ ਨੂੰ ਮੀਤ ਪ੍ਰਧਾਨ, ਸੁਖਦੇਵ ਸਿੰਘ ਗਾਹਲੜੀ-ਮੀਤ ਪ੍ਰਧਾਨ, ਮਾਸਟਰ ਤਰਸੇਮ ਸਿੰਘ ਸੁਲਤਾਨੀ ਨੂੰ ਸਕੱਤਰ, ਜਰਨੈਲ ਸਿੰਘ ਝਬਕਰਾ ਨੂੰ ਖਜ਼ਾਨਚੀ ਅਤੇ ਚੰਨਣ ਸਿੰਘ ਦੋਰਾਂਗਲਾ, ਸਾਗਰ ਸਿੰਘ ਭੋਲਾ, ਸਰੂਪ ਸਿੰਘ ਸੰਘੇੜ, ਮੁਖਤਿਆਰ ਸਿੰਘ ਬਹਿਰਾਮਪੁਰ, ਤਰਸੇਮ ਸਿੰਘ ਕਠਿਆਲੀ, ਨਿਰੰਜਨ ਸਿੰਘ ਕਜਲੇ ਅਤੇ ਗੁਰਨਾਮ ਸਿੰਘ ਚੌੜਾ ਕਮੇਟੀ ਮੈਂਬਰਾਂ ਦੀ ਚੋਣ ਕੀਤੀ ਗਈ।ਅਜਲਾਸ ਨੂੰ ਸੰਬੋਧਨ ਕਰਦੇ ਹੋਏ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਸਤਿਬੀਰ ਸਿੰਘ ਸੁਲਤਾਨੀ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਅਤੇ ਪੰਜਾਬ ਸਰਕਾਰ ਸਾਮਰਾਜੀ ਦੇਸ਼ਾਂ ਦੇ ਦਬਾਅ ਹੇਠ ਕਿਸਾਨ ਅਤੇ ਮਜ਼ਦੂਰ ਵਿਰੋਧੀ ਨੀਤੀਆਂ ਲਾਗੂ ਕਰੀਆਂ ਜਾ ਰਹੀਆਂ ਹਨ।ਅਜਿਹਾ ਕਾਰਪੋਰੇਟ ਘਰਾਣਿਆਂ ਅਤੇ ਦੇਸੀ ਵਿਦੇਸ਼ੀ ਵੱਡੀਆਂ ਕੰਪਨੀਆਂ ਦੇ ਹਿੱਤਾਂ ਦੀ ਪੂਰਤੀ ਲਈ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਭਾਰਤ ਦਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਅੱਗੇ ਗੋਡੇ ਟੇਕ ਦਿੱਤੇ ਹਨ ਅਤੇ ਦਬਾਅ ਹੇਠ ਟੈਕਸ-ਮੁਕਤ ਭਾਰਤ-ਅਮਰੀਕਾ ਵਪਾਰਕ ਸਮਝੌਤਾ ਕਰਕੇ ਦੇਸ਼ ਦੇ ਕਿਸਾਨਾਂ-ਮਜ਼ਦੂਰਾਂ ਦੀ ਮੌਤ ਦੇ ਵਾਰੰਟਾਂ ਉੱਤੇ ਦਸਤਖਤ ਕੀਤੇ ਹਨ।

# ਹਰਦੇਵ ਸੰਧੂ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ



ਚੇਤਨਪੁਰਾ/ਅਜਨਾਲਾ/ ਅੰਮ੍ਰਿਤਸਰ/ (ਸੁਖਵੰਤ ਚੇਤਨਪੁਰੀ/ ਸੁਖਤਿੰਦਰ ਸਿੰਘ ਰਾਜੂ/ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸੰਯੁਕਤ ਕਿਸਾਨ ਮੋਰਚਾ ਪੰਜਾਬ ਦੇ ਪ੍ਰਮੁੱਖ ਆਗੂਆਂ ਡਾਕਟਰ ਸਤਨਾਮ ਸਿੰਘ ਅਜਨਾਲਾ, ਮਾਸਟਰ ਜਤਿੰਦਰ ਸਿੰਘ ਛੀਨਾ, ਧਨਵੰਤ ਸਿੰਘ ਖਤਰਾਏ ਕਲਾਂ, ਮਾਸਟਰ ਸੁੱਚਾ ਸਿੰਘ ਅਜਨਾਲਾ, ਕਾਬਲ ਸਿੰਘ ਛੀਨਾ, ਸੁਖਰਾਜਬੀਰ ਲੁਹਾਰਕਾ, ਲਖਬੀਰ ਸਿੰਘ ਨਿਜ਼ਾਮਪੁਰਾ, ਗੁਰਲਾਲ ਸਿੰਘ ਮਾਨ ਅਤੇ ਪਿਆਰਾ ਸਿੰਘ ਧਾਰੜ ਨੇ ਸਾਂਝੇ ਬਿਆਨ ਰਾਹੀਂ ਕਿਰਤੀ ਕਿਸਾਨ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਹਰਦੇਵ ਸਿੰਘ ਸੰਧੂ ਦੀ ਦਿਲ ਦਾ ਦੌਰਾ ਪੈਣ ਕਰਕੇ ਹੋਈ ਬੇਵਕਤ ਮੌਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

ਉਕਤ ਆਗੂਆਂ ਨੇ ਕਿਹਾ ਕਿ ਹਰਦੇਵ ਸਿੰਘ ਸੰਧੂ ਨੇ ਸਾਰੀ ਜ਼ਿੰਦਗੀ ਕਿਸਾਨਾਂ, ਮਜ਼ਦੂਰਾਂ ਦੇ ਹੱਕਾਂ ਲਈ ਸੰਘਰਸ਼ ਕਰਦਿਆਂ ਨਿਛਾਵਰ ਕਰ ਦਿੱਤੀ ਹੈ।ਉਨ੍ਹਾਂ ਨੇ ਦਿੱਲੀ ਕਿਸਾਨ ਮੋਰਚੇ ਵਿੱਚ ਲਗਾਤਾਰ ਕਿਸਾਨਾਂ ਦੇ ਸੰਘਰਸ਼ ਵਿੱਚ ਰਹਿ ਕੇ ਸੰਯੁਕਤ ਕਿਸਾਨ ਮੋਰਚੇ ਦੀ ਲੀਡਰਸ਼ਿਪ ਵਿੱਚ ਅਹਿਮ ਭੂਮਿਕਾ ਨਿਭਾਈ। ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਅੰਮ੍ਰਿਤਸਰ ਦੇ ਪ੍ਰਮੁੱਖ ਆਗੂਆਂ ਵੱਲੋਂ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਜਾਂਦੇ ਹਨ ਅਤੇ ਉਨ੍ਹਾਂ ਦੇ ਅਧੂਰੇ ਕਾਰਜਾਂ ਨੂੰ ਪੂਰਾ ਕਰਨ ਦਾ ਦ੍ਰਿੜ ਸੰਕਲਪ ਲਿਆ ਜਾਂਦਾ ਹੈ।

# ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਤੇ ਸਫ਼ਾਈ ਸੇਵਕ ਯੂਨੀਅਨ ਨੇ ਮੋਦੀ ਦਾ ਪੁਤਲਾ ਫੂਕਿਆ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਵੱਲੋਂ ਕਾਦੀਆਂ ਬੱਸ ਅੱਡੇ ਵਿੱਚ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੁਤਲਾ ਫੂਕਿਆ।

ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਯੂਥ ਵਿੰਗ ਦੇ ਸੂਬਾ ਆਗੂ ਮੰਗਤ ਸਿੰਘ ਕੋਟ ਟੋਡਰ ਮੱਲ ਅਤੇ ਸਫਾਈ ਸੇਵਕ ਯੂਨੀਅਨ ਦੇ ਪ੍ਰਧਾਨ ਰਹਿਮਤ ਕਾਦੀਆਂ ਨੇ ਪ੍ਰੈੱਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਦਿੱਲੀ ਵਿਚ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ ਉਤੇ ਅੰਨ੍ਹਾ ਤਸ਼ੱਦਦ ਕੀਤਾ ਜਿਸ ਦੇ ਰੋਸ ਵਿੱਚ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੁਤਲਾ ਫੂਕਿਆ ਅਤੇ ਪੰਜਾਬ ਸਰਕਾਰ ਵੱਲੋਂ ਬਰਨਾਲਾ ਸਫ਼ਾਈ ਸੇਵਕ ਮਜ਼ਦੂਰ ਅਰੌਤਾਂ ਨੌਜਵਾਨ ਬਜ਼ੁਰਗ ਤੇ ਪੰਜਾਬ ਪੁਲਸ ਨੇ ਸਤਵੀਰ ਸਿੰਘ ਬੈਂਸ ਅਤੇ ਲਖਵਿੰਦਰ ਸਿੰਘ 'ਤੇ ਅੰਨ੍ਹਾ ਤਸ਼ੱਦਦ ਕੀਤਾ ਸੀ ਜਿਸ ਦੇ ਰੋਸ ਵਿੱਚ ਪੁਤਲਾ ਫੂਕ ਪ੍ਰਦਰਸ਼ਨ ਕੀਤਾ। ਮਜ਼ਦੂਰ ਯੂਨੀਅਨ ਦੇ ਆਗੂਆਂ ਨੇ ਕਿਹਾ ਕਿ ਇਨ੍ਹਾਂ ਦੀ ਮੁੱਖ ਮੰਗ ਕੱਢੇ ਮੁਲਾਜ਼ਮਾਂ ਨੂੰ ਪੱਕਾ ਕੀਤਾ ਜਾਵੇ।

ਇਸ ਮੌਕੇ ਪੇਂਡੂ ਮਜ਼ਦੂਰ ਯੂਨੀਅਨ ਕਾਦੀਆਂ ਦੇ ਪ੍ਰਧਾਨ ਦਲਬੀਰ ਸਿੰਘ ਲੀਲ੍ਹ ਕਲਾਂ, ਸਤਨਾਮ ਸਿੰਘ ਤੁਗਲਵਾਲ, ਮਹਾਂਬੀਰ, ਰਾਮ ਲਾਲ, ਅਸ਼ੋਕ ਕੁਮਾਰ, ਰਾਮ ਨਾਥ, ਰਾਹੁਲ, ਸੁਦੇਸ਼, ਰਿੰਕੂ, ਮਿੱਠਨ ਆਦਿ ਤੇ ਹੋਰ ਬਹੁਤ ਸਾਰੇ ਮੈਂਬਰ ਹਾਜ਼ਰ ਸਨ।

# ਬਿਜਲੀ ਮੁਲਾਜ਼ਮਾਂ ਦੀ ਸਮੂਹਿਕ ਛੁੱਟੀ ਛੇਵੇਂ ਦਿਨ ਵੀ ਜਾਰੀ



ਬਿਆਸ (ਪਰਮਜੀਤ ਸਿੰਘ ਰੱਖੜਾ)-ਜੁਆਇੰਟ ਫੋਰਮ ਪੰਜਾਬ, ਏਕਤਾ ਮੰਚ ਪੰਜਾਬ ਅਤੇ ਸੰਬੰਧਤ ਜਥੇਬੰਦੀਆਂ ਦੇ ਸੱਦੇ 'ਤੇ ਰਈਆ ਮੰਡਲ ਬਿਆਸ ਵਿਖੇ ਬਿਜਲੀ ਮੁਲਾਜ਼ਮਾਂ ਵੱਲੋਂ ਐਤਵਾਰ ਛੇਵੇਂ ਦਿਨ ਵੀ ਸਮੂਹਿਕ ਛੁੱਟੀ ਕਰ ਕੇ ਮੁਲਾਜ਼ਮ ਮੰਗਾਂ ਮਨਵਾਉਣ ਲਈ ਭਾਰੀ ਰੋਸ ਪ੍ਰਦਰਸ਼ਨ ਕੀਤਾ ਗਿਆ। ਬੁਲਾਰਿਆਂ ਨੇ ਦੱਸਿਆ ਕਿ ਜਿੰਨਾ ਚਿਰ ਤੱਕ ਪਾਵਰਕਾਮ ਦੀ ਮੈਨੇਜਮੈਂਟ ਵੱਲੋਂ ਮੁਲਾਜ਼ਮਾਂ ਦੀਆਂ ਮੰਗਾਂ ਦਾ ਠੋਸ ਹੱਲ ਨਹੀਂ ਕੀਤਾ ਜਾਂਦਾ, ਓਨਾ ਚਿਰ ਤੱਕ ਜੋ ਵੀ ਜਥੇਬੰਦੀ ਵੱਲੋਂ ਕਾਲ ਆਵੇਗੀ, ਉਸ ਨੂੰ ਪੂਰੀ ਤਨਦੇਹੀ ਨਾਲ ਲਾਗੂ ਕੀਤਾ ਜਾਵੇਗਾ। ਹੋਰਨਾਂ ਤੋਂ ਇਲਾਵਾ ਇੰਪਲਾਈਜ਼ ਫੈਡਰੇਸ਼ਨ ਬਾਬਾ ਬਕਾਲਾ ਸਾਹਿਬ ਦੇ ਪ੍ਰਧਾਨ ਹਰਜਿੰਦਰ ਸਿੰਘ ਚਾਹਲ ਅਤੇ ਕਰਮਚਾਰੀ ਦਲ ਦੇ ਪ੍ਰਧਾਨ ਸੁੱਚਾ ਸਿੰਘ, ਸਰਕਲ ਆਗੂ ਗੁਰਪ੍ਰੀਤ ਸਿੰਘ ਫੇਰੂਮਾਨ, ਗੁਰਵੰਤ ਸਿੰਘ, ਤਰਸੇਮ ਸਿੰਘ ਬੁਤਾਲਾ, ਸਤਨਾਮ ਸਿੰਘ ਮਹਿਤਾ, ਗੁਰਜੀਤ ਸਿੰਘ ਰਾਮਪੁਰ, ਗੁਰਪਾਲ ਸਿੰਘ ਬਾਬਾ ਬਕਾਲਾ, ਲਖਵਿੰਦਰ ਸਿੰਘ ਜੇ ਈ, ਸੁਖਬੀਰ ਸਿੰਘ ਜੇ ਈ, ਕਰਮ ਸਿੰਘ, ਗੁਰਪ੍ਰੀਤ ਸਿੰਘ ਗਗੜਭਾਣਾ ਸਮੇਤ ਮੈਂਬਰ ਸਾਹਿਬਾਨ ਹਾਜ਼ਰ ਸਨ।

# ਪੁਲਸ ਵੱਲੋਂ ਨਸ਼ਾ ਕਰਦੇ ਦੋ ਵਿਅਕਤੀ ਕਾਬੂ



ਪਠਾਨਕੋਟ (ਦਵਿੰਦਰ ਸਿੰਘ)-ਯੁੱਧ ਨਸ਼ੇ ਵਿਰੁੱਧ ਮੁਹਿੰਮ ਦੇ ਤਹਿਤ ਪਠਾਨਕੋਟ ਪੁਲਸ ਵੱਲੋਂ ਦੋ ਵਿਅਕਤੀਆਂ ਨੂੰ ਨਸ਼ਾ ਕਰਦੇ ਫੜਿਆ ਗਿਆ ਹੈ।ਥਾਣਾ ਡਿਵੀਜ਼ਨ ਨੰਬਰ ਇੱਕ ਦੇ ਏਐੱਸਆਈ ਦਵਿੰਦਰ ਸਿੰਘ ਪੁਲਸ ਪਾਰਟੀ ਨਾਲ ਗਸ਼ਤ ਕਰ ਰਹੇ ਸੀ ਕਿ ਜਦੋਂ ਉਹ ਲਮੀਨੀ ਸਟੇਡੀਅਮ ਲਾਗੇ ਪਹੁੰਚੇ ਤਾਂ ਦੋ ਵਿਅਕਤੀ ਝਾੜੀਆਂ ਵਿੱਚ ਵੜੇ ਹੋਏ ਸਨ। ਜਦੋਂ ਪੁਲਸ ਨੇ ਸ਼ੱਕ ਦੇ ਚਲਦੇ ਉਨ੍ਹਾਂ ਨੂੰ ਚੈੱਕ ਕੀਤਾ ਤਾਂ ਉਨ੍ਹਾਂ ਪਾਸੋਂ ਇੱਕ ਲਾਈਟਰ, ਪੰਨੀ ਪੇਪਰ ਅਤੇ 10 ਰੁਪਏ ਦਾ ਨੋਟ ਗੋਲ ਕੀਤਾ ਬਰਾਮਦ ਕੀਤਾ ਗਿਆ ਜਿਸ ਉਪਰ ਹੈਰੋਇਨ ਲੱਗੀ ਹੋਈ ਸੀ। ਪੁਲਸ ਵੱਲੋਂ ਦੋਨਾਂ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ, ਜਿਨ੍ਹਾਂ ਦੀ ਪਹਿਚਾਣ ਅਮਿਤ ਕੁਮਾਰ ਉਰਫ ਬੱਬੂ ਪੁੱਤਰ ਸੋਮਰਾਜ ਅਬਰੋਲ ਨਗਰ ਪਠਾਨਕੋਟ ਅਤੇ ਰੋਹਿਤ ਕੁਮਾਰ ਉਰਫ ਗੱਗੂ ਪੁੱਤਰ ਪਰਸ਼ੋਤਮ ਪਿੰਡ ਲੱਧਪਾਲਵਾਂ ਜ਼ਿਲਾ ਪਠਾਨਕੋਟ ਦੇ ਰੂਪ ਵਿੱਚ ਹੋਈ ਹੈ।ਪੁਲਸ ਨੇ ਦੋਵਾਂ ਦੇ ਖਿਲਾਫ ਐੱਨਡੀਪੀਸੀ ਐਕਟ ਦੇ ਤਹਿਤ ਡਵੀਜ਼ਨ ਨੰਬਰ ਇੱਕ ਥਾਣਾ ਵਿੱਚ ਮਾਮਲਾ ਦਰਜ ਕਰਕੇ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ!

# 'ਅਕਾਲੀ ਦਲ ਵਾਰਿਸ ਪੰਜਾਬ ਦੇ' ਵੱਲੋਂ ਬਹਾਦਰਪੁਰ ਰਜੋਆ 'ਚ ਕਮੇਟੀਆਂ ਦਾ ਗਠਨ



ਧਾਰੀਵਾਲ/ ਹਰਚੋਵਾਲ, (ਮਨਦੀਪ ਵਿੱਕੀ)-ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਕਸਬਾ ਹਰਚੋਵਾਲ ਨੇੜਲੇ ਪਿੰਡ ਬਹਾਦਰਪੁਰ ਰਜੋਆ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਸੀਨੀਅਰ ਆਗੂ ਮਨਵਿੰਦਰ ਸਿੰਘ ਪ੍ਰਿੰਸ ਦੀ ਅਗਵਾਈ ਹੇਠ ਹੋਈ ਮੀਟਿੰਗ ਵਿੱਚ 25 ਮੈਂਬਰੀ ਕਮੇਟੀ ਅਤੇ ਬੀਬੀਆਂ ਦੀ 11 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ।

ਜ਼ਿਕਰਯੋਗ ਹੈ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਸੀਨੀਅਰ ਆਗੂ ਮਨਵਿੰਦਰ ਸਿੰਘ ਪ੍ਰਿੰਸ ਵੱਲੋਂ ਹਲਕੇ ਵਿੱਚ ਹਰ ਰੋਜ਼ ਪਾਰਟੀ ਨੂੰ ਮਜ਼ਬੂਤ ਕਰਨ ਲਈ ਵੱਖ-ਵੱਖ ਪਿੰਡਾਂ ਵਿੱਚ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਅਤੇ ਦੂਸਰੀਆਂ ਪਾਰਟੀਆਂ ਦੇ ਵਰਕਰਾਂ ਨੂੰ ਵਾਰਿਸ ਪੰਜਾਬ ਵਿੱਚ ਸ਼ਾਮਿਲ ਕੀਤਾ ਜਾ ਰਿਹਾ ਹੈ।

ਇਸ ਮੌਕੇ ਵਾਈਸ ਪ੍ਰਧਾਨ ਪੰਜਾਬ ਬੀਬੀ ਅਮਨਦੀਪ ਕੌਰ ਰੰਧਾਵਾ, ਜ਼ਿਲ੍ਹਾ ਪ੍ਰਧਾਨ ਗੁਰਦਾਸਪੁਰ ਸਤਿੰਦਰਜੀਤ ਸਿੰਘ ਗਿੱਲ, ਜਨਰਲ ਸਕੱਤਰ ਮਨਜੀਤ ਸਿੰਘ ਪਾਹੜਾ ਤੋਂ ਇਲਾਵਾ ਦਲਬੀਰ ਸਿੰਘ ਧਾਰੀਵਾਲ, ਜਸਬੀਰ ਪਾਲ ਸਿੰਘ, ਸੁਖਜੀਤ ਸਿੰਘ, ਕੁਲਦੀਪ ਸਿੰਘ, ਕਸ਼ਮੀਰ ਸਿੰਘ, ਗੁਰਸੇਵਕ ਸਿੰਘ, ਗੁਰਭੇਜ ਸਿੰਘ, ਮਹਿੰਦਰ ਸਿੰਘ, ਗੁਰਜਿੰਦਰ ਸਿੰਘ, ਸੁਲੱਖਣ ਸਿੰਘ, ਲਖਵਿੰਦਰ ਸਿੰਘ, ਸ਼ਮਸ਼ੇਰ ਸਿੰਘ, ਪਲਵਿੰਦਰ ਸਿੰਘ ਮਿੰਟੂ, ਮਨਜਿੰਦਰ ਸਿੰਘ ਮੰਨੀ, ਪ੍ਰਭ ਦਿਆਲ ਸਿੰਘ, ਗੁਰਪ੍ਰੀਤ ਸਿੰਘ, ਮਲਕੀਤ ਸਿੰਘ, ਰਣਜੀਤ ਸਿੰਘ, ਅਰਸ਼ਦੀਪ ਸਿੰਘ, ਚਨਦੀਪ ਸਿੰਘ, ਜੈ ਸਿੰਘ, ਮਨਜੀਤ ਸਿੰਘ, ਅਵਤਾਰ ਸਿੰਘ, ਦਿਲਬਾਗ ਸਿੰਘ, ਬਲਕਾਰ ਸਿੰਘ, ਸੰਦੀਪ ਸਿੰਘ, ਅਕਵਿੰਦਰ ਕੌਰ, ਮਨਜੀਤ ਕੌਰ, ਸਰਬਜੀਤ ਕੌਰ, ਕੁਲਵਿੰਦਰ ਕੌਰ, ਸੁਰਜੀਤ ਕੌਰ, ਰਤਨ ਕੌਰ, ਸਰਬਜੀਤ ਕੌਰ, ਪਰਮਿੰਦਰ ਕੌਰ, ਕੁਲਵਿੰਦਰ ਕੌਰ, ਬਲਜੀਤ ਕੌਰ ਅਤੇ ਅਮਨਦੀਪ ਕੌਰ ਆਦਿ ਹਾਜ਼ਰ ਸਨ।

# ਪੈਨਸ਼ਨਰ ਸੰਗਰੂਰ ਮਹਾਂ ਰੈਲੀ 'ਚ ਵੱਧ-ਚੜ੍ਹ ਕੇ ਪਹੁੰਚਣਗੇ: ਸੁਰਿੰਦਰ ਪੱਪੂ


ਗੁਰਦਾਸਪੁਰ, (ਜਨਕ ਮਹਾਜਨ)-ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਤੇ ਟਰਾਂਸਕੋ ਪੈਨਸ਼ਨਰ ਐਸੋਸੀਏਸ਼ਨ ਰਜਿ. ਨੰਬਰ 56 ਦੇ ਸਰਕਲ ਗੁਰਦਾਸਪੁਰ ਦੇ ਸਰਕਲ ਸਕੱਤਰ ਸੁਰਿੰਦਰ ਪੱਪੂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਕੋਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਲਾਗੂ ਕਰਵਾਉਣ ਲਈ ਪੰਜਾਬ ਗੌਰਮੈਂਟ ਪੈਨਸ਼ਨਰ ਜੁਆਇੰਟ ਫਰੰਟ ਅਤੇ ਮੁਲਾਜ਼ਮ ਪੈਨਸ਼ਨਰ ਸਾਂਝਾ ਫਰੰਟ ਦੀ ਅਗਵਾਈ ਹੇਠ 29 ਜੁਲਾਈ ਨੂੰ ਮੁੱਖ ਮੰਤਰੀ ਪੰਜਾਬ ਅਤੇ ਵਿੱਤ ਮੰਤਰੀ ਪੰਜਾਬ ਸ਼ਹਿਰ ਸੰਗਰੂਰ ਵਿਖੇ ਮਹਾਂ ਰੈਲੀ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਪੈਨਸ਼ਨਰ ਐਸੋਸੀਏਸ਼ਨ ਸਰਕਲ ਗੁਰਦਾਸਪੁਰ ਦੀ ਹੋਈ ਹੰਗਾਮੀ ਮੀਟਿੰਗ ਵਿੱਚ ਸਟੇਟ ਕਮੇਟੀ ਪੈਨਸ਼ਨਰ ਐਸੋਸੀਏਸ਼ਨ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਟੇਟ ਕਮੇਟੀ ਵੱਲੋਂ ਲਗਾਏ ਕੋਟੇ ਅਨੁਸਾਰ ਗੁਰਦਾਸਪੁਰ ਸਰਕਲ ਦੇ ਮੰਡਲ ਗੁਰਦਾਸਪੁਰ ਦੇ ਪਠਾਨਕੋਟ ਮੰਡਲ, ਕਾਦੀਆਂ, ਧਾਰੀਵਾਲ, ਸ਼ਹਿਰੀ ਮੰਡਲ ਬਟਾਲਾ, ਦਿਹਾਤੀ ਮੰਡਲ ਬਟਾਲਾ ਤੋਂ ਪੈਨਸ਼ਨਰ ਵੱਡੀ ਗਿਣਤੀ ਵਿੱਚ ਬੱਸਾਂ ਰਾਹੀਂ ਸੰਗਰੂਰ ਪਹੁੰਚਣਗੇ ਤਾਂ ਜੋ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਜਿਵੇਂ 18 ਫੀਸਦੀ ਡੀਏ, ਉਸ ਦਾ ਬਕਾਇਆ ਏਰੀਅਰ 2.59 ਗੁਣਾਂਕ ਨਾਲ ਪੈਨਸ਼ਨ ਵਿੱਚ ਵਾਧਾ ਕਰਕੇ ਉਸਦਾ ਏਰੀਆ, ਪੁਰਾਣੀ ਪੈਨਸ਼ਨ ਨਿਯਮ 1972 ਤਹਿਤ ਉਸ ਦਾ ਨੋਟੀਫਿਕੇਸ਼ਨ ਕਰਕੇ ਲਾਗੂ ਕਰਨਾ, 37 ਤਰ੍ਹਾਂ ਦੇ ਕੱਟੇ ਭੱਤੇ ਬਹਾਲ ਕਰਨਾ, 200 ਰੁਪਏ ਕੱਟਿਆ ਜਾ ਰਿਹਾ ਵਿਕਾਸ ਟੈਕਸ ਬੰਦ ਕਰਨਾ ਆਦਿ ਤੋਂ ਇਲਾਵਾ ਹੋਰ ਬਹੁਤ ਸਾਰੀਆਂ ਮੰਗਾਂ ਨੂੰ ਲਾਗੂ ਕਰਵਾਉਣਾ ਹੈ।ਜੇਕਰ ਇਹ ਮੰਨੀਆਂ ਮੰਗਾਂ 29 ਤੋਂ ਪਹਿਲਾਂ ਲਾਗੂ ਨਾ ਕੀਤੀਆਂ ਤਾਂ ਪੈਨਸ਼ਨਰ ਇਸ ਮਹਾਂ ਰੈਲੀ ਵਿੱਚ ਵੱਧ-ਚੜ੍ਹ ਕੇ ਸ਼ਮੂਲੀਅਤ ਕਰਨਗੇ।ਇਸ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਪੱਪੂ ਨੇ ਕਿਹਾ ਕਿ ਜੇਕਰ ਫਿਰ ਵੀ ਇਹ ਮੰਗਾਂ ਲਾਗੂ ਨਾ ਕੀਤੀਆਂ ਤਾਂ ਮੁਲਾਜ਼ਮ ਸਾਂਝਾ ਫਰੰਟ ਪੰਜਾਬ ਦੇ ਸੱਦੇ 'ਤੇ 7 ਅਗਸਤ ਨੂੰ ਸੈਕਟਰ 39 ਵਿੱਚ ਚੰਡੀਗੜ੍ਹ ਵਿੱਚ ਕੀਤੀ ਜਾ ਰਹੀ ਰੈਲੀ ਵਿੱਚ ਪੈਨਸ਼ਨਰ ਸ਼ਾਮਿਲ ਹੋਣਗੇ।

# ਪ੍ਰਸ਼ਾਸਨ ਦੱਸੇ ਬਰਨਾਲਾ ਲਾਠੀਚਾਰਜ ਕਿੱਥੋਂ ਦਾ ਨਿਆਂ



ਧਾਰੀਵਾਲ/ਹਰਚੋਵਾਲ, (ਮਨਦੀਪ ਵਿੱਕੀ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ੋਨ ਸੰਤ ਬਾਬਾ ਲਾਲ ਸਿੰਘ ਕੁੱਲੀ ਵਾਲੇ ਜੀ ਵੱਲੋਂ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਦੇ ਖ਼ਿਲਾਫ਼ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ।ਇਹ ਰੋਸ ਪ੍ਰਦਰਸ਼ਨ ਜ਼ੋਨ ਪ੍ਰਧਾਨ ਨਿਸ਼ਾਨ ਸਿੰਘ, ਜ਼ਿਲ੍ਹਾ ਪ੍ਰੈੱਸ ਸਕੱਤਰ ਗੁਰਪ੍ਰੀਤ ਨਾਨੋਵਾਲ ਅਤੇ ਜ਼ੋਨ ਸਕੱਤਰ ਕੈਪਟਨ ਸ਼ਮਿੰਦਰ ਸਿੰਘ, ਬੀਬੀ ਹਰਜੀਤ ਕੌਰ ਦੀ ਅਗਵਾਈ ਹੇਠ ਕੀਤਾ ਗਿਆ।ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਬਰਨਾਲਾ ਵਿੱਚ ਆਪਣੇ ਹੱਕਾਂ ਲਈ ਸ਼ਾਂਤਮਈ ਸੰਘਰਸ਼ ਕਰ ਰਹੇ ਮਜ਼ਦੂਰਾਂ ਅਤੇ ਬੀਬੀਆਂ 'ਤੇ ਕੀਤਾ ਗਿਆ ਲਾਠੀਚਾਰਜ ਬਹੁਤ ਹੀ ਨਿੰਦਣਯੋਗ ਹੈ।ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਆਪਣੀਆਂ ਜਾਇਜ਼ ਮੰਗਾਂ ਲਈ ਆਵਾਜ਼ ਉਠਾਉਣ ਵਾਲੇ ਮਜ਼ਦੂਰਾਂ 'ਤੇ ਜਬਰ ਕਰਨਾ ਸਰਕਾਰ ਦੀ ਤਾਨਾਸ਼ਾਹੀ ਸੋਚ ਨੂੰ ਦਰਸਾਉਂਦਾ ਹੈ, ਜਿਸ ਨੂੰ ਕਿਸਾਨ-ਮਜ਼ਦੂਰ ਵਰਗ ਕਦੇ ਵੀ ਬਰਦਾਸ਼ਤ ਨਹੀਂ ਕਰੇਗਾ।ਆਗੂਆਂ ਨੇ ਦੋਸ਼ ਲਗਾਇਆ ਕਿ ਪੰਜਾਬ ਸਰਕਾਰ ਬਿਜਲੀ ਕਾਮਿਆਂ ਦੀਆਂ ਲੰਬੇ ਸਮੇਂ ਤੋਂ ਚੱਲ ਰਹੀਆਂ ਜਾਇਜ਼ ਮੰਗਾਂ ਨੂੰ ਵੀ ਅਣਡਿੱਠਾ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਮੰਗਾਂ ਦਾ ਜਲਦ ਹੱਲ ਨਾ ਕੀਤਾ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ।ਇਸ ਮੌਕੇ ਜੰਤਰ ਮੰਤਰ, ਨਵੀਂ ਦਿੱਲੀ ਵਿਖੇ ਆਪਣੇ ਹੱਕਾਂ ਲਈ ਲੰਮੇ ਸਮੇਂ ਤੋਂ ਸੰਘਰਸ਼ ਕਰ ਰਹੇ ਵਿਦਿਆਰਥੀਆਂ ਦੀਆਂ ਮੰਗਾਂ ਮੰਨਣ ਤੇ ਕਮੇਟੀ ਵੱਲੋਂ ਸਮੂਹ ਵਿਦਿਆਰਥੀਆਂ ਅਤੇ ਨੌਜਵਾਨ ਵਰਗ ਨੂੰ ਵਧਾਈ ਦਿੱਤੀ ਗਈ।ਆਗੂਆਂ ਨੇ ਕਿਹਾ ਕਿ ਇਹ ਲੋਕ ਸੰਘਰਸ਼ ਦੀ ਵੱਡੀ ਜਿੱਤ ਹੈ ਅਤੇ ਸੰਗਠਿਤ ਲੜਾਈ ਰਾਹੀਂ ਹੀ ਹੱਕ ਪ੍ਰਾਪਤ ਕੀਤੇ ਜਾ ਸਕਦੇ ਹਨ।ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਨੇ ਚੇਤਾਵਨੀ ਦਿੱਤੀ ਕਿ ਜੇਕਰ ਮਜ਼ਦੂਰਾਂ, ਬਿਜਲੀ ਕਾਮਿਆਂ ਅਤੇ ਹੋਰ ਮਿਹਨਤਕਸ਼ ਵਰਗਾਂ ਦੀਆਂ ਜਾਇਜ਼ ਮੰਗਾਂ ਨੂੰ ਜਲਦ ਨਾ ਮੰਨਿਆ ਗਿਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਦੀਪ ਕੌਰ, ਬਲਵਿੰਦਰ ਕੌਰ, ਜਸਬੀਰ ਸਿੰਘ, ਕਾਬਲ ਸਿੰਘ, ਲਖਵਿੰਦਰ ਸਿੰਘ, ਤਿਰਲੋਚਨ ਸਿੰਘ, ਅਵਤਾਰ ਸਿੰਘ, ਬਲਵਿੰਦਰ ਸਿੰਘ, ਗੁਰਮੇਜ ਸਿੰਘ, ਉੱਤਮ ਸਿੰਘ, ਰਘਵੀਰ ਸਿੰਘ, ਸਲਵਿੰਦਰ ਸਿੰਘ, ਹਰਭਜਨ ਸਿੰਘ, ਜੋਗਿੰਦਰ ਸਿੰਘ, ਜਸਵੀਰ ਸਿੰਘ, ਗੁਰਦੇਵ ਸਿੰਘ, ਮੰਗਤਾ ਸਿੰਘ, ਜੱਸ ਜੀਂਦੜ ਅਤੇ ਹੋਰ ਵੱਡੀ ਗਿਣਤੀ ਵਿੱਚ ਕਿਸਾਨ ਮਜ਼ਦੂਰ ਬੀਬੀਆਂ ਹਾਜ਼ਰ ਹੋਏ।

# ਹਲਕਾ ਇੰਚਾਰਜ ਪੰਨੂ ਵੱਲੋਂ ਨਵੇਂ ਆਮ ਆਦਮੀ ਕਲੀਨਿਕ ਦਾ ਉਦਘਾਟਨ



ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਰਾਜ ਦੇ ਲੋਕਾਂ ਨੂੰ ਬਿਹਤਰ ਅਤੇ ਮੁਫ਼ਤ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਲਗਾਤਾਰ ਆਮ ਆਦਮੀ ਕਲੀਨਿਕ ਖੋਲ੍ਹੇ ਜਾ ਰਹੇ ਹਨ।ਇਸੇ ਤਹਿਤ ਹਲਕਾ ਫਤਿਹਗੜ੍ਹ ਚੂੜੀਆਂ ਸ਼ਹਿਰ ਵਿੱਚ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਵੱਲੋਂ ਨਵੇਂ ਆਮ ਆਦਮੀ ਕਲੀਨਿਕ ਦਾ ਉਦਘਾਟਨ ਕੀਤਾ ਗਿਆ।ਇਸ ਕਲੀਨਿਕ ਰਾਹੀਂ ਲੋਕਾਂ ਨੂੰ ਮੁਫ਼ਤ ਦਵਾਈਆਂ, ਡਾਕਟਰੀ ਸੇਵਾਵਾਂ ਅਤੇ ਵੱਖ-ਵੱਖ ਲੈਬ ਟੈਸਟਾਂ ਦੀ ਸਹੂਲਤ ਦਿੱਤੀ ਜਾਵੇਗੀ। ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜਲਦ ਹੀ ਹੋਰਨਾਂ ਖੇਤਰਾਂ ਵਿੱਚ ਵੀ ਆਮ ਆਦਮੀ ਕਲੀਨਿਕਾਂ ਦੇ ਉਦਘਾਟਨ ਕੀਤੇ ਜਾਣਗੇ।ਇਸ ਮੌਕੇ ਐੱਸ. ਐੱਮ. ਓ.ਫਤਿਹਗੜ੍ਹ ਚੂੜੀਆਂ ਨੇ ਦੱਸਿਆ ਕਿ ਇਸ ਕਲੀਨਿਕ ਵਿੱਚ 46 ਤਰ੍ਹਾਂ ਦੇ ਟੈਸਟ ਅਤੇ 107 ਤਰ੍ਹਾਂ ਦੀਆਂ ਦਵਾਈਆਂ ਮੁਫ਼ਤ ਮਿਲ ਰਹੀਆਂ ਹਨ। ਇਸ ਮੌਕੇ ਕੇਵਲ ਮਸੀਹ, ਗਗਨਦੀਪ ਸਿੰਘ, ਰਜਿੰਦਰ ਕੁਮਾਰ ਸੁੰਦਰ, ਤੇਜਵਿੰਦਰ ਸਿੰਘ, ਨਵੀਸ਼ ਨੰਦਾ, ਬਾਬਾ ਡਿੰਪਲ, ਡੈਨੀਅਲ ਮਸੀਹ, ਰੋਬਿਨ ਮਸੀਹ, ਰਾਮਸ ਮਸੀਹ, ਗੁਰਦੇਵ ਸਿੰਘ , ਗਿਰਧਾਰੀ ਲਾਲ, ਸੁਖਦੇਵ ਸਿੰਘ, ਬਾਬਾ ਪਿੰਟੂ, ਗੋਪੀ ਰੰਧਾਵਾ, ਪ੍ਰਭ, ਸਰਬਜੀਤ ਸਿੰਘ, ਮਹਾਦੇਵ ਬੇਦੀ, ਅਨੂਪ ਬਿੰਦਰਾ, ਭੁਪਿੰਦਰ ਪੰਨੂ ਅਤੇ ਲਵਪ੍ਰੀਤ ਆਦਿ ਹਾਜ਼ਰ ਸਨ।

# ਜ਼ਿਲ੍ਹਾ ਕੈਮਿਸਟ ਐਸੋਸੀਏਸ਼ਨ ਗੁਰਦਾਸਪੁਰ ਨੇ ਵਿਧਾਇਕਾ ਅਰੁਣਾ ਚੌਧਰੀ ਨੂੰ ਸੌਂਪਿਆ ਮੰਗ ਪੱਤਰ



ਦੀਨਾਨਗਰ, (ਬਲਵਿੰਦਰ ਸਿੰਘ ਬਿੱਲਾ)-ਆਪਣੀਆਂ ਮੰਗਾਂ ਨੂੰ ਲੈ ਕੇ ਜ਼ਿਲ੍ਹਾ ਕੈਮਿਸਟ ਐਸੋਸੀਏਸ਼ਨ ਗੁਰਦਾਸਪੁਰ ਵੱਲੋਂ ਜ਼ਿਲ੍ਹਾ ਪ੍ਰਧਾਨ ਸਤੀਸ਼ ਕਪੂਰ ਦੀ ਅਗਵਾਈ ਹੇਠ ਹਲਕਾ ਦੀਨਾਨਗਰ ਦੀ ਵਿਧਾਇਕਾ ਅਰੁਣਾ ਚੌਧਰੀ ਨੂੰ ਮੰਗ ਪੱਤਰ ਸੌਂਪਿਆ ਗਿਆ।ਜ਼ਿਲ੍ਹਾ ਪ੍ਰਧਾਨ ਸਤੀਸ਼ ਕਪੂਰ ਨੇ ਦੱਸਿਆ ਕਿ ਪੰਜਾਬ ਕੈਮਿਸਟ ਐਸੋਸੀਏਸ਼ਨ ਜੋ ਕਿ ਏ. ਆਈ. ਓ. ਸੀ. ਡੀ. ਨਾਲ ਸੰਬੰਧਿਤ ਹੈ, ਕੋਲ 27,000 ਤੋਂ ਵੱਧ ਕੈਮਿਸਟ ਮੈਂਬਰ ਹਨ।ਇਨ੍ਹਾਂ ਕੈਮਿਸਟਾਂ, ਉਨ੍ਹਾਂ ਦੇ ਪਰਿਵਾਰਾਂ ਤੇ ਉਨ੍ਹਾਂ ਦੀਆਂ ਦੁਕਾਨਾਂ 'ਤੇ ਕੰਮ ਕਰਨ ਵਾਲੇ ਮੁਲਾਜ਼ਮਾਂ ਸਮੇਤ ਪੂਰਾ ਕੈਮਿਸਟ ਭਾਈਚਾਰਾ ਵੱਡੀਆਂ ਸਮੱਸਿਆਵਾਂ ਦਾ ਸਾਹਮਣਾ ਕਰ ਰਿਹਾ ਹੈ।ਉਨ੍ਹਾਂ ਕਿਹਾ ਕਿ ਐਸੋਸੀਏਸ਼ਨ ਨੇ ਹਮੇਸ਼ਾ ਪੰਜਾਬ ਦੇ ਮੁੱਖ ਮੰਤਰੀ ਅਤੇ ਡਰੱਗ ਵਿਭਾਗ ਦਾ ਨਸ਼ਿਆਂ ਖ਼ਿਲਾਫ਼ ਮੁਹਿੰਮ ਵਿੱਚ ਸਹਿਯੋਗ ਕੀਤਾ ਹੈ।ਇਸ ਤੋਂ ਇਲਾਵਾ ਕੋਵਿਡ ਮਹਾਂਮਾਰੀ, ਹੜ੍ਹਾਂ ਦੀ ਸਥਿਤੀ ਅਤੇ ਰੰਗਲਾ ਪੰਜਾਬ ਮੁਹਿੰਮ ਦੌਰਾਨ ਵੀ ਐਸੋਸੀਏਸ਼ਨ ਨੇ ਮਰੀਜ਼ਾਂ ਦੀ ਸੇਵਾ ਵਿੱਚ ਅਹਿਮ ਭੂਮਿਕਾ ਨਿਭਾਈ ਪਰ ਹੁਣ ਕੈਮਿਸਟ ਭਾਈਚਾਰੇ ਨੂੰ ਆਉਣ ਵਾਲੇ ਦਿਨਾਂ ਵਿੱਚ ਆਪਣੀਆਂ ਦੁਕਾਨਾਂ ਬੰਦ ਕਰਨ ਦੀ ਨੌਬਤ ਆ ਸਕਦੀ ਹੈ, ਕਿਉਂਕਿ ਪੁਰਾਣੀ ਸੋਧੀ ਹੋਈ ਡਰੱਗ ਨੀਤੀ ਕਾਰਨ ਉਨ੍ਹਾਂ 'ਤੇ ਸੰਕਟ ਖੜ੍ਹਾ ਹੋ ਗਿਆ ਹੈ।ਐਸੋਸੀਏਸ਼ਨ ਨੇ ਚਿੰਤਾ ਜਤਾਉਂਦਿਆਂ ਕਿਹਾ ਕਿ ਜੇਕਰ ਇਸ ਨੀਤੀ ਕਾਰਨ ਦੁਕਾਨਾਂ ਬੰਦ ਹੁੰਦੀਆਂ ਹਨ ਤਾਂ ਇਸ ਨਾਲ ਨਾ ਸਿਰਫ਼ ਕੈਮਿਸਟ ਪਰਿਵਾਰ ਪ੍ਰਭਾਵਿਤ ਹੋਣਗੇ, ਸਗੋਂ ਆਮ ਲੋਕਾਂ ਨੂੰ ਵੀ ਦਵਾਈਆਂ ਦੀ ਘਾਟ ਕਾਰਨ ਮੁਸ਼ਕਲ ਆ ਸਕਦੀ ਹੈ।ਉਨ੍ਹਾਂ ਮੰਗ ਕੀਤੀ ਕਿ ਸਿਹਤ ਮੰਤਰੀ (ਪੰਜਾਬ) ਨਾਲ ਵਿਚਾਰ-ਵਟਾਂਦਰਾ ਕੀਤੇ ਅਨੁਸਾਰ ਪੁਰਾਣੀ ਦਵਾਈ ਨੀਤੀ ਵਿੱਚ ਸੋਧ, ਜਨ ਔਸ਼ਧੀ ਸਟੋਰਾਂ ਦੀ ਨਿਯਮਤ ਜਾਂਚ, ਲਾਜ਼ਮੀ ਸ਼ਡਿਊਲ ਐੱਚ-1 ਰਜਿਸਟਰ ਨੂੰ ਹਟਾਉਣਾ, ਅਣਅਧਿਕਾਰਤ ਐਪਾਂ ਰਾਹੀਂ ਦਵਾਈਆਂ ਦੀ ਆਨਲਾਈਨ ਸਪਲਾਈ ਦੀ ਜਾਂਚ ਕਰਨਾ ਆਦਿ ਮੰਗਾਂ ਦਾ ਹੱਲ ਕੀਤਾ ਜਾਵੇ।ਇਸ ਮੌਕੇ ਜ਼ਿਲ੍ਹਾ ਸੈਕਟਰੀ ਪ੍ਰਭਜਿੰਦਰ ਆਨੰਦ, ਸੰਜੀਵ ਕਪੂਰ, ਰਜਿੰਦਰ ਸੈਣੀ, ਦੀਪਕ ਮਹਾਜਨ, ਸ਼ਿਆਮ ਸੁੰਦਰ, ਸੰਦੀਪ ਗੋਲਡੀ ਹਾਜ਼ਰ ਸਨ।

# 60 ਸਾਲ ਪਹਿਲਾਂ ਮਰੇ ਵਿਅਕਤੀ ਦੇ ਨਾਂਅ 'ਤੇ ਰਜਿਸਟਰੀ !



ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਸਬ-ਤਹਿਸੀਲ ਝਬਾਲ 'ਚ 27 ਮਈ 2025 ਨੂੰ ਹੋਈ ਰਜਿਸਟਰੀ ਨੇ ਸਾਰਿਆਂ ਨੂੰ ਹੈਰਾਨ ਕਰ ਦਿੱਤਾ।ਪਿੰਡ ਠੱਟਾ ਦੇ ਕਿਸ਼ਨ ਸਿੰਘ ਪੁੱਤਰ ਸ਼ਾਮ ਸਿੰਘ ਦੇ ਨਾਂਅ ਜ਼ਮੀਨ ਰਜਿਸਟਰ ਹੋਈ, ਜਦੋਂਕਿ ਕਿਸ਼ਨ ਸਿੰਘ ਦੀ ਮੌਤ 60 ਸਾਲ ਪਹਿਲਾਂ ਹੀ ਹੋ ਚੁੱਕੀ ਹੈ।ਪੀੜਤ ਪਰਿਵਾਰ ਦੇ ਸਰਬਦੇਵ ਸਿੰਘ ਨੇ ਐੱਸ. ਡੀ. ਐੱਮ. ਤਰਨਤਾਰਨ ਨੂੰ ਸ਼ਿਕਾਇਤ ਦੇ ਕੇ ਕਿਹਾ ਕਿ ਉਹ 30-35 ਸਾਲਾਂ ਤੋਂ ਉਸ ਜ਼ਮੀਨ 'ਤੇ ਕਾਬਜ਼ ਹਨ ਅਤੇ ਉਨ੍ਹਾਂ ਕੋਲ ਪੰਚਾਇਤੀ ਅਸ਼ਟਾਮ ਵੀ ਹੈ।ਉਨ੍ਹਾਂ ਦੋਸ਼ ਲਾਇਆ ਕਿ ਸਬ-ਤਹਿਸੀਲ ਦੇ ਮੁਲਾਜ਼ਮਾਂ ਦੀ ਮਿਲੀਭੁਗਤ ਨਾਲ ਜਾਅਲੀ ਦਸਤਾਵੇਜ਼ਾਂ 'ਤੇ ਰਜਿਸਟਰੀ ਕਰ ਦਿੱਤੀ ਗਈ।ਨਾਇਬ ਤਹਿਸੀਲਦਾਰ ਰਤਨਜੀਤ ਖੁੱਲਰ ਨੇ ਕਿਹਾ ਕਿ ਮਾਮਲੇ ਦੀ ਪੜਤਾਲ ਚੱਲ ਰਹੀ ਹੈ।ਦੋਸ਼ ਸਾਬਤ ਹੋਣ 'ਤੇ ਰਜਿਸਟਰੀ ਰੱਦ ਕਰਕੇ ਕਾਰਵਾਈ ਕੀਤੀ ਜਾਵੇਗੀ।ਇਸ ਘਟਨਾ ਤੋਂ ਬਾਅਦ ਲੋਕਾਂ 'ਚ ਰਜਿਸਟਰੀ ਪ੍ਰਣਾਲੀ 'ਤੇ ਸਵਾਲ ਉੱਠਣੇ ਸ਼ੁਰੂ ਹੋ ਗਏ ਹਨ।

# ਪ੍ਰਧਾਨ ਮੰਤਰੀ ਦਾ ਸੰਦੇਸ਼ ਦੇਸ਼ ਦੇ ਹਰ ਨਾਗਰਿਕ ਲਈ ਪ੍ਰੇਰਨਾ ਸਰੋਤ : ਤਰੁਣ ਚੁੱਘ



ਛੇਹਰਟਾ, (ਮਨੋਜ ਕੁਮਾਰ):ਭਾਜਪਾ ਵਰਕਰਾਂ ਨੇ ਐਤਵਾਰ ਨੂੰ ਪਾਰਟੀ ਦੇ ਕੌਮੀ ਜਨਰਲ ਸਕੱਤਰ ਤੇ ਰਾਜ ਸਭਾ ਮੈਂਬਰ ਤਰੁਣ ਚੁੱਘ ਦੇ ਅੰਮ੍ਰਿਤਸਰ ਦਫ਼ਤਰ ਵਿਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪ੍ਰੋਗਰਾਮ 'ਮਨ ਕੀ ਬਾਤ' ਦਾ 136ਵਾਂ ਐਪੀਸੋਡ ਸੁਣਿਆ। ਇਸ ਮੌਕੇ ਤਰੁਣ ਚੁੱਘ ਨੇ ਕਿਹਾ ਕਿ ਕਾਰਗਿਲ ਵਿਜੇ ਦਿਵਸ 'ਤੇ ਬਹਾਦਰ ਸੈਨਿਕਾਂ ਨੂੰ ਸ਼ਰਧਾਂਜਲੀ ਦੇਣ, ਸਵੈ-ਨਿਰਭਰ ਭਾਰਤ, ਜਲ ਸੰਭਾਲ, ਵਾਤਾਵਰਣ ਸੁਰੱਖਿਆ ਤੇ ਨੌਜਵਾਨਾਂ ਨੂੰ ਅੱਗੇ ਲਿਜਾਣ ਦਾ ਸੰਦੇਸ਼ ਦੇਸ਼ ਦੇ ਹਰ ਨਾਗਰਿਕ ਲਈ ਪ੍ਰੇਰਨਾ ਸਰੋਤ ਹੈ। ਚੁੱਘ ਨੇ ਕਿਹਾ ਕਿ ਪੰਜਾਬ ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਨੌਜਵਾਨਾਂ ਦੇ ਭਵਿੱਖ ਨਾਲ ਖੇਡ ਰਹੀ ਹੈ। ਹਾਲ ਹੀ ਵਿੱਚ ਹੋਏ ਪੇਪਰ ਲੀਕ ਸਕੈਂਡਲ ਨੇ ਲੱਖਾਂ ਮਿਹਨਤੀ ਨੌਜਵਾਨਾਂ ਦੇ ਵਿਸ਼ਵਾਸ ਨੂੰ ਤੋੜ ਦਿੱਤਾ ਹੈ। ਪੰਜਾਬ ਵਿਚ ਭਰਤੀ ਪ੍ਰੀਖਿਆਵਾਂ ਦੀ ਪਾਰਦਰਸ਼ਤਾ ਹੁਣ ਸਵਾਲਾਂ ਦੇ ਘੇਰੇ ਵਿਚ ਹੈ। ਸਰਕਾਰ ਆਪਣੀ ਜ਼ਿੰਮੇਵਾਰੀ ਨਿਭਾਉਣ ਵਿਚ ਪੂਰੀ ਤਰ੍ਹਾਂ ਅਸਫਲ ਰਹੀ ਹੈ। ਭਾਜਪਾ ਇਸ ਮੁੱਦੇ 'ਤੇ ਨੌਜਵਾਨਾਂ ਦੀ ਆਵਾਜ਼ ਜ਼ੋਰਦਾਰ ਢੰਗ ਨਾਲ ਉਠਾਉਂਦੀ ਰਹੇਗੀ। ਭਾਜਪਾ ਆਗੂ ਸਰਬਜੀਤ ਸਿੰਘ ਸੈਂਟੀ ਨੇ ਕਿਹਾ ਕਿ 'ਮਨ ਕੀ ਬਾਤ' ਪ੍ਰੋਗਰਾਮ ਸਮਾਜ ਨੂੰ ਹਾਂ-ਪੱਖੀ ਦਿਸ਼ਾ ਪ੍ਰਦਾਨ ਕਰਦਾ ਹੈ, ਜਦੋਂ ਕਿ ਪੰਜਾਬ ਸਰਕਾਰ ਜਨਤਕ ਹਿੱਤਾਂ ਦੇ ਮੁੱਦਿਆਂ ਤੋਂ ਧਿਆਨ ਹਟਾ ਰਹੀ ਹੈ। ਨੌਜਵਾਨਾਂ ਦੇ ਭਵਿੱਖ ਨਾਲ ਕਿਸੇ ਵੀ ਤਰ੍ਹਾਂ ਦੀ ਛੇੜਛਾੜ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਭਾਜਪਾ ਆਗੂ ਹੇਮੰਤ ਮਹਿਰਾ ਪਿੰਕੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਦਾ ਸੰਦੇਸ਼ ਸੇਵਾ, ਸੁਸ਼ਾਸਨ ਤੇ ਜਨਤਕ ਹਿੱਸੇਦਾਰੀ ਦਾ ਹੈ। ਭਾਜਪਾ ਵਰਕਰ ਇਨ੍ਹਾਂ ਵਿਚਾਰਾਂ ਨੂੰ ਹਰ ਘਰ ਤਕ ਪਹੁੰਚਾਉਣ ਲਈ ਕੰਮ ਕਰਨਗੇ। ਇਸ ਮੌਕੇ ਸਾਬਕਾ ਕੌਂਸਲਰ ਲਵਿੰਦਰ ਬੰਟੀ, ਸਾਬਕਾ ਮੰਡਲ ਪ੍ਰਧਾਨ ਸੰਦੀਪ ਬਹਿਲ, ਸ਼ੰਕਰ ਲਾਲ, ਮੰਡਲ ਜਨਰਲ ਸਕੱਤਰ ਸੁਨੀਲ ਸਹਿਗਲ, ਅਸ਼ੋਕ ਮਨਚੰਦਾ, ਰਮਨ ਦੁਆ, ਤਰਵਿੰਦਰ ਬਿੱਲਾ, ਹੈਪੀ ਨਈਅਰ, ਅਮਰੇਸ਼ ਕਪੂਰੀਆ, ਅਰੁਣ ਖੰਨਾ, ਬੀ. ਐੱਸ. ਸੋਹਲ, ਮਨਿੰਦਰ ਸਿੰਘ, ਰਾਜ ਕੁਮਾਰ ਬਿੱਟੂ, ਰਮਨ ਮਹਿਤਾ, ਸੁਰੇਸ਼ ਕਪੂਰ, ਸ਼ਿਵ ਚਰਨ, ਸੁਭਾਸ਼ ਭਗਤ, ਰਾਕੇਸ਼ ਮੰਨਾ, ਹੀਰਾ ਲਾਲ, ਜ਼ਿਲ੍ਹਾ ਪ੍ਰੈੱਸ ਸਕੱਤਰ ਰਾਘਵ ਖੰਨਾ, ਮਹਿਲਾ ਮੋਰਚਾ ਤੋਂ ਕਮਲੇਸ਼ ਕੁਮਾਰੀ, ਸਰੋਜਨੀ ਸ਼ਰਮਾ, ਦੇਵੀ ਕਪੂਰ, ਵੰਦਨਾ ਮਹਿਰਾ, ਪਾਇਲ, ਆਸ਼ਾ ਰਾਣੀ, ਸੰਤੋਸ਼ ਕੁਮਾਰੀ, ਰਾਜਾ ਬੇਦੀ, ਯੁਵਾ ਮੋਰਚਾ ਤੋਂ ਸੰਜੀਵ ਸ਼ਰਮਾ, ਵਰੁਣ ਅਗਰਵਾਲ, ਕਾਰਤਿਕ ਮਹਾਜਨ, ਰਾਹੁਲ, ਵੰਸ਼, ਲਲਿਤ ਸੇਠ, ਦਿਨੇਸ਼ ਕੁਮਾਰ, ਪ੍ਰਵੇਸ਼, ਵਿਪਨ ਆਦਿ ਹਾਜ਼ਰ ਸਨ।

# ਬਾਡੀ ਬਿਲਡਰ 'ਸ਼ੇਰਪ ਲਹਾਮੂ ਭੂਟੀਆ' ਦਾ ਰਾਈਜ਼ਿੰਗ ਸੰਨ ਦੇ ਦਫਤਰ ਵਿਖੇ ਵਿਸ਼ੇਸ਼ ਸਨਮਾਨ



ਤਰਸਿੱਕਾ/ਅੰਮ੍ਰਿਤਸਰ, ਤਰਸੇਮ ਸਿੰਘ ਸਾਧਪੁਰ, ਜਸਬੀਰ ਸਿੰਘ ਪੱਟੀ)-ਸਿੱਕਮ ਦੀ ਉੱਭਰਦੀ ਤੇ ਬਹੁਤ ਹੀ ਪ੍ਰਤਿਭਾਸ਼ਾਲੀ ਮਹਿਲਾ ਬਾਡੀ ਬਿਲਡਰ ਅਤੇ ਫਿਟਨੈੱਸ ਐਥਲੀਟ 'ਸ਼ੇਰਪ ਲਹਾਮੂ ਭੂਟੀਆ' ਰਾਈਜ਼ਿੰਗ ਸੰਨ ਦੇ ਗੁਰੂ ਬਾਜ਼ਾਰ ਸਥਿਤ ਮੁੱਖ ਦਫਤਰ ਵਿਖੇ ਪਹੁੰਚੀ।ਇਸ ਮੌਕੇ 'ਰਾਈਜ਼ਿੰਗ ਸੰਨ' ਦੇ ਐੱਮਡੀ ਸਮਾਜ ਸੇਵਕ ਜੀਤ ਸਲੂਜਾ ਅਤੇ ਉਨ੍ਹਾਂ ਦੀ ਧਰਮ ਪਤਨੀ ਸੋਨੀ ਸਲੂਜਾ ਤੇ ਈਸ਼ਵਰਪ੍ਰੀਤ ਸਿੰਘ ਡਾਇਰੈਕਟਰ ਨੇ 'ਸ਼ੇਰਪ ਲਹਾਮੂ ਭੂਟੀਆ' ਦਾ ਨਿੱਘਾ ਸਵਾਗਤ ਕਰਦਿਆਂ ਜੀ ਆਇਆਂ ਆਖਿਆ।ਇਸ ਮੌਕੇ 'ਸ਼ੇਰਪ ਲਹਾਮੂ ਭੂਟੀਆ' ਨੇ ਦੱਸਿਆ ਕਿ ਉਹ ਮਹਿਲਾ ਬਾਡੀ ਬਿਲਡਰ ਚੈਂਪੀਅਨਸ਼ਿਪ-2025 ਦੀ ਗੋਲਡ ਮੈਡਲਿਸਟ ਹੈ।ਉਨ੍ਹਾਂ ਨੇ ਬਾਡੀ ਬਿਲਡਿੰਗ ਅਤੇ ਮਹਿਲਾ ਸਰੀਰਕ ਸ਼੍ਰੇਣੀਆਂ ਵਿੱਚ ਕਈ ਵੱਡੇ ਰਾਜ-ਪੱਧਰੀ ਖਿਤਾਬ ਜਿੱਤ ਕੇ ਆਪਣਾ ਅਤੇ ਸਿੱਕਮ ਦਾ ਨਾਂਅ ਰੌਸ਼ਨ ਕੀਤਾ ਹੈ।ਉਨ੍ਹਾਂ ਪੰਜਵੀਂ ਐਮੇਚਿਓਰ ਮਿਸਟਰ ਸੁਖਿਮ-2025 ਪਾਕਯੋਂਗ ਵਿੱਚ ਹੋਈ ਇਸ ਚੈਂਪੀਅਨਸ਼ਿਪ ਵਿਚ ਬਹੁਤ ਵਧੀਆ ਪ੍ਰਦਰਸ਼ਨ ਕੀਤਾ ਅਤੇ ਮਹਿਲਾ ਫਿਜ਼ੀਕ ਸ਼੍ਰੇਣੀ ਵਿੱਚ ਓਵਰਆਲ ਟਾਈਟਲ ਜਿੱਤ ਕੇ ਗੋਲਡ ਮੈਡਲ ਆਪਣੇ ਨਾਂਅ ਕੀਤਾ।24ਵੀਂ ਮਿਸਟਰ ਸਿੱਕਮ-2025 ਵਿੱਚ ਉਨ੍ਹਾਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਅਗਸਤ-2025 ਵਿਚ ਆਯੋਜਿਤ 24ਵੀਂ ਮਿਸਟਰ ਸਿੱਕਮ ਅਤੇ 7ਵੀਂ ਓਪਨ ਪੁਰਸ਼-ਮਹਿਲਾ ਫਿਜ਼ੀਕ ਚੈਂਪੀਅਨਸ਼ਿਪ ਵਿੱਚ ਚਾਂਦੀ ਦਾ ਤਮਗਾ ਜਿੱਤਿਆ।ਉਨ੍ਹਾਂ ਨੇ ਵੱਕਾਰੀ ਰਾਜ ਮੁਕਾਬਲਿਆਂ ਵਿੱਚ ਮਹਿਲਾ ਖੇਡ ਮਾਡਲ ਸ਼੍ਰੇਣੀ ਵਿੱਚ ਵੀ ਟਾਪ ਸਥਾਨ ਪ੍ਰਾਪਤ ਕੀਤਾ ਹੈ।ਉਨ੍ਹਾਂ ਦੱਸਿਆ ਕਿ ਉਨ੍ਹਾਂ ਆਪਣੀ ਬਾਡੀ ਨੂੰ ਫਿੱਟ ਅਤੇ ਤੰਦਰੁਸਤ ਰੱਖਣ ਲਈ ਸਖ਼ਤ ਅਨੁਸ਼ਾਸਨ, ਨਿਰੰਤਰ ਕਸਰਤ ਅਤੇ ਸਹੀ ਖ਼ੁਰਾਕ ਅਪਣਾਈ ਹੈ।ਇਸ ਮੌਕੇ ਜੀਤ ਸਲੂਜਾ ਤੇ ਸੋਨੀ ਸਲੂਜਾ ਨੇ ਉਨ੍ਹਾਂ ਦਾ ਵਿਸ਼ੇਸ਼ ਸਨਮਾਨ ਕਦਿਆਂ ਕਿਹਾ ਕਿ ਇਨ੍ਹਾਂ ਵਰਗੀਆਂ ਸ਼ਖ਼ਸੀਅਤਾਂ ਮਹਿਲਾ ਸਸ਼ਕਤੀਕਰਨ ਦੀ ਮਿਸਾਲ ਹਨ ਅਤੇ ਨੌਜਵਾਨ ਕੁੜੀਆਂ ਲਈ ਇਕ ਵੱਡੀ ਪ੍ਰੇਰਨਾ ਵੀ ਹਨ।ਉਹ ਸਾਬਤ ਕਰ ਰਹੇ ਹਨ ਕਿ ਔਰਤਾਂ ਤੰਦਰੁਸਤੀ, ਤਾਕਤ ਅਤੇ ਬਾਡੀ ਬਿਲਡਿੰਗ ਦੇ ਖੇਤਰਾਂ ਵਿੱਚ ਮਰਦਾਂ ਵਾਂਗ ਹੀ ਉੱਚਾਈਆਂ ਛੂਹ ਸਕਦੀਆਂ ਹਨ

# ਲੈਂਡ ਪੂਲਿੰਗ ਨੀਤੀ ਤੇ ਮਜ਼ਦੂਰਾਂ 'ਤੇ ਜਬਰ ਖ਼ਿਲਾਫ਼ ਪੰਜਾਬ ਭਰ 'ਚ ਰੋਸ ਪ੍ਰਦਰਸ਼ਨ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਪੰਜਾਬ ਵਿੱਚ ਸਫ਼ਾਈ ਸੇਵਕਾਂ ਤੇ ਮਨਰੇਗਾ ਕਾਮਿਆਂ ਉਤੇ ਕੀਤੇ ਅੱਤਿਆਚਾਰ ਖ਼ਿਲਾਫ਼ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਜ਼ਿਲ੍ਹਾ ਤਰਨ ਤਾਰਨ ਪ੍ਰਧਾਨ ਸਤਨਾਮ ਸਿੰਘ ਮਾਨੋਚਾਹਲ ਅਤੇ ਸਕੱਤਰ ਹਰਜਿੰਦਰ ਸਿੰਘ ਸਕਰੀ ਦੀ ਅਗਵਾਈ ਹੇਠ ਤਰਨ ਤਾਰਨ 'ਚ 5 ਥਾਵਾਂ 'ਤੇ ਪੁਤਲਾ ਫੂਕ ਪ੍ਰਦਰਸ਼ਨ ਕੀਤੇ ਗਏ।ਇਸ ਮੌਕੇ ਆਗੂਆਂ ਨੇ ਕਿਹਾ ਕਿ ਦੇਸ਼ ਦੀ ਸਰਕਾਰ ਹੋਵੇ ਜਾਂ ਸੂਬਾ ਸਰਕਾਰ ਦੋਵਾਂ ਨੂੰ ਚਲਾ ਰਹੀਆਂ ਪਾਰਟੀਆਂ ਦੋਗਲੀ ਨੀਤੀ ਤੇ ਚੱਲ ਰਹੀਆਂ ਹਨ। ਜਦੋਂ ਕੇਂਦਰ ਸਰਕਾਰ ਜੰਤਰ ਮੰਤਰ 'ਤੇ ਬੈਠੇ ਵਿਦਿਆਰਥੀਆਂ ਨੂੰ ਕੁੱਟਦੀ ਹੈ ਤਾਂ ਪੰਜਾਬ ਸਰਕਾਰ 'ਚ ਬੈਠੇ ਸਿਆਸਤਦਾਨ ਮਗਰਮੱਛ ਵਾਲੇ ਅੱਥਰੂ ਵਹਾ ਕੇ ਉਨ੍ਹਾਂ ਦੇ ਹਮਦਰਦ ਬਣਦੇ ਹਨ ਜਦੋਂਕਿ ਠੀਕ ਉਸੇ ਵੇਲੇ ਪੰਜਾਬ ਵਿੱਚ ਸਫ਼ਾਈ ਸੇਵਕਾਂ ਅਤੇ ਮਨਰੇਗਾ ਕਾਮਿਆਂ ਅਤੇ ਬਿਜਲੀ ਕਾਮਿਆਂ 'ਤੇ ਡਾਂਗ ਚਲਾਈ ਜਾ ਰਹੀ ਹੈ। ਇਹੀ ਹਾਲ ਭਾਜਪਾ ਲੀਡਰਾਂ ਦਾ ਹੈ। ਉਨ੍ਹਾਂ ਕਿਹਾ ਕਿ ਕੇਂਦਰ ਅਤੇ ਸੂਬਾ ਸਰਕਾਰਾਂ ਆਮ ਲੋਕਾਂ, ਵਿਦਿਆਰਥੀਆਂ ਅਤੇ ਮਜ਼ਦੂਰ ਵਰਗ ਦੇ ਹੱਕਾਂ 'ਤੇ ਲਗਾਤਾਰ ਡਾਕੇ ਮਾਰ ਰਹੀਆਂ ਹਨ।ਕਿਸਾਨ ਆਗੂਆਂ ਨੇ ਕਿਹਾ ਕਿ ਨੀਟ ਪੇਪਰ ਲੀਕ ਘਪਲੇ ਨੇ ਦੇਸ਼ ਦੇ ਲੱਖਾਂ ਹੋਣਹਾਰ ਵਿਦਿਆਰਥੀਆਂ ਦੇ ਭਵਿੱਖ ਨੂੰ ਧੁੰਦਲਾ ਕਰ ਦਿੱਤਾ ਹੈ ਪਰ ਇਸ ਮਾਮਲੇ ਵਿੱਚ ਵਿਦਿਆਰਥੀਆਂ ਦੇ ਸੰਘਰਸ਼ ਦੀ ਜਿੱਤ ਤੇ ਅਸੀਂ ਖੁਸ਼ੀ ਦਾ ਇਜ਼ਹਾਰ ਕਰਦੇ ਹਾਂ ਅਤੇ ਆਉਂਦੇ ਸਮੇਂ ਦੇਸ਼ ਦੇ ਭਲੇ ਲਈ ਅਜਿਹੇ ਹੋਰ ਸੰਘਰਸ਼ ਕਰਨੇ ਪੈਣਗੇ।ਉਨ੍ਹਾਂ ਪੰਜਾਬ ਦੀ ਆਪ ਸਰਕਾਰ ਦੀ ਕਾਰਗੁਜ਼ਾਰੀ 'ਤੇ ਤਿੱਖੇ ਨਿਸ਼ਾਨੇ ਸਾਧੇ ਅਤੇ ਕਿਹਾ ਕਿ ਆਪਣੀਆਂ ਹੱਕੀ ਮੰਗਾਂ ਲਈ ਆਵਾਜ਼ ਬੁਲੰਦ ਕਰਨ ਵਾਲੇ ਸਫ਼ਾਈ ਸੇਵਕਾਂ ਅਤੇ ਮਨਰੇਗਾ ਕਾਮਿਆਂ ਉਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਬੇਕਿਰਕ ਤੇ ਬੇਰਹਿਮ ਪੁਲਸ ਕਾਰਵਾਈ ਕੀਤੀ ਜਾ ਰਹੀ ਹੈ।ਮਜ਼ਦੂਰਾਂ ਨੂੰ ਬੁਨਿਆਦੀ ਅਧਿਕਾਰ ਦੇਣ ਦੀ ਬਜਾਏ ਉਨ੍ਹਾਂ 'ਤੇ ਡਾਂਗ ਚਲਾ ਕੇ ਅੱਤਿਆਚਾਰ ਕੀਤਾ ਜਾ ਰਿਹਾ ਹੈ, ਜਿਸ ਨੂੰ ਜਥੇਬੰਦੀ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕਰੇਗੀ।ਆਗੂਆਂ ਕਿਹਾ ਕਿ ਇਹ ਪ੍ਰਦਰਸ਼ਨ ਦੋਵਾਂ ਸਰਕਾਰਾਂ ਦੀਆਂ ਕਿਸਾਨ-ਵਿਰੋਧੀ, ਮਜ਼ਦੂਰ -ਵਿਰੋਧੀ ਅਤੇ ਵਿਦਿਆਰਥੀ-ਵਿਰੋਧੀ ਨੀਤੀਆਂ ਖ਼ਿਲਾਫ਼ ਲੋਕਾਂ ਦੀ ਆਵਾਜ਼ ਦਾ ਪ੍ਰਗਟਾਵਾ ਹੈ।ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਪੰਜਾਬ ਸਰਕਾਰ ਇੱਕ ਵਾਰ ਫਿਰ ਤੋਂ ਲੈਂਡ ਮਾਫੀਆ ਵਾਂਗ ਵਿਹਾਰ ਕਰਦੇ ਹੋਏ ਲੈਂਡ ਪੂਲਿੰਗ ਨੀਤੀ 2026 ਤਹਿਤ ਜ਼ਮੀਨ ਮਾਲਕਾਂ ਨਾਲ ਧੱਕਾ ਕਰਨ ਦੀ ਕੋਸ਼ਿਸ਼ ਕਰ ਰਹੀ ਹੈ ਇਹ ਬਹੁਤ ਸ਼ਰਮਨਾਕ ਅਤੇ ਗੈਰ-ਜ਼ਿੰਮੇਵਾਰਾਨਾ ਕਦਮ ਹੈ, ਸੋ ਇਸ ਨੀਤੀ ਨੂੰ ਸਦਾ ਲਈ ਕੂੜੇਦਾਨ ਵਿੱਚ ਸੁੱਟਣਾ ਚਾਹੀਦਾ ਹੈ ।ਉਨ੍ਹਾਂ ਕਿਹਾ ਕਿ ਪਿਛਲੇ ਸਾਲ ਦੇ ਅੰਕੜਿਆਂ ਅਨੁਸਾਰ ਵੱਖ-ਵੱਖ ਤਥਾਕਥਿਤ ਵਿਕਾਸ ਅਥਾਰਟੀਆਂ ਕੋਲ 27111 ਰਿਹਾਇਸ਼ੀ ਅਤੇ ਵਪਾਰਕ ਪਲਾਟਾਂ ਵਿੱਚ ਲਗਭਗ 19280 ਪਲਾਟ ਅਜੇ ਤੱਕ ਅਣਵਿਕੇ ਹਨ, ਸੋ ਅਜਿਹੇ ਵਿੱਚ ਸ਼ਹਿਰੀ ਘੇਰਾ ਵਧਾਉਣ ਅਤੇ ਵਿਕਾਸ ਦੇ ਨਾਮ ਤੇ ਲੋਕਾਂ ਦੀਆਂ ਬਹੁਫਸਲੀ ਪੈਦਾਵਾਰ ਵਾਲੀਆਂ ਜ਼ਮੀਨਾਂ ਨੂੰ ਕੰਕਰੀਟ ਦੇ ਜੰਗਲ ਵਿੱਚ ਤਬਦੀਲ ਕਰਨ ਦੀ ਕੋਈ ਤੁਕ ਨਹੀਂ ਬਣਦੀ।ਉਨ੍ਹਾਂ ਕਿਹਾ ਕਿ ਅਸਲ ਵਿੱਚ ਇਹ ਜ਼ਮੀਨਾਂ ਵੱਡੇ ਘਰਾਣਿਆਂ ਦੇ ਹੱਥਾਂ ਵਿੱਚ ਦਿੱਤੀਆਂ ਜਾਣਗੀਆਂ ਜਿਸ ਲਈ ਇਹ ਸਭ ਕੁੱਝ ਕੀਤਾ ਜਾ ਰਿਹਾ ਹੈ।ਸੋ ਸਰਕਾਰ ਇਸ ਕਦਮ ਨੂੰ ਵਾਪਿਸ ਲਵੇ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਪੰਜਾਬ ਸਰਕਾਰ ਨੇ ਕਿਸਾਨਾਂ ਅਤੇ ਹੋਰ ਕਿਰਤੀ ਕਾਮਿਆਂ ਦੀਆਂ ਹੱਕੀ ਮੰਗਾਂ ਵੱਲ ਤੁਰੰਤ ਧਿਆਨ ਨਾ ਦਿੱਤਾ ਤਾਂ ਆਉਣ ਵਾਲੇ ਦਿਨਾਂ ਵਿੱਚ ਇਸ ਸੰਘਰਸ਼ ਨੂੰ ਹੋਰ ਵਿਆਪਕ ਅਤੇ ਤਿੱਖਾ ਕੀਤਾ ਜਾਵੇਗਾ।

# ਫੈਸ਼ਨ ਹੱਬ 'ਚ ਹਜ਼ਾਰਾਂ ਦੀ ਠੱਗੀ



ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)-ਸ਼ਾਤਰ ਦਿਮਾਗ ਠੱਗਾਂ ਵੱਲੋਂ ਨਿੱਤ ਦਿਨ ਠੱਗੀ ਦਾ ਨਵਾਂ-ਨਵਾਂ ਤਰੀਕਾ ਲੱਭਿਆ ਜਾਂਦਾ ਹੈ

ਭੋਲੇ-ਭਾਲੇ ਲੋਕਾਂ ਨੂੰ ਬੜੇ ਹੀ ਸਾਦੇ ਢੰਗ ਨਾਲ ਠੱਗਣ ਤੋਂ ਬਾਅਦ ਅਜਿਹੇ ਠੱਗ ਕਿੱਥੇ ਗਾਇਬ ਹੋ ਜਾਂਦੇ ਹਨ, ਕਿਸੇ ਨੂੰ ਪਤਾ ਨਹੀਂ ਚਲਦਾ।ਅਜਿਹਾ ਇੱਕ ਮਾਮਲਾ ਹਲਕਾ ਮਜੀਠਾ ਦੇ ਕਸਬਾ ਜੈਂਤੀਪੁਰ ਤੋਂ ਸਾਹਮਣੇ ਆਇਆ ਹੈ, ਜਿਥੇ ਦੁਕਾਨਦਾਰ ਦੇ ਨਾਲ ਠੱਗੀ ਹੋਈ ਹੈ।ਹੱਬ ਦੇ ਮਾਲਕ ਅਮਰਪ੍ਰੀਤ ਸਿੰਘ ਨੇ ਦੱਸਿਆ ਕਿ ਬੀਤੇ ਦਿਨ ਮੇਰੇ ਮਾਤਾ ਹਰਜੀਤ ਕੌਰ ਦੁਕਾਨ 'ਤੇ ਸਨ ਤਾਂ ਉਨ੍ਹਾਂ ਨਾਲ ਦੋ ਮੋਨੇ ਠੱਗਾਂ ਨੇ 5300 ਰੁਪਏ ਦੀ ਠੱਗੀ ਮਾਰੀ ਅਤੇ ਉਕਤ ਘਟਨਾ ਸੀਸੀਟੀਵੀ ਕੈਮਰਿਆਂ ਵਿੱਚ ਕੈਦ ਹੋ ਗਈ ਹੈ।ਉਨ੍ਹਾਂ ਦੱਸਿਆ ਕਿ ਰਾਤ ਸਮੇਂ ਦੋ ਠੱਗ ਮੋਟਰਸਾਈਕਲ 'ਤੇ ਆਏ ਤੇ ਦੁਕਾਨ ਵਿੱਚੋਂ ਵਧੀਆ ਬ੍ਰਾਂਡ ਦੇ ਕਰੀਬ 5300 ਰੁਪਏ ਦੇ ਕੱਪੜੇ ਕਢਵਾ ਲਏ।ਉਨ੍ਹਾਂ ਕਿਹਾ ਕਿ ਅਸੀਂ ਤਾਂ ਸਿਰਫ 5 ਹਜ਼ਾਰ ਰੁਪਏ ਹੀ ਦੇਣੇ ਹਨ। ਉਹ ਫੇਕ ਗੂਗਲ ਕਰਨ ਤੋਂ ਬਾਅਦ ਚਲੇ ਗਏ। ਪੈਸੇ ਅਕਾਊਂਟ ਵਿੱਚ ਨਹੀਂ ਆਏ। ਚੈੱਕ ਕਰਨ ਤੋਂ ਬਾਅਦ ਪਤਾ ਲੱਗਾ ਕਿ ਉਹ ਤਾਂ ਠੱਗੀ ਮਾਰ ਕੇ ਚਲੇ ਗਏ।ਅਮਰਪ੍ਰੀਤ ਸਿੰਘ ਨੇ ਇਸ ਦੀ ਸ਼ਿਕਾਇਤ ਪੁਲਸ ਚੌਕੀ ਜੈਂਤੀਪੁਰ ਕਰ ਦਿੱਤੀ ਹੈ।ਉਨ੍ਹਾਂ ਪ੍ਰਸ਼ਾਸਨ ਕੋਲੋਂ ਮੰਗ ਕੀਤੀ ਹੈ ਕਿ ਠੱਗਾਂ ਨੂੰ ਫ਼ੜਿਆ ਜਾਵੇ ਤਾਂ ਕਿ ਕੋਈ ਹੋਰ ਇਨ੍ਹਾਂ ਦਾ ਸ਼ਿਕਾਰ ਨਾ ਹੋ ਸਕੇ। ਪੁਲਸ ਠੱਗਾਂ ਦੀ ਭਾਲ ਕਰ ਰਹੀ ਹੈ।ਇਸ ਸਬੰਧੀ ਜਦੋਂ ਪੁਲਸ ਚੌਕੀ ਜੈਂਤੀਪੁਰ ਦੇ ਅਧਿਕਾਰੀ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਦਰਖਾਸਤ ਆਈ ਹੈ ਜਿਸ ਦੀ ਪੜਤਾਲ ਚੱਲ ਰਹੀ ਹੈ ਤੇ ਦੋਸ਼ੀਆਂ ਨੂੰ ਛੇਤੀ ਹੀ ਫੜ ਕੇ ਸਲਾਖਾਂ ਪਿੱਛੇ ਭੇਜ ਦਿੱਤਾ ਜਾਏਗਾ।

## ਪੰਜਾਬ ਸਰਕਾਰ ਦੀਆਂ ਪਹਿਲਕਦਮੀਆਂ ਵਿਦਿਆਰਥੀਆਂ ਦੇ ਭਵਿੱਖ ਨੂੰ ਕਰਨਗੀਆਂ ਹੋਰ ਮਜ਼ਬੂਤ : ਜ਼ਿੰਪਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਵਿਧਾਇਕ ਬ੍ਰਮ ਸ਼ੰਕਰ ਜ਼ਿੰਪਾ ਨੇ ਸ਼ਨੀਵਾਰ ਸਕੂਲ ਆਫ਼ ਐਮੀਨੈਂਸ, ਖਵਾਸ ਪੁਰਹੀਰਾਂ ਵਿਖੇ ਕਰਵਾਏ ਸਮਾਗਮ ਦੌਰਾਨ 11ਵੀਂ ਅਤੇ 12ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਸਕੂਲ ਬੈਗ ਵੰਡੇ। ਇਸ ਮੌਕੇ ਉਨ੍ਹਾਂ ਵਿਦਿਆਰਥੀਆਂ ਨੂੰ ਸਿੱਖਿਆ ਪ੍ਰਤੀ ਸਮਰਪਿਤ ਰਹਿਣ ਅਤੇ ਜੀਵਨ ਵਿੱਚ ਉੱਚ ਟੀਚੇ ਨਿਰਧਾਰਤ ਕਰਨ ਅਤੇ ਉਨ੍ਹਾਂ ਨੂੰ ਪ੍ਰਾਪਤ ਕਰਨ ਲਈ ਉਤਸ਼ਾਹਿਤ ਕੀਤਾ। ਵਿਧਾਇਕ ਜਿੰਪਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦੇ ਮਿਆਰ ਨੂੰ ਲਗਾਤਾਰ ਸੁਧਾਰਨ ਲਈ ਵਚਨਬੱਧ ਹੈ। ਸਕੂਲਾਂ ਨੂੰ ਆਧੁਨਿਕ ਸਹੂਲਤਾਂ, ਬਿਹਤਰ ਬੁਨਿਆਦੀ ਢਾਂਚਾ, ਸਮਾਰਟ ਕਲਾਸਰੂਮ ਅਤੇ ਵਿਦਿਆਰਥੀਆਂ ਨੂੰ ਜ਼ਰੂਰੀ ਵਿਦਿਅਕ ਸਮੱਗਰੀ ਪ੍ਰਦਾਨ ਕਰਕੇ ਸਰਕਾਰ ਇਹ ਯਕੀਨੀ ਬਣਾ ਰਹੀ ਹੈ ਕਿ ਸਰਕਾਰੀ ਸਕੂਲਾਂ ਦੇ ਬੱਚੇ ਵੀ ਮਿਆਰੀ ਸਿੱਖਿਆ ਪ੍ਰਾਪਤ ਕਰਨ। ਉਨ੍ਹਾਂ ਕਿਹਾ ਕਿ ਸਕੂਲ ਬੈਗ ਵੰਡਣ ਵਰਗੀਆਂ ਪਹਿਲਕਦਮੀਆਂ ਨਾ ਸਿਰਫ਼ ਵਿਦਿਆਰਥੀਆਂ ਦੇ ਮਨੋਬਲ ਨੂੰ ਵਧਾਉਂਦੀਆਂ ਹਨ ਸਗੋਂ ਉਨ੍ਹਾਂ ਦੀ ਵਿਦਿਅਕ ਯਾਤਰਾ ਨੂੰ ਵੀ ਸੁਚਾਰੂ ਬਣਾਉਂਦੀਆਂ ਹਨ। ਜਿੰਪਾ ਨੇ ਅਧਿਆਪਕਾਂ ਦੀ ਭੂਮਿਕਾ ਦੀ ਵੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਉਨ੍ਹਾਂ ਦਾ ਯੋਗਦਾਨ ਸਭ ਤੋਂ ਮਹੱਤਵਪੂਰਨ ਹੈ। ਇਸ ਮੌਕੇ ਕੌਂਸਲਰ ਸੁਰਿੰਦਰ ਕੁਮਾਰ, ਕੁਲਵਿੰਦਰ ਸਿੰਘ ਹੁੰਦਲ, ਕਮਲਜੀਤ ਸੋਨੂੰ, ਜਸਵੰਤ ਕਾਲਾ, ਲਾਇਨ ਰਣਜੀਤ ਸਿੰਘ ਰਾਣਾ, ਸਕੂਲ ਪ੍ਰਿੰਸੀਪਲ, ਅਧਿਆਪਕ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।



## ਮਜ਼ਦੂਰਾਂ 'ਤੇ ਲਾਠੀਚਾਰਜ ਖ਼ਿਲਾਫ਼ ਲਾਲੜੂ ਵਿਖੇ ਸਫਾਈ ਕਰਮਚਾਰੀਆਂ ਵੱਲੋਂ ਅਣਮਿੱਥੇ ਸਮੇਂ ਦੀ ਹੜਤਾਲ ਸ਼ੁਰੂ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਨਗਰ ਕੌਂਸਲ ਲਾਲੜੂ ਅਧੀਨ ਕੰਮ ਕਰਦੇ ਨਗਰ ਪੰਚਾਇਤ ਵਰਕਰ ਯੂਨੀਅਨ (ਏਟਕ) ਲਾਲੜੂ ਦੇ ਸਮੂਹ ਸਫਾਈ ਕਰਮਚਾਰੀਆਂ ਵੱਲੋਂ ਮੁਕੰਮਲ ਤੌਰ 'ਤੇ ਕੰਮ ਬੰਦ ਕਰਕੇ ਅਨਿਸਚਿਤਕਾਲੀਨ ਹੜਤਾਲ ਸ਼ੁਰੂ ਕਰ ਦਿੱਤੀ ਗਈ ਹੈ। ਇਸ ਮੌਕੇ ਕਰਮਚਾਰੀਆਂ ਵੱਲੋਂ ਨਗਰ ਕੌਂਸਲ ਦੇ ਗੇਟ ਦੇ ਬਾਹਰ ਇਕੱਠੇ ਹੋ ਕੇ ਭਗਵੰਤ ਮਾਨ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਵੀ ਕੀਤੀ ਗਈ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਪੰਜਾਬ ਏਟਕ ਦੇ ਸੂਬਾ ਮੀਤ ਪ੍ਰਧਾਨ ਵਿਨੋਦ ਕੁਮਾਰ ਚੁਗ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦਾ ਮਜ਼ਦੂਰ ਵਿਰੋਧੀ ਚਿਹਰਾ ਪੂਰੀ ਤਰ੍ਹਾਂ ਬੇਨਕਾਬ ਹੋ ਚੁੱਕਾ ਹੈ। ਉਨ੍ਹਾਂ ਬਰਨਾਲਾ ਦੀ ਘਟਨਾ ਦੀ ਸਖ਼ਤ ਨਿਖੇਧੀ ਕਰਦਿਆਂ ਦੱਸਿਆ ਕਿ ਉੱਥੇ ਸ਼ਾਂਤਪੂਰਵਕ ਤਰੀਕੇ ਨਾਲ ਪ੍ਰਦਰਸ਼ਨ ਕਰ ਰਹੇ ਨਿਹੱਥੇ ਸਫਾਈ ਮਜ਼ਦੂਰਾਂ ਉੱਤੇ ਪੁਲਸ ਵੱਲੋਂ ਬੇਰਹਿਮੀ ਨਾਲ ਲਾਠੀਚਾਰਜ ਕੀਤਾ ਗਿਆ, ਜਿਸ ਦੌਰਾਨ ਮਜ਼ਦੂਰਾਂ ਦੇ ਸਿਰ ਪਾੜ ਦਿੱਤੇ ਗਏ ਅਤੇ ਹੱਥ-ਪੈਰ ਤੋੜ ਦਿੱਤੇ ਗਏ। ਉਨ੍ਹਾਂ ਕਿਹਾ ਕਿ ਅਜਿਹੀ ਸ਼ਰਮਨਾਕ ਕਾਰਵਾਈ ਤੋਂ ਸਾਬਤ ਹੁੰਦਾ ਹੈ ਕਿ ਮੌਜੂਦਾ ਸਰਕਾਰ ਹਰੇਕ ਫਰੰਟ ਅਤੇ ਆਪਣੇ ਹਰ ਵਾਅਦੇ ਤੋਂ ਫੇਲ੍ਹ ਹੋ ਚੁੱਕੀ ਹੈ।ਯੂਨੀਅਨ ਦੇ ਪ੍ਰਧਾਨ ਰਾਜੇਸ਼ ਕੁਮਾਰ ਨੇ ਐਲਾਨ ਕੀਤਾ ਹੈ ਕਿ ਇਹ ਹੜਤਾਲ ਲਗਾਤਾਰ ਅਤੇ ਅਨਿਸਚਿਤਕਾਲੀਨ ਜਾਰੀ ਰਹੇਗੀ। ਉਨ੍ਹਾਂ ਸਪੱਸ਼ਟ ਕੀਤਾ ਕਿ ਜਦੋਂ ਤੱਕ ਪੰਜਾਬ ਵਿੱਚੋਂ ਠੇਕੇਦਾਰੀ ਸਿਸਟਮ ਖ਼ਤਮ ਕਰਕੇ ਕਰਮਚਾਰੀਆਂ ਨੂੰ ਪੱਕਾ ਨਹੀਂ ਕੀਤਾ ਜਾਂਦਾ, ਤਨਖ਼ਾਹਾਂ ਵਿੱਚ ਬਣਦਾ ਵਾਧਾ ਨਹੀਂ ਕੀਤਾ ਜਾਂਦਾ ਅਤੇ ਬਰਨਾਲਾ ਦੇ ਪੀੜਤ ਮਜ਼ਦੂਰਾਂ ਨੂੰ ਇਨਸਾਫ਼ ਨਹੀਂ ਦਿੱਤਾ ਜਾਂਦਾ, ਉਦੋਂ ਤੱਕ ਇਹ ਸੰਘਰਸ਼ ਇਸੇ ਤਰ੍ਹਾਂ ਜਾਰੀ ਰਹੇਗਾ। ਇਸ ਤੋਂ ਇਲਾਵਾ ਉਨ੍ਹਾਂ ਪ੍ਰਸ਼ਾਸਨ ਤੋਂ ਇਹ ਵੀ ਮੰਗ ਕੀਤੀ ਕਿ ਬਰਨਾਲਾ ਵਿੱਚ ਗਰੀਬ ਅਤੇ ਸ਼ਾਂਤਮਈ ਸਫਾਈ ਮਜ਼ਦੂਰਾਂ ਉੱਤੇ ਡੰਡੇ ਵਰ੍ਹਾਉਣ ਵਾਲੇ ਦੋਸ਼ੀ ਪੁਲਸ ਅਧਿਕਾਰੀਆਂ ਨੂੰ ਤੁਰੰਤ ਨੌਕਰੀ ਤੋਂ ਬਰਖਾਸਤ ਕੀਤਾ ਜਾਵੇ।ਇਸ ਹੜਤਾਲ ਅਤੇ ਰੋਸ ਪ੍ਰਦਰਸ਼ਨ ਵਿੱਚ ਨਗਰ ਪੰਚਾਇਤ ਵਰਕਰ ਯੂਨੀਅਨ (ਏਟਕ) ਲਾਲੜੂ ਦੇ ਪ੍ਰਧਾਨ ਰਾਜੇਸ਼ ਕੁਮਾਰ, ਕਮਲ ਕੁਮਾਰ (ਉਪ ਪ੍ਰਧਾਨ), ਸੁਖਵਿੰਦਰ ਸਿੰਘ (ਸੀਨੀਅਰ ਸਲਾਹਕਾਰ), ਸੰਜੀਵ ਕੁਮਾਰ (ਖ਼ਜ਼ਾਨਚੀ) ਅਤੇ ਵੱਸੋ ਦੇਵੀ ਸਮੇਤ ਵੱਡੀ ਗਿਣਤੀ ਵਿੱਚ ਕਿਰਤੀ ਅਤੇ ਸਫਾਈ ਕਰਮਚਾਰੀ ਹਾਜ਼ਰ ਸਨ।



## ਸਫਾਈ ਕਰਮਚਾਰੀਆਂ 'ਤੇ ਲਾਠੀਚਾਰਜ ਦੀ ਨਿਖੇਧੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸੀ ਪੀ ਆਈ(ਐੱਮ) ਦੇ ਸੂਬਾ ਸਕੱਤਰੇਤ ਮੈਂਬਰ ਅਤੇ ਜ਼ਿਲ੍ਹਾ ਸਕੱਤਰ ਹੁਸ਼ਿਆਰਪੁਰ ਕਾਮਰੇਡ ਗੁਰਨੇਕ ਸਿੰਘ ਭੱਜਲ ਨੇ ਬਰਨਾਲਾ ਵਿੱਚ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ ਸ਼ਾਂਤਮਈ ਢੰਗ ਨਾਲ ਪ੍ਰਦਰਸ਼ਨ ਕਰ ਰਹੇ ਸਫ਼ਾਈ ਕਰਮਚਾਰੀਆਂ 'ਤੇ ਪੁਲਿਸ ਵੱਲੋਂ ਕੀਤੇ ਲਾਠੀਚਾਰਜ ਦੀ ਸਖ਼ਤ ਨਿਖੇਧੀ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਘਟਨਾ ਵਿੱਚ ਪੁਲਸ ਵੱਲੋਂ ਬਜ਼ੁਰਗ ਮਹਿਲਾ ਨਾਲ ਵੀ ਕਥਿਤ ਤੌਰ 'ਤੇ ਬੇਰਹਿਮੀ ਨਾਲ ਕੁੱਟਮਾਰ ਕੀਤੀ ਗਈ। ਕਾਮਰੇਡ ਭੱਜਲ ਨੇ ਕਿਹਾ ਕਿ ਦਿੱਲੀ ਦੇ ਜੰਤਰ-ਮੰਤਰ ਵਿਖੇ ਵਿਦਿਆਰਥੀਆਂ 'ਤੇ ਹੋਏ ਲਾਠੀਚਾਰਜ ਦੀ ਸਰਕਾਰ ਵੱਲੋਂ ਨਿਖੇਧੀ ਕਰਦਿਆਂ ਕੇਂਦਰ ਸਰਕਾਰ 'ਤੇ ਸਵਾਲ ਚੁੱਕੇ ਗਏ ਸਨ। ਉਨ੍ਹਾਂ ਕਿਹਾ ਕਿ ਜੇਕਰ ਵਿਦਿਆਰਥੀਆਂ 'ਤੇ ਲਾਠੀਚਾਰਜ ਗ਼ਲਤ ਹੈ ਤਾਂ ਆਪਣੇ ਹੀ ਸੂਬੇ ਵਿੱਚ ਆਪਣੇ ਹੱਕਾਂ ਲਈ ਸੰਘਰਸ਼ ਕਰ ਰਹੇ ਸਫ਼ਾਈ ਕਰਮਚਾਰੀਆਂ 'ਤੇ ਪੁਲਿਸ ਦੀ ਕਾਰਵਾਈ ਨੂੰ ਸਰਕਾਰ ਕਿਵੇਂ ਜਾਇਜ਼ ਠਹਿਰਾ ਸਕਦੀ ਹੈ। ਸੀ ਪੀ ਆਈ(ਐੱਮ) ਆਗੂ ਨੇ ਮੰਗ ਕੀਤੀ ਕਿ ਬਰਨਾਲਾ ਵਿੱਚ ਸਫ਼ਾਈ ਕਰਮਚਾਰੀਆਂ ਨਾਲ ਕਥਿਤ ਤੌਰ 'ਤੇ ਕੁੱਟਮਾਰ ਕਰਨ ਵਾਲੇ ਪੁਲਿਸ ਅਧਿਕਾਰੀ ਖ਼ਿਲਾਫ਼ ਤੁਰੰਤ ਕਾਰਵਾਈ ਕੀਤੀ ਜਾਵੇ।



## ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਡੱਫਰ ਵਿਖੇ ਸਕੂਲ ਬੈਗ ਵੰਡੇ

**ਅੱਡਾ ਸਰਾਂ (ਜਸਵੀਰ ਕਾਜਲ)**- ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਡੱਫਰ ਵਿਖੇ ਮਿਸ਼ਨ ਸਿੱਖਿਆ ਕ੍ਰਾਂਤੀ ਤਹਿਤ ਇੱਕ ਵਿਸ਼ੇਸ਼ ਸਮਾਗਮ ਕਰਾਇਆ ਗਿਆ ਜਿਸ ਦੌਰਾਨ 11ਵੀਂ ਅਤੇ 12ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਪੰਜਾਬ ਸਰਕਾਰ ਵੱਲੋਂ ਭੇਜੇ ਗਏ ਬੈਗ ਵੰਡੇ ਗਏ। ਇਸ ਪ੍ਰੋਗਰਾਮ ਵਿੱਚ ਕੁਲਦੀਪ ਸਿੰਘ ਮਿੰਟੂ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਮੁੱਖ ਮਹਿਮਾਨ ਵੱਲੋਂ ਬੱਚਿਆਂ ਨੂੰ ਪੰਜਾਬ ਸਰਕਾਰ ਵੱਲੋਂ ਭੇਜੇ ਗਏ ਸਕੂਲ ਬੈਗਾਂ ਦੀ ਵੰਡ ਕੀਤੀ ਗਈ। ਮੁੱਖ ਮਹਿਮਾਨ ਨੇ ਬੱਚਿਆਂ ਨੂੰ ਪੜ੍ਹਾਈ ਅਤੇ ਖੇਡਾਂ ਦੇ ਖੇਤਰ ਵਿੱਚ ਮੱਲਾਂ ਮਾਰਨ ਲਈ ਉਤਸ਼ਾਹਿਤ ਕੀਤਾ। ਇਸ ਸਮਾਗਮ ਵਿੱਚ ਵੱਖ-ਵੱਖ ਬੁਲਾਰਿਆਂ ਨੇ ਪੰਜਾਬ ਸਰਕਾਰ ਦੇ ਕੀਤੇ ਕੰਮਾਂ ਦੀ ਪ੍ਰਸ਼ੰਸਾ ਕੀਤੀ। ਸਕੂਲ ਦੇ ਸੀਨੀਅਰ ਲੈਕਚਰਾਰ ਦਿਨੇਸ਼ ਠਾਕੁਰ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਆਖਿਆ। ਸਕੂਲ ਇੰਚਾਰਜ ਦਲਜੀਤ ਸਿੰਘ ਲੈਕਚਰਾਰ ਪੰਜਾਬੀ ਨੇ ਆਏ ਹੋਏ ਮਹਿਮਾਨ ਦਾ ਧੰਨਵਾਦ ਕੀਤਾ ਅਤੇ ਸਟੇਜ ਸਕੱਤਰ ਦੀ ਭੂਮਿਕਾ ਨਿਭਾਈ। ਇਸ ਮੌਕੇ ਪ੍ਰੋਫੈਸਰ ਸ਼ਾਮ ਸਿੰਘ, ਬਲਜੀਤ ਸਿੰਘ, ਮਹਿੰਦਰ ਸਿੰਘ, ਸਤਨਾਮ ਸਿੰਘ ਸਰਪੰਚ, ਅਮਨ ਪੰਚ, ਕਰਮਜੀਤ ਪੰਚ, ਗੁਰਦੇਵ ਸਿੰਘ, ਕੁਲਵੰਤ ਸਿੰਘ, ਹਰਵਿੰਦਰ ਸਿੰਘ, ਇੰਦਰਜੀਤ, ਉਮੇਸ਼ ਕੁਮਾਰ, ਜਗਵਿੰਦਰ ਸਿੰਘ, ਜਗਮੋਹਨ ਸਿੰਘ, ਗੁਰਪ੍ਰੀਤ ਸਿੰਘ, ਅਨੁਰਾਗ ਠਾਕੁਰ, ਬਲਵਿੰਦਰ ਕੌਰ, ਰੇਖਾ ਰਾਣੀ, ਸਪਨਾ ਸਲਾਰੀਆ, ਸੁਮਨਦੀਪ ਕੌਰ, ਰਮਨਦੀਪ ਕੌਰ, ਕੁਲਜੀਤ ਕੌਰ, ਜਗਦੇਵ ਸਿੰਘ ਆਦਿ ਹਾਜ਼ਰ ਸਨ।



## ਡਿਪਟੀ ਸਪੀਕਰ ਨੇ ਵਿਕਾਸ ਕਾਰਜਾਂ ਲਈ 6 ਲੱਖ ਦਾ ਚੈੱਕ ਕੀਤਾ ਭੇਟ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਅਤੇ ਹਲਕਾ ਗੜ੍ਹਸ਼ੰਕਰ ਦੇ ਵਿਧਾਇਕ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਪਿੰਡ ਕੋਕੋਵਾਲ ਵਿਖੇ ਕਰਵਾਈ ਗਈ ਲੋਕ ਮਿਲਣੀ ਦੌਰਾਨ ਪਿੰਡ ਦੇ ਵਿਕਾਸ ਕਾਰਜਾਂ ਲਈ 6 ਲੱਖ ਰੁਪਏ ਦਾ ਚੈੱਕ ਭੇਟ ਕੀਤਾ। ਇਸ ਮੌਕੇ ਉਨ੍ਹਾਂ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਧਿਆਨ ਨਾਲ ਸੁਣੀਆਂ ਅਤੇ ਭਰੋਸਾ ਦਿੱਤਾ ਕਿ ਲੋਕਾਂ ਦੀਆਂ ਜਾਇਜ਼ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ। ਡਿਪਟੀ ਸਪੀਕਰ ਰੌੜੀ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਹਲਕਾ ਗੜ੍ਹਸ਼ੰਕਰ ਦੇ ਹਰ ਪਿੰਡ ਵਿੱਚ ਬਿਨਾਂ ਕਿਸੇ ਭੇਦਭਾਵ ਦੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਬੁਨਿਆਦੀ ਸਹੂਲਤਾਂ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਲੋਕ ਮਿਲਣੀਆਂ ਦਾ ਮਕਸਦ ਲੋਕਾਂ ਦੀਆਂ ਸਮੱਸਿਆਵਾਂ ਨੂੰ ਮੌਕੇ 'ਤੇ ਸੁਣ ਕੇ ਉਨ੍ਹਾਂ ਦਾ ਤੁਰੰਤ ਹੱਲ ਯਕੀਨੀ ਬਣਾਉਣਾ ਹੈ।



## ਪੰਜਾਬ ਪੈਨਸ਼ਨਰਜ਼ ਯੂਨੀਅਨ ਦੀ ਨਵਾਂਸ਼ਹਿਰ ਵਿਖੇ ਮੀਟਿੰਗ

**ਬੰਗਾ (ਅਵਤਾਰ ਕਲੇਰ)**- ਪੰਜਾਬ ਪੈਨਸ਼ਨਰਜ਼ ਯੂਨੀਅਨ ਦੀ ਮੀਟਿੰਗ ਸ਼ਹੀਦ ਮਲਕੀਤ ਚੰਦ ਮੇਹਲੀ ਭਵਨ ਨਵਾਂਸ਼ਹਿਰ ਵਿਖੇ ਹੋਈ। ਮੀਟਿੰਗ ਦੀ ਪ੍ਰਧਾਨਗੀ ਕਾਮਰੇਡ ਸੁਰਜੀਤ ਸਿੰਘ ਮਾਣਕ ਨੇ ਕੀਤੀ। ਮੀਟਿੰਗ ਵਿੱਚ ਦੇਸ਼ ਦੀ ਨਿੱਘਰ ਰਹੀ ਕਨੂੰਨ ਵਿਵਸਥਾ ਅਤੇ ਵਿਦਿਆਰਥੀ ਅੰਦੋਲਨ ਦੇ ਸਬੰਧ ਵਿੱਚ ਚਰਚਾ ਕੀਤੀ ਗਈ। ਦੱਸਣ ਯੋਗ ਹੈ ਕਿ ਪੰਜਾਬ ਸਰਕਾਰ ਆਪਣੇ ਕਰਮਚਾਰੀਆਂ ਦੀਆਂ ਸੇਵਾਵਾਂ ਪੱਕੀਆਂ ਕਰਨ ਦੀ ਬਜਾਏ ਉਹਨਾਂ 'ਤੇ ਲਾਠੀਚਾਰਜ ਕਰ ਰਹੀ ਹੈ ਚਾਹੇ ਉਹ ਸਫਾਈ ਕਰਮਚਾਰੀ ਹੋਣ, ਚਾਹੇ ਮਿਡ ਡੇ ਮੀਲ ਵਰਕਰ ਹੋਣ ਜਾਂ ਆਂਗਣਵਾੜੀ, ਹਰ ਵਰਗ ਨਾਲ ਸਰਕਾਰ ਵੱਲੋਂ ਧੱਕਾ ਕੀਤਾ ਜਾ ਰਿਹਾ ਹੈ। ਬਰਨਾਲਾ ਵਿਖੇ ਸਫਾਈ ਕਰਮਚਾਰੀ ਅੰਦੋਲਨ ਕਰ ਰਹੇ ਸਨ ਉੱਥੇ ਪੁਲਸ ਵੱਲੋਂ ਲਾਠੀਚਾਰਜ ਕੀਤਾ ਗਿਆ। ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਹਰਪਾਲ ਚੀਮਾ ਵੱਲੋਂ ਸਮੇਤ ਪੂਰੀ ਸਰਕਾਰ ਅੱਖਾਂ ਬੰਦ ਕਰ ਲੈਂਦੀ ਹੈ। ਸਰਕਾਰ ਮੁਲਾਜ਼ਮਾਂ ਦੀਆਂ ਮੰਗਾਂ ਵੱਲ ਧਿਆਨ ਨਹੀਂ ਦੇ ਰਹੀ। ਸਰਕਾਰ ਆਉਣ ਤੋਂ ਪਹਿਲਾਂ ਲੋਕਾਂ ਨਾਲ ਕੀਤੇ ਵਾਅਦੇ ਕੱਚੇ ਕਰਮਚਾਰੀਆਂ ਨੂੰ ਪੱਕੇ ਕਰਨਾ ਧਰਨੇ ਲਾਉਣ ਦੀ ਪ੍ਰਥਾ ਨੂੰ ਖਤਮ ਕਰਨਾ, ਪੁਰਾਣੀ ਪੈਨਸ਼ਨ ਲਾਗੂ ਕਰਨਾ, ਆਊਟਸੋਰਸ ਸਿਸਟਮ ਨੂੰ ਖਤਮ ਕਰਨਾ, ਇਹ ਸਾਰਾ ਕੁਝ ਛਿੱਕੇ ਟੰਗਿਆ ਹੋਇਆ ਹੈ। ਵੱਖ ਵੱਖ ਮਹਿਕਮਿਆਂ ਵਿੱਚ ਚਾਹੇ ਉਹ ਰੋਡਵੇਜ਼ ਦਾ ਮਹਿਕਮਾ ਹੋਵੇ, ਸਾਰੇ ਮਹਿਕਮਿਆਂ ਨੂੰ ਕੌਡੀਆਂ ਦੇ ਭਾਅ ਵੇਚਣ 'ਤੇ ਲੱਗੀ ਹੋਈ ਹੈ ਤੇ ਕਿਲੋਮੀਟਰ ਸਕੀਮ ਬੱਸਾਂ ਪਾ ਕੇ ਮਹਿਕਮੇ ਨੂੰ ਖਤਮ ਕਰਨਾ ਚਾਹੁੰਦੀ ਹੈ। ਪੰਜਾਬ ਪੈਨਸ਼ਨ ਯੂਨੀਅਨ ਪੰਜਾਬ ਸਰਕਾਰ ਦੀ ਨਿਖੇਧੀ ਕਰਦੀ ਹੈ। ਮਨਰੇਗਾ ਕਰਮਚਾਰੀਆਂ ਦੀ ਹੜਤਾਲ ਵੀ ਜਾਰੀ ਹੈ। ਉਹਨਾਂ ਨੂੰ ਪਿਛਲੇ ਅੱਠ ਮਹੀਨਿਆਂ ਤੋਂ ਤਨਖਾਹ ਨਹੀਂ ਦਿੱਤੀ ਜਾ ਰਹੀ। ਇਸੇ ਤਰ੍ਹਾਂ ਪਾਵਰ ਕੌਮ ਦੇ ਕਰਮਚਾਰੀ ਵੀ ਮਾਸ ਲੀਵ ਜਾਰੀ ਰੱਖ ਰਹੇ ਹਨ।

ਪੰਜਾਬ ਪੈਨਸ਼ਨ ਯੂਨੀਅਨ ਸਰਕਾਰ ਤੋਂ ਕਰਮਚਾਰੀਆਂ ਦਾ 18 ਫੀਸਦੀ ਲੰਬਿਤ ਡੀ ਏ ਜਾਰੀ ਕਰਨ ਲਈ ਪੁਰਾਣੀ ਪੈਨਸ਼ਨ ਬਹਾਲ ਕਰਨ ਲਈ ਨਵੇਂ ਕਰਮਚਾਰੀਆਂ ਦਾ ਛੇਵਾਂ ਵੇਤਨ ਆਯੋਗ ਲਾਗੂ ਕਰਨਾ ਅਤੇ ਬਿਜਲੀ ਸ਼ਸੋਧਨ ਬਿੱਲ ਵਾਪਸ ਲੈਣਾ, ਠੇਕਾ ਪ੍ਰਣਾਲੀ ਖਤਮ ਕਰਨੀ ਇਹਨਾਂ ਮੁੱਦਿਆਂ 'ਤੇ ਵਿਚਾਰ ਕਰਨ ਉਪਰੰਤ ਫੈਸਲਾ ਕੀਤਾ ਕਿ 7 ਤਰੀਕ ਨੂੰ ਚੰਡੀਗੜ੍ਹ ਵਿਖੇ ਰੈਲੀ 'ਚ ਵੱਧ ਤੋਂ ਵੱਧ ਸਾਥੀ ਸ਼ਾਮਲ ਹੋਣਗੇ ਤੇ ਸਰਕਾਰ ਦਾ ਪਿੱਟ ਸਿਆਪਾ ਕਰਨਗੇ। ਮੀਟਿੰਗ ਵਿੱਚ ਸਾਥੀ ਜਗਤਾਰ ਸਿੰਘ, ਦਸੌਂਧਾ ਸਿੰਘ, ਸੋਹਣ ਸਿੰਘ, ਰਕੇਸ਼ ਕੁਮਾਰ, ਸੁਰਿੰਦਰ ਸਿੰਘ, ਮਹਿੰਦਰ ਸਿੰਘ, ਸੁਖਦੇਵ ਸਿੰਘ, ਪ੍ਰੇਮ ਸਿੰਘ, ਗੁਰਮੇਲ ਚੰਦ, ਕਲਿਆਣ ਸਿੰਘ, ਮਹਿੰਦਰ ਸਿੰਘ, ਸੇਵਾ ਸਿੰਘ ਆਦਿ ਸਾਥੀ ਸ਼ਾਮਲ ਹੋਏ।



## ਪੇਪਰ ਲੀਕ ਮਾਮਲੇ 'ਚ ਕੇਂਦਰ ਸਰਕਾਰ ਝੁਕੀ

**ਮਹਿਤਿਆਣਾ (ਜਗਤਾਰ ਸਿੰਘ ਭੁੰਗਰਨੀ)**- ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) ਕਪੂਰਥਲਾ ਦੇ ਡਿਪਟੀ ਸਕੱਤਰ ਹਰਿੰਦਰ ਸਿੰਘ ਚੀਮਾ ਨੇ ਕਿਹਾ ਕਿ ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦਾ ਅਸਤੀਫ਼ਾ ਪੇਪਰ ਲੀਕ ਖ਼ਿਲਾਫ਼ ਦੇਸ਼ ਭਰ ਦੇ ਵਿਦਿਆਰਥੀਆਂ, ਨੌਜਵਾਨਾਂ ਅਤੇ ਲੋਕਤੰਤਰੀ ਤਾਕਤਾਂ ਦੇ ਸੰਘਰਸ਼ ਦੀ ਇਤਿਹਾਸਕ ਜਿੱਤ ਹੈ। ਉਨ੍ਹਾਂ ਕਿਹਾ ਕਿ ਇਹ ਅਸਤੀਫ਼ਾ ਸਾਬਤ ਕਰਦਾ ਹੈ ਕਿ ਜਦੋਂ ਲੋਕ ਇਕਜੁੱਟ ਹੋ ਕੇ ਆਪਣੇ ਹੱਕਾਂ ਲਈ ਆਵਾਜ਼ ਬੁਲੰਦ ਕਰਦੇ ਹਨ ਤਾਂ ਸੱਤਾ ਨੂੰ ਵੀ ਜਵਾਬਦੇਹ ਹੋਣਾ ਪੈਂਦਾ ਹੈ। ਚੀਮਾ ਨੇ ਕਿਹਾ ਕਿ ਪਿਛਲੇ ਕਈ ਸਾਲਾਂ ਦੌਰਾਨ ਲਗਾਤਾਰ ਸਾਹਮਣੇ ਆਏ ਪੇਪਰ ਲੀਕ ਮਾਮਲਿਆਂ ਨੇ ਲੱਖਾਂ ਵਿਦਿਆਰਥੀਆਂ ਦਾ ਭਵਿੱਖ ਅਨਿਸ਼ਚਿਤ ਬਣਾਇਆ ਹੈ ਅਤੇ ਬੇਰੁਜ਼ਗਾਰ ਨੌਜਵਾਨਾਂ ਦਾ ਪ੍ਰੀਖਿਆ ਪ੍ਰਣਾਲੀ ਤੋਂ ਭਰੋਸਾ ਹਿਲਾ ਦਿੱਤਾ ਹੈ। ਪੇਪਰ ਮਾਫ਼ੀਆ ਅਤੇ ਭ੍ਰਿਸ਼ਟਾਚਾਰ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਦੀ ਥਾਂ ਸਰਕਾਰਾਂ ਦੀ ਲਾਪਰਵਾਹੀ ਨੇ ਹਾਲਾਤ ਹੋਰ ਗੰਭੀਰ ਕੀਤੇ ਹਨ।



## ਇੰਦਰਜੀਤ ਕੌਰ ਮਾਨ ਨੇ ਕੀਤੀ ਲੋਕ ਮਿਲਣੀ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** ਨਕੋਦਰ ਬਲਾਕ ਦੇ ਪਿੰਡ ਚੱਕ ਕਲਾਂ, ਚੱਕ ਖੁਰਦ, ਚੱਕ ਵੇਂਡਲ, ਪੀਰਪੁਰ, ਬਜੂਹਾ ਕਲਾਂ, ਪੰਡੋਰੀ ਰਾਜਪੂਤਾਂ ਦੀਆਂ ਪੰਚਾਇਤਾਂ ਨੂੰ ਪਿਛਲੇ ਸਾਢੇ ਚਾਰ ਸਾਲਾਂ 'ਚ ਵਿਕਾਸ ਕਾਰਜਾਂ ਦਾ ਹਿਸਾਬ-ਕਿਤਾਬ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਇਕੱਤਰ ਲੋਕਾਂ ਸਾਹਮਣੇ ਕੀਤਾ। ਉਹਨਾਂ ਨੇ ਪੁੱਛਿਆ ਕਿ ਕਿਹੜੇ ਕੰਮ ਹੋ ਗਏ, ਕਿਹੜੇ ਕੰਮ ਰਹਿੰਦੇ ਹਨ, ਪੰਚਾਇਤਾਂ ਦੇ ਖਾਤਿਆਂ ਵਿੱਚ ਖੜੇ ਲੱਖਾਂ ਰੁਪਏ ਕਿਉਂ ਨਹੀਂ ਖਰਚੇ ਜਾ ਰਹੇ।ਜਦੋਂ ਕਿ ਲੋਕ ਵਿਕਾਸ ਦੀ ਮੰਗ ਕਰ ਰਹੇ ਨੇ ਛੱਪੜਾਂ ਦੀ ਸਫਾਈ ਦੀ ਮੰਗ ਕਰਦੇ, ਪਿੰਡਾਂ ਦੇ ਨੌਜਵਾਨ ਜਿੰਮ ਮੰਗ ਰਹੇ ਹਨ।ਪੰਚਾਇਤਾਂ ਕਿਉਂ ਨਹੀ ਇਹ ਮਸਲੇ ਹੱਲ ਕਰਦੀਆਂ।ਇਸ ਦੌਰਾਨ ਬੀਬੀ ਮਾਨ ਨੇ ਪੰਚਾਇਤ ਅਫਸਰਾਂ ਨੂੰ ਸਖਤ ਹਦਾਇਤਾਂ ਕੀਤੀਆਂ ਕਿ ਜਲਦ ਗਰਾਂਟਾ ਲਗਾਈਆਂ ਜਾਣ।ਉਹਨਾਂ ਕਿਹਾ ਕਿ ਇਹਨਾਂ ਪਿੰਡਾਂ ਵਿੱਚ ਨਵੀਆਂ ਸੜਕਾਂ ਬਣ ਰਹੀਆਂ ਹਨ, ਬਣਨ ਵਾਲੀਆਂ ਵੀ ਹਨ ਅਤੇ ਸੜਕਾਂ ਚੌੜੀਆਂ ਕਰਨ ਨੂੰ ਤਰਜੀਹ ਦਿੱਤੀ ਗਈ ਹੈ। ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਚੇਅਰਮੈਨ ਦਰਸ਼ਨ ਸਿੰਘ ਟਾਹਲੀ, ਸੰਮਤੀ ਚੇਅਰਮੈਨ ਚਰਨਜੀਤ ਸਿੰਘ, ਵਾਇਸ ਚੇਅਰਮੈਨ ਜੀਵਨ ਸਿੰਘ, ਜਤਿੰਦਰ ਸਿੰਘ ਨੂਰਪੁਰੀ, ਵੀਡੀਓ ਅਤੈ ਚੰਦਰ, ਪਰਮਜੀਤ ਸਿੰਘ ਏਐਸਆਈ, ਜਸਬੀਰ ਸਿੰਘ ਕਾਨੂੰਗੋ, ਜੇਈ ਵਾਟਰ ਸਪਲਾਈ ਤੋ ਇਲਾਵਾ ਪਿੰਡ ਚੱਕ ਕਲਾਂ ਦੇ ਸਰਪੰਚ ਰਮਨ ਕੁਮਾਰ ਗੁਰਜੀਤ ਸਿੰਘ, ਦਲਵੀਰ ਸਿੰਘ, ਪਿੰਡ ਚੱਕ ਵੇਂਡਲ ਤੋਂ ਸੰਦੀਪ ਰਾਮ, ਪਰਮਜੀਤ ਪੰਚ, ਮੰਗਜੀਤ ਸਿੰਘ, ਬਲਵੀਰ ਸਿੰਘ ਸਾਬਕਾ ਸਰਪੰਚ, ਮੰਗਾ ਰਾਮ, ਨਿੱਕਾ ਬਾਗੜੀ, ਸੰਤੋਖ ਸਿੰਘ, ਮੱਖਣ ਪੰਚ, ਪਿੰਡ ਚੱਕ ਖੁਰਦ ਤੋਂ ਸਰਪੰਚ ਰੇਸ਼ਮ ਲਾਲ, ਰੇਸ਼ਮ ਸਿੰਘ ਪੰਚ, ਪ੍ਰਿਤਪਾਲ ਸਿੰਘ, ਰਜਨੀ ਪੰਚ, ਪਿੰਡ ਚੱਕ ਪੀਰਪੁਰ ਤੋਂ ਬੂਟਾ ਸਿੰਘ, ਪਿੰਡ ਬਜੂਹਾ ਖੁਰਦ ਤੋਂ ਸਰਪੰਚ ਗੁਰਿੰਦਰ ਸਿੰਘ, ਪਵਨ ਕੁਮਾਰ, ਰਾਮ ਕ੍ਰਿਸ਼ਨ ਪੰਚ, ਅੰਮ੍ਰਿਤ ਪਾਲ,ਪਿੰਡ ਬਜੂਹਾ ਕਲਾਂ ਤੋਂ ਸਰਪੰਚ ਰਾਜ ਕੁਮਾਰ, ਆਸ਼ਾ ਰਾਣੀ, ਬਲਾਕ ਪ੍ਰਧਾਨ ਪਰਮਜੀਤ ਕਰ, ਪੰਡੋਰੀ ਰਾਜਪੂਤਾਂ ਤੋਂ ਸਰਪੰਚ ਸੁਰਿੰਦਰ ਕੌਰ ਆਦਿ ਹਾਜ਼ਰ ਸਨ।




## ਨੰਬਰਦਾਰ 'ਤੇ ਦਰਜ ਪਰਚਾ ਰੱਦ ਕਰਨ ਦੀ ਮੰਗ

**ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)**- ਪੰਜਾਬ ਨੰਬਰਦਾਰ ਯੂਨੀਅਨ ਜ਼ਿਲ੍ਹਾ ਕਪੂਰਥਲਾ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਬਲਰਾਜ ਸਿੰਘ ਮਾਨ ਅਤੇ ਜ਼ਿਲ੍ਹਾ ਜਨਰਲ ਸਕੱਤਰ ਗੁਰਮੇਜ ਸਿੰਘ ਖਲੀਲ ਦੀ ਅਗਵਾਈ ਹੇਠ ਹੋਈ। ਮੀਟਿੰਗ ਤੋਂ ਬਾਅਦ ਯੂਨੀਅਨ ਦੇ ਵਫ਼ਦ ਨੇ ਐੱਸ ਐੱਸ ਪੀ ਕਪੂਰਥਲਾ ਨੂੰ ਮੰਗ ਪੱਤਰ ਸੌਂਪ ਕੇ ਇੱਕ ਨੰਬਰਦਾਰ ਖ਼ਿਲਾਫ਼ ਦਰਜ ਕੀਤੇ ਗਏ ਪਰਚੇ ਨੂੰ ਰੱਦ ਕਰਨ ਦੀ ਮੰਗ ਕੀਤੀ। ਯੂਨੀਅਨ ਆਗੂਆਂ ਨੇ ਦੋਸ਼ ਲਗਾਇਆ ਕਿ ਸੰਬੰਧਿਤ ਨੰਬਰਦਾਰ ਖ਼ਿਲਾਫ਼ ਦਰਜ ਕੀਤਾ ਗਿਆ ਪਰਚਾ ਬੇਬੁਨਿਆਦ ਹੈ ਅਤੇ ਇਸ ਨਾਲ ਨੰਬਰਦਾਰ ਭਾਈਚਾਰੇ ਵਿੱਚ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਨੰਬਰਦਾਰ ਪਿੰਡਾਂ ਵਿੱਚ ਪ੍ਰਸ਼ਾਸਨ ਅਤੇ ਲੋਕਾਂ ਵਿਚਕਾਰ ਅਹਿਮ ਕੜੀ ਵਜੋਂ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਂਦੇ ਹਨ, ਇਸ ਲਈ ਕਿਸੇ ਵੀ ਨੰਬਰਦਾਰ ਖ਼ਿਲਾਫ਼ ਕਾਰਵਾਈ ਕਰਨ ਤੋਂ ਪਹਿਲਾਂ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ। ਯੂਨੀਅਨ ਨੇ ਐੱਸ.ਐੱਸ.ਪੀ. ਤੋਂ ਮੰਗ ਕੀਤੀ ਕਿ ਮਾਮਲੇ ਦੀ ਨਿਰਪੱਖ ਅਤੇ ਡੂੰਘਾਈ ਨਾਲ ਜਾਂਚ ਕਰਵਾਈ ਜਾਵੇ ਅਤੇ ਜੇਕਰ ਨੰਬਰਦਾਰ ਬੇਕਸੂਰ ਪਾਇਆ ਜਾਂਦਾ ਹੈ ਤਾਂ ਉਸ ਖ਼ਿਲਾਫ਼ ਦਰਜ ਪਰਚਾ ਤੁਰੰਤ ਰੱਦ ਕੀਤਾ ਜਾਵੇ। ਆਗੂਆਂ ਨੇ ਕਿਹਾ ਕਿ ਉਨ੍ਹਾਂ ਨੂੰ ਪੁਲਿਸ ਪ੍ਰਸ਼ਾਸਨ ਤੋਂ ਇਨਸਾਫ਼ ਦੀ ਉਮੀਦ ਹੈ ਅਤੇ ਉਮੀਦ ਹੈ ਕਿ ਇਸ ਮਾਮਲੇ ਵਿੱਚ ਨਿਰਪੱਖ ਫ਼ੈਸਲਾ ਲਿਆ ਜਾਵੇਗਾ।ਇਸ ਮੌਕੇ ਵੱਡੀ ਗਿਣਤੀ ਵਿੱਚ ਜ਼ਿਲ੍ਹੇ ਦੇ ਨੰਬਰਦਾਰ ਅਤੇ ਯੂਨੀਅਨ ਦੇ ਅਹੁਦੇਦਾਰ ਹਾਜ਼ਰ ਸਨ।



## ਪ੍ਰਾਈਵੇਟ ਪਲੇਅ-ਵੇਅ ਸਕੂਲਾਂ ਦੀ ਰਜਿਸਟ੍ਰੇਸ਼ਨ ਕਰਵਾਉਣਾ ਲਾਜ਼ਮੀ

**ਮੁਹਾਲੀ (ਗੁਰਜੀਤ ਬਿੱਲਾ)**- ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ ਵੱਲੋਂ ਅਰਲੀ ਚਾਈਲਡ ਕੇਅਰ ਐਂਡ ਐਜੂਕੇਸ਼ਨ ਦੇ ਖੇਤਰ ਵਿੱਚ ਕੰਮ ਕਰ ਰਹੇ ਪ੍ਰਾਈਵੇਟ ਪਲੇਅ-ਵੇਅ ਸਕੂਲਾਂ, ਨਰਸਰੀ ਸਕੂਲਾਂ ਅਤੇ ਹੋਰ ਸੰਸਥਾਵਾਂ ਦੀ ਰਜਿਸਟ੍ਰੇਸ਼ਨ ਲਾਜ਼ਮੀ ਕਰਨ ਲਈ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ 3 ਤੋਂ 6 ਸਾਲ ਦੀ ਉਮਰ ਦੇ ਬੱਚਿਆਂ ਲਈ ਈ ਸੀ ਸੀ ਈ ਸੇਵਾਵਾਂ ਪ੍ਰਦਾਨ ਕਰ ਰਹੀਆਂ ਸਾਰੀਆਂ ਪ੍ਰਾਈਵੇਟ ਸੰਸਥਾਵਾਂ ਅਤੇ ਪਲੇਅ-ਵੇਅ ਸਕੂਲਾਂ ਦੀ ਰਜਿਸਟ੍ਰੇਸ਼ਨ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਅਧੀਨ ਚੱਲ ਰਹੇ ਸਾਰੇ ਪਲੇਅ-ਵੇਅ ਸਕੂਲਾਂ ਅਤੇ ਸੰਬੰਧਿਤ ਸੰਸਥਾਵਾਂ ਲਈ ਵਿਭਾਗ ਕੋਲ ਰਜਿਸਟ੍ਰੇਸ਼ਨ ਕਰਵਾਉਣਾ ਲਾਜ਼ਮੀ ਹੈ। ਇਸ ਲਈ ਸੰਚਾਲਕ ਜਲਦੀ ਤੋਂ ਜਲਦੀ ਦਫ਼ਤਰ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਸੈਕਟਰ-76, ਮੋਹਾਲੀ ਜਾਂ ਆਪਣੇ ਨਜ਼ਦੀਕੀ ਸੇਵਾ ਕੇਂਦਰ ਨਾਲ ਸੰਪਰਕ ਕਰਕੇ ਰਜਿਸਟ੍ਰੇਸ਼ਨ ਦੀ ਕਾਰਵਾਈ ਪੂਰੀ ਕਰਨ। ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਨੇ ਸਪੱਸ਼ਟ ਕੀਤਾ ਕਿ ਜੇਕਰ ਕੋਈ ਵੀ ਪਲੇਅ-ਵੇਅ ਸਕੂਲ ਜਾਂ ਸੰਸਥਾ ਬਿਨਾਂ ਰਜਿਸਟ੍ਰੇਸ਼ਨ ਦੇ ਚਲਦੀ ਪਾਈ ਗਈ ਤਾਂ ਉਸ ਖ਼ਿਲਾਫ਼ ਨਿਯਮਾਂ ਅਨੁਸਾਰ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਸਮੂਹ ਪ੍ਰਾਈਵੇਟ ਪਲੇਅ-ਵੇਅ ਸਕੂਲਾਂ ਅਤੇ ਸੰਸਥਾਵਾਂ ਦੇ ਸੰਚਾਲਕਾਂ ਨੂੰ ਅਪੀਲ ਕੀਤੀ ਕਿ ਉਹ ਨਿਰਧਾਰਤ ਪ੍ਰਕਿਰਿਆ ਅਨੁਸਾਰ ਸਮੇਂ ਸਿਰ ਰਜਿਸਟ੍ਰੇਸ਼ਨ ਕਰਵਾ ਕੇ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਯਕੀਨੀ ਬਣਾਉਣ, ਤਾਂ ਜੋ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਮਿਆਰੀ ਅਰਲੀ ਚਾਈਲਡ ਕੇਅਰ ਐਂਡ ਐਜੂਕੇਸ਼ਨ ਸੇਵਾਵਾਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾ ਸਕੇ।


## ਜ਼ਿਲ੍ਹੇ 'ਚ 10 ਹੋਰ ਨਵੇਂ ਆਮ ਆਦਮੀ ਕਲੀਨਿਕਾਂ ਦੀ ਸ਼ੁਰੂਆਤ

### ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਤਿੰਨ ਆਮ ਆਦਮੀ ਕਲੀਨਿਕਾਂ ਦਾ ਕੀਤਾ ਉਦਘਾਟਨ

**ਜਲੰਧਰ (ਸੁਰਿੰਦਰ ਕੁਮਾਰ)** ਸਥਾਨਕ ਜਲੰਧਰ ਵਿੱਚ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਸਥਾਪਤ ਕੀਤੇ ਜਾ ਰਹੇ 100 ਨਵੇਂ ਆਮ ਆਦਮੀ ਕਲੀਨਿਕਾਂ ਦੀ ਲੜੀ ਤਹਿਤ ਸ਼ਨੀਵਾਰ ਜ਼ਿਲ੍ਹੇ ਵਿੱਚ 10 ਨਵੇਂ ਆਮ ਆਦਮੀ ਕਲੀਨਿਕਾਂ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਵੱਲੋਂ ਸ਼ਹਿਰ ਦੇ ਸਿਧਾਰਥ ਨਗਰ, ਭਾਰਗੋ ਨਗਰ ਅਤੇ ਸਪੋਰਟਸ ਤੇ ਸਰਜੀਕਲ ਕੰਪਲੈਕਸ ਵਿਖੇ ਤਿੰਨ ਨਵੇਂ ਆਮ ਆਦਮੀ ਕਲੀਨਿਕਾਂ ਦਾ ਉਦਘਾਟਨ ਕੀਤਾ ਗਿਆ। ਆਪਣੇ ਸੰਬੋਧਨ ਦੌਰਾਨ ਕੈਬਨਿਟ ਮੰਤਰੀ ਨੇ ਕਿਹਾ ਕਿ ਇਨ੍ਹਾਂ ਨਵੇਂ ਕਲੀਨਿਕਾਂ ਦੇ ਖੁੱਲ੍ਹਣ ਨਾਲ ਜ਼ਿਲ੍ਹੇ ਵਿੱਚ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤੀ ਮਿਲੇਗੀ। ਇਸ ਮੌਕੇ ਪੰਜਾਬ ਗਊ ਸੇਵਾ ਕਮਿਸ਼ਨ ਦੇ ਉਪ ਚੇਅਰਮੈਨ ਕੀਮਤੀ ਭਗਤ, ਸਿਵਲ ਸਰਜਨ ਡਾ. ਰਾਜੇਸ਼ ਗਰਗ ਅਤੇ ਹੋਰ ਸ਼ਖ਼ਸੀਅਤਾਂ ਵੀ ਮੌਜੂਦ ਸਨ। ਭਗਤ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਹਰ ਵਰਗ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਲਗਾਤਾਰ ਸੰਜੀਦਾ ਉਪਰਾਲੇ ਕਰ ਰਹੀ ਹੈ ਅਤੇ ਆਮ ਆਦਮੀ ਕਲੀਨਿਕਾਂ ਦਾ ਵਿਸਥਾਰ ਇਸੇ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ, ਜਿਸ ਨਾਲ ਖ਼ਾਸ ਤੌਰ 'ਤੇ ਗਰੀਬ ਅਤੇ ਮੱਧਵਰਗੀ ਪਰਿਵਾਰਾਂ ਨੂੰ ਵੱਡੀ ਰਾਹਤ ਮਿਲ ਰਹੀ ਹੈ।ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ 75 ਆਮ ਆਦਮੀ ਕਲੀਨਿਕ ਪਹਿਲਾਂ ਹੀ ਲੋਕਾਂ ਨੂੰ ਮੁਫ਼ਤ ਤੇ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾ ਰਹੇ ਹਨ ਅਤੇ ਅੱਜ 10 ਹੋਰ ਨਵੇਂ ਆਮ ਆਦਮੀ ਕਲੀਨਿਕ ਸ਼ੁਰੂ ਹੋਣ ਨਾਲ ਇਨ੍ਹਾਂ ਦੀ ਗਿਣਤੀ 85 ਹੋ ਗਈ ਹੈ।ਇਸੇ ਤਰ੍ਹਾਂ ਹਲਕਾ ਵਿਧਾਇਕ ਕਰਤਾਰਪੁਰ ਬਲਕਾਰ ਸਿੰਘ ਵੱਲੋਂ ਸਰਾਏ ਖਾਸ ਵਿਖੇ ਆਮ ਆਦਮੀ ਕਲੀਨਿਕ ਦਾ ਉਦਘਾਟਨ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਸ ਕਲੀਨਿਕ ਦੇ ਖੁੱਲ੍ਹਣ ਨਾਲ ਇਲਾਕੇ ਅਤੇ ਆਸ-ਪਾਸ ਦੇ ਲੋਕਾਂ ਨੂੰ ਬਹੁਤ ਫਾਇਦਾ ਹੋਵੇਗਾ। ਇਸ ਤੋਂ ਇਲਾਵਾ ਪਿੰਡ ਲਸਾੜਾ, ਨੰਗਲ, ਸਲੇਮਪੁਰ, ਗਦਈਪੁਰ, ਲੰਮਾ ਪਿੰਡ ਅਤੇ ਪੋਲੀਟੈਕਨਿਕ ਕਾਲਜ ਵਿਖੇ ਵੀ ਆਮ ਆਦਮੀ ਕਲੀਨਿਕਾਂ ਦੀ ਸ਼ੁਰੂਆਤ ਕੀਤੀ ਗਈ। ਉਦਘਾਟਨ ਸਮਾਗਮਾਂ ਦੌਰਾਨ ਕੌਂਸਲਰ ਆਯੂਬ ਦੁੱਗਲ, ਰਾਜ ਕੁਮਾਰ ਰਾਜੂ, ਰੂਪਾ ਭਗਤ ਤੇ ਗੁਰਜੀਤ ਸਿੰਘ ਘੁੰਮਣ, 'ਆਪ' ਆਗੂ ਸਟੀਫਨ ਕਲੇਰ, ਸੁਦੇਸ਼ ਭਗਤ ਤੋਂ ਇਲਾਵਾ ਸਿਹਤ ਵਿਭਾਗ ਦੇ ਅਧਿਕਾਰੀ ਵੀ ਮੌਜੂਦ ਸਨ।




## ਕਾਰਗਿਲ ਵਿਜੇ ਦਿਵਸ ਮਨਾਇਆ



**ਟਾਂਡਾ ਉੜਮੁੜ, (ਮਿਥਲੇਸ਼ ਗਰਗ,ਜਸਵਿੰਦਰ ਸੰਧੂ)**- ਵਿਦਿਆਰਥੀਆਂ ਵਿਚ ਦੇਸ਼ ਭਗਤੀ ਦੇ ਜਜ਼ਬੇ ਦਾ ਸੰਚਾਰ ਕਰਨ ਲਈ ਲਿਟਲ ਕਿੰਗਡਮ ਇੰਟਰਨੈਸ਼ਨਲ ਸਕੂਲ 'ਚ ਕਾਰਗਿਲ ਵਿਜੇ ਦਿਵਸ ਦੇਸ਼ ਭਗਤੀ ਦੇ ਜਜ਼ਬੇ ਨਾਲ ਲਬਰੇਜ ਹੋ ਕੇ ਮਨਾਇਆ ਗਿਆ । ਸਕੂਲ ਪ੍ਰੈਜ਼ੀਡੈਂਟ ਗਗਨ ਵੈਦ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਪ੍ਰਿੰਸੀਪਲ ਮੀਤਾ ਆਨੰਦ ਦੀ ਅਗਵਾਈ ਵਿਚ ਕਰਵਾਏ ਗਏ ਸਮਾਗਮ ਦੌਰਾਨ ਵਿਦਿਆਰਥੀਆਂ ਨੇ ਨਾਟਕ ਕੋਰੀਓਗ੍ਰਾਫੀ ਤੇ ਕਵਿਤਾ ਪੇਸ਼ ਕਰਕੇ ਕਾਰਗਿਲ ਵਿਜੇ ਦਿਵਸ ਮਨਾਇਆ ਅਤੇ ਇਸ ਜੰਗ ਵਿਚ ਸ਼ਹੀਦ ਹੋਏ ਫੌਜੀ ਜਵਾਨਾਂ ਨੂੰ ਸ਼ਰਧਾਂਜਲੀ ਦਿੱਤੀ । ਇਸ ਮੌਕੇ ਪ੍ਰਿੰਸੀਪਲ ਮੀਤਾ ਨੇ ਬੱਚਿਆਂ ਨੂੰ ਕਾਰਗਿਲ ਜੰਗ ਦੀ ਜਿੱਤ ਦੇ ਇਤਿਹਾਸ ਫੌਜੀ ਜਵਾਨਾਂ ਦੀ ਸ਼ਹਾਦਤ ਅਤੇ ਭਾਰਤੀ ਸੁਰੱਖਿਆ ਫੌਜਾਂ ਦੀ ਬਹਾਦਰੀ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਆਖਿਆ ਕਿ ਦੇਸ਼ ਦੇ ਸੂਰਮੇ ਫੌਜੀ ਜਵਾਨਾਂ ਦੀਆਂ ਸ਼ਹਾਦਤਾਂ ਕਾਰਨ ਹੀ ਅਸੀਂ ਸੁਰੱਖਿਅਤ ਹਾਂ । ਇਸ ਮੌਕੇ ਸਾਬਕਾ ਕੌਂਸਲਰ ਆਸ਼ੂ ਵੈਦ, ਸੂਰਜ ਸਹੋਤਾ, ਨੀਨਾ ਵਾਲੀਆ, ਮਮਤਾ, ਸਰਬਜੀਤ ਕੌਰ, ਸ਼ੀਤਲ ਕੌਰ, ਪਵਨਦੀਪ, ਅਰਮਨ ਕੌਰ, ਸੁਖਜਿੰਦਰ ਕੌਰ, ਸਿਮਰਨਦੀਪ ਕੌਰ, ਸੁਰਭੀ ਵਰਮਾ, ਲਖਵੀਰ ਸਿੰਘ, ਗਗਨਦੀਪ ਕੌਰ, ਰਿਤੂ ਲਾਂਬਾ, ਰਜਨੀ, ਮੀਨੂ ਕਤਿਆਲ, ਹਰਪ੍ਰੀਤ ਸਿੰਘ, ਨੇਕਤਾ ਸ਼ਰਮਾ, ਅਮਿਤ, ਰੇਨੂ, ਜਾਨਵੀ ਸਮੇਤ ਸਮੂਹ ਅਧਿਆਪਕ ਹਾਜ਼ਰ ਸਨ।

## ਸਰਾਏ ਖਾਸ ਵਿਖੇ ਆਮ ਆਦਮੀ ਕਲੀਨਿਕ ਦਾ ਉਦਘਾਟਨ

**ਕਰਤਾਰਪੁਰ, (ਹਰਮੇਸ਼ ਦੱਤ)**- ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਸਥਾਪਤ ਕੀਤੇ ਜਾ ਰਹੇ 100 ਨਵੇਂ ਆਮ ਆਦਮੀ ਕਲੀਨਿਕਾਂ ਦੀ ਲੜੀ ਤਹਿਤ ਹਲਕਾ ਵਿਧਾਇਕ ਬਲਕਾਰ ਸਿੰਘ ਵੱਲੋਂ ਸਰਾਏ ਖਾਸ ਵਿਖੇ ਨਵੇਂ ਆਮ ਆਦਮੀ ਕਲੀਨਿਕ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਬਲਕਾਰ ਸਿੰਘ ਨੇ ਕਿਹਾ ਕਿ ਆਮ ਆਦਮੀ ਕਲੀਨਿਕ ਸਿਹਤ ਕ੍ਰਾਂਤੀ ਦਾ ਪ੍ਰਤੀਕ ਹਨ, ਜਿਥੇ ਆਮ ਲੋਕਾਂ ਨੂੰ ਆਪਣੇ ਘਰਾਂ ਦੇ ਨੇੜੇ ਹੀ ਮੁਫ਼ਤ ਤੇ ਗੁਣਵੱਤਾ ਭਰਪੂਰ ਸਿਹਤ ਸੇਵਾਵਾਂ ਮਿਲ ਰਹੀਆਂ ਹਨ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਸੂਬੇ ਵਿਚ ਪ੍ਰਾਇਮਰੀ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਕਰਨ ਦੇ ਮੰਤਵ ਨਾਲ ਵੱਖ-ਵੱਖ ਥਾਵਾਂ 'ਤੇ ਆਮ ਆਦਮੀ ਕਲੀਨਿਕ ਖੋਲ੍ਹ ਰਹੀ ਹੈ ਤਾਂ ਜੋ ਲੋਕਾਂ ਨੂੰ ਮਿਆਰੀ ਸਿਹਤ ਸੁਵਿਧਾਵਾਂ ਮੁਫ਼ਤ ਮੁਹੱਈਆ ਕਾਰਵਾਈਆਂ ਜਾਣ। ਉਨ੍ਹਾਂ ਕਿਹਾ ਕਿ ਆਮ ਆਦਮੀ ਕਲੀਨਿਕਾਂ ਰਾਹੀਂ ਲੋਕਾਂ ਦਾ ਸਮਾਂ ਅਤੇ ਪੈਸਾ ਦੋਵੇਂ ਬਚ ਰਹੇ ਹਨ ਅਤੇ ਸਰਕਾਰੀ ਸਿਹਤ ਪ੍ਰਣਾਲੀ 'ਤੇ ਲੋਕਾਂ ਦਾ ਭਰੋਸਾ ਵੀ ਲਗਾਤਾਰ ਮਜ਼ਬੂਤ ਹੋ ਰਿਹਾ ਹੈ।ਉਨ੍ਹਾਂ ਦੱਸਿਆ ਕਿ ਆਮ ਆਦਮੀ ਕਲੀਨਿਕਾਂ ਵਿੱਚ ਮਰੀਜ਼ਾਂ ਨੂੰ 107 ਤਰ੍ਹਾਂ ਦੀਆਂ ਦਵਾਈਆਂ ਬਿਨ੍ਹਾਂ ਕਿਸੇ ਖਰਚ ਦੇ ਮਿਲ ਰਹੀਆਂ ਹਨ। ਇਸਦੇ ਨਾਲ ਹੀ 47 ਤਰ੍ਹਾਂ ਦੇ ਲੈਬ ਟੈਸਟ ਦੀ ਸੁਵਿਧਾ, ਗਰਭਵਤੀ ਔਰਤਾਂ ਲਈ ਸੂਚੀਬੱਧ ਸੈਂਟਰ 'ਤੇ ਮੁਫ਼ਤ ਸਕੈਨਿੰਗ ਅਤੇ ਓ.ਪੀ.ਡੀ. ਦੌਰਾਨ ਐਂਟੀ ਰੈਬੀਜ਼ ਵੈਕਸੀਨ ਦੀ ਸੁਵਿਧਾ ਵੀ ਮੁਫ਼ਤ ਉਪਲਬਧ ਕਰਵਾਈ ਜਾ ਰਹੀ ਹੈ।



## ਬੇਟੇ ਦੇ ਜਨਮ ਦਿਨ 'ਤੇ ਪਾਰਕ ਦੀ ਸਫਾਈ ਕਰਵਾਈ

**ਬੰਗਾ (ਅਵਤਾਰ ਕਲੇਰ)**- ਅਰਪਨਦੀਪ ਐਜੂਕੇਸ਼ਨ ਐਂਡ ਇਨਵਾਇਰਮੈਂਟ ਕੇਅਰ ਸੋਸਾਇਟੀ ਰਜਿ. ਸੂੰਢ ਦੇ ਪ੍ਰਧਾਨ ਮਾਸਟਰ ਹੇਮ ਰਾਜ ਨੇ ਆਪਣੇ ਜਨਮ ਦਿਨ ਮੌਕੇ ਆਪਣੇ ਸਵਰਗਵਾਸੀ ਪੁੱਤਰ ਅਰਪਨਦੀਪ ਦੀ ਸੋਚ ਨੂੰ ਸਮਰਪਿਤ ਵਾਤਾਵਰਣ ਦੀ ਸੰਭਾਲ ਲਈ ਕੀਤੇ ਜਾ ਰਹੇ ਯਤਨਾਂ ਤਹਿਤ ਪਿੰਡ ਸੂੰਢ ਦੇ ਪਾਰਕ ਦੀ ਸਫਾਈ ਕਰਵਾਈ। ਇਸ ਤੋਂ ਇਲਾਵਾ ਜਨਤਕ ਥਾਵਾਂ 'ਤੇ ਫਲ਼ਦਾਰ ਬੂਟੇ ਲਗਾਏ ਗਏ। ਉਨ੍ਹਾਂ ਦੱਸਿਆ ਕਿ ਅਰਪਨਦੀਪ ਐਜੂਕੇਸ਼ਨ ਐਂਡ ਇਨਵਾਇਰਮੈਂਟ ਕੇਅਰ ਸੋਸਾਇਟੀ ਪਿਛਲੇ ਡੇਢ ਸਾਲ ਤੋਂ ਸਿਹਤ, ਸਿੱਖਿਆ ਅਤੇ ਵਾਤਾਵਰਣ ਦੇ ਖੇਤਰ ਵਿੱਚ ਕੰਮ ਕਰ ਰਹੀ ਹੈ । ਉਨ੍ਹਾਂ ਕਿਹਾ ਕੀ ਉਨ੍ਹਾਂ ਦੇ ਬੇਟੇ ਅਰਪਨਦੀਪ ਦੀ ਇਹ ਇੱਛਾ ਸੀ ਕਿ ਸਿਹਤ ਅਤੇ ਸਿੱਖਿਆ ਹਰ ਕਿਸੇ ਦੀ ਪਹੁੰਚ ਵਿੱਚ ਹੋਵੇ ਤੇ ਸਾਡਾ ਵਾਤਾਵਰਣ ਹਮੇਸ਼ਾ ਹਰਿਆ ਭਰਿਆ ਰਹੇ । ਇਸ ਮੌਕੇ ਸੋਸਾਇਟੀ ਦੇ ਮੈਂਬਰ ਨਰੇਸ਼ ਰਾਣੀ, ਡਾ. ਰਵਿੰਦਰ ਕੁਮਾਰ, ਸਤਪਾਲ, ਗੁਰਸ਼ਾਨ ਸਿੰਘ, ਆਸ਼ੀਸ਼ ਕੁਮਾਰ, ਲਲਿਤ ਮੱਟੂ,ਯੁਵਰਾਜ, ਸੰਯਮ ਪਾਸੀ, ਕਰਮਜੀਤ ਸੂੰਢ, ਅਸ਼ੋਕ ਸੂੰਢ, ਖੁਸ਼ੀ, ਅਰੁਣ, ਪੂਨਮ ਅਤੇ ਹੋਰ ਪਤਵੰਤੇ ਸੱਜਣ ਮੌਜੂਦ ਸਨ ।



## ਡਾ. ਚੱਬੇਵਾਲ ਨੇ ਧਰਮੇਂਦਰ ਪ੍ਰਧਾਨ ਦੇ ਅਸਤੀਫ਼ੇ ਨੂੰ ਭਾਰਤ ਦੇ ਨੌਜਵਾਨਾਂ ਦੀ ਜਿੱਤ ਕਰਾਰ ਦਿੱਤਾ

**ਫਗਵਾੜਾ (ਜਸਵਿੰਦਰ ਢੱਡਾ)**- ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫ਼ੇ ਨੂੰ ਦੇਸ਼ ਦੇ ਨੌਜਵਾਨਾਂ ਦੀ ਜਿੱਤ ਕਰਾਰ ਦਿੰਦਿਆਂ ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਇਹ ਦੇਸ਼ ਦੀ ਢਹਿ-ਢੇਰੀ ਹੋ ਚੁੱਕੀ ਸਿੱਖਿਆ ਪ੍ਰਣਾਲੀ ਖ਼ਿਲਾਫ਼ ਇੱਕਜੁੱਟ ਹੋਈ ਨੌਜਵਾਨ ਆਵਾਜ਼ ਦੀ ਤਾਕਤ ਨੂੰ ਦਰਸਾਉਂਦਾ ਹੈ। ਇੱਕ ਬਿਆਨ ਵਿੱਚ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਨੀਟ ਪ੍ਰੀਖਿਆ ਦੇ ਪੇਪਰ ਲੀਕ ਹੋਣ ਦੇ ਮਾਮਲੇ 'ਤੇ ਨੌਜਵਾਨਾਂ ਦੀ ਅਗਵਾਈ ਵਿੱਚ ਹੋਏ ਵੱਡੇ ਵਿਰੋਧ ਪ੍ਰਦਰਸ਼ਨਾਂ ਨੇ ਕੇਂਦਰ ਸਰਕਾਰ ਨੂੰ ਜ਼ਿੰਮੇਵਾਰੀ ਲੈਣ ਲਈ ਮਜਬੂਰ ਕੀਤਾ, ਜਿਸ ਦੇ ਨਤੀਜੇ ਵਜੋਂ ਆਖਰਕਾਰ ਮੰਤਰੀ ਨੂੰ ਅਸਤੀਫ਼ਾ ਦੇਣਾ ਪਿਆ। ਉਨ੍ਹਾਂ ਇਸ ਨੂੰ ਇੱਕ ਇਤਿਹਾਸਕ ਘਟਨਾਕ੍ਰਮ ਦੱਸਦਿਆਂ ਦਾਅਵਾ ਕੀਤਾ ਕਿ ਭਾਰਤ ਦੇ ਨੌਜਵਾਨਾਂ ਦੇ ਸਮੂਹਿਕ ਇਰਾਦੇ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਜਦੋਂ ਉਹ ਇੱਕਜੁੱਟ ਹੁੰਦੇ ਹਨ ਤਾਂ ਸਾਰਥਕ ਬਦਲਾਅ ਸੰਭਵ ਹੁੰਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਦੇਸ਼ ਦੇ ਨੌਜਵਾਨਾਂ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਜਦੋਂ ਉਹ ਕਿਸੇ ਮਕਸਦ ਲਈ ਇਕੱਠੇ ਹੁੰਦੇ ਹਨ ਤਾਂ ਕੋਈ ਵੀ ਚੁਣੌਤੀ ਅਸੰਭਵ ਨਹੀਂ ਹੁੰਦੀ। ਉਨ੍ਹਾਂ ਦੀ ਏਕਤਾ ਅਤੇ ਦ੍ਰਿੜਤਾ ਜਵਾਬਦੇਹੀ ਅਤੇ ਸੁਧਾਰ ਲਈ ਇੱਕ ਸ਼ਕਤੀਸ਼ਾਲੀ ਤਾਕਤ ਵਜੋਂ ਉੱਭਰੀ ਹੈ।ਡਾ. ਚੱਬੇਵਾਲ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਆਮ ਆਦਮੀ ਪਾਰਟੀ ਪਹਿਲੇ ਦਿਨ ਤੋਂ ਹੀ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ ਦੇ ਨਾਲ ਮਜ਼ਬੂਤੀ ਨਾਲ ਖੜ੍ਹੀ ਹੈ। ਉਨ੍ਹਾਂ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਬਾਕੀ ਰਹਿੰਦੀਆਂ ਮੰਗਾਂ ਨੂੰ ਵੀ ਪ੍ਰਵਾਨ ਕਰੇ, ਜਿਨ੍ਹਾਂ ਵਿੱਚ ਖੁਦਕੁਸ਼ੀ ਕਰਨ ਵਾਲੇ ਵਿਦਿਆਰਥੀਆਂ ਦੇ ਪਰਵਾਰਾਂ ਨੂੰ ਇੱਕ-ਇੱਕ ਕਰੋੜ ਰੁਪਏ ਦਾ ਮੁਆਵਜ਼ਾ ਦੇਣਾ, ਪ੍ਰਦਰਸ਼ਨਕਾਰੀ ਵਿਦਿਆਰਥੀਆਂ ਖ਼ਿਲਾਫ਼ ਕੋਈ ਕਾਰਵਾਈ ਨਾ ਕਰਨਾ ਅਤੇ ਰੈਪਿਡ ਐਕਸ਼ਨ ਫੋਰਸ ਤੇ ਦਿੱਲੀ ਪੁਲਸ ਵੱਲੋਂ ਜਨਤਕ ਤੌਰ 'ਤੇ ਮੁਆਫ਼ੀ ਮੰਗਣਾ ਸ਼ਾਮਲ ਹੈ।





## ਵਜਰਾ ਕੋਰ ਨੇ ਕਾਰਗਿਲ ਵਿਜੇ ਦਿਵਸ ਦੀ ਵਰ੍ਹੇਗੰਢ ਮਨਾਈ

**ਜਲੰਧਰ (ਰਾਜੇਸ਼ ਥਾਪਾ, ਸੁਰਿੰਦਰ ਕੁਮਾਰ)**- ਵਜਰਾ ਕੋਰ ਨੇ ਕਾਰਗਿਲ ਵਿਜੇ ਦਿਵਸ ਦੀ 27ਵੀਂ ਵਰ੍ਹੇਗੰਢ ਸ਼ਰਧਾ ਅਤੇ ਫੌਜੀ ਪਰੰਪਰਾਵਾਂ ਨਾਲ ਮਨਾਈ। 1999 ਵਿੱਚ ਆਪ੍ਰੇਸ਼ਨ ਵਿਜੇ ਦੌਰਾਨ ਭਾਰਤੀ ਫੌਜ ਦੇ ਬਹਾਦਰ ਸੈਨਿਕਾਂ ਦੀ ਅਸਾਧਾਰਨ ਬਹਾਦਰੀ ਅਤੇ ਸਰਵਉੱਚ ਕੁਰਬਾਨੀ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਇਹ ਸਮਾਗਮ ਵਜਰਾ ਸ਼ੌਰਿਆ ਸਥਲ ਵਿਖੇ ਇੱਕ ਸਮਾਰੋਹ ਨਾਲ ਸਮਾਪਤ ਹੋਇਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਲੋਕ ਸ਼ਾਮਲ ਹੋਏ, ਜਿਨ੍ਹਾਂ ਵਿੱਚ ਸਾਬਕਾ ਸੈਨਿਕ ਅਤੇ ਮੌਜੂਦਾ ਸੈਨਿਕ ਵੀ ਸ਼ਾਮਲ ਸਨ। ਵਜਰਾ ਕੋਰ ਦੇ ਜਨਰਲ ਅਫਸਰ ਕਮਾਂਡਿੰਗ (ਜੀਓਸੀ) ਅਤੇ ਹੋਰ ਹਾਜ਼ਰੀਨ ਨੇ ਸ਼ਹੀਦਾਂ ਦੇ ਸਨਮਾਨ ਵਿੱਚ ਫੁੱਲਮਾਲਾਵਾਂ ਭੇਟ ਕੀਤੀਆਂ।ਸਮਾਗਮ ਨੂੰ ਸੰਬੋਧਨ ਕਰਦੇ ਹੋਏ, ਜੀਓਸੀ ਨੇ ਕਾਰਗਿਲ ਯੁੱਧ ਦੌਰਾਨ ਸੈਨਿਕਾਂ ਦੁਆਰਾ ਦਿਖਾਈ ਗਈ ਮਿਸਾਲੀ ਹਿੰਮਤ ਨੂੰ ਯਾਦ ਕੀਤਾ ਅਤੇ ਸ਼ਹੀਦਾਂ ਦੇ ਪਰਿਵਾਰਾਂ ਨਾਲ ਖੜ੍ਹੇ ਹੋਣ ਦੇ ਹਥਿਆਰਬੰਦ ਸੈਨਾਵਾਂ ਦੇ ਸੰਕਲਪ ਨੂੰ ਦੁਹਰਾਇਆ। ਉਨ੍ਹਾਂ ਨੇ ਸਾਰੇ ਰੈਂਕ ਦੇ ਸੈਨਿਕਾਂ ਨੂੰ ਇਸ ਮਹਾਨ ਵਿਰਾਸਤ ਤੋਂ ਪ੍ਰੇਰਨਾ ਲੈਣ ਅਤੇ ਭਾਰਤੀ ਫੌਜ ਦੀਆਂ ਸ਼ਾਨਦਾਰ ਪਰੰਪਰਾਵਾਂ ਅਤੇ ਰਾਸ਼ਟਰੀ ਝੰਡੇ ਦੇ ਸਨਮਾਨ ਨੂੰ ਬਰਕਰਾਰ ਰੱਖਣ ਦਾ ਸੱਦਾ ਦਿੱਤਾ।ਕਾਰਗਿਲ ਵਿਜੇ ਦਿਵਸ, ਜੋ ਹਰ ਸਾਲ 26 ਜੁਲਾਈ ਨੂੰ ਦੇਸ਼ ਭਰ ਵਿੱਚ ਮਨਾਇਆ ਜਾਂਦਾ ਹੈ, 1999 ਵਿੱਚ ਭਾਰਤੀ ਹਥਿਆਰਬੰਦ ਸੈਨਾਵਾਂ ਦੀ ਨਿਰਣਾਇਕ ਜਿੱਤ ਨੂੰ ਦਰਸਾਉਂਦਾ ਹੈ।

## ਖਾਨਪੁਰ ਥਿਆੜਾ ਤੋਂ ਅੰਮ੍ਰਿਤਸਰ ਸਾਹਿਬ ਲਈ ਸ਼ਰਧਾਲੂਆਂ ਦੀ ਬੱਸ ਰਵਾਨਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਸਰਕਾਰ ਦੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਦੇ ਪਿੰਡ ਖਾਨਪੁਰ ਥਿਆੜ ਤੋਂ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਦਰਸ਼ਨਾਂ ਲਈ ਜਾਣ ਵਾਲੇ ਸ਼ਰਧਾਲੂਆਂ ਦੀ ਬੱਸ ਨੂੰ ਪੰਜਾਬ ਦੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ, ਪੰਚਾਇਤ ਮੈਂਬਰ ਅਤੇ ਸ਼ਰਧਾਲੂ ਹਾਜ਼ਰ ਸਨ।

ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕ ਭਲਾਈ ਨੂੰ ਸਮਰਪਤ ਸਰਕਾਰ ਹੈ, ਜੋ ਹਰ ਵਰਗ ਦੀਆਂ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਧਾਰਮਿਕ ਆਸਥਾ ਨਾਲ ਜੁੜੀਆਂ ਯੋਜਨਾਵਾਂ ਨੂੰ ਵੀ ਤਰਜੀਹ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦਾ ਉਦੇਸ਼ ਉਨ੍ਹਾਂ ਸ਼ਰਧਾਲੂਆਂ ਨੂੰ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣਾ ਹੈ, ਜੋ ਕਿਸੇ ਕਾਰਨ ਕਰਕੇ ਆਪਣੇ ਪੱਧਰ 'ਤੇ ਯਾਤਰਾ ਕਰਨ ਵਿੱਚ ਅਸਮਰੱਥ ਹਨ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਇਸ ਯੋਜਨਾ ਰਾਹੀਂ ਪੰਜਾਬ ਸਰਕਾਰ ਵੱਲੋਂ ਯਾਤਰੀਆਂ ਲਈ ਆਵਾਜਾਈ ਸਮੇਤ ਲੋੜੀਂਦੀਆਂ ਸਹੂਲਤਾਂ ਦਾ ਪ੍ਰਬੰਧ ਕੀਤਾ ਜਾਂਦਾ ਹੈ, ਤਾਂ ਜੋ ਉਹ ਬਿਨਾਂ ਕਿਸੇ ਪਰੇਸ਼ਾਨੀ ਦੇ ਆਪਣੀ ਧਾਰਮਿਕ ਯਾਤਰਾ ਸੰਪੂਰਨ ਕਰ ਸਕਣ।ਇਸ ਮੌਕੇ ਸਰਪੰਚ ਬਲਰਾਜ ਸਿੰਘ, ਜਸਪਾਲ ਕੌਰ, ਪ੍ਰੇਮ ਕੁਮਾਰ, ਸਤਪਾਲ ਨੀਟਾ, ਸਤਨਾਮ ਸਿੰਘ, ਹਰਦੇਵ ਸਿੰਘ, ਕੁਲਵਿੰਦਰ ਰਾਮ, ਸੁਰਜੀਤ ਸਿੰਘ, ਰਾਮ ਆਸਰਾ, ਦਲਜੀਤ ਕੌਰ, ਗੁਰਬਖਸ਼ ਕੌਰ, ਜਗਦੀਸ਼ ਕੌਰ, ਹਰਬੰਸ ਕੌਰ ਆਦਿ ਵੀ ਮੌਜੂਦ ਸਨ।



## ਸ੍ਰੀ ਗੁਰੂ ਰਵਿਦਾਸ ਦੀਆਂ ਸਿੱਖਿਆਵਾਂ ਨੂੰ ਘਰ-ਘਰ ਪਹੁੰਚਾ ਰਹੀ ਹੈ ਵਿਸ਼ੇਸ਼ ਦਸਤਾਵੇਜ਼ੀ ਫਿਲਮ

**ਜਲੰਧਰ (ਇਕਬਾਲ ਸਿੰਘ ਉਭੀ)**- ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਡਾਕੂਮੈਂਟਰੀ ਵੈਨਾਂ ਰਾਹੀਂ ਦਿਖਾਈ ਜਾ ਰਹੀ ਫਿਲਮ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਇਸੇ ਕੜੀ ਤਹਿਤ ਬੀਤੀ ਸ਼ਾਮ ਜ਼ਿਲ੍ਹੇ ਦੇ ਪਿੰਡ ਲੁਟੇਰਾ ਖੁਰਦ, ਕੋਟਲੀ ਜੈਮਲ ਸਿੰਘ, ਲੱਧੇਵਾਲੀ, ਆਲੇਵਾਲੀ, ਬਿਨਪਾਲਕੇ ਤੇ ਚਾਹੜਕੇ ਵਿਖੇ ਐਲ ਈ ਡੀ. ਸਕਰੀਨਾਂ ਰਾਹੀਂ ਪਿੰਡ ਵਾਸੀਆਂ ਨੂੰ ਕਰੀਬ 30 ਮਿੰਟ ਦੀ ਦਸਤਾਵੇਜ਼ੀ ਫ਼ਿਲਮ ਦਿਖਾਈ ਗਈ। ਡਾਕੂਮੈਂਟਰੀ ਰਾਹੀਂ ਹਾਜ਼ਰ ਲੋਕਾਂ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਫਲਸਫੇ, ਉਨ੍ਹਾਂ ਦੇ ਭਾਈਚਾਰੇ, ਮਨੁੱਖਤਾ ਅਤੇ ਸਮਾਜਿਕ ਸਦਭਾਵਨਾ ਬਾਰੇ ਸੰਦੇਸ਼ ਤੋਂ ਜਾਣੂ ਕਰਵਾਇਆ ਗਿਆ। ਪੰਜਾਬ ਸਰਕਾਰ ਦੇ ਇਸ ਉਪਰਾਲੇ ਤਹਿਤ ਜ਼ਿਲ੍ਹੇ ਵਿੱਚ 3 ਡਾਕੂਮੈਂਟਰੀ ਵੈਨਾਂ ਰਾਹੀਂ ਰੋਜ਼ਾਨਾ 6 ਪਿੰਡਾਂ ਵਿੱਚ ਵਿਸ਼ੇਸ਼ ਦਸਤਾਵੇਜ਼ੀ ਫਿਲਮ ਦਿਖਾਈ ਜਾ ਰਹੀ ਹੈ ਅਤੇ ਲੋਕਾਂ ਨੂੰ ਗੁਰੂ ਜੀ ਦੇ ਜੀਵਨ ਦੇ ਮਹੱਤਵਪੂਰਨ ਪੱਖਾਂ, ਉੱਚ ਆਦਰਸ਼ਾਂ ਅਤੇ ਸਮਾਜਿਕ ਸੁਧਾਰਾਂ ਲਈ ਉਨ੍ਹਾਂ ਵੱਲੋਂ ਪਾਏ ਯੋਗਦਾਨ ਬਾਰੇ ਜਾਣਨ ਅਤੇ ਸਮਝਣ ਦਾ ਮੌਕਾ ਮਿਲ ਰਿਹਾ ਹੈ।



## ਬਿਜਲੀ ਕਾਮਿਆਂ ਦੀ ਹੜਤਾਲ ਦਾ ਵੱਖ-ਵੱਖ ਕਿਸਾਨ, ਮਜ਼ਦੂਰ ਜਥੇਬੰਦੀਆਂ ਵੱਲੋਂ ਸਮਰਥਨ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਨਜ਼ਦੀਕੀ ਪਿੰਡ ਬਣੀ ਵਿਖੇ ਵੱਖ ਵੱਖ ਕਿਸਾਨ ਮਜ਼ਦੂਰ ਮੁਲਾਜ਼ਮ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਖੇਤ ਮਜ਼ਦੂਰ ਯੂਨੀਅਨ ਦੇ ਆਗੂ ਕਾਮਰੇਡ ਬਜਿੰਦਰ ਪੰਡਤ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਬਿਜਲੀ ਕਾਮਿਆਂ ਦੀ ਹੜਤਾਲ ਦਾ ਪੂਰਨ ਤੌਰ ਤੇ ਸਮਰਥਨ ਕੀਤਾ ਗਿਆ ਅਤੇ ਸਰਕਾਰ ਕੋਲੋਂ ਮੰਗ ਕੀਤੀ ਕਿ ਉਹਨਾਂ ਦੀਆਂ ਮੰਨੀਆਂ ਹੋਈਆਂ ਮੰਗਾਂ ਨੂੰ ਫੌਰੀ ਤੌਰ ਤੇ ਲਾਗੂ ਕੀਤਾ ਜਾਵੇ। ਇਸ ਮੌਕੇ ਤੇ ਜਾਣਕਾਰੀ ਦਿੰਦਿਆਂ ਆਗੂਆਂ ਨੇ ਦੱਸਿਆ ਕਿ ਬਿਜਲੀ ਕਾਮਿਆਂ ਦੀ ਹੜਤਾਲ ਛੇਵੇਂ ਦਿਨ ਵਿੱਚ ਪਹੁੰਚ ਚੁੱਕੀ ਹੈ। ਸਰਕਾਰ ਵੱਲੋਂ ਲਗਾਤਾਰ ਟਾਲ ਮਟੋਲ ਦੀ ਨੀਤੀ ਬਣਾਈ ਜਾ ਰਹੀ ਹੈ। ਆਗੂਆਂ ਨੇ ਮੰਗ ਕੀਤੀ ਇੱਕ ਕੱਚੇ ਕਾਮਿਆਂ ਨੂੰ ਪੱਕੇ ਕੀਤਾ ਜਾਵੇ, ਠੇਕੇਦਾਰੀ ਸਿਸਟਮ ਬੰਦ ਕੀਤਾ ਜਾਵੇ,18 ਫੀਸਦੀ ਡੀ ਏ ਜਾਰੀ ਕੀਤਾ ਜਾਵੇ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ, ਕੰਮ ਦੇ ਮੁਤਾਬਿਕ ਨਵੀਆਂ ਪੋਸਟਾਂ ਭਰੀਆਂ ਜਾਣ, ਪਾਵਰ ਕੌਮ ਦੇ ਦਫਤਰਾਂ ਦੀ ਖ਼ਸਤਾ ਹਾਲਤ ਸੁਧਾਰਨ ਅਤੇ ਛੇਵੇਂ ਪੇ ਕਮਿਸ਼ਨ ਅਨੁਸਾਰ ਤਨਖਾਹਾਂ ਜਾਰੀ ਕੀਤੀਆਂ ਜਾਣ, ਮ੍ਰਿਤਕ ਕਰਮਚਾਰੀਆਂ ਦੇ ਆਸ਼ਰਿਤਾਂ ਨੂੰ ਬਿਨਾਂ ਸ਼ਰਤ ਨੌਕਰੀ ਦਿੱਤੀ ਜਾਵੇ। ਮੀਟਿੰਗ ਵਿੱਚ ਇਹ ਵੀ ਫੈਸਲਾ ਕੀਤਾ ਗਿਆ ਬਿਜਲੀ ਕਾਮਿਆਂ ਦੀ ਹੜਤਾਲ ਵਿੱਚ ਮਜ਼ਦੂਰ ਕਿਸਾਨ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ। ਇਸ ਮੌਕੇ ਤੇ ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਕਾਮਰੇਡ ਗੁਰਨਾਮ ਸਿੰਘ ਔਲਖ, ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਸੁਰਜੀਤ ਸਿੰਘ ਢੇਰ, ਦਵਿੰਦਰ ਨੰਗਲੀ, ਰਾਮ ਪਾਲ ਤਾਰਾਪੁਰ, ਗੁਲਜ਼ਾਰ ਸਿੰਘ, ਸੁਸ਼ੀਲ ਕੁਮਾਰ, ਡਾਕਟਰ ਜੋਗਿੰਦਰ ਸਿੰਘ, ਸਰਪੰਚ ਗੁਰਜੀਤ ਸਿੰਘ, ਅਵਤਾਰ ਸਿੰਘ ਸਮੇਤ ਹੋਰ ਆਗੂ ਹਾਜ਼ਰ ਸਨ।



## ਸਾਬਕਾ ਐੱਮ ਸੀ ਸਰੋਜ ਰਾਣੀ ਨਾਹਰ ਨਮਿਤ ਅੰਤਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ

**ਸ਼ਾਹਕੋਟ (ਗਿਆਨ ਸੈਦਪੁਰੀ)** ਸੀਨੀਅਰ ਭਾਜਪਾ ਆਗੂ ਅਤੇ ਨਗਰ ਪੰਚਾਇਤ ਸ਼ਾਹਕੋਟ ਦੇ ਸਾਬਕਾ ਮੈਂਬਰ ਕਮਲ ਨਾਹਰ ਦੀ ਪਤਨੀ ਸਰੋਜ ਰਾਣੀ ਨਾਹਰ ਸਾਬਕਾ ਐੱਮ ਸੀ ਜੋ ਬੀਤੀ 18 ਜੁਲਾਈ ਨੂੰ ਸਦੀਵੀ ਵਿਛੋੜਾ ਦੇ ਗਏ ਸਨ, ਨਮਿੱਤ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦਾ ਭੋਗ ਉਨ੍ਹਾਂ ਦੇ ਗ੍ਰਹਿ ਮੁਹੱਲਾ ਰਿਸ਼ੀ ਨਗਰ ਵਿਖੇ ਪਾਇਆ ਗਿਆ। ਉਪਰੰਤ ਗੁਰਦੁਆਰਾ ਸਿੰਘ ਸਭਾ ਮੇਨ ਬਾਜ਼ਾਰ ਸ਼ਾਹਕੋਟ ਵਿਖੇ ਭਾਈ ਸੰਤੋਖ ਸਿੰਘ ਨਕੋਦਰ ਵਾਲਿਆਂ ਦੇ ਕੀਰਤਨੀ ਜਥੇ ਨੇ ਵੈਰਾਗਮਈ ਕੀਰਤਨ ਕਰਕੇ ਸੰਗਤਾਂ ਨੂੰ ਗੁਰਮਤਿ ਅਨੁਸਾਰ ਜ਼ਿੰਦਗੀ ਤੇ ਮੌਤ ਦੇ ਫ਼ਲਸਫ਼ੇ ਤੋਂ ਜਾਣੂ ਕਰਵਾਇਆ। ਉਪਰੰਤ ਹੋਏ ਸ਼ਰਧਾਂਜਲੀ ਸਮਾਗਮ ਦੌਰਾਨ ਸਾਬਕਾ ਗ੍ਰਹਿ ਮੰਤਰੀ ਬ੍ਰਿਜਭੁਪਿੰਦਰ ਸਿੰਘ ਕੰਗ, ਭਾਜਪਾ ਦੇ ਸੀਨੀਅਰ ਆਗੂ ਰਾਣਾ ਹਰਦੀਪ ਸਿੰਘ ਅਤੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਪਰਮਿੰਦਰ ਸਿੰਘ ਪੰਡੋਰੀ ਨੇ ਸਵ. ਸਰੋਜ ਰਾਣੀ ਨਾਹਰ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਉਨ੍ਹਾਂ ਦੀਆਂ ਯਾਦਾਂ ਨੂੰ ਸਾਂਝਾ ਕੀਤਾ। ਇਸ ਮੌਕੇ ਸਾਬਕਾ ਮੁੱਖ ਮੰਤਰੀ ਪੰਜਾਬ ਬੀਬੀ ਰਾਜਿੰਦਰ ਕੌਰ ਭੱਠਲ ਦੇ ਓ ਐੱਸ ਡੀ ਰਵਿੰਦਰ ਸਿੰਘ ਟੁਰਨਾ ਵੱਲੋਂ ਸਟੇਜ ਸਕੱਤਰ ਦੇ ਫ਼ਰਜ਼ ਨਿਭਾਉਂਦਿਆਂ ਵੱਖ ਵੱਖ ਜਥੇਬੰਦੀਆਂ ਵੱਲੋਂ ਆਏ ਸ਼ੋਕ ਸੰਦੇਸ਼ ਪੜ੍ਹ ਕੇ ਸੁਣਾਏ ਗਏ। ਇਸ ਤੋਂ ਪਹਿਲਾਂ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਲੀਆ ਤੇ ਸ਼੍ਰੋਮਣੀ ਅਕਾਲੀ ਦਲ (ਬ) ਦੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਬਚਿੱਤਰ ਸਿੰਘ ਕੋਹਾੜ ਵੱਲੋਂ ਵੀ ਪਰਵਾਰ ਨਾਲ ਦੁੱਖ ਸਾਂਝਾ ਕਰਕੇ ਆਪਣੀ ਹਾਜ਼ਰੀ ਲਗਵਾਈ ਗਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਬੰਸ ਸਿੰਘ ਚੰਦੀ ਪ੍ਰਧਾਨ ਸਪੋਰਟਸ ਕਲੱਬ ਕਾਸੂਪੁਰ, ਗੁਲਜ਼ਾਰ ਸਿੰਘ ਥਿੰਦ ਪ੍ਰਧਾਨ ਨਗਰ ਪੰਚਾਇਤ ਸ਼ਾਹਕੋਟ, ਪਵਨ ਪੁਰੀ ਸਾਬਕਾ ਪ੍ਰਧਾਨ, ਸ਼ਤੀਸ਼ ਰਿਹਾਨ ਸਾਬਕਾ ਪ੍ਰਧਾਨ ਨਗਰ ਪੰਚਾਇਤ, ਸੁਰਿੰਦਰਜੀਤ ਸਿੰਘ ਚੱਠਾ ਬਲਾਕ ਪ੍ਰਧਾਨ ਕਾਂਗਰਸ, ਹਰਦੇਵ ਸਿੰਘ ਪੀਟਾ ਸਾਬਕਾ ਐੱਮ ਸੀ, ਦਵਿੰਦਰ ਸਿੰਘ ਆਹਲੂਵਾਲੀਆ ਚੇਅਰਮੈਨ 'ਸੇਵਾ', ਡਾ. ਜਗਤਾਰ ਸਿੰਘ ਚੰਦੀ ਸਾਬਕਾ ਮੈਂਬਰ ਸਟੀਲ ਅਥਾਰਟੀ ਆਫ਼ ਇੰਡੀਆ, ਸੁਖਦੀਪ ਸਿੰਘ ਸੋਨੂੰ ਕੰਗ ਪੀ ਏ, ਤਰਲੋਕ ਸਿੰਘ ਰੂਪਰਾ ਪ੍ਰਧਾਨ ਰਾਮਗੜ੍ਹੀਆ ਸਕੂਲ, ਰਾਣਾ ਪ੍ਰਭਦੀਪ ਸਿੰਘ, ਬਲਕਾਰ ਸਿੰਘ ਚੱਠਾ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਮਹਿਤਪੁਰ, ਡਾ. ਅਰਵਿੰਦਰ ਸਿੰਘ ਰੂਪਰਾ, ਡਾਇਰੈਕਟਰ ਮਨਜੀਤ ਸਿੰਘ, ਅਰੋੜਾ ਮਹਾਂ ਸਭਾ ਦੇ ਪ੍ਰਧਾਨ ਤੇ ਐੱਮ.ਸੀ ਪ੍ਰਵੀਨ ਗਰੋਵਰ ਬੌਬੀ, ਸਰਬਜੀਤ ਸਿੰਘ ਸਾਬੀ ਸਰਪੰਚ ਨਵਾਂ ਕਿਲਾ, ਪਵਨ ਅਗਰਵਾਲ ਸਾਬਕਾ ਪ੍ਰਧਾਨ ਮੰਡੀ ਕਮੇਟੀ, ਅਨਿਲ ਗੋਇਲ, ਸੰਜੀਵ ਸੋਬਤੀ, ਜਰਨੈਲ ਸਿੰਘ ਕੋਹਾੜ ਸਾਬਕਾ ਬਲਾਕ ਸੰਮਤੀ ਮੈਂਬਰ, ਜਗਮੋਹਨ ਡਾਬਰ ਹੈਪੀ, ਜਗਦੀਸ਼ ਵਡੈਹਰਾ ਸਾਬਕਾ ਐੱਮ ਸੀ , ਗੁਰਮੀਤ ਸਿੰਘ ਉੱਪਲ, ਸੇਰਫ਼ ਘਈ, ਸ਼ਰਨਜੀਤ ਸਿੰਘ ਸਾਹਬ ਸੈਦਪੁਰ, ਮਨਜੀਤ ਸਿੰਘ ਸੈਦਪੁਰ, ਕਾ. ਚਰਨਜੀਤ ਥੰਮੂਵਾਲ, ਰੈੱਡ ਰਿਬਨ ਕਲੱਬ ਦੇ ਪ੍ਰਧਾਨ ਮਾਸਟਰ ਰਮਨ ਗੁਪਤਾ, ਛਿੰਦਾ ਨਾਹਰ, ਸੈਂਟੀ ਚਾਵਲਾ, ਆਪ ਦੇ ਬਲਾਕ ਪ੍ਰਧਾਨ ਸ਼ਵਿੰਦਰ ਸੋਨੂੰ, ਰਵੀਸ਼ ਗੋਇਲ, ਹਰੀਸ਼ ਕੁਮਾਰ, ਅੰਮ੍ਰਿਤਪਾਲ ਸਿੰਘ ਜੌਨਾ ਮਲਸੀਆਂ, ਰੋਮੀ ਗਿੱਲ ਸਾਬਕਾ ਐਮ.ਸੀ., ਧਰਮਿੰਦਰ ਸਿੰਘ ਰੂਪਰਾ, ਟਿੰਪੀ ਕੁਮਰਾ, ਅੰਮ੍ਰਿਤ ਲਾਲ ਕਾਕਾ ਪ੍ਰਧਾਨ ਸਵਰਗ ਆਸ਼ਰਮ, ਸੁਰਿੰਦਰ ਸਿੰਘ ਪਦਮ, ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸੁਖਜੀਤ ਸਿੰਘ ਸ਼ੀਤਾ, ਖਜ਼ਾਨਚੀ ਲਖਵਿੰਦਰ ਸਿੰਘ ਸੋਖੀ, ਪ੍ਰਿੰਸੀਪਲ ਜਸਵੀਰ ਸਿੰਘ ਵਿਰਦੀ, ਵਰਿੰਦਰ ਚੌਧਰੀ, ਦਰਸ਼ਨ ਅਰੋੜਾ, ਕੁਲਵਿੰਦਰ ਸਿੰਘ ਜੋੜਾ, ਕੁਲਵਿੰਦਰ ਸਿੰਘ ਬਾਹਮਣੀਆਂ, ਰਵਿੰਦਰ ਸਿੰਘ ਬਿੱਲੀ ਚਾਓ ਸਾਬਕਾ ਬਲਾਕ ਸੰਮਤੀ ਮੈਂਬਰ ਤੋਂ ਇਲਾਵਾ ਵੱਡੀ ਗਿਣਤੀ ਵਿਚ ਵੱਖ ਵੱਖ ਜਥੇਬੰਦੀਆਂ ਦੇ ਨੁਮਾਇੰਦੇ ਹਾਜ਼ਰ ਸਨ।






ਜਨਮ ਦਿਨ ਮੁਬਾਰਕ



ਭੁਵਨੇਸ਼ ਖੰਨਾ
ਅੰਮ੍ਰਿਤਸਰ

ਮੁਬਾਰਕਾਂ



ਨਰੇਸ਼ ਕੁਮਾਰ ਵਾਸੀ ਜੰਡੂਸਿੰਘਾ ਦਾ ਵਿਆਹ ਰਜਨੀ ਜੱਸੀ ਵਾਸੀ ਆਦਮਪੁਰ ਨਾਲ ਹੋਇਆ।